ਸ਼ਨੀਵਾਰ, 20 ਜੂਨ, 2026
6 ਹਾੜ੍ਹ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 75
ਅੰਕ/NO. : 19

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • SATURDAY, 20 JUNE, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ   Regd. No : L-4/Pb-JL-0023/2024-26, (R.N.I.)-00068/57   E-mail : nawanzamana@gmail.com   www.nawanzamana.in   ਸਫ਼ੇ : 12

# ਬੇਅਦਬੀ ਮਾਮਲਿਆਂ 'ਚ ਸਰਕਾਰ ਸਖਤ ਸਜ਼ਾਵਾਂ ਦਿਵਾਉਣ ਲਈ ਵਚਨਬੱਧ : ਮੁੱਖ ਮੰਤਰੀ

**ਲੋਹੀਆਂ ਖਾਸ (ਯੋਗੇਸ਼ਵਰ, ਰੀਨਾ ਸ਼ਰਮਾ)**

ਸਤਲੁਜ ਦਰਿਆ ਦੇ ਆਸ-ਪਾਸ ਦੇ ਇਲਾਕਿਆਂ ਨੂੰ ਹੜ੍ਹਾਂ ਦੀ ਮਾਰ ਤੋਂ ਬਚਾਉਣ ਅਤੇ ਹੜ੍ਹ ਪ੍ਰਭਾਵਿਤ ਖੇਤਰ ਵਿੱਚ ਆਵਾਜਾਈ ਨੂੰ ਮਜ਼ਬੂਤ ਕਰਨ ਦੇ ਮੰਤਵ ਨਾਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ੁੱਕਰਵਾਰ ਨੂੰ ਸ਼ਾਹਕੋਟ ਹਲਕੇ ਵਿੱਚ 61.82 ਕਰੋੜ ਰੁਪਏ ਦੀ ਲਾਗਤ ਨਾਲ ਸ਼ਾਹਕੋਟ-ਮੋਗਾ-ਰਾਮਪੁਰ ਰੋਡ ਤੋਂ ਗਿੱਦੜਪਿੰਡੀ ਧੁੱਸੀ ਬੰਨ੍ਹ ਤੱਕ ਲਿੰਕ ਰੋਡ ਦਾ ਨੀਂਹ ਪੱਥਰ ਰੱਖਿਆ।37.93 ਕਿਲੋਮੀਟਰ ਲੰਬੇ ਇਸ ਪ੍ਰਾਜੈਕਟ ਦਾ ਉਦੇਸ਼ ਹੜ੍ਹ ਸੁਰੱਖਿਆ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ, ਸੰਪਰਕ ਵਿੱਚ ਸੁਧਾਰ ਕਰਨਾ ਅਤੇ ਸ਼ਾਹਕੋਟ-ਲੋਹੀਆਂ ਖੇਤਰ ਵਿੱਚ ਆਰਥਿਕ ਵਿਕਾਸ ਨੂੰ ਹੁਲਾਰਾ ਦੇਣਾ ਹੈ।

ਇਸ ਮੌਕੇ ਸ਼ਾਹਕੋਟ ਵਿਖੇ ਕਰਵਾਏ ਗਏ ਇਕ ਵਿਸ਼ਾਲ 'ਲੋਕ ਮਿਲਣੀ' ਸਮਾਗਮ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਸ਼ਾਹਕੋਟ ਅਤੇ ਲੋਹੀਆਂ ਖੇਤਰਾਂ ਵਿੱਚ ਰਹਿਣ ਵਾਲੇ ਲੋਕ ਦਹਾਕਿਆਂ ਤੋਂ ਹੜ੍ਹਾਂ ਦੇ ਨਿਰੰਤਰ ਖ਼ਤਰੇ ਹੇਠ ਜੀ ਰਹੇ ਹਨ।ਪਿਛਲੀਆਂ ਸਰਕਾਰਾਂ ਨੇ ਚੋਣਾਂ ਦੌਰਾਨ ਵੱਡੇ-ਵੱਡੇ ਵਾਅਦੇ ਕੀਤੇ ਸਨ ਪਰ ਇਸ ਪੇਂਡੂ ਖੇਤਰ ਦੀਆਂ ਬੁਨਿਆਦੀ ਢਾਂਚੇ ਦੀਆਂ ਲੋੜਾਂ ਨੂੰ ਹਮੇਸ਼ਾ ਅਣਗੌਲਿਆ ਕੀਤਾ।ਮੁੱਖ ਮੰਤਰੀ ਨੇ ਦਾਅਵਾ ਕੀਤਾ ਕਿ ਸੂਬੇ ਵਿੱਚ ਇਸ ਵਾਰ ਲਾਗੂ ਕੀਤੇ ਗਏ ਨਹਿਰੀ ਪਾਣੀ (ਸਰਫੇਸ ਵਾਟਰ) ਸਿੰਚਾਈ ਪ੍ਰੋਜੈਕਟ ਸਦਕਾ ਇਸ ਸਾਲ ਹੜ੍ਹਾਂ ਦੇ ਪ੍ਰਭਾਵ ਨੂੰ ਕਾਫੀ ਹੱਦ ਤੱਕ ਘਟਾਉਣ ਵਿੱਚ ਮਦਦ ਮਿਲੇਗੀ। ਮੁੱਖ ਮੰਤਰੀ ਨੇ ਪੰਥਕ ਮੁੱਦਿਆਂ ਅਤੇ ਵਾਇਰਲ ਵੀਡੀਓ ਨੂੰ ਲੈ ਕੇ ਅਕਾਲੀ ਦਲ ਵੱਲੋਂ ਘੇਰੇ ਜਾਣ 'ਤੇ ਪਲਟਵਾਰ ਕੀਤਾ। ਉਨ੍ਹਾਂ ਨੇ ਬੇਅਦਬੀ ਦੇ ਮਾਮਲਿਆਂ ਵਿੱਚ ਸਖ਼ਤ ਰੁਖ਼ ਅਖਤਿਆਰ ਕਰਦਿਆਂ ਨਵੇਂ ਬੇਅਦਬੀ ਕਾਨੂੰਨ ਤਹਿਤ ਦੋਸ਼ੀਆਂ ਖ਼ਿਲਾਫ਼ ਸਖ਼ਤ ਤੋਂ ਸਖ਼ਤ ਕਾਰਵਾਈ ਕਰਨ ਦੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ। ਮੁੱਖ ਮੰਤਰੀ ਭਗਵੰਤ ਮਾਨ ਨੇ ਆਖਿਆ, ਅਸੀਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਵਾਲਿਆਂ ਨੂੰ ਸਖ਼ਤ ਸਜ਼ਾਵਾਂ ਦਿਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹਾਂ। ਇਹ ਦੇਖ ਕੇ ਬਹੁਤ ਦੁੱਖ ਹੁੰਦਾ ਸੀ ਕਿ ਬੇਅਦਬੀ ਦੇ ਦੋਸ਼ੀ ਖੁੱਲ੍ਹੇਆਮ ਘੁੰਮਦੇ ਸਨ ਜਾਂ ਜ਼ਮਾਨਤ 'ਤੇ ਬਾਹਰ ਆ ਜਾਂਦੇ ਸਨ। ਨਵਾਂ ਕਾਨੂੰਨ ਇੰਨਾ ਸਖ਼ਤ ਹੈ ਕਿ ਇਹ ਯਕੀਨੀ ਬਣਾਏਗਾ ਕਿ ਕੋਈ ਵੀ ਗੁਨਾਹਗਾਰ ਬਚ ਨਾ ਸਕੇ। ਇਸ ਵਿੱਚ ਉਮਰ ਕੈਦ ਦੀ ਵਿਵਸਥਾ ਕੀਤੀ ਗਈ ਹੈ ਅਤੇ ਜੁਰਮਾਨੇ ਦੀ ਰਕਮ ਵਧਾ ਕੇ 50 ਲੱਖ ਰੁਪਏ ਕਰ ਦਿੱਤੀ ਗਈ • ਬਾਕੀ ਸਫਾ 2 'ਤੇ

## ਸ਼ਾਹਕੋਟ ਵਿਖੇ ਧੁੱਸੀ ਬੰਨ੍ਹ ਲਿੰਕ ਰੋਡ ਦਾ ਰੱਖਿਆ ਨੀਂਹ ਪੱਥਰ



# ਕਾਕਰੋਚ ਜਨਤਾ ਪਾਰਟੀ ਨੇ ਖ਼ੁਦਕੁਸ਼ੀ ਪੀੜਤ ਹਰ ਪਰਵਾਰ ਲਈ 1 ਕਰੋੜ ਮੰਗੇ

**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**

20 ਜੂਨ ਨੂੰ ਜੰਤਰ-ਮੰਤਰ 'ਤੇ ਵਿਦਿਆਰਥੀਆਂ ਦੇ ਪ੍ਰਦਰਸ਼ਨ ਦੀਆਂ ਤਿਆਰੀਆਂ ਤੇਜ਼ ਹੋਣ ਦੇ ਨਾਲ ਹੀ ਕਾਕਰੋਚ ਜਨਤਾ ਪਾਰਟੀ ਦੇ ਸੰਸਥਾਪਕ ਅਭਿਜੀਤ ਦੀਪਕੇ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪੱਤਰ ਲਿਖ ਕੇ ਉਨ੍ਹਾਂ ਵਿਦਿਆਰਥੀਆਂ ਦੇ ਪਰਵਾਰਾਂ ਲਈ ਪ੍ਰਤੀ ਪਰਵਾਰ 1 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਦੀ ਮੰਗ ਕੀਤੀ ਹੈ, ਜਿਨ੍ਹਾਂ ਨੇ ਨੀਟ ਪ੍ਰੀਖਿਆਵਾਂ ਨਾਲ ਜੁੜੇ ਵਿਵਾਦਾਂ ਦਰਮਿਆਨ ਖ਼ੁਦਕੁਸ਼ੀ ਕੀਤੀ ਹੈ। ਸ਼ੁੱਕਰਵਾਰ ਨੂੰ ਭੇਜਿਆ ਗਿਆ ਇਹ ਪੱਤਰ ਉਸ ਮੁੱਦੇ 'ਤੇ ਚਾਨਣਾ ਪਾਉਂਦਾ ਹੈ, ਜਿਸ ਨੂੰ ਸੰਸਥਾ ਵਿਦਿਆਰਥੀਆਂ ਵਿੱਚ ਵਧ ਰਿਹਾ ਮਾਨਸਿਕ ਸਿਹਤ ਸੰਕਟ ਦੱਸ ਰਹੀ ਹੈ, ਜੋ ਪ੍ਰੀਖਿਆਵਾਂ ਅਤੇ ਸੰਭਾਵਿਤ ਮੁੜ-ਪ੍ਰੀਖਿਆਵਾਂ ਨੂੰ ਲੈ ਕੇ ਅਨਿਸ਼ਚਿਤਤਾ ਦਾ ਸਾਹਮਣਾ ਕਰ ਰਹੇ ਹਨ। ਪੱਤਰ ਵਿੱਚ ਦੀਪਕੇ ਨੇ ਕਿਹਾ, "ਮੈਂ ਅੱਜ ਭਾਰੀ ਮਨ ਨਾਲ ਤੁਹਾਨੂੰ ਇੱਕ ਵਧਦੇ ਹੋਏ ਸੰਕਟ ਵੱਲ ਤੁਰੰਤ ਧਿਆਨ ਦਿਵਾਉਣ ਲਈ ਲਿਖ ਰਿਹਾ ਹਾਂ ਜੋ ਸਾਡੇ ਦੇਸ਼ ਦੇ ਭਵਿੱਖ ਲਈ ਖਤਰਾ ਬਣਿਆ ਹੋਇਆ ਹੈ, ਸਾਡੇ ਨੌਜਵਾਨ ਵਿਦਿਆਰਥੀਆਂ ਦੀਆਂ ਜਾਨਾਂ ਅਤੇ ਉਨ੍ਹਾਂ ਦੀ ਮਾਨਸਿਕ ਤੰਦਰੁਸਤੀ।" ਵਿਦਿਆਰਥੀਆਂ ਦੀ ਮਾਨਸਿਕ ਪਰੇਸ਼ਾਨੀ ਨੂੰ ਪ੍ਰੀਖਿਆਵਾਂ ਨਾਲ ਸੰਬੰਧਤ ਘਟਨਾਵਾਂ ਨਾਲ ਜੋੜਦਿਆਂ ਦੀਪਕੇ ਨੇ ਦਾਅਵਾ ਕੀਤਾ ਕਿ ਹਾਲ ਹੀ ਦੇ ਹਫ਼ਤਿਆਂ ਵਿੱਚ 11 ਵਿਦਿਆਰਥੀਆਂ ਨੇ ਖ਼ੁਦਕੁਸ਼ੀ ਕੀਤੀ ਹੈ, ਜਿਨ੍ਹਾਂ ਵਿੱਚ ਪਿਛਲੇ 48 ਘੰਟਿਆਂ ਵਿੱਚ ਹੋਈਆਂ ਪੰਜ ਮੌਤਾਂ ਸ਼ਾਮਲ ਹਨ। ਉਨ੍ਹਾਂ ਦੋਸ਼ ਲਾਇਆ ਕਿ ਸੰਭਾਵਿਤ ਮੁੜ-ਪ੍ਰੀਖਿਆਵਾਂ ਨੂੰ ਲੈ ਕੇ ਅਨਿਸ਼ਚਿਤਤਾ ਕਾਰਨ ਵਿਦਿਆਰਥੀਆਂ ਵਿੱਚ ਚਿੰਤਾ ਦਾ ਪੱਧਰ ਕਾਫ਼ੀ ਵਧ ਗਿਆ ਹੈ। ਦੀਪਕੇ ਦੇ ਅਨੁਸਾਰ, ਕਈ ਮਾਪਿਆਂ ਨੇ ਆਪਣੇ ਬੱਚਿਆਂ ਦੀ ਪੜ੍ਹਾਈ ਦਾ ਖਰਚਾ ਚੁੱਕਣ ਲਈ ਭਾਰੀ ਵਿਦਿਅਕ ਕਰਜ਼ੇ ਲਏ ਸਨ ਅਤੇ ਹੁਣ ਉਹ ਆਪਣੇ ਬੱਚਿਆਂ ਨੂੰ ਗੁਆਉਣ ਤੋਂ ਬਾਅਦ ਸੰਘਰਸ਼ ਕਰ ਰਹੇ ਹਨ। ਕੇਂਦਰ ਤੋਂ ਤੁਰੰਤ ਦਖਲ ਦੀ ਮੰਗ ਕਰਦਿਆਂ ਦੀਪਕੇ ਨੇ ਹਰ ਪੀੜਤ ਪਰਵਾਰ ਲਈ 1 ਕਰੋੜ ਰੁਪਏ ਦੇ ਮੁਆਵਜ਼ੇ ਦੇ ਪੈਕੇਜ ਦੀ ਮੰਗ ਕੀਤੀ ਹੈ। ਮੁਆਵਜ਼ੇ ਦੀ ਮੰਗ ਦੇ ਨਾਲ-ਨਾਲ ਪਾਰਟੀ ਸੰਸਥਾਪਕ ਨੇ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਨੂੰ ਅਹੁਦੇ ਤੋਂ ਹਟਾਉਣ ਦੀ ਮੰਗ ਵੀ ਦੁਹਰਾਈ ਹੈ।




# ਨਿਹੰਗ ਸਿੰਘਾਂ ਵੱਲੋਂ 21 ਤੋਂ 'ਖਾਲਸਾ ਟੈਕਸ'

**ਸ੍ਰੀ ਆਨੰਦਪੁਰ ਸਾਹਿਬ :** ਹਿਮਾਚਲ ਪ੍ਰਦੇਸ਼ ਸਰਕਾਰ ਵੱਲੋਂ ਵੱਖ-ਵੱਖ ਸਰਹੱਦੀ ਥਾਵਾਂ 'ਤੇ ਵਸੂਲੇ ਜਾ ਰਹੇ ਐਂਟਰੀ ਟੈਕਸ ਦੇ ਵਿਰੋਧ ਵਿੱਚ ਨਿਹੰਗ ਸਿੰਘ ਜਥੇਬੰਦੀਆਂ ਨੇ ਆਰ-ਪਾਰ ਦੇ ਸੰਘਰਸ਼ ਦਾ ਐਲਾਨ ਕਰ ਦਿੱਤਾ ਹੈ। ਮਿਸਲ ਸਾਹਿਬਜ਼ਾਦਾ ਬਾਬਾ ਜੁਝਾਰ ਸਿੰਘ ਜੀ (ਚਮਕੌਰ ਸਾਹਿਬ) ਨਾਲ ਸੰਬੰਧਤ ਨਿਹੰਗ ਸਿੰਘਾਂ ਨੇ ਚਿਤਾਵਨੀ ਦਿੱਤੀ ਹੈ ਕਿ ਜੇਕਰ ਸਰਕਾਰਾਂ ਨੇ ਇਸ ਮਸਲੇ ਦਾ ਤੁਰੰਤ ਕੋਈ ਸਾਰਥਿਕ ਹੱਲ ਨਾ ਕੱਢਿਆ ਤਾਂ ਉਹ 21 ਜੂਨ ਤੋਂ ਕੀਰਤਪੁਰ ਸਾਹਿਬ-ਮਨਾਲੀ ਮੁੱਖ ਮਾਰਗ 'ਤੇ ਦੁਬਾਰਾ ਇਤਿਹਾਸਕ ਪ੍ਰੰਪਰਾ ਤਹਿਤ 'ਖਾਲਸਾ ਟੈਕਸ' ਲਗਾਉਣ ਲਈ ਮਜਬੂਰ ਹੋਣਗੇ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਥੇਬੰਦੀ ਦੇ ਨੁਮਾਇੰਦੇ ਮਹਾਕਾਲ ਬਾਬਾ ਅੱਛਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਸਥਾਨਕ ਪ੍ਰਸ਼ਾਸਨ ਵੱਲੋਂ ਦੁਪਹਿਰ 12 ਵਜੇ ਮੀਟਿੰਗ ਲਈ ਬੁਲਾਇਆ ਗਿਆ ਸੀ, ਪਰ ਲੰਬੇ ਸਮੇਂ ਤੱਕ ਉਡੀਕ ਕਰਨ ਦੇ ਬਾਵਜੂਦ ਕੋਈ ਜ਼ਿੰਮੇਵਾਰ ਅਧਿਕਾਰੀ ਗੱਲਬਾਤ ਲਈ ਮੌਕੇ 'ਤੇ ਨਹੀਂ ਪਹੁੰਚਿਆ।

ਪ੍ਰਸ਼ਾਸਨ ਦੇ ਇਸ ਵਤੀਰੇ ਤੋਂ ਨਾਰਾਜ਼ ਨਿਹੰਗ ਸਿੰਘਾਂ ਨੇ ਐਲਾਨ ਕੀਤਾ ਕਿ ਹੁਣ ਉਹ ਕਿਸੇ ਸਥਾਨਕ ਅਧਿਕਾਰੀ ਨਾਲ ਨਹੀਂ, ਬਲਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜਾਂ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨਾਲ ਸਿੱਧੀ ਮੀਟਿੰਗ ਕਰਨਗੇ, ਕਿਉਂਕਿ ਇਹ ਅੰਤਰ-ਰਾਜੀ ਮਸਲਾ ਸਰਕਾਰ ਦੇ ਉੱਚ ਪੱਧਰ 'ਤੇ ਹੀ ਹੱਲ ਹੋ ਸਕਦਾ ਹੈ।

# ਵੈਟ ਤੇ ਜੀ ਐਸ ਟੀ ਡਿਫਾਲਟਰਾਂ ਦੀਆਂ ਜਾਇਦਾਦਾਂ ਦੀ ਨਿਲਾਮੀ ਸ਼ੁਰੂ : ਚੀਮਾ

## ਯਕਮੁਸ਼ਤ ਨਿਪਟਾਰਾ ਸਕੀਮ 31 ਜੁਲਾਈ ਤੱਕ ਵਧਾਈ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਪੰਜਾਬ ਦੇ ਵਿੱਤ, ਯੋਜਨਾ ਅਤੇ ਕਰ ਤੇ ਆਬਕਾਰੀ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਸ਼ੁੱਕਰਵਾਰ ਨੂੰ ਇਥੇ ਐਲਾਨ ਕੀਤਾ ਕਿ ਸੂਬਾ ਸਰਕਾਰ ਨੇ ਲੰਬੇ ਸਮੇਂ ਤੋਂ ਵੈਟ ਅਤੇ ਜੀ ਐਸ ਟੀ ਦੀ ਚੋਰੀ ਕਰਨ ਵਾਲਿਆਂ ਦੀਆਂ ਜਾਇਦਾਦਾਂ ਦੀ ਅਧਿਕਾਰਤ ਤੌਰ 'ਤੇ ਜਨਤਕ ਨਿਲਾਮੀ ਸ਼ੁਰੂ ਕਰਕੇ ਟੈਕਸ ਡਿਫਾਲਟਰਾਂ ਵਿਰੁੱਧ ਆਪਣੀ ਵਸੂਲੀ ਮੁਹਿੰਮ ਨੂੰ ਕਾਫ਼ੀ ਤੇਜ਼ ਕਰ ਦਿੱਤਾ ਹੈ। ਉਨ੍ਹਾਂ ਕਿਹਾ, "ਰਾਜ ਦੇ ਲੰਬੇ ਸਮੇਂ ਤੋਂ ਬਕਾਇਆ ਮਾਲੀਏ ਨੂੰ ਵਾਪਸ ਲੈਣ ਲਈ ਇੱਕ ਅਹਿਮ ਕਦਮ ਚੁੱਕਦੇ ਹੋਏ ਆਬਕਾਰੀ ਤੇ ਕਰ ਵਿਭਾਗ ਨੇ ਜਾਇਦਾਦਾਂ ਦੀਆਂ ਤਿੰਨ ਵੱਡੀਆਂ ਨਿਲਾਮੀਆਂ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਿਆ ਹੈ। ਇਸ ਤਹਿਤ ਉਨ੍ਹਾਂ ਕਾਰੋਬਾਰਾਂ ਅਤੇ ਵਿਅਕਤੀਆਂ ਤੋਂ ਮੋਟੀ ਰਕਮ ਵਸੂਲ ਕੀਤੀ ਗਈ ਹੈ ਜੋ ਵਾਰ-ਵਾਰ ਮੌਕੇ ਅਤੇ ਅਧਿਕਾਰਤ ਕਾਨੂੰਨੀ ਨੋਟਿਸ ਦਿੱਤੇ ਜਾਣ ਦੇ ਬਾਵਜੂਦ ਜਾਣਬੁੱਝ ਕੇ ਆਪਣੀਆਂ ਟੈਕਸ ਦੇਣਦਾਰੀਆਂ ਦਾ ਭੁਗਤਾਨ ਕਰਨ ਵਿੱਚ ਅਸਫਲ ਰਹੇ ਸਨ" ਚੀਮਾ ਨੇ ਦੱਸਿਆ ਕਿ ਪਹਿਲੀ ਵੱਡੀ ਜਾਇਦਾਦ ਦੀ ਨਿਲਾਮੀ ਮੋਹਾਲੀ ਵਿੱਚ ਡਿਫਾਲਟਰ ਫਰਮ 'ਮੈਸਰਜ਼ ਸੁਮਿਤ ਇੰਜੀਨੀਅਰਿੰਗ' ਵਿਰੁੱਧ ਸਫਲਤਾਪੂਰਵਕ ਕੀਤੀ ਗਈ, ਜਿੱਥੇ ਅੱਜ ਜਾਇਦਾਦ 13.22 ਕਰੋੜ ਰੁਪਏ ਵਿੱਚ ਵੇਚੀ ਗਈ। ਉਨ੍ਹਾਂ ਅੱਗੇ ਦੱਸਿਆ ਕਿ ਇੱਕ ਹੋਰ ਸਫਲ ਨਿਲਾਮੀ ਸ਼ਾਹਕੋਟ, ਜਲੰਧਰ ਵਿਖੇ ਮੈਸਰਜ਼ ਐਮ.ਆਰ ਰਾਈਸ ਮਿੱਲਜ਼ ਦੀ ਜਾਇਦਾਦ ਦੀ ਕੀਤੀ ਗਈ, ਜਿਸ ਤੋਂ ਕੁੱਲ 1.11 ਕਰੋੜ ਰੁਪਏ ਪ੍ਰਾਪਤ ਹੋਏ।ਵਿੱਤ ਮੰਤਰੀ ਨੇ ਕਿਹਾ ਕਿ ਸਫਲ ਬੋਲੀਕਾਰਾਂ ਵੱਲੋਂ ਅੱਜ 3.58 ਕਰੋੜ ਰੁਪਏ ਦੀ ਰਕਮ ਸਿੱਧੀ ਸਰਕਾਰੀ ਖ਼ਜ਼ਾਨੇ ਵਿੱਚ ਜਮ੍ਹਾਂ ਕਰਵਾ ਦਿੱਤੀ ਗਈ ਹੈ, ਜਦੋਂ ਕਿ ਬਾਕੀ ਰਹਿੰਦੀ ਰਕਮ ਨਿਯਮਾਂ ਅਨੁਸਾਰ ਆਉਣ ਵਾਲੇ ਹਫ਼ਤੇ ਵਿੱਚ ਕਾਨੂੰਨੀ ਤੌਰ 'ਤੇ ਵਸੂਲ ਕਰਕੇ ਜਮ੍ਹਾਂ ਕਰਵਾਈ ਜਾਵੇਗੀ। ਵਿੱਤ ਮੰਤਰੀ ਨੇ ਐਲਾਨ ਕੀਤਾ ਕਿ ਪੰਜਾਬ ਸਰਕਾਰ ਨੇ ਯਕਮੁਸ਼ਤ ਨਿਪਟਾਰਾ (ਓ.ਟੀ.ਐਸ.) ਸਕੀਮ ਨੂੰ 31 ਜੁਲਾਈ 2026 ਤੱਕ ਵਧਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਹ ਸਕੀਮ ਬਕਾਇਆ ਵੈਟ ਦੇਣਦਾਰੀਆਂ ਵਾਲੇ ਟੈਕਸਦਾਤਾਵਾਂ ਲਈ ਆਪਣੇ ਬਕਾਏ ਜਲਦੀ ਨਿਪਟਾਉਣ ਲਈ ਇੱਕ ਪਾਰਦਰਸ਼ੀ ਅਤੇ ਬਹੁਤ ਹੀ ਲਾਹੇਵੰਦ ਪ੍ਰਣਾਲੀ ਪ੍ਰਦਾਨ ਕਰਦੀ ਹੈ, ਜਿਸ ਨਾਲ ਉਹ ਅਦਾਲਤੀ ਕਾਰਵਾਈਆਂ ਤੇ ਵਿਵਾਦਾਂ ਤੋਂ ਬਚ ਸਕਦੇ ਹਨ। ਉਨ੍ਹਾਂ ਖ਼ੁਲਾਸਾ ਕੀਤਾ ਕਿ ਆਦਤਨ ਅਤੇ ਪੁਰਾਣੇ ਡਿਫਾਲਟਰਾਂ ਦੀਆਂ ਕਈ ਜਾਇਦਾਦਾਂ ਦੀ ਪਛਾਣ ਕਰ ਲਈ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੱਖ-ਵੱਖ ਜ਼ਿਲ੍ਹਿਆਂ ਵਿੱਚ ਲਗਭਗ 20 ਹੋਰ ਜਾਇਦਾਦਾਂ ਦੀ ਨਿਲਾਮੀ ਤੈਅ ਕੀਤੀ ਜਾ ਚੁੱਕੀ ਹੈ।



# ਕੈਬ ਡਰਾਈਵਰ ਦੀ ਨਿਕਲੀ 3 ਕਰੋੜ ਦੀ ਲਾਟਰੀ

**ਬਠਿੰਡਾ :** ਹਿਮਾਚਲ ਪ੍ਰਦੇਸ਼ ਦੇ ਕਾਂਗੜਾ ਜ਼ਿਲ੍ਹੇ ਦੇ ਪਿੰਡ ਸਥਾਨਾ ਦੇ ਰਹਿਣ ਵਾਲੇ ਕੈਬ ਡਰਾਈਵਰ ਕਲਿਆਣ ਚੰਦ ਦੀ ਕਿਸਮਤ ਉਸ ਵੇਲੇ ਚਮਕ ਗਈ, ਜਦੋਂ ਉਸ ਵੱਲੋਂ ਬਠਿੰਡਾ ਤੋਂ ਖਰੀਦੀ ਗਈ ਪੰਜਾਬ ਸਟੇਟ ਡੀਅਰ ਸਮਰ ਸਪੈਸ਼ਲ ਬੰਪਰ ਲਾਟਰੀ ਦੀ ਟਿਕਟ 'ਤੇ 3 ਕਰੋੜ ਰੁਪਏ ਦਾ ਪਹਿਲਾ ਇਨਾਮ ਨਿਕਲ ਆਇਆ। ਰਤਨ ਲਾਟਰੀ ਬਠਿੰਡਾ ਦੇ ਬੁਲਾਰੇ ਕਿਰਨ ਨੇ ਦੱਸਿਆ ਕਿ ਪੰਜਾਬ ਸਟੇਟ ਡੀਅਰ ਸਮਰ ਸਪੈਸ਼ਲ ਬੰਪਰ ਦਾ ਡਰਾਅ 13 ਜੂਨ ਨੂੰ ਲੁਧਿਆਣਾ ਵਿਖੇ ਕੱਢਿਆ ਗਿਆ ਸੀ। ਲਾਟਰੀ ਜੇਤੂ ਕਲਿਆਣ ਚੰਦ ਇਨਾਮ ਨਿਕਲਣ ਤੋਂ ਬਾਅਦ ਵੀਰਵਾਰ ਨੂੰ ਉਨ੍ਹਾਂ ਦੇ ਦਫ਼ਤਰ ਪਹੁੰਚਿਆ ਅਤੇ ਜੇਤੂ ਟਿਕਟ ਸੰਬੰਧੀ ਕਾਰਵਾਈ ਸ਼ੁਰੂ ਕੀਤੀ ਗਈ। ਕਲਿਆਣ ਚੰਦ ਨੇ ਦੱਸਿਆ ਕਿ ਉਹ ਹਾਲ ਹੀ ਵਿੱਚ ਇੱਕ ਸਵਾਰੀ ਨੂੰ ਛੱਡਣ ਲਈ ਬਠਿੰਡਾ ਆਇਆ ਸੀ। ਇਸ ਦੌਰਾਨ ਉਸ ਨੇ ਇੱਕੋ ਨੰਬਰ ਵਾਲੀਆਂ ਏ ਅਤੇ ਬੀ ਸੀਰੀਜ਼ ਦੀਆਂ ਦੋ ਟਿਕਟਾਂ ਖਰੀਦੀਆਂ ਸਨ। ਉਸ ਨੇ ਕਿਹਾ ਕਿ ਇਸ ਪੈਸੇ ਨਾਲ ਉਹ ਪਿੰਡ ਸਥਾਨਾ ਵਿੱਚ ਸਥਿਤ ਪੁਰਾਣੀ ਦੋ ਕਮਰਿਆਂ ਵਾਲੀ ਸਰਾਂ ਦੀ ਮੁੜ ਉਸਾਰੀ ਕਰਵਾਏਗਾ। ਇਸ ਤੋਂ ਇਲਾਵਾ ਇਨਾਮੀ ਰਕਮ ਦਾ ਵੱਡਾ ਹਿੱਸਾ ਆਪਣੇ ਤਿੰਨ ਬੱਚਿਆਂ ਦੀ ਸਿੱਖਿਆ ਅਤੇ ਭਵਿੱਖ ਲਈ ਖਰਚ ਕੀਤਾ ਜਾਵੇਗਾ।



## ਚੰਡੀਗੜ੍ਹ 'ਚ ਓਲਾ ਕੈਬਸ ਦਾ ਲਾਇਸੈਂਸ ਮੁਅੱਤਲ

**ਚੰਡੀਗੜ੍ਹ :** ਸਥਾਨਕ ਪ੍ਰਸ਼ਾਸਨ ਨੇ ਇੱਕ ਵੱਡਾ ਕਦਮ ਚੁੱਕਦਿਆਂ ਓਲਾ ਕੈਬਸ ਚਲਾਉਣ ਵਾਲੀ ਕੰਪਨੀ 'ਐਨੀ ਟੈਕਨਾਲੋਜੀਜ਼ ਪ੍ਰਾਈਵੇਟ ਲਿਮਟਿਡ' ਦਾ ਐਗਰੀਗੇਟਰ ਲਾਇਸੈਂਸ ਤੁਰੰਤ ਪ੍ਰਭਾਵ ਨਾਲ ਛੇ ਮਹੀਨਿਆਂ ਲਈ ਮੁਅੱਤਲ ਕਰ ਦਿੱਤਾ ਹੈ। ਇਹ ਫੈਸਲਾ ਚੰਡੀਗੜ੍ਹ ਦੇ ਨਵੇਂ 'ਮੋਟਰ ਵਹੀਕਲ ਐਗਰੀਗੇਟਰ ਨਿਯਮ, 2025' ਨੂੰ ਸਖ਼ਤੀ ਨਾਲ ਲਾਗੂ ਕਰਨ ਦੀ ਦਿਸ਼ਾ ਵਿੱਚ ਇੱਕ ਵੱਡੀ ਕਾਰਵਾਈ ਹੈ। ਇਹ ਫੈਸਲਾ ਸਿਰਫ਼ ਇੱਕ ਕੰਪਨੀ ਵਿਰੁੱਧ ਕਾਰਵਾਈ ਨਹੀਂ, ਸਗੋਂ ਟਰਾਈਸਿਟੀ ਵਿੱਚ ਕੰਮ ਕਰ ਰਹੇ ਸਾਰੇ ਐਪ-ਆਧਾਰਤ ਟਰਾਂਸਪੋਰਟ ਪਲੇਟਫਾਰਮਾਂ ਲਈ ਇੱਕ ਸਪੱਸ਼ਟ ਚੇਤਾਵਨੀ ਹੈ ਕਿ ਨਿਯਮਾਂ ਦੀ ਪਾਲਣਾ ਹੁਣ ਲਾਜ਼ਮੀ ਹੈ। ਇਸ ਕਾਰਵਾਈ ਨਾਲ ਚੰਡੀਗੜ੍ਹ, ਮੋਹਾਲੀ ਅਤੇ ਪੰਚਕੂਲਾ ਵਿੱਚ ਹਜ਼ਾਰਾਂ ਡਰਾਈਵਰਾਂ ਅਤੇ ਲੱਖਾਂ ਰੋਜ਼ਾਨਾ ਯਾਤਰੀਆਂ ਦੇ ਪ੍ਰਭਾਵਿਤ ਹੋਣ ਦੀ ਸੰਭਾਵਨਾ ਹੈ।

## ਛੁੱਟੀ 'ਤੇ ਆਏ ਫ਼ੌਜੀ ਜਵਾਨ ਦੀ ਸੜਕ ਹਾਦਸੇ 'ਚ ਮੌਤ



**ਤਰਨ ਤਾਰਨ :** ਬੁੱਧਵਾਰ-ਵੀਰਵਾਰ ਦੀ ਦਰਮਿਆਨੀ ਰਾਤ ਨੂੰ ਕੌਮੀ ਸ਼ਾਹ ਮਾਰਗ (ਨੈਸ਼ਨਲ ਹਾਈਵੇਅ) ਨੰਬਰ 54 'ਤੇ ਨੌਸ਼ਹਿਰਾ ਪਨੂੰਆਂ ਲਾਗੇ ਵਾਪਰੇ ਇੱਕ ਦਰਦਨਾਕ ਸੜਕ ਹਾਦਸੇ ਵਿੱਚ ਛੁੱਟੀ 'ਤੇ ਆਏ ਫ਼ੌਜੀ ਜਵਾਨ ਦੀ ਮੌਤ ਹੋ ਗਈ, ਜਦੋਂ ਕਿ ਕਾਰ ਵਿੱਚ ਸਵਾਰ ਉਸ ਦਾ ਇੱਕ ਰਿਸ਼ਤੇਦਾਰ ਗੰਭੀਰ ਜ਼ਖ਼ਮੀ ਹੋ ਗਿਆ। ਮ੍ਰਿਤਕ ਫ਼ੌਜੀ ਜਵਾਨ ਦੀ ਪਛਾਣ ਹਰਜਿੰਦਰ ਸਿੰਘ (30) ਵਾਸੀ ਘੜਿਆਲਾ ਵਜੋਂ ਹੋਈ ਹੈ। ਹਰਜਿੰਦਰ ਸਿੰਘ ਭਾਰਤੀ ਫ਼ੌਜ ਦੀ 22 ਸਿੱਖ ਰੈਜੀਮੈਂਟ ਵਿੱਚ ਡਿਬਰੂਗੜ੍ਹ (ਪੱਛਮੀ ਬੰਗਾਲ) ਵਿਖੇ ਤਾਇਨਾਤ ਸੀ ਅਤੇ 17 ਜੂਨ ਨੂੰ ਛੁੱਟੀ ਲੈ ਕੇ ਆਪਣੇ ਘਰ ਪਰਤ ਰਿਹਾ ਸੀ। ਮ੍ਰਿਤਕ ਆਪਣੇ ਪਿੱਛੇ ਢਾਈ ਸਾਲ ਦੀ ਮਾਸੂਮ ਧੀ ਛੱਡ ਗਿਆ ਹੈ। ਫ਼ੌਜੀ ਜਵਾਨ ਨੂੰ ਅੰਮ੍ਰਿਤਸਰ ਤੋਂ ਲੈ ਕੇ ਉਸ ਦੇ ਰਿਸ਼ਤੇਦਾਰ ਸਕੱਤਰ ਸਿੰਘ ਅਤੇ ਸੁਖਬੀਰ ਸਿੰਘ (ਦੋਵੇਂ ਵਾਸੀ ਘੜਿਆਲਾ) ਕਾਰ ਰਾਹੀਂ ਆ ਰਹੇ ਸਨ। ਕਾਰ ਬੇਕਾਬੂ ਹੋ ਕੇ ਟਰੈਕਟਰ-ਟਰਾਲੀ ਦੇ ਪਿਛਲੇ ਪਾਸੇ ਜਾ ਟਕਰਾਈ।

# 11 ਵਿਧਾਇਕਾਂ ਵੱਲੋਂ ਕਰਾਸ-ਵੋਟਿੰਗ, ਕਾਂਗਰਸ ਦੀ ਵੱਡੀ ਜਿੱਤ

**ਬੰਗਲੁਰੂ :** ਕਰਨਾਟਕ ਐੱਮ ਐੱਲ ਸੀ ਚੋਣਾਂ ਨੇ ਐੱਨ ਡੀ ਏ ਵਿੱਚ ਫੁੱਟ ਦਾ ਪਰਦਾਫਾਸ਼ ਕੀਤਾ ਹੈ। ਕਰਨਾਟਕ ਵਿੱਚ ਐੱਨ ਡੀ ਏ ਨੂੰ ਇੱਕ ਵੱਡਾ ਝਟਕਾ ਦਿੰਦਿਆਂ ਕਾਂਗਰਸ ਨੇ ਵੀਰਵਾਰ ਨੂੰ ਰਾਜ ਵਿਧਾਨ ਪ੍ਰੀਸ਼ਦ ਚੋਣਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ ਤੇ ਉਸ ਨੇ 7 ਵਿੱਚੋਂ 5 ਸੀਟਾਂ 'ਤੇ ਜਿੱਤ ਦਰਜ ਕੀਤੀ ਹੈ। ਕਾਂਗਰਸ ਦੀ ਇਹ ਵੱਡੀ ਜਿੱਤ ਘੱਟੋ-ਘੱਟ ਛੇ ਭਾਜਪਾ ਸੰਸਦ ਮੈਂਬਰਾਂ ਅਤੇ 4 ਤੋਂ 8 ਜੇ ਡੀ (ਐੱਸ) ਸੰਸਦ ਮੈਂਬਰਾਂ ਦੁਆਰਾ ਕਰਾਸ-ਵੋਟਿੰਗ ਕਾਰਨ ਹੋਈ ਹੈ। ਇਸ ਘਟਨਾ ਨੇ ਭਾਜਪਾ ਹਾਈਕਮਾਨ ਨੂੰ ਹਿਲਾ ਕੇ ਰੱਖ ਦਿੱਤਾ ਹੈ। ਪਾਰਟੀ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਬੀਨ ਨੇ ਕਰਨਾਟਕ ਭਾਜਪਾ ਮੁਖੀ ਬੀ ਵਾਈ ਵਿਜੇਇੰਦਰ ਨੂੰ ਤਲਬ ਕੀਤਾ ਹੈ। ਵਿਜੇਇੰਦਰ ਨੇ ਇਹ ਸਵੀਕਾਰ ਕੀਤਾ ਹੈ ਕਿ ਕਰਾਸ-ਵੋਟਿੰਗ ਉਨ੍ਹਾਂ ਦੀ ਪਾਰਟੀ ਦੇ ਮੈਂਬਰਾਂ ਅਤੇ ਜੇ ਡੀ (ਐੱਸ) ਮੈਂਬਰਾਂ ਦੁਆਰਾ ਕੀਤੀ ਗਈ ਹੈ। ਉਸ ਨੇ ਕਿਹਾ, "ਉਨ੍ਹਾਂ ਵਿਧਾਇਕਾਂ ਨੂੰ ਮਾਫ਼ ਕਰਨ ਦਾ ਕੋਈ ਸਵਾਲ ਹੀ ਨਹੀਂ ਹੈ ਜਿਨ੍ਹਾਂ ਨੇ ਕਰਾਸ-ਵੋਟਿੰਗ ਕੀਤੀ ਹੈ। ਸਾਡੇ ਕੋਲ ਇਸ ਬਾਰੇ ਵੀ ਕੁਝ ਜਾਣਕਾਰੀ ਹੈ ਕਿ ਇਹ ਖੇਡ ਕਿਸ ਨੇ ਖੇਡੀ ਹੋਵੇਗੀ।" ਕਰਾਸ-ਵੋਟਿੰਗ ਕਾਰਨ ਪੰਜਵੀਂ ਸੀਟ 'ਤੇ ਕਾਂਗਰਸ ਦੀ ਹੈਰਾਨੀਜਨਕ ਜਿੱਤ ਹੋਈ, ਜਿਸ ਨਾਲ ਸੱਤਾਧਾਰੀ ਪਾਰਟੀ ਨੂੰ 75 ਮੈਂਬਰੀ ਉੱਚ ਸਦਨ ਵਿੱਚ ਬਹੁਮਤ ਮਿਲ ਗਿਆ ਹੈ।

# ਪਾਵਰ ਮੈਨੇਜਮੈਂਟ ਦੀ ਵਾਅਦਾ ਖਿਲਾਫ਼ੀ ਵਿਰੁੱਧ ਆਊਟਸੋਰਸਿੰਗ ਕਾਮੇ ਮੁੜ ਸੰਘਰਸ਼ ਦੇ ਰਾਹ

**ਰੂਪਨਗਰ/ਪਟਿਆਲਾ :** ਸ੍ਰੀ ਗੁਰੂ ਗੋਬਿੰਦ ਸਿੰਘ ਸੁਪਰ ਥਰਮਲ ਪਲਾਂਟ ਰੋਪੜ ਅਤੇ ਸ੍ਰੀ ਗੁਰੂ ਹਰਗੋਬਿੰਦ ਸਿੰਘ ਥਰਮਲ ਪਲਾਂਟ ਲਹਿਰਾ ਮੁਹੱਬਤ ਵਿੱਚ ਕੰਮ ਕਰਦੇ ਕੰਟਰੈਕਟ ਵਰਕਰਾਂ ਵੱਲੋਂ ਸਾਂਝੀ ਥਰਮਲ ਕੰਟਰੈਕਟਰ ਵਰਕਰਜ਼ ਸੰਘਰਸ਼ ਕਮੇਟੀ ਦੇ ਬੈਨਰ ਹੇਠ ਪਾਵਰ ਮੈਨੇਜਮੈਂਟ ਦੀ ਵਾਅਦਾ ਖਿਲਾਫ਼ੀ ਵਿਰੁੱਧ ਮੁੜ ਤੋਂ ਸ਼ੁਰੂ ਕੀਤਾ ਸੰਘਰਸ਼ ਸ਼ੁੱਕਰਵਾਰ ਨੂੰ ਚੌਥੇ ਦਿਨ ਵਿੱਚ ਦਾਖਲ ਹੋ ਗਿਆ ਹੈ।ਇਸ ਸਬੰਧੀ ਪ੍ਰੈਸ ਬਿਆਨ ਜਾਰੀ ਕਰਦਿਆਂ ਸੰਘਰਸ਼ ਕਮੇਟੀ ਦੇ ਆਗੂਆਂ ਨੇ ਦੱਸਿਆ ਕਿ ਲੰਘੀ 24 ਮਈ ਨੂੰ ਖੰਨਾ ਵਿਖੇ ਬਿਜਲੀ ਮੰਤਰੀ ਦੀ ਪ੍ਰਧਾਨਗੀ ਹੇਠ ਪਾਵਰਕਾਮ ਦੇ ਸੀ.ਐਮ.ਡੀ ਸਮੇਤ ਪੂਰੀ ਮੈਨੇਜਮੈਂਟ ਨਾਲ ਸਾਂਝੀ ਥਰਮਲ ਕੰਟਰੈਕਟਰ ਵਰਕਰਜ ਸੰਘਰਸ਼ ਕਮੇਟੀ, ਪਾਵਰਕਾਮ ਆਊਟਸੋਰਸਿੰਗ ਵਰਕਰ ਯੂਨੀਅਨ ਏਟਕ ਅਤੇ ਆਊਟਸੋਰਸਿੰਗ ਇੰਪਲਾਈਜ਼ ਫੈਡਰੇਸ਼ਨ ਦੇ ਆਗੂਆਂ ਨਾਲ ਪੈਨਲ ਮੀਟਿੰਗ ਹੋਈ ਸੀ। ਇਸ ਮੀਟਿੰਗ ਵਿੱਚ ਇਹ ਫੈਸਲਾ ਹੋਇਆ ਸੀ ਕਿ 15 ਜੂਨ ਤੱਕ ਕੰਟਰੈਕਟ 'ਤੇ ਕੰਮ ਕਰਦੇ ਕਾਮਿਆਂ ਨੂੰ 382 ਕਾਮਿਆਂ ਦੀ ਤਰਜ 'ਤੇ ਲਾਗੂ ਹੋਈ ਨੀਤੀ ਅਨੁਸਾਰ ਪਾਵਰਕਾਮ ਅਤੇ ਟ੍ਰਾਂਸਕੋ ਦੇ ਅਧੀਨ ਸਿੱਧਾ ਕੰਟਰੈਕਟ 'ਤੇ ਲੈ ਲਿਆ ਜਾਵੇਗਾ ਅਤੇ ਉਹਨਾਂ ਦੀਆਂ ਤਨਖਾਹਾਂ ਵਿੱਚ 18 ਪ੍ਰਤੀਸ਼ਤ ਜੀ.ਐਸ.ਟੀ ਸਮੇਤ ਠੇਕੇਦਾਰਾਂ ਨੂੰ ਮਿਲਣ ਵਾਲਾ ਲਾਭ ਸਿੱਧਾ ਵਰਕਰਾਂ ਨੂੰ ਦਿੱਤਾ ਜਾਵੇਗਾ।ਪਰ ਅਫਸੋਸ • ਬਾਕੀ ਸਫਾ 2 'ਤੇ



# ਸੇਵਾਦਾਰ ਪਤੀ-ਪਤਨੀ ਦੇ ਕਤਲ 'ਚ ਪੁਲਸ ਕਰਮਚਾਰੀ ਗ੍ਰਿਫ਼ਤਾਰ

**ਅੰਮ੍ਰਿਤਸਰ :** ਪਾਕਿਸਤਾਨ ਦੇ ਸੂਬਾ ਖ਼ੈਬਰ ਪਖਤੂਨਖਵਾ ਦੇ ਜ਼ਿਲ੍ਹਾ ਮਰਦਾਨ ਦੇ ਇਲਾਕੇ ਵਿਚ ਪੁਰਾਤਨ ਪੰਚਾਇਤੀ ਗੁਰਦੁਆਰੇ ਦੀ ਸੇਵਾ ਸੰਭਾਲ ਪਿਛਲੇ ਲੰਮੇ ਸਮੇਂ ਤੋਂ ਕਰਦੇ ਆ ਰਹੇ ਸਿੰਧੀ ਸਿੱਖ ਮੀਆਂ ਬੀਬੀ ਦਾ ਪਿਛਲੇ ਦਿਨੀਂ ਗੁਰੂ ਘਰ ਦੇ ਅੰਦਰ ਗੋਲੀਆਂ ਮਾਰ ਕੇ ਕਤਲ ਕੀਤੇ ਜਾਣ ਤੋਂ ਬਾਅਦ ਪੁਲਸ ਵੱਲੋਂ ਇਕ ਪੁਲਸ ਕਰਮਚਾਰੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਜ਼ਿਲ੍ਹਾ ਮਰਦਾਨ ਦੀ ਪੁਲਸ ਅਨੁਸਾਰ ਜਗਨਨਾਥ ਤੇ ਉਸ ਦੀ ਪਤਨੀ ਗੁੱਡੀ ਨੂੰ ਇਸ ਕਰਕੇ ਗੋਲੀਆਂ ਮਾਰੀਆਂ ਗਈਆਂ ਸਨ ਕਿ ਕੁੱਝ ਸਮਾਂ ਪਹਿਲਾਂ ਹਮਲਾਵਰ ਪੁਲਸ ਕਰਮੀ ਵੱਲੋਂ ਇਨ੍ਹਾਂ ਨੂੰ ਧਰਮ ਪਰਿਵਰਤਨ ਕਰਨ ਲਈ ਕਿਹਾ ਗਿਆ ਸੀ, ਪਰ ਜਗਨਨਾਥ ਵੱਲੋਂ ਇਸ ਦਾ ਬਹੁਤ ਵੱਡੀ ਪੱਧਰ 'ਤੇ ਵਿਰੋਧ ਕੀਤਾ ਤੇ ਉਸ ਨੂੰ ਪੁਲਸ ਵਿੱਚੋਂ ਬਰਖਾਸਤ ਕਰਵਾਇਆ ਸੀ, ਜਿਸ ਦਾ ਬਦਲਾ ਲੈਣ ਲਈ ਉਸ ਵੱਲੋਂ ਦੋਵੇਂ ਮੀਆਂ ਬੀਬੀ ਨੂੰ ਗੋਲੀਆਂ ਮਾਰ ਕੇ ਮੌਤ ਦੇ ਘਾਟ ਉਤਾਰਿਆ ਗਿਆ ਹੈ।

# ਉੱਘੇ ਲੇਖਕ ਨਿੰਦਰ ਘੁਗਿਆਣਵੀ ਨੂੰ ਫੈਲੋਸ਼ਿਪ ਮਿਲੀ

**ਚੰਡੀਗੜ੍ਹ (ਨ ਜ਼ ਸ)**-ਪੰਜਾਬੀ ਲੇਖਕ ਅਤੇ ਲੋਕ ਸੱਭਿਆਚਾਰ ਖੋਜਕਰਤਾ ਨਿੰਦਰ ਘੁਗਿਆਣਵੀ, ਜਿਨ੍ਹਾਂ ਨੇ ਸਿਰਫ਼ ਅੱਠਵੀਂ ਜਮਾਤ ਤੱਕ ਪੜ੍ਹਾਈ ਕੀਤੀ ਸੀ ਅਤੇ ਇੱਕ ਵਾਰ ਫਰੀਦਕੋਟ ਜ਼ਿਲ੍ਹਾ ਅਦਾਲਤ ਵਿੱਚ ਇੱਕ ਜੱਜ ਦੇ ਅਰਦਲੀ ਵਜੋਂ ਕੰਮ ਕੀਤਾ ਸੀ, ਨੂੰ ਭਾਰਤ ਸਰਕਾਰ ਦੇ ਸੱਭਿਆਚਾਰ ਮੰਤਰਾਲੇ ਦੁਆਰਾ, ਸੈਂਟਰ ਫਾਰ ਕਲਚਰਲ ਰਿਸੋਰਸਿਜ਼ ਐਂਡ ਟਰੇਨਿੰਗ, ਨਵੀਂ ਦਿੱਲੀ ਰਾਹੀਂ ਸੀਨੀਅਰ ਰਿਸਰਚ ਫੈਲੋਸ਼ਿਪ ਨਾਲ ਸਨਮਾਨਿਤ ਕੀਤਾ ਗਿਆ ਹੈ। ਉਨ੍ਹਾ ਲੱਗਭੱਗ 70 ਕਿਤਾਬਾਂ ਲਿਖੀਆਂ ਅਤੇ ਸੰਪਾਦਿਤ ਕੀਤੀਆਂ ਹਨ । ਫ਼ਰੀਦਕੋਟ ਜ਼ਿਲ੍ਹੇ ਦੇ ਘੁਗਿਆਣਾ ਪਿੰਡ ਦੇ ਵਸਨੀਕ, ਘੁਗਿਆਣਵੀ ਨੂੰ ਦੋ ਸਾਲਾਂ ਲਈ ਫੈਲੋਸ਼ਿਪ ਦਿੱਤੀ ਗਈ ਹੈ। ਇਸ ਦੇ ਤਹਿਤ, ਉਹ 'ਪੰਜਾਬੀ ਗਾਇਕੀ ਦੇ 125 ਸਾਲ' ਸਿਰਲੇਖ ਵਾਲਾ ਇੱਕ ਖੋਜ ਪ੍ਰੋਜੈਕਟ ਸ਼ੁਰੂ ਕਰਨਗੇ ਅਤੇ ਪਿਛਲੀ ਸਦੀ ਅਤੇ ਡੇਢ ਸਦੀ ਦੌਰਾਨ ਪੰਜਾਬੀ ਸੰਗੀਤ ਦੇ ਵਿਕਾਸ ਨੂੰ ਦਸਤਾਵੇਜ਼ੀ ਰੂਪ ਦੇਣ ਵਾਲੀ ਇੱਕ ਕਿਤਾਬ ਲਿਖਣਗੇ। ਖੋਜ ਦੇ ਪੂਰਾ ਹੋਣ 'ਤੇ ਸੱਭਿਆਚਾਰ ਮੰਤਰਾਲਾ ਕਿਤਾਬ ਪ੍ਰਕਾਸ਼ਤ ਕਰੇਗਾ। ਉੱਘੇ ਪੰਜਾਬੀ ਸਾਹਿਤਕਾਰ ਰਾਮ ਸਰੂਪ ਅਣਖੀ ਅਤੇ ਦਲੀਪ ਕੌਰ ਟਿਵਾਣਾ ਨੂੰ ਪਹਿਲਾਂ ਵੀ ਇਹੀ ਫੈਲੋਸ਼ਿਪ ਮਿਲੀ ਸੀ ਅਤੇ ਇਸ ਦੇ ਤਹਿਤ ਖੋਜ ਪ੍ਰੋਜੈਕਟ ਚਲਾਏ ਸਨ। ਸਾਹਿਤਕ ਅਤੇ ਸੱਭਿਆਚਾਰਕ ਹਲਕਿਆਂ ਨੇ ਇਸ ਐਲਾਨ ਦਾ ਸਵਾਗਤ ਕਰਦੇ ਹੋਏ ਇਸ ਨੂੰ ਪੰਜਾਬੀ ਭਾਸ਼ਾ, ਸਾਹਿਤ ਅਤੇ ਲੋਕ ਵਿਰਾਸਤ ਲਈ ਮਾਣ ਵਾਲੀ ਗੱਲ ਕਿਹਾ ਹੈ। ਅਦਾਲਤ ਦੇ ਅਰਦਲੀ ਵਜੋਂ ਉਨ੍ਹਾਂ ਦੇ ਸਾਲ ਉਨ੍ਹਾਂ ਦੀ ਸਵੈ-ਜੀਵਨੀ ਰਚਨਾ 'ਮੈਂ ਸਾਂ ਜੱਜ ਦਾ ਅਰਦਲੀ' ਦਾ ਆਧਾਰ ਬਣ ਗਏ। ਇਹ ਕਿਤਾਬ ਹਿੰਦੀ, ਤੇਲਗੂ, ਕੰਨੜ, ਮਲਿਆਲਮ, ਉਰਦੂ, ਮੈਥਿਲੀ, ਸਿੰਧੀ ਅਤੇ ਭੋਜਪੁਰੀ ਸਮੇਤ ਕਈ ਭਾਸ਼ਾਵਾਂ ਵਿੱਚ ਅਨੁਵਾਦ ਕੀਤੀ ਗਈ ਹੈ ਅਤੇ ਇਸ ਨੂੰ ਜੰਮੂ, ਕੁਰੂਕਸ਼ੇਤਰ ਅਤੇ ਪੰਜਾਬੀ ਯੂਨੀਵਰਸਿਟੀ ਵਰਗੀਆਂ ਯੂਨੀਵਰਸਿਟੀਆਂ ਦੇ ਸਿਲੇਬਸ ਵਿੱਚ ਸ਼ਾਮਲ ਕੀਤਾ ਗਿਆ ਹੈ। ਉਸ ਨੂੰ 2020 ਲਈ ਪੰਜਾਬ ਸਰਕਾਰ ਦਾ ਸ਼੍ਰੋਮਣੀ ਪੰਜਾਬੀ ਸਾਹਿਤਕਾਰ ਪੁਰਸਕਾਰ ਦਿੱਤਾ ਗਿਆ ਸੀ ਅਤੇ ਉਹ ਸਾਹਿਤ ਅਕਾਦਮੀ ਦੇ ਜੇਤੂ ਵੀ ਹਨ। ਉਸ ਦੀਆਂ ਰਚਨਾਵਾਂ ਵਿੱਚ ਲਾਲ ਚੰਦ ਯਮਲਾ ਜੱਟ ਅਤੇ ਸੁਰਿੰਦਰ ਕੌਰ ਵਰਗੇ ਪੰਜਾਬੀ ਲੋਕ ਗਾਇਕਾਂ ਦੀਆਂ ਜੀਵਨੀਆਂ ਸ਼ਾਮਲ ਹਨ ।



# 'ਪੰਜਾਬੀ ਭਾਈਚਾਰੇ ਖ਼ਿਲਾਫ਼' ਟਿੱਪਣੀ ਨੂੰ ਲੈ ਕੇ 'ਆਪ' ਵੱਲੋਂ ਚੰਡੀਗੜ੍ਹ 'ਚ ਜ਼ੋਰਦਾਰ ਪ੍ਰਦਰਸ਼ਨ

**ਚੰਡੀਗੜ੍ਹ :** ਆਮ ਆਦਮੀ ਪਾਰਟੀ (ਆਪ) ਚੰਡੀਗੜ੍ਹ ਦੇ ਆਗੂਆਂ ਅਤੇ ਵਰਕਰਾਂ ਵੱਲੋਂ ਸ਼ੁੱਕਰਵਾਰ ਨੂੰ ਚੰਡੀਗੜ੍ਹ ਭਾਜਪਾ ਦੇ ਪ੍ਰਧਾਨ ਜਤਿੰਦਰ ਪਾਲ ਮਲਹੋਤਰਾ ਖ਼ਿਲਾਫ਼ ਇੱਕ ਖੇਡ ਸਮਾਗਮ ਦੌਰਾਨ ਪੰਜਾਬੀ ਭਾਈਚਾਰੇ ਬਾਰੇ ਕੀਤੀ ਇਤਰਾਜ਼ਯੋਗ ਟਿੱਪਣੀ ਨੂੰ ਲੈ ਕੇ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ। ਚੰਡੀਗੜ੍ਹ 'ਆਪ' ਦੇ ਪ੍ਰਧਾਨ ਵਿਜੇ ਪਾਲ ਸਿੰਘ ਅਤੇ ਪਾਰਟੀ ਕੌਂਸਲਰਾਂ ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਵਰਕਰਾਂ ਨੇ ਚੰਡੀਗੜ੍ਹ ਦੇ ਸੈਕਟਰ 34 ਵਿਖੇ ਭਾਜਪਾ ਖ਼ਿਲਾਫ਼ ਮੋਰਚਾ ਖੋਲ੍ਹਿਆ। ਇਸ ਦੌਰਾਨ ਜਦੋਂ ਵਰਕਰਾਂ ਨੇ ਭਾਜਪਾ ਦਫ਼ਤਰ ਵੱਲ ਵਧਣ ਦੀ ਕੋਸ਼ਿਸ਼ ਕੀਤੀ, ਤਾਂ ਮੌਕੇ 'ਤੇ ਮੌਜੂਦ ਪੁਲਸ ਨੇ ਬੈਰੀਕੇਡ ਲਗਾ ਕੇ ਉਨ੍ਹਾਂ ਨੂੰ ਰਸਤੇ ਵਿੱਚ ਹੀ ਰੋਕ ਲਿਆ। ਪ੍ਰਦਰਸ਼ਨਕਾਰੀਆਂ ਨੂੰ ਸੰਬੋਧਨ ਕਰਦਿਆਂ ਵਿਜੇ ਪਾਲ ਸਿੰਘ ਨੇ ਆਖਿਆ ਕਿ ਆਮ ਆਦਮੀ ਪਾਰਟੀ ਭਾਜਪਾ ਪ੍ਰਧਾਨ ਮਲਹੋਤਰਾ ਵੱਲੋਂ ਪੰਜਾਬੀਆਂ ਖਿਲਾਫ਼ ਵਰਤੀ ਗਈ ਭਾਸ਼ਾ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦੀ ਹੈ। ਉਨ੍ਹਾਂ ਮੰਗ ਕੀਤੀ ਕਿ ਮਲਹੋਤਰਾ ਨੂੰ ਤੁਰੰਤ ਅਹੁਦੇ ਤੋਂ ਅਸਤੀਫ਼ਾ ਦੇਣਾ ਚਾਹੀਦਾ ਹੈ, ਕਿਉਂਕਿ ਚੰਡੀਗੜ੍ਹ ਅਤੇ ਪੰਜਾਬ ਦੇ ਲੋਕ ਅਜਿਹੇ ਅਪਮਾਨਜਨਕ ਬਿਆਨਾਂ ਨੂੰ ਕਦੇ ਬਰਦਾਸ਼ਤ ਨਹੀਂ ਕਰਨਗੇ। ਉਨ੍ਹਾਂ ਅੱਗੇ ਆਖਿਆ ਕਿ ਦੇਸ਼ ਦੀ ਸੁਰੱਖਿਆ, ਖੇਤੀਬਾੜੀ, ਉਦਯੋਗ ਅਤੇ ਰਾਸ਼ਟਰ ਨਿਰਮਾਣ ਵਿੱਚ ਪੰਜਾਬੀਆਂ ਦੇ ਯੋਗਦਾਨ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ। ਅਜਿਹੇ ਮਾਣਮੱਤੇ ਅਤੇ ਦੇਸ਼ ਭਗਤ ਭਾਈਚਾਰੇ ਦਾ ਅਪਮਾਨ ਕਿਸੇ ਵੀ ਕੀਮਤ 'ਤੇ ਪ੍ਰਵਾਨ ਨਹੀਂ ਹੈ। ਇਸ ਰੋਸ ਪ੍ਰਦਰਸ਼ਨ ਦੌਰਾਨ • ਬਾਕੀ ਸਫਾ 2 'ਤੇ

## ਅੱਜ-ਨਾਮਾ

ਲੀਚੀ ਪੰਜਾਬ ਦੀ ਸੁਣੀ ਕਿ ਬਾਹਰ ਜਾਊ,
ਮੰਗਦਾ ਯੂਰਪ ਦਾ ਕਹਿਣ ਬਾਜ਼ਾਰ ਬੇਲੀ।
ਪਠਾਨਕੋਟ ਦੇ ਖੇਤਰ ਦੀ ਫਸਲ ਹੈ ਇਹ,
ਹਾਲੇ ਤੱਕ ਰੱਖੀ ਸੀ ਨਿੱਤ ਵਿਸਾਰ ਬੇਲੀ।
ਪਾਰਖੂ ਅੱਖਾਂ ਦੀ ਹੋਈ ਨਾ ਨਜ਼ਰ ਏਧਰ,
ਹੋਇਆ ਠੀਕ ਨਹੀਂ ਕਦੀ ਵਿਹਾਰ ਬੇਲੀ।
ਲੱਗੇ ਸੁਣੀਂਦੇ ਇਹਦੇ ਕੁਝ ਭਾਗ ਜਾਗਣ,
ਵਿਦੇਸ਼ਾਂ ਦੇ ਤੀਕ ਵੀ ਹੋਊ ਵਪਾਰ ਬੇਲੀ।
ਆਈ ਲੀਚੀ ਦੀ ਜਿੱਦਾਂ ਈ ਯਾਦ ਆਖਰ,
ਚੀਜ਼ਾਂ ਹੋਰ ਵੀ ਅਜੇ ਕੁਝ ਰਹਿੰਦੀਆਂ ਨੇ।
ਹਨ ਅਣਗੌਲੀਆਂ, ਕਦਰ ਨਾ ਪਈ ਹਾਲੇ,
ਸੱਟਾਂ ਸਿਰ ਉੱਤੇ ਪਈਆਂ ਸਹਿੰਦੀਆਂ ਨੇ।

-ਤੀਸ ਮਾਰ ਖਾਂ

# ਐਡਵੋਕੇਟ ਰਜਿੰਦਰ ਮੰਡ ਦਾ ਗ਼ਮਗੀਨ ਮਾਹੌਲ 'ਚ ਅੰਤਮ ਸੰਸਕਾਰ, ਹਰ ਅੱਖ ਨਮ ਹੋਈ

## ਸ਼ਰਧਾਂਜਲੀ ਸਮਾਗਮ 24 ਜੂਨ ਬੁੱਧਵਾਰ ਨੂੰ ਹੋਵੇਗਾ

**ਜਲੰਧਰ (ਗਿਆਨ ਸੈਦਪੁਰੀ)**

ਨਵਾਂ ਜ਼ਮਾਨਾ ਦੀ ਸੰਚਾਲਕ ਸੰਸਥਾ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਟਰੱਸਟੀ ਅਤੇ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਦੇ ਮੈਂਬਰ ਐਡਵੋਕੇਟ ਰਜਿੰਦਰ ਸਿੰਘ ਮੰਡ ਦੀ ਆਖ਼ਰੀ ਯਾਤਰਾ ਵਿੱਚ ਵੱਖ-ਵੱਖ ਖੇਤਰਾਂ ਨਾਲ ਸੰਬੰਧਤ ਸੈਂਕੜੇ ਲੋਕ ਸ਼ਾਮਲ ਹੋਏ। ਅੰਤਮ ਵਿਦਾਇਗੀ ਦੌਰਾਨ ਕੋਈ ਅਜਿਹੀ ਅੱਖ ਨਹੀਂ ਸੀ, ਜਿਸ ਵਿੱਚੋਂ ਅੱਥਰੂ ਛਲਕੇ ਨਾ ਹੋਣ। ਆਖ਼ਰੀ ਮੰਜ਼ਲ ਵੱਲ ਤੁਰਨ ਤੋਂ ਪਹਿਲਾਂ ਰਜਿੰਦਰ ਮੰਡ ਦੀ ਮ੍ਰਿਤਕ ਦੇਹ 'ਤੇ ਭਾਰਤੀ ਕਮਿਊਨਿਸਟ ਪਾਰਟੀ ਦੀ ਸੂਬਾ ਲੀਡਰਸ਼ਿਪ, ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਅਤੇ ਹੋਰ ਜਥੇਬੰਦੀਆਂ ਨੇ ਆਪੋ-ਆਪਣੇ ਝੰਡੇ ਪਾਏ। ਸਭ ਨੇ ਸਾਥੀ ਰਜਿੰਦਰ ਮੰਡ ਅਮਰ ਰਹੇ ਅਤੇ ਇਨਕਲਾਬ ਜ਼ਿੰਦਾਬਾਦ ਦੇ ਨਾਅਰਿਆਂ ਨਾਲ ਉਨ੍ਹਾਂ ਨੂੰ ਸੰਗਰਾਮੀ ਸ਼ਰਧਾਂਜਲੀ ਭੇਟ ਕੀਤੀ। ਇਸ ਦੌਰਾਨ ਸਾਥੀ ਰਜਿੰਦਰ ਮੰਡ ਦੀ ਵਿਧਵਾ ਬੀਬੀ ਹਰਦੀਪ ਕੌਰ ਮੰਡ ਤਾਂ ਆਪਣੀਆਂ ਸਿਸਕੀਆਂ, ਹੌਕਿਆਂ ਨੂੰ ਰੋਕਣ ਦੀ ਕੋਸ਼ਿਸ਼ ਕਰਦਿਆਂ ਆਪਣੇ ਬੱਚਿਆਂ ਅਤੇ ਸੱਸ ਮਾਂ ਨੂੰ ਸੰਭਾਲਦੇ ਰਹੇ, ਪਰ ਬੇਟੀ ਮਨਪ੍ਰੀਤ ਮੰਡ ਤੇ ਮਾਤਾ ਮਹਿੰਦਰ ਕੌਰ ਦਾ ਵਿਰਲਾਪ ਸਭ ਦੇ ਅੰਦਰੇ ਨੂੰ ਦਰਦਾਂ ਨਾਲ ਝੰਜੋੜਦਾ ਰਿਹਾ।

ਐਡਵੋਕੇਟ ਰਜਿੰਦਰ ਮੰਡ ਨੂੰ ਸੰਗਰਾਮੀ ਸ਼ਰਧਾਂਜਲੀ ਦਿੰਦਿਆਂ ਸੀ ਪੀ ਆਈ ਦੀ ਨੈਸ਼ਨਲ ਕੌਂਸਲ ਦੇ ਮੈਂਬਰ ਤੇ ਸਾਬਕਾ ਸੂਬਾ ਸਕੱਤਰ ਕਾਮਰੇਡ ਬੰਤ ਸਿੰਘ ਬਰਾੜ, ਬਨੇਗਾ ਪ੍ਰਾਪਤੀ ਮੁਹਿੰਮ ਦੇ ਮੁੱਖ ਸਲਾਹਕਾਰ ਤੇ ਸਾਬਕਾ ਸੂਬਾ ਸਕੱਤਰ ਕਾਮਰੇਡ ਜਗਰੂਪ, ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਪ੍ਰਧਾਨ ਰਛਪਾਲ ਸਿੰਘ ਬੜਾ ਪਿੰਡ, ਨਵਾਂ ਜ਼ਮਾਨਾ ਦੇ ਸੰਪਾਦਕ ਚੰਦ ਫਤਿਹਪੁਰੀ, ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਸੀ ਪੀ ਆਈ ਜ਼ਿਲ੍ਹਾ ਮੋਗਾ ਦੇ ਸਕੱਤਰ ਕੁਲਦੀਪ ਭੋਲਾ, ਸੀ ਪੀ ਆਈ ਜ਼ਿਲ੍ਹਾ ਜਲੰਧਰ ਦੇ ਸਕੱਤਰ ਰਛਪਾਲ ਕੈਲੇ, ਸੀ ਪੀ ਆਈ ਜ਼ਿਲ੍ਹਾ ਤਰਨ ਤਾਰਨ ਦੇ ਸਕੱਤਰ ਦਵਿੰਦਰ ਸੋਹਲ, ਇਸਤਰੀ ਆਗੂ ਰੁਪਿੰਦਰ ਕੌਰ ਮਾੜੀਮੇਘਾ ਤੇ ਸੰਤੋਸ਼ ਬਰਾੜ ਨੇ ਮ੍ਰਿਤਕ ਦੇਹ 'ਤੇ ਸੂਹਾ ਝੰਡਾ ਪਾਇਆ। ਇਸੇ ਤਰ੍ਹਾਂ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਦੇ ਜਨਰਲ ਸਕੱਤਰ ਗੁਰਮੀਤ, ਪ੍ਰਧਾਨ ਕੁਲਵੰਤ ਸਿੰਘ ਸੰਧੂ, ਟਰੱਸਟੀ ਮੰਗਤ ਰਾਮ ਪਾਸਲਾ ਤੇ ਰਣਜੀਤ ਸਿੰਘ ਔਲਖ, ਕੇਸਰ ਨੇ ਮੰਡ ਹੁਰਾਂ ਦੀ ਮ੍ਰਿਤਕ ਦੇਹ 'ਤੇ ਗ਼ਦਰ ਪਾਰਟੀ ਦਾ ਝੰਡਾ ਪਾਇਆ। ਇਸ ਮੌਕੇ ਰਜਿੰਦਰ ਮੰਡ ਦੇ ਛੋਟੇ ਭਰਾ ਰਮਨਦੀਪ ਮੰਡ ਤੇ ਦਾਮਾਦ ਕੁੰਵਰਵੀਰ ਸਿੰਘ ਵੀ ਮੌਜੂਦ ਸਨ।

ਰਜਿੰਦਰ ਮੰਡ ਦੀ ਅੰਤਮ ਯਾਤਰਾ ਵਿੱਚ ਹੋਰਨਾਂ ਤੋਂ ਇਲਾਵਾ ਸੁਕੀਰਤ ਆਨੰਦ, ਡਾ. ਜਸ ਮੰਡ, ਸੇਵਾ-ਮੁਕਤ ਐੱਸ ਐੱਸ ਪੀ ਤੇ ਕਾਂਗਰਸ ਪਾਰਟੀ ਹਲਕਾ ਕਰਤਾਰਪੁਰ ਦੇ ਇੰਚਾਰਜ ਰਜਿੰਦਰ ਸਿੰਘ, ਉੱਘੇ ਲੇਖਕ ਬਲਬੀਰ ਪਰਵਾਨਾ, ਮੱਖਣ ਮਾਨ, ਸਵਰਨ ਸਿੰਘ ਟਹਿਣਾ, ਬਲਜੀਤ ਕੌਰ ਬੱਲ, ਬੈਂਕ ਮੁਲਾਜ਼ਮਾਂ ਦੇ ਆਗੂ ਬੀਰ ਰਹੀਮਪੁਰੀ, ਰੋਡਵੇਜ਼ ਤੇ ਪੈਨਸ਼ਨਰ ਆਗੂ ਜਗਦੀਸ਼ ਸਿੰਘ ਚਾਹਲ ਤੇ ਜਗਤਾਰ ਸਿੰਘ ਭੁੰਗਰਨੀ ਨੌਜਵਾਨ ਆਗੂ ਵਿੱਕੀ ਮਹੇਸ਼ਰੀ, ਸੀਨੀਅਰ ਆਗੂ ਮਨਜੀਤ ਸਿੰਘ ਬਾਸਰਕੇ, ਪੰਜਾਬ ਪ੍ਰੈੱਸ ਕਲੱਬ ਜਲੰਧਰ ਦੇ ਸੀਨੀਅਰ ਵਾਈਸ ਪ੍ਰਧਾਨ ਰਾਜੇਸ਼ ਥਾਪਾ, ਨੌਜਵਾਨ ਆਗੂ ਸੰਦੀਪ ਦੌਲੀਕੇ, ਸੀ ਪੀ ਆਈ ਦੇ ਜ਼ਿਲ੍ਹਾ ਆਗੂ ਪਰਮਜੀਤ ਸਮਰਾਏ, ਮਹਿੰਦਰ ਸਿੰਘ ਘੋੜਾਬਾਹੀ, ਸੰਤੋਖ ਸਿੰਘ, ਰਘਬੀਰ ਸਿੰਘ ਘੋੜਾਬਾਹੀ, ਪੱਤਰਕਾਰ ਜਤਿੰਦਰ ਪੰਮੀ, ਸੱਤਪਾਲ ਡੀ • ਬਾਕੀ ਸਫਾ 2 'ਤੇ







## ਬੈਂਕ ਕਾਲੋਨੀ ਵਾਸੀਆਂ ਵੱਲੋਂ ਨਗਰ ਕੌਂਸਲ ਪ੍ਰਧਾਨ ਦਾ ਧੰਨਵਾਦ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਮਾਛੀਵਾੜਾ-ਸਮਰਾਲਾ ਰੋਡ 'ਤੇ ਸਥਿਤ ਬੈਂਕ ਕਾਲੋਨੀ ਵਾਸੀਆਂ ਵੱਲੋਂ ਇੱਕ ਵਿਸ਼ੇਸ਼ ਇਕੱਤਰਤਾ ਕੀਤੀ ਗਈ। ਡਾ. ਜਸਬੀਰ ਸਿੰਘ ਰਾਣਾ ਨੇ ਦੱਸਿਆ ਕਿ ਇਸ ਇਕੱਤਰਤਾ 'ਚ ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਪ੍ਰਗਟਾਇਆ ਗਿਆ। ਉਨ੍ਹਾਂ ਦੱਸਿਆ ਕਿ ਕਾਲੋਨੀ ਵਾਸੀਆਂ ਨੇ ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ ਵੱਲੋਂ ਗਲੀਆਂ 'ਚ ਸਪੀਡ ਬ੍ਰੇਕਰ ਬਣਾਉਣ, ਬਜ਼ੁਰਗਾਂ ਤੇ ਬੀਬੀਆਂ ਦੇ ਬੈਠਣ ਲਈ ਬੈਂਚ ਤੇ ਨਵੀਆਂ ਸਟਰੀਟ ਲਾਈਟਾਂ ਲਗਾਉਣ ਦੀਆਂ ਮੰਗਾਂ ਰੱਖੀਆਂ ਤਾਂ ਉਨ੍ਹਾਂ ਮੌਕੇ 'ਤੇ ਸਪੀਡ ਬ੍ਰੇਕਰ ਤੇ ਬੈਠਣ ਲਈ ਬੈਂਚ ਮੁਹੱਈਆ ਕਰਵਾ ਦਿੱਤੇ ਅਤੇ ਨਵੀਆਂ ਸਟ੍ਰੀਟ ਲਾਈਟਾਂ ਜਲਦ ਲਗਾਉਣ ਲਈ ਆਖਿਆ। ਇਸ ਮੌਕੇ ਸੂਬੇਦਾਰ ਗੁਰਚਰਨ ਸਿੰਘ, ਜਨਕ ਰਾਜ, ਅਮਰਦੀਪ ਸਿੰਘ, ਮਨਦੀਪ ਸਿੰਘ, ਪਰਵਿੰਦਰ ਸਿੰਘ, ਬਲਜਿੰਦਰ ਸਿੰਘ ਬਬਲੂ ਤੇ ਬੀਬੀਆਂ ਹਾਜ਼ਰ ਸਨ।

## ਸ਼ਹੀਦੀ ਦਿਵਸ 'ਤੇ ਅਲਾਇੰਸ ਕਲੱਬ ਵੱਲੋਂ ਠੰਢੇ-ਮਿੱਠੇ ਪਾਣੀ ਦੀ ਛਬੀਲ



**ਫਰੀਦਕੋਟ (ਅਲੈਗਜ਼ੈਂਡਰ ਡਿਸੂਜ਼ਾ)**-ਸ਼ਾਂਤੀ ਤੇ ਸਹਿਣਸ਼ੀਲਤਾ ਦੇ ਮਹਾਨ ਪ੍ਰਤੀਕ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ, ਪੰਜਵੇਂ ਗੁਰੂ ਦੀ ਬੇਮਿਸਾਲ ਸ਼ਹਾਦਤ ਨੂੰ ਸਮਰਪਤ ਫਰੀਦਕੋਟ ਦੇ ਅਲਾਇੰਸ ਕਲੱਬ ਨੇ ਹੁੱਕੀ ਚੌਕ ਵਿਖੇ ਬਾਬਾ ਚਿੱਟਾ ਜਵਾਲਾ ਦੇ ਅਸਥਾਨ 'ਤੇ ਠੰਢੇ ਤੇ ਮਿੱਠੇ ਪਾਣੀ ਦਾ ਘੜਾ (ਛਬੀਲ) ਲਗਾਇਆ।ਇਸ ਸਮਾਗਮ ਦੌਰਾਨ ਕਲੱਬ ਮੈਂਬਰਾਂ ਨੇ ਰਾਹਗੀਰਾਂ ਤੇ ਸ਼ਰਧਾਲੂਆਂ ਦੀ ਨਿਰਸਵਾਰਥ ਸੇਵਾ ਕੀਤੀ।ਇਸ ਸ਼ੁਭ ਮੌਕੇ ਦਰਗਾਹ ਦੇ ਪ੍ਰਧਾਨ ਤੇ ਪ੍ਰਸਿੱਧ ਸਮਾਜ ਸੇਵਕ, ਐਡਵੋਕੇਟ ਜਤਿੰਦਰ ਮੜ੍ਹਿਆ ਨੇ ਸ਼ਰਧਾਲੂਆਂ ਨੂੰ ਸੰਬੋਧਨ ਕੀਤਾ।ਉਨ੍ਹਾਂ ਕਿਹਾ ਕਿ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਧਰਮ, ਸੱਚ ਤੇ ਮਨੁੱਖਤਾ ਦੇ ਹੱਕਾਂ ਦੀ ਰੱਖਿਆ ਲਈ ਦੁਨੀਆ ਦੇ ਇਤਿਹਾਸ ਵਿੱਚ ਸਭ ਤੋਂ ਵੱਡੀ ਕੁਰਬਾਨੀ ਹੈ। ਅਲਾਇੰਸ ਕਲੱਬ ਦੇ ਪ੍ਰਧਾਨ ਬਲਦੇਵ ਤੇਹਰੀਆ ਨੇ ਕਿਹਾ ਕਿ ਗੁਰੂਆਂ ਦੁਆਰਾ ਦਿੱਤੀ ਗਈ ਸੇਵਾ, ਨਿਮਰਤਾ ਤੇ ਦਾਨ ਦੀ ਵਿਰਾਸਤ ਨੂੰ ਅੱਗੇ ਵਧਾਉਣਾ ਹਰ ਮਨੁੱਖ ਦਾ ਪਰਮ ਫਰਜ਼ ਹੈ।ਜ਼ਿਲ੍ਹਾ ਪ੍ਰੈੱਸ ਸਕੱਤਰ ਜਤਿੰਦਰ ਕੁਮਾਰ ਹੰਸ ਤੇ ਜ਼ਿਲ੍ਹਾ ਜਨਰਲ ਸਕੱਤਰ ਸੁਰਿੰਦਰ ਚਾਵਲਾ ਨੇ ਕਿਹਾ ਕਿ ਗੁਰੂ ਸਾਹਿਬ ਦੀ ਬੇਮਿਸਾਲ ਕੁਰਬਾਨੀ ਸਾਨੂੰ ਹਮੇਸ਼ਾ ਸਰਬੱਤ ਦੇ ਭਲੇ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕਰੇਗੀ।ਇਸ ਸੇਵਾ ਦੌਰਾਨ ਦਰਗਾਹ ਪ੍ਰਬੰਧਕ ਕਮੇਟੀ, ਅਲਾਇੰਸ ਕਲੱਬ ਫਰੀਦਕੋਟ ਤੇ ਵੱਖ-ਵੱਖ ਸਮਾਜਿਕ ਸੰਗਠਨਾਂ ਦੇ ਅਧਿਕਾਰੀ ਤੇ ਮੈਂਬਰ ਵੱਡੀ ਗਿਣਤੀ ਵਿੱਚ ਮੌਜੂਦ ਸਨ।ਸਮਾਰੋਹ ਦੇ ਅੰਤ ਵਿੱਚ, ਸਾਰੇ ਧਰਮਾਂ ਦੀ ਭਲਾਈ, ਪੰਜਾਬ ਦੀ ਤਰੱਕੀ ਤੇ ਕੌਮ ਦੀ ਖੁਸ਼ਹਾਲੀ ਅਤੇ ਸ਼ਾਂਤੀ ਲਈ ਅਰਦਾਸ ਕੀਤੀ ਗਈ।

## ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਸੱਚ ਤੇ ਨਿਆਂ ਦੀ ਲੜਾਈ ਲੜਦਾ ਆਇਐ : ਢਿੱਲੋਂ

### ਮਜੀਠੀਆ ਦੀ ਜ਼ਮਾਨਤ ਨੂੰ ਦੱਸਿਆ ਸਚਾਈ ਦੀ ਜਿੱਤ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਤੇ ਵਫਾਦਾਰ ਆਗੂ ਗੁਰਦਿੱਤ ਸਿੰਘ ਢਿੱਲੋਂ (ਐੱਸ.ਓ.ਆਈ. ਪ੍ਰਧਾਨ) ਵੱਲੋਂ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਨੂੰ ਜ਼ਮਾਨਤ ਮਿਲਣ 'ਤੇ ਖੁਸ਼ੀ ਪ੍ਰਗਟ ਕੀਤੀ ਗਈ ਹੈ।ਉਨ੍ਹਾਂ ਮਜੀਠੀਆ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਫੈਸਲਾ ਸੱਚਾਈ ਦੀ ਜਿੱਤ ਦਾ ਪ੍ਰਤੀਕ ਹੈ।ਗੁਰਦਿੱਤ ਸਿੰਘ ਢਿੱਲੋਂ ਨੇ ਗੱਲਬਾਤ ਕਰਦਿਆਂ ਕਿਹਾ ਕਿ ਮਾਣਯੋਗ ਅਦਾਲਤ ਵੱਲੋਂ ਦਿੱਤਾ ਗਿਆ ਇਹ ਫੈਸਲਾ ਦੁੱਧ ਦਾ ਦੁੱਧ ਤੇ ਪਾਣੀ ਦਾ ਪਾਣੀ ਕਰ ਗਿਆ ਹੈ।ਉਨ੍ਹਾਂ ਦੱਸਿਆ ਕਿ ਸਾਬਕਾ ਮੰਤਰੀ ਨੂੰ ਮਿਲੀ ਜ਼ਮਾਨਤ ਨਾਲ ਇਹ ਸਾਬਿਤ ਹੋ ਗਿਆ ਹੈ ਕਿ ਉਨ੍ਹਾਂ ਖ਼ਿਲਾਫ਼ ਲਗਾਏ ਗਏ ਦੋਸ਼ ਬੇਬੁਨਿਆਦ ਸਨ ਤੇ ਸੱਚਾਈ ਆਖ਼ਰਕਾਰ ਸਾਹਮਣੇ ਆ ਹੀ ਗਈ।ਉਨ੍ਹਾਂ ਕਿਹਾ ਕਿ ਸਾਬਕਾ ਮੰਤਰੀ ਮਜੀਠੀਆ ਦੀ ਲੋਕਪ੍ਰਿਅਤਾ ਤੇ ਸੂਬੇ ਅੰਦਰ ਉਨ੍ਹਾਂ ਦੀ ਵਧਦੀ ਪਹੁੰਚ ਨੇ ਵਿਰੋਧੀਆਂ ਦੇ ਦਿਲਾਂ ਵਿੱਚ ਡਰ ਪੈਦਾ ਕਰ ਦਿੱਤਾ ਹੈ।ਇਸੇ ਕਾਰਨ ਉਨ੍ਹਾਂ ਨੂੰ ਝੂਠੇ ਮਾਮਲਿਆਂ ਵਿੱਚ ਫਸਾ ਕੇ ਰਾਜਨੀਤਕ ਤੌਰ 'ਤੇ ਨੁਕਸਾਨ ਪਹੁੰਚਾਉਣ ਦੀ ਕੋਸ਼ਿਸ਼ ਕੀਤੀ ਗਈ, ਪਰ ਅਦਾਲਤ ਦੇ ਫੈਸਲੇ ਨਾਲ ਸਾਰੇ ਸ਼ੱਕ ਦੂਰ ਹੋ ਗਏ ਹਨ।ਢਿੱਲੋਂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਮੇਸ਼ਾ ਸੱਚ ਤੇ ਨਿਆਂ ਦੀ ਲੜਾਈ ਲੜਦਾ ਆਇਆ ਹੈ ਅਤੇ ਅੱਗੇ ਵੀ ਲੜਦਾ ਰਹੇਗਾ।ਉਨ੍ਹਾਂ ਦਾਅਵਾ ਕੀਤਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਪਾਰਟੀ ਮਜ਼ਬੂਤੀ ਨਾਲ ਮੈਦਾਨ ਵਿੱਚ ਉਤਰੇਗੀ ਤੇ ਲੋਕਾਂ ਦਾ ਵੱਡਾ ਸਮਰਥਨ ਹਾਸਲ ਕਰੇਗੀ।ਉਨ੍ਹਾਂ ਆਖਿਆ ਕਿ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਵੱਡੀ ਜਿੱਤ ਦਰਜ ਕਰੇਗਾ ਤੇ ਸੂਬੇ ਵਿੱਚ ਦੁਬਾਰਾ ਆਪਣੀ ਸਰਕਾਰ ਬਣਾਏਗਾ।ਉਨ੍ਹਾਂ ਕਿਹਾ ਕਿ ਪਾਰਟੀ ਦੇ ਆਗੂ ਤੇ ਵਰਕਰ ਇਕਜੁੱਟ ਹੋ ਕੇ ਕੰਮ ਕਰ ਰਹੇ ਹਨ ਅਤੇ ਲੋਕਾਂ ਦੀ ਸੇਵਾ ਲਈ ਹਮੇਸ਼ਾ ਤਤਪਰ ਹਨ। ਇਸ ਮੌਕੇ ਹੋਰ ਪਾਰਟੀ ਵਰਕਰਾਂ ਵੱਲੋਂ ਵੀ ਖੁਸ਼ੀ ਦਾ ਇਜ਼ਹਾਰ ਕੀਤਾ ਗਿਆ ਤੇ ਮਿਠਾਈਆਂ ਵੰਡ ਕੇ ਇਸ ਫੈਸਲੇ ਦਾ ਸਵਾਗਤ ਕੀਤਾ ਗਿਆ।

## ਯੂਰੀਆ ਖਾਦ ਡਾਇਵਰਜਨ ਦੇ ਸ਼ੱਕ ਹੇਠ ਚੈਕਿੰਗ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਖੇਤੀਬਾੜੀ ਮੰਤਰੀ ਪੰਜਾਬ ਤੇ ਡਾਇਰੈਕਟਰ ਖੇਤੀਬਾੜੀ ਪੰਜਾਬ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਡਾ. ਗੁਰਨਾਮ ਸਿੰਘ, ਜੇ.ਡੀ.ਏ. ਇਨਪੁਟ ਅਤੇ ਡਾ. ਗੁਰਜੀਸ਼ ਭਾਰਗਵ, ਚੀਫ ਫਰਟੀਲਾਈਜ਼ਰ ਇੰਸਪੈਕਟਰ ਦੀ ਅਗਵਾਈ ਹੇਠ ਗਿੱਦੜਬਾਹਾ ਮੰਡੀ ਵਿੱਚ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ ਗਈ।ਇਸ ਦੌਰਾਨ ਇੰਡੋ ਔਰਗੈਨਿਕ ਅਤੇ ਇੰਡੋਵੈਟ ਫਰਮਾ ਕੰਪਨੀਆਂ ਨਾਲ ਸੰਬੰਧਤ ਯੂਰੀਆ ਖਾਦ ਦੇ ਸੰਭਾਵਤ ਡਾਇਵਰਜਨ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਗਈ।ਇਸ ਤੋਂ ਇਲਾਵਾ ਮਾਰਕਫੈਡ ਦੀ ਫੀਡ ਫੈਕਟਰੀ ਗਿੱਦੜਬਾਹਾ ਦਾ ਵੀ ਦੌਰਾ ਕੀਤਾ ਗਿਆ।ਜਾਣਕਾਰੀ ਅਨੁਸਾਰ ਮਾਰਕਫੈਡ ਨੂੰ ਵੱਖ-ਵੱਖ ਪ੍ਰਾਈਵੇਟ ਅਦਾਰਿਆਂ ਵੱਲੋਂ ਇੰਡਸਟਰੀਅਲ ਯੂਰੀਆ ਮੁਹੱਈਆ ਕਰਾਈ ਜਾਂਦੀ ਹੈ।ਫੀਡ ਤਿਆਰ ਕਰਨ ਲਈ ਵਰਤੀ ਜਾ ਰਹੀ ਯੂਰੀਆ 'ਚ ਕਿਤੇ ਖੇਤੀਬਾੜੀ ਲਈ ਸਬਸਿਡੀ ਉੱਪਰ ਦਿੱਤੀ ਜਾ ਰਹੀ ਯੂਰੀਆ ਖਾਦ ਦੀ ਵਰਤੋਂ ਤਾਂ ਨਹੀਂ ਹੋ ਰਹੀ। ਇਸ ਗੰਭੀਰ ਸ਼ੱਕ ਦੇ ਆਧਾਰ 'ਤੇ ਮੌਕੇ 'ਤੇ ਮੌਜੂਦ ਇੰਡਸਟਰੀਅਲ ਯੂਰੀਆ ਖਾਦ ਦੇ ਸੈਂਪਲ ਭਰੇ ਗਏ ਤੇ ਯੂਰੀਆ ਖਾਦ ਨਾਲ ਸੰਬੰਧਤ ਰਿਕਾਰਡ ਆਪਣੇ ਕਬਜ਼ੇ ਵਿੱਚ ਲਿਆ ਗਿਆ ਹੈ।ਚੈਕਿੰਗ ਟੀਮ ਵਿੱਚ ਡਾ. ਜਸ਼ਨਦੀਪ ਸਿੰਘ (ਏ.ਡੀ.ਓ. ਇਨਫੋਰਸਮੈਂਟ), ਮੁੱਖ ਦਫ਼ਤਰ ਸ੍ਰੀ ਮੁਕਤਸਰ ਸਾਹਿਬ ਤੇ ਬਲਾਕ ਖੇਤੀਬਾੜੀ ਦਫ਼ਤਰ ਗਿੱਦੜਬਾਹਾ ਦੇ ਅਧਿਕਾਰੀ ਜਗਮੋਹਨ ਸਿੰਘ (ਏ.ਡੀ.ਓ), ਮਨਿੰਦਰਦੀਪ ਸਿੰਘ (ਏ.ਡੀ.ਓ.) ਅਤੇ ਅਰਸ਼ਦੀਪ ਸਿੰਘ (ਖੇਤੀਬਾੜੀ ਸਬ-ਇੰਸਪੈਕਟਰ) ਸ਼ਾਮਲ ਸਨ।ਟੀਮ ਵੱਲੋਂ ਜੇ.ਡੀ.ਏ. ਦੀ ਹਾਜ਼ਰੀ ਵਿੱਚ ਯੂਰੀਆ ਖਾਦ ਦੇ ਸੈਂਪਲ ਭਰਕੇ ਉੱਚ ਅਧਿਕਾਰੀਆਂ ਕੋਲ ਅਗਲੀ ਕਾਰਵਾਈ ਲਈ ਭੇਜ ਦਿੱਤੇ ਗਏ ਹਨ। ਇਸ ਕਾਰਵਾਈ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਖੇਤੀਬਾੜੀ ਲਈ ਸਬਸਿਡੀ 'ਤੇ ਦਿੱਤੀ ਜਾਣ ਵਾਲੀ ਯੂਰੀਆ ਖਾਦ ਦਾ ਕਿਸੇ ਵੀ ਤਰ੍ਹਾਂ ਦਾ ਗਲਤ ਇਸਤੇਮਾਲ ਜਾਂ ਡਾਇਵਰਜਨ ਨਾ ਹੋ ਰਿਹਾ ਹੋਵੇ ਅਤੇ ਸਰਕਾਰ ਅਤੇ ਕਿਸਾਨਾਂ ਦੇ ਹਿਤਾਂ ਦੀ ਪੂਰੀ ਤਰ੍ਹਾਂ ਰੱਖਿਆ ਕੀਤੀ ਜਾ ਸਕੇ।

## ਡਾ. ਅਰੋੜਾ ਵੱਲੋਂ ਵਾਰਡ ਨੰਬਰ 41 'ਚ ਲੋਕ ਮਿਲਣੀ ਸਮਾਗਮ



**ਮੋਗਾ (ਇਕਬਾਲ ਸਿੰਘ ਖਹਿਰਾ)**-ਆਮ ਆਦਮੀ ਪਾਰਟੀ ਦੀ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਦੀ ਅਗਵਾਈ ਹੇਠ ਵਾਰਡ ਨੰਬਰ 41 ਦੇ ਕੌਂਸਲਰ ਗੌਰਵ ਗਰਗ ਤੇ ਪਾਇਲ ਗਰਗ ਵੱਲੋਂ ਲੋਕ ਮਿਲਣੀ ਸਮਾਗਮ ਕੀਤਾ ਗਿਆ।ਇਸ ਦੌਰਾਨ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਇਲਾਕਾ ਵਾਸੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਪੰਜਾਬ ਸਰਕਾਰ ਵੱਲੋਂ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਤੇ ਲੋਕ ਭਲਾਈ ਯੋਜਨਾਵਾਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।ਇਸ ਮੌਕੇ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਦੇ ਸਰਵਪੱਖੀ ਵਿਕਾਸ ਤੇ ਲੋਕਾਂ ਦੀ ਭਲਾਈ ਲਈ ਨਿਰੰਤਰ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਕੇ ਉਨ੍ਹਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣਾ ਹੈ।ਸਮਾਗਮ ਦੌਰਾਨ ਇਲਾਕਾ ਵਾਸੀਆਂ ਨੇ ਵਿਧਾਇਕਾ ਦਾ ਨਿੱਘਾ ਸਵਾਗਤ ਕੀਤਾ ਤੇ ਸਰਕਾਰ ਦੀਆਂ ਲੋਕ-ਹਿਤੈਸ਼ੀ ਨੀਤੀਆਂ ਤੇ ਵਿਕਾਸ ਕਾਰਜਾਂ ਦੀ ਭਰਪੂਰ ਸ਼ਲਾਘਾ ਕੀਤੀ।ਲੋਕਾਂ ਵੱਲੋਂ ਮਿਲੇ ਪਿਆਰ, ਸਨਮਾਨ ਤੇ ਭਰੋਸੇ ਨੂੰ ਲੋਕਤੰਤਰ ਦੀ ਸਭ ਤੋਂ ਵੱਡੀ ਤਾਕਤ ਦੱਸਦਿਆਂ ਵਿਧਾਇਕਾ ਨੇ ਕਿਹਾ ਕਿ ਜਨਤਾ ਦਾ ਇਹ ਸਮਰਥਨ ਸਰਕਾਰ ਨੂੰ ਹੋਰ ਵੱਧ ਜ਼ਿੰਮੇਵਾਰੀ ਨਾਲ ਕੰਮ ਕਰਨ ਲਈ ਪ੍ਰੇਰਿਤ ਕਰਦਾ ਹੈ।ਇਸ ਮੌਕੇ ਵਿਜੈ ਸਿੰਗਲਾ, ਮੁਕੇਸ਼, ਵਰਿੰਦਰ ਕੌੜਾ, ਪ੍ਰਦੀਪ ਹਾਂਸ, ਸਹਿਗਲ ਸਾਹਿਬ, ਮੈਡਮ ਖਹਿਰਾ, ਕੁਲਵਿੰਦਰ ਚੱਕੀਆਂ ਤੇ ਜ਼ਿਲ੍ਹਾ ਸਕੱਤਰ ਪਿਆਰਾ ਸਿੰਘ ਬਡਨੀ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਯੂਰੀਆ ਦੀ ਘਾਟ ਤੇ ਖਾਦਾਂ ਦੀ ਜ਼ਬਰਦਸਤੀ ਵਿਕਰੀ ਖ਼ਿਲਾਫ਼ ਕਿਸਾਨਾਂ ਨੇ ਜਤਾਇਆ ਰੋਸ

### ਸਰਕਾਰ ਤੁਰੰਤ ਕਰੇ ਹੱਲ, ਨਹੀਂ ਤਾਂ ਸੰਘਰਸ਼ ਲਈ ਹੋਵਾਂਗੇ ਮਜਬੂਰ : ਬੀਕੇਯੂ ਰਾਜੇਵਾਲ



**ਭਵਾਨੀਗੜ੍ਹ (ਰਾਜ ਖੁਰਮੀ)**-ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਬਲਾਕ ਭਵਾਨੀਗੜ੍ਹ ਦੀ ਇੱਕ ਅਹਿਮ ਮੀਟਿੰਗ ਬਲਾਕ ਪ੍ਰਧਾਨ ਕੁਲਵਿੰਦਰ ਸਿੰਘ ਮਾਝਾ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੌਰਾਨ ਕਿਸਾਨਾਂ ਨੂੰ ਦਰਪੇਸ਼ ਵੱਖ-ਵੱਖ ਸਮੱਸਿਆਵਾਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ ਤੇ ਸਰਕਾਰ ਦੀਆਂ ਨੀਤੀਆਂ ਪ੍ਰਤੀ ਗੰਭੀਰ ਚਿੰਤਾ ਪ੍ਰਗਟ ਕੀਤੀ ਗਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਬਲਾਕ ਪ੍ਰਧਾਨ ਕੁਲਵਿੰਦਰ ਸਿੰਘ ਮਾਝਾ ਤੇ ਜਨਰਲ ਸਕੱਤਰ ਜਸਵਿੰਦਰ ਸਿੰਘ ਕਪਿਆਲ ਨੇ ਕਿਹਾ ਕਿ ਝੋਨੇ ਦਾ ਸੀਜ਼ਨ ਸ਼ੁਰੂ ਹੋਣ ਦੇ ਬਾਵਜੂਦ ਇਲਾਕੇ ਵਿੱਚ ਯੂਰੀਆ ਖਾਦ ਦੀ ਭਾਰੀ ਘਾਟ ਹੈ, ਜਿਸ ਕਾਰਨ ਕਿਸਾਨ ਖੱਜਲ-ਖੁਆਰ ਹੋ ਰਹੇ ਹਨ।ਉਨ੍ਹਾਂ ਕਿਹਾ ਕਿ ਸਮੇਂ ਸਿਰ ਖਾਦ ਨਾ ਮਿਲਣ ਨਾਲ ਫਸਲਾਂ ਦੇ ਪ੍ਰਭਾਵਿਤ ਹੋਣ ਦਾ ਖਤਰਾ ਬਣ ਗਿਆ ਹੈ।ਇਸ ਮੌਕੇ ਕਿਸਾਨ ਆਗੂ ਕੁਲਜੀਤ ਸਿੰਘ ਨਾਗਰਾ ਨੇ ਦੋਸ਼ ਲਾਇਆ ਕਿ ਸਹਿਕਾਰੀ ਸੁਸਾਇਟੀਆਂ ਨੂੰ ਡੀਏਪੀ ਖਾਦ ਦੇ ਨਾਲ 12-32-16 ਖਾਦ ਵੀ ਜ਼ਬਰਦਸਤੀ ਚੁਕਵਾਈ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਡੀਏਪੀ ਦਾ ਇੱਕ ਬੈਗ 1350 ਰੁਪਏ ਦਾ ਹੈ, ਜੋ ਕਿਸਾਨਾਂ ਦੀ ਲੋੜ ਹੈ, ਜਦਕਿ 12-32-16 ਖਾਦ ਦਾ ਬੈਗ ਕਰੀਬ 2250 ਰੁਪਏ ਦਾ ਪੈਂਦਾ ਹੈ, ਜਿਸ ਦੀ ਬਹੁਤੇ ਕਿਸਾਨਾਂ ਨੂੰ ਲੋੜ ਨਹੀਂ।ਇਸ ਤਰ੍ਹਾਂ ਦੀ ਨੀਤੀ ਨਾਲ ਕਿਸਾਨਾਂ ਦੀ ਆਰਥਿਕ ਲੁੱਟ ਹੋ ਰਹੀ ਹੈ।

ਮੀਟਿੰਗ ਦੌਰਾਨ ਕੁਝ ਪਿੰਡਾਂ ਦੇ ਕਿਸਾਨਾਂ ਨੇ ਬਿਜਲੀ ਸਪਲਾਈ ਨਾਲ ਜੁੜੀ ਸਮੱਸਿਆ ਵੀ ਉਠਾਈ।ਆਗੂਆਂ ਨੇ ਇਸ ਮਸਲੇ ਨੂੰ ਵੀ ਸਰਕਾਰ ਤੇ ਸਬੰਧਤ ਵਿਭਾਗ ਦੇ ਧਿਆਨ ਵਿੱਚ ਲਿਆਉਣ ਲਈ ਅਧਿਕਾਰੀਆਂ ਨਾਲ ਮੀਟਿੰਗ ਕਰਨ ਦਾ ਫੈਸਲਾ ਕੀਤਾ।ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਕਪਿਆਲ, ਕੁਲਜੀਤ ਸਿੰਘ ਨਾਗਰਾ, ਸਤਗੁਰ ਸਿੰਘ ਬਲਦ ਕਲਾਂ, ਜਗਸੀਰ ਸਿੰਘ ਬਲਦ ਕਲਾਂ, ਸਕਿੰਦਰ ਸਿੰਘ ਅਕਬਰਪੁਰ, ਭੂਰਾ ਸਿੰਘ ਅਕਬਰਪੁਰ ਤੇ ਲਖਵੀਰ ਸਿੰਘ ਕਪਿਆਲ ਸਮੇਤ ਹੋਰ ਕਿਸਾਨ ਆਗੂ ਹਾਜ਼ਰ ਸਨ।

## ਮੁੱਖ ਮੰਤਰੀ ਨੂੰ ਮਿਲਣ ਗਏ 158 ਆਗੂਆਂ 'ਤੇ ਪਾਏ ਝੂਠੇ ਪਰਚੇ ਰੱਦ ਕੀਤੇ ਜਾਣ : ਆਗੂ

**ਮਾਨਸਾ (ਆਤਮਾ ਸਿੰਘ ਪਮਾਰ)**-ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਆਗੂਆਂ ਦਰਸ਼ਨ ਸਿੰਘ ਅਲੀਸ਼ੇਰ, ਲਖਵਿੰਦਰ ਸਿੰਘ ਮਾਨ ਤੇ ਕਰਮਜੀਤ ਸਿੰਘ ਤਾਮਕੋਟ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਮੁਲਾਜ਼ਮਾਂ ਨਾਲ ਪੁਰਾਣੀ ਪੈਨਸ਼ਨ ਬਹਾਲੀ ਦਾ ਵਾਅਦਾ ਕੀਤਾ ਸੀ, ਪ੍ਰੰਤੂ 2023 'ਚ ਮਾਨਸਾ ਵਿਖੇ ਮੁੱਖ ਮੰਤਰੀ ਨੂੰ ਮਿਲਣ ਜਾ ਰਹੇ ਪੁਰਾਣੀ ਪੈਨਸ਼ਨ ਬਹਾਲੀ ਦੇ ਆਗੂਆਂ ਤੇ ਠੇਕਾ ਮੁਲਾਜ਼ਮ ਮੋਰਚਾ ਦੇ ਆਗੂਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ 'ਤੇ ਪਰਚੇ ਪਾ ਦਿੱਤੇ।ਇਨ੍ਹਾਂ ਝੂਠੇ ਪਾਏ ਪਰਚੇ 'ਤੇ ਮਾਨਸਾ ਪੁਲਸ ਪ੍ਰਸ਼ਾਸਨ ਦੇ ਰਵੱਈਏ ਦੀ ਨਿੰਦਾ ਕਰਦਿਆਂ ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਮਾਨਸਾ ਪੁਲਿਸ ਪ੍ਰਸ਼ਾਸਨ ਵਲੋਂ ਇਹ ਪਰਚੇ ਰੱਦ ਨਾ ਕੀਤੇ ਤਾਂ ਜਲਦੀ ਹੀ ਮਾਨਸਾ ਦੀਆਂ ਸਮੁੱਚੀਆਂ ਜਥੇਬੰਦੀਆਂ ਡਿਪਟੀ ਕਮਿਸ਼ਨਰ ਮਾਨਸਾ ਤੇ ਐਸ ਐਸ ਪੀ ਦਫਤਰ ਮਾਨਸਾ ਦਾ ਘਿਰਾਓ ਕਰਨਗੀਆਂ।ਇਸ ਮੌਕੇ ਬੇਅੰਤ ਸਿੰਘ ਰੜ, ਰਾਜਵਿੰਦਰ ਸਿੰਘ ਬਹਿਣੀਵਾਲ, ਜਸਵਿੰਦਰ ਜੋਗਾ, ਗੁਰਪ੍ਰੀਤ ਦਲੇਲਵਾਲਾ, ਕੁਲਦੀਪ ਅੱਕਾਂਵਾਲੀ, ਗੁਰਦੀਪ ਬਰਨਾਲਾ, ਨਵੀਨ ਬੋਹਾ, ਗੁਰਜੰਟ ਸਿੰਘ, ਸਮਰਜੀਤ ਅਤਲਾ, ਸੁਖਵਿੰਦਰ ਮਾਖਾ, ਇਕਬਾਲ ਉੱਭਾ, ਸਹਿਦੇਵ ਸਿੰਘ, ਜਨਕ ਸਮਾਓ, ਜਤਿੰਦਰ ਪਾਲ ਭੀਖੀ, ਗੁਰਜੀਤ ਰੜ, ਹਰਜਿੰਦਰ ਅਨੂਪਗੜ੍ਹ, ਰਾਜ ਹੀਰੋਂ, ਸੁਖਦੀਪ ਗਿੱਲ, ਸੁਖਵੰਤ ਸਮਾਓਂ, ਜਗਵੰਤ ਚਾਹਿਲਾਂਵਾਲੀ, ਹਰਦੀਪ ਮੱਤੀ, ਚਮਕੌਰ ਹੀਰੋਂ, ਅੰਗਰੇਜ਼ ਸਿੰਘ ਜੁਗਰਾਜ ਭੀਖੀ, ਵਿਨੋਦ ਬਰੇਟਾ, ਸ਼ਮਸ਼ੇਰ ਬਰੇਟਾ, ਬਲਵਿੰਦਰ ਭੀਖੀ, ਨਵਜੋਸ਼ ਸਪੋਲੀਆ ਤੋਂ ਇਲਾਵਾ ਭਰਾਤਰੀ ਜਥੇਬੰਦੀਆਂ ਦੇ ਆਗੂ ਵੀ ਹਾਜ਼ਰ ਸਨ।

## ਰੰਜਿਸ਼ ਦੇ ਚੱਲਦਿਆਂ ਵਿਅਕਤੀ 'ਤੇ ਫਾਇਰਿੰਗ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਸਦਰ ਫ਼ਿਰੋਜ਼ਪੁਰ ਅਧੀਨ ਆਉਂਦੇ ਪਿੰਡ ਖਾਈ ਫੇਮੇ ਕੀ ਵਿਖੇ ਰੰਜਿਸ਼ ਦੇ ਚੱਲਦਿਆਂ ਇਕ ਵਿਅਕਤੀ ਨੂੰ ਮਾਰ ਦੇਣ ਦੀ ਨੀਅਤ ਨਾਲ ਫਾਇਰ ਕਰਕੇ ਜ਼ਖ਼ਮੀਂ ਕਰਨ ਦੀ ਖਬਰ ਮਿਲੀ ਹੈ। ਇਸ ਸਬੰਧੀ ਥਾਣਾ ਸਦਰ ਫ਼ਿਰੋਜ਼ਪੁਰ ਪੁਲਸ ਨੇ 8 ਵਿਅਕਤੀਆਂ ਖ਼ਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਨਰਿੰਦਰ ਸਿੰਘ ਉਰਫ ਸਾਜਨ ਪੁੱਤਰ ਲਛਮਣ ਸਿੰਘ ਵਾਸੀ ਪਿੰਡ ਖਾਈ ਫੇਮੇ ਕੀ ਨੇ ਦੱਸਿਆ ਕਿ 18 ਜੂਨ 2026 ਨੂੰ ਵਕਤ ਕਰੀਬ 7 ਵਜੇ ਸ਼ਾਮ ਉਹ ਆਪਣੇ ਦੋਸਤ ਦੀ ਐਕਟਿਵਾ 'ਤੇ ਖਾਈ ਫੇਮੇ ਕੀ ਬਾਜ਼ਾਰ ਤੋਂ ਪਿੰਡ ਦੀ ਫਿਰਨੀ ਰਾਹੀਂ ਆਪਣੇ ਘਰ ਨੂੰ ਆ ਰਿਹਾ ਸੀ ਤਾਂ ਜਦ ਉਹ ਫਿਰਨੀ ਦੇ ਮੋੜ ਤੋਂ ਆਪਣੇ ਘਰ ਮੁੜਿਆ ਤਾਂ ਬਾਹਰ ਗਲੀ ਵਿੱਚ ਦੋਸ਼ੀ ਸਿਮਰਨ ਸਿੰਘ ਪੁੱਤਰ ਕਾਬਲ ਸਿੰਘ, ਦਲਜੀਤ ਸਿੰਘ ਪੁੱਤਰ ਸੁਖਦੇਵ ਸਿੰਘ, ਬਚਿੱਤ ਸਿੰਘ ਪੁੱਤਰ ਅਵਤਾਰ ਸਿੰਘ, ਵਿਕਰਮ ਸਿੰਘ ਪੁੱਤਰ ਬਚਿੱਤ ਸਿੰਘ, ਸੁੱਚਾ ਸਿੰਘ ਪੁੱਤਰ ਨਿਸ਼ਾਨ ਸਿੰਘ, ਅਵਤਾਰ ਸਿੰਘ ਪੁੱਤਰ ਮਹਿਲ ਸਿੰਘ, ਕੰਵਲਜੀਤ ਸਿੰਘ ਪੁੱਤਰ ਸੁੱਚਾ ਸਿੰਘ, ਨਿਸ਼ਾਨ ਸਿੰਘ ਪੁੱਤਰ ਮਹੈਨ ਸਿੰਘ ਸਾਰੇ ਵਾਸੀਅਨ ਖਾਈ ਫੇਮੇ ਕੀ ਖੜੇ ਸਨ। ਨਰਿੰਦਰ ਸਿੰਘ ਨੇ ਦੱਸਿਆ ਕਿ ਜਦ ਉਸ ਨੇ ਆਪਣੀ ਐਕਟਿਵਾ ਪਿੱਛੇ ਮੋੜੀ ਤਾਂ ਸਿਮਰਨ ਸਿੰਘ ਨੇ ਦਸਤੀ ਪਿਸਟਲ ਦਾ ਸਿੱਧਾ ਫਾਇਰ ਮਾਰ ਦੇਣ ਦੀ ਨੀਅਤ ਨਾਲ ਉਸ ਵੱਲ ਕੀਤਾ ਜੋ ਉਸ ਦੇ ਖੱਬੇ ਪੈਰ ਦੀ ਸੜਕੰਜ 'ਤੇ ਲੱਗਾ ਤੇ ਉਹ ਸਕੂਟਰੀ ਸਮੇਤ ਜ਼ਮੀਨ 'ਤੇ ਡਿੱਗ ਗਿਆ। ਨਰਿੰਦਰ ਸਿੰਘ ਨੇ ਦੱਸਿਆ ਕਿ ਉਥੇ ਲੋਕਾਂ ਦਾ ਇਕੱਠ ਹੁੰਦਾ ਵੇਖ ਕੇ ਸਾਰੇ ਦੋਸ਼ੀ ਮੌਕੇ ਤੋਂ ਹਥਿਆਰਾਂ ਸਮੇਤ ਭੱਜ ਗਏ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਬਲਵਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

## ਇੰਡੋ-ਕੈਨੇਡੀਅਨ ਮੰਚ 'ਤੇ ਡਾ. ਗੁਪਤਾ ਨੇ ਨਿਵੇਸ਼ ਸੰਭਾਵਨਾਵਾਂ ਨੂੰ ਉਜਾਗਰ ਕੀਤਾ

### ਫ਼ਿਰੋਜ਼ਪੁਰ ਨੂੰ ਨਿਵੇਸ਼ ਹੱਬ ਬਣਾਉਣ ਦੀ ਪਹਿਲ, ਟੋਰਾਂਟੋ ਦੇ ਮੰਤਰੀ ਨੇ ਡਾ. ਗੁਪਤਾ ਦਾ ਕੀਤਾ ਸਨਮਾਨ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**-ਗਲੋਬਲ ਐਂਟਰਪ੍ਰਿਨਿਓਰਜ਼ ਅਲਾਇੰਸ ਦੇ ਚੇਅਰਮੈਨ ਡਾ. ਅਨਿਰੁੱਧ ਗੁਪਤਾ ਵੱਲੋਂ ਕੈਨੇਡੀਅਨ ਉਦਯੋਗਪਤੀਆਂ ਨੂੰ ਸਰਹੱਦੀ ਜ਼ਿਲ੍ਹੇ ਫ਼ਿਰੋਜ਼ਪੁਰ ਵਿੱਚ ਸੈਰ-ਸਪਾਟਾ (ਟੂਰਿਜ਼ਮ) ਤੇ ਐੱਮ.ਐੱਸ.ਐੱਮ.ਈ. ਦੇ ਖੇਤਰ ਵਿੱਚ ਨਿਵੇਸ਼ ਕਰਨ ਦੀ ਅਪੀਲ ਕੀਤੀ ਗਈ। ਉਨ੍ਹਾਂ ਕੈਨੇਡਾ ਦੇ ਟੋਰਾਂਟੋ ਸਥਿਤ 'ਹਾਲੀਡੇ ਇਨ' ਹੋਟਲ ਵਿੱਚ ਆਯੋਜਿਤ 'ਇੰਡੋ-ਕੈਨੇਡੀਅਨ ਐਗਜ਼ੀਕਿਊਟਿਵ ਨੈੱਟਵਰਕਿੰਗ ਰਿਸੈਪਸ਼ਨ' ਦੌਰਾਨ ਗਲੋਬਲ ਵਪਾਰ, ਸਿੱਖਿਆ ਤੇ ਨਿਵੇਸ਼ ਨੂੰ ਲੈ ਕੇ ਮਹੱਤਵਪੂਰਨ ਚਰਚਾ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਗਲੋਬਲ ਐਂਟਰਪ੍ਰਿਨਿਓਰਜ਼ ਅਲਾਇੰਸ ਦੇ ਚੇਅਰਮੈਨ ਡਾ. ਅਨਿਰੁੱਧ ਗੁਪਤਾ ਨੇ ਕੀਤੀ। ਇਸ ਪ੍ਰੋਗਰਾਮ ਦਾ ਆਯੋਜਨ ਕੈਨੇਡੀਅਨ ਹਿੰਦੂ ਚੈਂਬਰ ਆਫ਼ ਕਾਮਰਸ ਵੱਲੋਂ ਕੀਤਾ ਗਿਆ ਸੀ, ਜਿਸ ਵਿੱਚ ਉਦਯੋਗਪਤੀਆਂ, ਨੀਤੀ ਘਾੜਿਆਂ, ਰਾਜਦੂਤਾਂ ਤੇ ਅੰਤਰਰਾਸ਼ਟਰੀ ਵਪਾਰ ਮਾਹਰਾਂ ਨੇ ਹਿੱਸਾ ਲਿਆ। ਆਪਣੇ ਸੰਬੋਧਨ ਵਿੱਚ ਡਾ. ਗੁਪਤਾ ਨੇ ਕਿਹਾ ਕਿ ਇਸ ਮਿਸ਼ਨ ਦਾ ਮੁੱਖ ਉਦੇਸ਼ ਸਿਹਤ ਸੇਵਾਵਾਂ, ਵਪਾਰਕ ਵਿੱਤ (ਟਰੇਡ ਫਾਈਨਾਂਸ), ਸਿੱਖਿਆ ਤੇ ਸਰਹੱਦ ਪਾਰ ਨਿਵੇਸ਼ ਵਰਗੇ ਪ੍ਰਮੁੱਖ ਖੇਤਰਾਂ ਵਿੱਚ ਉੱਚ-ਮੁੱਲ ਵਾਲੇ ਆਰਥਿਕ ਲਾਂਘਿਆਂ ਨੂੰ ਮਜ਼ਬੂਤ ਕਰਨਾ ਹੈ। ਉਨ੍ਹਾਂ ਕਿਹਾ ਕਿ ਭਾਰਤ ਦੁਨੀਆ ਦੀਆਂ ਸਭ ਤੋਂ ਤੇਜ਼ੀ ਨਾਲ ਵਧ ਰਹੀਆਂ ਅਰਥ ਵਿਵਸਥਾਵਾਂ ਵਿੱਚ ਸ਼ਾਮਲ ਹੈ, ਜਿਸ ਦੀ ਨੀਂਹ ਐਂਟਰਪ੍ਰਿਨਿਓਰਜ਼, ਸਟਾਰਟਅੱਪਸ ਤੇ ਸਰਵਪੱਖੀ ਵਿਕਾਸ 'ਤੇ ਟਿਕੀ ਹੋਈ ਹੈ। ਉਨ੍ਹਾਂ ਕਿਹਾ ਕਿ ਜੋ ਭਾਰਤੀ ਕੈਨੇਡਾ ਵਿੱਚ ਕਾਰੋਬਾਰ ਕਰਕੇ ਉੱਥੋਂ ਦੀ ਅਰਥਵਿਵਸਥਾ ਨੂੰ ਮਜ਼ਬੂਤ ਬਣਾ ਰਹੇ ਹਨ, ਉਨ੍ਹਾਂ ਨੂੰ ਚਾਹੀਦਾ ਹੈ ਕਿ ਉਹ ਸਰਹੱਦੀ ਜ਼ਿਲ੍ਹੇ ਫ਼ਿਰੋਜ਼ਪੁਰ ਵਿੱਚ ਵੀ ਉਦਯੋਗ ਸਥਾਪਤ ਕਰਕੇ ਇੱਥੇ ਟੈਕਨਾਲੋਜੀ, ਕਲੀਨ ਐਨਰਜੀ, ਟੂਰਿਜ਼ਮ, ਐਜੂਕੇਸ਼ਨ, ਐਗਰੀਕਲਚਰ ਤੇ ਬਾਇਓ-ਟੈਕਨਾਲੋਜੀ ਵਰਗੇ ਖੇਤਰਾਂ ਵਿੱਚ ਨਿਵੇਸ਼ ਕਰਨ। ਡਾ. ਗੁਪਤਾ ਨੇ ਕਿਹਾ ਕਿ ਭਾਰਤ ਤੇ ਕੈਨੇਡਾ ਦੇ ਸਬੰਧ ਜਮਹੂਰੀ ਕਦਰਾਂ-ਕੀਮਤਾਂ, ਵਿਭਿੰਨਤਾ ਦੇ ਸਨਮਾਨ ਤੇ ਉੱਦਮਤਾ ਦੀ ਸਾਂਝੀ ਭਾਵਨਾ 'ਤੇ ਅਧਾਰਤ ਹਨ, ਜੋ ਦੋਵਾਂ ਦੇਸ਼ਾਂ ਵਿਚਾਲੇ ਸਹਿਯੋਗ ਲਈ ਇੱਕ ਮਜ਼ਬੂਤ ਅਧਾਰ ਪ੍ਰਦਾਨ ਕਰਦੇ ਹਨ। ਉਨ੍ਹਾਂ ਕੈਨੇਡਾ ਵਿੱਚ ਵਸਦੇ ਭਾਰਤੀ ਭਾਈਚਾਰੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਭਾਈਚਾਰਾ ਦੋਵਾਂ ਦੇਸ਼ਾਂ ਦਰਮਿਆਨ ਇੱਕ ਮਜ਼ਬੂਤ ਪੁਲ ਦੀ ਭੂਮਿਕਾ ਨਿਭਾ ਰਿਹਾ ਹੈ। ਉਨ੍ਹਾਂ ਕਿਹਾ ਕਿ ਭਾਰਤ ਵਿਕਸਿਤ ਰਾਸ਼ਟਰ ਬਣਨ ਦੀ ਦਿਸ਼ਾ ਵੱਲ ਤੇਜ਼ੀ ਨਾਲ ਅੱਗੇ ਵਧ ਰਿਹਾ ਹੈ ਅਤੇ ਅਜਿਹੇ ਸਮੇਂ ਵਿੱਚ ਕੈਨੇਡੀਅਨ ਕਾਰੋਬਾਰਾਂ ਤੇ ਸੰਸਥਾਵਾਂ ਨਾਲ ਮਜ਼ਬੂਤ ਭਾਈਵਾਲੀ ਦਾ ਸੁਆਗਤ ਹੈ। ਇਸ ਮੌਕੇ ਟੋਰਾਂਟੋ ਸਥਿਤ ਭਾਰਤੀ ਉਪ-ਕੌਂਸਲੇਟ ਜਨਰਲ ਦੇ ਦਫ਼ਤਰ ਤੋਂ ਡਿਪਟੀ ਕੌਂਸਲਰ ਜਨਰਲ ਕਪਿਧਵਜ ਪ੍ਰਤਾਪ ਸਿੰਘ ਤੇ ਓਂਟਾਰੀਓ ਦੇ ਊਰਜਾ ਤੇ ਮਾਈਨਿੰਗ (ਖਣਨ) ਮੰਤਰੀ ਸਟੀਫਨ ਲੇਚੇ ਨੇ ਡਾ. ਅਨਿਰੁੱਧ ਗੁਪਤਾ ਨੂੰ ਸਨਮਾਨਤ ਕੀਤਾ। ਪ੍ਰੋਗਰਾਮ ਵਿੱਚ ਸੂਬਾਈ ਸੰਸਦ ਮੈਂਬਰ ਦੀਪਕ ਆਨੰਦ ਵੀ ਹਾਜ਼ਰ ਸਨ।

## ਦਿਨ ਦਿਹਾੜੇ ਔਰਤ ਦੇ ਪਰਸ 'ਚੋਂ 2 ਲੱਖ ਰੁਪਏ ਤੇ ਮੋਬਾਈਲ ਚੋਰੀ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਬਠਿੰਡਾ ਰੋਡ ਸਥਿਤ ਨਹਿਰੀ ਕਲੋਨੀ ਨੇੜੇ ਦਿਨ ਦਿਹਾੜੇ ਇੱਕ ਔਰਤ ਦੇ ਸਕੂਟਰੀ ਦੀ ਡਿੱਗੀ ਵਿੱਚੋਂ 2 ਲੱਖ ਰੁਪਏ ਤੇ ਮੋਬਾਈਲ ਫੋਨ ਚੋਰੀ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ।ਸਿਟੀ ਪੁਲਸ ਨੇ ਤਿੰਨ ਅਣਪਛਾਤੇ ਨੌਜਵਾਨਾਂ ਖ਼ਿਲਾਫ਼ ਕੇਸ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਸੁਨੀਤਾ ਰਾਣੀ ਪਤਨੀ ਡਾ. ਦਵਿੰਦਰ ਕੁਮਾਰ ਵਾਸੀ ਗੁਰੂ ਤੇਗ ਬਹਾਦਰ ਨਗਰ, ਗਲੀ ਨੰਬਰ 6, ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ 17 ਜੂਨ ਨੂੰ ਉਹ ਐੱਸਬੀਆਈ ਬੈਂਕ ਬਠਿੰਡਾ ਰੋਡ ਸ਼ਾਖਾ ਤੋਂ ਆਪਣੇ ਪਤੀ ਦੇ ਖਾਤੇ ਵਿਚੋਂ ਚੈੱਕ ਰਾਹੀਂ 2 ਲੱਖ ਰੁਪਏ ਕਢਵਾ ਕੇ ਆਪਣੇ ਸਕੂਟਰੀ ਨੰਬਰ ਪੀਬੀ-30 ਪੀ-8849 ਦੀ ਡਿੱਗੀ ਵਿੱਚ ਰੱਖ ਕੇ ਘਰ ਵਾਪਸ ਆ ਰਹੀ ਸੀ।ਜਦੋਂ ਉਹ ਨਹਿਰੀ ਕਲੋਨੀ ਨੇੜੇ ਸਬਜ਼ੀ ਖ਼ਰੀਦਣ ਲਈ ਰੁਕੀ ਤਾਂ ਸ਼ਹਿਰ ਵਾਲੇ ਪਾਸੇ ਤੋਂ ਮੋਟਰਸਾਈਕਲ 'ਤੇ ਸਵਾਰ ਤਿੰਨ ਅਣਪਛਾਤੇ ਨੌਜਵਾਨ ਆਏ ਤੇ ਸਕੂਟਰੀ ਦੀ ਡਿੱਗੀ ਵਿੱਚ ਪਏ ਪਰਸ ਨੂੰ ਚੋਰੀ ਕਰਕੇ ਫ਼ਰਾਰ ਹੋ ਗਏ।ਪਰਸ ਵਿੱਚ 2 ਲੱਖ ਰੁਪਏ ਨਕਦ ਤੇ ਰੈੱਡਮੀ ਨੋਟ-7 ਪ੍ਰੋ ਮੋਬਾਈਲ ਫੋਨ ਸੀ।ਪੁਲਸ ਨੇ ਸ਼ਿਕਾਇਤ ਦੇ ਆਧਾਰ 'ਤੇ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਧਾਰਾ 303 (2) ਬੀਐੱਨਐੱਸ ਤਹਿਤ ਮਾਮਲਾ ਦਰਜ ਕਰ ਲਿਆ ਹੈ।ਸਹਾਇਕ ਥਾਣੇਦਾਰ ਅੰਮ੍ਰਿਤਪਾਲ ਸਿੰਘ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਦਰੱਖਤ ਕੱਟ ਕੇ ਚੋਰੀ ਕਰਨ ਦੇ ਦੋਸ਼ 'ਚ ਮਾਮਲਾ ਦਰਜ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਥਾਣਾ ਬਰੀਵਾਲਾ ਪੁਲਸ ਨੇ ਜ਼ਮੀਨ ਵਿੱਚ ਲੱਗੇ ਟਾਹਲੀ ਤੇ ਸਫੈਦੇ ਦੇ ਦਰੱਖਤ ਕੱਟ ਕੇ ਚੋਰੀ ਕਰਨ ਦੇ ਦੋਸ਼ ਹੇਠ ਇੱਕ ਨਾਮਜ਼ਦ ਤੇ ਕੁਝ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ।ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਅੰਗਰੇਜ਼ ਕੌਰ ਪਤਨੀ ਅਵਤਾਰ ਸਿੰਘ ਵਾਸੀ ਚੱਕ ਬੀੜ ਸਰਕਾਰ ਨੇ ਦੱਸਿਆ ਕਿ ਉਸ ਨੇ ਸਾਲ 2025 ਤੇ 2026 ਦੌਰਾਨ ਜਗਪ੍ਰੀਤ ਸਿੰਘ ਤੇ ਉਸ ਦੀ ਮਾਤਾ ਗੁਰਦੇਵ ਕੌਰ ਪਾਸੋਂ ਕੁੱਲ 29 ਕਨਾਲ 3 ਮਰਲੇ ਜ਼ਮੀਨ ਖਰੀਦੀ ਸੀ। ਉਕਤ ਜ਼ਮੀਨ ਦੀ ਰਜਿਸਟਰੀ ਤੇ ਇੰਤਕਾਲ ਉਸ ਦੇ ਨਾਮ ਦਰਜ ਹਨ ਤੇ ਉਹ ਜ਼ਮੀਨ ਦੀ ਮਾਲਕ ਤੇ ਕਾਬਜ਼ ਹੈ।ਸ਼ਿਕਾਇਤਕਰਤਾ ਅਨੁਸਾਰ ਜ਼ਮੀਨ ਦੇ ਆਲੇ-ਦੁਆਲੇ ਪਹਿਲਾਂ ਤੋਂ ਹੀ ਟਾਹਲੀ ਤੇ ਸਫੈਦੇ ਦੇ ਕਰੀਬ 40 ਤੋਂ 50 ਦਰੱਖਤ ਲੱਗੇ ਹੋਏ ਸਨ।ਬੀਤੀ 29 ਮਈ 2026 ਨੂੰ ਉਸ ਨੂੰ ਸੂਚਨਾ ਮਿਲੀ ਕਿ ਕਿਸੇ ਨੇ ਉਕਤ ਦਰੱਖਤ ਕੱਟ ਕੇ ਲੈ ਗਏ ਹਨ।ਆਪਣੀ ਪੱਧਰ 'ਤੇ ਪੜਤਾਲ ਕਰਨ ਤੋਂ ਬਾਅਦ ਉਸ ਨੂੰ ਯਕੀਨ ਹੋ ਗਿਆ ਕਿ ਜਗਪ੍ਰੀਤ ਸਿੰਘ ਪੁੱਤਰ ਨਾਜਰ ਸਿੰਘ ਵਾਸੀ ਸੰਗਰਾਣਾ ਆਪਣੇ ਨਾਲ ਕੁਝ ਅਣਪਛਾਤੇ ਵਿਅਕਤੀਆਂ ਨੂੰ ਲੈ ਕੇ ਦਰੱਖਤ ਕੱਟ ਕੇ ਲੈ ਗਿਆ ਹੈ।ਸ਼ਿਕਾਇਤ ਦੇ ਆਧਾਰ 'ਤੇ ਬਰੀਵਾਲਾ ਪੁਲਸ ਨੇ ਜਗਪ੍ਰੀਤ ਸਿੰਘ ਤੇ ਹੋਰ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ।ਮਾਮਲੇ ਦੀ ਜਾਂਚ ਸਹਾਇਕ ਥਾਣੇਦਾਰ ਸੁਖਦੇਵ ਸਿੰਘ ਵੱਲੋਂ ਕੀਤੀ ਜਾ ਰਹੀ ਹੈ।

## ਕੈਂਟ ਬੋਰਡ ਸਟੇਡੀਅਮ ਵਿਖੇ 21 ਨੂੰ ਮਨਾਇਆ ਜਾਵੇਗਾ ਯੋਗ ਦਿਵਸ : ਦੀਪਸ਼ਿਖਾ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 21 ਜੂਨ ਨੂੰ ਸਵੇਰੇ 6 ਤੋਂ 7 ਵਜੇ ਤੱਕ 12ਵਾਂ ਅੰਤਰਰਾਸ਼ਟਰੀ ਯੋਗ ਦਿਵਸ ਫਿਰੋਜ਼ਪੁਰ ਛਾਉਣੀ ਸਥਿਤ ਕੈਂਟ ਬੋਰਡ ਸਟੇਡੀਅਮ ਵਿਖੇ ਮਨਾਇਆ ਜਾਵੇਗਾ। ਇਸ ਸਾਲ ਅੰਤਰਰਾਸ਼ਟਰੀ ਯੋਗ ਦਿਵਸ ਦਾ ਥੀਮ 'ਸਿਹਤਮੰਦ ਉਮਰ ਲਈ ਯੋਗ' ਰੱਖਿਆ ਗਿਆ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਦੀਪਸ਼ਿਖਾ ਸ਼ਰਮਾ ਨੇ ਸਾਂਝੀ ਕੀਤੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਅੰਤਰਰਾਸ਼ਟਰੀ ਯੋਗ ਦਿਵਸ ਨੂੰ ਸਫ਼ਲਤਾਪੂਰਵਕ ਮਨਾਉਣ ਲਈ ਵੱਖ-ਵੱਖ ਵਿਭਾਗਾਂ ਵੱਲੋਂ ਲੋੜੀਂਦੇ ਪ੍ਰਬੰਧ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਯੋਗ ਸਰੀਰਕ ਤੇ ਮਾਨਸਿਕ ਸਿਹਤ ਨੂੰ ਤੰਦਰੁਸਤ ਰੱਖਣ ਦਾ ਇੱਕ ਪ੍ਰਭਾਵਸ਼ਾਲੀ ਸਾਧਨ ਹੈ ਤੇ ਇਸ ਨੂੰ ਰੋਜ਼ਾਨਾ ਜੀਵਨ ਦਾ ਹਿੱਸਾ ਬਣਾਉਣਾ ਸਮੇਂ ਦੀ ਲੋੜ ਹੈ।

ਡਿਪਟੀ ਕਮਿਸ਼ਨਰ ਦੀਪਸ਼ਿਖਾ ਅਤੇ ਜ਼ਿਲ੍ਹਾ ਆਯੁਰਵੈਦਿਕ ਤੇ ਯੂਨਾਨੀ ਅਫ਼ਸਰ ਡਾ. ਰੁਪਿੰਦਰਦੀਪ ਕੌਰ ਗਿੱਲ ਨੇ ਸਮੂਹ ਜ਼ਿਲ੍ਹਾ ਵਾਸੀਆਂ ਨੂੰ 21 ਜੂਨ ਨੂੰ ਸਵੇਰੇ ਕੈਂਟ ਬੋਰਡ ਸਟੇਡੀਅਮ ਵਿਖੇ ਕੀਤੇ ਜਾਣ ਵਾਲੇ ਅੰਤਰਰਾਸ਼ਟਰੀ ਯੋਗ ਦਿਵਸ ਸਮਾਗਮ ਵਿੱਚ ਵੱਧ ਚੜ੍ਹ ਕੇ ਸ਼ਮੂਲੀਅਤ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਯੋਗ ਅਪਣਾਉਣ ਨਾਲ ਸਿਹਤਮੰਦ ਤੇ ਸੰਤੁਲਿਤ ਜੀਵਨ ਜਿਉਣ ਵਿੱਚ ਮਦਦ ਮਿਲਦੀ ਹੈ ਅਤੇ ਯੋਗ ਦਿਵਸ ਮਨਾਉਣ ਦਾ ਮੰਤਵ ਇਸ ਦੇ ਸਰੀਰਕ ਤੇ ਮਾਨਸਿਕ ਲਾਭਾਂ ਬਾਰੇ ਸਮਾਜ ਦੇ ਹਰ ਵਰਗ ਨੂੰ ਜਾਗਰੂਕ ਕਾਰਨਾ ਹੈ।

## ਸਫਾ 1 ਦੇ ਬਾਕੀ...

### ਬੇਅਦਬੀ ਮਾਮਲਿਆਂ 'ਚ...

ਹੈ। ਹੜ੍ਹ ਪ੍ਰਭਾਵਿਤ ਖੇਤਰ ਅਤੇ ਲਿੰਕ ਰੋਡ ਪ੍ਰੋਜੈਕਟ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਨੇ ਆਖਿਆ ਕਿ ਇਲਾਜ ਨਾਲੋਂ ਪਰਹੇਜ਼ ਹਮੇਸ਼ਾ ਚੰਗਾ ਹੁੰਦਾ ਹੈ। ਅੱਜ ਜਿਸ ਪ੍ਰੋਜੈਕਟ ਦਾ ਉਦਘਾਟਨ ਕੀਤਾ ਗਿਆ ਹੈ, ਉਹ ਹੜ੍ਹਾਂ ਨੂੰ ਰੋਕਣ ਲਈ ਇਕ 'ਪਰਹੇਜ਼' ਵਜੋਂ ਕੰਮ ਕਰੇਗਾ।

ਉਨ੍ਹਾਂ ਕਿਹਾ, "ਸਾਡੀ ਪਹਿਲੀ ਕੋਸ਼ਿਸ਼ ਹੜ੍ਹਾਂ ਕਾਰਨ ਖੇਤਰ ਵਿੱਚ ਹੋਣ ਵਾਲੀ ਤਬਾਹੀ ਨੂੰ ਰੋਕਣਾ ਹੈ, ਨਾ ਕਿ ਬਾਅਦ ਵਿੱਚ ਮੁਆਵਜ਼ਾ ਵੰਡਣਾ। ਬੰਨ੍ਹ 'ਤੇ ਕੀਤਾ ਜਾਣ ਵਾਲਾ ਇਹ ਕੰਮ ਇਲਾਕੇ ਨੂੰ ਸੁਰੱਖਿਅਤ ਰੱਖੇਗਾ।" ਇਸ ਦੇ ਨਾਲ ਹੀ ਮੁੱਖ ਮੰਤਰੀ ਨੇ ਕਪੂਰਥਲਾ ਦੇ ਡਿਪਟੀ ਕਮਿਸ਼ਨਰ ਨੂੰ ਇਸ ਪ੍ਰੋਜੈਕਟ ਵਿੱਚ ਸਭ ਤੋਂ ਵਧੀਆ ਅਤੇ ਮਿਆਰੀ ਸਮੱਗਰੀ ਦੀ ਵਰਤੋਂ ਕਰਨ ਦੇ ਸਖ਼ਤ ਨਿਰਦੇਸ਼ ਦਿੱਤੇ। ਮੁੱਖ ਮੰਤਰੀ ਨੇ ਅੱਗੇ ਆਖਿਆ, "ਮੈਂ ਅਰਦਾਸ ਕਰਦਾ ਹਾਂ ਕਿ ਇਸ ਵਾਰ ਕਿਸਾਨਾਂ ਦੀਆਂ ਫਸਲਾਂ ਬਿਨਾਂ ਕਿਸੇ ਨੁਕਸਾਨ ਦੇ ਸੁਰੱਖਿਅਤ ਮੰਡੀਆਂ ਵਿੱਚ ਪਹੁੰਚਣ ਅਤੇ ਕਿਸਾਨਾਂ ਨੂੰ ਚੰਗਾ ਮੁਨਾਫ਼ਾ ਮਿਲੇ।" ਉਨ੍ਹਾਂ ਹੜ੍ਹਾਂ ਦੇ ਖ਼ਤਰੇ ਬਾਰੇ ਗੱਲ ਕਰਦਿਆਂ ਦੱਸਿਆ ਕਿ ਪਹਿਲਾਂ ਸੂਬੇ ਵਿੱਚ ਸਿੰਚਾਈ ਲਈ ਸਿਰਫ਼ 22 ਫੀਸਦੀ ਨਹਿਰੀ ਪਾਣੀ ਦੀ ਵਰਤੋਂ ਹੁੰਦੀ ਸੀ, ਜਿਸ ਨੂੰ ਹੁਣ ਸਾਡੀ ਸਰਕਾਰ ਨੇ ਵਧਾ ਕੇ 80 ਫੀਸਦੀ ਤੱਕ ਪਹੁੰਚਾ ਦਿੱਤਾ ਹੈ, ਜਿਸ ਨਾਲ ਹੜ੍ਹਾਂ ਦਾ ਖ਼ਤਰਾ ਕਾਫੀ ਘਟ ਜਾਵੇਗਾ। ਦੱਸਣਯੋਗ ਹੈ ਕਿ ਮੁੱਖ ਮੰਤਰੀ ਵੱਲੋਂ ਨੀਂਹ ਪੱਥਰ ਰੱਖੀ ਗਈ ਇਹ 37.93 ਕਿਲੋਮੀਟਰ ਲੰਮੀ ਧੁੱਸੀ ਬੰਨ੍ਹ ਲਿੰਕ ਸੜਕ 61.82 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤੀ ਜਾਵੇਗੀ, ਜਿਸ ਨਾਲ ਇਸ ਖੇਤਰ ਦੇ 15 ਤੋਂ ਵੱਧ ਪਿੰਡਾਂ ਦੇ ਹਜ਼ਾਰਾਂ ਲੋਕਾਂ ਨੂੰ ਸਿੱਧਾ ਫਾਇਦਾ ਹੋਵੇਗਾ। ਇਸ ਉਦਘਾਟਨੀ ਸਮਾਗਮ ਦੌਰਾਨ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਸਮੇਤ ਇਲਾਕੇ ਦੀਆਂ ਕਈ ਹੋਰ ਪ੍ਰਮੁੱਖ ਸ਼ਖਸੀਅਤਾਂ ਵੀ ਮੌਜੂਦ ਸਨ।

### 'ਪੰਜਾਬੀ ਭਾਈਚਾਰੇ ਖ਼ਿਲਾਫ਼' ...

'ਆਪ' ਵਰਕਰਾਂ ਨੇ ਮਲਹੋਤਰਾ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ ਅਤੇ ਉਨ੍ਹਾਂ ਦਾ ਪੁਤਲਾ ਵੀ ਫੂਕਿਆ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਕੌਂਸਲਰ ਹਰਦੀਪ ਸਿੰਘ, ਕੁਲਦੀਪ ਸਿੰਘ, ਯੋਗੇਸ਼ ਢੀਂਗਰਾ ਸਮੇਤ ਪਾਰਟੀ ਆਗੂ ਵਿਕਰਾਂਤ ਏ. ਤੰਵਰ ਅਤੇ ਸੰਨੀ ਔਲਖ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਦੂਜੇ ਪਾਸ ਮਲਹੋਤਰਾ ਨੇ ਕੱਲ੍ਹ ਹੀ ਆਪਣੇ 'ਤੇ ਲੱਗੇ ਇਨ੍ਹਾਂ ਦੋਸ਼ਾਂ ਨੂੰ ਸਿਰੇ ਤੋਂ ਨਕਾਰ ਦਿੱਤਾ ਸੀ। ਉਨ੍ਹਾਂ ਸਪੱਸ਼ਟ ਕਰਦਿਆਂ ਆਖਿਆ ਕਿ ਜਨਤਾ ਨੂੰ ਗੁਮਰਾਹ ਕਰਨ ਲਈ ਵਿਰੋਧੀਆਂ ਵੱਲੋਂ ਉਨ੍ਹਾਂ ਦੇ ਬਿਆਨ ਨੂੰ ਜਾਣਬੁੱਝ ਕੇ ਤੋੜ-ਮਰੋੜ ਕੇ ਪੇਸ਼ ਕੀਤਾ ਜਾ ਰਿਹਾ ਹੈ।

### ਪਾਵਰ ਮੈਨੇਜਮੈਂਟ ਦੀ ਵਾਅਦਾ...

ਨਾਲ ਕਹਿਣਾ ਪੈ ਰਿਹਾ ਹੈ ਕਿ ਸਰਕਾਰ ਅਤੇ ਪਾਵਰਕਾਮ ਮੈਨੇਜਮੈਂਟ ਨੇ ਆਪਣੇ ਲਿਖਤੀ ਫੈਸਲੇ ਤੋਂ ਮੁਕਰ ਕੇ ਕਾਮਿਆਂ ਨਾਲ ਸਿਰੇ ਦੀ ਵਾਅਦਾ ਖਿਲਾਫੀ ਕੀਤੀ ਹੈ ਜਿਸ ਨਾਲ ਆਊਟਸੋਰਸਿੰਗ ਕਾਮਿਆਂ ਵਿੱਚ ਭਾਰੀ ਰੋਸ ਅਤੇ ਬੈਚੇਨੀ ਪਾਈ ਜਾ ਰਹੀ ਹੈ।ਸਾਂਝੀ ਥਰਮਲ ਕੰਟਰੈਕਟਰਜ਼ ਵਰਕਰਜ਼ ਸੰਘਰਸ਼ ਕਮੇਟੀ ਵੱਲੋਂ ਗੁਰੂ ਗੋਬਿੰਦ ਸਿੰਘ ਸੁਪਰ ਥਰਮਲ ਪਲਾਂਟ ਰੋਪੜ ਅਤੇ ਜੀ.ਐਚ.ਟੀ.ਪੀ. ਲਹਿਰਾ ਮੁਹੱਬਤ ਦੇ ਮੇਨ ਗੇਟ 'ਤੇ ਪੰਜਾਬ ਸਰਕਾਰ ਅਤੇ ਪਾਵਰ ਮੈਨੇਜਮੈਂਟ ਦੀ ਵਾਅਦਾ ਖਿਲਾਫ਼ੀ ਵਿਰੁੱਧ ਦੁਬਾਰਾ 16 ਜੂਨ ਤੋਂ ਲਗਾਤਾਰ ਅਣਮਿੱਥੇ ਸਮੇਂ ਲਈ ਥਰਮਲਾਂ ਦੇ ਗੇਟਾਂ ਅਤੇ ਮੁੱਖ ਦਫਤਰ ਪਟਿਆਲਾ ਸਾਹਮਣੇ ਰੋਸ ਧਰਨਾ ਲਗਾ ਕੇ ਹੜਤਾਲ ਕੀਤੀ ਹੈ।ਇਸ ਸੰਘਰਸ਼ ਪ੍ਰੋਗਰਾਮਾਂ ਦੀ ਅਗਵਾਈ ਸਾਂਝੀ ਸੰਘਰਸ਼ ਕਮੇਟੀ ਦੇ ਕਨਵੀਨਰ ਆਰ.ਕੇ ਤਿਵਾੜੀ, ਕੋ ਕਨਵੀਨਰ ਮਹਿੰਦਰ ਸਿੰਘ, ਸਕੱਤਰ ਅਮਰਜੀਤ ਸਿੰਘ, ਖਜਾਨਚੀ ਬਲਦੇਵ ਸਿੰਘ, ਮੈਂਬਰ ਹੀਰਾ ਰਾਣਾ, ਗਗਨਦੀਪ ਸਿੰਘ, ਗੁਰਚਰਨ ਸਿੰਘ,ਰਾਜਿੰਦਰ ਸਿੰਘ ਅਤੇ ਪ੍ਰਿਤਪਾਲ ਸਿੰਘ ਕਰ ਰਹੇ ਹਨ ।ਇਸੇ ਤਰਾਂ ਜੀ.ਐਚ.ਟੀ.ਪੀ. ਲਹਿਰਾ ਮੁਹੱਬਤ ਦੇ ਮੇਨ ਗੇਟ 'ਤੇ ਬੈਠੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਮੇਟੀ ਦੇ ਮੈਂਬਰ ਹਰਪ੍ਰੀਤ ਸਿੰਘ ਅਤੇ ਕੋ-ਕਨਵੀਨਰ ਸੁਖਵਿੰਦਰ ਸਿੰਘ ਨੇ ਕਿਹਾ ਕਿ ਜਿੰਨਾ ਚਿਰ ਤੱਕ 24 ਮਈ ਦੇ ਫੈਸਲੇ ਨੂੰ ਇੰਨ ਬਿੰਨ ਲਾਗੂ ਕਰਕੇ ਕਾਮਿਆਂ ਨੂੰ ਨਿਯੁਕਤੀ ਪੱਤਰ ਜਾਰੀ ਨਹੀਂ ਕੀਤੇ ਜਾਂਦੇ ਉਨੀ ਦੇਰ ਤੱਕ ਹੜਤਾਲ/ਧਰਨਾ ਜਾਰੀ ਰਹੇਗਾ।ਇਸੇ ਤਰਾਂ ਪਾਵਰਕਾਮ ਅਤੇ ਟ੍ਰਾਂਸਕੋ ਆਊਟਸੋਰਸ ਵਰਕਰ ਯੂਨੀਅਨ ਏਟਕ ਅਤੇ ਆਊਟਸੋਰਸ ਇੰਪਲਾਈਜ਼ ਫੈਡਰੇਸ਼ਨ ਵੱਲੋਂ ਵੀ ਹੈੱਡ ਆਫਿਸ ਪਟਿਆਲਾ ਦੇ ਸਾਹਮਣੇ ਧਰਨੇ ਵਿੱਚ ਸੰਬੋਧਨ ਕਰਦੇ ਹੋਏ ਹਰਵਿੰਦਰ ਸ਼ਰਮਾ ਆਦਿ ਆਗੂਆਂ ਨੇ ਮੈਨਜਮੈਂਟ ਦੀ ਵਾਅਦੇ ਤੋਂ ਮੁਕਰ ਜਾਣ ਵਾਲੀ ਨੀਤੀ ਖਿਲਾਫ਼ ਹੜਤਾਲ ਅਤੇ ਧਰਨਾ ਪ੍ਰਦਰਸ਼ਨ ਜਾਰੀ ਰੱਖਣ ਦਾ ਐਲਾਨ ਕੀਤਾ ਹੈ ।

ਪੰਜਾਬ ਏਟਕ ਦੇ ਪ੍ਰਧਾਨ ਕਾ. ਬੰਤ ਸਿੰਘ ਬਰਾੜ ਅਤੇ ਜਨਰਲ ਸਕੱਤਰ ਕਾ.ਨਿਰਮਲ ਸਿੰਘ ਧਾਲੀਵਾਲ ਨੇ ਵੱਖਰੇ ਪ੍ਰੈਸ ਬਿਆਨ ਰਾਹੀਂ ਪੰਜਾਬ ਸਰਕਾਰ ਅਤੇ ਪਾਵਰ ਮੈਨੇਜਮੈਂਟ ਦੀ ਵਰਕਰ ਵਿਰੋਧੀ ਨੀਤੀ ਦੀ ਤਿੱਖੀ ਨੁਕਤਾਚੀਨੀ ਕਰਦਿਆਂ ਕਾਮਿਆਂ ਦੀ ਹੜਤਾਲ ਦੀ ਡਟਵੀਂ ਹਮਾਇਤ ਕਰਦੇ ਹੋਏ 24 ਮਈ ਦੇ ਸਮਝੌਤੇ ਨੂੰ ਲਾਗੂ ਕਰਨ ਦੀ ਜੋਰਦਾਰ ਮੰਗ ਕੀਤੀ ਹੈ।

### ਐਡਵੋਕੇਟ ਰਜਿੰਦਰ ਮੰਡ ...

ਏ, ਸੱਤਪਾਲ ਬੰਬੀਆਂਵਾਲ, ਸੁਮਨਦੀਪ ਅਧਿਆਪਕ ਆਗੂ, ਐਡਵੋਕੇਟ ਸੰਦੀਪ ਸ਼ਰਮਾ, ਐਡਵੋਕੇਟ ਅਮਰੀਕ ਸਿੰਘ ਸੈਣੀ, ਸੁਖਜਿੰਦਰ ਪਾਲ ਸਿੰਘ, ਪ੍ਰਿਤਪਾਲ ਸਿੰਘ, ਨਰਿੰਦਰਪਾਲ ਸਿੰਘ, ਦਵਿੰਦਰ ਮੌੜ ਗਿੱਲ, ਸੁਦਾਗਰ ਸਿੰਘ, ਨਵਾਂ ਜ਼ਮਾਨਾ ਤੋਂ ਰੋਸ਼ਨ ਲਾਲ, ਗਿਆਨ ਚੰਦ ਤੇ ਕਪਿਲ ਦੇਵ ਅਤੇ ਪਰਮਜੀਤ ਕਲਸੀ, ਕੁਲਦੀਪ ਭੱਟੀ ਆਦਿ ਸ਼ਾਮਲ ਸਨ। ਮਰਹੂਮ ਰਜਿੰਦਰ ਮੰਡ ਦੀ ਚਿਖਾ ਨੂੰ ਅਗਨੀ ਮਨਰਾਜ ਮੰਡ (ਬੇਟਾ) ਨੇ ਵਿਖਾਈ।

ਪਰਵਾਰਕ ਸੂਤਰਾਂ ਅਨੁਸਾਰ ਐਡਵੋਕੇਟ ਰਜਿੰਦਰ ਮੰਡ ਦਾ ਸ਼ਰਧਾਂਜਲੀ ਸਮਾਗਮ 24 ਜੂਨ ਦਿਨ ਬੁੱਧਵਾਰ ਨੂੰ 11 ਵਜੇ ਦੇਸ਼ ਭਗਤ ਯਾਦਗਾਰ ਕੰਪਲੈਕਸ ਦੇ ਵਿਸ਼ਨੂੰ ਗਣੇਸ਼ ਪਿੰਗਲੇ ਹਾਲ ਵਿੱਚ ਹੋਵੇਗਾ।

## ਸਾਲਾਨਾ ਫ਼ੀਸ ਵਾਧਾ ਘਟਾਉਣ ਨਾਲ ਹੋਵੇਗਾ ਨਿੱਜੀ ਸਕੂਲਾਂ ਦਾ ਨੁਕਸਾਨ : ਫੈਪ



**ਲਹਿਰਾਗਾਗਾ (ਪੱਤਰ ਪ੍ਰੇਰਕ)**-ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨਜ਼ ਆਫ ਪੰਜਾਬ (ਫੈਪ) ਨੇ ਅਨਏਡਿਡ ਪ੍ਰਾਈਵੇਟ ਸਕੂਲਾਂ ਦੀ ਸਾਲਾਨਾ ਫੀਸ ਵਾਧਾ ਸੀਮਾ 8 ਫ਼ੀਸਦੀ ਤੋਂ ਘਟਾ ਕੇ 5 ਫ਼ੀਸਦੀ ਕਰਨ ਦੀਆਂ ਚਰਚਾਵਾਂ 'ਤੇ ਚਿੰਤਾ ਜਤਾਈ ਹੈ।ਫੈਪ ਆਗੂ ਕੰਵਲਜੀਤ ਸਿੰਘ ਢੀਂਡਸਾ ਨੇ ਕਿਹਾ ਕਿ ਮਹਿੰਗਾਈ, ਅਧਿਆਪਕਾਂ ਦੀਆਂ ਤਨਖਾਹਾਂ ਤੇ ਹੋਰ ਪ੍ਰਬੰਧਕੀ ਖਰਚਿਆਂ ਵਿੱਚ ਲਗਾਤਾਰ ਵਾਧੇ ਕਾਰਨ 5 ਫ਼ੀਸਦੀ ਦੀ ਸੀਮਾ ਸਕੂਲਾਂ ਲਈ ਮੁਸ਼ਕਲਾਂ ਪੈਦਾ ਕਰੇਗੀ।ਮੌਜੂਦਾ ਸਮੇਂ ਵਿੱਚ ਹਰ ਸਾਲ 5 ਤੋਂ 6 ਫੀਸਦੀ ਤੱਕ ਮਹਿੰਗਾਈ ਦਰ ਦਾ ਪ੍ਰਭਾਵ ਰਹਿੰਦਾ ਹੈ, ਅਜਿਹੇ ਵਿੱਚ ਜੇਕਰ ਫੀਸ ਵਾਧੇ ਨੂੰ 5 ਫੀਸਦੀ ਤੱਕ ਸੀਮਤ ਕਰ ਦਿੱਤਾ ਜਾਂਦਾ ਹੈ ਤਾਂ ਅਸਲ ਵਿੱਚ ਸਕੂਲਾਂ ਲਈ ਕੋਈ ਵਾਧੂ ਆਰਥਿਕ ਸਰੋਤ ਨਹੀਂ ਬਚੇਗਾ।ਉਨ੍ਹਾਂ ਕਿਹਾ ਕਿ ਸਕੂਲਾਂ ਲਈ ਲਾਜ਼ਮੀ ਫਾਇਰ ਸੇਫਟੀ ਅਤੇ ਬਿਲਡਿੰਗ ਸੇਫਟੀ ਸਰਟੀਫਿਕੇਟਾਂ ਦੀਆਂ ਫੀਸਾਂ ਵਿੱਚ ਵੀ 100 ਤੋਂ 200 ਫੀਸਦੀ ਤੱਕ ਵਾਧਾ ਹੋ ਚੁੱਕਾ ਹੈ।ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਮਾਪਿਆਂ ਨੂੰ ਰਾਹਤ ਦੇਣਾ ਚਾਹੁੰਦੀ ਹੈ ਤਾਂ ਪਹਿਲਾਂ ਸਿੱਖਿਆ ਸੰਸਥਾਵਾਂ 'ਤੇ ਲੱਗਦੇ ਟੈਕਸਾਂ ਅਤੇ ਹੋਰ ਵਿੱਤੀ ਬੋਝ ਨੂੰ ਘਟਾਇਆ ਜਾਵੇ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਵੱਡੀ ਗਿਣਤੀ ਵਿੱਚ ਅਜਿਹੇ ਸਕੂਲ ਹਨ, ਜਿਨ੍ਹਾਂ ਦੀ ਮਹੀਨਾਵਾਰ ਫੀਸ 3000 ਤੋਂ 5000 ਰੁਪਏ ਦੇ ਵਿਚਕਾਰ ਹੈ।ਜੇਕਰ ਅਜਿਹੇ ਸਕੂਲਾਂ ਨੂੰ ਆਪਣੀਆਂ ਫੀਸਾਂ ਵਿੱਚ ਵਾਜਬ ਵਾਧਾ ਕਰਨ ਦੀ ਇਜਾਜ਼ਤ ਨਾ ਮਿਲੀ ਤਾਂ ਉਨ੍ਹਾਂ ਲਈ ਮਿਆਰੀ ਸਿੱਖਿਆ, ਆਧੁਨਿਕ ਸਹੂਲਤਾਂ ਅਤੇ ਯੋਗ ਅਧਿਆਪਕਾਂ ਨੂੰ ਸਨਮਾਨਯੋਗ ਤਨਖਾਹਾਂ ਦੇਣਾ ਮੁਸ਼ਕਲ ਹੋ ਜਾਵੇਗਾ।

## ਵਿਦਿਆਰਥੀਆਂ ਨਸ਼ੇ ਦੇ ਮਾੜੇ ਪ੍ਰਭਾਵਾਂ ਸੰਬੰਧੀ ਚਾਰਟ ਬਣਾਏ



**ਚੀਮਾ ਮੰਡੀ (ਮਹਿੰਦਰ ਚੀਮਾ)**-ਮਾਡਰਨ ਗਰੁੱਪ ਆਫ ਇੰਸਟੀਚਿਊਸ਼ਨ ਬੀਰ ਕਲਾਂ ਵਿਖੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਐਨ.ਐਸ.ਐਸ ਵਿਭਾਗ ਦੇ ਦਿਸ਼ਾ-ਨਿਰਦੇਸ਼ਾਂ ਮੁਤਾਬਕ ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਸਮਾਗਮ ਕਾਲਜ ਦੇ ਚੇਅਰਮੈਨ ਡਾਕਟਰ ਰਵਿੰਦਰ ਬਾਂਸਲ ਤੇ ਪ੍ਰਿੰਸੀਪਲ ਡਾਕਟਰ ਵੀ ਕੇ ਰਾਏ ਦੀ ਅਗਵਾਈ ਹੇਠ ਕਰਾਇਆ ਗਿਆ।ਪ੍ਰੋਗਰਾਮ ਵਿੱਚ ਕਾਲਜ ਦੇ ਯੂਨਿਟਾਂ ਵੱਲੋਂ ਵਿਦਿਆਰਥੀਆਂ ਨੂੰ ਨਸ਼ੇ ਦੇ ਮਾਰੂ ਪ੍ਰਭਾਵਾਂ ਸਬੰਧੀ ਜਾਣਕਾਰੀ ਪ੍ਰਦਾਨ ਕੀਤੀ ਗਈ।ਕਾਲਜ ਦੇ ਚੇਅਰਮੈਨ ਡਾਕਟਰ ਰਵਿੰਦਰ ਬਾਂਸਲ ਨੇ ਕਿਹਾ ਕਿ ਨਸ਼ਾ ਇੱਕ ਅਜਿਹਾ ਕੋਹੜ ਹੈ, ਜੋ ਸਾਡੇ ਸਮਾਜ ਨੂੰ ਘੁਣ ਵਾਂਗ ਖਾ ਰਿਹਾ ਹੈ, ਨਸ਼ੇ ਦੀ ਇਸ ਮਾਰੂ ਬਿਮਾਰੀ ਨੂੰ ਰੋਕਣਾ ਅੱਜ ਦੇ ਸਮੇਂ ਦੀ ਸਭ ਤੋਂ ਪ੍ਰਮੁੱਖ ਮੰਗ ਹੈ। ਇਸ ਮੌਕੇ 'ਤੇ ਕਾਲਜ ਦੇ ਵਿਦਿਆਰਥੀਆਂ ਵੱਲੋਂ ਨਸ਼ੇ ਦੇ ਮਾੜੇ ਪ੍ਰਭਾਵਾਂ ਸਬੰਧੀ ਚਾਰਟ ਵੀ ਬਣਾਏ ਗਏ।ਕਾਲਜ ਦੀਆਂ ਯੂਨਿਟਾਂ ਦੇ ਪ੍ਰੋਗਰਾਮ ਅਫਸਰ ਪ੍ਰੋਫੈਸਰ ਗੁਰਸੇਵਕ ਸਿੰਘ ਤੇ ਪ੍ਰੋਫੈਸਰ ਜਗਤਾਰ ਸਿੰਘ ਨੇ ਦੱਸਿਆ ਕਿ ਅਜਿਹੇ ਪ੍ਰੋਗਰਾਮ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਵਿਭਾਗ ਦੀ ਦਿਸ਼ਾ-ਨਿਰਦੇਸ਼ਾਂ ਤਹਿਤ ਕਰਾਏ ਜਾਂਦੇ ਹਨ, ਜਿਸ ਤਹਿਤ ਵਿਦਿਆਰਥੀ ਨੂੰ ਬਹੁਤ ਵਧੀਆ ਜਾਣਕਾਰੀ ਮਿਲਦੀ ਹੈ।

## ਫਾਸ਼ੀ ਹਮਲਿਆਂ ਵਿਰੋਧੀ ਫਰੰਟ ਵੱਲੋਂ 22 ਨੂੰ ਮੋਗਾ 'ਚ ਰੋਸ ਪ੍ਰਦਰਸ਼ਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਫਾਸ਼ੀ ਹਮਲਿਆਂ ਵਿਰੋਧੀ ਫਰੰਟ ਵੱਲੋਂ 22 ਜੂਨ ਨੂੰ ਮੋਗਾ ਸ਼ਹਿਰ ਵਿਖੇ ਕੀਤੇ ਜਾ ਰਹੇ ਰੋਸ ਪ੍ਰਦਰਸ਼ਨ ਵਿੱਚ ਬਲਾਕ ਬਾਘਾ ਪੁਰਾਣਾ ਤੋਂ ਕਿਸਾਨਾ, ਮਜ਼ਦੂਰਾਂ, ਨੌਜਵਾਨਾਂ ਵੱਲੋ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ।ਕਿਸਾਨ ਆਗੂ ਚਮਕੌਰ ਸਿੰਘ ਰੋਡੇ ਤੇ ਮਜ਼ਦੂਰ ਆਗੂ ਮੰਗਾ ਸਿੰਘ ਵੈਰੋਕੇ ਨੇ ਕਿਹਾ ਕਿ ਪੰਜਾਬ ਦੇ ਦਰਿਆਈ ਪਾਣੀਆਂ ਦਾ ਮਸਲਾ ਰਿਪੇਰੀਅਨ ਸਿਧਾਂਤ ਮੁਤਾਬਿਕ ਹੱਲ ਕੀਤਾ ਜਾਵੇ, ਪੰਜਾਬ ਦੀ ਰਾਜਧਾਨੀ ਚੰਡੀਗੜ੍ਹ, ਪੰਜਾਬੀ ਬੋਲਦੇ ਇਲਾਕੇ, ਸਿੱਖਿਆ ਨੀਤੀ ਬਣਾਉਣ ਦਾ ਅਧਿਕਾਰ, ਯੂਨੀਵਰਸਿਟੀ ਦੇ ਵੀ ਸੀ ਲਾਉਣ ਦਾ ਅਧਿਕਾਰ ਪੰਜਾਬ ਨੂੰ ਦਿੱਤਾ ਜਾਵੇ।ਸਿਆਸੀ ਕੈਦੀਆਂ ਤੇ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਿੱਖ ਕੈਦੀਆਂ ਨੂੰ ਰਿਹਾਅ ਕੀਤਾ ਜਾਵੇ, ਐੱਨ.ਆਈ.ਏ. ਤੇ ਯੂ.ਏ.ਪੀ.ਏ. ਜਿਹੇ ਸਾਰੇ ਜਾਲਮ ਕਾਨੂੰਨ, ਮਜ਼ਦੂਰ ਵਿਰੋਧੀ ਚਾਰ ਲੇਬਰ ਕੋਡ, ਜੀ ਰਾਮ ਜੀ ਕਾਨੂੰਨ, ਬਿਜਲੀ ਬਿੱਲ, ਬੀਜ ਬਿੱਲ, ਸਿਆਸਤ ਤੋਂ ਪ੍ਰੇਰਿਤ ਐੱਸ.ਆਈ.ਆਰ. ਰੱਦ ਕਰਵਾਉਣ ਦੀ ਮੰਗ ਨੂੰ ਲੈ ਕੇ ਫਾਸ਼ੀ ਹਮਲਿਆਂ ਵਿਰੋਧੀ ਫਰੰਟ ਵੱਲੋਂ 22 ਜੂਨ ਨੂੰ ਮੋਗਾ ਵਿਖੇ ਕੀਤੇ ਜਾ ਰਹੇ ਰੋਸ ਪ੍ਰਦਰਸ਼ਨ ਵਿੱਚ ਬਲਾਕ ਬਾਘਾ ਪੁਰਾਣਾ ਤੋਂ ਇਨਸਾਫ ਪਸੰਦ ਲੋਕਾਂ ਵੱਲੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ।

## ਮੁਨੀਮ ਯੂਨੀਅਨ ਨੇ ਲੱਭਿਆ ਮੋਬਾਇਲ ਵਾਪਸ ਕੀਤਾ



**ਮੱਖੂ (ਰਛਪਾਲ ਸਿੰਘ ਸੰਧੂ)**-ਸ਼ੈਲਰਾਂ ਦੇ ਮੁਨੀਮਾਂ ਵੱਲੋਂ ਗਰੀਬ ਮਜ਼ਦੂਰ ਦਾ ਲੱਭਿਆ ਹੋਇਆ ਮੋਬਾਇਲ ਵਾਪਸ ਕਰਕੇ ਇਮਾਨਦਾਰੀ ਜਿੰਦਾ ਹੋਣ ਦੀ ਮਿਸਾਲ ਕਾਇਮ ਕੀਤੀ ਗਈ।ਕੁਲਵਿੰਦਰ ਸਿੰਘ ਬੱਗੇਵਾਲਾ ਜੋ ਕਿ ਲੇਬਰ ਵਿੱਚ ਮਜ਼ਦੂਰੀ ਦਾ ਕੰਮ ਕਰਦਾ ਹੈ।ਆਹੂਜਾ ਕੰਪਲੈਕਸ ਗੁਦਾਮ ਖਡੂਰ ਵਿਖੇ ਸ਼ੈਲਰ ਵਾਲਿਆਂ ਦੇ ਚੌਲ ਲਗਾਉਣ ਲਈ ਆਇਆ ਹੋਇਆ ਸੀ।ਉਸ ਵਕਤ ਕੁਲਵਿੰਦਰ ਸਿੰਘ ਦਾ ਮੋਬਾਇਲ ਗੁਦਾਮ ਵਿੱਚ ਡਿੱਗ ਪਿਆ ਸੀ।ਡਿੱਗਿਆ ਹੋਇਆ ਮੋਬਾਇਲ ਸ਼ੈਲਰ ਦੇ ਮੁਨੀਮਾਂ ਨੂੰ ਮਿਲ ਗਿਆ।ਉਨ੍ਹਾਂ ਵੱਲੋਂ ਮੋਬਾਇਲ ਦੇ ਅਸਲ ਮਾਲਕ ਦੀ ਜਾਂਚ ਕਰਨ ਤੋਂ ਬਾਅਦ ਮੁਨੀਮਾਂ ਵੱਲੋਂ ਮੁਨੀਮ ਯੂਨੀਅਨ ਦੇ ਪ੍ਰਧਾਨ ਭਗਵਤ ਪ੍ਰਸ਼ਾਦ ਪੱਪੂ ਦੀ ਅਗਵਾਈ ਵਿੱਚ ਕੁਲਵਿੰਦਰ ਸਿੰਘ ਨੂੰ ਮੋਬਾਇਲ ਵਾਪਸ ਕੀਤਾ ਗਿਆ।ਡਿੱਗਿਆ ਹੋਇਆ ਮੋਬਾਇਲ ਵਾਪਸ ਮਿਲਣ ਤੇ ਕੁਲਵਿੰਦਰ ਸਿੰਘ ਦੇ ਚੇਹਰੇ 'ਤੇ ਖੁਸ਼ੀ ਦੇਖਣ ਨੂੰ ਮਿਲੀ।ਮੋਬਾਇਲ ਮਿਲਣ ਦੀ ਖੁਸ਼ੀ ਵਿੱਚ ਕੁਲਵਿੰਦਰ ਸਿੰਘ ਵੱਲੋਂ ਸਾਰਿਆਂ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਜਸਬੀਰ ਸਿੰਘ ਫੌਜੀ, ਸੁਭਾਸ਼ ਕੁਮਾਰ, ਜਗਦੀਸ਼ ਚੰਦਰ, ਰਾਜ ਕੁਮਾਰ, ਨਵੀਨ ਕੁਮਾਰ, ਰਮਨ ਕੁਮਾਰ, ਵਿਨੋਦ ਕੁਮਾਰ, ਦਲੀਪ ਕੁਮਾਰ, ਰਾਜੀਵ ਕੁਮਾਰ ਆਦਿ ਹਾਜ਼ਰ ਸਨ।

## ਮਨਸੂਰੀਆ ਕੁੰਗਫੂ ਇੰਟਰਨੈਸ਼ਨਲ ਐਸੋਸੀਏਸ਼ਨ ਵੱਲੋਂ 'ਨੈਸ਼ਨਲ ਟਰੇਨਿੰਗ ਕੈਂਪ' ਅੱਜ ਤੇ ਭਲਕੇ



**ਜਲੰਧਰ (ਨ ਜ਼ ਸ)**-ਮਨਸੂਰੀਆ ਕੁੰਗਫੂ ਇੰਟਰਨੈਸ਼ਨਲ ਐਸੋਸੀਏਸ਼ਨ ਵੱਲੋਂ ਜਲੰਧਰ ਦੇ ਵਿਜੇ ਰਿਜੌਰਟ, ਮਕਸੂਦਾਂ ਵਿਖੇ 20 ਤੇ 21 ਜੂਨ, 2026 ਨੂੰ ਦੋ ਰੋਜ਼ਾ 'ਨੈਸ਼ਨਲ ਟਰੇਨਿੰਗ ਕੈਂਪ' ਦਾ ਆਯੋਜਨ ਕੀਤਾ ਜਾ ਰਿਹਾ ਹੈ।ਇਸ ਸੰਬੰਧੀ ਪੰਜਾਬ ਦੇ ਮਾਸਟਰ ਸਿਫੂ ਟੀ.ਕੇ. ਨਰਜ਼ਰੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੈਂਪ ਦੌਰਾਨ ਗ੍ਰੈਂਡ ਮਾਸਟਰ ਸ਼ੀ ਸ਼ਿਫੂ ਸ਼ਾਂਤੀ ਕੁਮਾਰ ਸਿੰਘ (8ਵੀਂ ਡਿਗਰੀ ਬਲੈਕ ਬੈਲਟ), ਗ੍ਰੈਂਡ ਮਾਸਟਰ ਸ਼ੀ ਸ਼ਿਫੂ ਤਾਰਨ ਕੁਮਾਰ ਨਰਜ਼ਰੀ (ਗ੍ਰੈਂਡ ਮਾਸਟਰ ਆਫ ਪੰਜਾਬ), ਸ਼ੀ ਸ਼ਿਫੂ ਬਿਪਲਬ ਅਚਾਰਜੀ (ਗ੍ਰੈਂਡ ਮਾਸਟਰ, ਆਸਾਮ), ਸ਼ਿਫੂ ਅਭਿਸ਼ੇਕ ਬਿਸ਼ਵਾਸ (ਮਾਸਟਰ, ਤ੍ਰਿਪੁਰਾ), ਸ਼ਿਫੂ ਊਮਾ ਕਾਂਤ ਬਹੇੜਾ (ਮਾਸਟਰ, ਉੜੀਸਾ), ਸਿਫੂ ਪ੍ਰਮੋਦ ਤਿਵਾੜੀ (ਮਾਸਟਰ, ਉੱਤਰ ਪ੍ਰਦੇਸ਼) ਅਤੇ ਪੰਕਜ ਕੁਮਾਰ (ਮਾਸਟਰ, ਹਿਮਾਚਲ ਪ੍ਰਦੇਸ਼) ਵੱਲੋਂ ਖਿਡਾਰੀਆਂ ਨੂੰ ਕੁੰਗਫੂ ਅਤੇ ਕਰਾਟੇ ਦੀਆਂ ਵੱਖ-ਵੱਖ ਤਕਨੀਕਾਂ ਸੰਬੰਧੀ ਸਿਖਲਾਈ ਦਿੱਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ ਆਤਮ-ਰੱਖਿਆ, ਅਨੁਸ਼ਾਸਨ ਅਤੇ ਸਰੀਰਕ ਤੰਦਰੁਸਤੀ ਸੰਬੰਧੀ ਵਿਸ਼ੇਸ਼ ਜਾਣਕਾਰੀ ਵੀ ਦਿੱਤੀ ਜਾਵੇਗੀ।ਇਸ ਮੌਕੇ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਭਾਗੀਦਾਰਾਂ ਨੂੰ ਮਾਸਟਰਾਂ ਵੱਲੋਂ ਸਰਟੀਫਿਕੇਟ ਪ੍ਰਦਾਨ ਕੀਤੇ ਜਾਣਗੇ, ਜਦਕਿ ਯੋਗ ਖਿਡਾਰੀਆਂ ਨੂੰ ਉਨ੍ਹਾਂ ਦੀ ਪ੍ਰਾਪਤੀ ਅਨੁਸਾਰ ਬੈਲਟਾਂ ਦੀ ਵੰਡ ਵੀ ਕੀਤੀ ਜਾਵੇਗੀ।

## ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਪੁਰਬ ਸ਼ਰਧਾ ਭਾਵਨਾ ਨਾਲ ਮਨਾਇਆ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸ਼ਹੀਦਾਂ ਦੇ ਸਰਤਾਜ ਪੰਜਵੇਂ ਪਾਤਸ਼ਾਹ ਧੰਨ-ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਗੁਰਪੁਰਬ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗੁਰਦੁਆਰਾ ਗੁਰੂ ਰਾਮਦਾਸਪੁਰੀ ਅਰਮਾਨਪੁਰਾ (ਆਂਸਲ) ਵਿਖੇ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। 17 ਜੂਨ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ ਤੇ 18 ਜੂਨ ਨੂੰ ਗੁਰਦੁਆਰਾ ਗੁਰੂ ਰਾਮਦਾਸਪੁਰੀ ਅਰਮਾਨਪੁਰਾ, ਗੁਰੂ ਰਾਮਦਾਸ ਪਬਲਿਕ ਸਕੂਲ ਸ਼ਾਹਦੀਨ ਵਾਲਾ ਤੇ ਗੁਰਦੁਆਰਾ ਗੁਰੂ ਤੇਗ ਬਹਾਦਰ ਸਾਹਿਬ ਜ਼ੀਰਾ ਗੇਟ ਫਿਰੋਜ਼ਪੁਰ ਸ਼ਹਿਰ ਵੱਲੋਂ ਠੰਢੇ ਮਿੱਠੇ ਜਲ ਦੀਆਂ ਛਬੀਲਾਂ ਤੇ ਲੰਗਰ ਲਗਾਏ ਗਏ। ਸ਼ੁੱਕਰਵਾਰ 19 ਜੂਨ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਉਪਰੰਤ ਖੁੱਲ੍ਹੇ ਪੰਡਾਲ ਵਿੱਚ ਦੀਵਾਨ ਸਜਾਏ ਗਏ, ਜਿਨ੍ਹਾਂ ਵਿਚ ਰਾਗੀ ਸਿੰਘਾਂ, ਕਥਾ ਵਾਚਕਾਂ ਤੇ ਢਾਡੀ ਜੱਥਿਆਂ ਨੇ ਸੰਗਤਾਂ ਨੂੰ ਕਥਾ ਵਿਚਾਰਾਂ, ਕਵੀਸ਼ਰੀ ਤੇ ਕੀਰਤਨ ਨਾਲ ਨਿਹਾਲ ਕੀਤਾ। ਗੁਰਦੁਆਰਾ ਰਾਮਦਾਸਪੁਰੀ ਦੇ ਮੁੱਖ ਸੇਵਾਦਾਰ ਭਗਤ ਬਾਬਾ ਮਿਲਖਾ ਸਿੰਘ ਨੇ ਸਮਾਗਮ ਵਿਚ ਦੂਰੋਂ ਨੇੜਿਓਂ ਪਹੁੰਚੀਆਂ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਸੰਗਤਾਂ ਨੂੰ ਪੰਜਵੇਂ ਪਾਤਸ਼ਾਹ ਧੰਨ-ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਜੀਵਨ ਬਾਰੇ ਚਾਨਣਾ ਪਾਇਆ। ਬਾਬਾ ਜੀ ਨੇ ਸੰਗਤਾਂ ਨੂੰ ਅੰਮ੍ਰਿਤ ਛਕਣ ਤੇ ਗੁਰੂ ਘਰ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ, ਉਪਰੰਤ ਗੁਰੂ ਘਰ ਦਾ ਲੰਗਰ ਅਤੁੱਟ ਵਰਤਾਇਆ ਗਿਆ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# ਪ੍ਰਾਈਵੇਟ ਸਕੂਲਾਂ ਦੀਆਂ ਫੀਸਾਂ ਬਨਾਮ ਸਰਕਾਰੀ ਯੂਨੀਵਰਸਿਟੀਆਂ ਦੀਆਂ ਫੀਸਾਂ

## ਸੈਲਫ ਫਾਇਨਾਂਸਿੰਗ ਸੰਸਥਾਵਾਂ ਸਿੱਖਿਆ ਦੀ ਰੀੜ੍ਹ ਦੀ ਹੱਡੀ: ਜਗਜੀਤ ਸਿੰਘ ਧੂਰੀ



**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**- ਪੰਜਾਬ ਸਰਕਾਰ ਵੱਲੋਂ ਅਨਏਡਿਡ ਪ੍ਰਾਈਵੇਟ ਸਕੂਲਾਂ ਦੀਆਂ ਫੀਸਾਂ ਵਿੱਚ ਸਾਲਾਨਾ ਵਾਧੇ ਦੀ ਦਰ ਨੂੰ 8 ਫੀਸਦੀ ਤੋਂ ਘਟਾ ਕੇ 5 ਫੀਸਦੀ ਕਰਨ ਸਬੰਧੀ ਚੱਲ ਰਹੀਆਂ ਚਰਚਾਵਾਂ ਉਤੇ ਪ੍ਰਤੀਕਿਰਿਆ ਦਿੰਦਿਆਂ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨਜ਼ ਆਫ ਪੰਜਾਬ (ਫੈਪ) ਦੇ ਸੂਬਾ ਪ੍ਰਧਾਨ ਸਰਦਾਰ ਜਗਜੀਤ ਸਿੰਘ ਧੂਰੀ ਨੇ ਕਿਹਾ ਕਿ ਅਜਿਹਾ ਫ਼ੈਸਲਾ ਨਾ ਤਾਂ ਮਾਪਿਆਂ ਦੇ ਹਿੱਤ ਵਿੱਚ ਹੋਵੇਗਾ ਅਤੇ ਨਾ ਹੀ ਸਿੱਖਿਆ ਸੰਸਥਾਵਾਂ ਦੇ।ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਅਸਲ ਵਿੱਚ ਮਾਪਿਆਂ ਉਤੇ ਪੈ ਰਹੇ ਆਰਥਿਕ ਬੋਝ ਨੂੰ ਘਟਾਉਣਾ ਚਾਹੁੰਦੀ ਹੈ ਤਾਂ ਸਭ ਤੋਂ ਪਹਿਲਾਂ ਪ੍ਰਾਈਵੇਟ ਸਿੱਖਿਆ ਸੰਸਥਾਵਾਂ ਨੂੰ ਸਿੱਧੇ ਅਤੇ ਅਸਿੱਧੇ ਤੌਰ ਤੇ ਲੱਗ ਰਹੇ ਟੈਕਸਾਂ ਅਤੇ ਵੱਖ-ਵੱਖ ਸਰਕਾਰੀ ਫੀਸਾਂ ਤੋਂ ਰਾਹਤ ਦਿੱਤੀ ਜਾਣੀ ਚਾਹੀਦੀ ਹੈ।ਉਨ੍ਹਾਂ ਦੱਸਿਆ ਕਿ ਹਾਲ ਹੀ ਵਿੱਚ ਲੁਧਿਆਣਾ ਵਿਖੇ ਪੰਜਾਬ ਭਰ ਦੇ ਜ਼ਿਲ੍ਹਾ ਪ੍ਰਧਾਨਾਂ ਅਤੇ ਕੋਰ ਕਮੇਟੀ ਮੈਂਬਰਾਂ ਦੀ ਮੀਟਿੰਗ ਹੋਈ, ਜਿਸ ਵਿੱਚ ਸਰਕਾਰ ਨੂੰ ਇਸ ਸਬੰਧੀ ਮਜ਼ਬੂਤ ਅਤੇ ਤੱਥਾਂ ਅਧਾਰਿਤ ਪ੍ਰਤੀਨਿਧਤਾ ਦੇਣ ਦਾ ਫ਼ੈਸਲਾ ਕੀਤਾ ਗਿਆ।ਸਰਦਾਰ ਧੂਰੀ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਹਰ ਸਾਲ 5 ਤੋਂ 6 ਫੀਸਦੀ ਤੱਕ ਮਹਿੰਗਾਈ ਦਰ ਦਾ ਪ੍ਰਭਾਵ ਰਹਿੰਦਾ ਹੈ।ਇਸ ਤੋਂ ਇਲਾਵਾ ਬਿਜਲੀ, ਰੱਖ-ਰਖਾਅ, ਤਕਨੀਕੀ ਢਾਂਚੇ, ਸੁਰੱਖਿਆ ਪ੍ਰਬੰਧਾਂ ਅਤੇ ਹੋਰ ਪ੍ਰਸ਼ਾਸਨਿਕ ਖਰਚਿਆਂ ਵਿੱਚ ਵੀ ਲਗਾਤਾਰ ਵਾਧਾ ਹੋ ਰਿਹਾ ਹੈ।ਅਜਿਹੇ ਵਿੱਚ ਜੇਕਰ ਫੀਸ ਵਾਧੇ ਨੂੰ 5 ਫੀਸਦੀ ਤੱਕ ਸੀਮਿਤ ਕਰ ਦਿੱਤਾ ਜਾਂਦਾ ਹੈ ਤਾਂ ਅਸਲ ਵਿੱਚ ਸਕੂਲਾਂ ਲਈ ਕੋਈ ਵਾਧੂ ਆਰਥਿਕ ਸਰੋਤ ਨਹੀਂ ਬਚੇਗਾ।ਉਨ੍ਹਾਂ ਕਿਹਾ ਕਿ ਇਸ ਦਾ ਸਿੱਧਾ ਅਸਰ ਅਧਿਆਪਕਾਂ ਅਤੇ ਹੋਰ ਕਰਮਚਾਰੀਆਂ ਦੀਆਂ ਤਨਖਾਹਾਂ ਉਤੇ ਪਵੇਗਾ ਅਤੇ ਉਨ੍ਹਾਂ ਨੂੰ ਸਨਮਾਨਯੋਗ ਤਨਖਾਹ ਵਾਧਾ ਦੇਣਾ ਵੀ ਮੁਸ਼ਕਿਲ ਹੋ ਜਾਵੇਗਾ। ਗੁਣਵੱਤਾ ਭਰਪੂਰ ਸਿੱਖਿਆ ਲਈ ਯੋਗ ਅਤੇ ਪ੍ਰੇਰਿਤ ਅਧਿਆਪਕਾਂ ਦੀ ਉਪਲਬਧਤਾ ਬਹੁਤ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਸਕੂਲਾਂ ਲਈ ਲਾਜ਼ਮੀ ਫਾਇਰ ਸੇਫਟੀ ਅਤੇ ਬਿਲਡਿੰਗ ਸੇਫਟੀ ਸਰਟੀਫਿਕੇਟਾਂ ਦੀਆਂ ਫੀਸਾਂ ਵਿੱਚ ਵੀ 100 ਤੋਂ 200 ਫੀਸਦੀ ਤੱਕ ਵਾਧਾ ਹੋ ਚੁੱਕਾ ਹੈ ਸਰਦਾਰ ਧੂਰੀ ਨੇ ਸਵਾਲ ਉਠਾਇਆ ਕਿ ਜਦੋਂ ਸਰਕਾਰੀ ਯੂਨੀਵਰਸਿਟੀਆਂ, ਕਾਲਜਾਂ ਅਤੇ ਹੋਰ ਸਰਕਾਰੀ ਸਿੱਖਿਆ ਸੰਸਥਾਵਾਂ ਆਪਣੀਆਂ ਫੀਸਾਂ ਵਿੱਚ ਵਾਧਾ ਕਰਦੀਆਂ ਹਨ ਤਾਂ ਉਸ ਲਈ ਕੋਈ ਨਿਰਧਾਰਤ ਸੀਮਾ ਨਹੀਂ ਹੁੰਦੀ।ਫਿਰ ਪ੍ਰਾਈਵੇਟ ਸਕੂਲਾਂ ਲਈ ਹੀ ਵੱਖਰੇ ਮਾਪਦੰਡ ਕਿਉਂ ਅਪਣਾਏ ਜਾ ਰਹੇ ਹਨ? ਉਨ੍ਹਾਂ ਕਿਹਾ ਕਿ ਸਿੱਖਿਆ ਖੇਤਰ ਨਾਲ ਜੁੜੀਆਂ ਸਾਰੀਆਂ ਸੰਸਥਾਵਾਂ ਲਈ ਨੀਤੀਆਂ ਬਣਾਉਂਦੇ ਸਮੇਂ ਇਕਸਾਰਤਾ ਅਤੇ ਵਿਹਾਰਕਤਾ ਨੂੰ ਧਿਆਨ ਵਿੱਚ ਰੱਖਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਫੈਡਰੇਸ਼ਨ ਵੱਲੋਂ ਸਰਕਾਰ ਅੱਗੇ ਆਪਣਾ ਪੱਖ ਤੱਥਾਂ ਸਮੇਤ ਰੱਖਿਆ ਜਾਵੇਗਾ।ਜੇਕਰ ਸਰਕਾਰ ਨੇ ਸਾਰੇ ਪੱਖਾਂ ਨੂੰ ਸੁਣੇ ਬਿਨਾਂ ਇੱਕਤਰਫਾ ਫ਼ੈਸਲਾ ਲਿਆ ਤਾਂ ਸਿੱਖਿਆ ਸੰਸਥਾਵਾਂ ਦੇ ਹਿੱਤਾਂ ਦੀ ਰੱਖਿਆ ਲਈ ਮਾਨਯੋਗ ਅਦਾਲਤ ਦਾ ਦਰਵਾਜ਼ਾ ਖੜਕਾਉਣ ਸਮੇਤ ਸਾਰੇ ਕਾਨੂੰਨੀ ਵਿਕਲਪਾਂ ਤੇ ਵਿਚਾਰ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਵੱਡੀ ਗਿਣਤੀ ਵਿੱਚ ਅਜਿਹੇ ਸਕੂਲ ਹਨ ਜਿਨ੍ਹਾਂ ਦੀ ਮਹੀਨਾਵਾਰ ਫੀਸ 3000 ਤੋਂ 5000 ਰੁਪਏ ਦੇ ਵਿਚਕਾਰ ਹੈ।ਜੇਕਰ ਅਜਿਹੇ ਸਕੂਲਾਂ ਨੂੰ ਆਪਣੀਆਂ ਫੀਸਾਂ ਵਿੱਚ ਵਾਜਬ ਵਾਧਾ ਕਰਨ ਦੀ ਇਜਾਜ਼ਤ ਨਾ ਮਿਲੀ ਤਾਂ ਉਨ੍ਹਾਂ ਲਈ ਮਿਆਰੀ ਸਿੱਖਿਆ, ਆਧੁਨਿਕ ਸਹੂਲਤਾਂ ਅਤੇ ਯੋਗ ਅਧਿਆਪਕਾਂ ਨੂੰ ਸਨਮਾਨਯੋਗ ਤਨਖਾਹਾਂ ਦੇਣਾ ਮੁਸ਼ਕਿਲ ਹੋ ਜਾਵੇਗਾ।

# 'ਮਾਵਾਂ ਧੀਆਂ ਸਤਿਕਾਰਯੋਗ ਯੋਜਨਾ' ਤਹਿਤ ਫਾਰਮ ਭਰੇ



**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**-ਆਮ ਆਦਮੀ ਪਾਰਟੀ ਵੱਲੋਂ ਲਾਗੂ ਕੀਤੀ ਗਈ ਮਾਵਾਂ ਧੀਆਂ ਸਤਿਕਾਰਯੋਗ ਯੋਜਨਾ ਦਾ ਲਾਭ ਪ੍ਰਾਪਤ ਕਰਨ ਲਈ ਪਿੰਡ ਫਤਿਹਗੜ੍ਹ ਭੋਇਆ ਵਿਖੇ ਮਹਿਲਾਵਾਂ ਨੇ ਆਪਣੇ ਕਾਰਡ ਭਰ ਕੇ ਰਜਿਸਟਰੇਸ਼ਨ ਕਰਵਾਈ। ਇਸ ਮੌਕੇ ਹਲਕਾ ਮਜੀਠਾ ਦੇ ਯੂਥ ਵਿੰਗ ਪ੍ਰਧਾਨ ਗੁਰਪ੍ਰੀਤ ਸਿੰਘ, ਆਪ ਦੇ ਸੀਨੀਅਰ ਵਰਕਰ ਸੁਖਦੇਵ ਸਿੰਘ, ਭੁਪਿੰਦਰ ਸਿੰਘ ਭੋਇਆ, ਰਣਜੀਤ ਸਿੰਘ, ਗੁਰਦੀਪ ਸਿੰਘ, ਬਲਕਾਰ ਸਿੰਘ ਫੌਜੀ ਆਦਿ ਹਾਜ਼ਰ ਸਨ।

# ਵਿਦਿਆਰਥੀਆਂ ਤੇ ਜਮਹੂਰੀ ਕਾਰਕੁਨਾਂ ਨੂੰ ਪ੍ਰੇਸ਼ਾਨ ਕਰਨਾ ਬੰਦ ਕਰੇ ਕੇਂਦਰੀ ਜਾਂਚ ਏਜੰਸੀ : ਜਮਹੂਰੀ ਫਰੰਟ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**

ਓਪਰੇਸ਼ਨ ਗਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਪੰਜਾਬ ਦੇ ਕਨਵੀਨਰਾਂ ਡਾ. ਪਰਮਿੰਦਰ ਸਿੰਘ, ਪ੍ਰੋਫੈਸਰ ਏ. ਕੇ. ਮਲੇਰੀ, ਬੂਟਾ ਸਿੰਘ ਮਹਿਮੂਦਪੁਰ ਅਤੇ ਯਸ਼ਪਾਲ ਚੰਡੀਗੜ੍ਹ ਨੇ ਇੱਕ ਪ੍ਰੈੱਸ ਬਿਆਨ ਰਾਹੀਂ ਕੌਮੀ ਜਾਂਚ ਏਜੰਸੀ (ਐੱਨਆਈਏ) ਵੱਲੋਂ ਪੁਲਸ ਅਤੇ ਸੀ. ਆਰ. ਪੀ. ਐੱਫ. ਨੂੰ ਨਾਲ ਲੈ ਕੇ ਰੈਵੋਲੂਸ਼ਨਰੀ ਸਟੂਡੈਂਟਸ ਫਰੰਟ (ਆਰ. ਐੱਸ. ਐੱਫ.) ਪੱਛਮੀ ਬੰਗਾਲ ਦੇ ਜਨਰਲ ਸਕੱਤਰ ਤਥਾਗਤ ਰਾਏ ਚੌਧਰੀ, ਫੈਮਿਨਿਸਟਸ ਇਨ ਰਜ਼ਿਸਟੈਂਸ ਦੀ ਕਾਰਕੁਨ ਝਿਲਮ ਰਾਏ ਅਤੇ ਸੰਗਰਾਮੀ ਕਿਸਾਨ ਮੰਚ ਦੇ ਕਾਰਕੁਨ ਤੇ ਅਧਿਆਪਕ ਸੁਕੁਮਾਰ ਕਾਇਲ ਘਰ ਛਾਪੇਮਾਰੀ ਕਰਨ, ਲੋਕਪੱਖੀ ਸਾਹਿਤ ਕਬਜ਼ੇ ਵਿਚ ਲੈਣ ਅਤੇ ਤਥਾਗਤ ਨੂੰ ਝਾਰਖੰਡ ਵਿਚ ਪੁੱਛਗਿੱਛ ਲਈ ਹਾਜ਼ਰ ਹੋਣ ਦਾ ਹੁਕਮ ਸੁਣਾਉਣ ਦੀ ਸਖ਼ਤ ਸ਼ਬਦਾਂ 'ਚ ਨਿਖੇਧੀ ਕੀਤੀ ਹੈ।ਇਸ ਮੌਕੇ ਸੂਬਾ ਕਮੇਟੀ ਆਗੂਆਂ ਯਸ਼ਪਾਲ ਝਬਾਲ, ਐਡਵੋਕੇਟ ਅਮਰਜੀਤ ਬਾਈ ਅਤੇ ਸੁਮੀਤ ਅੰਮ੍ਰਿਤਸਰ ਨੇ ਦੋਸ਼ ਲਾਇਆ ਕਿ ਕੁਦਰਤੀ ਵਸੀਲਿਆਂ ਦੀ ਧਾੜਵੀ ਲੁੱਟ ਦੇ ਖਿਲਾਫ਼ ਆਵਾਜ਼ ਉਠਾਉਣ ਵਾਲੇ ਜਮਹੂਰੀ ਕਾਰਕੁਨਾਂ ਨੂੰ ਡਰਾਉਣ ਅਤੇ ਚੁੱਪ ਕਰਵਾਉਣ ਲਈ ਇਹ ਛਾਪੇਮਾਰੀਆਂ ਸਿਵਲ ਸੁਸਾਇਟੀ ਨੂੰ 'ਸ਼ਹਿਰੀ ਨਕਸਲੀ' ਦਾ ਠੱਪਾ ਲਾ ਕੇ ਦਬਾਉਣ ਦੇ ਭਾਜਪਾ ਦੇ ਬਾਕਾਇਦਾ ਏਜੰਡੇ ਦੇ ਤਹਿਤ ਹਨ ਅਤੇ ਲੋਕਾਂ ਵਿੱਚ ਸੱਤਾ ਦਾ ਖ਼ੌਫ਼ ਪੈਦਾ ਕਰਨ, ਸੱਤਾ ਦੀਆਂ ਨੀਤੀਆਂ ਨਾਲ ਅਸਹਿਮਤੀ ਪ੍ਰਗਟਾਉਣ ਅਤੇ ਲੋਕ-ਪੱਖੀ ਰਾਜਨੀਤੀ ਦੀ ਗੱਲ ਕਰਨ ਦੇ ਬੁਨਿਆਦੀ ਜਮਹੂਰੀ ਅਧਿਕਾਰਾਂ 'ਤੇ ਸਿੱਧਾ ਹਮਲਾ ਹਨ।ਉਨ੍ਹਾਂ ਦੋਸ਼ ਲਾਇਆ ਕਿ ਅਜਿਹੀਆਂ ਤਾਨਾਸ਼ਾਹੀ ਕਾਰਵਾਈਆਂ ਜਮਹੂਰੀ ਆਵਾਜ਼ਾਂ ਨੂੰ ਕਾਲੇ ਕਾਨੂੰਨ ਯੂ. ਏ. ਪੀ. ਏ. ਦੇ ਤਹਿਤ ਝੂਠੇ ਕੇਸਾਂ ਵਿਚ ਜੇਲ੍ਹਾਂ ਵਿਚ ਸਾੜਨ ਦਾ ਖ਼ੌਫ਼ ਪੈਦਾ ਕਰਕੇ ਚੁੱਪ ਕਰਵਾਉਣ ਦੀ ਵੱਡੀ ਸਾਜ਼ਿਸ਼ ਹੈ ਤਾਂ ਜੋ ਭਾਜਪਾ-ਆਰ. ਐੱਸ. ਐੱਸ. ਦੀਆਂ ਲੋਕ ਵਿਰੋਧੀ ਨੀਤੀਆਂ ਅਤੇ ਫ਼ਿਰਕੂ ਤੇ ਕਾਰਪੋਰੇਟ ਪੱਖੀ ਵਿਚਾਰਧਾਰਾ ਦੇ ਖ਼ਿਲਾਫ਼ ਕੋਈ ਆਵਾਜ਼ ਉਠਾਉਣ ਦੀ ਹਿੰਮਤ ਨਾ ਕਰੇ।ਜਮਹੂਰੀ ਫਰੰਟ ਦੇ ਆਗੂਆਂ ਨੇ ਮੰਗ ਕੀਤੀ ਕਿ ਮਾਓਵਾਦੀ ਸਾਜ਼ਿਸ਼ ਦੇ ਤਹਿਤ ਨਿਸ਼ਾਨਾ ਬਣਾਏ ਜਾ ਰਹੇ ਵਿਦਿਆਰਥੀਆਂ ਅਤੇ ਹੋਰ ਜਮਹੂਰੀ ਕਾਰਕੁਨਾਂ ਨੂੰ ਤੰਗ-ਪਰੇਸ਼ਾਨ ਕਰਨਾ ਬੰਦ ਕੀਤਾ ਜਾਵੇ; ਜਾਂਚ ਏਜੰਸੀਆਂ ਹਕੂਮਤ ਦਾ ਸੰਦ ਬਣ ਕੇ ਹਕੂਮਤੀ ਦਹਿਸ਼ਤ ਪਾਉਣਾ ਬੰਦ ਕਰਨ ਅਤੇ ਜਾਬਰ ਕੌਮੀ ਜਾਂਚ ਏਜੰਸੀ ਭੰਗ ਕੀਤੀ ਜਾਵੇ।ਫਰੰਟ ਨੇ ਸਮੂਹ ਲੋਕ-ਪੱਖੀ, ਜਮਹੂਰੀ ਤਾਕਤਾਂ ਨੂੰ ਇਸ ਹਮਲੇ ਵਿਰੁੱਧ ਮਜ਼ਬੂਤ ਵਿਰੋਧ ਲਹਿਰ ਖੜ੍ਹੀ ਕਰਨ ਦੀ ਪੁਰਜ਼ੋਰ ਅਪੀਲ ਕੀਤੀ ਹੈ।

# ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਮਨਾਇਆ



**ਅੱਡਾ ਸਰਾਂ (ਜਸਵੀਰ ਕਾਜਲ)**-ਗੁਰਦੁਆਰਾ ਬ੍ਰਹਮ ਗਿਆਨੀ ਧੰਨ ਧੰਨ ਬਾਬਾ ਕੇਸਰ ਦਾਸ ਜੀ ਦੇ ਅਸਥਾਨ ਵਿਖੇ ਪੰਜਵੇਂ ਪਾਤਸ਼ਾਹ ਸ਼ਹੀਦਾਂ ਦੇ ਸਿਰਤਾਜ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਪਾਵਨ ਸ਼ਹੀਦੀ ਦਿਹਾੜਾ ਨਗਰ ਨਿਵਾਸੀਆਂ, ਇਲਾਕੇ ਦੀਆਂ ਸੰਗਤਾਂ ਅਤੇ ਐੱਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਬਹੁਤ ਹੀ ਸ਼ਰਧਾ ਅਤੇ ਸਤਿਕਾਰ ਸਹਿਤ ਮਨਾਇਆ ਗਿਆ।ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਕਰਵਾਏ ਇਸ ਸਮਾਗਮ ਸੰਧਿਆ ਵੇਲੇ ਸ੍ਰੀ ਰਹਿਰਾਸ ਸਾਹਿਬ ਜੀ ਦੇ ਜਾਪ ਉਪਰੰਤ ਕੀਰਤਨ ਦੀਵਾਨ ਸਜਾਏ ਗਏ, ਜਿਸ ਵਿੱਚ ਪੰਥ ਪ੍ਰਸਿੱਧ ਕੀਰਥਨੀ ਜਥਾ ਭਾਈ ਜੋਗਾ ਸਿੰਘ ਜੀ ਰਾਮੂ ਥਿਆੜੇ ਵਾਲੇ ਪਹੁੰਚੇ ਜਿਨਾਂ ਸੰਗਤਾਂ ਨੂੰ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਮਹਾਰਾਜ ਜੀ ਦੀ ਸ਼ਹੀਦੀ ਬਾਰੇ ਵਿਸਥਾਰ ਪੂਰਵਕ ਚਾਨਣਾ ਪਾਉਂਦੇ ਗੁਰ ਇਤਿਹਾਸ ਨਾਲ ਜੋੜਿਆ।ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਬੱਚਿਆਂ ਦੇ ਗੁਰਬਾਣੀ ਕੰਠ ਮੁਕਾਬਲੇ ਵੀ ਕਰਵਾਏ ਗਏ ਜਿਸ ਵਿੱਚ ਵੱਖ ਵੱਖ ਪਿੰਡਾਂ ਚੋਂ 31 ਬੱਚਿਆਂ ਨੇ ਭਾਗ ਲਿਆ। ਅਲੱਗ ਅਲੱਗ ਤਿੰਨ ਗਰੁੱਪਾਂ ਵਿੱਚ ਹਿੱਸਾ ਲੈਣ ਵਾਲੇ ਬੱਚਿਆਂ 'ਚੋਂ ਗਰੁੱਪ 1 ਚ 10 ਤੋਂ 15 ਸਾਲ ਤੱਕ ਪਹਿਲਾ ਸਥਾਨ ਬਲਜੋਤ ਕੌਰ ਸਪੁੱਤਰੀ ਧਰਮ ਸਿੰਘ ਪਿੰਡ ਜੀਆ ਸਹੋਤਾ, ਦੂਸਰਾ ਸਥਾਨ ਜਸ਼ਦੀਪ ਕੌਰ ਸਪੁੱਤਰੀ ਹੇਮਰਾਜ ਪਿੰਡ ਜੀਆ ਸਹੋਤਾ, ਤੀਸਰਾ ਸਥਾਨ ਨਵਿਸ਼ਕਾ ਕੌਰ ਸਪੁੱਤਰੀ ਡਾ. ਚਰਨਜੀਤ ਸਿੰਘ ਕੰਧਾਲਾ ਜੱਟਾਂ , ਦੂਸਰੇ ਗਰੁੱਪ 'ਚ ਪੰਜ ਤੋਂ 10 ਸਾਲ ਤੱਕ ਵਿੱਚੋਂ ਅੰਗਦਵੀਰ ਸਿੰਘ ਧੂਤ ਕਲਾਂ ਪਹਿਲਾ ਸਥਾਨ, ਹਰਪ੍ਰੀਤ ਕੌਰ ਪਿੰਡ ਕੁੱਲੀਆਂ ਦੂਸਰਾ ਸਥਾਨ, ਜਸਕਰਨ ਸਿੰਘ ਪਿੰਡ ਕੁੱਲੀਆਂ ਤੀਸਰਾ ਸਥਾਨ। ਇਸੇ ਤਰ੍ਹਾਂ ਪੰਜ ਸਾਲ ਤੱਕ ਦੇ ਬੱਚੇ ਪਹਿਲਾ ਸਥਾਨ ਮਨਰੀਤ ਕੌਰ, ਦੂਸਰਾ ਸਥਾਨ ਹਰਪ੍ਰੀਤ ਕੌਰ, ਤੀਸਰਾ ਸਥਾਨ ਅੰਸ਼ਦੀਪ ਕੌਰ, ਚੌਥਾ ਸਥਾਨ ਸਿਮਰਨਜੀਤ ਕੌਰ ਤੇ ਪੰਜਵਾਂ ਸਥਾਨ ਗੁਰਵਿੰਦਰਜੀਤ ਸਿੰਘ ਨੇ ਹਾਸਿਲ ਕੀਤਾ। ਇਹਨਾਂ ਸਭ ਬੱਚਿਆਂ ਨੂੰ ਪ੍ਰਬੰਧਕ ਕਮੇਟੀ ਵੱਲੋਂ ਵਿਸ਼ੇਸ਼ ਸਨਮਾਨ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਪ੍ਰਬੰਧਕ ਕਮੇਟੀ ਪ੍ਰਧਾਨ ਬੀਬੀ ਜੋਗਿੰਦਰ ਕੌਰ, ਸਕੱਤਰ ਪ੍ਰੋ. ਸੁਖਵਿੰਦਰ ਸਿੰਘ, ਮੀਤ ਪ੍ਰਧਾਨ ਨਰਿੰਦਰ ਸਿੰਘ, ਧਰਮਜੀਤ ਸਿੰਘ, ਮਾਸਟਰ ਸਤਨਾਮ ਸਿੰਘ, ਲੰਬੜਦਾਰ ਸੁਰਿੰਦਰ ਸਿੰਘ, ਬਲਵਿੰਦਰ ਸਿੰਘ, ਗੁਰਮੀਤ ਸਿੰਘ, ਰਵਿੰਦਰ ਸਿੰਘ, ਕੇਹਰ ਸਿੰਘ, ਸਰਪੰਚ ਨਰਿੰਦਰ ਕੌਰ, ਜਸਜੀਤ ਸਿੰਘ, ਓਂਕਾਰ ਸਿੰਘ, ਗੁਰਪ੍ਰੀਤ ਸਿੰਘ, ਸੁਖਮਨ ਸਿੰਘ, ਗੁਰਮੇਲ ਸਿੰਘ ਅਤੇ ਹੋਰ ਨਗਰ ਨਿਵਾਸੀ ਹਾਜ਼ਰ ਸਨ।

# ਖੰਡ ਮਿੱਲ ਸੇਰੋਂ ਵਿਖੇ ਲੱਗਾ ਪੱਕਾ ਮੋਰਚਾ ਜਾਰੀ

**ਵਲਟੋਹਾ (ਰਣਜੀਤ ਸਿੰਘ ਵਲਟੋਹਾ )**-ਸੰਯੁਕਤ ਕਿਸਾਨ ਮੋਰਚਾ ਵੱਲੋਂ ਸ਼ੇਰੋਂ ਖੰਡ ਮਿੱਲ ਮੁੜ ਚਾਲੂ ਕਰਨ ਲਈ ਜਾਰੀ ਸੰਘਰਸ਼ ਦੇ 29 ਵੇਂ ਦਿਨ ਮੋਰਚੇ ਵੱਲੋਂ ਤਰਕ ਦਿੱਤਾ ਗਿਆ ਕਿ ਪੰਜਾਬ ਦਾ ਧਰਤੀ ਹੇਠਲਾ ਪਾਣੀ ਬਚਾਉਣ ਲਈ ਇਹ ਬਹੁਤ ਜ਼ਰੂਰੀ ਹੈ ਕਿ ਬੰਦ ਕੀਤੀਆਂ ਖੰਡ ਮਿੱਲਾਂ ਚਲਾਈਆਂ ਜਾਣ।



ਆਗੂਆਂ ਕਿਹਾ ਕਿ ਗੰਨਾ ਇੱਕ ਅਜਿਹੀ ਫ਼ਸਲ ਹੈ ਜੋ ਝੋਨੇ ਦਾ ਸਹੀ ਬਦਲ ਬਣਦਾ ਹੈ ਤੇ ਕਿਸਾਨ ਦਾ ਘਰ ਵੀ ਪੂਰਾ ਕਰਦਾ ਹੈ। ਅੱਜ ਦੇ ਇਕੱਠ ਵਿੱਚ ਸੰਯੁਕਤ ਕਿਸਾਨ ਮੋਰਚਾ ਦੇ ਆਗੂਆਂ, ਹਰਜੀਤ ਸਿੰਘ ਝੀਤਾ, ਦਲਜੀਤ ਸਿੰਘ ਦਿਆਲਪੁਰ, ਸੁਖਦੇਵ ਸਿੰਘ ਤੁੜ, ਮਨਜੀਤ ਸਿੰਘ ਬੱਗੂ, ਨਛੱਤਰ ਸਿੰਘ ਪੰਨੂ, ਜੱਸਾ ਸਿੰਘ ਕੱਦਗਿਲ, ਇੰਦਰਜੀਤ ਸਿੰਘ ਮਰਹਾਣਾ, ਤਰਸੇਮ ਸਿੰਘ ਲੁਹਾਰ ਨੇ ਕਿਹਾ ਕਿ ਸਰਕਾਰੀ ਖੰਡ ਮਿਲ ਸ਼ੇਰੋਂ ਕਿਸਾਨਾਂ ਦੇ 60 ਫੀਸਦੀ ਸ਼ੇਅਰਾਂ ਨਾਲ ਬਣੀ ਹੋਈ ਹੈ, ਇਸ ਲਈ ਕਿਸਾਨਾਂ ਦਾ ਏਨਾ ਵੱਡਾ ਸ਼ੇਅਰ ਹੋਣ ਦੇ ਬਾਵਜੂਦ ਸਰਕਾਰ ਨੇ ਜ਼ਮੀਨ ਦੀ ਮਾਲਕੀ ਬਦਲਣ ਵੇਲੇ ਕਿਸਾਨਾਂ ਕੋਲੋਂ ਪੁੱਛਣਾ ਜ਼ਰੂਰੀ ਨਹੀਂ ਸਮਝਿਆ। ਜੇਕਰ ਸਰਕਾਰ ਨੇ ਆਪਣੇ ਫੈਸਲੇ ਨੂੰ ਨਾ ਬਦਲਿਆ ਤਾਂ ਆਉਣ ਵਾਲੇ ਸਮੇਂ ਵਿੱਚ ਇਹ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਸਰਕਾਰਾਂ ਫ਼ਸਲੀ ਵੰਨ ਸੁਵੰਨਤਾ ਦੀ ਗੱਲ ਪ੍ਰਚਾਰ ਲਈ ਕਰਦੀਆਂ ਹਨ, ਹਕੀਕਤ ਵਿੱਚ ਨਹੀਂ। ਇਹ ਮਿੱਲ ਬੰਦ ਹੋਣ ਨਾਲ ਹਜ਼ਾਰਾਂ ਲੋਕਾਂ ਦੇ ਸਿੱਧੇ ਤੇ ਅਸਿੱਧੇ ਰੁਜ਼ਗਾਰ ਖਤਮ ਹੋਏ ਹਨ। ਉਹਨਾਂ ਕਿਹਾ ਕਿ ਹੈਰਾਨੀ ਦੀ ਗੱਲ ਹੈ ਕਿ ਮਿੱਲ ਵਿੱਚ ਕਿਸਾਨਾਂ ਦੀ ਸੱਠ ਫੀਸਦੀ ਹਿੱਸਾ ਹੋਣ ਦੇ ਬਾਵਜੂਦ ਵੀ ਮਾਲਕੀ ਤਬਦੀਲ ਕਰਨ ਸਮੇਂ ਕਿਸਾਨਾਂ ਨੂੰ ਪੁੱਛਿਆ ਨਹੀਂ ਗਿਆ। ਉਹਨਾਂ ਕਿਹਾ ਕਿ ਸਰਕਾਰ ਇਸ ਜ਼ਿਲ੍ਹੇ ਵਿਚਲੀ ਇੱਕੋ ਇੱਕ ਖੇਤੀ ਅਧਾਰਤ ਸਨਅਤ ਚਲਾਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕੈਪਟਨ ਸਿੰਘ ਕਾਲਵਾ, ਗੁਰਸੇਵਕ ਸਿੰਘ ਕਾਲਵਾ, ਦਰਸ਼ਨ ਸਿੰਘ ਬਿਹਾਰੀਪੁਰ, ਮਾਹੀ ਪਾਲ ਸਿੰਘ, ਗੁਰਪਾਲ ਸਿੰਘ ਲੱਕੜਾ, ਤਰਸੇਮ ਸਿੰਘ ਲੱਕੜਾ, ਅਮਰੀਕ ਸਿੰਘ, ਸੁਖਬਾਜ ਸਿੰਘ ਸਿੱਧੂ, ਮਨਪ੍ਰੀਤ ਸਿੰਘ ਭੂਪ, ਰਾਜਵੀਰ ਸਿੰਘ, ਗੁਰਚਰਨ ਸਿੰਘ ਸਭਰਾ, ਬਲਕਾਰ ਸਿੰਘ ਕੋਟ, ਰੇਸ਼ਮ ਸਿੰਘ ਫੇਲੋਕੇ, ਸੁਖਚੈਨ ਸਿੰਘ ਸਰਿਆਲੀ, ਸੁਖਦੇਵ ਸਿੰਘ ਸਰਿਆਲੀ, ਸੁਖਦੇਵ ਸਿੰਘ, ਸੰਦੀਪ ਸਿੰਘ ਮਾੜੀ ਕੰਮੋਕੇ, ਕੁਲਦੀਪ ਸਿੰਘ, ਰਤਨ ਸਿੰਘ ਢੰਡ ਸਰਪੰਚ ਸੁਖਦੇਵ ਸਿੰਘ ਦੁਗਲਵਾਲਾ, ਅਮਰੀਕ ਸਿੰਘ ਫੌਜੀ, ਕਸ਼ਮੀਰ ਸਿੰਘ ਸ਼ੇਰੋਂ, ਅੰਗਰੇਜ਼ ਸਿੰਘ, ਬਲਦੇਵ ਸਿੰਘ ਸ਼ੇਰੋ ਸਮੇਤ ਕਈ ਆਗੂ ਹਾਜ਼ਰ ਸਨ।

# ਗੁ. ਘੱਲੂਘਾਰਾ ਨੂੰ ਜਾਣ ਵਾਲੀ ਸੜਕ ਥਾਂ-ਥਾਂ ਤੋਂ ਹੇਠਾਂ ਧੱਸ ਜਾਣ ਨਾਲ ਆਵਾਜਾਈ ਹੋ ਰਹੀ ਪ੍ਰਭਾਵਿਤ

**ਗੁਰਦਾਸਪੁਰ, (ਜਨਕ ਮਹਾਜਨ)**

ਗੁਰਦਾਸਪੁਰ-ਮੁਕੇਰੀਆਂ ਮੁੱਖ ਮਾਰਗ 'ਤੇ ਪੈਂਦੀ ਸੇਮ ਨਹਿਰ ਤੋਂ ਗੁਰਦੁਆਰਾ ਘੱਲੂਘਾਰਾ ਸਾਹਿਬ ਨੂੰ ਜਾਣ ਵਾਲੀ ਮੁੱਖ ਸੜਕ ਹੇਠਾਂ ਧੱਸ ਗਈ ਹੈ ਜਿਸ ਨਾਲ ਧਾਰਮਿਕ ਅਸਥਾਨ 'ਤੇ ਪਿੰਡਾਂ ਦੇ ਲੋਕਾਂ ਨੂੰ ਜਾਣ ਵਾਸਤੇ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਾਕਟਰ ਪ੍ਰਭਾਤ ਸਿੰਘ, ਸੂਬੇਦਾਰ ਦਿਲਬਾਗ ਸਿੰਘ ਸੈਣੀ, ਲੈਕਚਰਾਰ ਪ੍ਰਤਾਪ ਸਿੰਘ ਸੈਣੀ ਅਤੇ ਹੋਰਨਾਂ ਲੋਕਾਂ ਨੇ ਦੱਸਿਆ ਕਿ ਇਸ ਸੜਕ ਤੇ ਅਨੇਕਾਂ ਪਿੰਡ ਲੱਗਦੇ ਹਨ ਅਤੇ ਧਾਰਮਿਕ ਅਸਥਾਨ ਗੁਰਦੁਆਰਾ ਘੱਲੂਘਾਰਾ ਸਾਹਿਬ ਅਤੇ ਹੈਰੀਟੇਜ ਕੰਪਲੈਕਸ ਲੱਗਦਾ ਹੈ। ਜਿੱਥੇ ਲੋਕ ਦੂਰ ਦੁਰਾਡੇ ਤੋਂ ਆ ਕੇ ਇਨ੍ਹਾਂ ਦੇ ਦਰਸ਼ਨ ਦੀਦਾਰ ਕਰਦੇ ਹਨ। ਉਨ੍ਹਾਂ ਦੱਸਿਆ ਕਿ ਸੜਕ ਥਾਂ-ਥਾਂ ਤੋਂ ਹੇਠਾਂ ਧੱਸ ਜਾਣ ਨਾਲ ਸੜਕੀ ਹਾਦਸਿਆਂ ਵਿੱਚ ਵੀ ਵਾਧਾ ਹੋਇਆ ਹੈ। ਜਿਹੜੀਆਂ ਪੁਲੀਆਂ ਮਹਿਕਮੇ ਵੱਲੋਂ ਪਾਈਆਂ ਗਈਆਂ ਹਨ ਉਹ ਹੇਠਾਂ ਬੈਠ ਗਈਆਂ ਹਨ। ਉਨ੍ਹਾਂ ਨੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਮੰਗ ਕੀਤੀ



ਕਿ ਇਸ ਸੜਕ ਦੀ ਪਹਿਲ ਦੇ ਅਧਾਰ 'ਤੇ ਮੁਰੰਮਤ ਕਰਵਾਉਣ ਲਈ ਲੋਕ ਨਿਰਮਾਣ ਵਿਭਾਗ ਗੁਰਦਾਸਪੁਰ ਨੂੰ ਹਦਾਇਤਾਂ ਜਾ ਰਹੀਆਂ ਕੀਤੀਆਂ ਜਾਣ ਜਿਸ ਨਾਲ ਗੁਰਦੁਆਰਾ ਘੱਲੂਘਾਰਾ ਸਾਹਿਬ ਨੂੰ ਜਾਣ ਵਾਲੇ ਸ਼ਰਧਾਲੂਆਂ ਨੂੰ ਆ ਰਹੇ ਮੁਸ਼ਕਿਲ ਤੋਂ ਰਾਹਤ ਮਿਲ ਸਕੇ।

# ਸੀਨੀਅਰ ਕਾਂਗਰਸੀ ਆਗੂ ਖਜ਼ਾਨ ਸਿੰਘ ਚੰਬਾ ਨੂੰ ਸਦਮਾ; ਚਾਚੇ ਦਾ ਦਿਹਾਂਤ



**ਚੋਹਲਾ ਸਾਹਿਬ (ਰਮਨ ਚੱਢਾ)**-ਚੰਬਾ ਕਲਾਂ ਤੋਂ ਸਵਰਗਵਾਸੀ ਬਾਬਾ ਸੁਬੇਗ ਸਿੰਘ ਦੇ ਛੋਟੇ ਭਰਾ ਤੇ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਖਜ਼ਾਨ ਸਿੰਘ ਚੰਬਾ ਦੇ ਚਾਚਾ ਸੁਖਪਾਲ ਸਿੰਘ ਉਮਰ 68 ਸਾਲ ਅਚਾਨਕ ਅਕਾਲ ਚਲਾਣਾ ਕਰ ਗਏ। ਉਹ ਜ਼ਿਲ੍ਹਾ ਬਠਿੰਡਾ ਦੇ ਪਿੰਡ ਜਲਾਨ ਦੇ ਰਹਿਣ ਵਾਲੇ ਸਨ। ਆਚਨਕ ਮੌਤ ਦੀ ਖਬਰ ਸੁਣ ਕੇ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ। ਅਕਾਲ ਚਲਾਣੇ 'ਤੇ ਇਲਾਕੇ ਦੀਆਂ ਧਾਰਮਿਕ ਸਖ਼ਸ਼ੀਅਤਾਂ, ਸਮਾਜਿਕ, ਸਿਆਸੀ ਜਥੇਬੰਦੀਆਂ ਅਤੇ ਵੱਖ-ਵੱਖ ਸਿਆਸੀ ਨੁਮਾਇੰਦਿਆਂ ਵੱਲੋਂ ਪੀੜਤ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।

## ਅਧਿਕਾਰੀ ਨਹੀਂ ਚੁੱਕਦੇ ਫੋਨ : ਅਨੁਜ ਖੇਮਕਾ

**ਛੇਹਰਟਾ, (ਮਨੋਜ ਕੁਮਾਰ)**- ਸਮਾਜ ਸੇਵਕ ਅਨੁਜ ਖੇਮਕਾ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਕਟੜਾ ਆਹਲੂਵਾਲੀਆ ਤੇ ਪੁਰਾਣੀ ਮੰਡੀ ਦੇ ਆਲੇ-ਦੁਆਲੇ ਬਿਜਲੀ



ਦੀ ਸਥਿਤੀ ਬਹੁਤ ਮਾੜੀ ਹੈ। ਬਿਜਲੀ ਆਉਂਦੀ-ਜਾਂਦੀ ਰਹਿੰਦੀ ਹੈ। ਉਨ੍ਹਾਂ ਕਿਹਾ ਕਿ ਜਦੋਂ ਉਨ੍ਹਾਂ ਨੇ ਇਸ ਸਬੰਧ ਵਿਚ ਘੀ ਮੰਡੀ ਬਿਜਲੀ ਘਰ ਦੇ ਜੇ.ਈ ਨੂੰ ਉਨ੍ਹਾਂ ਦੇ ਮੋਬਾਈਲ 'ਤੇ ਵਾਰ-ਵਾਰ ਫੋਨ ਕੀਤਾ ਤਾਂ ਉਨ੍ਹਾਂ ਫ਼ੋਨ ਨਹੀਂ ਚੁੱਕਿਆ। ਅਨੁਜ ਖੇਮਕਾ ਨੇ ਕਿਹਾ ਕਿ ਜੇਕਰ ਜਨਤਾ ਨੂੰ ਬਿਜਲੀ ਦੀ ਕੋਈ ਸਮੱਸਿਆ ਆਉਂਦੀ ਹੈ ਤਾਂ ਉਨ੍ਹਾਂ ਨੂੰ ਕਿਸ ਨਾਲ ਗੱਲ ਕਰਨੀ ਚਾਹੀਦੀ ਹੈ? ਜੇਕਰ ਜੇ.ਈ ਫੋਨ ਨਹੀਂ ਚੁੱਕਦਾ ਹੈ ਤਾਂ ਲੋਕਾਂ ਨੂੰ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਰਹੇਗਾ। ਉਨ੍ਹਾਂ ਮੰਗ ਕੀਤੀ ਹੈ ਕਿ ਪ੍ਰਸ਼ਾਸਨ ਇਸ ਵੱਲ ਧਿਆਨ ਦੇਵੇ ਅਤੇ ਜਨਤਾ ਦੀ ਸਮੱਸਿਆ ਨੂੰ ਹੱਲ ਕਰੇ।

# '27 ਦੀਆਂ ਵਿਧਾਨ ਚੋਣਾਂ ਦੇ ਮੱਦੇਨਜ਼ਰ ਭਾਜਪਾ ਮੰਡਲ ਪੁਰਾਣਾਸ਼ਾਲਾ ਵੱਲੋਂ ਅਹਿਮ ਮੀਟਿੰਗ

**ਗੁਰਦਾਸਪੁਰ, (ਜਨਕ ਮਹਾਜਨ)**

ਡਾ. ਰਿਤੂ ਕੌਂਡਲ ਦੇ ਗ੍ਰਹਿ ਵਿਖੇ ਭਾਜਪਾ ਮੰਡਲ ਪੁਰਾਣਾ ਸ਼ਾਲਾ ਦੇ ਮੰਡਲ ਪ੍ਰਧਾਨ ਸੰਦੀਪ ਠਾਕੁਰ ਦੀ ਯੋਗ ਅਗਵਾਈ ਹੇਠ ਇਕ ਵਿਸ਼ੇਸ਼ ਅਤੇ ਅਹਿਮ



ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੀਟਿੰਗ ਵਿਚ ਭਾਜਪਾ ਦੇ ਰਾਸ਼ਟਰੀ ਲੀਡਰਸ਼ਿਪ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ, ਸੰਗਠਨ ਦੀ ਮਜ਼ਬੂਤੀ ਅਤੇ ਹੇਠਲੇ ਪੱਧਰ ਤੱਕ ਪਾਰਟੀ ਦੀਆਂ ਨੀਤੀਆਂ ਨੂੰ ਪਹੁੰਚਾਉਣ ਲਈ ਵਿਸਥਾਰ ਪੂਰਵਕ ਰਣਨੀਤੀ ਉਤੇ ਚਰਚਾ ਕੀਤੀ ਗਈ। ਇਸ ਮੌਕੇ ਵਿਸ਼ੇਸ ਤੌਰ 'ਤੇ ਮੁੱਖ ਆਗੂ ਰੇਣੂ ਕਸ਼ਯਪ ਹਲਕਾ ਇੰਚਾਰਜ, ਅਨਿਲ ਵਾਸੂਦੇਵ ਦੀਨਾਨਗਰ ਪ੍ਰਭਾਰੀ ਹਾਜ਼ਰ ਸਨ। ਮੀਟਿੰਗ ਦੌਰਾਨ ਸਾਰੇ ਆਗੂਆਂ ਅਤੇ ਵਰਕਰਾਂ ਨੇ ਪੂਰੇ ਉਤਸ਼ਾਹ ਨਾਲ ਆਉਣ ਵਾਲੀਆਂ ਚੋਣਾਂ ਵਿਚ ਪਾਰਟੀ ਦੀ ਸ਼ਾਨਦਾਰ ਜਿੱਤ ਯਕੀਨੀ ਬਣਾਉਣ ਦਾ ਅਹਿਦ ਲਿਆ। ਡਾ. ਰਿਤੂ ਕੌਂਡਲ ਨੇ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਯੋਗ ਅਗਵਾਈ ਹੇਠ ਭਾਰਤ ਦਿਨ ਦੁੱਗਣੀ ਰਾਤ ਚੌਗੁਣੀ ਤਰੱਕੀ ਕਰ ਰਿਹਾ ਹੈ ਅਤੇ ਵਿਸ਼ਵ ਭਰ ਵਿਚ ਭਾਰਤ ਦਾ ਇਕ ਖ਼ਾਸ ਮੁਕਾਮ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਵਿਚ ਪੰਜਾਬ ਅੰਦਰ ਨਸ਼ਾ ਤਸਕਰੀ ਅਤੇ ਗੁੰਡਾਗਰਦੀ ਜ਼ੋਰਾਂ 'ਤੇ ਹੈ ਅਤੇ ਆਏ ਦਿਨ ਲੁੱਟਾਂ-ਖੋਹਾਂ ਜ਼ੋਰਾਂ 'ਤੇ ਹੋ ਰਹੀਆਂ ਹਨ। ਉਨ੍ਹਾਂ ਸਮੂਹ ਭਾਜਪਾ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿਚ ਭਾਜਪਾ ਨੂੰ ਜਿਤਾ ਕੇ ਨਰਿੰਦਰ ਮੋਦੀ ਦੇ ਹੱਥ ਮਜ਼ਬੂਤ ਕਰਨ ਅਤੇ ਪੰਜਾਬ ਵਿਚ ਭਾਜਪਾ ਪਾਰਟੀ ਦੀ ਸਰਕਾਰ ਸਥਾਪਤ ਕਰਨ ਨੂੰ ਯਕੀਨੀ ਬਣਾਉਣ।

# ਸੰਨੀ ਸਹੋਤਾ ਅੰਮ੍ਰਿਤਸਰ ਦੇ ਜ਼ਿਲ੍ਹਾ ਮੀਤ ਪ੍ਰਧਾਨ ਬਣੇ




**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**

ਪੰਜਾਬ ਕਾਂਗਰਸ ਪਾਰਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਅਗਵਾਈ ਹੇਠ ਅੰਮ੍ਰਿਤਸਰ ਵਿਖੇ ਹਲਕਾ ਪੂਰਬੀ ਦੇ ਇੰਚਾਰਜ ਜਸਬੀਰ ਸਿੰਘ ਡਿੰਪਾ ਦੇ ਦਫਤਰ ਵਿਖੇ ਵਿਸ਼ੇਸ਼ ਮੀਟਿੰਗ ਕੀਤੀ ਗਈ ਜਿਸ 'ਚ ਸੰਨੀ ਸਹੋਤਾ ਨੂੰ ਅੰਮ੍ਰਿਤਸਰ ਦੇ ਜ਼ਿਲ੍ਹਾ ਮੀਤ ਪ੍ਰਧਾਨ ਥਾਪਿਆ ਗਿਆ। ਮੀਟਿੰਗ 'ਚ ਇਹ ਫੈਸਲਾ ਲਿਆ ਗਿਆ ਕਿ ਨੌਜਵਾਨਾਂ ਨੂੰ ਅੱਗੇ ਲਾ ਕੇ ਪਾਰਟੀ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ। ਇਸ ਮੌਕੇ ਸੰਨੀ ਸਹੋਤਾ ਨੇ ਕਿਹਾ ਕਿ ਮੈਨੂੰ ਦਿੱਤੇ ਗਏ ਅਹੁਦੇ ਲਈ ਮੈਂ ਹਾਈਕਮਾਂਡ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ। ਜਿਹੜੀ ਜ਼ਿੰਮੇਵਾਰੀ ਮੈਨੂੰ ਸੌਂਪੀ ਗਈ ਹੈ ਉਹ ਮੈਂ ਤਹਿ ਦਿਲੋਂ ਨਿਭਾਵਾਂਗਾ। ਉਨ੍ਹਾਂ ਦੱਸਿਆ ਕਿ ਹਲਕਾ ਇੰਚਾਰਜ ਜਸਬੀਰ ਸਿੰਘ ਡਿੰਪਾ ਦੀ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਜ਼ਰੂਰ ਜਿੱਤ ਹੋਵੇਗੀ। ਇਸ ਮੌਕੇ ਕੌਂਸਲਰ ਅੰਮ੍ਰਿਤ ਪਾਲ ਸਿੰਘ ਲੱਕੀ, ਸੰਧੂ, ਬਲਪ੍ਰੀਤ, ਡਾਕਟਰ ਬੇਦੀ ਅਤੇ ਦਵਿੰਦਰ ਆਦਿ ਹਾਜ਼ਰ ਸਨ।

# ਸੰਤ ਨਿਰੰਕਾਰੀ ਮਿਸ਼ਨ ਵੱਲੋਂ ਅੰਤਰਰਾਸ਼ਟਰੀ ਯੋਗ ਦਿਵਸ ਮੌਕੇ ਵੱਖ-ਵੱਖ ਥਾਈਂ ਸੈਸ਼ਨ ਭਲਕੇ

**ਸਰਾਏ ਅਮਾਨਤ ਖਾਂ (ਮੱਖਣ ਮਨੋਜ)**-'ਨਿਰੋਗੀ ਤਨ, ਨਿਰਮਲ ਮਨ ਤੇ ਜਾਗ੍ਰਿਤ ਆਤਮਾ' ਦੇ ਪਾਵਨ ਸੰਕਲਪ ਨੂੰ ਸਾਕਾਰ ਰੂਪ ਦਿੰਦੇ ਹੋਏ ਸੰਤ ਨਿਰੰਕਾਰੀ ਮਿਸ਼ਨ 'ਅੰਤਰਰਾਸ਼ਟਰੀ ਯੋਗ ਦਿਵਸ' ਦੇ ਮੌਕੇ ਤੇ ਇੱਕ ਵਿਆਪਕ ਯੋਗ ਅਤੇ ਅਧਿਆਤਮਿਕ ਚੇਤਨਾ ਮੁਹਿੰਮ ਦਾ ਆਯੋਜਨ ਕਰ ਰਿਹਾ ਹੈ।ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਦੇ ਪਾਵਨ ਅਸ਼ੀਰਵਾਦ ਅਤੇ ਦੂਰਅੰਦੇਸ਼ੀ ਮਾਰਗਦਰਸ਼ਨ ਹੇਠ ਚਲਾਈ ਜਾ ਰਹੀ ਇਹ ਪ੍ਰੇਰਨਾਦਾਇਕ ਮੁਹਿੰਮ ਮਨੁੱਖੀ ਭਲਾਈ, ਸਮੁੱਚੀ ਸਿਹਤ ਅਤੇ ਆਤਮਿਕ ਉੱਥਾਨ ਦੀ ਦਿਸ਼ਾ ਵਿੱਚ ਇੱਕ ਸਾਰਥਕ ਯਤਨ ਹੈ।ਸਵਸਥ ਮਨ, ਸਹਿਜ ਜੀਵਨ ਇਸ ਸੱਚਾਈ ਨੂੰ ਪ੍ਰਗਟ ਕਰਦਾ ਹੈ ਕਿ ਜੀਵਨ ਦੀ ਅਸਲ ਖੁਸ਼ਹਾਲੀ ਕੇਵਲ ਸਰੀਰਕ ਸਿਹਤ ਵਿੱਚ ਨਹੀਂ, ਸਗੋਂ ਮਾਨਸਿਕ ਸੰਤੁਲਨ ਅਤੇ ਅਧਿਆਤਮਿਕ ਜਾਗਰੂਕਤਾ ਵਿੱਚ ਹੈ।ਸਤਿਗੁਰੂ ਮਾਤਾ ਜੀ ਦੇ ਅਨੁਸਾਰ ਮਨੁੱਖੀ ਸਰੀਰ ਪ੍ਰਮਾਤਮਾ ਦੀ ਇੱਕ ਅਨੋਖੀ ਦੇਣ ਹੈ, ਜਿਸ ਦੀ ਦੇਖਭਾਲ ਅਤੇ ਮਜ਼ਬੂਤੀ ਮਨੁੱਖ ਨੂੰ ਆਪਣੀਆਂ ਅਧਿਆਤਮਿਕ, ਸਮਾਜਿਕ ਅਤੇ ਮਾਨਵੀ ਜ਼ਿੰਮੇਵਾਰੀਆਂ ਨੂੰ ਬਿਹਤਰ ਤਰੀਕੇ ਨਾਲ ਨਿਭਾਉਣ ਦੇ ਯੋਗ ਬਣਾਉਂਦੀ ਹੈ।ਇਹ ਮੁਹਿੰਮ ਯੋਗ ਨੂੰ ਕੇਵਲ ਸਰੀਰਕ ਕਸਰਤ ਨਾ ਮੰਨ ਕੇ, ਆਤਮ-ਗਿਆਨ, ਅੰਦਰੂਨੀ ਸ਼ਾਂਤੀ, ਮਨੁੱਖੀ ਏਕਤਾ ਅਤੇ ਵਿਸ਼ਵ ਭਾਈਚਾਰੇ ਦੀ ਭਾਵਨਾ ਨੂੰ ਵਿਕਸਤ ਕਰਨ ਵਾਲੀ ਇੱਕ ਸਮੁੱਚੀ ਜੀਵਨ ਸਾਧਨਾ ਵਜੋਂ ਅਪਣਾਉਣ ਦਾ ਸੰਦੇਸ਼ ਦਿੰਦੀ ਹੈ।ਇਸੇ ਪ੍ਰੇਰਨਾਦਾਇਕ ਭਾਵਨਾ ਤਹਿਤ ਸੰਤ ਨਿਰੰਕਾਰੀ ਮਿਸ਼ਨ ਵੱਲੋਂ ਐਤਵਾਰ, 21 ਜੂਨ ਨੂੰ ਸਵੇਰੇ 6:00 ਵਜੇ ਭਾਰਤ ਦੇ ਲਗਭਗ 1500 ਤੋਂ ਵੱਧ ਕੇਂਦਰਾਂ 'ਤੇ ਇੱਕੋ ਸਮੇਂ ਯੋਗ ਸੈਸ਼ਨ ਆਯੋਜਿਤ ਕੀਤੇ ਜਾਣਗੇ।

# ਕਾਂਗਰਸ ਵੱਲੋਂ ਬੀ ਐੱਲ ਏ-2 ਸਾਥੀਆਂ ਨਾਲ ਐੱਸ ਆਈ ਆਰ ਨੂੰ ਲੈ ਕੇ ਬੈਠਕ



**ਚੇਤਨਪੁਰਾ (ਸੁਖਵੰਤ ਚੇਤਨਪੁਰੀ)**

ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਸਬੰਧੀ ਅਤੇ ਬੂਥ ਪੱਧਰ ਤੱਕ ਸੰਗਠਨ ਨੂੰ ਮਜ਼ਬੂਤ ਕਰਨ ਲਈ ਇੱਕ ਵਿਸ਼ੇਸ਼ ਮੀਟਿੰਗ ਐੱਮ. ਆਰ. ਪੈਲੇਸ ਅਜਨਾਲਾ ਵਿਖੇ ਕੀਤੀ ਗਈ। ਜ਼ਿਲਾ ਕੋਆਰਡੀਨੇਟਰ ਮੌਂਟੀ ਸਹਿਗਲ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਮੀਟਿੰਗ ਵਿੱਚ ਹਲਕਾ ਅਜਨਾਲਾ ਦੇ ਕਾਂਗਰਸੀ ਵਰਕਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।ਇਸ ਸਮੇਂ ਪਹੁੰਚੇ ਜ਼ਿਲ੍ਹਾ ਕੋਆਡੀਨੇਟਰ ਮੌਂਟੀ ਸਹਿਗਲ ਨੇ ਵਿਸ਼ਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ।ਇਕੱਠ ਨੂੰ ਸੰਬੋਧਨ ਕਰਦਿਆਂ ਹਲਕਾ ਅਜਨਾਲਾ ਦੇ ਸਾਬਕਾ ਵਿਧਾਇਕ ਹਰਪ੍ਰਤਾਪ ਸਿੰਘ ਅਜਨਾਲਾ ਅਤੇ ਕੰਵਰ ਪ੍ਰਤਾਪ ਸਿੰਘ ਅਜਨਾਲਾ ਨੇ ਆਏ ਹੋਏ ਬੀਐੱਲਏ-2 ਸਾਥੀਆਂ ਅਤੇ ਵਰਕਰਾਂ ਨੂੰ ਜਾਗਰੂਕ ਕਰਨ ਲਈ ਇਹ ਦੱਸਿਆ ਕਿ ਮੋਦੀ ਸਰਕਾਰ ਹਰੇਕ ਰਾਜ ਵਿੱਚ ਐੱਸਆਈਆਰ ਦੇ ਬਹਾਨੇ ਵਿਰੋਧੀ ਧਿਰ ਦੀਆਂ ਵੋਟਾਂ ਕੱਟ ਰਹੀ ਹੈ।ਉਨ੍ਹਾਂ ਪੱਛਮੀ ਬੰਗਾਲ ਦੀ ਉਦਾਹਰਣ ਦਿੰਦਿਆਂ ਦੱਸਿਆ ਕਿ ਉਥੇ ਕਿਸ ਤਰ੍ਹਾਂ 66 ਲੱਖ ਵੋਟਾਂ ਕੱਟੀਆਂ ਗਈਆਂ ਹਨ, ਜਿਸ ਦਾ ਸਿੱਟਾ ਇਹ ਨਿਕਲਿਆ ਕਿ ਉਥੇ ਮਮਤਾ ਬੈਨਰਜੀ ਹਾਰ ਗਈ ਅਤੇ ਬੀਜੇਪੀ ਦੀ ਵੱਡੀ ਜਿੱਤ ਹੋਈ ਹੈ।ਉਨ੍ਹਾਂ ਕਿਹਾ ਕਿ ਆਪਾਂ ਜਾਗਰੂਕ ਰਹਿਣਾ ਹੈ ਅਤੇ ਹਰ ਹੀਲੇ ਵੋਟਾਂ ਨਹੀਂ ਕੱਟਣ ਦੇਣੀਆਂ, ਮੰਗਣ ਤੇ ਜੋ ਵੀ ਜਾਣਕਾਰੀ ਹੋਵੇ ਉਹ ਬੀ ਐਲ ਓ ਨੂੰ ਮੁਹਈਆ ਕਰਵਾਉਣੀ ਹੈ। ਉਹਨਾਂ ਬੂਥ ਪੱਧਰ 'ਤੇ ਪਾਰਟੀ ਦੀ ਮਜ਼ਬੂਤੀ ਲਈ ਅਹਿਮ ਵਿਚਾਰ-ਵਟਾਂਦਰਾ ਕਰਦਿਆਂ ਕਿਹਾ ਕਿ ਅੱਜ ਦੀ ਮੀਟਿੰਗ ਦਾ ਮੁੱਖ ਮੰਤਵ ਵੀ ਇਹੀ ਹੈ ਕਿ ਉਕਤ ਤੋਂ ਬਚਿਆ ਜਾ ਸਕੇ ਅਤੇ ਆਪਣੀਆਂ ਵੋਟਾਂ ਨਾ ਕੱਟਣ ਦਿੱਤੀਆਂ ਜਾਣ ਅਤੇ ਜੋ ਵੀ ਸਬੂਤ ਜਾਂ ਜਾਣਕਾਰੀ ਬੀਐਲਓ ਮੰਗਦੇ ਹਨ, ਉਹ ਜਾਣਕਾਰੀ ਉਹਨਾਂ ਨੂੰ ਮੁਹਈਆ ਕਰਾਈ ਜਾਵੇ। ਬੀਐਲਓ 25 ਜੂਨ ਤੋਂ ਘਰੋ ਘਰੀਂ ਜਾ ਕੇ ਜਾਣਕਾਰੀ ਲੈਣਗੇ। ਉਨਾਂ ਦੱਸਿਆ ਕਿ ਬੀਐਲਓ ਹਰੇਕ ਘਰ ਵਿੱਚ ਤਿੰਨ ਵਾਰੀ ਜਾਣਗੇ ਅਤੇ ਤੀਸਰੀ ਵਾਰੀ ਦਰਵਾਜ਼ਾ ਬੰਦ ਮਿਲਣ ਤੇ ਵੋਟ ਕੱਟੀ ਜਾ ਸਕਦੀ ਹੈ। ਉਨਾਂ ਵਿਦੇਸ਼ਾਂ ਵਿੱਚ ਰਹਿੰਦੇ ਵੋਟਰਾਂ ਬਾਰੇ ਦੱਸਿਆ ਕਿ ਘਰ ਦਾ ਕੋਈ ਵੀ ਮੈਂਬਰ ਉਹਨਾਂ ਬਾਰੇ ਜਾਣਕਾਰੀ ਮੁਹਈਆ ਕਰਵਾ ਸਕਦਾ ਹੈ ਤਾਂ ਜੋ ਉਹਨਾਂ ਦੀ ਵੋਟ ਨਾ ਕੱਟੀ ਨਾ ਜਾ ਸਕੇ। ਇਸ ਸਮੇਂ ਸਾਬਕਾ ਬਲਾਕ ਸੰਮਤੀ ਮੈਂਬਰ ਗੁਰਜੀਤ ਸਿੰਘ ਬਿੱਟੂ ਸਾਬਕਾ ਸਰਪੰਚ ਰਣਧੀਰ ਸਿੰਘ ਚੇਤਨਪੁਰਾ, ਪੀਏ ਇੰਦਰਜੀਤ ਸਿੰਘ, ਪੀਏ ਕਰਨਦੀਪ, ਰਾਣਾ ਭੱਖਾ, ਪਰਸ਼ੋਤਮ ਸਿੰਘ ਖਤਰਾਏ, ਅਮਨਦੀਪ ਸਿੰਘ ਝੰਡੇਰ, ਸਰਵਣ ਸਿੰਘ ਨਿਜ਼ਾਮਪੁਰਾ, ਬਲਜੀਤ ਸਿੰਘ ਸਲੇਮਪੁਰਾ, ਦਲਜੀਤ ਸਿੰਘ ਖਤਰਾਏ, ਹੀਰਾ ਸਿੰਘ ਦਾਲਮ, ਗੁਰਦੇਵ ਸਿੰਘ ਨਿੱਜਰ, ਬੰਟੀ ਕੱਲੋ ਮਾਹਲ, ਦਵਿੰਦਰ ਸਿੰਘ ਡੈਮ, ਬਲਦੇਵ ਸਿੰਘ ਭੋਏਵਾਲੀ, ਰਾਜਬੀਰ ਮੱਧੂ ਸ਼ਾਗਾਂ, ਅਰਵਿੰਦਰ ਪਾਲ ਜੰਟੀ ਅੱਬੂਸੈਦ ਤੂੰ ਇਲਾਵਾ ਵੱਡੀ ਗਿਣਤੀ ਵਿੱਚ ਕਾਂਗਰਸੀ ਵਰਕਰ ਅਤੇ ਬੀਐਲਓ -2 ਹਾਜ਼ਰ ਸਨ।

# ਐੱਸ ਐੱਚ ਓ ਬਲਜਿੰਦਰ ਸਿੰਘ ਬਾਜਵਾ ਨੇ ਥਾਣਾ ਝਬਾਲ ਦਾ ਅਹੁਦਾ ਸੰਭਾਲਿਆ



**ਸਰਾਏ ਅਮਾਨਤ ਖਾਂ (ਮੱਖਣ ਮਨੋਜ)**

ਐੱਸ ਐੱਚ ਓ ਬਲਜਿੰਦਰ ਸਿੰਘ ਬਾਜਵਾ ਨੇ ਥਾਣਾ ਝਬਾਲ ਦਾ ਅਹੁਦਾ ਸੰਭਾਲਿਆ। ਅਹੁਦਾ ਸੰਭਾਲਣ ਮੌਕੇ ਸਾਬਕਾ ਮੈਂਬਰ ਪੰਚਾਇਤ ਸੁਖਰਾਜ ਸਿੰਘ ਵੱਲੋਂ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਸੁਖਰਾਜ ਸਿੰਘ ਨੇ ਕਿਹਾ ਕਿ ਝਬਾਲ ਇਲਾਕਾ ਸ਼ਾਂਤੀਪਸੰਦ ਲੋਕਾਂ ਦਾ ਇਲਾਕਾ ਹੈ ਅਤੇ ਪੁਲਸ-ਪ੍ਰਸ਼ਾਸਨ ਨਾਲ ਤਾਲਮੇਲ ਕਰਕੇ ਇੱਥੇ ਅਮਨ-ਸ਼ਾਂਤੀ ਕਾਇਮ ਰੱਖਣ ਵਿੱਚ ਪਿੰਡ ਵਾਸੀ ਹਮੇਸ਼ਾ ਸਹਿਯੋਗ ਕਰਨਗੇ।ਉਨ੍ਹਾਂ ਉਮੀਦ ਜਤਾਈ ਕਿ ਨਵੇਂ ਆਏ ਐੱਸ ਐੱਚ ਓ ਬਲਜਿੰਦਰ ਸਿੰਘ ਬਾਜਵਾ ਦੇ ਆਉਣ ਨਾਲ ਇਲਾਕੇ ਵਿੱਚ ਨਸ਼ਿਆਂ ਅਤੇ ਸਮਾਜ ਵਿਰੋਧੀ ਅਨਸਰਾਂ 'ਤੇ ਹੋਰ ਸਖਤੀ ਨਾਲ ਨੱਥ ਪਾਈ ਜਾਵੇਗੀ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਾਜਵਾ ਨੇ ਕਿਹਾ ਕਿ ਝਬਾਲ ਵਿਚ ਅਮਨ ਸ਼ਾਂਤੀ ਰੱਖਣਾ ਮੇਰੀ ਡਿਊਟੀ ਹੈ ਅਤੇ ਇਹ ਮੇਰੀ ਪਹਿਲੀ ਤਰਜੀਹ ਰਹੇਗੀ।ਉਨ੍ਹਾਂ ਕਿਹਾ ਕਿ ਉਹ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਲਈ ਹਮੇਸ਼ਾ ਤਿਆਰ ਹਨ ਅਤੇ ਥਾਣੇ ਦੇ ਦਰਵਾਜ਼ੇ ਆਮ ਲੋਕਾਂ ਲਈ 24 ਘੰਟੇ ਖੁੱਲ੍ਹੇ ਰਹਿਣਗੇ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇ ਕਿਸੇ ਨੂੰ ਕੋਈ ਵੀ ਸ਼ੱਕੀ ਗਤੀਵਿਧੀ ਨਜ਼ਰ ਆਵੇ ਤਾਂ ਤੁਰੰਤ ਪੁਲਸ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਸਮੇਂ ਸਿਰ ਕਾਰਵਾਈ ਕਰਕੇ ਕਾਨੂੰਨ-ਵਿਵਸਥਾ ਬਣਾਈ ਰੱਖੀ ਜਾ ਸਕੇ।ਉਨ੍ਹਾਂ ਕਿਹਾ ਕਿ ਪੁਲਸ ਅਤੇ ਲੋਕਾਂ ਦਾ ਸਾਂਝਾ ਯਤਨ ਹੀ ਇਲਾਕੇ ਨੂੰ ਨਸ਼ਾ ਮੁਕਤ ਅਤੇ ਅਪਰਾਧ ਮੁਕਤ ਬਣਾ ਸਕਦਾ ਹੈ।

# 'ਕੇਂਦਰ ਸਰਕਾਰ ਦੇ 12 ਸਾਲ ਬੇਮਿਸਾਲ' ਮੁਹਿੰਮ ਤਹਿਤ ਵਿਸ਼ੇਸ਼ ਮੀਟਿੰਗ ਹੋਈ

**ਬਟਾਲਾ (ਤਰਲੋਕ ਬੱਗਾ)**

ਭਾਰਤੀ ਜਨਤਾ ਪਾਰਟੀ ਦਫ਼ਤਰ ਬਟਾਲਾ ਵਿਖੇ ਜ਼ਿਲ੍ਹਾ ਪ੍ਰਧਾਨ ਹਰਸਿਮਰਨ ਸਿੰਘ ਹੀਰਾ ਵਾਲੀਆ ਦੀ ਪ੍ਰਧਾਨਗੀ ਹੇਠ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਕੇਂਦਰ ਸਰਕਾਰ ਦੇ ਸਫਲਤਾਪੂਰਵਕ 12 ਸਾਲ ਪੂਰੇ ਹੋਣ ਮੌਕੇ 12 ਸਾਲ ਬੇਮਿਸਾਲ ਮੁਹਿੰਮ ਤਹਿਤ ਇੱਕ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਸੀਨੀਅਰ ਭਾਜਪਾ ਆਗੂ ਇੰਦਰ ਇਕਬਾਲ ਸਿੰਘ ਅਟਵਾਲ ਅਤੇ ਜ਼ਿਲ੍ਹਾ ਪ੍ਰਧਾਨ ਹਰਸਿਮਰਨ ਸਿੰਘ ਹੀਰਾ ਵਾਲੀਆ ਨੇ ਕੇਂਦਰ ਸਰਕਾਰ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੱਤੀ।ਇੰਦਰ ਇਕਬਾਲ ਸਿੰਘ ਅਟਵਾਲ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਦੂਰਦਰਸ਼ੀ ਅਗਵਾਈ ਹੇਠ ਭਾਰਤ ਨੇ ਪਿਛਲੇ 12 ਸਾਲਾਂ ਦੌਰਾਨ ਵਿਕਾਸ, ਸੁਰੱਖਿਆ, ਆਰਥਿਕ ਮਜ਼ਬੂਤੀ ਅਤੇ ਵਿਸ਼ਵ ਪੱਧਰ 'ਤੇ ਆਪਣੀ ਸਾਖ ਨੂੰ ਨਵੀਆਂ ਉਚਾਈਆਂ ਤੱਕ ਪਹੁੰਚਾਇਆ ਹੈ। ਉਨ੍ਹਾਂ ਕਿਹਾ ਕਿ ਗਰੀਬ ਕਲਿਆਣ, ਕਿਸਾਨ ਭਲਾਈ, ਮਹਿਲਾ ਸਸ਼ਕਤੀਕਰਨ, ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਵਿੱਚ ਕੇਂਦਰ ਸਰਕਾਰ ਨੇ ਇਤਿਹਾਸਕ ਕੰਮ ਕੀਤੇ ਹਨ।ਜ਼ਿਲ੍ਹਾ ਪ੍ਰਧਾਨ ਹਰਸਿਮਰਨ ਸਿੰਘ ਹੀਰਾ ਵਾਲੀਆ ਨੇ ਕਿਹਾ ਕਿ ਮੋਦੀ ਸਰਕਾਰ ਦੀਆਂ ਜਨ-ਕਲਿਆਣਕਾਰੀ




ਯੋਜਨਾਵਾਂ ਜਿਵੇਂ ਕਿ ਪ੍ਰਧਾਨ ਮੰਤਰੀ ਆਵਾਸ ਯੋਜਨਾ, ਆਯੁਸ਼ਮਾਨ ਭਾਰਤ, ਉੱਜਵਲਾ ਯੋਜਨਾ, ਜਲ ਜੀਵਨ ਮਿਸ਼ਨ, ਸਵੱਛ ਭਾਰਤ ਅਭਿਆਨ ਅਤੇ ਕਿਸਾਨ ਸਨਮਾਨ ਨਿਧੀ ਦਾ ਲਾਭ ਦੇਸ਼ ਦੇ ਕਰੋੜਾਂ ਲੋਕਾਂ ਤੱਕ ਪਹੁੰਚਿਆ ਹੈ। ਉਨ੍ਹਾਂ ਕਿਹਾ ਕਿ 12 ਸਾਲ ਬੇਮਿਸਾਲ ਸਿਰਫ਼ ਇੱਕ ਨਾਅਰਾ ਨਹੀਂ, ਸਗੋਂ ਦੇਸ਼ ਦੇ ਸਰਵਪੱਖੀ ਵਿਕਾਸ, ਗਰੀਬਾਂ ਦੀ ਭਲਾਈ, ਮਹਿਲਾਵਾਂ ਦੇ ਸਨਮਾਨ, ਨੌਜਵਾਨਾਂ ਦੇ ਸਸ਼ਕਤੀਕਰਨ ਅਤੇ ਰਾਸ਼ਟਰੀ ਸੁਰੱਖਿਆ ਨੂੰ ਮਜ਼ਬੂਤ ਕਰਨ ਦੀ ਇੱਕ ਸਫਲ ਗਾਥਾ ਹੈ।

# ਪੰਚਮ ਪਾਤਸ਼ਾਹ ਦਾ ਸ਼ਹੀਦੀ ਗੁਰਪੁਰਬ ਚੀਫ਼ ਖ਼ਾਲਸਾ ਦੀਵਾਨ ਨੇ ਅਥਾਹ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਸਿੱਖ ਪੰਥ ਦੀ ਸਿਰਮੌਰ ਸੰਸਥਾ ਚੀਫ ਖਾਲਸਾ ਦੀਵਾਨ ਵਲੋਂ ਸ਼ਹੀਦਾਂ ਦੇ ਸਿਰਤਾਜ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਵਸ ਚੀਫ ਖਾਲਸਾ ਦੀਵਾਨ ਗੁਰਦੁਆਰਾ ਸ੍ਰੀ ਕਲਗੀਧਰ ਸਾਹਿਬ ਵਿਖੇ ਬੜੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ। ਸੱਚ, ਅਣਖ, ਅਤੇ ਧਰਮ ਦਾ ਉਪਦੇਸ਼ ਦੇਣ ਵਾਲੇ ਗਿਆਨ ਮੂਰਤ ਪੰਜਵੇਂ ਪਾਤਸ਼ਾਹ ਜੀ ਦੇ ਪਾਵਨ ਸ਼ਹੀਦੀ ਪੁਰਬ ਦੀ ਅਰੰਭਤਾ ਸੰਗਤੀ ਰੂਪ ਵਿਚ ਕੀਤੇ ਗਏ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਨਾਲ ਹੋਈ। ਉਪਰੰਤ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ, ਜੀ ਟੀ ਰੋਡ ਅਤੇ ਸੈਂਟਰਲ ਖ਼ਾਲਸਾ ਯਤੀਮਖਾਨਾ ਦੇ ਕੀਰਤਨੀ ਜਥੇ ਵੱਲੋਂ ਰੱਬੀ ਬਾਣੀ ਵਿਚ ਰਸਭਿੰਨੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਵਲੋਂ ਪੇਸ਼ ਕੀਤੀਆਂ ਗਈਆਂ ਕਵਿਤਾਵਾਂ ਨੇ ਸੰਗਤਾਂ ਨੂੰ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਸਨਮੁੱਖ ਨਤਮਸਤਕ ਕਰ ਦਿੱਤਾ। ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਨੇ ਸੰਦੇਸ਼ ਵਿਚ ਕਿਹਾ ਕਿ ਗੁਰੂ ਸਾਹਿਬ ਨੇ ਤੱਤੀ ਤਵੀ ਉੱਤੇ ਬੈਠ ਕੇ ਵੀ 'ਤੇਰਾ ਕੀਆ ਮੀਠਾ ਲਾਗੈ' ਦਾ ਉਚਾਰਨ ਕਰਕੇ ਦੁਨੀਆ ਨੂੰ ਇਹ ਸਿਖਾਇਆ ਕਿ ਅਟੱਲ ਵਿਸ਼ਵਾਸ ਅਤੇ ਆਤਮਿਕ ਸ਼ਕਤੀ ਨਾਲ ਹਰ ਔਖੇ ਸਮੇਂ ਦਾ ਸਾਹਮਣਾ ਕੀਤਾ ਜਾ ਸਕਦਾ ਹੈ। ਇਸ ਮੌਕੇ ਚੀਫ ਖਾਲਸਾ ਦੀਵਾਨ ਦੇ ਮੀਤ ਪ੍ਰਧਾਨ ਸੰਤੋਖ ਸਿੰਘ ਸੇਠੀ ਅਤੇ ਆਨਰੇਰੀ ਸਕੱਤਰ ਸਵਿੰਦਰ ਸਿੰਘ ਕੱਥੂਨੰਗਲ ਨੇ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸੱਚੇ ਸੁੱਚੇ ਜੀਵਨ ਅਤੇ ਉਹਨਾਂ ਦੀ ਲਾਸਾਨੀ ਸ਼ਹਾਦਤ ਬਾਰੇ ਚਾਨਣਾ ਪਾਇਆ। ਚੀਫ਼ ਖ਼ਾਲਸਾ ਦੀਵਾਨ ਦੇ ਆਨਰੇਰੀ ਸਕੱਤਰ ਰਮਨੀਕ ਸਿੰਘ ਅਤੇ ਅਤੇ ਐਡੀ. ਆਨਰੇਰੀ ਸਕੱਤਰ/ ਮੁੱਖ ਦਫ਼ਤਰ ਮੈਂਬਰ ਇੰਚਾਰਜ ਹਰਵਿੰਦਰ ਪਾਲ ਸਿੰਘ ਚੁੱਘ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਹਰਮਨਜੀਤ ਸਿੰਘ ਨੇ ਵੀ ਵਿਚਾਰ ਪੇਸ਼ ਕੀਤੇ। ਇਸ ਮੌਕੇ ਖਾਲਸਾ ਟ੍ਰੈਕਟ ਸੁਸਾਇਟੀ ਵਲੋਂ ਪ੍ਰਕਾਸ਼ਿਤ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਨੂੰ ਸਮਰਪਿਤ ਤ੍ਰੈਮਾਸਿਕ ਪੱਤਰ ਨਿਰਗੁਣਿਆਰਾ ਰਿਲੀਜ਼ ਕੀਤਾ ਗਿਆ। ਅਰਦਾਸ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਿਆ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ ਇੰਦਰਬੀਰ ਸਿੰਘ ਨਿੱਜਰ, ਮੀਤ ਪ੍ਰਧਾਨ ਸੰਤੋਖ ਸਿੰਘ ਸੇਠੀ, ਮੀਤ ਪ੍ਰਧਾਨ ਜਗਜੀਤ ਸਿੰਘ, ਸਥਾਨਕ ਪ੍ਰਧਾਨ ਕੁਲਜੀਤ ਸਿੰਘ ਸਾਹਨੀ, ਆਨਰੇਰੀ ਸਕੱਤਰ ਸਵਿੰਦਰ ਸਿੰਘ ਕੱਥੂਨੰਗਲ, ਆਨਰੇਰੀ ਸਕੱਤਰ ਰਮਣੀਕ ਸਿੰਘ, ਐਡੀ ਆਨਰੇਰੀ ਸਕੱਤ ਜਸਪਾਲ ਸਿੰਘ ਢਿੱਲੋਂ, ਐਡੀ ਆਨਰੇਰੀ ਸਕੱਤਰ /ਮੁੱਖ ਦਫ਼ਤਰ ਮੈਂਬਰ ਇੰਚਾਰਜ ਸ. ਹਰਵਿੰਦਰ ਪਾਲ ਸਿੰਘ ਚੁੱਘ, ਡਿਪਟੀ ਡਾਇਰੈਕਟਰ ਉਰਮਿੰਦਰ ਕੌਰ, ਡਾ ਜਸਵਿੰਦਰ ਕੌਰ ਮਾਹਲ, ਸਕੂਲ ਦੇ ਪ੍ਰਿੰ ਕਵਲਪ੍ਰੀਤ ਕੌਰ ਸਮੇਤ ਦਫ਼ਤਰ ਦੀਵਾਨ ਅਤੇ ਅਦਾਰਿਆਂ ਦਾ ਸਟਾਫ ਅਤੇ ਹੋਰ ਪ੍ਰਿੰਸੀਪਲਜ਼ ਸਾਹਿਬਾਨ ਮੌਜੂਦ ਸਨ।

# ਖੇਤੀ ਸੇਵਾਵਾਂ 'ਚ ਸੁਧਾਰ ਲਿਆਉਣ ਲਈ ਮੁੱਖ ਖੇਤੀਬਾੜੀ ਅਫਸਰ ਡਾ. ਚੀਮਾ ਵੱਲੋਂ ਨਿਰਦੇਸ਼ ਜਾਰੀ

## ਅਧਿਕਾਰੀਆਂ ਨਾਲ ਮੀਟਿੰਗ ਕਰਕੇ ਲਿਆ ਜਾਇਜ਼ਾ, ਕਿਸਾਨਾਂ ਤੱਕ ਯੋਜਨਾਵਾਂ ਦਾ ਲਾਭ ਪਹੁੰਚਾਉਣ 'ਤੇ ਦਿੱਤਾ ਜ਼ੋਰ

**ਧਾਰੀਵਾਲ, (ਮਨਦੀਪ ਵਿੱਕੀ)**

ਜ਼ਿਲ੍ਹਾ ਗੁਰਦਾਸਪੁਰ ਅੰਦਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੀਆਂ ਸੇਵਾਵਾਂ ਨੂੰ ਹੋਰ ਪ੍ਰਭਾਵਸ਼ਾਲੀ ਅਤੇ ਲੋਕ-ਕੇਂਦਰਿਤ ਬਣਾਉਣ ਦੇ ਉਦੇਸ਼ ਨਾਲ ਜ਼ਿਲ੍ਹੇ ਦੇ ਮੁੱਖ ਖੇਤੀਬਾੜੀ ਅਫਸਰ ਡਾ. ਸ਼ਾਹਬਾਜ ਸਿੰਘ ਚੀਮਾ ਵੱਲੋਂ ਖੇਤੀ ਅਧਿਕਾਰੀਆਂ ਨੂੰ ਵਿਸ਼ੇਸ਼ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ।ਇਸ ਸਬੰਧੀ ਜ਼ਿਲ੍ਹਾ ਪੱਧਰ 'ਤੇ ਮੀਟਿੰਗ ਕਰਕੇ ਵਿਭਾਗ ਦੀਆਂ ਚੱਲ ਰਹੀਆਂ ਗਤੀਵਿਧੀਆਂ ਦਾ ਵਿਸਥਾਰ ਨਾਲ ਜਾਇਜ਼ਾ ਲਿਆ ਗਿਆ।ਮੀਟਿੰਗ ਦੌਰਾਨ ਡਾ. ਸ਼ਾਹਬਾਜ ਸਿੰਘ ਚੀਮਾ ਨੇ ਜ਼ਿਲ੍ਹੇ ਦੇ ਸਮੂਹ ਬਲਾਕ ਖੇਤੀਬਾੜੀ ਅਫਸਰਾਂ ਅਤੇ ਹੋਰ ਸਬੰਧਤ ਅਧਿਕਾਰੀਆਂ ਨੂੰ ਕਿਹਾ ਕਿ ਕਿਸਾਨਾਂ ਤੱਕ ਸਰਕਾਰੀ ਯੋਜਨਾਵਾਂ ਦਾ ਲਾਭ ਸਮੇਂ ਸਿਰ ਅਤੇ ਪਾਰਦਰਸ਼ੀ ਢੰਗ ਨਾਲ ਪਹੁੰਚਾਉਣਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਖੇਤੀਬਾੜੀ ਵਿਭਾਗ ਦਾ ਮੁੱਖ ਉਦੇਸ਼ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨਾ ਅਤੇ ਖੇਤੀ ਨੂੰ ਹੋਰ ਟਿਕਾਊ ਅਤੇ ਲਾਭਕਾਰੀ ਬਣਾਉਣਾ ਹੈ।ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਧਰਤੀ ਹੇਠਲੇ ਪਾਣੀ ਦੇ ਲਗਾਤਾਰ ਘਟ ਰਹੇ ਪੱਧਰ ਨੂੰ ਧਿਆਨ ਵਿੱਚ ਰੱਖਦਿਆਂ ਕਿਸਾਨਾਂ ਨੂੰ ਪਾਣੀ ਦੀ ਸੰਭਾਲ ਅਤੇ ਸੁਚੱਜੀ ਵਰਤੋਂ ਲਈ ਜਾਗਰੂਕ ਕੀਤਾ ਜਾਵੇ।ਇਸ ਦੇ ਨਾਲ ਹੀ ਖਾਦਾਂ ਅਤੇ ਕੀਟਨਾਸ਼ਕ ਦਵਾਈਆਂ ਦੀ ਸੰਤੁਲਿਤ ਅਤੇ ਵਿਗਿਆਨਕ ਢੰਗ ਨਾਲ ਵਰਤੋਂ ਸਬੰਧੀ



ਪਿੰਡ ਪੱਧਰ 'ਤੇ ਜਾਗਰੂਕਤਾ ਕੈਂਪ ਲਗਾਏ ਜਾਣ।ਡਾ. ਚੀਮਾ ਨੇ ਕਿਹਾ ਕਿ ਖੇਤੀਬਾੜੀ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਯੋਜਨਾਵਾਂ ਅਤੇ ਸਹੂਲਤਾਂ ਦਾ ਲਾਭ ਹਰ ਯੋਗ ਕਿਸਾਨ ਤੱਕ ਪਹੁੰਚਣਾ ਚਾਹੀਦਾ ਹੈ ਅਤੇ ਇਸ ਕਾਰਜ ਵਿੱਚ ਕਿਸੇ ਵੀ ਤਰ੍ਹਾਂ ਦੀ ਢਿੱਲ ਜਾਂ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਫਾਰਮ ਰਜਿਸਟਰੀ ਦੀ ਪ੍ਰਕਿਰਿਆ ਨੂੰ ਤੇਜ਼ ਕਰਨ ਅਤੇ ਅਧਿਕਾਰੀਆਂ ਨੂੰ ਆਪਣੇ-ਆਪਣੇ ਖੇਤਰਾਂ ਵਿੱਚ ਨਿਰੰਤਰ ਸਰਗਰਮ ਰਹਿਣ ਲਈ ਵੀ ਕਿਹਾ।ਮੀਟਿੰਗ ਦੌਰਾਨ ਖਾਲੀ ਪਏ ਖੇਤਾਂ ਵਿੱਚੋਂ ਮਿੱਟੀ ਦੇ ਸੈਂਪਲ ਇਕੱਠੇ ਕਰਕੇ ਉਨ੍ਹਾਂ ਦੀ ਜਾਂਚ ਕਰਵਾਉਣ 'ਤੇ ਵੀ ਜ਼ੋਰ ਦਿੱਤਾ ਗਿਆ ਤਾਂ ਜੋ ਕਿਸਾਨ ਮਿੱਟੀ ਪਰਖ ਰਿਪੋਰਟ ਦੇ ਆਧਾਰ 'ਤੇ ਹੀ ਖਾਦਾਂ ਦੀ ਲੋੜ ਅਨੁਸਾਰ ਵਰਤੋਂ ਕਰ ਸਕਣ। ਉਨ੍ਹਾਂ ਕਿਹਾ ਕਿ ਇਸ ਨਾਲ ਖੇਤੀ ਲਾਗਤ ਘਟੇਗੀ ਅਤੇ ਉਤਪਾਦਨ ਵਿੱਚ ਵੀ ਸੁਧਾਰ ਆਵੇਗਾ।ਇਸ ਤੋਂ ਇਲਾਵਾ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਦੇ ਲਾਭਪਾਤਰੀ ਕਿਸਾਨਾਂ ਨੂੰ ਸਮੇਂ ਸਿਰ ਲਾਭ ਮਿਲਣਾ ਯਕੀਨੀ ਬਣਾਉਣ ਲਈ ਵੱਖ-ਵੱਖ ਕੇਸਾਂ ਵਿੱਚ ਰਹਿ ਗਈਆਂ ਤਰੁੱਟੀਆਂ ਨੂੰ ਤੁਰੰਤ ਦੂਰ ਕਰਨ ਦੇ ਨਿਰਦੇਸ਼ ਦਿੱਤੇ ਗਏ।ਡਾ. ਸ਼ਹਿਬਾਜ਼ ਸਿੰਘ ਚੀਮਾ ਨੇ ਕਿਹਾ ਕਿ ਖੇਤੀਬਾੜੀ ਵਿਭਾਗ ਦਾ ਸਮੂਹ ਅਮਲਾ ਕਿਸਾਨਾਂ ਦੀ ਸੇਵਾ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰੇ ਅਤੇ ਪਿੰਡ ਪੱਧਰ 'ਤੇ ਕੈਂਪ ਲਗਾ ਕੇ ਕਿਸਾਨਾਂ ਨੂੰ ਯੋਜਨਾਵਾਂ, ਤਕਨੀਕੀ ਜਾਣਕਾਰੀ ਅਤੇ ਸਰਕਾਰੀ ਸਹਾਇਤਾ ਸਬੰਧੀ ਜਾਗਰੂਕ ਕੀਤਾ ਜਾਵੇ।ਇਸ ਮੌਕੇ ਜ਼ਿਲ੍ਹੇ ਦੇ ਵੱਖ-ਵੱਖ ਖੇਤੀ ਅਧਿਕਾਰੀ ਅਤੇ ਵਿਭਾਗ ਦੀਆਂ ਵੱਖ-ਵੱਖ ਵਿੰਗਾਂ ਦੇ ਮੁਖੀ ਵੀ ਹਾਜ਼ਰ ਸਨ।

# ਨਵਾਂ ਜ਼ਮਾਨਾ

ਸ਼ਨੀਵਾਰ, 20 ਜੂਨ 2026


## ਖੇਤਰੀ ਪਾਰਟੀਆਂ ਦੀ ਅਹਿਮੀਅਤ

*ਪਿਛਲੇ ਦਹਾਕੇ ਦੌਰਾਨ ਭਾਰਤੀ ਰਾਜਨੀਤੀ ਵਿੱਚ ਸਭ ਤੋਂ ਮਹੱਤਵਪੂਰਨ ਤਬਦੀਲੀ ਸਿਰਫ ਸੱਤਾ ਵਿੱਚ ਤਬਦੀਲੀ ਨਹੀਂ, ਸਗੋਂ ਰਾਜਨੀਤਕ ਭੂਗੋਲ ਦਾ ਪੁਨਰਗਠਨ ਹੈ। ਇੱਕ ਸਮਾਂ ਸੀ, ਜਦੋਂ ਭਾਜਪਾ ਦਾ ਪ੍ਰਭਾਵ ਹਿੰਦੀ ਭਾਸ਼ੀ ਬਿਹਾਰ, ਗੁਜਰਾਤ, ਮਹਾਰਾਸ਼ਟਰ ਅਤੇ ਕੁਝ ਸ਼ਹਿਰੀ ਖੇਤਰਾਂ ਤੱਕ ਸੀਮਿਤ ਮੰਨਿਆ ਜਾਂਦਾ ਸੀ, ਪਰ ਅੱਜ ਭਾਜਪਾ ਨੇ ਅਸਾਮ ਅਤੇ ਉੱਤਰ-ਪੂਰਬ ਦੇ ਕਈ ਰਾਜਾਂ ਵਿੱਚ ਆਪਣੀ ਮਜ਼ਬੂਤ ਮੌਜੂਦਗੀ ਸਥਾਪਤ ਕਰ ਲਈ ਹੈ। ਓਡੀਸ਼ਾ ਵਿੱਚ ਇਸ ਨੇ ਬੀਜੂ ਜਨਤਾ ਦਲ ਵਰਗੀ ਮਜ਼ਬੂਤ ਖੇਤਰੀ ਸ਼ਕਤੀ ਨੂੰ ਪਛਾੜ ਕੇ ਸੱਤਾ ਹਾਸਲ ਕਰ ਲਈ। ਪੱਛਮੀ ਬੰਗਾਲ ਵਿੱਚ ਵੀ ਜਿੱਤ ਲਿਆ ਹੈ। ਦੱਖਣੀ ਭਾਰਤ ਵਿੱਚ ਵੀ ਆਪਣੀ ਮੌਜੂਦਗੀ ਵਧਾਉਣ ਵਿੱਚ ਯਤਨਸ਼ੀਲ ਹੈ। ਇਸ ਵਿਸਥਾਰ ਦੇ ਸਮਾਨਾਂਤਰ ਇੱਕ ਹੋਰ ਪ੍ਰਕਿਰਿਆ ਵੀ ਚੱਲ ਰਹੀ ਹੈ—ਕਈ ਖੇਤਰੀ ਪਾਰਟੀਆਂ ਦਾ ਕਮਜ਼ੋਰ ਹੋਣਾ, ਟੁੱਟਣਾ ਜਾਂ ਰਾਜਨੀਤਕ ਤੌਰ 'ਤੇ ਹਾਸ਼ੀਏ 'ਤੇ ਧੱਕੇ ਜਾਣਾ। ਸ਼ਿਵ ਸੈਨਾ ਦਾ ਟੁੱਟਣਾ, ਰਾਸ਼ਟਰਵਾਦੀ ਕਾਂਗਰਸ ਪਾਰਟੀ (ਐੱਨ ਸੀ ਪੀ) ਦਾ ਟੁੱਟਣਾ, ਸ਼੍ਰੋਮਣੀ ਅਕਾਲੀ ਦਲ ਦਾ ਸੁੰਗੜਨਾ, ਬਹੁਜਨ ਸਮਾਜ ਪਾਰਟੀ ਦਾ ਲਗਾਤਾਰ ਹਾਸ਼ੀਏ 'ਤੇ ਧੱਕੇ ਜਾਣਾ, ਜਨਤਾ ਦਲ (ਯੂਨਾਈਟਿਡ) ਦੀ ਬਦਲਦੀ ਰਾਜਨੀਤਕ ਸਥਿਤੀ, ਬੀਜੂ ਜਨਤਾ ਦਲ ਦੀ ਚੋਣ ਹਾਰ ਅਤੇ ਤ੍ਰਿਣਮੂਲ ਕਾਂਗਰਸ ਦੀ ਵਿਗੜਦੀ ਸਥਿਤੀ, ਇਹ ਸਾਰੀਆਂ ਘਟਨਾਵਾਂ ਇੱਕ ਵੱਡੀ ਰਾਜਨੀਤਕ ਤਬਦੀਲੀ ਵੱਲ ਇਸ਼ਾਰਾ ਕਰਦੀਆਂ ਹਨ। ਇਸ ਨਾਲ ਇਹ ਸਵਾਲ ਉਠਦਾ ਹੈ : ਕੀ ਭਾਰਤੀ ਰਾਜਨੀਤੀ ਇੱਕ ਅਜਿਹੇ ਦੌਰ ਵਿੱਚ ਦਾਖਲ ਹੋ ਰਹੀ ਹੈ, ਜਿੱਥੇ ਖੇਤਰੀ ਪਾਰਟੀਆਂ ਦੀ ਭੂਮਿਕਾ ਸੀਮਤ ਹੁੰਦੀ ਜਾ ਰਹੀ ਹੈ? ਭਾਰਤੀ ਰਾਜਨੀਤੀ ਵਿੱਚ ਖੇਤਰੀ ਪਾਰਟੀਆਂ ਦਾ ਉਭਾਰ ਕੋਈ ਹਾਦਸਾ ਨਹੀਂ ਸੀ। ਜਿਵੇਂ-ਜਿਵੇਂ 1980 ਅਤੇ 1990 ਦੇ ਦਹਾਕੇ ਵਿੱਚ ਕਾਂਗਰਸ ਪਾਰਟੀ ਕਮਜ਼ੋਰ ਹੋਈ, ਵੱਖ-ਵੱਖ ਰਾਜਾਂ ਵਿੱਚ ਖੇਤਰੀ ਇੱਛਾਵਾਂ ਮਜ਼ਬੂਤ ਹੋਈਆਂ। ਭਾਸ਼ਾ, ਸੱਭਿਆਚਾਰ, ਜਾਤ, ਖੇਤਰੀ ਪਛਾਣ ਅਤੇ ਸਥਾਨਕ ਵਿਕਾਸ ਦੇ ਸਵਾਲਾਂ ਨੇ ਕਈ ਖੇਤਰੀ ਪਾਰਟੀਆਂ ਨੂੰ ਜਨਮ ਦਿੱਤਾ। ਤਾਮਿਲਨਾਡੂ ਵਿੱਚ ਦ੍ਰਾਵਿੜ ਪਾਰਟੀਆਂ, ਯੂ ਪੀ ਵਿੱਚ ਸਮਾਜਵਾਦੀ ਅਤੇ ਬਹੁਜਨ ਰਾਜਨੀਤੀ, ਬਿਹਾਰ ਵਿੱਚ ਸਮਾਜਕ ਨਿਆਂ ਰਾਜਨੀਤੀ, ਓਡੀਸ਼ਾ ਵਿੱਚ ਖੇਤਰੀ ਪਛਾਣ, ਪੱਛਮੀ ਬੰਗਾਲ ਵਿੱਚ ਖੱਬੇ ਪੱਖੀ ਅਤੇ ਬਾਅਦ ਵਿੱਚ ਤ੍ਰਿਣਮੂਲ ਕਾਂਗਰਸ—ਇਹ ਸਾਰੇ ਭਾਰਤ ਦੇ ਸੰਘੀ ਲੋਕਤੰਤਰ ਦੀ ਵਿਭਿੰਨਤਾ ਦੇ ਪ੍ਰਗਟਾਵੇ ਸਨ। 1990 ਤੋਂ 2014 ਤੱਕ ਦਾ ਸਮਾਂ ਅਸਲ ਵਿੱਚ ਗੱਠਜੋੜ ਰਾਜਨੀਤੀ ਦਾ ਯੁੱਗ ਸੀ। ਕੇਂਦਰੀ ਸਰਕਾਰਾਂ ਖੇਤਰੀ ਪਾਰਟੀਆਂ ਦੇ ਸਮਰਥਨ 'ਤੇ ਨਿਰਭਰ ਕਰਦੀਆਂ ਸਨ। ਛੋਟੀਆਂ ਪਾਰਟੀਆਂ ਵੀ ਰਾਸ਼ਟਰੀ ਨੀਤੀਆਂ ਨੂੰ ਪ੍ਰਭਾਵਤ ਕਰਨ ਦੇ ਯੋਗ ਹੁੰਦੀਆਂ ਸਨ। ਇਸ ਸਮੇਂ ਦੌਰਾਨ ਰਾਜ ਰਾਜਨੀਤੀ ਅਤੇ ਕੇਂਦਰੀ ਰਾਜਨੀਤੀ ਵਿਚਕਾਰ ਸ਼ਕਤੀ ਦੀ ਮੁਕਾਬਲਤਨ ਸੰਤੁਲਤ ਵੰਡ ਦੇਖੀ ਗਈ।*

*ਨਰਿੰਦਰ ਮੋਦੀ ਦੀ ਅਗਵਾਈ ਹੇਠ ਭਾਜਪਾ ਨੇ ਖੇਤਰੀ ਪਾਰਟੀਆਂ ਦੀ ਵਿਲੱਖਣਤਾ ਨੂੰ ਚੁਣੌਤੀ ਦਿੱਤੀ ਹੈ। ਇਸ ਤੋਂ ਇਲਾਵਾ ਭਾਜਪਾ ਨੇ ਉਨ੍ਹਾਂ ਸਮਾਜਕ ਸਮੂਹਾਂ ਤੱਕ ਪਹੁੰਚ ਕੀਤੀ, ਜਿਨ੍ਹਾਂ ਨੂੰ ਪਹਿਲਾਂ ਖੇਤਰੀ ਪਾਰਟੀਆਂ ਦੇ ਸਥਿਰ ਵੋਟ ਬੈਂਕ ਮੰਨਿਆ ਜਾਂਦਾ ਸੀ। ਭਲਾਈ ਯੋਜਨਾਵਾਂ, ਸਿੱਧੇ ਲਾਭ ਤਬਾਦਲੇ ਅਤੇ ਪਛਾਣ-ਅਧਾਰਤ ਰਾਜਨੀਤੀ ਦੇ ਇੱਕ ਨਵੇਂ ਸੁਮੇਲ ਨੇ ਕਈ ਰਾਜਾਂ ਵਿੱਚ ਪੁਰਾਣੇ ਰਾਜਨੀਤਕ ਸਮੀਕਰਨਾਂ ਨੂੰ ਬਦਲ ਦਿੱਤਾ। ਫਿਰ ਵੀ ਇਹ ਸਿੱਟਾ ਕੱਢਣਾ ਜਲਦਬਾਜ਼ੀ ਹੋਵੇਗੀ ਕਿ ਖੇਤਰੀ ਪਾਰਟੀਆਂ ਦਾ ਯੁੱਗ ਖਤਮ ਹੋ ਰਿਹਾ ਹੈ। ਭਾਰਤੀ ਰਾਜਨੀਤੀ ਦਾ ਸੰਘੀ ਚਰਿੱਤਰ ਬਹੁਤ ਮਜ਼ਬੂਤ ਬਣਿਆ ਹੋਇਆ ਹੈ। ਤਾਮਿਲਨਾਡੂ 'ਚ ਦ੍ਰਾਵਿੜ ਰਾਜਨੀਤੀ ਨਿਰਣਾਇਕ ਬਣੀ ਹੋਈ ਹੈ। ਕੇਰਲਾ ਵਿੱਚ ਜੇ ਖੇਤਰੀ ਨਹੀਂ, ਤਾਂ ਰਾਜਨੀਤਕ ਧਰੁਵੀਕਰਨ ਬਣਿਆ ਹੋਇਆ ਹੈ। ਤੇਲੰਗਾਨਾ ਵਿੱਚ ਭਾਰਤ ਰਾਸ਼ਟਰ ਸਮਿਤੀ ਨੇ ਸੱਤਾ ਗੁਆ ਦਿੱਤੀ ਹੋ ਸਕਦੀ ਹੈ, ਪਰ ਇਸ ਦਾ ਸਮਾਜਕ ਅਧਾਰ ਨਹੀਂ ਘਟਿਆ। ਪੱਛਮੀ ਬੰਗਾਲ ਵਿੱਚ ਤ੍ਰਿਣਮੂਲ ਕਾਂਗਰਸ ਇੱਕ ਮਹੱਤਵਪੂਰਨ ਸ਼ਕਤੀ ਬਣੀ ਹੋਈ ਹੈ। ਪੰਜਾਬ ਵਿੱਚ ਆਮ ਆਦਮੀ ਪਾਰਟੀ ਅਤੇ ਖੇਤਰੀ ਰਾਜਨੀਤਕ ਧਾਰਾਵਾਂ ਪ੍ਰਭਾਵਸ਼ਾਲੀ ਹਨ। ਦਰਅਸਲ ਖੇਤਰੀ ਪਾਰਟੀਆਂ ਦੇ ਸਾਹਮਣੇ ਸੰਕਟ ਸਿਰਫ ਭਾਜਪਾ ਦੇ ਵਿਸਥਾਰ ਦਾ ਨਹੀਂ ਹੈ। ਬਹੁਤ ਸਾਰੀਆਂ ਪਾਰਟੀਆਂ ਇੱਕ ਕ੍ਰਿਸ਼ਮਈ ਨੇਤਾ ਦੇ ਆਲੇ-ਦੁਆਲੇ ਵਿਕਸਤ ਹੋਈਆਂ, ਪਰ ਲੀਡਰਸ਼ਿਪ ਦੀ ਨਵੀਂ ਪੀੜ੍ਹੀ ਪੈਦਾ ਕਰਨ ਵਿੱਚ ਅਸਫਲ ਰਹੀਆਂ। ਕੁਝ ਪਾਰਟੀਆਂ ਨੇ ਸੱਤਾ ਵਿੱਚ ਆਪਣੇ ਲੰਮੇ ਕਾਰਜਕਾਲ ਕਾਰਨ ਜਨਤਕ ਸੰਪਰਕ ਅਤੇ ਸੰਗਠਨਾਤਮਕ ਊਰਜਾ ਗੁਆ ਦਿੱਤੀ। ਇਸ ਲਈ ਉਨ੍ਹਾਂ ਦੀ ਕਮਜ਼ੋਰੀ ਸਿਰਫ ਭਾਜਪਾ ਕਾਰਨ ਨਹੀਂ, ਸਗੋਂ ਉਨ੍ਹਾਂ ਦੀਆਂ ਆਪਣੀਆਂ ਅੰਦਰੂਨੀ ਚੁਣੌਤੀਆਂ ਕਾਰਨ ਵੀ ਹੈ। ਤਾਂ ਵੀ, ਰਾਸ਼ਟਰੀ ਪੱਧਰ 'ਤੇ ਭਾਜਪਾ ਦੀ ਤਾਕਤ ਦਾ ਮਤਲਬ ਇਹ ਨਹੀਂ ਹੈ ਕਿ ਰਾਜ ਪੱਧਰ 'ਤੇ ਖੇਤਰੀ ਰਾਜਨੀਤੀ ਅਪ੍ਰਸੰਗਕ ਹੋ ਗਈ ਹੈ। ਭਵਿੱਖ ਦੀ ਰਾਜਨੀਤੀ ਸੰਭਾਵਤ ਤੌਰ 'ਤੇ ਪੂਰੀ ਤਰ੍ਹਾਂ ਰਾਸ਼ਟਰੀ ਜਾਂ ਪੂਰੀ ਤਰ੍ਹਾਂ ਖੇਤਰੀ ਨਹੀਂ ਹੋਵੇਗੀ, ਸਗੋਂ ਦੋਵਾਂ ਵਿਚਕਾਰ ਇੱਕ ਨਵਾਂ ਸੰਤੁਲਨ ਹੋਵੇਗੀ। ਭਾਜਪਾ ਦਾ ਵਿਸਥਾਰ ਭਾਰਤੀ ਰਾਜਨੀਤੀ ਨੂੰ ਵਧੇਰੇ ਕੇਂਦਰੀਕ੍ਰਿਤ ਦਿਸ਼ਾ ਵਿੱਚ ਲਿਜਾ ਰਿਹਾ ਹੈ, ਜਦੋਂ ਕਿ ਖੇਤਰੀ ਪਾਰਟੀਆਂ ਸੰਘੀ ਵਿਭਿੰਨਤਾ ਅਤੇ ਸਥਾਨਕ ਪ੍ਰਤੀਨਿਧਤਾ ਲਈ ਵਾਹਨ ਬਣੀਆਂ ਹੋਈਆਂ ਹਨ। ਇਨ੍ਹਾਂ ਦੋਵਾਂ ਰੁਝਾਨਾਂ ਵਿਚਕਾਰ ਟਕਰਾਅ ਅਤੇ ਸੰਤੁਲਨ ਆਉਣ ਵਾਲੇ ਸਾਲਾਂ ਦੀ ਰਾਜਨੀਤੀ ਨੂੰ ਆਕਾਰ ਦੇਵੇਗਾ।*

*ਇਸ ਲਈ ਇਹ ਕਹਿਣਾ ਵਧੇਰੇ ਉਚਿਤ ਹੋਵੇਗਾ ਕਿ ਖੇਤਰੀ ਪਾਰਟੀਆਂ ਦਾ ਯੁੱਗ ਖਤਮ ਨਹੀਂ ਹੋ ਰਿਹਾ, ਸਗੋਂ ਇਹ ਇੱਕ ਮੁਸ਼ਕਲ ਤਬਦੀਲੀ ਵਿੱਚੋਂ ਲੰਘ ਰਿਹਾ ਹੈ। ਕੁਝ ਪਾਰਟੀਆਂ ਕਮਜ਼ੋਰ ਹੋ ਜਾਣਗੀਆਂ, ਕੁਝ ਅਲੋਪ ਵੀ ਹੋ ਸਕਦੀਆਂ ਹਨ, ਪਰ ਖੇਤਰੀ ਇੱਛਾਵਾਂ ਅਤੇ ਸਥਾਨਕ ਰਾਜਨੀਤਕ ਪਛਾਣ ਭਾਰਤੀ ਲੋਕਤੰਤਰ ਦੀਆਂ ਸਥਾਈ ਹਕੀਕਤਾਂ ਹਨ। ਜਿੰਨਾ ਚਿਰ ਭਾਰਤ ਭਾਸ਼ਾਈ, ਸੱਭਿਆਚਾਰਕ, ਸਮਾਜਕ ਅਤੇ ਆਰਥਕ ਵਿਭਿੰਨਤਾ ਵਾਲਾ ਇੱਕ ਸੰਘੀ ਰਾਸ਼ਟਰ ਬਣਿਆ ਰਹੇਗਾ, ਖੇਤਰੀ ਰਾਜਨੀਤੀ ਕਿਸੇ ਨਾ ਕਿਸੇ ਰੂਪ ਵਿੱਚ ਮੌਜੂਦ ਰਹੇਗੀ। ਅਸਲ ਸਵਾਲ ਇਹ ਨਹੀਂ ਕਿ ਖੇਤਰੀ ਪਾਰਟੀਆਂ ਬਚ ਜਾਣਗੀਆਂ ਜਾਂ ਨਹੀਂ, ਸਗੋਂ ਇਹ ਹੈ ਕਿ ਉਹ ਬਦਲਦੀਆਂ ਰਾਜਨੀਤਕ ਸਥਿਤੀਆਂ ਵਿੱਚ ਕਿੰਨੀ ਚੰਗੀ ਤਰ੍ਹਾਂ ਪੁਨਰਗਠਤ ਹੋ ਸਕਦੀਆਂ ਹਨ ਅਤੇ ਪ੍ਰਸੰਗਕ ਰਹਿ ਸਕਦੀਆਂ ਹਨ।*

# ਨਿਰਾਸ਼ਾ ਤੋਂ ਚੜ੍ਹਦੀ ਕਲਾ ਵੱਲ



ਗੁਰਚਰਨ ਸਿੰਘ ਨੂਰਪੁਰ

ਜੰਗਲ ਦੇ ਵਿਰਾਨ ਇਲਾਕੇ ਵਿੱਚ ਹਾਲੋਂ-ਬੇਹਾਲ ਤੇ ਨਿਰਾਸ਼ ਬੈਠੇ ਰਾਜੇ 'ਤੇ ਜਦੋਂ ਉਸ ਵਿਚਾਰਕ ਯਾਤਰੀ ਦੀ ਨਜ਼ਰ ਪਈ ਤਾਂ ਉਸ ਕੋਲ ਆ ਕੇ ਰਾਜੇ ਨੂੰ ਪੁੱਛਿਆ, "ਤੇਰੇ ਚਿਹਰੇ ਦਾ ਨੂਰ ਕਿੱਧਰ ਗਵਾਚ ਗਿਆ ਹੈ? ਜੀਵਨ ਵਿੱਚ ਏਨੀ ਨਿਰਾਸ਼ਾ ਕਿਉਂ ਹੈ?" ਰਾਜੇ ਨੇ ਜਵਾਬ ਦਿੱਤਾ ਕਿ ਮੈਂ ਇੱਕ ਛੋਟੇ ਜਿਹੇ ਰਾਜ ਦਾ ਰਾਜਾ ਹਾਂ, ਪਰ ਗਵਾਂਢੀ ਰਾਜੇ ਤੋਂ ਹਾਰ ਕੇ, ਜਾਨ ਬਚਾ ਕੇ ਇੱਥੇ ਦਿਨ ਕੱਟ ਰਿਹਾ ਹਾਂ। ਮੇਰਾ ਸਭ ਕੁਝ ਬਰਬਾਦ ਹੋ ਗਿਆ ਹੈ। ਜੀਵਨ ਵਿੱਚ ਹਨੇਰੇ ਤੋਂ ਸਿਵਾ ਹੋਰ ਕੁਝ ਵੀ ਨਜ਼ਰ ਨਹੀਂ ਆਉਂਦਾ। ਕਈ ਦਿਨਾਂ ਦਾ ਭੁੱਖਾ, ਪਿਆਸਾ ਹਾਂ। ਹਾਲੋਂ-ਬੇਹਾਲ ਹੋ ਗਿਆ ਹਾਂ, ਸੋਚਦਾ ਹਾਂ ਕਿ ਇਸ ਤੋਂ ਚੰਗਾ ਸੀ ਮੈਂ ਜੰਗ ਵਿੱਚ ਲੜਦਾ-ਲੜਦਾ ਮਾਰਿਆ ਜਾਂਦਾ, ਪਰ ਸਮੇਂ ਦਾ ਚੱਕਰ ਮੈਨੂੰ ਇਧਰ ਇਸ ਜੰਗਲ ਵਿੱਚ ਲੈ ਆਇਆ, ਇਸ ਹਾਲ ਵਿੱਚ।"

"ਨਿਰਾਸ਼ ਨਾ ਹੋ, ਤੇਰੇ ਕੋਲ ਜੋ ਜੀਵਨ ਹੈ, ਇਹ ਬੜੀ ਕੀਮਤੀ ਛੈਅ ਆ। ਇਸ ਜੀਵਨ ਨਾਲ ਵਕਤ ਦੇ ਪੰਨਿਆਂ 'ਤੇ ਨਵੀਂ ਇਬਾਰਤ ਲਿਖੀ ਜਾ ਸਕਦੀ ਹੈ। ਉਠ ਤੇ ਮੇਰੇ ਨਾਲ ਆ।" ਵਿਚਾਰਕ ਬੋਲਿਆ।

ਰਾਜਾ ਉੱਠ ਕੇ ਉਸ ਵਿਚਾਰਕ ਦੇ ਨਾਲ ਤੁਰ ਪਿਆ। ਕੁਝ ਫਾਸਲੇ 'ਤੇ ਜਾ ਕੇ ਉਹ ਰੁਕ ਗਏ। ਇੱਥੇ ਪਿਛਲੀਆਂ ਗਰਮੀਆਂ ਦੌਰਾਨ ਇੱਕ ਵੱਡਾ ਬਿਰਖ ਹਨੇਰੀ ਨਾਲ ਡਿੱਗ ਕੇ ਸੁੱਕ ਗਿਆ ਸੀ, ਪਰ ਇਹ ਮੁੱਢ ਵਾਲੇ ਪਾਸਿਓਂ ਦੁਬਾਰਾ ਫੁੱਟ ਆਇਆ ਸੀ। ਵਿਚਾਰਕ ਨੇ ਰਾਜੇ ਨੂੰ ਕਿਹਾ, "ਇਸ ਬਿਰਖ ਨੂੰ ਗਹੁ ਨਾਲ ਦੇਖ, ਸਮੇਂ ਦੇ ਝੱਖੜ ਨੇ ਇਸ ਨੂੰ ਮੁੱਢੋਂ ਉਖਾੜ ਦਿੱਤਾ ਸੀ, ਪਰ ਇਸ ਵਿੱਚ ਦੁਬਾਰਾ ਫੁੱਟਣ ਦੀ ਹਿੰਮਤ ਨੇ ਇਸ ਨੂੰ ਦੁਬਾਰਾ ਜੀਵਨ ਦਿੱਤਾ ਹੈ। ਜਿਨ੍ਹਾਂ ਅੰਦਰ ਡਿੱਗ ਕੇ ਉੱਠਣ ਤੇ ਸੁੱਕ ਕੇ ਫੁੱਟਣ ਦਾ ਜਜ਼ਬਾ ਹੋਵੇ, ਉਹ ਸਮੇਂ ਦੇ ਝੱਖੜਾਂ ਦੀ ਪ੍ਰਵਾਹ ਨਹੀਂ ਕਰਦੇ।"

ਵਿਚਾਰਕ ਦੇ ਸ਼ਬਦਾਂ ਨਾਲ ਰਾਜੇ ਅੰਦਰ ਆਸ਼ਾ ਦੀ ਕਿਰਨ ਜਗੀ, ਹਿੰਮਤ ਨੇ ਕਰਵਟ ਲਈ। ਉਹ ਭੇਸ ਬਦਲ ਕੇ ਆਪਣੇ ਲੋਕਾਂ ਵਿੱਚ ਗਿਆ, ਲੋਕਾਂ ਨੂੰ ਇਕੱਠਾ ਕੀਤਾ ਦੋ ਸਾਲ ਦੀ ਜੱਦੋ-ਜਹਿਦ ਤੋਂ ਮਗਰੋਂ ਉਸ ਨੇ ਦੁਬਾਰਾ ਆਪਣਾ ਗਵਾਚਾ ਰਾਜ-ਭਾਗ ਸਥਾਪਤ ਕਰ ਲਿਆ। ਰਾਜੇ ਨੂੰ ਜਦੋਂ ਕਦੇ ਉਸ ਦੇ ਮੰਤਰੀ ਪੁੱਛਦੇ ਕਿ ਇਹ ਕਰਿਸ਼ਮਾ ਤੁਸੀਂ ਕਿਵੇਂ ਕੀਤਾ? ਤਾਂ ਉਹ ਜਵਾਬ ਦਿੰਦਾ ਇੱਕ ਵਿਚਾਰਕ ਤੇ ਇੱਕ ਜੜ੍ਹੋਂ ਉੱਖੜੇ ਪਰ ਦੁਬਾਰਾ ਫੁੱਟ ਰਹੇ ਬਿਰਖ ਤੋਂ ਮੈਨੂੰ ਇਹ ਸਭ ਕੁਝ ਕਰਨ ਦਾ ਹੁਨਰ ਮਿਲਿਆ।

ਜੀਵਨ ਦਾ ਹੁਨਰ ਇੱਕ ਆਹਲਣਾ ਬਣਾ ਰਹੀ ਚਿੜੀ ਤੋਂ ਵੀ ਸਿੱਖਿਆ ਜਾ ਸਕਦਾ ਹੈ। ਹਰ ਤਰ੍ਹਾਂ ਦੀ ਹਾਰ ਥੋੜ੍ਹੇ ਸਮੇਂ ਲਈ ਇੱਕ ਪੜਾਅ ਹੁੰਦੀ ਹੈ, ਹਰ ਮਨੁੱਖ ਨੂੰ ਇਸ ਤੋਂ ਅਗਾਂਹ ਤੁਰਨ ਦੀ ਲੋੜ ਹੁੰਦੀ ਹੈ।

ਬਿਹਾਰ ਦੇ ਗਹਿਲੌਰ ਪਿੰਡ ਦੇ ਇੱਕ ਗਰੀਬ ਮਜ਼ਦੂਰ ਦਸ਼ਰਥ ਮਾਂਝੀ ਦੀ ਪਤਨੀ ਫਗੁਨੀਆ ਦੇਵੀ ਦੀ ਮੌਤ ਇਸ ਕਰਕੇ ਹੋ ਗਈ ਕਿ ਉਸ ਨੂੰ ਹਸਪਤਾਲ ਲੈ ਕੇ ਜਾਣ ਲਈ ਪਹਾੜ ਦੇ ਉੱਤੋਂ ਦੀ ਹੋ ਕੇ ਕਈ ਕਿਲੋਮੀਟਰ ਦਾ ਰਸਤਾ ਤੈਅ ਕਰਕੇ ਸ਼ਹਿਰ ਜਾਣਾ ਪੈਂਦਾ ਸੀ। ਉਸ ਦਿਨ ਦਸ਼ਰਥ ਮਾਂਝੀ ਨੇ ਇਹ ਫੈਸਲਾ ਕੀਤਾ ਕਿ ਉਹ ਪਹਾੜ ਨਾਲ ਮੱਥਾ ਲਾਵੇਗਾ ਤੇ ਪਿੰਡ ਤੋਂ ਇੱਕ ਸਿੱਧਾ ਰਸਤਾ ਕੱਢਣ ਲਈ ਜਦੋ-ਜਹਿਦ ਕਰੇਗਾ। ਉਸ ਨੇ ਆਪਣੇ ਛੈਣੀ-ਹਥੌੜੇ ਨਾਲ 22 ਸਾਲ ਲਾ ਕੇ ਪਹਾੜ ਨੂੰ ਆਪਣੇ ਪੈਰਾਂ ਵਿੱਚ ਝੁਕਾ ਲਿਆ। ਉਸ ਨੇ ਤਕਰੀਬਨ 100 ਫੁੱਟ ਉਚੇ ਵਿਸ਼ਾਲ ਪੱਥਰ ਦੇ ਪਹਾੜ ਨੂੰ ਕੱਟ ਕੇ, ਇਸ ਦੇ ਵਿਚਦੀ 9 ਮੀਟਰ ਚੌੜਾ ਰਾਹ ਕੱਢ ਕੇ ਦੁਨੀਆ ਨੂੰ ਇਹ ਦੱਸ ਦਿੱਤਾ ਕਿ ਜੇਕਰ ਅੰਦਰ ਕੁਝ ਕਰਨ ਦਾ ਜਜ਼ਬਾ ਹੋਵੇ ਤਾਂ ਅਸੰਭਵ ਨੂੰ ਵੀ ਸੰਭਵ ਬਣਾਇਆ ਜਾ ਸਕਦਾ ਹੈ। ਇਹ ਬੰਦਾ ਪੂਰੀ ਦੁਨੀਆਂ ਵਿੱਚ 'ਦਾ ਮਾਊਂਟੇਨ ਮੈਨ' ਪਰਬਤ ਪੁਰਸ਼ ਦੇ ਨਾਂਅ ਨਾਲ ਮਸ਼ਹੂਰ ਹੋਇਆ।

ਜੀਵਨ ਦੀਆਂ ਸਭ ਤਰ੍ਹਾਂ ਦੀਆ ਸਮੱਸਿਆਵਾਂ ਅਤੇ ਮੁਸ਼ਕਲਾਂ ਨੂੰ ਹਰਾਇਆ ਜਾ ਸਕਦਾ ਹੈ, ਪਰ ਇਸ ਲਈ ਇਹ ਬੜਾ ਜ਼ਰੂਰੀ ਹੈ ਕਿ ਸਾਡੇ ਅੰਦਰ ਚੜ੍ਹਦੀ ਕਲਾ ਦਾ ਸੰਕਲਪ ਅਤੇ ਹਿੰਮਤ ਦਾ ਜਜ਼ਬਾ ਹੋਵੇ।

ਪਹਾੜਾਂ ਦੀਆਂ ਕੁੰਦਰਾਂ ਵਿੱਚ ਵਸਦੇ ਇੱਕ ਕਬੀਲੇ 'ਤੇ ਇੱਕ ਵਾਰ ਆਫਤਾਂ ਦੇ ਪਹਾੜ ਟੁੱਟ ਪਏ। ਸਖਤ ਗਰਮੀ ਦੌਰਾਨ ਪਹਿਲਾਂ ਸੋਕਾ ਪਿਆ, ਫਿਰ ਖੁਸ਼ਕ ਹਨੇਰੀ ਤੇ ਝੱਖੜਾਂ ਨਾਲ ਆਸਪਾਸ ਰੁੱਖਾਂ 'ਤੇ ਫਸਲਾਂ ਦਾ ਬਹੁਤ ਨੁਕਸਾਨ ਹੋਇਆ। ਕੁਦਰਤ ਜਿਵੇਂ ਇਸ ਕਬੀਲੇ ਦੇ ਹੌਸਲੇ ਨੂੰ ਪਰਖ ਰਹੀ ਸੀ। ਫਿਰ ਇੱਕ ਦਿਨ ਅਚਾਨਕ ਭੁਚਾਲ ਆਇਆ, ਜਿਸ ਵਿੱਚ ਦੱਬ ਕੇ ਬਹੁਤ ਸਾਰੇ ਜੀਅ ਮਰ ਗਏ। ਬਾਕੀ ਰਹਿ ਗਏ ਲੋਕ ਭੁੱਖੇ-ਪਿਆਸੇ ਗਮ-ਉਦਾਸੀ ਤੇ ਨਿਰਾਸ਼ਾ ਦੀਆਂ ਖਾਈਆਂ ਵਿੱਚ ਲਹਿ ਗਏ। ਜੀਵਨ ਬੇਰਸ ਹੋ ਗਿਆ, ਹਰ ਪਾਸੇ ਵਿਰਾਨੀ ਛਾ ਗਈ। ਜਿਵੇਂ ਸਾਰੇ ਹੀ ਜ਼ਿੰਦਗੀ ਦੀ ਜੰਗ ਹਾਰ ਗਏ ਹੋਣ। ਫਿਰ ਇੱਕ ਦਿਨ ਕਬੀਲੇ ਦੇ ਇੱਕ ਬਜ਼ੁਰਗ ਨੇ ਇਹਨਾਂ ਸਾਰਿਆਂ ਬੱਚੇ, ਬੁੱਢੇ, ਜਵਾਨਾਂ ਅਤੇ ਔਰਤਾਂ ਨੂੰ ਇਕੱਠਾ ਕੀਤਾ। ਉਹਦੇ ਝੁਰੜੀਆਂ ਵਾਲੇ ਚਿਹਰੇ 'ਤੇ ਵੀ ਇੱਕ ਇਲਾਹੀ ਨੂਰ ਸੀ। ਆਪਣੇ ਕੰਬਦੇ ਬੁੱਢੇ ਹੱਥਾਂ ਨੂੰ ਉਸ ਅਸਮਾਨ ਵੱਲ ਕਰਕੇ ਕਿਹਾ, 'ਮੈਂ ਆਪਣੇ ਜੀਵਨ ਵਿੱਚ ਬਹੁਤ ਤੂਫ਼ਾਨ ਵੇਖੇ ਹਨ। ਦੁੱਖਾਂ ਭਰੀਆਂ ਹਨੇਰੀਆਂ ਰਾਤਾਂ ਵੀ ਮੈਂ ਦੇਖੀਆਂ, ਪਰ ਮੈਂ ਦੇਖਿਆ ਇਹਨਾਂ ਮਗਰੋਂ ਮੁੜ ਸੂਰਜ ਚੜ੍ਹਿਆ ਹੈ। ਸਮਾਂ ਸਾਨੂੰ ਪਰਖ ਰਿਹਾ ਹੈ, ਪਰ ਇਹ ਹਾਲਾਤ ਸਾਨੂੰ ਤੋੜ ਨਹੀਂ ਸਕਦੇ।"

ਬਜ਼ੁਰਗ ਨੇ ਆਪਣੇ ਲੋਕਾਂ ਨੂੰ ਮੁੜ ਕਿਹਾ, 'ਆਪਣਾ ਸਭ ਤੋਂ ਵੱਡਾ ਹਥਿਆਰ ਜਿਸ ਨਾਲ ਜੀਵਨ ਦੀ ਹਰ ਜੰਗ ਜਿੱਤੀ ਜਾ ਸਕਦੀ ਹੈ, ਉਸ ਨੂੰ ਬੁਲੰਦ ਕਰੋ।"

"ਕਿਹੜਾ ਸਭ ਤੋਂ ਵੱਡਾ ਹਥਿਆਰ?" ਕਬੀਲੇ ਦੇ ਲੋਕ ਇੱਕੋ ਸੁਰ ਵਿੱਚ ਬੋਲੇ।

"ਬੰਦੇ ਦਾ ਸਭ ਤੋਂ ਵੱਡਾ ਹਥਿਆਰ ਹੁੰਦਾ ਹੈ ਹੌਸਲਾ, ਜੇ ਸਾਡੇ ਅੰਦਰ ਹੌਸਲਾ ਬਰਕਰਾਰ ਹੋਇਆ, ਅਸੀਂ ਇਕੱਠੇ ਰਹੇ ਤਾਂ ਹਰ ਮੁਸ਼ਕਲ ਨੂੰ ਇੱਕ-ਇੱਕ ਕਰਕੇ ਹਰਾ ਦੇਵਾਂਗੇ।"

ਗੁਰੂ ਗੋਬਿੰਦ ਸਿੰਘ ਜੀ ਨੇ ਖਾਲਸਾ ਪੰਥ ਨੂੰ ਚੜ੍ਹਦੀ ਕਲਾ ਦਾ ਸੰਕਲਪ ਦਿੱਤਾ। ਸਿੱਖ ਧਰਮ ਦਾ ਇਤਿਹਾਸ ਕੁਰਬਾਨੀਆਂ ਅਤੇ ਕਰੂਰ ਤੋਂ ਕਰੂਰ ਹਾਲਤਾਂ ਵਿੱਚ ਵੀ ਹੌਸਲੇ ਬੁਲੰਦ ਰੱਖਣ ਦਾ ਇਤਿਹਾਸ ਹੈ। ਵਜ਼ੀਰ ਖਾਨ, ਮੀਰ ਮੰਨੂ, ਨਾਦਰ ਸ਼ਾਹ, ਜਕਰੀਆ ਖਾਨ ਅਤੇ ਅਬਦਾਲੀ ਵਰਗਿਆਂ ਨੇ ਖਾਲਸਾ ਪੰਥ ਦਾ ਸਬਰ ਪਰਖ ਕੇ ਵੇਖਿਆ, ਪਰ ਹਰ ਹਾਲ ਵਿੱਚ ਸਿੰਘਾਂ ਦੇ ਹੌਸਲੇ ਬੁਲੰਦ ਰਹੇ। ਕਵੀ ਹਰਭਜਨ ਸਿੰਘ ਹੁੰਦਲ ਲਿਖਦੇ ਹਨ:

ਮੀਰ ਮੰਨੂੰ ਨੇ ਵਾਢੀਆਂ ਲੱਖ ਪਾਈਆਂ, ਅਸੀਂ ਫੇਰ ਵੀ ਖਿੜੇ ਗੁਲਜ਼ਾਰ ਵਾਂਗੂੰ, ਵੱਢੇ ਸਿਰਾਂ ਦੇ ਜਦੋਂ ਸੀ ਮੁੱਲ ਪੈਂਦੇ, ਸਾਡੇ ਹੌਸਲੇ ਹੋਏ ਅੰਗਿਆਰ ਵਾਂਗੂੰ।

ਦੇਰ-ਸਵੇਰ ਸਮਾਂ ਪਾਸਾ ਪਰਤਦਾ ਹੈ, ਤਪਦੀਆਂ ਲੋਆਂ ਮਗਰੋਂ ਬੱਦਲਾਂ ਅਤੇ ਠੰਢੀਆਂ ਹਵਾਵਾਂ ਦੀ ਆਮਦ ਹੁੰਦੀ ਹੈ। ਸੜ-ਸੁੱਕ ਗਏ ਦਰੱਖਤਾਂ ਨੂੰ ਹਰੇ ਕਰਨ ਲਈ ਕੁਦਰਤ ਵਰਖਾ ਦਾ ਵਰਦਾਨ ਬਖਸ਼ਦੀ ਹੈ। ਕਿਸੇ ਵੀ ਤਰ੍ਹਾਂ ਦੇ ਹਾਲਾਤ ਸਦਾ ਇਕੋ ਜਿਹੇ ਨਹੀਂ ਬਣੇ ਰਹਿਣੇ ਹੁੰਦੇ। ਰੁੱਤ ਬਦਲਦੀ ਹੈ, ਰੁੱਖ ਮੌਲਣ ਲੱਗਦੇ ਹਨ ਅਤੇ ਪੰਛੀ ਪਰਵਾਜ਼ ਲਈ ਬੇਤਾਬ ਹੁੰਦੇ ਹਨ। ਕੁਦਰਤ ਤੋਂ ਜੀਵਨ ਦਾ ਹੁਨਰ ਸਿੱਖਿਆ ਜਾ ਸਕਦਾ ਹੈ। ਕੁਦਰਤ ਸਾਨੂੰ ਦੱਸਦੀ ਹੈ ਕਿ ਉਦਾਸ ਰੁੱਤ ਦੇ ਦਿਨ ਜਲਦੀ ਲੰਘ ਜਾਣਗੇ ਅਤੇ ਇਸ ਮਗਰੋਂ ਹਰਿਆਲੀ ਦਾ ਆਗਮਨ ਹੋਵੇਗਾ।

ਧਰਤੀ 'ਤੇ ਜੀਵਨ ਦੀਆਂ ਵੱਖ-ਵੱਖ ਵਨਗੀਆਂ ਹਨ। ਕੁਝ ਜੀਵ ਹਨ, ਜਿਹਨਾਂ ਦਾ ਜੀਵਨ ਕੁਝ ਘੰਟਿਆਂ ਤੱਕ ਹੁੰਦਾ ਹੈ। ਕੁਝ ਦਾ ਹਫਤਿਆਂ ਅਤੇ ਕੁਝ ਦਾ ਮਹੀਨਿਆਂ ਤੱਕ ਜੀਵਨ ਸਿਮਟਿਆ ਹੋਇਆ ਹੈ। ਇਸ ਸਮੇਂ ਦੁਨੀਆ ਵਿੱਚ ਮਨੁੱਖ ਦੀ ਔਸਤ ਉਮਰ 73.8 ਸਾਲਾਂ ਤੱਕ ਹੈ, ਹੋ ਸਕਦਾ ਹੈ ਕਿ ਵਿਗਿਆਨ ਕੱਲ ਨੂੰ ਕੋਈ ਕ੍ਰਿਸ਼ਮਾ ਕਰੇ ਤੇ ਮਨੁੱਖ ਦਾ ਜੀਵਨ 150 ਜਾਂ 200 ਸਾਲ ਤੱਕ ਹੋ ਜਾਵੇ, ਪਰ ਇੱਕ ਗੱਲ ਸਾਨੂੰ ਕਦੇ ਨਹੀਂ ਭੁੱਲਣੀ ਚਾਹੀਦੀ ਕਿ ਮੌਤ ਫਿਰ ਵੀ ਅਟੱਲ ਰਹੇਗੀ, ਕਿਉਂਕਿ ਕੁਦਰਤ ਦੇ ਇਸ ਪਸਾਰੇ ਵਿੱਚ ਜੋ ਬਣਿਆ ਹੈ ਉਸ ਨੇ ਇੱਕ ਨਾ ਇੱਕ ਦਿਨ ਬਿਨਸ ਜਾਣਾ ਹੈ, ਇਹ ਜੀਵਨ ਦਾ ਸੱਚ ਹੈ। ਹੁਣ ਮਨੁੱਖ ਨੇ ਵੇਖਣਾ ਇਹ ਹੁੰਦਾ ਹੈ ਕਿ ਉਸ ਨੇ ਆਪਣੇ ਜੀਵਨ ਨੂੰ ਕਿਵੇਂ ਵਿਉਂਤਣਾ ਹੈ, ਕਿਵੇਂ ਜਿਊਣਾ ਹੈ? ਸਾਨੂੰ ਇਹ ਵੀ ਸਮਝਣਾ ਪਵੇਗਾ ਕਿ ਜਿਵੇਂ-ਜਿਵੇਂ ਦੁਨੀਆ ਵਿੱਚ ਤਕਨੀਕੀ ਤਬਦੀਲੀਆਂ ਤੇਜੀ ਨਾਲ ਵਾਪਰ ਰਹੀਆਂ ਹਨ, ਜਿਵੇਂ ਜਿਵੇਂ ਅਸੀਂ ਵਿਕਾਸ ਕਰ ਰਹੇ ਹਾਂ, ਇਸ ਪ੍ਰਤੀ ਮਨੁੱਖ ਦੇ ਵਿਹਾਰ ਵਿੱਚ ਕਿਹੋ ਜਿਹੀ ਤਬਦੀਲੀ ਆਵੇ, ਤਾਂ ਕਿ ਉਹ ਬਦਲ ਰਹੀਆਂ ਪ੍ਰਸਥਿਤੀਆਂ ਪ੍ਰਤੀ ਆਪਣੇ-ਆਪ ਦੇ ਵਿਵੇਕ ਨੂੰ ਹੋਰ ਬੁਲੰਦ ਕਰ ਸਕੇ, ਇਸ ਵਿਸ਼ੇ 'ਤੇ ਮਾਨਵਜਾਤ ਨੂੰ ਗੰਭੀਰ ਚਿੰਤਨ-ਮਨਨ ਕਰਨ ਦੀ ਲੋੜ ਹੈ। ਵਿਚਾਰਨ ਵਾਲੀ ਗੱਲ ਇਹ ਹੈ ਕਿ ਜਿਹੜੇ ਸਮਾਜਾਂ ਵਿੱਚ ਅੰਧਵਿਸ਼ਵਾਸ ਦਾ ਗਲਬਾ ਨਾ-ਮਾਤਰ ਹੈ ਜਾਂ ਜਿਹੜੇ ਸਮਾਜਾਂ ਨੇ ਪੁਰਾਤਨ ਰੂੜ੍ਹੀਵਾਦੀ ਧਾਰਨਾਵਾਂ ਤੋਂ ਨਿਜਾਤ ਪਾ ਲਈ, ਉਹਨਾਂ ਕੁਝ ਕੁ ਸਮਾਜਾਂ ਵਿੱਚ ਇਮਾਨਦਾਰੀ, ਨਿਆਂ-ਇਨਸਾਫ ਵਧ ਗਏ। ਭ੍ਰਿਸ਼ਟਾਚਾਰ, ਕਤਲੋਗਾਰਤ ਅਤੇ ਲੁੱਟਮਾਰ ਘੱਟ ਹੋ ਗਈ। ਮੌਤ ਦਾ ਵਿਚਾਰ ਸਾਨੂੰ ਬੇਲਗਾਮ ਖਾਹਿਸ਼ਾਂ, ਲਾਲਸਾਵਾਂ ਅਤੇ ਇਸ਼ਾਵਾਂ ਤੋਂ ਆਜ਼ਾਦ ਕਰਦਾ ਹੈ ਅਤੇ ਅਸੀਂ ਨਿੱਕੀ-ਨਿੱਕੀ ਗੱਲ ਦੇ ਪਛਤਾਵੇ ਛੱਡ ਕੇ ਚੜ੍ਹਦੀ ਕਲਾ ਵਿੱਚ ਰਹਿਣ ਲੱਗਦੇ ਹਾਂ।

ਹਰ ਤਰ੍ਹਾਂ ਦੀ ਨਿਰਾਸ਼ਾ ਤੋਂ ਬਾਹਰ ਨਿਕਲਣ ਲਈ ਇਹ ਬੜਾ ਜ਼ਰੂਰੀ ਹੈ ਕਿ ਅਸੀਂ ਇਹ ਸਮਝ ਲਈਏ ਕਿ ਇਸ ਧਰਤੀ 'ਤੇ ਸਦੀਵੀ ਕੁਝ ਵੀ ਨਹੀਂ। ਬਦਲਾਅ ਸਦੀਵੀ ਹੈ ਅਤੇ ਸਾਡਾ ਪੂਰਾ ਜੀਵਨ ਬਦਲਾਅ ਦੇ ਦੌਰ ਵਿੱਚ ਗੁਜ਼ਰ ਰਿਹਾ ਹੈ। ਇਸ ਜੀਵਨ ਦੌਰਾਨ ਸਾਨੂੰ ਵੱਖ-ਵੱਖ ਤਰ੍ਹਾਂ ਦੇ ਮੌਸਮਾਂ, ਹਨੇਰੀਆਂ, ਝੱਖੜਾਂ, ਹੜ੍ਹਾਂ, ਸੋਕਿਆਂ ਦਾ ਪ੍ਰਕੋਪ ਝੱਲਣਾ ਪੈ ਸਕਦਾ ਹੈ, ਪਰ ਇਹ ਬੜਾ ਜ਼ਰੂਰੀ ਹੈ ਕਿ ਝੱਖੜਾਂ ਨਾਲ ਟੁੱਟ ਕੇ ਡਿੱਗ ਪਏ ਜੰਗਲ ਦੇ ਬਿਰਖ ਵਾਂਗ ਸਾਡੇ ਅੰਦਰ ਮੁੜ ਫੁੱਟ ਪੈਣ ਦਾ ਜਜ਼ਬਾ ਬਰਕਰਾਰ ਹੋਵੇ।


# ਸੰਪਰਕ : 98550-51099


# ਸਾਡੀ ਵਿਧਵਾ ਭੂਆ ਦੀ ਦੁੱਖ ਭਰੀ ਦਾਸਤਾਂ

**ਨਰਿੰਦਰ ਸੋਹਲ**

ਸ਼ਾਇਦ 8 ਕੁ ਸਾਲ ਦੀ ਹੋਵਾਂਗੀ ਜਦੋਂ ਸਾਡੇ ਘਰ ਬਹੁਤ ਵੱਡਾ ਇਕੱਠ ਹੋਇਆ ਸੀ। ਚਿੱਟੀਆਂ ਚੁੰਨੀਆਂ ਲਈ ਔਰਤਾਂ ਉੱਚੀ-ਉੱਚੀ ਵੈਣ ਤੇ ਕੀਰਨੇ ਪਾ ਰਹੀਆਂ ਸਨ। ਇਹ ਸਾਡੇ ਫੁੱਫੜ ਦੀ ਮੋੜਵੀਂ ਮਕਾਣ ਸੀ। ਪਾਪਾ ਦੀ ਸਭ ਤੋਂ ਛੋਟੀ ਭੈਣ ਪ੍ਰਸਿੰਨੀ ਦਾ ਵਿਆਹ ਛੇ ਸਾਲ ਪਹਿਲਾਂ ਹੀ ਪਿੰਡ ਦੇਊ ਬਾਠ ਤਰਨ ਤਾਰਨ ਵਿਖੇ ਹੋਇਆ ਸੀ। ਵੱਡੇ ਬੇਟੇ ਭੇਜੇ ਦੇ ਜਨਮ ਤੋਂ 10 ਮਹੀਨੇ ਬਾਅਦ ਉਸ ਦੀਆਂ ਦੋਵੇਂ ਲੱਤਾਂ ਨੂੰ ਪੋਲੀਓ ਹੋ ਗਿਆ। ਛੇਤੀ ਭੂਆ ਦਾ ਪਰਵਾਰ ਯੂਪੀ ਦੇ ਜ਼ਿਲ੍ਹਾ ਰਾਮਪੁਰ ਚਲਾ ਗਿਆ। ਉੱਥੇ ਪਹਿਲਾਂ ਹੀ ਸਾਡੀ ਇੱਕ ਵੱਡੀ ਭੂਆ ਵਿਆਹੀ ਹੋਈ ਸੀ। ਯੂ ਪੀ ਹੀ ਬੇਟੀ ਪਵਨ ਦਾ ਜਨਮ ਹੋਇਆ। ਫੁੱਫੜ ਦੀ ਮਾਂ ਮਤਰੇਈ ਸੀ, ਜੋ ਬਹੁਤ ਤੰਗ ਕਰਦੀ। ਉਹ ਫੁੱਫੜ ਨੂੰ ਬਣਦਾ ਹਿੱਸਾ ਦੇਣ ਤੋਂ ਬਿਨਾਂ ਅੱਡ ਕਰਨਾ ਚਾਹੁੰਦੀ ਸੀ। ਉਧਰ ਭੂਆ ਤੀਜੀ ਵਾਰ ਮਾਂ ਬਣਨ ਵਾਲੀ ਸੀ ਤੇ ਘਰ ਵਿੱਚ ਹੋ ਰਹੇ ਕਲੇਸ਼ ਤੋਂ ਦੁਖੀ ਹੋਇਆ ਫੁੱਫੜ ਪੰਜਾਬ ਆਪਣੇ ਚਾਚਿਆਂ ਨੂੰ ਇਸ ਬਾਰੇ ਦੱਸਣ ਲਈ ਆਇਆ। ਫੁੱਫੜ ਝਬਾਲ ਤੋਂ ਪਾਪਾ ਨੂੰ ਲੈ ਕੇ ਤਰਨ ਤਾਰਨ ਆਪਣੇ ਚਾਚੇ ਮੁਨਸ਼ੀ ਕੋਲ ਗਿਆ। ਚਾਚੇ ਨੇ ਦੋਵਾਂ ਨੂੰ ਪਿੰਡ ਭੇਜ ਦਿੱਤਾ ਕਿ ਮੈਂ ਛੇਤੀ ਘਰ ਆਉਂਦਾ। ਤਰਨ ਤਾਰਨ ਤੋਂ ਦੇਊ ਜਾਂਦਿਆਂ ਅਚਾਨਕ ਬੱਸ ਪਲਟ ਗਈ। ਛੱਤ 'ਤੇ ਬੈਠੇ ਹੋਣ ਕਾਰਨ ਦੋਵੇਂ ਥੱਲੇ ਆ ਗਏ, ਪਾਪਾ ਨੂੰ ਬਹੁਤੀ ਸੱਟ ਨਹੀਂ ਲੱਗੀ ਸੀ ਪਰ ਫੁੱਫੜ ਗੰਭੀਰ ਜ਼ਖ਼ਮੀ ਹੋ ਗਿਆ, ਜੋ ਹਸਪਤਾਲ ਜਾਂਦਿਆਂ ਰਸਤੇ ਵਿੱਚ ਹੀ ਪੂਰਾ ਹੋ ਗਿਆ।

ਐਕਸੀਡੈਂਟ ਤੋਂ ਪਹਿਲਾਂ ਫੁੱਫੜ ਨੇ ਕਲੇਸ਼ ਬਾਰੇ ਸਭ ਦੱਸ ਦਿੱਤਾ ਸੀ। ਇਸ ਕਰਕੇ ਪਾਪਾ ਭੂਆ ਨੂੰ ਪੱਕੇ ਤੌਰ 'ਤੇ ਆਪਣੇ ਕੋਲ ਹੀ ਲੈ ਆਏ। ਫੁੱਫੜ ਦੀ ਮੌਤ ਤੋਂ 40 ਦਿਨ ਬਾਅਦ ਤੀਜੇ ਬੱਚੇ ਪੰਮੇ ਦਾ ਜਨਮ ਹੋਇਆ। ਪਾਪਾ ਆਪਣੀ ਭੈਣ ਤੇ ਬੱਚਿਆਂ ਨਾਲ ਬਹੁਤ ਪਿਆਰ ਕਰਦੇ। ਬੱਚਿਆਂ ਨੂੰ ਆਪਣੇ ਪਿਓ ਦੀ ਘਾਟ ਨਾ ਰੜਕਨ ਦਿੰਦੇ। ਉਹਨਾਂ ਬਹੁਤ ਕੋਸ਼ਿਸ਼ ਕੀਤੀ ਕਿ ਭੇਜੇ ਦੀਆਂ ਲੱਤਾਂ ਠੀਕ ਹੋ ਜਾਣ, ਪਰ ਪਤਾ ਨਹੀਂ ਸੀ ਕਿ ਅੱਗੇ ਹਾਲਾਤ ਕਿਹੜੀ ਕਰਵਟ ਬਦਲਣ ਵਾਲੇ ਹਨ। ਫੁੱਫੜ ਦੀ ਮੌਤ ਤੋਂ ਚਾਰ ਸਾਲ ਬਾਅਦ ਸਾਡੇ ਘਰ 21 ਜੁਲਾਈ 1987 ਨੂੰ ਅੱਤਵਾਦੀਆਂ ਵੱਲੋਂ ਹਮਲਾ ਕਰ ਦਿੱਤਾ ਗਿਆ। ਇਸ ਹਮਲੇ ਵਿੱਚ ਜਿੱਥੇ ਅਸੀਂ ਆਪਣੇ ਮਾਂ, ਪਿਓ ਤੇ ਦਾਦੀ ਗਵਾਏ ਸੀ, ਉੱਥੇ ਭੂਆ ਨੇ ਆਪਣੇ ਜਿਊਣ ਦਾ ਸਹਾਰਾ ਹੀ ਗਵਾ ਲਿਆ ਸੀ। ਭੂਆ ਜਿਸ ਭਰਾ ਦੇ ਸਹਾਰੇ ਤਿੰਨ ਬੱਚੇ ਲੈ ਕੇ ਪੇਕੇ ਆਣ ਬੈਠੀ ਸੀ, ਉਹ ਤਾਂ ਆਪਣੇ ਬੱਚਿਆਂ ਨੂੰ ਵੀ ਦੂਜਿਆਂ ਦੇ ਸਹਾਰੇ ਛੱਡ ਗਿਆ ਸੀ। ਅਖੀਰ ਮੈਂ, ਭੂਆ ਤੇ ਬੱਚੇ ਹੀ ਸੋਹਲ ਵਾਲੇ ਘਰ ਵਿੱਚ ਰਹਿ ਗਏ ਸੀ। ਉਹ ਔਖਾ ਸਮਾਂ ਅਸੀਂ ਇਕੱਠਿਆਂ ਵੇਖਿਆ। ਅਸੀਂ ਭੂਆ-ਭਤੀਜੀ ਲੜ ਪੈਂਦੀਆਂ, ਪਰ ਸਾਂਝਾ ਦੁੱਖ ਸਾਨੂੰ ਫਿਰ ਇੱਕ ਕਰ ਦਿੰਦਾ। ਅੱਤਵਾਦ ਵਾਲੀ ਘਟਨਾ ਤੋਂ ਬਾਅਦ ਚੋਰਾਂ ਨੇ ਵੀ ਸਾਡੇ ਘਰ 'ਤੇ ਹਮਲਾ ਕਰ ਦਿੱਤਾ। ਭੂਆ ਹਾੜੇ ਕੱਢਦੀ ਰਹੀ, ਪਰ ਚੋਰਾਂ ਨੇ ਇੱਕ ਨਾ ਮੰਨੀ ਤੇ ਸਾਰੇ ਪੇਟੀ-ਸੰਦੂਕ ਫ਼ਰੋਲ ਕੇ ਜੋ ਪੈਸੇ ਹੱਥ ਲੱਗੇ, ਲੈ ਕੇ ਤੁਰਦੇ ਬਣੇ। ਇਸ ਨਵੀਂ ਪਈ ਮੁਸੀਬਤ ਕਰਕੇ ਘਰ ਵਿੱਚ ਰਹਿਣਾ ਸਾਡੇ ਲਈ ਬੜਾ ਔਖਾ ਸੀ। ਜਿੱਥੇ ਰਾਤ ਦਾ ਹਨੇਰਾ ਸਾਨੂੰ ਵੱਢ-ਵੱਢ ਖਾਂਦਾ। ਫੈਸਲਾ ਹੋਇਆ ਕਿ ਰਾਤ ਘਰ ਨਾ ਰਿਹਾ ਜਾਏ। ਫਿਰ ਸ਼ਰੀਕੇ 'ਚੋਂ ਲੱਗਦੇ ਤਾਏ ਦੇ ਘਰ ਰਾਤ ਨੂੰ ਸੌਣ ਜਾਂਦੇ ਤੇ ਦਿਨ ਚੜ੍ਹਦੇ ਹੀ ਆਪਣੇ ਘਰ ਆ ਜਾਣਾ। ਇਕ ਦਿਨ ਝਬਾਲ ਕੋਲ ਹੋ ਰਹੇ ਮੁਕਾਬਲੇ ਕਾਰਨ ਅਸੀਂ ਜਲਦੀ ਕੰਮ ਨਿਬੇੜ ਤਾਏ ਦੇ ਘਰ ਵੱਲ ਤੁਰੀਆਂ ਤਾਂ ਹਨੇਰਾ ਹੋ ਚੁੱਕਾ ਸੀ। ਕੱਦੂ ਕੀਤੇ ਖੇਤਾਂ ਵਿੱਚੋਂ ਅਸੀਂ ਡਿੱਗਦੇ-ਢਹਿੰਦੇ ਜਦ ਤਾਏ ਦੇ ਘਰ ਪਹੁੰਚੇ ਤਾਂ ਚਿੱਕੜ ਨਾਲ ਲਿੱਬੜ ਚੁੱਕੇ ਸੀ। ਅਜਿਹੇ ਮਾੜੇ ਹਾਲਾਤ ਦਾ ਸਾਹਮਣਾ ਅਸੀਂ ਦੋਵੇਂ ਕਰਦੀਆਂ ਰਹੀਆਂ।

ਫਿਰ ਭੂਆ ਨੇ ਅੰਮ੍ਰਿਤਸਰ ਇੱਕ ਛੋਟਾ ਜਿਹਾ ਮਕਾਨ ਲੈ ਲਿਆ। ਤੰਗੀਆਂ-ਤੁਰਸ਼ੀਆਂ ਨਾਲ ਦੋ-ਚਾਰ ਹੁੰਦੀ, ਉਹ ਆਪਣੇ ਬੱਚਿਆਂ ਨੂੰ ਪਾਲਣ ਲੱਗੀ। ਸਾਡਾ ਘਰ ਅੰਮ੍ਰਿਤਸਰ ਹੀ ਹੋਣ ਕਾਰਨ, ਜਦੋਂ ਦਿਲ ਕਰਦਾ, ਭੂਆ ਘਰ ਚਲੇ ਜਾਣਾ। ਕਈ-ਕਈ ਦਿਨ ਰਹਿ ਲੈਂਦੇ ਪਰ ਸਾਡੀ ਭੂਆ ਨੇ ਕਦੇ ਮੱਥੇ ਵੱਟ ਨਹੀਂ ਪਾਇਆ ਸੀ। ਬਸ ਭੂਆ ਦੀ ਇੱਕ ਆਦਤ ਬੁਰੀ ਲਗਦੀ, ਉਹ ਰੋਜ਼ ਸਵੇਰੇ ਪੰਜ ਵਜੇ ਚਾਹ ਬਣਾ ਸਾਡੇ ਸਾਰਿਆਂ ਦੇ ਸਰ੍ਹਾਣੇ ਰੱਖ ਵਾਜ਼ਾਂ ਮਾਰਦੀ। ਅਸੀਂ ਗੁੱਸੇ ਵਿੱਚ ਅੱਧੀਆਂ ਖੁੱਲ੍ਹੀਆਂ ਅੱਖਾਂ ਨਾਲ ਚਾਹ ਚੁੱਕਦੇ ਤੇ ਅੰਦਰ ਸੁੱਟ ਕੇ ਫਿਰ ਸੌਂ ਜਾਂਦੇ। ਇਸ ਗੱਲੋਂ ਬੇਖ਼ਬਰ ਸੀ ਕਿ ਉਹ ਆਪਣਾ ਘਰ ਕਿਵੇਂ ਚਲਾ ਰਹੀ। ਫਿਰ ਵੱਡੇ ਬੇਟੇ ਨੇ ਪੀਸੀਓ ਖੋਲਿਆ ਜੋ ਵਧੀਆ ਚੱਲ ਪਿਆ। ਪਰ ਇੱਕ ਘਟਨਾ ਨੇ ਪੀਸੀਓ ਹੀ ਬੰਦ ਨਹੀਂ ਕਰਾਇਆ, ਸਗੋਂ ਉਥੋਂ ਮਕਾਨ ਵੀ ਵੇਚਣਾ ਪੈ ਗਿਆ। ਫਿਰ ਭੂਆ ਛੇਹਰਟੇ ਆ ਗਈ। ਉਦੋਂ ਤੱਕ ਅਸੀਂ ਵੀ ਛੇਹਰਟਾ ਆ ਗਏ ਸੀ। ਇੱਥੇ ਵੀ ਉਨ੍ਹਾਂ ਇੱਕ ਰੈਸਟੋਰੈਂਟ ਖੋਲ੍ਹ ਲਿਆ ਸੀ, ਜਿਸ ਤੋਂ ਵਧੀਆ ਕਮਾਈ ਹੋਣ ਲੱਗੀ, ਪਰ ਕੁਦਰਤ ਨੂੰ ਸ਼ਾਇਦ ਕੁਝ ਹੋਰ ਮਨਜ਼ੂਰ ਸੀ। ਅਚਾਨਕ ਰੈਸਟੋਰੈਂਟ ਬੰਦ ਹੋ ਗਿਆ। ਉਹ ਜਿੱਥੋਂ ਤੁਰੇ ਸੀ, ਫਿਰ ਉਥੇ ਆਣ ਖੜੇ ਸੀ। ਛੋਟਾ ਬੇਟਾ ਜਵਾਨ ਹੋ ਚੁੱਕਾ ਸੀ ਤੇ ਬੇਟੀ ਦਾ ਵਿਆਹ ਵੀ ਨੇੜੇ ਵਡਾਲੀ ਵਿਖੇ ਕਰ ਦਿੱਤਾ ਗਿਆ, ਪਰ ਭੂਆ ਕੋਲ ਕੋਈ ਕਮਾਈ ਦਾ ਸਾਧਨ ਨਾ ਹੋਣ ਕਾਰਨ ਉਹਨਾਂ ਨੂੰ ਘਰ ਵੇਚ ਕੇ ਖੇਤੀਬਾੜੀ ਲਈ ਯੂਪੀ ਜਾਣਾ ਪਿਆ। ਉਦੋਂ ਨਹੀਂ ਪਤਾ ਸੀ ਕਿ ਘਰ ਵੇਚਣਾ ਵੀ ਭੂਆ ਲਈ ਕਿੰਨਾ ਵੱਡਾ ਧੱਕਾ ਸਾਬਤ ਹੋਵੇਗਾ।



ਪੰਮੇ ਨੇ ਖੇਤੀ ਦਾ ਕੰਮ ਸੰਭਾਲ ਲਿਆ ਸੀ। ਗੁਜ਼ਾਰਾ ਚੰਗਾ ਹੋਣ ਲੱਗਾ। ਮੇਰੇ ਵਿਆਹ ਤੋਂ ਬਾਅਦ ਕੁੱਝ ਸਾਲ ਭੂਆ ਜਦੋਂ ਵੀ ਯੂਪੀ ਤੋਂ ਆਉਂਦੀ, ਆਪਣੀ ਧੀ ਤੋਂ ਇਲਾਵਾ ਮੇਰੇ ਲਈ ਵੀ ਕਈ ਕੁੱਝ ਲੈ ਕੇ ਆਉਂਦੀ ਰਹੀ। ਪੰਮੇ ਦੇ ਘਰ ਦੋ ਧੀਆਂ ਹੋਣ 'ਤੇ ਭੂਆ ਝੋਰਾ ਕਰਦੀ ਕਿ ਇੱਕ ਪੋਤਰਾ ਹੋਵੇ, ਜੋ ਮੇਰੇ ਪੁੱਤ ਦਾ ਹੱਥ ਵੰਡਾਵੇ। ਆਖਰ ਉਸ ਦੀਆਂ ਕੀਤੀਆਂ ਅਰਦਾਸਾਂ ਸਫਲ ਹੋਈਆਂ ਤੇ ਘਰ ਵਿੱਚ ਪੋਤਰੇ ਦਾ ਜਨਮ ਹੋਇਆ। ਜੋ ਕੁੱਝ ਮਹੀਨੇ ਬਾਅਦ ਬਿਮਾਰ ਹੋ ਕੇ ਚੱਲ ਵਸਿਆ। ਇਹ ਆਖਰੀ ਵੱਡਾ ਧੱਕਾ ਸੀ, ਜੋ ਭੂਆ ਨੂੰ ਪੂਰੀ ਤਰ੍ਹਾਂ ਤੋੜ ਗਿਆ। ਉਸ ਦੇ ਦਿਮਾਗ 'ਤੇ ਗਹਿਰਾ ਅਸਰ ਹੋਣਾ ਸ਼ੁਰੂ ਹੋ ਗਿਆ। ਬੇਸ਼ੱਕ ਥੋੜ੍ਹੇ ਸਮੇਂ ਬਾਅਦ ਇੱਕ ਹੋਰ ਪੋਤਰੇ ਨੇ ਜਨਮ ਲਿਆ ਪਰ ਜਿਹੜਾ ਧੱਕਾ ਲੱਗ ਚੁੱਕਾ ਸੀ, ਉਸ ਨੇ ਰੰਗ ਦਿਖਾਉਣਾ ਸ਼ੁਰੂ ਕਰ ਦਿੱਤਾ। ਹੌਲੀ-ਹੌਲੀ ਭੂਆ ਦੀ ਯਾਦਾਸ਼ਤ ਖੁਰਨ ਲੱਗੀ। ਉਹਦੀਆਂ ਗੱਲਾਂ 'ਚੋਂ ਹੁਣ ਤੱਕ ਦਾ ਹੰਢਾਇਆ ਦਰਦ ਸੁਣਾਈ ਦੇਣ ਲੱਗਾ। ਹੁਣ ਅਕਸਰ ਫੋਨ ਕਰਨ 'ਤੇ ਉਹ ਵੇਚੇ ਮਕਾਨ ਦਾ ਹੇਰਵਾ ਕਰਨ ਲੱਗਦੀ।ਉਹਦੀ ਯਾਦਾਸ਼ਤ ਲਗਾਤਾਰ ਘਟਦੀ ਜਾ ਰਹੀ ਤਾਂ ਮਾਰਚ 2025 ਵਿੱਚ ਅਸੀਂ ਤਿੰਨ ਭੈਣਾਂ, ਭੂਆ ਦੀ ਬੇਟੀ ਇਕੱਠੇ ਯੂਪੀ ਮਿਲਣ ਗਏ। ਭੂਆ ਕਦੀ ਸਾਨੂੰ ਪਹਿਚਾਣ ਲੈਂਦੀ ਤੇ ਕਦੇ ਭੁੱਲ ਜਾਂਦੀ, ਪਰ ਖੁਸ਼ ਸੀ। ਅਸੀਂ ਜਿਸ ਪਾਸੇ ਵੀ ਜਾਂਦੇ, ਉਹ ਸਾਡੇ ਨਾਲ-ਨਾਲ ਤੁਰੀ ਫਿਰਦੀ। ਇੱਕ ਗੱਲ ਨੂੰ ਕਈ-ਕਈ ਵਾਰ ਕਰਦੀ। ਜਦੋਂ ਅਸੀਂ ਉਸ ਨੂੰ ਸੋਹਲ ਪਿੰਡ ਬਾਰੇ ਕੁੱਝ ਪੁੱਛਦੇ ਤਾਂ ਖਿਝ ਜਾਂਦੀ। ਇਸ ਤਰ੍ਹਾਂ ਲੱਗਦਾ, ਜਿਵੇਂ ਉਸ ਦੇ ਅੱਲੇ ਜ਼ਖਮਾਂ ਨੂੰ ਛੇੜ ਦਿੱਤਾ ਹੋਵੇ। ਜੇ ਅਸੀਂ ਪਾਪਾ ਬਾਰੇ ਗੱਲ ਕਰਦੇ ਤਾਂ ਵੀ ਉਹਨੂੰ ਗੁੱਸਾ ਜਿਹਾ ਆ ਜਾਂਦਾ। ਫਿਰ ਆਪਣੇ ਵੀਰ ਨੂੰ ਯਾਦ ਕਰਨ ਲੱਗਦੀ। ਜਦੋਂ ਆਂਢ-ਗੁਆਂਢ 'ਚ ਕਿਸੇ ਦੀ ਮੌਤ ਹੋ ਜਾਂਦੀ ਤਾਂ ਉੱਥੇ ਆਪਣੇ ਵੀਰ ਨੂੰ ਯਾਦ ਕਰਕਰ ਕੇ ਵੈਣ ਪਾਉਂਦੀ ਤੇ ਰੋਂਦੀ। ਇਹ ਵੇਖਣਾ ਤੇ ਸੁਣਨਾ ਬੜਾ ਦਰਦਨਾਕ ਸੀ। ਸਾਨੂੰ ਉਹ ਬਹੁਤ ਡਰੀ-ਡਰੀ ਮਹਿਸੂਸ ਹੁੰਦੀ। ਬਾਹਰ ਵਿਹੜੇ ਵਿੱਚੋਂ ਨਿੱਕੀ-ਨਿੱਕੀ ਚੀਜ਼ ਵੀ ਅੰਦਰ ਚੁੱਕੀ ਆਉਂਦੀ। ਕੱਪੜੇ ਵੀ ਸੁੱਕਣ ਨਾ ਦਿੰਦੀ, ਗਿੱਲੇ ਹੀ ਅੰਦਰ ਚੁੱਕ ਲਿਆਉਂਦੀ ਤੇ ਕਹਿੰਦੀ ਕੋਈ ਲੈ ਜਾਵੇਗਾ। ਇੱਥੋਂ ਤੱਕ ਰਾਤ ਨੂੰ ਸੌਣ ਲੱਗਿਆਂ, ਉਹ ਆਪਣੀਆਂ ਚੱਪਲਾਂ ਚੁੱਕ ਕੇ ਸਰ੍ਹਾਣੇ ਥੱਲੇ ਰੱਖ ਲੈਂਦੀ। ਪਤਾ ਨਹੀਂ ਕਿੰਨਾ ਡਰ ਤੇ ਦਰਦ ਆਪਣੇ ਅੰਦਰ ਸਮੇਟਦੀ ਰਹੀ ਸੀ, ਜਿਹੜੇ ਹੁਣ ਇਸ ਤਰੀਕੇ ਨਾਲ ਨਿਕਲ ਰਹੇ ਸਨ। ਭਰੇ ਮਨ ਨਾਲ ਅਸੀਂ ਚਾਰ ਦਿਨ ਰਹਿ ਕੇ ਵਾਪਸ ਆ ਗਏ।

ਵੀਡੀਓ ਕਾਲ ਕਰਨੀ ਕਦੇ ਪਛਾਣ ਲੈਣਾ ਤੇ ਕਦੇ ਨਾ ਪਹਿਚਾਨਣਾ। ਆਪਣੀ ਧੀ ਨੂੰ ਤਾਂ ਪਹਿਲਾਂ ਹੀ ਭੁੱਲ ਗਈ ਸੀ। ਅਪ੍ਰੈਲ ਵਿੱਚ ਵੀਰ ਗੁਰਬਿੰਦਰ ਕੈਨੇਡਾ ਜਾਣ ਤੋਂ ਪਹਿਲਾਂ ਮਿਲ ਕੇ ਆਇਆ ਸੀ, ਪਰ ਉਸ ਨੇ ਪਛਾਣਿਆ ਨਹੀਂ ਸੀ। ਅਖੀਰਲੇ ਸਮੇਂ ਉਸ ਨੂੰ ਸਿਰਫ ਪਿੰਡ ਸੋਹਲ, ਵੀਰ ਸਵਰਨ ਹੀ ਯਾਦ ਸਨ। ਬਾਕੀ ਸਾਰੀ ਯਾਦਾਸ਼ਤ ਗਵਾ ਚੁੱਕੀ ਸੀ। ਅਖੀਰ ਇੱਕ ਦਿਨ ਬੇਸੁੱਧ ਹੋ ਗਈ। ਡਾਕਟਰਾਂ ਜਵਾਬ ਦੇ ਦਿੱਤਾ। ਅਗਲੀ ਸਵੇਰ ਬੇਟੀ ਦੇ ਪਹੁੰਚਣ ਤੋਂ ਦੋ ਕੁ ਘੰਟੇ ਬਾਅਦ ਆਖਰੀ ਸਾਹ ਲਿਆ। ਇਹ ਸੱਚ ਹੈ ਕਿ ਮੌਤ ਤਾਂ ਇਕ ਦਿਨ ਆਉਣੀ ਹੈ, ਪਰ ਇਸ ਤਰਾਂ ਦੀ ਨਾ ਆਵੇ। ਭੂਆ ਨੇ ਸਾਰੀ ਉਮਰ ਕੋਈ ਸੁੱਖ ਨਹੀਂ ਵੇਖਿਆ। 30 ਸਾਲ ਦੀ ਉਮਰ ਵਿੱਚ ਵਿਧਵਾ ਹੋ ਗਈ। ਭਰਾ ਜੋ ਵੱਡਾ ਸਹਾਰਾ ਬਣ ਆਪਣੇ ਕੋਲ ਲੈ ਆਇਆ ਸੀ, ਅੱਤਵਾਦ ਨੇ ਉਹ ਵੀ ਖੋਹ ਲਿਆ। ਬੜਾ ਔਖਾ ਸੀ ਵਿਧਵਾ ਔਰਤ ਲਈ ਆਪਣੇ ਤਿੰਨ ਬੱਚਿਆਂ ਨੂੰ ਸੰਭਾਲਣਾ, ਖਾਸ ਕਰਕੇ ਜਦੋਂ ਵੱਡਾ ਬੇਟਾ ਤੁਰ-ਫਿਰ ਨਾ ਸਕਦਾ ਹੋਵੇ। ਉਸ ਦੇ ਵਿਆਹ ਨਾ ਹੋਣ ਦੀ ਚਿੰਤਾ ਵੀ ਕਰਦੀ। ਖੇਤੀਬਾੜੀ ਵੀ ਬਹੁਤੀ ਰਾਸ ਨਹੀਂ ਆਈ ਸੀ, ਕਰਜ਼ ਉਤਾਰਨ ਲਈ ਕੁੱਝ ਜ਼ਮੀਨ ਵੀ ਵੇਚਣੀ ਪਈ, ਪਰ ਉਸ ਨੇ ਆਪਣੀ ਹਰ ਜ਼ੁੰਮੇਵਾਰੀ ਨਿਭਾਈ। ਉਹ ਸਾਡੇ ਸਾਰੇ ਭੈਣ-ਭਰਾਵਾਂ ਦਾ ਬਹੁਤ ਕਰਦੀ ਸੀ। ਵੱਡੀਆਂ ਭੈਣਾਂ ਦੇ ਜਣੇਪੇ ਲੈ ਕੇ ਵੀ ਜਾਂਦੀ ਰਹੀ। ਕਿਸੇ ਮੌਕੇ ਵੀ ਉਹ ਕਦੀ ਖਾਲੀ ਹੱਥ ਨਹੀਂ ਸੀ ਆਉਂਦੀ। ਘਰ ਦੀ ਆਰਥਿਕਤਾ ਨੂੰ ਠੁੰਮ੍ਹਣਾ ਦੇਣ ਲਈ ਪੰਜ ਕੁ ਮਹੀਨੇ ਪਹਿਲਾਂ ਪੰਮਾ ਕੰਮ ਲਈ ਡਬਈ ਚਲਾ ਗਿਆ ਸੀ। ਜੋ ਆਖ਼ਰੀ ਵਾਰ ਮਾਂ ਦਾ ਮੂੰਹ ਵੀ ਨਹੀਂ ਵੇਖ ਸਕਿਆ, ਪਰ ਉਸ ਦੀ ਪਤਨੀ ਰਾਜਵਿੰਦਰ ਨੇ ਭੂਆ ਦੀ ਵਧੀਆ ਸਾਂਭ-ਸੰਭਾਲ ਕੀਤੀ ਸੀ। ਭੂਆ ਦਾ ਇੰਜ ਜਾਣਾ ਸਾਡੇ ਸਾਰੇ ਜ਼ਖ਼ਮ ਕੁਰੇਦ ਗਿਆ ਹੈ। ਬੇਸ਼ੱਕ ਅੱਤਵਾਦ ਖ਼ਤਮ ਹੋ ਜਾਂਦਾ, ਪਰ ਉਸ ਦੇ ਦਿੱਤੇ ਜ਼ਖ਼ਮ ਕਦੇ ਸੁੱਕਦੇ ਨਹੀਂ।


# ਸੰਪਰਕ: 94641-13255


# ਖੇਤੀ ਅਰਥਚਾਰੇ ਦਾ ਗੰਭੀਰ ਹੋ ਰਿਹਾ ਸੰਕਟ

**ਪ੍ਰਦੀਪ ਮੁਸਾਹਿਬ ਨੂਠਿਆਂਵਾਲੀ**

ਪਿਛਲੇ ਮਹੀਨੇ ਜ਼ਿਲ੍ਹਾ ਫਰੀਦਕੋਟ ਦੇ ਪਿੰਡ ਹਰੀ ਨੌਂ ਦੇ ਦੋ ਸਕੇ ਕਿਸਾਨ ਭਰਾਵਾਂ ਨੇ ਆਲੂਆਂ ਵਿੱਚੋਂ ਘਾਟਾ ਪੈਣ ਕਾਰਨ ਖੁਦਕੁਸ਼ੀ ਕਰ ਲਈ। ਕਿਸਾਨਾਂ ਅਤੇ ਖੇਤ ਮਜ਼ਦੂਰਾਂ ਦੀਆਂ ਖੁਦਕਸ਼ੀਆਂ ਦੀਆਂ ਖਬਰਾਂ ਅਕਸਰ ਹੀ ਆਉਂਦੀਆਂ ਰਹਿੰਦੀਆਂ ਹਨ। ਨੈਸ਼ਨਲ ਕਰਾਈਮ ਰਿਕਾਰਡ ਬਿਊਰੋ ਅਨੁਸਾਰ ਦੇਸ਼ ਵਿੱਚ ਹਰ ਸਾਲ 10 ਹਜ਼ਾਰ ਤੋਂ 12 ਹਜ਼ਾਰ ਤੱਕ ਕਿਸਾਨ ਅਤੇ ਖੇਤ ਮਜ਼ਦੂਰ ਖੁਦਕੁਸ਼ੀਆਂ ਕਰਦੇ ਹਨ। ਇਸ ਤੋਂ ਸਪੱਸ਼ਟ ਹੈ ਕਿ ਖੇਤੀ ਅਰਥਚਾਰਾ ਗੰਭੀਰ ਸੰਕਟ ਦਾ ਸ਼ਿਕਾਰ ਹੈ। ਇਹ ਸੰਕਟ ਦੇ ਕੀ ਕਾਰਨ ਹਨ? ਆਓ, ਸਮਝਣ ਦਾ ਯਤਨ ਕਰਦੇ ਹਾਂ।

ਕਿਸੇ ਵੀ ਦੇਸ਼ ਦੇ ਅਰਥਚਾਰੇ ਨੂੰ ਸਮਝਣ ਲਈ ਸਿਰਫ਼ ਕੁੱਲ ਘਰੇਲੂ ਪੈਦਾਵਾਰ ਦੇ ਅੰਕੜੇ ਕਾਫ਼ੀ ਨਹੀਂ ਹੁੰਦੇ। ਅਸਲ ਸਵਾਲ ਇਹ ਹੁੰਦਾ ਹੈ ਕਿ ਉਤਪਾਦਨ ਦਾ ਅਮਲ ਕਿਵੇਂ ਹੁੰਦਾ ਹੈ, ਉਤਪਾਦਨ ਕੌਣ ਕਰਦਾ ਹੈ, ਇਸ ਦੀ ਵੰਡ ਕਿਵੇਂ ਹੁੰਦੀ ਹੈ ਅਤੇ ਉਸ ਤੋਂ ਲਾਭ ਕਿਸ ਨੂੰ ਮਿਲਦਾ ਹੈ। ਆਰਥਿਕਤਾ ਦੇ ਮੋਟੇ ਤਿੰਨ ਮੁੱਖ ਸੈਕਟਰ ਖੇਤੀ (ਖਣਿਜ ਅਤੇ ਕੁਦਰਤੀ ਸਾਧਨ, ਜਿਵੇਂ ਪਾਣੀ ਦੀ ਉਪਲੱਬਧਤਾ ਸਮੇਤ), ਉਦਯੋਗ (ਮੈਨੂਫੈਕਚਰਿੰਗ) ਅਤੇ ਸੇਵਾਵਾਂ (ਬੈਂਕਾਂ, ਟਰਾਂਸਪੋਰਟ) ਹੁੰਦੇ ਹਨ ਜੋ ਸਿਰਫ਼ ਵੱਖ-ਵੱਖ ਖੇਤਰ ਨਹੀਂ ਹਨ, ਸਗੋਂ ਇਹ ਇੱਕ-ਦੂਜੇ ਨਾਲ ਜੀਵੰਤ ਸੰਬੰਧਾਂ ਰਾਹੀਂ ਗਹਿਰੇ ਤੌਰ 'ਤੇ ਜੁੜੇ ਹੋਏ ਹੁੰਦੇ ਹਨ। ਇਨਾਂ ਤਿੰਨਾਂ ਵਿੱਚੋਂ ਵੀ ਸਭ ਤੋਂ ਬੁਨਿਆਦੀ ਖੇਤੀ ਖੇਤਰ ਹੈ, ਜਿਹੜਾ ਕਿ ਮਿੱਟੀ ਵਿੱਚੋਂ ਉਤਪਾਦਨ ਕਰਦਾ ਹੈ।

ਜਦੋਂ ਇਨਸਾਨ ਨੇ ਮੁੱਢਲੇ ਰੂਪ ਵਿੱਚ ਖੇਤੀ ਕਰਨੀ ਸਿੱਖੀ ਤਾਂ ਖੇਤੀ ਵਾਸਤੇ ਆਬਾਦ ਕੀਤੀ ਜ਼ਮੀਨ ਦਾ ਮਾਲਕ ਆਬਾਦਕਾਰ ਕਬੀਲਾ ਹੀ ਹੁੰਦਾ ਸੀ। ਜਦੋਂ ਪਾਣੀ ਦੀ ਭਾਲ ਵਿੱਚ ਕਬੀਲਿਆਂ ਨੇ ਇੱਕ-ਦੂਜੇ ਦੀ ਜ਼ਮੀਨ 'ਤੇ ਕਬਜ਼ੇ ਕਰਨੇ ਸ਼ੁਰੂ ਕੀਤੇ ਤਾਂ ਗੁਲਾਮਦਾਰੀ ਯੁੱਗ ਦੀ ਸ਼ੁਰੂਆਤ ਹੋਈ ਅਤੇ ਇਸੇ ਦੀ ਕੁੱਖ ਵਿੱਚੋਂ ਜਗੀਰਦਾਰੀ ਨੇ ਜਨਮ ਲਿਆ। ਜਗੀਰਦਾਰਾਂ ਨੇ ਅਬਾਦਕਾਰਾਂ ਵੱਲੋਂ ਖੂਨ-ਪਸੀਨਾ ਇੱਕ ਕਰਕੇ ਆਬਾਦ ਕੀਤੀਆਂ ਜ਼ਮੀਨਾਂ 'ਤੇ ਜਬਰੀ ਕਬਜ਼ੇ ਕਰ ਲਏ ਅਤੇ ਉਨ੍ਹਾਂ ਤੋਂ ਮਾਮਲੇ ਦੇ ਰੂਪ ਵਿੱਚ ਫਸਲ ਦਾ ਇੱਕ ਹਿੱਸਾ ਲੈਣਾ ਸ਼ੁਰੂ ਕਰ ਦਿੱਤਾ। ਆਮ ਕਰਕੇ ਇਹ ਤੀਜਾ ਹਿੱਸਾ ਹੁੰਦਾ ਜਾਂ ਕਈ ਵਾਰ ਇਸ ਤੋਂ ਵੀ ਵੱਧ। ਸਾਇੰਸ ਦੀ ਤਰੱਕੀ ਨਾਲ ਛੋਟੇ ਕਾਰਖਾਨਿਆਂ ਦੀ ਸ਼ੁਰੂਆਤ ਹੋਈ ਅਤੇ ਸਰਮਾਇਆ ਮੁੱਢਲੇ ਰੂਪ ਵਿੱਚ ਕੁਝ ਹੱਥਾਂ ਵਿੱਚ ਕੇਂਦਰਤ ਹੋਣ ਲੱਗਿਆ। ਇਹਨਾਂ ਕਾਰਖਾਨਿਆਂ ਵਿੱਚ ਕੱਚਾ ਮਾਲ ਮੁੱਖ ਤੌਰ 'ਤੇ ਖੇਤੀ ਤੋਂ ਹੀ ਆਉਂਦਾ ਸੀ, ਪਰ ਜ਼ਮੀਨਾਂ 'ਤੇ ਜਗੀਰਦਾਰਾਂ ਦੇ ਕਬਜ਼ੇ ਹੋਣ ਕਾਰਨ ਕਿਸਾਨਾਂ ਦੀ ਉਪਜ ਵਧਾਉਣ ਵਿੱਚ ਕੋਈ ਬਹੁਤੀ ਰੁਚੀ ਨਹੀਂ ਹੁੰਦੀ ਸੀ। ਦੂਜੇ ਪਾਸੇ ਸਰਮਾਏਦਾਰਾਂ ਨੂੰ ਕਾਰਖਾਨਿਆਂ ਲਈ ਕੱਚਾ ਮਾਲ ਲੋੜੀਦਾ ਸੀ। ਇਸ ਲਈ ਯੂਰਪ ਦੇ ਦੇਸ਼ਾਂ ਵਿੱਚ ਸਰਮਾਏਦਾਰੀ ਨੇ ਅਗਾਂਹਵਧੂ ਭੂਮਿਕਾ ਨਿਭਾਉਂਦਿਆਂ ਜਗੀਰਦਾਰੀ ਨੂੰ ਤੋੜਿਆ ਅਤੇ ਖੇਤੀਬਾੜੀ ਨੇ ਪੱਛਮੀ ਮੁਲਕਾਂ 'ਚ ਸਰਮਾਏਦਾਰਾਨਾ ਲੀਹਾਂ 'ਤੇ ਵਿਕਾਸ ਕੀਤਾ। ਖੇਤੀ ਸੈਕਟਰ ਦੇ ਉਤਪਾਦਨ ਨੂੰ ਸਨਅਤ ਹਜ਼ਮ ਕਰਦੀ ਸੀ ਤੇ ਪੂੰਜੀਵਾਦੀ ਵਿਕਾਸ ਹੁੰਦਾ ਸੀ। ਸੇਵਾਵਾਂ ਦਾ ਖੇਤਰ ਖੇਤੀਬਾੜੀ ਅਤੇ ਸਨਅਤ ਲਈ ਸਹਾਈ ਰੋਲ ਅਦਾ ਕਰਦਾ ਸੀ। ਇਹ ਸਮਾਜ ਦੇ ਵਿਕਾਸ ਦਾ ਕੁਦਰਤੀ ਢੰਗ ਸੀ।

ਭਾਰਤ ਵਿੱਚ ਇਹ ਵਿਕਾਸ ਇਸ ਤਰ੍ਹਾਂ ਕੁਦਰਤੀ ਢੰਗ ਨਾਲ ਨਹੀਂ ਹੋਇਆ, ਕਿਉਂਕਿ ਅੰਗਰੇਜ਼ਾਂ ਨੇ ਆਪਣਾ ਮਾਲ ਵੇਚਣ ਲਈ ਇੱਥੋਂ ਦੀ ਉਸ ਸਮੇਂ ਮੌਜੂਦ ਛੋਟੇ ਪੈਮਾਨੇ ਦੀ ਸਨਅਤ ਨੂੰ ਤਬਾਹ ਕਰ ਦਿੱਤਾ ਅਤੇ ਜਗੀਰਦਾਰਾਂ ਨਾਲ ਸਾਂਝ-ਭਿਆਲੀ ਕਰਕੇ ਆਪਣੇ ਹਿੱਤ ਸੁਰੱਖਿਅਤ ਕੀਤੇ। ਇਹਨਾਂ ਕਾਰਨਾਂ ਕਰਕੇ ਦੇਸ਼ ਵਿੱਚ ਸਰਮਾਏਦਾਰੀ ਵੱਲੋਂ ਇਨਕਲਾਬੀ ਢੰਗ ਨਾਲ ਜਗੀਰਦਾਰੀ ਦਾ ਖਾਤਮਾ ਨਹੀਂ ਕੀਤਾ ਗਿਆ, ਸਗੋਂ ਜਗੀਰਦਾਰੀ ਤੋੜਨ ਅਤੇ ਆਪਣੀਆਂ ਜ਼ਮੀਨਾਂ ਦੇ ਮਾਲਕੀ ਹੱਕ ਲੈਣ ਲਈ ਕਿਸਾਨਾਂ ਨੂੰ ਬਗਾਵਤਾਂ ਕਰਨੀਆਂ ਪਈਆਂ। ਤਿਲੰਗਾਨਾ ਵਿੱਚ ਚੱਲੀ ਤਿਭਾਗਾ ਲਹਿਰ, ਪੰਜਾਬ ਵਿੱਚ ਪੈਪਸੂ ਮੁਜ਼ਾਰਾ ਲਹਿਰ ਅਤੇ ਦੇਸ਼ ਵਿੱਚ ਚੱਲੀ ਇਤਿਹਾਸਕ ਨਕਸਲਬਾੜੀ ਲਹਿਰ ਨੂੰ ਇਸੇ ਸੰਦਰਭ ਵਿੱਚ ਦੇਖਿਆ ਜਾ ਸਕਦਾ ਹੈ। ਇਸ ਤਰ੍ਹਾਂ ਅਸੀਂ ਦੇਖਦੇ ਹਾਂ ਕਿ ਭਾਰਤ ਵਿੱਚ ਖੇਤੀ ਸੈਕਟਰ ਦਾ ਵਿਕਾਸ ਕੁਦਰਤੀ ਢੰਗ ਨਾਲ ਨਾ ਹੋ ਕੇ ਸਾਮਰਾਜ ਦੀਆਂ ਲੋੜਾਂ ਅਨੁਸਾਰ ਕੀਤਾ ਗਿਆ।

1960-70 ਦੇ ਦਹਾਕੇ ਵਿੱਚ ਜਦੋਂ ਦੇਸ਼ ਵਿੱਚ ਭੁੱਖਮਰੀ ਦੇ ਹਾਲਾਤ ਸਨ ਤਾਂ ਸਰਮਾਏਦਾਰੀ ਨੇ ਇਸ ਮੌਕੇ ਨੂੰ ਗਨੀਮਤ ਸਮਝਿਆ ਅਤੇ ਹਰੀ ਕ੍ਰਾਂਤੀ ਦੀ ਸ਼ੁਰੂਆਤ ਕੀਤੀ। ਟਿਊਬਵੈੱਲ ਸਿੰਚਾਈ, ਖੇਤੀ ਮਸ਼ੀਨਰੀ, ਨਦੀਨ ਨਾਸ਼ਕ ਅਤੇ ਕੀੜੇਮਾਰ ਦਵਾਈਆਂ ਧੜਾ-ਧੜ ਖੇਤੀ ਖੇਤਰ ਵਿੱਚ ਭੇਜ ਕੇ ਸਰਮਾਏਦਾਰਾਂ ਨੇ ਆਪਣੇ ਮੁਨਾਫੇ ਪੱਕੇ ਕੀਤੇ ਅਤੇ ਝੋਨਾ-ਕਣਕ ਦੀ ਦੋ- ਫਸਲੀ ਪ੍ਰਣਾਲੀ ਤੇਜ਼ੀ ਨਾਲ ਵਧੀ। ਇਸ ਨਾਲ ਦੇਸ਼ ਭਾਵੇਂ ਅੰਨ ਖੇਤਰ ਵਿੱਚ ਆਤਮ ਨਿਰਭਰ ਹੋ ਗਿਆ, ਪਰ ਰਸਾਇਣਕ ਖਾਦਾਂ, ਨਦੀਨ ਨਾਸ਼ਕ ਅਤੇ ਕੀਟ ਨਾਸ਼ਕ ਦਵਾਈਆਂ ਕਾਰਨ ਹਵਾ, ਪਾਣੀ ਅਤੇ ਮਿੱਟੀ ਪ੍ਰਦੂਸ਼ਤ ਹੋ ਗਿਆ। ਵਾਤਾਵਰਨ ਦੇ ਇਸ ਪ੍ਰਦੂਸ਼ਣ ਨਾਲ ਮਨੁੱਖੀ ਸਿਹਤ 'ਤੇ ਮਾੜਾ ਅਸਰ ਹੋਇਆ। ਵੱਡੀ ਗਿਣਤੀ ਵਿੱਚ ਪੇਂਡੂ ਮਜ਼ਦੂਰ ਅਤੇ ਕਿਸਾਨ ਦਰਦਨਾਕ ਹਾਲਤਾਂ ਵਿੱਚ ਜਿਉਣ ਲਈ ਮਜਬੂਰ ਕਰ ਦਿੱਤੇ ਗਏ। ਕੀ ਇਹ ਸਭ ਹਾਕਮਾਂ ਦੀ ਨਲਾਇਕੀ ਜਾਂ ਬੇਧਿਆਨੀ ਕਾਰਨ ਹੋਇਆ? ਨਹੀਂ, ਬਿਲਕੁੱਲ ਨਹੀਂ। ਹਾਕਮਾਂ ਨੇ ਸਗੋਂ ਜਾਣ ਬੁੱਝ ਕੇ ਇਹ ਹਾਲਾਤ ਪੈਦਾ ਕੀਤੇ ਹਨ। ਕਾਰਨ ਇਹ ਹੈ ਕਿ ਪਿਛਲੇ ਸਮੇਂ ਦੌਰਾਨ ਖੇਤੀਬਾੜੀ ਵਿੱਚ ਸੰਸਾਰੀਕਰਨ ਅਤੇ ਨਿੱਜੀਕਰਨ ਦੀ ਡੂੰਘੀ ਘੁਸਪੈਠ ਹੋਈ ਹੈ। ਸੰਸਾਰ ਇੱਕ ਪਿੰਡ ਬਣ ਗਿਆ ਹੈ। ਕਾਰਖਾਨੇ ਲਾਉਣ ਵਾਸਤੇ, ਕਾਰਖਾਨਿਆਂ ਦਾ ਮਾਲ ਢੋਣ ਵਾਸਤੇ ਰੇਲਵੇ ਲਾਈਨਾਂ ਅਤੇ ਸੜਕਾਂ ਬਣਾਉਣ ਤੋਂ ਇਲਾਵਾ ਤਿਆਰ ਹੋਏ ਮਾਲ ਦੀ ਸਟੋਰੇਜ ਵਾਸਤੇ ਜ਼ਮੀਨ ਦੀ ਲੋੜ ਹੈ। ਇਸ ਤੋਂ ਇਲਾਵਾ ਭਾਰਤ ਵਿੱਚ ਵੱਡਾ ਮੱਧ ਵਰਗ ਪੈਦਾ ਹੋਇਆ ਹੈ। ਇਸ ਲਈ ਰੀਅਲ ਸਟੇਟ ਕਾਰੋਬਾਰ ਵੀ ਕਾਫੀ ਵਧੀਆ ਫੁੱਲਿਆ ਹੈ। ਇਸ ਵਾਸਤੇ ਵੀ ਜ਼ਮੀਨ ਦੀ ਲੋੜ ਹੈ। ਸੋ ਹਾਕਮਾਂ ਦੀ ਨੀਤੀ ਹੈ ਕਿ ਖੇਤੀ ਸੈਕਟਰ ਨੂੰ ਫੇਲ੍ਹ ਕੀਤਾ ਜਾਵੇ, ਤਾਂ ਕਿ ਕਿਸਾਨ ਆਪਣੀ ਜ਼ਮੀਨ ਵੇਚਣ ਲਈ ਮਜਬੂਰ ਹੋ ਜਾਣ ਅਤੇ ਖੇਤੀ ਖੇਤਰ ਵਿੱਚੋਂ ਵਿਹਲੀ ਹੋਈ ਕਿਰਤ ਸ਼ਕਤੀ ਨੂੰ ਕਾਰਖਾਨਿਆਂ ਵਿੱਚ ਸਸਤੀ ਲੇਬਰ ਦੇ ਤੌਰ 'ਤੇ ਵਰਤਿਆ ਜਾ ਸਕੇ।ਭਾਰਤ ਦੀ ਕੁੱਲ ਪੈਦਾਵਾਰ ਵਿੱਚ ਖੇਤੀ ਪੈਦਾਵਾਰ ਦਾ ਹਿੱਸਾ 18%, ਉਦਯੋਗ 27% ਅਤੇ ਸੇਵਾਵਾਂ 55% ਹੈ। ਸੇਵਾਵਾਂ ਸੈਕਟਰ ਦਾ ਸਭ ਤੋਂ ਵੱਡਾ ਹਿੱਸਾ ਹੈ, ਜਦੋਂ ਕਿ ਭਾਰਤ ਦੇ ਖੇਤੀ ਖੇਤਰ 'ਤੇ ਕੁੱਲ 58% ਭਾਵ 84 ਕਰੋੜ ਵਸੋਂ ਨਿਰਭਰ ਹੈ। ਹੇਠਲੇ ਅੰਕੜੇ ਦੱਸਦੇ ਹਨ ਕਿ ਪਿਛਲੇ ਕਈ ਸਾਲਾਂ ਤੋਂ ਖੇਤੀ ਖੇਤਰ ਦੀ ਤਰੱਕੀ ਇਸ ਦੇਸ਼ ਦੇ ਹਾਕਮਾਂ ਦਾ ਮੁੱਖ ਸਰੋਕਾਰ ਨਹੀਂ ਰਹੀ, ਸਗੋਂ ਹਾਕਮਾਂ ਦੀਆਂ ਨੀਤੀਆਂ ਖੇਤੀ ਖੇਤਰ ਨੂੰ ਜਾਣ ਬੁੱਝ ਕੇ ਤਬਾਹੀ ਵੱਲ ਲਿਜਾਣ ਵਾਲੀਆਂ ਹਨ।

ਇਸ ਤੋਂ ਇਲਾਵਾ ਮੁਕਤ ਵਪਾਰ ਸਮਝੌਤਿਆਂ ਰਾਹੀਂ ਕਾਰਪੋਰੇਟ ਘਰਾਣਿਆਂ ਨੂੰ ਖੇਤੀ, ਡੇਅਰੀ, ਪੋਲਟਰੀ ਅਤੇ ਹੋਰ ਲਾਗਵੇਂ ਖੇਤਰਾਂ ਦੀਆਂ ਵਸਤਾਂ ਭਾਰਤ ਵਿੱਚ ਸਸਤੇ ਭਾਅ ਵੇਚਣ ਦੀ ਖੁੱਲੀ ਛੁੱਟੀ ਦਿੱਤੀ ਜਾ ਰਹੀ ਹੈ। ਬੀਜਾਂ 'ਤੇ ਵੀ ਕਾਰਪੋਰੇਟਾਂ ਦਾ ਕਬਜ਼ਾ ਕਰਵਾਉਣ ਵਾਸਤੇ ਬੀਜ ਬਿੱਲ ਪਾਰਲੀਮੈਂਟ ਵਿੱਚ ਪੇਸ਼ ਕਰਨ ਦੀਆਂ ਮਸ਼ਕਾਂ ਜਾਰੀ ਹਨ। ਕੇਂਦਰੀ ਵਿੱਤ ਮੰਤਰੀ ਵੱਲੋਂ ਕਿਹਾ ਗਿਆ ਹੈ ਕਿ ਕਿਸਾਨਾਂ ਦੀ ਕਰਜ਼ਾ ਮੁਕਤੀ ਵਾਸਤੇ ਕੋਈ ਏਜੰਡਾ ਸਰਕਾਰ ਦੇ ਵਿਚਾਰ ਅਧੀਨ ਨਹੀਂ। ਕਿਸਾਨ ਮੰਗ ਕਰ ਰਹੇ ਹਨ ਕਿ ਉਹਨਾਂ ਦੀਆਂ ਸਾਰੀਆਂ ਫਸਲਾਂ ਦੀ ਐੱਮ ਐੱਸ ਪੀ 'ਤੇ ਖਰੀਦ ਦੀ ਗਰੰਟੀ ਦਾ ਕਾਨੂੰਨ ਬਣਾਇਆ ਜਾਵੇ ਅਤੇ ਐੱਮ ਐੱਸ ਪੀ ਡਾਕਟਰ ਸਵਾਮੀਨਾਥਨ ਵੱਲੋਂ ਸੁਝਾਏ ਫਾਰਮੂਲੇ ਸੀ - 2+50% ਅਨੁਸਾਰ ਦਿੱਤੀ ਜਾਵੇ। ਕੇਂਦਰ ਸਰਕਾਰ ਭਾਵੇਂ ਦਾਅਵਾ ਕਰਦੀ ਹੈ ਕਿ ਉਹ 22 ਫਸਲਾਂ 'ਤੇ ਐਮ ਐਸ ਪੀ ਦਿੰਦੀ ਹੈ ਪਰ ਗਲਤ ਢੰਗ ਨਾਲ ਐਲਾਨੀ ਗਈ ਅੱਧੀ ਅਧੂਰੀ ਐਮ ਐਸ ਪੀ ਸਿਰਫ 15% ਕਿਸਾਨਾਂ ਨੂੰ ਹੀ ਮਿਲਦੀ ਹੈ। ਆਰਗੇਨਾਈਜੇਸ਼ਨ ਆਫ ਇਕਨੋਮਿਕ ਕੋਆਪਰੇਸ਼ਨ ਐਂਡ ਡਿਵੈੱਲਪਮੈਂਟ ਦੀ ਰਿਪੋਰਟ ਅਨੁਸਾਰ ਸਾਲ 2000 ਤੋਂ 2025 ਤੱਕ ਦੇ ਸਮੇਂ ਦਰਮਿਆਨ ਕਿਸਾਨਾਂ ਨੂੰ ਉਹਨਾਂ ਦੀ ਉਪਜ ਦਾ ਘੱਟ ਭਾਅ ਦੇ ਕੇ 110 ਲੱਖ ਕਰੋੜ ਰੁਪਏ ਲੁੱਟ ਲਏ ਗਏ ਹਨ। ਪੰਜਾਬ ਵਿੱਚ 2023-24 ਵਿੱਚ ਖੇਤੀ ਖੇਤਰ ਲਈ ਬਜਟ 13888 ਕਰੋੜ ਸੀ, ਜੋ ਕਿ ਦੋ ਸਾਲਾਂ ਬਾਅਦ ਵਧਾ ਕੇ 14524 ਕਰੋੜ ਰੁਪਏ ਕੀਤਾ ਗਿਆ। ਦੋ ਸਾਲਾਂ ਦਾ ਇਹ ਵਾਧਾ ਸਿਰਫ 4.6 % ਬਣਦਾ ਹੈ, ਜੋ ਕਿ ਸਲਾਨਾ ਸਿਰਫ 2.3% ਵਾਧਾ ਹੈ ਅਤੇ ਇਸ ਸਮੇਂ ਦੌਰਾਨ ਮਹਿੰਗਾਈ ਘੱਟੋ-ਘੱਟ 10% ਵਧ ਚੁੱਕੀ ਹੈ।

ਇਸ ਤਰ੍ਹਾਂ ਅਸੀਂ ਦੇਖਦੇ ਹਾਂ ਕਿ ਖੇਤੀ ਅਰਥਚਾਰੇ ਦਾ ਇਹ ਸੰਕਟ ਕਿਸੇ ਕੁਦਰਤੀ ਕਰੋਪੀ ਕਾਰਨ ਨਹੀਂ, ਸਗੋਂ ਹਾਕਮਾਂ ਦੀਆਂ ਸਾਮਰਾਜ ਵੱਲੋਂ ਨਿਰਦੇਸ਼ਤ ਕਾਰਪੋਰੇਟ ਘਰਾਣਿਆਂ ਪੱਖੀ ਨੀਤੀਆਂ ਇਸ ਸੰਕਟ ਦਾ ਮੂਲ ਕਾਰਨ ਹਨ। ਦੇਸ਼ ਦੇ ਕਿਸਾਨਾਂ, ਮਜ਼ਦੂਰਾਂ ਨੂੰ ਚਾਹੀਦਾ ਹੈ ਕਿ ਉਹ ਸਾਰੀ ਸਥਿਤੀ ਦਾ ਧਿਆਨ ਨਾਲ ਮੁਲਾਂਕਣ ਕਰਨ ਅਤੇ ਜ਼ਮੀਨੀ ਸੁਧਾਰਾਂ ਦੀ ਮੰਗ ਕਰਨ ਦੇ ਨਾਲ-ਨਾਲ ਖੇਤੀ ਲਾਗਤ ਵਸਤਾਂ ਤੇ ਸਰਕਾਰੀ ਕੰਟਰੋਲ ਅਤੇ ਕਿਸਾਨਾਂ ਦੀ ਉਪਜ ਲਈ ਐੱਮ ਐੱਸ ਪੀ ਦੀ ਗਰੰਟੀ ਦਾ ਕਾਨੂੰਨ ਬਣਾਉਣ ਦੀ ਮੰਗ ਕਰਨ। ਅਜਿਹਾ ਕਿਸਾਨਾਂ ਅਤੇ ਖੇਤ ਮਜ਼ਦੂਰਾਂ ਦੇ ਸਾਂਝੇ ਜਥੇਬੰਦਕ ਸੰਘਰਸ਼ਾਂ ਰਾਹੀ ਹੀ ਸੰਭਵ ਹੈ।

# ਕੇਂਦਰ ਦੀਆਂ ਫਾਸ਼ੀਵਾਦੀ ਨੀਤੀਆਂ ਖਿਲਾਫ 22 ਨੂੰ ਕੀਤੇ ਜਾਣਗੇ ਰੋਸ ਪ੍ਰਦਰਸ਼ਨ : ਗੋਲਡਨ



**ਜਲਾਲਾਬਾਦ (ਜੀਤ ਕੁਮਾਰ)**
ਮਾਰਕੀਟ ਕਮੇਟੀ ਦਫ਼ਤਰ ਫਾਜ਼ਿਲਕਾ ਵਿਖੇ ਵੱਖ-ਵੱਖ ਜਨਤਕ, ਜਮਹੂਰੀ, ਕਿਸਾਨ, ਮਜ਼ਦੂਰ, ਵਿਦਿਆਰਥੀ ਤੇ ਮੁਲਾਜ਼ਮ ਜਥੇਬੰਦੀਆਂ ਦੀ ਫਾਸ਼ੀਵਾਦੀ ਵਿਰੋਧੀ ਫਰੰਟ ਦੇ ਸੱਦੇ 'ਤੇ ਸੀ ਪੀ ਆਈ ਦੇ ਸੀਨੀਅਰ ਆਗੂ ਕਾਮਰੇਡ ਹੰਸ ਰਾਜ ਗੋਲਡਨ ਦੀ ਅਗਵਾਈ ਹੇਠ ਸਾਂਝੀ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਦੇਸ਼ ਦੇ ਮੌਜੂਦਾ ਰਾਜਨੀਤਕ ਹਾਲਾਤਾਂ, ਵੱਧ ਰਹੇ ਫਾਸ਼ੀਵਾਦੀ ਰੁਝਾਨਾਂ ਤੇ ਕੇਂਦਰ ਸਰਕਾਰ ਵੱਲੋਂ ਸੂਬਿਆਂ ਦੇ ਸੰਵਿਧਾਨਕ ਹੱਕਾਂ ਉੱਤੇ ਕੀਤੇ ਜਾ ਰਹੇ ਹਮਲਿਆਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਇਨ੍ਹਾਂ ਨੀਤੀਆਂ ਦੇ ਵਿਰੋਧ ਵਿੱਚ 22 ਜੂਨ ਨੂੰ ਡਿਪਟੀ ਕਮਿਸ਼ਨਰ ਦਫ਼ਤਰ ਫਾਜ਼ਿਲਕਾ ਸਾਹਮਣੇ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।
ਇਸ ਸਬੰਧੀ ਜਾਣਕਾਰੀ ਦਿੰਦਿਆਂ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੁਖਚੈਨ ਸਿੰਘ ਚੱਕ ਸੈਦੋਕੇ, ਸੀਪੀਆਈ ਦੇ ਆਗੂ ਹੰਸ ਰਾਜ ਗੋਲਡਨ, ਡੈਮੋਕ੍ਰੇਟਿਕ ਟੀਚਰਜ਼ ਫਰੰਟ ਦੇ ਜਨਰਲ ਸਕੱਤਰ ਮਹਿੰਦਰ ਕੌੜੀਆਂਵਾਲੀ, ਪੰਜਾਬ ਸਟੂਡੈਂਟਸ ਯੂਨੀਅਨ ਦੀ ਜ਼ਿਲ੍ਹਾ ਸਕੱਤਰ ਮਮਤਾ ਲਾਧੂਕਾ, ਨੌਜਵਾਨ ਭਾਰਤ ਸਭਾ ਦੇ ਜ਼ਿਲ੍ਹਾ ਪ੍ਰਧਾਨ ਰਾਜਨ ਮੁਹਾਰਸੋਨਾ, ਇਫਟੂ ਦੇ ਸਕੱਤਰ ਦਵਿੰਦਰ ਕੁਮਾਰ, ਜਮਹੂਰੀ ਕਿਸਾਨ ਸਭਾ ਦੇ ਸੂਬਾ ਕਮੇਟੀ ਮੈਂਬਰ ਰਮੇਸ਼ ਵਡੇਰਾ ਅਤੇ ਆਰਐੱਮਪੀਆਈ ਦੇ ਆਗੂ ਬਲਵੰਤ ਸਿੰਘ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਦੇਸ਼ ਦੇ ਜਮਹੂਰੀ ਢਾਂਚੇ ਨੂੰ ਕਮਜ਼ੋਰ ਕੀਤਾ ਜਾ ਰਿਹਾ ਹੈ ਤੇ ਲੋਕਾਂ ਦੇ ਬੁਨਿਆਦੀ ਤੇ ਮਨੁੱਖੀ ਅਧਿਕਾਰਾਂ ਉੱਤੇ ਲਗਾਤਾਰ ਹਮਲੇ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਵਿਰੋਧੀ ਆਵਾਜ਼ਾਂ ਨੂੰ ਦਬਾਉਣ ਲਈ ਦਮਨਕਾਰੀ ਤਰੀਕੇ ਆਪਣਾ ਰਹੀ ਹੈ, ਜਿਸ ਨਾਲ ਲੋਕਤੰਤਰ ਦੀਆਂ ਕਦਰਾਂ-ਕੀਮਤਾਂ ਨੂੰ ਖ਼ਤਰਾ ਪੈਦਾ ਹੋ ਰਿਹਾ ਹੈ।
ਆਗੂਆਂ ਨੇ ਦੋਸ਼ ਲਗਾਇਆ ਕਿ ਪੰਜਾਬ ਦੇ ਮਾਮਲਿਆਂ ਵਿੱਚ ਕੇਂਦਰੀ ਏਜੰਸੀਆਂ ਦਾ ਦਖ਼ਲ ਲਗਾਤਾਰ ਵਧਾਇਆ ਜਾ ਰਿਹਾ ਹੈ ਤੇ ਸੂਬੇ ਦੇ ਅਧਿਕਾਰਾਂ ਨੂੰ ਖੋਹਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਡੈਮ ਸੇਫਟੀ ਐਕਟ ਰਾਹੀਂ ਕੇਂਦਰ ਸਰਕਾਰ ਨੇ ਦੇਸ਼ ਦੇ ਡੈਮਾਂ ਤੇ ਆਪਣਾ ਕੰਟਰੋਲ ਵਧਾ ਲਿਆ ਹੈ, ਜਿਸ ਕਾਰਨ ਪੰਜਾਬ ਦੇ ਪਾਣੀਆਂ ਤੇ ਡੈਮਾਂ ਸਬੰਧੀ ਫੈਸਲਿਆਂ ਵਿੱਚ ਸੂਬੇ ਦੀ ਭੂਮਿਕਾ ਲੱਗਭੱਗ ਖਤਮ ਕਰ ਦਿੱਤੀ ਗਈ ਹੈ, ਉਨ੍ਹਾਂ ਇਸ ਨੂੰ ਰਿਪੇਰੀਅਨ ਸਿਧਾਂਤ ਤੇ ਸੰਘੀ ਢਾਂਚੇ ਦੀ ਭਾਵਨਾ ਦੇ ਉਲਟ ਕਰਾਰ ਦਿੱਤਾ। ਇਸ ਮੌਕੇ ਡੀ ਟੀ ਐੱਫ ਦੇ ਜ਼ਿਲ੍ਹਾ ਪ੍ਰਧਾਨ ਗੁਰਵਿੰਦਰ ਸਿੰਘ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਮਨਦੀਪ ਸਿੰਘ, ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਸੁਖਚਰਨ ਸਿੰਘ, ਅਮਰ ਸਿੰਘ, ਪੀ ਐੱਸ ਯੂ ਦੇ ਜ਼ਿਲ੍ਹਾ ਪ੍ਰਧਾਨ ਕਮਲਜੀਤ ਮੁਹਾਰ ਖੀਵਾ ਨੇ ਸਮੂਹ ਜਥੇਬੰਦੀਆਂ ਤੇ ਫਾਜ਼ਿਲਕਾ ਦੇ ਆਸ-ਪਾਸ ਦੇ ਇਲਾਕਿਆਂ ਦੇ ਲੋਕਾਂ ਨੂੰ ਅਪੀਲ ਕੀਤੀ ਕਿ 22 ਜੂਨ ਨੂੰ ਡਿਪਟੀ ਕਮਿਸ਼ਨਰ ਦਫ਼ਤਰ ਫਾਜ਼ਿਲਕਾ ਸਾਹਮਣੇ ਹੋਣ ਵਾਲੇ ਰੋਸ ਪ੍ਰਦਰਸ਼ਨ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋ ਕੇ ਕੇਂਦਰ ਸਰਕਾਰ ਦੀਆਂ ਲੋਕ ਵਿਰੋਧੀ ਤੇ ਸੂਬਾ ਵਿਰੋਧੀ ਨੀਤੀਆਂ ਖ਼ਿਲਾਫ਼ ਆਪਣੀ ਆਵਾਜ਼ ਬੁਲੰਦ ਕਰਨ।

## 5994 ਈ ਟੀ ਟੀ ਬੇਰੁਜ਼ਗਾਰ ਅਧਿਆਪਕ ਯੂਨੀਅਨ ਵੱਲੋਂ ਰੋਸ ਰੈਲੀ

- ਬਾਜ਼ਾਰਾਂ 'ਚ ਰੋਸ ਮਾਰਚ ਕਰਕੇ ਕੱਕੜਵਾਲ ਚੌਕ ਕੀਤਾ ਜਾਮ
- 26 ਦੀ ਪ੍ਰਿੰਸੀਪਲ ਸੈਕਟਰੀ ਨਾਲ ਮੁਲਾਕਾਤ ਮਗਰੋਂ ਆਵਾਜਾਈ ਬਹਾਲ

**ਧੂਰੀ (ਸੁਖਦੇਵ ਧੂਰੀ, ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਸ਼ੁੱਕਰਵਾਰ ਧੂਰੀ ਵਿਖੇ 5994 ਈਟੀਟੀ ਬੇਰੁਜ਼ਗਾਰ ਅਧਿਆਪਕ ਯੂਨੀਅਨ ਵੱਲੋਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਸ਼ੁਰੂ ਕੀਤਾ ਟਾਵਰ ਮੋਰਚਾ ਗਿਆਰਵੇਂ ਦਿਨ ਵਿੱਚ ਦਾਖ਼ਲ ਹੋ ਗਿਆ ਹੈ, ਪਰ ਸਰਕਾਰ ਦੀ ਸਿਤਮਜ਼ਰੀਫ਼ੀ ਇਹ ਹੈ ਕਿ ਉਸ ਦਾ ਕੋਈ ਵੀ ਨੁਮਾਇੰਦਾ ਇਸ ਕਹਿਰ ਦੀ ਗਰਮੀ ਵਿੱਚ ਟਾਵਰ 'ਤੇ ਬੈਠੇ ਸਾਥੀ ਹਰਜੀਤ ਸਿੰਘ ਦੀ ਸਾਰ ਲੈਣ ਨਹੀਂ ਆਇਆ।ਈਟੀਟੀ ਜਥੇਬੰਦੀ ਵੱਲੋਂ ਅੱਜ ਵੱਖ ਵੱਖ ਭਰਾਤਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਸਰਕਾਰ ਨੂੰ ਜਗਾਉਣ ਲਈ ਵਿਸ਼ਾਲ ਰੈਲੀ ਤੇ ਮਾਰਚ ਦਾ ਉਲੀਕਿਆ ਗਿਆ ਪ੍ਰੋਗਰਾਮ ਕੱਕੜਵਾਲ ਚੌਕ ਵਿੱਚ ਜਾਮ ਦੇ ਨਾਲ ਸਿਖ਼ਰ 'ਤੇ ਪਹੁੰਚਿਆ।ਚੌਕ ਵਿੱਚ ਟ੍ਰੈਫਿਕ ਜਾਮ ਕਰਕੇ ਵਹੀਕਲਾਂ ਦੀਆਂ ਵੱਡੀਆਂ ਕਤਾਰਾਂ ਲੱਗੀਆਂ।ਫਿਰ ਪ੍ਰਸ਼ਾਸਨ ਨੇ 26 ਜੂਨ ਨੂੰ ਪ੍ਰਿੰਸੀਪਲ ਸੈਕਟਰੀ ਨਾਲ ਮੀਟਿੰਗ ਦਾ ਟਾਇਮ ਲੈ ਕੇ ਦੇਣ ਤੋਂ ਬਾਅਦ ਜਾਮ ਖੋਲ੍ਹਿਆ ਗਿਆ।ਪਹਿਲਾਂ ਟਾਵਰ ਦੇ ਨੇੜੇ ਮੋਰਚੇ ਵਾਲੀ ਥਾਂ ਤੇ ਹਜ਼ਾਰਾਂ ਦੀ ਗਿਣਤੀ ਵਿੱਚ ਬੇਰੁਜ਼ਗਾਰ ਅਧਿਆਪਕਾਂ ਦੀ ਜ਼ਬਰਦਸਤ ਰੋਸ ਰੈਲੀ ਕੀਤੀ।ਸ਼ੁਰੂਆਤ ਮੌਕੇ ਪੈਨਸ਼ਨਰ ਆਗੂ ਸੁਖਦੇਵ ਸ਼ਰਮਾ ਧੂਰੀ ਨੇ ਇੱਕ ਕਵਿਤਾ ਰਾਹੀਂ ਰੈਲੀ ਵਿੱਚ ਸ਼ਾਮਲ ਲੋਕਾਂ ਵਿੱਚ ਜੋਸ਼ ਭਰਿਆ।ਫਿਰ ਰੈਲੀ ਨੂੰ ਵੱਖ ਵੱਖ ਜਥੇਬੰਦੀਆਂ ਦੇ ਬੁਲਾਰਿਆਂ ਨੇ ਸੰਬੋਧਨ ਕੀਤਾ, ਜਿਨ੍ਹਾਂ ਵਿੱਚ ਜਗਦੀਸ਼ ਸ਼ਰਮਾ, ਚਰਨਜੀਤ ਸਿੰਘ ਕੈਂਥ, ਸੁਖਦੇਵ ਸ਼ਰਮਾ ਏਟਕ, ਹਰਦੇਵ ਸਿੰਘ ਜਵੰਦਾ, ਅਸ਼ੋਕ ਬਾਵਾ, ਦਿਗਵਿਜੈ ਪਾਲ ਸ਼ਰਮਾ, ਸਾਬਕਾ ਐੱਮ ਐੱਲ ਏ ਦਲਬੀਰ ਸਿੰਘ ਗੋਲਡੀ, ਕਿਸਾਨ ਆਗੂ ਜਰਨੈਲ ਸਿੰਘ ਜਹਾਂਗੀਰ ਸਮੇਤ ਅਨੇਕਾਂ ਹੋਰ ਆਗੂਆਂ ਨੇ ਸੰਬੋਧਨ ਕੀਤਾ ਤੇ ਮੋਰਚੇ ਨਾਲ ਇਕਮੁੱਠਤਾ ਦਾ ਪ੍ਰਗਟਾਵਾ ਕੀਤਾ।ਬੁਲਾਰਿਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਸੰਘਰਸ਼ ਕਰ ਰਹੇ ਬੇਰੁਜ਼ਗਾਰ ਅਧਿਆਪਕਾਂ ਦੀਆਂ ਮੰਗਾਂ ਮੰਨ ਕੇ ਪੰਜਾਬ ਦੇ ਲੋਕਾਂ ਦਾ ਭਰੋਸਾ ਬਹਾਲ ਕੀਤਾ ਜਾਵੇ।ਧੂਰੀ-ਲੁਧਿਆਣਾ ਮੁੱਖ ਮਾਰਗ 'ਤੇ ਦਿੱਤੇ ਗਏ ਧਰਨੇ ਤੋਂ ਬਾਅਦ 26 ਜੂਨ ਦੀ ਪ੍ਰਿੰਸੀਪਲ ਸੈਕਟਰੀ ਟੂ ਮੁੱਖ ਮੰਤਰੀ ਨਾਲ ਮੀਟਿੰਗ ਤੈਅ ਹੋਣ ਤੋਂ ਬਾਅਦ ਆਵਾਜਾਈ ਬਹਾਲ ਹੋਈ।ਜਥੇਬੰਦੀ ਦੇ ਸੂਬਾ ਪ੍ਰਧਾਨ ਅਸ਼ੋਕ ਬਾਵਾ ਨੇ ਇਸ ਦੀ ਪੁਸ਼ਟੀ ਕਰਦਿਆਂ ਦੱਸਿਆ ਕਿ ਟਾਵਰ 'ਤੇ ਚੜ੍ਹਿਆ ਹਰਜੀਤ ਸਿੰਘ ਬਰਨਾਲਾ ਉਸੇ ਤਰ੍ਹਾਂ ਹੀ ਡਟਿਆ ਰਹੇਗਾ ਤੇ 26 ਜੂਨ ਦੀ ਮੀਟਿੰਗ ਤੋਂ ਬਾਅਦ ਉਸ ਦੇ ਟਾਵਰ ਤੋਂ ਉਤਰਨ ਬਾਰੇ ਫੈਸਲਾ ਲਿਆ ਜਾਵੇਗਾ।



# ਡਿਸਟਿਲਰੀ ਯੂਨਿਟ ਅੰਦਰ ਇਥਨੌਲ ਸਟੋਰੇਜ ਟੈਂਕ ਨੂੰ ਲੱਗੀ ਭਿਆਨਕ ਅੱਗ

**ਘਟਨਾ 'ਚ ਜਾਨੀ ਨੁਕਸਾਨ ਤੋਂ ਰਿਹਾ ਬਚਾਅ, ਡੇਢ ਦਰਜ਼ਨ ਫਾਇਰਬ੍ਰਿਗੇਡ ਦੀਆਂ ਗੱਡੀਆਂ ਨੇ ਅੱਗ 'ਤੇ ਪਾਇਆ ਕਾਬੂ**



**ਬਠਿੰਡਾ (ਪਰਵਿੰਦਰ ਜੀਤ ਸਿੰਘ)**
ਬੀਸੀਐੱਲ ਇੰਡਸਟਰੀ ਲਿਮਟਿਡ ਦੇ ਪਿੰਡ ਮਛਾਣਾ ਸਥਿਤ ਡਿਸਟਿਲਰੀ ਯੂਨਿਟ ਅੰਦਰਲੇ ਇਕ ਇਥਨੌਲ ਸਟੋਰੇਜ ਟੈਂਕ ਨੂੰ ਸਵੇਰੇ 9 ਵਜੇ ਅਚਾਨਕ ਅੱਗ ਲੱਗ ਗਈ।ਇਸ ਅੱਗ ਨੇ ਪੂਰੇ ਟੈਂਕ ਨੂੰ ਆਪਣੀ ਲਪੇਟ 'ਚ ਲੈ ਲਿਆ।ਘਟਨਾ 'ਚ ਕਿਸੇ ਵੀ ਤਰ੍ਹਾਂ ਦੇ ਜਾਨੀ ਨੁਕਸਾਨ ਤੋਂ ਬਚਾਅ ਰਿਹਾ, ਪਰ ਵੱਡੀ ਮਾਤਰਾ 'ਚ ਆਰਥਿਕ ਨੁਕਸਾਨ ਹੋਇਆ।ਘਟਨਾ ਦਾ ਪਤਾ ਲੱਗਦੇ ਹੀ ਬਠਿੰਡਾ ਜ਼ਿਲ੍ਹੇ ਦਾ ਸਿਵਲ ਤੇ ਪੁਲਸ ਪ੍ਰਸ਼ਾਸਨ ਪੂਰੀ ਤਰ੍ਹਾਂ ਹਰਕਤ 'ਚ ਆਇਆ ਤੇ ਉਚ ਪੁਲਸ ਅਧਿਕਾਰੀਆਂ ਦੀ ਟੀਮ ਮੌਕੇ 'ਤੇ ਪਹੁੰਚੀ।ਦੂਜੇ ਪਾਸੇ ਜਦੋਂ ਸ਼ੁੱਕਰਵਾਰ ਸਵੇਰੇ ਅਚਾਨਕ ਅੱਗ ਲੱਗੀ ਤਾਂ ਡਿਸਟਿਲਰੀ ਯੂਨਿਟ ਦੀਆਂ ਆਪਣੀਆਂ ਦੋ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਤੇ ਟੀਮ ਮੌਕੇ 'ਤੇ ਪਹੁੰਚੀ ਅਤੇ ਅੱਗ 'ਤੇ ਕਾਬੂ ਪਾਉਣ ਦੀ ਕੋਸ਼ਿਸ਼ ਕੀਤੀ ਗਈ।ਅੱਗ ਕਾਫੀ ਜ਼ਿਆਦਾ ਹੋਣ ਕਾਰਨ ਇਸ ਦੀ ਜਾਣਕਾਰੀ ਤਰੁੰਤ ਬਠਿੰਡਾ ਨਗਰ ਨਿਗਮ ਦੇ ਫਾਇਰਬ੍ਰਿਗੇਡ ਵਿਭਾਗ ਤੋਂ ਇਲਾਵਾ, ਰਾਮਾਂ ਸਥਿਤ ਐੱਚਐੱਮਈਐੱਲ ਤੋਂ ਇਲਾਵਾ, ਹਵਾਈ ਸਟੇਸ਼ਨ ਭਿਸੀਆਣਾ ਤੇ ਨੇੜਲੇ ਉਦਯੋਗਿਕ ਇਕਾਈਆਂ ਨੂੰ ਦਿੱਤੀ ਗਈ ਅਤੇ ਵੱਖ ਵੱਖ ਥਾਵਾਂ ਤੋਂ ਡੇਢ ਦਰਜਨ ਦੇ ਕਰੀਬ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਮੌਕੇ 'ਤੇ ਪਹੁੰਚੀਆਂ ਤੇ ਉਨ੍ਹਾਂ ਕਾਫੀ ਮਿਹਨਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ।ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਬੀਸੀਐੱਲ ਇੰਡਸਟਰੀ ਦੇ ਉਚ ਅਧਿਕਾਰੀਆਂ ਨੇ ਦੱਸਿਆ ਕਿ ਅੱਗ ਲੱਗਣ ਦੇ ਕਾਰਨਾਂ ਦਾ ਅਜੇ ਕੋਈ ਵੀ ਪਤਾ ਨਹੀਂ ਲੱਗ ਸਕਿਆ ਹੈ ਤੇ ਇਸ ਸਬੰਧੀ ਉਨ੍ਹਾਂ ਦੀ ਇਕ ਵਿਸ਼ੇਸ਼ ਟੈਕਨੀਕਲ ਟੀਮ ਵੱਲੋਂ ਇਸ ਸਬੰਧੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।ਦੂਜੇ ਪਾਸੇ ਜਿਸ ਇਥਨੌਲ ਟੈਂਕ ਨੂੰ ਅੱਗ ਲੱਗੀ ਹੈ ਇਸ ਦੀ ਲੱਖਾਂ ਲੀਟਰ ਦੀ ਸਮਰਥਾ ਹੈ, ਜਿਸ ਕਾਰਨ ਅੱਗ ਨੂੰ ਕਾਬੂ ਕਰਨ 'ਚ ਕਾਫੀ ਮਿਹਨਤ ਕਰਨੀ ਪਈ, ਪਰ ਫਿਰ ਵੀ ਵੱਖ ਵੱਖ ਥਾਵਾਂ ਤੋਂ ਆਈਆਂ ਫਾਇਰਬ੍ਰਿਗੇਡ ਦੀਆਂ ਗੱਡੀਆਂ ਨੇ ਇਸ ਅੱਗ 'ਤੇ ਕਾਬੂ ਪਾਇਆ।ਮੌਕੇ 'ਤੇ ਮੌਜੂਦ ਬਠਿੰਡਾ ਪੁਲਿਸ ਦਿਹਾਤੀ ਦੇ ਡੀਐੱਸਪੀ ਐੱਚ ਐੱਸ ਸਰਾਂ ਨੇ ਦੱਸਿਆ ਕਿ ਅੱਗ ਲੱਗਣ 'ਤੇ ਜਿਥੇ ਬੀਸੀਐੱਲ ਯੂਨਿਟ ਦੀਆਂ ਆਪਣੀਆਂ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਮੌਕੇ 'ਤੇ ਪਹੁੰਚ ਗਈਆਂ ਤੇ ਨਾਲ ਹੀ ਬਠਿੰਡਾ ਨਗਰ ਨਿਗਮ ਤੋਂ ਇਲਾਵਾ ਰਾਮਾਂ ਰਿਫਾਇਨਰੀ, ਸਪੋਰਟ ਕਿੰਗ ਜੀਦਾ, ਓਮ ਸਨਜ਼, ਤਲਵੰਡੀ ਸਾਬੋ ਤੇ ਗਿੱਦੜਬਾਹਾ ਤੋਂ ਵੀ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਮੌਕੇ 'ਤੇ ਪਹੁੰਚ ਗਈਆਂ ਅਤੇ ਕਈ ਘੰਟਿਆਂ ਦੀ ਮਿਹਨਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ ਗਿਆ।ਉਨ੍ਹਾਂ ਦੱਸਿਆ ਕਿ ਘਟਨਾ 'ਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ, ਪਰ ਭਾਰੀ ਮਾਤਰਾ 'ਚ ਆਰਥਿਕ ਨੁਕਸਾਨ ਦੱਸਿਆ ਜਾ ਰਿਹਾ ਹੈ, ਜਿਸ ਸਬੰਧੀ ਜਾਂਚ ਕੀਤੀ ਜਾ ਰਹੀ ਹੈ।

## ਕਾਤਰਾਂ

### ਔਰਤ ਦੇ ਕੰਨਾਂ ਦੀਆਂ ਲੁੱਟੀਆਂ ਵਾਲੀਆਂ

**ਬਰੇਟਾ (ਰੀਤਵਾਲ)**-ਸਥਾਨਕ ਸ਼ਹਿਰ ਵਿੱਚ ਦਿਨ ਦਿਹਾੜੇ ਮੋਟਰਸਾਈਕਲ ਸਵਾਰਾਂ ਵੱਲੋਂ ਲੁੱਟ ਦੀ ਘਟਨਾ ਨੂੰ ਅੰਜਾਮ ਦਿੱਤਾ ਗਿਆ।ਇਕੱਤਰ ਜਾਣਕਾਰੀ ਅਨੁਸਾਰ ਵੀਰਵਾਰ ਦੁਪਹਿਰ ਬਾਅਦ ਮੋਟਰਸਾਈਕਲ 'ਤੇ ਸਵਾਰ ਵਿਅਕਤੀ ਲਾਜ ਸੁਨਾਰ ਦੀ ਦੁਕਾਨ ਕੋਲ ਔਰਤ ਦੇ ਕੰਨਾਂ ਦੀਆਂ ਬਾਲੀਆਂ ਪੱਟ ਕੇ ਲੁਟੇਰੇ ਫ਼ਰਾਰ ਹੋ ਗਏ।ਇਸ ਘਟਨਾ ਨੂੰ ਲੈ ਕੇ ਸ਼ਹਿਰ ਵਾਸੀਆਂ ਵਿੱਚ ਸਹਿਮ ਦਾ ਮਾਹੌਲ ਹੈ।ਦੂਜੇ ਪਾਸੇ ਇਸ ਮਾਮਲੇ ਵਿੱਚ ਪੁਲਸ ਦਾ ਕਹਿਣਾ ਹੈ ਕਿ ਸੀ ਸੀ ਟੀ ਵੀ ਕੈਮਰਿਆਂ ਨੂੰ ਚੈੱਕ ਕੀਤਾ ਜਾ ਰਿਹਾ ਹੈ, ਜਲਦ ਹੀ ਚੋਰਾਂ ਨੂੰ ਕਾਬੂ ਕਰ ਲਿਆ ਜਾਵੇਗਾ।

### ਗੁਰੂ ਰਵਿਦਾਸ 'ਤੇ ਸੈਮੀਨਾਰ ਅੱਜ

**ਪਟਿਆਲਾ ਰਾਜਿੰਦਰ ਸਿੰਘ ਥਿੰਦ)**
ਪ੍ਰਗਤੀਸ਼ੀਲ ਲੇਖਕ ਸੰਘ ਪਟਿਆਲਾ ਵੱਲੋਂ ਸ੍ਰੀ ਬੇਗਮਪੁਰਾ ਮਿਸ਼ਨ ਦੇ ਸਹਿਯੋਗ ਨਾਲ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਇਕ ਸੈਮੀਨਾਰ 20 ਜੂਨ ਨੂੰ ਸਵੇਰੇ 10 ਵਜੇ ਤੋਂ ਕਰਵਾਇਆ ਜਾ ਰਿਹਾ ਹੈ। ਇਸ ਦੀ ਜਾਣਕਾਰੀ ਦਿੰਦਿਆਂ ਸੰਘ ਦੇ ਪ੍ਰਧਾਨ ਡਾ. ਸੰਤੋਖ ਸੁਖੀ ਨੇ ਦੱਸਿਆ ਕਿ ਇਸ ਸੈਮੀਨਾਰ ਦੀ ਪ੍ਰਧਾਨਗੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਪ੍ਰੋਫੈਸਰ ਧਰਮ ਸਿੰਘ ਕਰਨਗੇ।ਮੁੱਖ ਮਹਿਮਾਨ ਬਲਵਿੰਦਰ ਸਿੰਘ ਜਾਤੀਵਾਲ ਸਾਬਕਾ ਜੀ ਐੱਮ ਮਿਲਕਫੈੱਡ ਪੰਜਾਬ, ਵਿਸ਼ੇਸ਼ ਮਹਿਮਾਨ ਵਜੋਂ ਸੀਨੀਅਰ ਪੱਤਰਕਾਰ ਗੁਰਨਾਮ ਸਿੰਘ ਅਕੀਦਾ ਪੁੱਜਣਗੇ।ਇਸ ਸੈਮੀਨਾਰ ਵਿਚ ਮੁੱਖ ਪਰਚਾ ਪ੍ਰੋ. ਮੀਤ ਖੱਟੜਾ ਤੇ ਜਗਪਾਲ ਸਿੰਘ ਚਹਿਲ ਪੜ੍ਹਨਗੇ।ਇਸ ਸੈਮੀਨਾਰ ਵਿਚ ਡਾ. ਗੁਰਮੀਤ ਕੱਲਰਮਾਜਰੀ, ਡਾ. ਭੀਮ ਇੰਦਰ ਸਿੰਘ, ਕੁਲਵੰਤ ਸਿੰਘ ਨਾਰੀਕੇ ਪੁੱਜਣਗੇ।

### ਸੜਕ ਹਾਦਸੇ ਦੌਰਾਨ ਜ਼ਖਮੀ ਵਿਅਕਤੀ ਦੀ ਮੌਤ



**ਜਲਾਲਾਬਾਦ (ਜੀਤ ਕੁਮਾਰ)**-ਬੀਤੇ ਦਿਨ 6 ਜੂਨ 2026 ਨੂੰ ਔਫ-ਔਫ ਮੁੱਖ ਮਾਰਗ 'ਤੇ ਜੰਗਾਵਾਲਾ ਮੋੜ ਦੇ ਕੋਲ ਟ੍ਰਾਲਾ ਤੇ ਮਹਿੰਦਰਾ ਪਿਕਅੱਪ ਗੱਡੀ ਦੇ ਦਰਮਿਆਨ ਹੋਈ ਟੱਕਰ ਹੋਣ ਨਾਲ ਵਾਪਰੇ ਭਿਆਨਕ ਹਾਦਸੇ ਦੌਰਾਨ ਜ਼ਖਮੀ ਹੋਏ ਵਿਅਕਤੀ ਦੀ ਮੌਤ ਹੋ ਗਈ। ਪ੍ਰਾਪਤ ਜਾਣਕਾਰੀ ਦੇ ਅਨੁਸਾਰ ਵਾਪਰੇ ਇਸ ਦਰਦਨਾਕ ਹਾਦਸੇ ਵਿੱਚ ਗੁਰਮੀਤ ਸਿੰਘ ਪੁੱਤਰ ਚਿਮਨ ਸਿੰਘ ਵਾਸੀ ਜਲਾਲਾਬਾਦ ਲੜਕਿਆਂ ਦੇ ਸਰਕਾਰੀ ਸਕੂਲ ਦੇ ਬੈਕਸਾਈਡ ਸਥਿਤ ਚੰਡੀਗੜ੍ਹ ਬਸਤੀ ਜੋਕਿ ਜ਼ਖਮੀ ਹੋ ਗਿਆ ਸੀ ਅਤੇ ਫਰੀਦਕੋਟ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਵਿਖੇ ਇਲਾਜ ਲਈ ਦਾਖਲ ਸੀ, ਜਿਸ ਦੀ ਵੀਰਵਾਰ ਨੂੰ ਮੌਤ ਹੋ ਗਈ ਹੈ। ਮ੍ਰਿਤਕ ਗੁਰਮੀਤ ਸਿੰਘ ਆਪਣੇ ਪਿੱਛੇ 2 ਬੱਚੇ, ਜਿਸ ਵਿੱਚ ਇਕ ਲੜਕਾ ਤੇ ਇਕ ਲੜਕੀ ਛੱਡ ਗਿਆ ਹੈ, ਇਹ ਪਰਵਾਰ ਜਲਾਲਾਬਾਦ ਵਿੱਚ ਕਿਰਾਏ 'ਤੇ ਰਹਿ ਰਿਹਾ ਹੈ। ਇਥੇ ਦੱਸ ਦੇਈਏ ਕਿ ਜੰਗਾਂਵਾਲਾ ਮੋੜ ਕੋਲ ਵਾਪਰੇ ਹਾਦਸੇ ਵਿੱਚ 12 ਲੋਕਾਂ ਦੀ ਮੌਤ ਹੋ ਗਈ ਸੀ ਤੇ ਦਰਜਨ ਤੋਂ ਵੱਧ ਲੋਕ ਜ਼ਖਮੀ ਹੋ ਗਏ ਸੀ।

## ਪੰਜ ਮਹੀਨਿਆਂ ਦੌਰਾਨ ਫ਼ਿਰੋਜ਼ਪੁਰ ਮੰਡਲ 'ਚ 271 ਅਣਚਾਹੀਆਂ ਰੇਲ ਘਟਨਾਵਾਂ, 234 ਲੋਕਾਂ ਦੀ ਮੌਤ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਰੇਲਵੇ ਸੁਰੱਖਿਆ ਨਿਯਮਾਂ ਦੀ ਅਣਦੇਖੀ ਕਾਰਨ ਫ਼ਿਰੋਜ਼ਪੁਰ ਮੰਡਲ ਵਿੱਚ ਅਣਚਾਹੀਆਂ ਰੇਲ ਘਟਨਾਵਾਂ ਦੀ ਗਿਣਤੀ ਚਿੰਤਾ ਦਾ ਵਿਸ਼ਾ ਬਣੀ ਹੋਈ ਹੈ। ਰੇਲਵੇ ਸੁਰੱਖਿਆ ਬਲ, ਫ਼ਿਰੋਜ਼ਪੁਰ ਮੰਡਲ ਵੱਲੋਂ ਮੁਹੱਈਆ ਕਰਵਾਏ ਗਏ ਅੰਕੜਿਆਂ ਅਨੁਸਾਰ 1 ਜਨਵਰੀ 2026 ਤੋਂ 31 ਮਈ 2026 ਤੱਕ ਮੰਡਲ ਖੇਤਰ ਵਿੱਚ ਕੁੱਲ 271 ਅਣਚਾਹੀਆਂ ਰੇਲ ਘਟਨਾਵਾਂ ਦਰਜ ਕੀਤੀਆਂ ਗਈਆਂ, ਜਿਨ੍ਹਾਂ ਵਿੱਚ 234 ਵਿਅਕਤੀਆਂ ਦੀ ਮੌਤ ਹੋਈ ਤੇ 40 ਵਿਅਕਤੀ ਜ਼ਖਮੀ ਹੋਏ। ਪ੍ਰਾਪਤ ਜਾਣਕਾਰੀ ਅਨੁਸਾਰ ਜ਼ਿਆਦਾਤਰ ਘਟਨਾਵਾਂ ਰੇਲਵੇ ਟਰੈਕ ਨੂੰ ਗੈਰ-ਕਾਨੂੰਨੀ ਤਰੀਕੇ ਨਾਲ ਪਾਰ ਕਰਨ, ਰੇਲਵੇ ਲਾਈਨ 'ਤੇ ਚੱਲਣ, ਚੱਲਦੀ ਰੇਲਗੱਡੀ ਵਿੱਚ ਚੜ੍ਹਨ ਜਾਂ ਉਤਰਨ ਦੀ ਕੋਸ਼ਿਸ਼ ਕਰਨ ਤੇ ਰੇਲਵੇ ਸੁਰੱਖਿਆ ਨਿਯਮਾਂ ਦੀ ਅਣਦੇਖੀ ਕਾਰਨ ਵਾਪਰੀਆਂ। ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਰੇਲਵੇ ਸੁਰੱਖਿਆ ਬਲ ਵੱਲੋਂ ਮੰਡਲ ਦੇ ਵੱਖ-ਵੱਖ ਰੇਲਵੇ ਸਟੇਸ਼ਨਾਂ, ਰੇਲਵੇ ਫਾਟਕਾਂ, ਵਿੱਦਿਅਕ ਅਦਾਰਿਆਂ ਅਤੇ ਸੰਵੇਦਨਸ਼ੀਲ ਇਲਾਕਿਆਂ ਵਿੱਚ ਲਗਾਤਾਰ ਜਾਗਰੂਕਤਾ ਮੁਹਿੰਮਾਂ ਚਲਾਈਆਂ ਜਾ ਰਹੀਆਂ ਹਨ। ਪਬਲਿਕ ਅਨਾਊਂਸਮੈਂਟ ਸਿਸਟਮ, ਜਨ-ਜਾਗਰੂਕਤਾ ਪ੍ਰੋਗਰਾਮਾਂ ਤੇ ਵਿਸ਼ੇਸ਼ ਮੁਹਿੰਮਾਂ ਰਾਹੀਂ ਯਾਤਰੀਆਂ ਅਤੇ ਆਮ ਨਾਗਰਿਕਾਂ ਨੂੰ ਰੇਲਵੇ ਸੁਰੱਖਿਆ ਨਿਯਮਾਂ ਪ੍ਰਤੀ ਜਾਗਰੂਕ ਕੀਤਾ ਜਾ ਰਿਹਾ ਹੈ। ਰੇਲਵੇ ਸੁਰੱਖਿਆ ਬਲ ਨੇ ਆਮ ਜਨਤਾ ਨੂੰ ਅਪੀਲ ਕੀਤੀ ਹੈ ਕਿ ਰੇਲਵੇ ਟਰੈਕ ਦੀ ਵਰਤੋਂ ਸ਼ਾਰਟਕੱਟ (ਛੋਟੇ ਰਸਤੇ) ਵਜੋਂ ਨਾ ਕਰਨ ਤੇ ਰੇਲਵੇ ਲਾਈਨ ਪਾਰ ਕਰਨ ਲਈ ਕੇਵਲ ਫੁੱਟ ਓਵਰ ਬ੍ਰਿਜ, ਸਬ-ਵੇਅ ਜਾਂ ਅਧਿਕਾਰਤ ਰੇਲਵੇ ਕਰਾਸਿੰਗ ਦੀ ਹੀ ਵਰਤੋਂ ਕਰਨ। ਚੱਲਦੀ ਰੇਲਗੱਡੀ ਵਿੱਚ ਚੜ੍ਹਨ ਜਾਂ ਉਤਰਨ ਦੀ ਕੋਸ਼ਿਸ਼ ਕਰਨਾ ਤੇ ਮੋਬਾਇਲ ਫ਼ੋਨ ਜਾਂ ਈਅਰਫ਼ੋਨ ਦੀ ਵਰਤੋਂ ਕਰਦੇ ਹੋਏ ਰੇਲਵੇ ਟਰੈਕ ਪਾਰ ਕਰਨਾ ਜਾਨਲੇਵਾ ਸਾਬਿਤ ਹੋ ਸਕਦਾ ਹੈ। ਰੇਲਵੇ ਸੁਰੱਖਿਆ ਬਲ, ਫ਼ਿਰੋਜ਼ਪੁਰ ਮੰਡਲ ਨੇ ਨਾਗਰਿਕਾਂ ਨੂੰ ਰੇਲਵੇ ਸੁਰੱਖਿਆ ਨਿਯਮਾਂ ਦੀ ਪਾਲਣਾ ਕਰਨ ਤੇ ਸੁਰੱਖਿਅਤ ਰੇਲ ਸੰਚਾਲਨ ਵਿੱਚ ਸਹਿਯੋਗ ਦੇਣ ਦੀ ਅਪੀਲ ਕੀਤੀ ਹੈ, ਤਾਂ ਜੋ ਅਜਿਹੀਆਂ ਦੁਖਦਾਈ ਘਟਨਾਵਾਂ ਵਿੱਚ ਕਮੀ ਲਿਆਂਦੀ ਜਾ ਸਕੇ।

# ਨੈਸ਼ਨਲ ਸਕੂਲ ਆਫ਼ ਡਰਾਮਾ ਦੀ ਰੰਗਮੰਚ ਵਰਕਸ਼ਾਪ ਦਾ ਸਮਾਪਤੀ ਸਮਾਰੋਹ

**ਬੱਚਿਆਂ ਨੇ 'ਪਿਆਰ ਸਤਿਕਾਰ' ਦੀ ਪੇਸ਼ਕਾਰੀ ਨਾਲ ਜਿੱਤਿਆ ਦਰਸ਼ਕਾਂ ਦਾ ਦਿਲ**



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**
ਮਨਿਸਟਰੀ ਆਫ਼ ਕਲਚਰ ਭਾਰਤ ਸਰਕਾਰ ਦੇ ਅੰਤਰਗਤ ਨੈਸ਼ਨਲ ਸਕੂਲ ਆਫ਼ ਡਰਾਮਾ ਤੇ ਇੰਡੀਅਨ ਆਇਲ ਕਾਰਪੋਰੇਸ਼ਨ ਲਿਮਟਿਡ ਦੇ ਸਾਂਝੇ ਸਹਿਯੋਗ ਨਾਲ ਗੁਰੂ ਨਾਨਕ ਕਾਲਜ ਫਿਰੋਜ਼ਪੁਰ ਛਾਉਣੀ ਵਿਖੇ ਪਿਛਲੇ ਇੱਕ ਮਹੀਨੇ ਤੋਂ ਚੱਲ ਰਹੀ ਬਾਲ ਰੰਗਮੰਚ ਵਰਕਸ਼ਾਪ ਦਾ ਸਮਾਪਤੀ ਸਮਾਰੋਹ ਵਾਤਾਵਰਨ ਸੰਦੇਸ਼, ਭਰੂਣ ਹੱਤਿਆ ਵਰਗੇ ਸਮਾਜਿਕ ਮੁੱਦਿਆਂ ਦੀ ਗੱਲ ਕਰਦਾ ਸੰਪੰਨ ਹੋਇਆ। ਇਸ ਸਮਾਗਮ ਦੀ ਸਾਹਿਤਕ ਸ਼ਾਮ ਦਾ ਅਗਾਜ਼ ਕਰਦਿਆਂ ਮੰਚ ਸੰਚਾਲਕ ਪ੍ਰੋ. ਡਾ. ਕੁਲਬੀਰ ਮਲਿਕ (ਮੁਖੀ ਪੰਜਾਬੀ ਵਿਭਾਗ ਗੁਰੂ ਨਾਨਕ ਕਾਲਜ ਫਿਰੋਜ਼ਪੁਰ ਕੈਂਟ) ਦੇ ਸ਼ਬਦਾਂ ਰਾਹੀਂ ਆਏ ਹੋਏ ਮਹਿਮਾਨਾਂ ਨੂੰ ਨੈਸ਼ਨਲ ਸਕੂਲ ਆਫ਼ ਡਰਾਮਾ ਵੱਲੋਂ ਜੀ ਆਇਆਂ ਆਖਿਆ ਗਿਆ। ਇਸ ਤੋਂ ਬਾਅਦ ਵਰਕਸ਼ਾਪ ਡਾਇਰੈਕਟਰ/ਸਤਿਕਾਰਯੋਗ ਮਹਿਮਾਨ/ਕਾਲਜ ਮੈਨੇਜਮੈਂਟ ਕਮੇਟੀ ਵੱਲੋਂ ਪ੍ਰੋਗਰਾਮ ਦਾ ਰਸਮੀ ਉਦਘਾਟਨ ਸ਼ਮ੍ਹਾਂ ਰੌਸ਼ਨ ਕਰਕੇ ਕੀਤਾ ਗਿਆ। ਇਸ ਮੌਕੇ ਬੱਚਿਆਂ ਵੱਲੋਂ ਵਰਕਸ਼ਾਪ ਡਾਇਰੈਕਟਰ ਪ੍ਰੀਤਪਾਲ ਰੁਪਾਣਾ ਦਾ ਲਿਖਿਆ ਤੇ ਡਾਇਰੈਕਟ ਕੀਤਾ ਬਾਲ ਨਾਟਕ 'ਪਿਆਰ ਸਤਿਕਾਰ' ਪੇਸ਼ ਕੀਤਾ ਗਿਆ। ਬੱਚਿਆਂ ਦੇ ਮਾਪਿਆਂ ਨਾਲ ਭਰੇ ਪੰਡਾਲ ਵੱਲੋਂ ਇਸ ਨਾਟਕ ਪੇਸ਼ਕਾਰੀ ਨੂੰ ਬੇਹੱਦ ਪਸੰਦ ਕੀਤਾ ਗਿਆ। ਇਸ ਨਾਟਕ ਦਾ ਸੰਗੀਤ ਸਾਹਿਤਕ ਗਾਇਕ ਗੁਲਾਬ ਫਰੀਦ ਨੇ ਆਪਣੇ ਸਾਥੀਆਂ ਦਵਿੰਦਰ ਸਿੰਘ ਅਰਮਾਨਦੀਪ ਕੌਰ ਤੇ ਵੀਰਪਾਲ ਕੌਰ ਦੇ ਸਹਿਯੋਗ ਨਾਲ ਕੀਤਾ। ਇਸ ਮੌਕੇ ਸਮਾਗਮ ਦੇ ਮੁੱਖ ਮਹਿਮਾਨ ਅਸੀਸਪ੍ਰੀਤ ਸਿੰਘ ਸੰਧੂ ਸਾਈਆਂ ਵਾਲਾ ਚੇਅਰਮੈਨ ਗੁਰੂ ਨਾਨਕ ਕਾਲਜ, ਫਿਰੋਜ਼ਪੁਰ ਛਾਉਣੀ ਤੇ ਵਿਸ਼ੇਸ਼ ਮਹਿਮਾਨ ਨਿਸ਼ਾ ਰਾਣੀ ਦਿਓੜਾ ਪ੍ਰਿੰਸੀਪਲ ਡੀ ਡੀ ਬੀ ਡੀ ਏ ਵੀ ਸੈਂਟਨਰੀ ਪਬਲਿਕ ਸਕੂਲ ਫਿਰੋਜ਼ਪੁਰ ਕੈਂਟ ਵੱਲੋਂ ਬੱਚਿਆਂ ਲਈ ਆਪਣੀਆਂ ਸ਼ੁੱਭ-ਕਾਮਨਾਵਾਂ ਭੇਜੀਆਂ ਗਈਆਂ। ਇਸ ਸ਼ਾਮ ਵਿਚ ਕਾਲਜ ਦੇ ਪ੍ਰਿੰਸੀਪਲ ਇੰਦਰਜੀਤ ਸਿੰਘ ਤੇ ਪ੍ਰਸਿੱਧ ਪੰਜਾਬੀ ਕਵੀ ਗੁਰਤੇਜ ਕੋਹਾਰਵਾਲਾ ਨੇ ਬੱਚਿਆਂ ਦੀ ਨਾਟਕ ਪੇਸ਼ਕਾਰੀ ਉਪਰੰਤ ਬੱਚਿਆਂ ਦੀ ਕਲਾ, ਆਤਮਵਿਸ਼ਵਾਸ ਤੇ ਮੰਚੀ ਪ੍ਰਤਿਭਾ ਦੀ ਭਰਪੂਰ ਪ੍ਰਸ਼ੰਸਾ ਕੀਤੀ। ਆਪਣੇ ਸੰਬੋਧਨ ਵਿੱਚ ਮਹਿਮਾਨਾਂ ਨੇ ਕਿਹਾ ਕਿ ਰੰਗਮੰਚ ਬੱਚਿਆਂ ਦੇ ਵਿਅਕਤੀਗਤ ਵਿਕਾਸ, ਸਿਰਜਣਾਤਮਕ ਸੋਚ ਤੇ ਸਮਾਜਿਕ ਜਾਗਰੂਕਤਾ ਨੂੰ ਮਜ਼ਬੂਤ ਬਣਾਉਣ ਦਾ ਇੱਕ ਪ੍ਰਭਾਵਸ਼ਾਲੀ ਮਾਧਿਅਮ ਹੈ। ਉਨ੍ਹਾਂ ਕਿਹਾ ਕਿ ਨੈਸ਼ਨਲ ਸਕੂਲ ਆਫ਼ ਡਰਾਮਾ ਇਸ ਤਰ੍ਹਾਂ ਦੀਆਂ ਵਰਕਸ਼ਾਪਾਂ ਰਾਹੀਂ ਹਮੇਸ਼ਾ ਤੋਂ ਹੀ ਬੱਚਿਆਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਲਈ ਵੱਡਾ ਮੰਚ ਪ੍ਰਦਾਨ ਕਰ ਰਿਹਾ ਹੈ।
ਇਸ ਮੌਕੇ ਕਾਲਜ ਪ੍ਰਧਾਨ ਸ. ਗੁਰਦੀਪ ਸਿੰਘ ਸੰਘਾ ਨੇ ਕਿਹਾ ਕਿ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਸਰਹੱਦੀ ਖੇਤਰਾਂ ਵਿੱਚ ਏਦਾਂ ਦੇ ਸਾਹਿਤਕ ਪ੍ਰੋਗਰਾਮਾ ਦਾ ਹੋਣਾ ਨੈਸ਼ਨਲ ਸਕੂਲ ਆਫ਼ ਡਰਾਮਾ ਦਾ ਇਕ ਬਹੁਤ ਸ਼ਲਾਘਾਯੋਗ ਕਦਮ ਹੈ। ਵਰਕਸ਼ਾਪ ਦੇ ਅਸਿਸਟੈਂਟ ਚੰਦਨ ਕੁਮਾਰ ਨੇ ਦੱਸਿਆ ਕਿ 'ਪਿਆਰ ਸਤਿਕਾਰ' ਨਾਟਕ ਨੇ ਸਮਾਜ ਵਿੱਚ ਆਪਸੀ ਪਿਆਰ, ਸਤਿਕਾਰ ਤੇ ਮਨੁੱਖੀ ਕਦਰਾਂ-ਕੀਮਤਾਂ ਦਾ ਸੰਦੇਸ਼ ਦਿੰਦਾ ਹੈ, ਜਿਸ ਕਰਕੇ ਦਰਸ਼ਕਾਂ ਨੇ ਇਸ ਨੂੰ ਬਹੁਤ ਪਸੰਦ ਕੀਤਾ। ਇਸ ਮੌਕੇ ਵਰਕਸ਼ਾਪ ਦੇ ਲੋਕਲ ਕੋਆਰਡੀਨੇਟਰ ਰਜਿੰਦਰ ਬੁੱਲਟ ਤੇ ਇਕਬਾਲ ਸਿੰਘ ਨੇ ਕਿਹਾ ਕਿ ਇਸ ਵਾਰ ਪਹਿਲੀ ਵਾਰ ਨੈਸ਼ਨਲ ਸਕੂਲ ਆਫ਼ ਡਰਾਮਾ ਇਹ ਵਰਕਸ਼ਾਪ ਫਿਰੋਜ਼ਪੁਰ ਜ਼ਿਲ੍ਹੇ ਵਿੱਚ ਲੈ ਕੇ ਆਇਆ ਸੀ, ਜਿਸ ਨੂੰ ਸਾਰੇ ਸ਼ਹਿਰ ਨਿਵਾਸੀਆਂ/ਸੰਸਥਾਵਾਂ ਨੇ ਬਹੁਤ ਸਲਾਹਿਆ ਹੈ। ਉਨ੍ਹਾਂ ਕਿਹਾ ਕਿ ਸਾਡੇ ਸਰਹੱਦੀ ਖੇਤਰਾਂ ਦੇ ਲੋਕਾਂ ਨੇ ਅੱਗੇ ਤੋਂ ਵੀ ਏਦਾਂ ਦੇ ਪ੍ਰੋਗਰਾਮ ਲਈ ਨੈਸ਼ਨਲ ਸਕੂਲ ਆਫ਼ ਡਰਾਮਾ ਦੇ ਨਾਲ ਜੁੜਨ ਦਾ ਭਰੋਸਾ ਦਿੱਤਾ ਹੈ। ਸਮਾਗਮ ਦੇ ਅੰਤ ਵਿੱਚ ਵਰਕਸ਼ਾਪ ਡਾਇਰੈਕਟਰ ਪ੍ਰੀਤਪਾਲ ਰੁਪਾਣਾ ਵੱਲੋਂ ਭਾਗ ਲੈਣ ਵਾਲੇ ਬੱਚਿਆਂ ਦੇ ਮਾਪਿਆਂ, ਸਹਿਯੋਗ ਦੇਣ ਵਾਲੀਆਂ ਸੰਸਥਾਵਾਂ, ਵਿਅਕਤੀਆਂ ਤੇ ਦਰਸ਼ਕਾਂ ਦਾ ਧੰਨਵਾਦ ਕੀਤਾ ਗਿਆ।

## ਇੱਟਾਂ ਦੇ ਰੇਟ 'ਚ ਅਥਾਹ ਵਾਧੇ ਕਾਰਨ ਮਕਾਨ ਉਸਾਰੀ ਦੇ ਕੰਮ ਪਏ ਮੱਠੇ

**ਮੱਧ ਵਰਗ ਤੇ ਗਰੀਬ ਪਰਵਾਰਾਂ ਨੂੰ ਰੋਜ਼ੀ ਰੋਟੀ ਕਮਾਉਣੀ ਹੋਈ ਔਖੀ : ਬਲਵੀਰ ਲਹਿਰਾ**

**ਮੱਖੂ (ਰਛਪਾਲ ਸਿੰਘ ਸੰਧੂ)**-ਮਹਿੰਗਾਈ ਦੀ ਚੌਤਰਫ਼ੀ ਮਾਰ ਹੇਠ ਪਹਿਲਾਂ ਹੀ ਬੁਰੀ ਤਰ੍ਹਾਂ ਦੱਬੇ ਆਮ ਲੋਕਾਂ ਲਈ ਹੁਣ ਆਪਣਾ ਸਿਰ ਢੱਕਣ ਲਈ ਛੱਤ ਪਾਉਣਾ ਯਾਨੀ ਸੁਪਨਿਆਂ ਦਾ ਆਸ਼ਿਆਨਾ ਬਣਾਉਣਾ ਇੱਕ ਵੱਡੀ ਚੁਣੌਤੀ ਬਣ ਗਿਆ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਮਜ਼ਦੂਰ ਯੂਨੀਅਨ ਦੇ ਸੂਬਾਈ ਆਗੂ ਬਲਵੀਰ ਲਹਿਰਾ ਨੇ ਕਿਹਾ ਕਿ ਪਿਛਲੇ ਕੁਝ ਮਹੀਨਿਆਂ ਦੌਰਾਨ ਇੱਟਾਂ ਦੇ ਰੇਟਾਂ ਵਿੱਚ ਹੋਏ ਬੇਤਹਾਸ਼ਾ ਵਾਧੇ ਨੇ ਮਕਾਨ ਉਸਾਰੀ ਦੇ ਖਰਚੇ ਨੂੰ ਅਸਮਾਨੀ ਪਹੁੰਚਾ ਦਿੱਤਾ, ਜਿਸ ਕਾਰਨ ਪੇਂਡੂ ਤੇ ਸ਼ਹਿਰੀ ਖੇਤਰਾਂ ਵਿੱਚ ਮਕਾਨਾਂ ਦੀ ਉਸਾਰੀ ਦੇ ਕੰਮ ਬੁਰੀ ਤਰ੍ਹਾਂ ਮੱਠੇ ਪੈ ਗਏ ਹਨ।ਜੇਕਰ ਅੰਕੜਿਆਂ 'ਤੇ ਨਜ਼ਰ ਮਾਰੀ ਜਾਵੇ ਤਾਂ ਕੁਝ ਸਮਾਂ ਪਹਿਲਾਂ ਤੱਕ ਇੱਟਾਂ ਦਾ ਰੇਟ ਲਗਭਗ 6 ਹਜ਼ਾਰ ਰੁਪਏ ਪ੍ਰਤੀ ਹਜ਼ਾਰ ਦੇ ਕਰੀਬ ਚੱਲ ਰਿਹਾ ਸੀ, ਜੋ ਕਿ ਆਮ ਲੋਕਾਂ ਦੀ ਪਹੁੰਚ ਵਿੱਚ ਸੀ, ਪਰ ਹੁਣ ਇਹ ਰੇਟ ਅਚਾਨਕ ਵਧ ਕੇ 9500 ਰੁਪਏ ਤੋਂ ਲੈ ਕੇ 10 ਹਜ਼ਾਰ ਰੁਪਏ ਪ੍ਰਤੀ ਹਜ਼ਾਰ ਤੱਕ ਪਹੁੰਚ ਗਿਆ ਹੈ।ਇੱਟਾਂ ਦੇ ਭਾਅ ਵਿੱਚ ਆਏ ਕਰੀਬ 60 ਫੀਸਦੀ ਦੇ ਉਛਾਲ ਨੇ ਨਵਾਂ ਮਕਾਨ ਬਣਾਉਣ ਦੀ ਯੋਜਨਾ ਬਣਾ ਰਹੇ ਪਰਵਾਰਾਂ ਦਾ ਲੱਕ ਤੋੜ ਕੇ ਰੱਖ ਦਿੱਤਾ ਹੈ।ਇਲਾਕੇ ਦੇ ਪੀੜਤ ਲੋਕਾਂ ਤੇ ਸਿਰਫ਼ ਇੱਟਾਂ ਹੀ ਨਹੀਂ, ਬਲਕਿ ਉਸਾਰੀ ਵਿੱਚ ਵਰਤੀ ਜਾਣ ਵਾਲੀ ਹਰ ਮੁੱਖ ਸਮੱਗਰੀ ਦੇ ਰੇਟ ਆਮ ਆਦਮੀ ਦੀ ਪਹੁੰਚ ਤੋਂ ਬਾਹਰ ਹੋ ਚੁੱਕੇ ਹਨ।ਮਾਹਰਾਂ ਮੁਤਾਬਕ ਇੱਕ ਦਰਮਿਆਨੇ ਆਕਾਰ ਦੇ ਸਧਾਰਨ ਮਕਾਨ ਨੂੰ ਬਣਾਉਣ ਲਈ ਹੁਣ ਲੱਖਾਂ ਰੁਪਏ ਦਾ ਵਾਧੂ ਬੋਝ ਪੈ ਰਿਹਾ ਹੈ, ਜਿਸ ਕਾਰਨ ਬਹੁਤ ਸਾਰੇ ਲੋਕਾਂ ਵੱਲੋਂ ਉਸਾਰੀ ਦਾ ਕੰਮ ਫਿਲਹਾਲ ਰੋਕ ਦਿੱਤਾ ਹੈ।ਉਸਾਰੀ ਦਾ ਕੰਮ ਠੱਪ ਹੋਣ ਦਾ ਸਿੱਧਾ ਅਸਰ ਦਿਹਾੜੀਦਾਰ ਮਜ਼ਦੂਰਾਂ, ਰਾਜ-ਮਿਸਤਰੀਆਂ ਤੇ ਟਾਈਲਾਂ-ਸੈਨਿਟਰੀ ਦਾ ਕੰਮ ਕਰਨ ਵਾਲੇ ਕਾਰੀਗਰਾਂ 'ਤੇ ਪੈ ਰਿਹਾ ਹੈ।ਕੰਮ ਰੁਕਣ ਕਾਰਨ ਇਨ੍ਹਾਂ ਦੀ ਰੋਜ਼ੀ-ਰੋਟੀ 'ਤੇ ਸੰਕਟ ਮੰਡਰਾਉਣ ਲੱਗਾ ਹੈ।ਪੰਜਾਬ ਸਰਕਾਰ ਨੂੰ ਇਸ ਵੱਲ ਧਿਆਨ ਦੇਣਾ ਚਾਹੀਦਾ ਹੈ ਕਿ ਭੱਠਾ ਮਾਲਕ ਅਪਨੀ ਮਨਮਰਜ਼ੀ ਨਾਲ਼ ਇੱਟਾਂ ਦੇ ਰੇਟ ਨਾ ਵਧਾਉਣ।ਇਸ ਦਾ ਸਭ ਤੋਂ ਵੱਧ ਅਸਰ ਮੱਧ ਵਰਗ ਤੇ ਗਰੀਬ ਪਰਵਾਰਾਂ 'ਤੇ ਪੈ ਰਿਹਾ ਹੈ।

# ਗੁਰਦੁਆਰਾ ਚੰਦ ਪੁਰਾਣਾ ਵਿਖੇ ਬਾਬਾ ਨਛੱਤਰ ਸਿੰਘ ਦੀ ਯਾਦ 'ਚ ਕੀਰਤਨ ਦਰਬਾਰ

**ਲੁਕਾਈ ਨੂੰ ਸੇਵਾ ਸਿਮਰਨ ਬਾਣੀ ਤੇ ਬਾਣੇ ਨਾਲ ਜੋੜ ਰਿਹੈ ਇਹ ਅਸਥਾਨ : ਗਿਆਨੀ ਗੁਰਬਚਨ ਸਿੰਘ ■ ਬੰਦੀ ਛੋੜ ਦਿਵਸ ਤੋਂ ਆਰੰਭ ਹੋਈ ਪਾਠਾਂ ਦੀ ਲੜੀ ਦੀ ਹੋਈ ਸੰਪੂਰਨਤਾ : ਬਾਬਾ ਗੁਰਦੀਪ ਸਿੰਘ**



**ਮੋਗਾ (ਇਕਬਾਲ ਸਿੰਘ ਖਹਿਰਾ)**-ਮਾਲਵੇ ਦੇ ਪ੍ਰਸਿੱਧ ਧਾਰਮਿਕ ਅਸਥਾਨ ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ ਜੀ ਚੰਦ ਪੁਰਾਣਾ ਦੇ ਬਾਨੀ ਸੱਚਖੰਡ ਵਾਸੀ ਸੰਤ ਬਾਬਾ ਨਛੱਤਰ ਸਿੰਘ ਜੀ ਅੱਜ ਦੇ ਦਿਨ ਆਪਣਾ ਪੰਜ ਭੌਤਿਕ ਸਰੀਰ ਤਿਆਗ ਕੇ ਪਰਲੋਕ ਗਵਨ ਕਰ ਗਏ ਸਨ, ਉਨ੍ਹਾਂ ਦੀ ਨਿੱਘੀ ਯਾਦ ਵਿੱਚ ਹਰ ਸਾਲ ਦੀ ਤਰ੍ਹਾਂ ਕੀਰਤਨ ਦਰਬਾਰ ਕਰਵਾਇਆ ਗਿਆ।ਇਸ ਸਮਾਗਮ ਦੇ ਆਰੰਭ 'ਚ ਬੰਦੀ ਛੋੜ ਦਿਵਸ ਤੇ ਦਿਵਾਲੀ ਤੋਂ ਚੱਲ ਰਹੀ ਨਿਰੰਤਰ ਸ੍ਰੀ ਅਖੰਡ ਪਾਠਾਂ ਦੀ ਲੜੀ ਦੀ ਸੰਪੂਰਨਤਾ ਕਰਕੇ ਭੋਗ ਪਾਏ ਗਏ।ਇਹ ਸਮੁੱਚਾ ਸਮਾਗਮ ਸ਼ਹੀਦਾਂ ਦੇ ਸਰਤਾਜ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਕਰਕੇ ਮਨਾਇਆ ਗਿਆ।
ਸਮਾਗਮ ਦੌਰਾਨ ਸੰਤ ਬਾਬਾ ਗੁਰਦਿਆਲ ਸਿੰਘ ਟਾਂਡੇ ਵਾਲਿਆਂ ਦੇ ਜੱਥਾ ਭਾਈ ਗੁਰਦੀਪ ਸਿੰਘ, ਹਜ਼ੂਰੀ ਰਾਗੀ ਭਾਈ ਇਕਬਾਲ ਸਿੰਘ ਲੰਗਿਆਣਾ, ਭਾਈ ਸੋਹਨ ਸਿੰਘ, ਭਾਈ ਕਮਲਜੀਤ ਸਿੰਘ ਤੇ ਭਾਈ ਮਨਪ੍ਰੀਤ ਸਿੰਘ ਖਾਲਸਾ ਦੇ ਰਾਗੀ ਜੱਥਿਆਂ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਤੇ ਸਿੱਖ ਇਤਿਹਾਸ ਸੁਣਾ ਕੇ ਨਿਹਾਲ ਕੀਤਾ।ਇਸ ਸਮਾਗਮ ਦੌਰਾਨ ਸੰਗਤਾਂ ਦੇ ਸਨਮੁੱਖ ਹੁੰਦਿਆਂ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਗੁਰਬਚਨ ਸਿੰਘ ਨੇ ਕਿਹਾ ਕਿ ਸ਼ਹੀਦਾਂ ਦੇ ਸਰਤਾਜ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਪੁਰਬ ਹੈ, ਜਿਨ੍ਹਾਂ ਨੇ ਜਬਰ ਜ਼ੁਲਮ ਦਾ ਮੁਕਾਬਲਾ ਸਬਰ ਸਿਦਕ ਨਾਲ ਸ਼ਹੀਦੀ ਪ੍ਰਾਪਤ ਕਰਕੇ ਕੀਤਾ।ਉਨ੍ਹਾਂ ਕਿਹਾ ਕਿ ਸ਼ਹੀਦ ਕੌਮਾਂ ਦਾ ਸਰਮਾਇਆ ਹੋਇਆ ਕਰਦੇ ਹਨ, ਜਿਨ੍ਹਾਂ ਨੂੰ ਆਪਣੀਆਂ ਯਾਦਾਂ ਵਿੱਚ ਹਮੇਸ਼ਾ ਸੰਜੋਗ ਰੱਖਣਾ ਚਾਹੀਦਾ ਹੈ।ਇਹ ਅਸਥਾਨ ਵੀ ਸ਼ਹੀਦਾਂ ਦਾ ਅਸਥਾਨ ਹੈ, ਜਿੱਥੋਂ ਦੇ ਬਾਨੀ ਸੱਚਖੰਡ ਵਾਸੀ ਬਾਬਾ ਨਛੱਤਰ ਸਿੰਘ ਵੱਲੋਂ ਸਮੁੱਚੀ ਸੰਗਤ ਨੂੰ ਸੇਵਾ, ਸਿਮਰਨ, ਬਾਣੇ ਤੇ ਬਾਣੀ ਨਾਲ ਜੋੜਿਆ, ਉਥੇ ਹੀ ਸਮਾਜ ਸੇਵਾ ਦੇ ਕਾਰਜਾਂ ਵਿੱਚ ਵੀ ਆਪਣੀ ਅਹਿਮ ਭੂਮਿਕਾ ਨਿਭਾਈ, ਜਿਸ ਨੂੰ ਨਿਰੰਤਰ ਮੌਜੂਦਾ ਮੁਖੀ ਬਾਬਾ ਗੁਰਦੀਪ ਸਿੰਘ ਬਖ਼ੂਬੀ ਨਿਭਾਅ ਰਹੇ ਹਨ।ਇਸ ਮੌਕੇ ਸੰਗਤਾਂ ਨਾਲ ਵਿਚਾਰਾਂ ਦੀ ਸਾਂਝ ਪਾਉਂਦਿਆਂ ਬਾਬਾ ਗੁਰਦੀਪ ਸਿੰਘ ਨੇ ਕਿਹਾ ਕਿ ਇਹ ਸ਼ਹੀਦ ਬਾਬਾ ਤੇਗਾ ਸਿੰਘ ਦਾ ਅਸਥਾਨ ਦੇਸ਼ ਹੀ ਨਹੀਂ, ਬਲਕਿ ਵਿਦੇਸ਼ਾਂ ਵਿੱਚ ਵੀ ਇਸ ਦੀ ਮਨਤਾ ਹੈ।ਸੰਗਤਾਂ ਵੱਲੋਂ ਇਸ ਅਸਥਾਨ ਤੇ ਸੰਗਤਾਂ ਵੱਲੋਂ ਨਿਰੰਤਰ ਸ੍ਰੀ ਅਖੰਡ ਪਾਠ ਤੇ ਸਹਿਜ ਪਾਠ ਕਰਵਾਏ ਜਾਂਦੇ ਹਨ ਅਤੇ ਇਸ ਅਸਥਾਨ ਤੋਂ ਲੁਕਾਈ ਦੀਆਂ ਸਮੁੱਚੀਆਂ ਆਸਾਂ ਪੂਰਨ ਹੁੰਦੀਆਂ ਹਨ।ਉਨ੍ਹਾਂ ਕਿਹਾ ਕਿ ਇਸ ਅਸਥਾਨ ਤੋਂ ਸਮੁੱਚੀ ਸੰਗਤ ਨੂੰ ਬਾਣੇ ਤੇ ਬਾਣੀ ਦੇ ਧਾਰਨੀ ਕਰਵਾ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਨਾਲ ਜੋੜਿਆ ਜਾਂਦਾ ਹੈ, ਉੱਥੇ ਹੀ ਸੱਚਖੰਡ ਵਾਸੀ ਬਾਬਾ ਨਛੱਤਰ ਸਿੰਘ ਜੀ ਵੱਲੋਂ ਚਲਾਏ ਗਏ ਸਮਾਜ ਸੇਵਾ ਦੇ ਕੰਮ ਵੀ ਨਿਰੰਤਰ ਜਾਰੀ ਹਨ।ਇਸ ਮੌਕੇ ਬਾਬਾ ਸੁਖਦੇਵ ਸਿੰਘ ਡਮੇਲੀ ਵਾਲੇ, ਬਾਬਾ ਸੁਖਪ੍ਰੀਤ ਸਿੰਘ ਰਾਜਿਆਣਾ, ਭਾਈ ਗੁਰਪ੍ਰੇਮ ਸਿੰਘ ਲੱਖਾ ਰੋੜਿਆਂ ਵਾਲੇ ਵਿਸ਼ੇਸ਼ ਤੌਰ 'ਤੇ ਪਹੁੰਚੇ।ਇਸ ਸਮਾਗਮ ਨੂੰ ਸੰਬੋਧਨ ਕਰਦਿਆਂ ਸਾਬਕਾ ਮੰਤਰੀ ਦਰਸ਼ਨ ਸਿੰਘ ਬਰਾੜ, ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਡਾ. ਹਰਜੋਤ ਕਮਲ ਤੇ ਬਾਘਾ ਪੁਰਾਣਾ ਦੇ ਵਿਧਾਇਕ ਅੰਮ੍ਰਿਤ ਪਾਲ ਸਿੰਘ ਸੁਖਾਨੰਦ ਨੇ ਕਿਹਾ ਕਿ ਉਹ ਇਸ ਸ਼ਹੀਦਾਂ ਦੇ ਅਸਥਾਨ 'ਤੇ ਪਿਛਲੇ ਲੰਬੇ ਸਮੇਂ ਤੋਂ ਨਤਮਸਤਕ ਹੋ ਕੇ ਗੁਰੂ ਕੀ ਸੰਗਤ ਤੇ ਬਾਬਾ ਜੀ ਦਾ ਅਸ਼ੀਰਵਾਦ ਪ੍ਰਾਪਤ ਕਰਨ ਲਈ ਆਉਂਦੇ ਹਨ।ਇਸ ਮੌਕੇ ਚੇਅਰਮੈਨ ਇੰਦਰਜੀਤ ਸਿੰਘ ਤਲਵੰਡੀ ਭੰਗੇਰੀਆਂ, ਅਕਾਲੀ ਆਗੂ ਰਾਜਵੰਤ ਸਿੰਘ ਮਾਹਲਾ, ਅਕਾਲੀ ਆਗੂ ਚੇਅਰਮੈਨ ਹਰਮੇਲ ਸਿੰਘ ਮੱੜ, ਚੇਅਰਮੈਨ ਇੰਦਰਜੀਤ ਸਿੰਘ ਬੀੜ ਚੜ੍ਹਿੱਕ, ਜਸਕਾਰਨ ਸਿੰਘ ਕਾਕਾ ਸਰਪੰਚ ਚੰਦ ਪੁਰਾਣਾ, ਬਿੱਟੂ ਪ੍ਰਧਾਨ ਸਿੰਘਾ ਵਾਲਾ, ਭਾਈ ਸੁੱਖਾ ਸਿੰਘ ਮੋਗਾ, ਮਿਉਂਸਿਪਲ ਕਮੇਟੀ ਬਾਘਾਪੁਰਾ ਦੇ ਪ੍ਰਧਾਨ ਪਵਨ ਗੁਪਤਾ, ਗੁਰਪ੍ਰੀਤ ਸਿੰਘ ਮਨਚੰਦਾ ਐੱਮ ਸੀ, ਸ਼ਹਿਰੀ ਪ੍ਰਧਾਨ ਆਮ ਆਦਮੀ ਪਾਰਟੀ ਬੂਟਾ ਸਿੰਘ ਕਾਲੇਕੇ, ਜਸਵਿੰਦਰ ਸਿੰਘ ਸਾਹੋਕੇ, ਗੁਰਸੇਵਕ ਸਿੰਘ ਫੌਜੀ ਮੱਲਕੇ, ਗੁਰਬਚਨ ਸਿੰਘ ਸਮਾਲਸਰ ਸੀਨੀਅਰ ਅਕਾਲੀ ਆਗੂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਧਾਰਮਿਕ, ਸਮਾਜ ਸੇਵੀ ਜਥੇਬੰਦੀਆਂ ਵੱਖ ਵੱਖ ਪਿੰਡਾਂ ਦੇ ਪੰਚ ਸਰਪੰਚ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਵੱਲੋਂ ਹਾਜ਼ਰੀਆਂ ਭਰ ਕੇ ਗੁਰੂ ਜਸ ਸੁਣ ਕੇ ਆਪਣਾ ਜੀਵਨ ਸਫਲ ਕੀਤਾ।ਇਸ ਮੌਕੇ ਵੱਖ-ਵੱਖ ਪਿੰਡਾਂ ਦੀਆਂ ਸੰਗਤਾਂ ਵੱਲੋਂ ਛਬੀਲਾਂ, ਆਈਸਕ੍ਰੀਮ, ਖੀਰ, ਪਕੌੜਿਆਂ ਤੇ ਕੇਲਿਆਂ ਦੇ ਲੰਗਰ ਲਗਾਏ ਗਏ।ਸਮਾਗਮ ਦੇ ਅੰਤ ਵਿੱਚ ਬਾਬਾ ਗੁਰਦੀਪ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ ਜੀ ਚੰਦ ਪੁਰਾਣਾ ਵੱਲੋਂ ਸਮੁੱਚੀਆਂ ਹਾਜ਼ਰ ਸੰਗਤਾਂ ਦਾ ਧੰਨਵਾਦ ਕਰਦਿਆਂ ਜੀ ਆਇਆਂ ਆਖਿਆ।ਇਸ ਮੌਕੇ ਮੈਡੀਕਲ ਕੈਂਪ ਵੀ ਲਗਾਇਆ ਗਿਆ, ਜਿਸ ਦੌਰਾਨ ਦੀਪ ਹਾਟ ਸੈਂਟਰ ਲੁਧਿਆਣਾ ਦੀ ਸਮੁੱਚੀ ਟੀਮ ਵੱਲੋਂ ਵਿਸ਼ੇਸ਼ ਤੌਰ 'ਤੇ ਜਿੱਥੇ ਮਰੀਜ਼ਾਂ ਦੀ ਜਾਂਚ ਕੀਤੀ, ਉੱਥੇ ਹੀ ਵੱਖ-ਵੱਖ ਬਿਮਾਰੀਆਂ ਦੇ ਮਰੀਜ਼ਾਂ ਵੱਲੋਂ ਮਾਹਰ ਡਾਕਟਰਾਂ ਤੋਂ ਆਪਣੀ ਜਾਂਚ ਕਰਵਾ ਕੇ ਮੁਫਤ ਦਵਾਈਆਂ ਪ੍ਰਾਪਤ ਕਰਕੇ ਇਸ ਕੈਂਪ ਦਾ ਲਾਹਾ ਪ੍ਰਾਪਤ ਕੀਤਾ।

## ਮੋਦੀ ਸਰਕਾਰ ਦੀਆਂ ਲੋਕ ਵਿਰੋਧੀ ਤੇ ਕਾਰਪੋਰੇਟ ਪੱਖੀ ਨੀਤੀਆਂ ਖਿਲਾਫ ਸੰਘਰਸ਼ ਜਾਰੀ ਰਹੇਗਾ : ਏਟਕ



**ਲੁਧਿਆਣਾ (ਐੱਮ ਐੱਸ ਭਾਟੀਆ)**-ਆਲ ਇੰਡੀਆ ਟਰੇਡ ਯੂਨੀਅਨ ਕਾਂਗਰਸ (ਏਟਕ) ਲੁਧਿਆਣਾ ਦੀ ਮੀਟਿੰਗ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿਖੇ ਹੋਈ।ਇਸ ਵਿੱਚ ਵੱਖ-ਵੱਖ ਟ੍ਰੇਡ ਯੂਨੀਅਨ ਦੇ ਆਗੂ ਸਾਥੀਆਂ ਨੇ ਹਿੱਸਾ ਲਿਆ।ਪ੍ਰਧਾਨ ਕਾਮਰੇਡ ਵਿਜੇ ਕੁਮਾਰ ਨੇ ਪਿਛਲੇ ਦਿਨੀਂ ਕੇਰਲ ਵਿੱਚ ਹੋਈ ਏਟਕ ਦੀ ਕੌਮੀ ਨੈਸ਼ਨਲ ਕੌਂਸਲ ਦੀ ਮੀਟਿੰਗ ਵਿੱਚ ਹੋਏ ਵਿਚਾਰ ਵਟਾਂਦਰੇ ਬਾਰੇ ਵਿਸਤਾਰ ਨਾਲ ਦੱਸਿਆ।ਇਸ ਸਾਲ ਦੇ ਅੰਤ ਵਿੱਚ ਏਟਕ ਦੀ ਕੌਮੀ ਕਾਨਫਰਸ ਹੋਣੀ ਹੈ।ਮੀਟਿੰਗ ਇਹ ਵਿੱਚ ਇਹ ਵੀ ਵਿਚਾਰ ਕੀਤਾ ਗਿਆ ਕਿ ਸਾਰੀਆਂ ਟਰੇਡ ਯੂਨੀਅਨਾਂ ਦੀਆਂ ਰਿਟਰਨਾਂ ਜੋ ਭਰਨ ਵਾਲੀਆਂ ਹਨ, ਉਹ ਬਿਨਾਂ ਕਿਸੇ ਦੇਰੀ ਦੇ ਭਰੀਆਂ ਜਾਣ ਤੇ ਏਟਕ ਦੀ ਬਨਦੀ ਐਫੀਲੇਸ਼ਨ ਫੀਸ ਵੀ ਅਦਾ ਕੀਤੀ ਜਾਵੇ।ਮੀਟਿੰਗ ਤੋਂ ਬਾਅਦ ਏਟਕ ਦੇ ਪ੍ਰਧਾਨ ਸਾਥੀ ਵਿਜੇ ਕੁਮਾਰ ਨੇ ਦੱਸਿਆ ਕਿ 22 ਜੂਨ ਨੂੰ ਮੋਦੀ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਤੇ ਫਾਸ਼ੀ ਹਮਲਿਆਂ ਖਿਲਾਫ ਲੁਧਿਆਣਾ ਵਿੱਚ ਕੀਤੇ ਜਾ ਰਹੇ ਰੋਸ ਮੁਜ਼ਾਹਰੇ ਵਿੱਚ ਵੱਡੀ ਗਿਣਤੀ ਵਿੱਚ ਸਾਥੀ ਸ਼ਾਮਲ ਹੋਣਗੇ।ਇਸ ਮੀਟਿੰਗ ਵਿੱਚ ਸਾਥੀ ਵਿਜੇ ਕੁਮਾਰ, ਕੇਵਲ ਸਿੰਘ ਬਨਵੈਤ, ਰਮੇਸ਼ ਰਤਨ, ਚਮਕੌਰ ਸਿੰਘ ਗੁਰਮੇਲ ਮੈਲੜੇ, ਦਲਜੀਤ ਸਿੰਘ, ਕਾਮੇਸ਼ਵਰ ਯਾਦਵ, ਮਹੀਪਾਲ, ਟਾਈਗਰ ਸਿੰਘ, ਬੀ ਐੱਮ ਫਰੈਡਰਿਕ, ਟੁਨਟੁਨ ਯਾਦਵ ਤੇ ਹਰਪਾਲ ਸਿੰਘ ਸ਼ਾਮਲ ਸਨ।

## ਪਿਸਟਲ ਮਿਲਣ 'ਤੇ ਅਣਪਛਾਤੇ ਵਿਰੁੱਧ ਮੁਕੱਦਮਾ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ ਪਿੰਡ ਫੱਤੂਵਾਲਾ ਵਿਖੇ ਖੇਤਾਂ ਵਿੱਚੋਂ 1 ਪਿਸਟਲ ਮਿਲਣ 'ਤੇ ਅਣਪਛਾਤੇ ਵਿਅਕਤੀ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਸਤਨਾਮ ਦਾਸ ਨੇ ਦੱਸਿਆ ਕਿ ਸ਼ਿਕਾਇਤਕਰਤਾ ਪਰਮਜੀਤ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਜੋਧਾ ਭੈਣੀ ਵੱਲੋਂ ਪੁਲਸ ਕੋਲ ਬਿਆਨ ਦਰਜ ਕਰਵਾਏ ਗਏ ਹਨ ਕਿ ਉਹ ਖੇਤ ਗੇੜਾ ਮਾਰਨ ਗਿਆ ਸੀ, ਜਦੋਂ ਖੇਤ ਨੂੰ ਗੇੜਾ ਮਾਰ ਰਿਹਾ ਸੀ ਤਾਂ ਝੋਨੇ ਦੀ ਪਨੀਰੀ ਦੇ ਨੇੜੇ ਜਾ ਕੇ ਦੇਖਿਆ ਤਾਂ ਇਕ ਪਿਸਟਲ ਮਿਲਿਆ, ਜਿਸ 'ਤੇ ਉਸ ਨੇ ਆਪਣੇ ਮਾਲਕ ਖੁਸ਼ਪ੍ਰੀਤਕ ਸਿੰਘ ਪੁੱਤਰ ਹਰਜਿੰਦਰ ਸਿੰਘ ਵਾਸੀ ਜਲਾਲਾਬਾਦ ਨੂੰ ਫੋਨ ਕਰਕੇ ਬੁਲਾਇਆ, ਜਿਸ 'ਤੇ ਪੁਲਸ ਨੇ ਸ਼ਿਕਾਇਤਕਰਤਾ ਪਰਮਜੀਤ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਅਣਪਛਾਤੇ ਵਿਅਕਤੀ ਵਿਰੁੱਧ ਥਾਣਾ ਸਦਰ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

# ਚੰਡੀਗੜ੍ਹ ਕਿਸਾਨ ਧਰਨੇ 'ਚ ਲੁਧਿਆਣਾ ਜ਼ਿਲ੍ਹੇ ਤੋਂ ਸੈਂਕੜੇ ਕਿਸਾਨ ਪੁੱਜਣਗੇ

**ਕਿਸਾਨ ਅੰਦੋਲਨ ਦੇ ਮ੍ਰਿਤਕਾਂ ਦੇ ਵਾਰਸਾਂ ਲਈ ਮੁਆਵਜ਼ੇ ਤੇ ਨੌਕਰੀ ਦੇ ਕੇਸਾਂ ਦੇ ਨਿਪਟਾਰੇ ਦੀ ਮੰਗ**



**ਜਗਰਾਉਂ (ਨਛੱਤਰ ਸੰਧੂ)**-ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਚਾਰ ਬਲਾਕਾਂ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਦੇਹੜਕਾ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੀ ਕਾਰਵਾਈ ਪ੍ਰੈੱਸ ਨੂੰ ਜਾਰੀ ਕਰਦਿਆਂ ਜ਼ਿਲ੍ਹਾ ਸਕੱਤਰ ਇੰਦਰਜੀਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਮੀਟਿੰਗ ਵਿਚ ਆਉਂਦੇ ਦਿਨਾਂ 'ਚ ਚਾਰ ਜੁਲਾਈ ਨੂੰ ਚੰਡੀਗੜ੍ਹ ਵਿਖੇ ਕੀਤੇ ਜਾ ਰਹੇ ਕਿਸਾਨ ਪ੍ਰਦਰਸ਼ਨ ਦੀ ਤਿਆਰੀ ਹਿੱਤ ਲਾਮਬੰਦੀ ਮੁਹਿੰਮ ਨੂੰ ਅਮਲੀ ਰੂਪ ਦੇਣ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਕੀਤੇ ਜਾ ਰਹੇ ਇਸ ਪ੍ਰਦਰਸ਼ਨ ਵਿੱਚ ਲੁਧਿਆਣਾ ਜ਼ਿਲ੍ਹੇ ਦੇ ਸਾਰੇ ਬਲਾਕਾਂ ਅਧੀਨ ਪਿੰਡਾਂ 'ਚ ਸੰਪਰਕ ਮੁਹਿੰਮ, ਮੀਟਿੰਗਾਂ, ਰੈਲੀਆਂ ਰਾਹੀਂ ਜ਼ੋਰਦਾਰ ਪ੍ਰਚਾਰ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਕੇਂਦਰ ਦੀ ਲੋਕ ਦੋਖੀ ਮੋਦੀ ਹਕੂਮਤ ਅਮਰੀਕਾ ਨਾਲ, ਜਿਸ ਵਪਾਰ ਸਮਝੌਤੇ 'ਤੇ ਦਸਤਖ਼ਤ ਕਰਨ ਜਾ ਰਹੀ ਹੈ, ਉਹ ਦੇਸ਼ ਦੀ ਖੇਤੀ ਨੂੰ ਬਰਬਾਦ ਕਰਨ ਤੇ ਲੋਕਾਂ ਨੂੰ ਕਾਰਪੋਰੇਟ ਗੁਲਾਮੀ ਵੱਲ ਧੱਕਣ ਦੀ ਸਾਮਰਾਜੀ ਸਾਜ਼ਿਸ਼ ਹੈ।ਉਨ੍ਹਾਂ ਕਿਹਾ ਕਿ ਇਸ ਰੋਸ ਪ੍ਰਦਰਸ਼ਨ ਰਾਹੀਂ ਇਹ ਸਮਝੌਤਾ ਰੱਦ ਕਰਨ, ਸਾਰੇ ਕਿਸਾਨੀ ਕਰਜ਼ੇ ਰੱਦ ਕਰਨ, ਤੇਲ, ਗੈਸ ਦੀਆਂ ਕੀਮਤਾਂ ਘਟਾਉਣ, ਯੂਰੀਏ ਦੀ ਸਪਲਾਈ ਨਿਰਵਿਘਨ ਜਾਰੀ ਰੱਖਣ, ਪਾਣੀ ਹਰ ਘਰ ਤੇ ਹਰ ਟੇਲ 'ਤੇ ਪੁਚਾਉਣ, ਬੀ ਬੀ ਐੱਮ ਬੀ 'ਚ ਪੰਜਾਬ ਦੀ ਮੈਂਬਰੀ ਬਹਾਲ ਕਰਨ, ਬਾਰਡਰਾਂ ਤੇ ਡੀਫੈਂਸ ਬੰਨ ਬਣਾ ਕੇ ਕਿਸਾਨੀ ਦਾ ਉਜਾੜਾ ਕਰਨ ਤੋਂ ਰੋਕਣ, ਬਿਜਲੀ ਵਿਭਾਗ ਵੱਲੋਂ ਸਮਾਰਟ ਮੀਟਰ ਲਗਾਉਣੇ ਬੰਦ ਕਰਨ, ਸਾਰੀਆਂ ਫਸਲਾਂ ਤੇ ਐੱਮ ਐੱਸ ਪੀ ਜਾਰੀ ਕਰਨ, ਬਿਜਲੀ ਐਕਟ, ਬੀਜ ਐਕਟ ਰੱਦ ਕਰਨ ਦੀ ਮੰਗ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਐੱਫ ਸੀ ਆਈ ਤੋੜ ਕੇ ਅਨਾਜ ਸੰਭਾਲਣ ਦਾ ਸਮੁੱਚਾ ਕੰਮ ਅਡਾਨੀ ਘਰਾਣੇ ਦੇ ਹਵਾਲੇ ਕਰਨਾ ਅਸਲ 'ਚ ਕਾਰਪੋਰੇਟੀ ਲੁੱਟ ਨੂੰ ਹੋਰ ਮਜ਼ਬੂਤ ਕਰਨਾ ਹੈ, ਵਧਾਉਣਾ ਹੈ।ਇਸ ਸਮੇਂ ਮੀਟਿੰਗ ਵਿੱਚ ਇੱਕ ਮਤੇ ਰਾਹੀਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਲੁਧਿਆਣਾ ਜ਼ਿਲ੍ਹੇ ਦੇ ਪਿੰਡ ਗਾਲਬ ਕਲਾਂ ਦੇ ਕਿਸਾਨ ਅੰਦੋਲਨ ਦੌਰਾਨ ਵਿਛੋੜਾ ਦੇ ਗਏ ਦੋ ਕਿਸਾਨ ਆਗੂਆਂ ਦੇ ਵਾਰਸਾਂ ਨੂੰ ਪੰਜ ਲੱਖ ਰੁਪਏ ਮੁਆਵਜ਼ਾ ਤੇ ਸਰਕਾਰੀ ਨੌਕਰੀ ਦੇਣ ਦੇ ਮਾਮਲੇ ਦਾ ਜਲਦ ਨਿਪਟਾਰਾ ਕੀਤਾ ਜਾਵੇ। ਮੀਟਿੰਗ ਵਿੱਚ ਪੰਜਾਬ ਭਰ 'ਚ ਅਵਾਰਾ ਪਸ਼ੂਆਂ ਦੀ ਭਰਮਾਰ ਕਾਰਨ ਖਾਸਕਰ ਕੁੱਤਿਆਂ ਦੀ ਦਹਿਸ਼ਤ ਤੇ ਮਾਰੂ ਹਾਦਸਿਆਂ ਦੇ ਮੱਦੇਨਜ਼ਰ ਯੋਗ ਠੋਸ ਅਮਲ ਕਰਨ ਦੀ ਵੀ ਮੰਗ ਦਾ ਮਤਾ ਪਾਸ ਕੀਤਾ ਗਿਆ। ਮੀਟਿੰਗ ਵਿੱਚ ਤਰਸੇਮ ਸਿੰਘ ਬੱਸੂਵਾਲ ਬਲਾਕ ਪ੍ਰਧਾਨ ਜਗਰਾਉਂ ਬਲਾਕ, ਜਗਜੀਤ ਸਿੰਘ ਕਲੇਰ ਬਲਾਕ ਪ੍ਰਧਾਨ ਸਿੱਧਵਾਂ ਬੇਟ ਬਲਾਕ, ਬੇਅੰਤ ਸਿੰਘ ਬਾਣੀਏਵਾਲ ਬਲਾਕ ਪ੍ਰਧਾਨ ਹੰਬੜਾਂ ਬਲਾਕ, ਸਰਬਜੀਤ ਸਿੰਘ ਧੂੜਕੋਟ ਬਲਾਕ ਪ੍ਰਧਾਨ ਰਾਏਕੋਟ ਬਲਾਕ ਤੋਂ ਬਿਨਾਂ ਜਸਵਿੰਦਰ ਸਿੰਘ ਭਮਾਲ, ਲਵਪ੍ਰੀਤ ਸਿੰਘ ਬੋਪਾਰਾਏ ਖੁਰਦ ਹਾਜ਼ਰ ਸਨ।

## ਸੇਵਾ ਕੇਂਦਰ ਮੁਲਾਜ਼ਮਾਂ ਨਾਲ ਕੀਤੇ ਵਾਅਦਿਆਂ ਤੋਂ ਮੁੱਕਰੀ ਟੈਰਾਸਿਸ ਕੰਪਨੀ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਪੰਜਾਬ ਨੇ ਗੰਭੀਰ ਚਿੰਤਾ ਜ਼ਾਹਰ ਕਰਦਿਆਂ ਕਿਹਾ ਕਿ ਕੁਝ ਦਿਨ ਪਹਿਲਾਂ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਦੀ ਹਾਜ਼ਰੀ ਵਿੱਚ ਸੇਵਾ ਕੇਂਦਰਾਂ ਨੂੰ ਚਲਾਉਣ ਵਾਲੀ ਟੈਰਾਸਿਸ ਕੰਪਨੀ ਯੂਨੀਅਨ ਆਗੂਆਂ ਤੇ ਸਰਕਾਰੀ ਅਧਿਕਾਰੀਆਂ ਵਿਚਾਲੇ ਹੋਈ ਮੀਟਿੰਗ ਦੌਰਾਨ ਕਈ ਅਹਿਮ ਮੰਗਾਂ 'ਤੇ ਸਹਿਮਤੀ ਬਣੀ ਸੀ।ਮੀਟਿੰਗ ਵਿੱਚ ਕੰਪਨੀ ਵੱਲੋਂ ਭਰੋਸਾ ਦਿੱਤਾ ਗਿਆ ਸੀ ਕਿ ਸਾਰੇ ਮੁਲਾਜ਼ਮਾਂ, ਸਿਕਿਉਰਿਟੀ ਗਾਰਡਾਂ ਤੇ ਸਫਾਈ ਸੇਵਕਾਂ ਦੀ ਤਨਖਾਹ ਸਮੇਂ ਸਿਰ ਜਾਰੀ ਕੀਤੀ ਜਾਵੇਗੀ, ਕਿਸੇ ਵੀ ਮੁਲਾਜ਼ਮ ਦੀ ਤਨਖਾਹ ਵਿੱਚ ਕਟੌਤੀ ਨਹੀਂ ਕੀਤੀ ਜਾਵੇਗੀ ਤੇ ਕਿਸੇ ਵੀ ਜ਼ਿਲ੍ਹੇ ਦੇ ਡੀਐੱਮ, ਏਡੀਐੱਮ ਜਾਂ ਕੰਪਨੀ ਪ੍ਰਬੰਧਨ ਵੱਲੋਂ ਮੁਲਾਜ਼ਮਾਂ ਨੂੰ ਤੰਗ-ਪ੍ਰੇਸ਼ਾਨ ਨਹੀਂ ਕੀਤਾ ਜਾਵੇਗਾ।ਪ੍ਰੰਤੂ ਹੈਰਾਨੀਜਨਕ ਤੌਰ 'ਤੇ ਮੀਟਿੰਗ ਤੋਂ ਕੁਝ ਹੀ ਦਿਨਾਂ ਬਾਅਦ ਕੰਪਨੀ ਵੱਲੋਂ ਜਾਰੀ ਕੀਤੀਆਂ ਤਨਖਾਹਾਂ ਵਿੱਚ ਕਟੌਤੀਆਂ ਕਰ ਦਿੱਤੀਆਂ ਗਈਆਂ।ਸਫਾਈ ਸੇਵਕਾਂ ਤੇ ਸਿਕਿਉਰਿਟੀ ਗਾਰਡਾਂ ਦੀਆਂ ਤਨਖਾਹਾਂ ਤੱਕ ਜਾਰੀ ਨਹੀਂ ਕੀਤੀਆਂ ਗਈਆਂ।ਇਸ ਨਾਲ ਇਹ ਸਪੱਸ਼ਟ ਹੋ ਜਾਂਦਾ ਹੈ ਕਿ ਕੰਪਨੀ ਨੇ ਨਾ ਸਿਰਫ਼ ਆਪਣੇ ਕੀਤੇ ਵਾਅਦੇ ਤੋੜੇ ਹਨ, ਸਗੋਂ ਪੰਜਾਬ ਸਰਕਾਰ ਤੇ ਕੈਬਨਿਟ ਮੰਤਰੀ ਦੀ ਹਾਜ਼ਰੀ ਵਿੱਚ ਹੋਏ ਸਮਝੌਤੇ ਨੂੰ ਵੀ ਅਣਡਿੱਠਾ ਕੀਤਾ ਹੈ।ਯੂਨੀਅਨ ਨੇ ਦੋਸ਼ ਲਗਾਇਆ ਕਿ ਅੱਜ ਵੀ ਕਈ ਜ਼ਿਲ੍ਹਿਆਂ ਵਿੱਚ ਡੀਐੱਮ ਤੇ ਹੋਰ ਅਧਿਕਾਰੀਆਂ ਵੱਲੋਂ ਮੁਲਾਜ਼ਮਾਂ ਨੂੰ ਛੁੱਟੀਆਂ, ਕੰਮ ਦੇ ਬੇਲੋੜੇ ਦਬਾਅ ਤੇ ਹੋਰ ਪ੍ਰਸ਼ਾਸਨਿਕ ਤਰੀਕਿਆਂ ਰਾਹੀਂ ਤੰਗ-ਪ੍ਰੇਸ਼ਾਨ ਕੀਤਾ ਜਾ ਰਿਹਾ ਹੈ।ਇਹ ਹਾਲਾਤ ਸਾਬਿਤ ਕਰਦੇ ਹਨ ਕਿ ਕੰਪਨੀ ਸਰਕਾਰ ਦੇ ਹੁਕਮਾਂ ਨੂੰ ਵੀ ਗੰਭੀਰਤਾ ਨਾਲ ਨਹੀਂ ਲੈ ਰਹੀ।ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਪੰਜਾਬ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਟੈਰਾਸਿਸ ਕੰਪਨੀ ਨੂੰ ਮੀਟਿੰਗ ਦੌਰਾਨ ਕੀਤੇ ਵਾਅਦਿਆਂ ਨੂੰ ਤੁਰੰਤ ਲਾਗੂ ਕਰਨ ਲਈ ਪਾਬੰਦ ਕੀਤਾ ਜਾਵੇ, ਤਨਖਾਹਾਂ ਵਿੱਚ ਕੀਤੀਆਂ ਗਈਆਂ ਕਟੌਤੀਆਂ ਵਾਪਸ ਕਰਵਾਈਆਂ ਜਾਣ, ਸਫਾਈ ਸੇਵਕਾਂ ਤੇ ਸਿਕਿਉਰਿਟੀ ਗਾਰਡਾਂ ਦੀਆਂ ਬਕਾਇਆ ਤਨਖਾਹਾਂ ਤੁਰੰਤ ਜਾਰੀ ਕਰਵਾਈਆਂ ਜਾਣ ਤੇ ਮੁਲਾਜ਼ਮਾਂ ਨੂੰ ਤੰਗ-ਪ੍ਰੇਸ਼ਾਨ ਕਰਨ ਵਾਲੇ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ। ਯੂਨੀਅਨ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਤੇ ਕੰਪਨੀ ਵੱਲੋਂ ਜਲਦ ਕੋਈ ਠੋਸ ਕਦਮ ਨਾ ਚੁੱਕਿਆ ਗਿਆ ਤਾਂ ਸੂਬੇ ਭਰ ਦੇ ਸੇਵਾ ਕੇਂਦਰ ਮੁਲਾਜ਼ਮ ਆਪਣੇ ਹੱਕਾਂ ਦੀ ਰੱਖਿਆ ਲਈ ਸੰਘਰਸ਼ ਨੂੰ ਹੋਰ ਤੇਜ਼ ਕਰਨ ਲਈ ਮਜਬੂਰ ਹੋਣਗੇ।ਰੋਸ ਵਜੋਂ ਸਾਰੇ ਡਿਪਟੀ ਕਮਿਸ਼ਨਰ ਦੇ ਦਫਤਰ ਸਾਹਮਣੇ ਧਰਨਾ ਦੇਣ ਲਈ ਮਜਬੂਰ ਹੋਣਗੇ।

# ਮਹਾਰਾਸ਼ਟਰ 'ਚ ਕੌਮੀ ਕਿਸਾਨ ਕਨਵੈਨਸ਼ਨ, ਕਿਸਾਨੀ ਮੁੱਦੇ ਵਿਚਾਰੇ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**
ਮਹਾਂਰਾਸ਼ਟਰ ਸੂਬੇ ਨਾਲ ਸਬੰਧਤ ਕਿਸਾਨ ਜਥੇਬੰਦੀਆਂ ਵੱਲੋਂ ਦੇਸ਼ ਦੇ ਕਿਸਾਨਾਂ ਦੀਆਂ ਖੇਤੀਬਾੜੀ ਨਾਲ ਸਬੰਧਤ ਮੰਗਾਂ ਤੇ ਮੁਸ਼ਕਲਾਂ ਬਾਰੇ ਵਿਸਥਾਰ ਸਹਿਤ ਚਰਚਾ ਕਰਨ ਲਈ ਪ੍ਰਕਾਸ਼ ਗੋਪਾਲ ਰਾਓ ਮੁਹਰੇ ਦੇ ਵਿਸ਼ੇਸ਼ ਸੱਦੇ 'ਤੇ ਬਜ਼ੁਰਗ ਕਿਸਾਨ ਆਗੂ ਸਤਨਾਮ ਸਿੰਘ ਬਹਿਰੂ ਸ਼ਾਮਲ ਹੋਣ ਲਈ 12 ਜੂਨ ਨੂੰ ਮਹਾਰਾਸ਼ਟਰ ਦੇ ਜ਼ਿਲ੍ਹਾ ਅਕੋਲਾ ਵਿਖੇ ਹੋਣ ਵਾਲੀ ਕੌਮੀ ਕਿਸਾਨ ਕਨਵੈਨਸ਼ਨ ਵਿੱਚ ਪਹੁੰਚੇ।ਇਸ ਕਿਸਾਨ ਕਨਵੈਨਸ਼ਨ ਵਿੱਚ ਜੋ 14 ਮਤੇ ਸਰਬਸੰਮਤੀ ਨਾਲ ਪਾਸ ਹੋਏ, ਉਨ੍ਹਾਂ ਲਈ ਬਹਿਰੂ ਨੇ ਦੱਸਿਆ ਕਿ ਇਸ ਕਿਸਾਨ ਕਨਵੈਨਸ਼ਨ ਵਿੱਚ ਦੇਸ਼ ਦੇ 18 ਸੂਬਿਆਂ ਦੇ ਕਿਸਾਨ ਆਗੂ ਸ਼ਾਮਲ ਹੋਏ ਤੇ ਇਹ ਤਿੰਨ ਦਿਨ ਲਗਾਤਾਰ ਗੰਭੀਰ ਚਰਚਾ ਕਰਨ ਤੋਂ ਬਾਅਦ ਪਹਿਲੇ ਮਤੇ ਵਿੱਚ ਦੇਸ਼ ਦੇ ਕਿਸਾਨਾਂ ਵੱਲੋਂ ਆਰਥਿਕ ਤੰਗੀਆਂ ਕਾਰਨ ਕੀਤੀਆਂ ਜਾ ਰਹੀਆਂ ਖੁਦਕੁਸ਼ੀਆਂ ਬਾਰੇ ਸਪੱਸ਼ਟ ਕੀਤਾ ਹੈ ਕਿ ਭਾਰਤ ਸਰਕਾਰ ਵਲੋਂ ਲਏ ਗਏ ਕਿਸਾਨ ਵਿਰੋਧੀ ਫੈਸਲਿਆਂ ਜ਼ੋ ਕਿ ਵਿਗਆਨਕ ਢੰਗ ਨਾਲ ਦੇਸ਼ ਦੇ ਖੇਤੀ ਨੀਤੀ ਨਾ ਹੋਣ ਕਾਰਨ ਅਰਬਾਂ ਖਰਬਾਂ ਰੁਪਏ ਦੇ ਕਰਜ਼ਾਈ ਕਿਸਾਨਾਂ ਦੇ ਕਰਜ਼ੇ 'ਤੇ ਲਕੀਰ ਫੇਰ ਕੇ ਅੱਗੇ ਲਈ ਐਮ.ਐਸ. ਸਵਾਮੀਨਾਥਨ ਦੇ ਫਾਰਮੂਲੇ ਮੁਤਾਬਕ ਐਮ.ਐਸ.ਪੀ. ਦੀ ਕਨੂੰਨੀ ਗਰੰਟੀ ਤੁਰੰਤ ਭਾਰਤ ਸਰਕਾਰ ਲੈ ਕੇ ਆਵੇ। ਦੂਜੇ ਮਤੇ ਵਿੱਚ ਭਾਰਤ ਸਰਕਾਰ ਨੂੰ ਸੁਚੇਤ ਕੀਤਾ ਹੈ ਕਿ ਪੂਰੇ ਭਾਰਤ ਵਿੱਚ ਸਾਉਣੀ ਦੀਆਂ ਫਸਲਾਂ ਦੀ ਬਿਜਾਈ ਜ਼ੋਰਾਂ 'ਤੇ ਹੈ ਅਤੇ ਕਿਸਾਨਾਂ ਨੂੰ ਡੀਜ਼ਲ, ਯੂਰੀਆ ਅਤੇ ਡੀ.ਏ.ਪੀ. ਖਾਦ ਦੀ ਥੁੜ ਮਹਿਸੂਸ ਹੋ ਰਹੀ ਹੈ। ਇਸ ਲਈ ਕੇਂਦਰ ਸਰਕਾਰ ਢੁਕਵੇਂ ਪ੍ਰਬੰਧ ਕਰੇ।ਤੀਜੇ ਮਤੇ ਵਿੱਚ ਪ੍ਰਕਾਸ਼ ਗੋਪਾਲ ਰਾਓ ਪੂਹਰੇ ਵੱਲੋਂ ਪਿਛਲੇ ਦਿਨੀਂ ਭਾਰਤ ਦੇ ਕਿਸਾਨਾਂ ਨੂੰ ਆਰਥਿਕ ਇਨਸਾਫ਼ ਦਿਵਾਉਣ ਲਈ ਮਾਨਯੋਗ ਸੁਪਰੀਮ ਕੋਰਟ ਵਿੱਚ ਜਨਹਿਤ ਰਿਟ ਪਟੀਸ਼ਨ ਕਰਕੇ ਅਦਾਲਤ ਦੇ ਸਾਹਮਣੇ ਕਿਸਾਨਾਂ ਦਾ ਪੱਖ ਮਜਬੂਤੀ ਨਾਲ ਰੱਖਿਆ ਹੈ, ਉਹ ਕਾਬਲੇ ਤਾਰੀਫ਼ ਹੈ। 18 ਕਿਸਾਨ ਜਥੇਬੰਦੀਆਂ ਨੇ ਪਟੀਸ਼ਨਰ ਨੂੰ ਵਿਸਵਾਸ਼ ਦਿਵਾਇਆ ਹੈ ਕਿ ਤੁਸੀਂ ਇਕੱਲੇ ਨਹੀਂ, ਅਸੀਂ ਹਰ ਵਕਤ ਤੁਹਾਡੇ ਨਾਲ ਹਾਂ।ਚੌਥੇ ਮਤੇ ਵਿੱਚ ਜੋ ਪਿਛਲੇ ਸਮੇਂ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੱਲੋਂ ਅਮਰੀਕਾ ਨਾਲ ਖੁੱਲ੍ਹੇ ਵਪਾਰਕ ਸਮਝੌਤੇ ਕੀਤੇ ਗਏ ਹਨ, ਉਹ ਦੇਸ਼ ਅਤੇ ਕਿਸਾਨਾਂ ਦੇ ਹਿੱਤ ਵਿੱਚ ਨਹੀਂ ਹਨ, ਇਸ ਲਈ ਭਾਰਤ ਸਰਕਾਰ ਨੂੰ ਅਮਰੀਕਾ ਨਾਲ ਕੀਤੇ ਸਮਝੌਤਿਆਂ ਤੋਂ ਵਾਪਿਸ ਆਉਣਾ ਚਾਹੀਦਾ ਹੈ।ਪੰਜਵੇਂ ਮਤੇ ਵਿੱਚ ਕਿਸਾਨ ਕਨਵੈਨਸ਼ਨ ਵਿੱਚ ਮਹਿਸੂਸ ਹੋਇਆ ਹੈ ਕਿ ਭਾਵੇਂ ਵੱਖ-ਵੱਖ ਸੂਬਿਆਂ ਵਿੱਚ ਕਿਸਾਨ ਜਥੇਬੰਦੀਆਂ ਗਰੁੱਪਾਂ ਦੇ ਰੂਪ ਵਿੱਚ ਕਿਸਾਨ ਮਸਲਿਆਂ ਤੇ ਅੰਦੋਲਨ ਕਰ ਰਹੀਆਂ ਹਨ, ਪਰ ਤਾਕਤਵਰ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਟੱਸ ਤੋਂ ਮੱਸ ਨਹੀਂ ਹੋ ਰਹੀ, ਇਸ ਲਈ ਸਰਬਸੰਮਤੀ ਨਾਲ ਦੇਸ਼ ਦੇ ਵੱਡੇ ਕਿਸਾਨ ਲੀਡਰਾਂ ਨੂੰ ਅਪੀਲ ਕੀਤੀ ਗਈ ਕਿ ਇਕ ਪਲੇਟਫਾਰਮ 'ਤੇ ਇਕੱਠੇ ਹੋਵੇ।ਬਹਿਰੂ ਨੇ ਇਹ ਵੀ ਦੱਸਿਆ ਕਿ ਤਿੰਨ ਦਿਨ ਦੀ ਇਸ ਕਿਸਾਨ ਕਨਵੈਨਸ਼ਨ ਵਿੱਚ ਮਹਿਸੂਸ ਹੋਇਆ ਕਿ ਕੁੱਝ ਰਾਜਨੀਤਕ ਪਾਰਟੀਆਂ ਸੱਤਾ ਪ੍ਰਾਪਤੀ ਲਈ ਫਿਰਕੂ ਪੱਤਾ ਖੇਡ ਰਹੀਆਂ ਹਨ, ਉਸ ਤੋਂ ਸੁਚੇਤ ਹੋਣ ਦੀ ਲੋੜ ਹੈ। ਪਿਛਲੇ ਲੰਮੇ ਸਮੇਂ ਤੋਂ ਦੇਸ਼ ਦੇ ਹੁਕਮਰਾਨਾ ਵਲੋਂ ਦੇਸ਼ ਦੇ ਭਲੇ ਦੀ ਬਜਾਏ ਕਿ ਸਿਰਫ ਹਿੰਦੂ ਮੁਸਲਿਮ ਦੇ ਨਾ ਤੇ ਹੀ ਰਾਜਨੀਤੀ ਕੀਤੀ ਜਾ ਰਹੀ ਹੈ, ਜੋ ਦੇਸ਼ ਦੇ ਹਿੱਤ ਵਿੱਚ ਨਹੀਂ ਹੈ।

## ਸ਼ਹੀਦੀ ਦਿਹਾੜੇ ਮੌਕੇ ਠੰਢੇ-ਮਿੱਠੇ ਜਲ ਦੀਆਂ ਛਬੀਲਾਂ ਲਗਾਈਆਂ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਿੱਖਾਂ ਦੇ ਪੰਜਵੇਂ ਗੁਰੂ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਵੱਖ-ਵੱਖ ਥਾਵਾਂ 'ਤੇ ਠੰਢੇ-ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਕੁਹਾੜਾ ਰੋਡ 'ਤੇ ਸਥਿਤ ਗਾਰਡਨ ਵੈਲੀ ਇੰਟਰਨੈਸ਼ਨਲ ਸਕੂਲ ਵੱਲੋਂ ਰਾਹਗੀਰਾਂ ਲਈ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਸਕੂਲ ਮੈਨੇਜਰ ਵਿਕਰਮਜੀਤ ਸਿੰਘ ਤੇ ਸਮੂਹ ਬੱਸ ਚਾਲਕਾਂ ਵੱਲੋਂ ਛਬੀਲ ਦੀ ਸੇਵਾ ਕੀਤੀ ਗਈ। ਇਸ ਤੋਂ ਇਲਾਵਾ ਨੇੜਲੇ ਪਿੰਡ ਰਾਮਗੜ੍ਹ ਗੌਂਸਗੜ੍ਹ ਦੇ ਨੌਜਵਾਨਾਂ ਵੱਲੋਂ ਵੀ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਰੋਪੜ ਰੋਡ 'ਤੇ ਹਿਯਾਤਪੁਰ ਬੱਸ ਸਟੈਂਡ 'ਤੇ ਠੰਢੇ ਮਿੱਠੇ ਜਲ ਦੀ ਛਬੀਲ ਤੇ ਬਰੈੱਡ ਛੋਲਿਆਂ ਦਾ ਲੰਗਰ ਵਰਤਾਇਆ ਗਿਆ। ਇਸ ਮੌਕੇ ਸੇਵਾ ਕਰਨ ਵਾਲਿਆਂ 'ਚ ਬਲਾਕ ਸੰਮਤੀ ਮੈਂਬਰ ਭੁਪਿੰਦਰ ਸਿੰਘ ਕਾਹਲੋਂ, ਹਰਵਿੰਦਰ ਸਿੰਘ ਲੱਕੀ ਕਾਹਲੋਂ, ਗੁਰਕੀਰਤ ਸਿੰਘ, ਸੁਖਦੇਵ ਸਿੰਘ, ਮੇਜਰ ਬਾਜਵਾ, ਸੋਨੀ ਬਾਜਵਾ, ਜਤਿੰਦਰ ਬੈਰਸਾਲ, ਬਿਕਰਮ ਸਿੰਘ, ਹਰਮਨ ਦੀਪ, ਅਨਮੋਲ ਸਿੰਘ ਮੌਜੂਦ ਸਨ।

## ਗੜੇਮਾਰੀ ਕਾਰਨ ਨੁਕਸਾਨ ਝੱਲਣ ਵਾਲੇ ਪਰਵਾਰਾਂ ਨਾਲ ਖੜ੍ਹੀ ਐ ਸਰਕਾਰ : ਖੁੱਡੀਆਂ

### ਗੜੇਮਾਰੀ ਕਾਰਨ ਪ੍ਰਭਾਵਿਤ ਹੋਏ ਕਿਸਾਨਾਂ ਨੂੰ ਮਾਲੀ ਸਹਾਇਤਾ ਦੇ ਚੈੱਕ ਵੰਡੇ



**ਲੰਬੀ/ਗਿੱਦੜਬਾਹਾ/ਸ੍ਰੀ ਮੁਕਤਸਰ ਸਾਹਿਬ (ਜਸਵੰਤ ਗਿੱਲ ਛੱਤਿਆਣਾ/ਸ਼ਮਿੰਦਰਪਾਲ, ਪੂਜਾ)**-ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਪਿੰਡ ਲੰਬੀ, ਮਾਨ ਤੇ ਚੰਨੂ ਦਾ ਦੌਰਾ ਕਰਦਿਆਂ ਗੜੇਮਾਰੀ ਕਾਰਨ ਪ੍ਰਭਾਵਿਤ ਹੋਏ ਕਿਸਾਨਾਂ ਤੇ ਹੋਰ ਨੁਕਸਾਨ ਝੱਲਣ ਵਾਲੇ ਪਰਵਾਰਾਂ ਨੂੰ ਮਾਲੀ ਸਹਾਇਤਾ ਦੇ ਚੈੱਕ ਵੰਡੇ।ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਕੁਦਰਤੀ ਆਫ਼ਤਾਂ ਤੋਂ ਪ੍ਰਭਾਵਿਤ ਲੋਕਾਂ ਦੇ ਨਾਲ ਮਜ਼ਬੂਤੀ ਨਾਲ ਖੜ੍ਹੀ ਹੈ।ਕੈਬਨਿਟ ਮੰਤਰੀ ਸ੍ਰ. ਖੁੱਡੀਆਂ ਨੇ ਦੱਸਿਆ ਕਿ ਗੜੇਮਾਰੀ ਨਾਲ ਹੋਏ ਨੁਕਸਾਨ ਦੀ ਵਿਸ਼ੇਸ਼ ਗਿਰਦਾਵਰੀ ਕਰਵਾਉਣ ਉਪਰੰਤ ਪ੍ਰਭਾਵਿਤ ਲੋਕਾਂ ਨੂੰ ਲਗਭਗ 1 ਕਰੋੜ ਰੁਪਏ ਦੀ ਮਾਲੀ ਸਹਾਇਤਾ ਪ੍ਰਦਾਨ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਪ੍ਰਭਾਵਿਤ ਪਰਵਾਰਾਂ ਨੂੰ ਸਮੇਂ ਸਿਰ ਰਾਹਤ ਪਹੁੰਚਾਉਣਾ ਹੈ ਤਾਂ ਜੋ ਉਹ ਆਪਣੀਆਂ ਮੁਸ਼ਕਲਾਂ ਤੋਂ ਨਿਜਾਤ ਪਾ ਸਕਣ।ਉਨ੍ਹਾਂ ਭਰੋਸਾ ਦਿਵਾਇਆ ਕਿ ਭਵਿੱਖ ਵਿੱਚ ਵੀ ਕਿਸੇ ਵੀ ਕੁਦਰਤੀ ਆਫ਼ਤ ਜਾਂ ਅਣਸੁਖਾਵੀਂ ਸਥਿਤੀ ਦੌਰਾਨ ਪੰਜਾਬ ਸਰਕਾਰ ਲੋਕਾਂ ਦੀ ਹਰ ਸੰਭਵ ਮਦਦ ਕਰੇਗੀ।ਇਸ ਮੌਕੇ ਉਪ-ਮੰਡਲ ਮੈਜਿਸਟਰੇਟ ਮਲੋਟ ਪੰਕਜ ਕੁਮਾਰ, ਨਾਇਬ ਤਹਿਸੀਲਦਾਰ ਲੰਬੀ ਰੁਪਿੰਦਰ ਕੌਰ, ਜਸਵਿੰਦਰ ਭਾਗੂ, ਗੁਰਬਾਜ਼ ਖੁੱਡੀਆਂ ਪੀ.ਏ., ਲਵਪ੍ਰੀਤ ਚੰਨੂ ਪੀ.ਏ., ਟੋਜ਼ੀ ਲੰਬੀ, ਸ਼ਲਿੰਦਰ ਸਿੰਘ (ਸੀਰਾ ਲੰਬੀ), ਮਨੀ ਲੰਬੀ, ਕਰਨਪਾਲ ਸਿੰਘ ਚੰਨੂ, ਗੁਰਮੀਤ ਸਿੰਘ (ਰਾਜਾ ਡਾਕਟਰ ਚੰਨੂ), ਜਸਕਰਨ ਸਿੰਘ ਜੱਸਾ, ਅਮਨਾ ਚੰਨੂ, ਜਸਵਿੰਦਰ ਮੰਨਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਗਗੜਾ 'ਚ ਲੱਖ ਦਾਤਾ ਜੀ ਦਾ ਸਾਲਾਨਾ ਜੋੜ ਮੇਲਾ ਮਨਾਇਆ



**ਸਮਰਾਲਾ (ਸੁਰਜੀਤ ਸਿੰਘ)**-ਨਜ਼ਦੀਕੀ ਪਿੰਡ ਗਗੜਾ ਵਿਖੇ ਗੌਸ ਪਾਕ ਸਖੀ ਸਰਵਰ ਪੀਰ ਲੱਖ ਦਾਤਾ ਲਾਲਾਂ ਵਾਲਾ ਪੀਰਾਂ ਦਾ ਪੀਰ ਦਸਤਗੀਰ ਵਿਖੇ 21ਵਾਂ ਧਾਰਮਿਕ ਸਮਾਗਮ, ਸਾਲਾਨਾ ਭੰਡਾਰਾ ਤੇ ਜੋੜ ਮੇਲਾ ਮੁੱਖ ਸੇਵਾਦਾਰ ਮੁਖਤਿਆਰ ਸਿੰਘ ਚਿਸਤੀ ਨਿਜ਼ਾਮੀ ਗੱਦੀ ਨਸ਼ੀਨ ਦੀ ਸਰਪ੍ਰਸਤੀ ਹੇਠ ਪੀਰਾਂ ਦੇ ਦਰਬਾਰ 'ਤੇ ਸਮੂਹ ਗਰਾਮ ਪੰਚਾਇਤ, ਨਗਰ ਨਿਵਾਸੀਆਂ ਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਬੜੀ ਹੀ ਸ਼ਰਧਾ ਨਾਲ ਕਰਵਾਇਆ ਗਿਆ।ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਮੱਘਰ ਸਿੰਘ, ਅਰਸ਼ਦੀਪ ਸਿੰਘ ਲਾਲੀ ਗਗੜਾ ਸਰਪੰਚ ਨੇ ਦੱਸਿਆ ਕਿ ਸਵੇਰ ਵੇਲੇ ਚਾਦਰ ਸ਼ਰੀਫ ਦੀ ਰਸਮ ਪਿੰਡ ਦੀ ਪਰਿਕਰਮਾ ਬੈਂਡ ਬਾਜੇ ਤੇ ਢੋਲੀਆਂ ਨਾਲ ਬੜੇ ਉਤਸ਼ਾਹ ਨਾਲ ਕੀਤੀ ਗਈ ਅਤੇ ਪੂਰੇ ਪਿੰਡ ਦੀ ਪਰਿਕਰਮਾ ਤੋਂ ਬਾਅਦ ਪੀਰਾਂ ਦੇ ਦਰਬਾਰ ਵਿਖੇ ਚਾਦਰ ਚੜ੍ਹਾਉਣ ਦੀ ਰਸਮ ਅਦਾ ਕੀਤੀ ਗਈ।ਚਾਦਰ ਸ਼ਰੀਫ ਦੀ ਰਸਮ ਅਬਦੁਲ ਹਮੀਦ ਤੇ ਮੁਖਤਿਆਰ ਸਿੰਘ ਚਿਸਤੀ ਨਿਵਾਜੀ ਗੱਦੀ ਨਸ਼ੀਨ ਦੁਆਰਾ ਨਿਭਾਈ ਗਈ। ਉਪਰੰਤ ਪੰਜਾਬ ਦੇ ਮਸ਼ਹੂਰ ਕਵਾਲਾਂ ਤੇ ਹੋਰ ਪੰਜਾਬ ਦੇ ਨਾਮੀ ਕਲਾਕਾਰਾਂ ਨੇ ਪੀਰਾਂ ਦਾ ਗੁਣਗਾਨ ਕੀਤਾ ਤੇ ਗੁਣਗਾਨ ਮੌਕੇ ਕਵਾਲਾਂ ਨੇ ਸਰੋਤਿਆਂ ਨੂੰ ਝੂਮਣ ਲਾ ਦਿੱਤਾ।ਇਸ ਮੇਲੇ ਵਿੱਚ ਇਲਾਕੇ ਦੀਆਂ ਵੱਖ ਵੱਖ ਧਾਰਮਿਕ, ਰਾਜਨੀਤਕ ਤੇ ਸਮਾਜਿਕ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਸ਼ਿਰਕਤ ਕੀਤੀ।ਇਸ ਮੌਕੇ ਬਾਬਾ ਜੀ ਦਾ ਭੰਡਾਰਾ ਅਤੁੱਟ ਵਰਤਾਇਆ ਗਿਆ ਤੇ ਠੰਡੇ ਮਿੱਠੇ ਪਾਣੀ ਦੀ ਛਬੀਲ ਵੀ ਲਗਾਈ ਗਈ। ਇਸ ਪ੍ਰੋਗਰਾਮ ਨੂੰ ਨੇਪਰੇ ਚਾੜ੍ਹਨ ਲਈ ਬਾਬਾ ਮੁਖਤਿਆਰ ਸਿੰਘ ਚਿਸਤੀ ਨਿਮਾਜ਼ ਗੱਦੀ ਨਸ਼ੀਨ, ਕੁਲਦੀਪ ਸਿੰਘ ਗਿੱਲ, ਹਰਦੀਪ ਸਿੰਘ ਮਾਨ, ਗੁਰਦੇਵ ਸਿੰਘ ਫੌਜੀ, ਅਮਰੀਕ ਸਿੰਘ ਪੰਚ, ਡਾ. ਰਣਜੋਧ ਸਿੰਘ, ਡਾ. ਲਖਵੀਰ ਸਿੰਘ, ਨਿਰਮਲ ਸਿੰਘ ਖੁੱਡਾ ਜੱਸੂ, ਗੁਰਦੇਵ ਸਿੰਘ ਪੰਚ, ਮੋਹਣ ਸਿੰਘ ਪੰਚ, ਗੁਰਪ੍ਰੀਤ ਸਿੰਘ ਭੰਗੂ ਪੰਚ ਤੋਂ ਇਲਾਵਾ ਸਮੂਹ ਪੰਚਾਇਤ ਤੇ ਸਮੂਹ ਨਗਰ ਨਿਵਾਸੀਆਂ ਤੋਂ ਇਲਾਵਾ ਹੋਰ ਵੀ ਇਲਾਕੇ ਦੀ ਸੰਗਤ ਨੇ ਆਪਣਾ ਵੱਡਮੁੱਲਾ ਯੋਗਦਾਨ ਪਾਇਆ।

## ਕਾਂਗਰਸ ਆਗੂ ਧਰਮੇਂਦਰ ਪ੍ਰਤਾਪ ਦਾ ਪੰਜ ਪਿਆਰਿਆਂ ਸੰਬੰਧੀ ਬਿਆਨ ਮੰਦਭਾਗਾ : ਲਵਲੀ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਜਨਰਲ ਸਕੱਤਰ ਤੇ ਮੁੱਖ ਬੁਲਾਰੇ ਕੁਲਵਿੰਦਰ ਸਿੰਘ ਲਵਲੀ ਨੇ ਇੱਕ ਪ੍ਰੈੱਸ ਨੋਟ ਜਾਰੀ ਕਰਦਿਆਂ ਕਿਹਾ ਕਿ ਕਾਂਗਰਸ ਆਗੂ ਧਰਮੇਂਦਰ ਪ੍ਰਤਾਪ ਵੱਲੋਂ ਦਿੱਤਾ ਗਿਆ ਪੰਜ ਪਿਆਰਿਆਂ ਸੰਬੰਧੀ ਬਿਆਨ ਬਹੁਤ ਹੀ ਮੰਦਭਾਗਾ ਤੇ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲਾ ਹੈ।ਉਨ੍ਹਾਂ ਕਿਹਾ ਕਿ ਜੇਕਰ ਉਹ ਆਪਣੀ ਗੱਲ ਰੱਖਣੀ ਚਾਹੁੰਦੇ ਸਨ ਤਾਂ ਬਿਨਾਂ ਸਿੱਖ ਇਤਿਹਾਸ ਤੇ ਧਾਰਮਿਕ ਪ੍ਰਤੀਕਾਂ ਦਾ ਜ਼ਿਕਰ ਕੀਤੇ ਵੀ ਕਰ ਸਕਦੇ ਸਨ, ਪਰ ਸਸਤੀ ਸ਼ੋਹਰਤ ਹਾਸਲ ਕਰਨ ਲਈ ਜਾਣ-ਬੁੱਝ ਕੇ ਪੰਜ ਪਿਆਰਿਆਂ ਦਾ ਨਾਮ ਲਿਆ ਗਿਆ।ਲਵਲੀ ਨੇ ਕਿਹਾ ਕਿ ਹੁਣ ਕਾਂਗਰਸ ਪਾਰਟੀ ਵਿੱਚ ਬੈਠੇ ਸਿੱਖ ਆਗੂਆਂ ਨੂੰ ਇਸ ਮਾਮਲੇ 'ਤੇ ਆਪਣਾ ਸਪੱਸ਼ਟ ਪੱਖ ਰੱਖਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਸਿੱਖ ਕੌਮ ਆਪਣੇ ਗੁਰੂਆਂ ਤੇ ਧਾਰਮਿਕ ਪ੍ਰਤੀਕਾਂ ਪ੍ਰਤੀ ਅਪਮਾਨਜਨਕ ਟਿੱਪਣੀਆਂ ਨੂੰ ਬਰਦਾਸ਼ਤ ਨਹੀਂ ਕਰੇਗੀ।ਉਨ੍ਹਾਂ ਹੇਮਕੁੰਟ ਸਾਹਿਬ ਯਾਤਰਾ ਦੌਰਾਨ ਸਿੱਖ ਸ਼ਰਧਾਲੂਆਂ ਨੂੰ ਦਰਪੇਸ਼ ਮੁਸ਼ਕਲਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਕੁਝ ਥਾਵਾਂ 'ਤੇ ਯਾਤਰੀਆਂ ਨੂੰ ਬੇਵਜ੍ਹਾ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ, ਜਦਕਿ ਸਥਾਨਕ ਪ੍ਰਸ਼ਾਸਨ ਮੂਕ ਦਰਸ਼ਕ ਬਣਿਆ ਹੋਇਆ ਹੈ।ਉਨ੍ਹਾਂ ਸਿੱਖ ਭਾਈਚਾਰੇ ਨੂੰ ਇੱਕ ਮੰਚ 'ਤੇ ਇਕੱਠੇ ਹੋਣ ਤੇ ਗਿਆਨੀ ਹਰਪ੍ਰੀਤ ਸਿੰਘ ਦੀ ਅਗਵਾਈ ਹੇਠ ਕੌਮੀ ਹਿੱਤਾਂ ਲਈ ਕੰਮ ਕਰਨ ਦਾ ਸੱਦਾ ਦਿੱਤਾ।ਇਸ ਮੌਕੇ ਦੀਪਕ ਸਹਿਗਲ, ਅਮਰਜੀਤ ਸਿੰਘ ਲਾਂਬਾ, ਜਸਬੀਰ ਸਿੰਘ ਉਬਰਾਏ, ਦਲਜਿੰਦਰ ਸਿੰਘ, ਅਮਰਜੀਤ ਸਿੰਘ ਚੌਹਾਨ, ਜਸਵਿੰਦਰ ਸਿੰਘ ਜੱਸੀ ਸਮੇਤ ਹੋਰ ਆਗੂ ਹਾਜ਼ਰ ਸਨ।

## ਕਾਲਾ ਰਾਜਿਆਨਾ ਦੀ ਨਿਯੁਕਤੀ ਨਾਲ ਸ਼੍ਰੋਮਣੀ ਅਕਾਲੀ ਦਲ ਨੂੰ ਮਿਲੇਗੀ ਮਜ਼ਬੂਤੀ : ਰਾਜਵਿੰਦਰ

### ਬਲਾਕ ਪ੍ਰਧਾਨ ਬਣਨ 'ਤੇ ਰਾਜਵਿੰਦਰ ਸਿੰਘ ਧਰਮਕੋਟ ਵੱਲੋਂ ਵਿਸ਼ੇਸ਼ ਸਨਮਾਨ




**ਬਾਘਾ ਪੁਰਾਣਾ (ਮਨੀ ਸਿੰਗਲਾ)**-ਸ਼੍ਰੋਮਣੀ ਅਕਾਲੀ ਦਲ ਵਿੱਚ ਲੰਮੇ ਸਮੇਂ ਤੋਂ ਸੇਵਾਵਾਂ ਨਿਭਾਅ ਰਹੇ ਤੇ ਟਰੈਕਟਰ ਟਰਾਲੀ ਯੂਨੀਅਨ ਦੇ ਸੂਬਾ ਪ੍ਰਧਾਨ ਕਾਲਾ ਰਾਜਿਆਨਾ ਨੂੰ ਪਾਰਟੀ ਵੱਲੋਂ ਵੱਡੀ ਜ਼ਿੰਮੇਵਾਰੀ ਸੌਂਪੀ ਗਈ ਹੈ।ਜਥੇਦਾਰ ਤੀਰਥ ਸਿੰਘ ਮਾਹਲਾ ਦੀ ਸਿਫਾਰਿਸ਼ 'ਤੇ ਕਾਲਾ ਰਾਜਿਆਨਾ ਨੂੰ ਬਲਾਕ ਬਾਘਾ ਪੁਰਾਣਾ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਇਸ ਨਿਯੁਕਤੀ ਤੋਂ ਬਾਅਦ ਹਲਕੇ ਵਿੱਚ ਖੁਸ਼ੀ ਦੀ ਲਹਿਰ ਦੌੜ ਪਈ ਹੈ ਤੇ ਉਨ੍ਹਾਂ ਨੂੰ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ।ਕਾਲਾ ਰਾਜਿਆਨਾ ਪਿਛਲੇ ਕਾਫੀ ਸਮੇਂ ਤੋਂ ਜਥੇਦਾਰ ਤੀਰਥ ਸਿੰਘ ਮਾਹਲਾ ਦੇ ਵਫਾਦਾਰ ਸਮਰਥਕ ਵਜੋਂ ਪਾਰਟੀ ਨਾਲ ਜੁੜੇ ਹੋਏ ਹਨ ਤੇ ਉਨ੍ਹਾਂ ਹਮੇਸ਼ਾ ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਮਿਹਨਤ ਕੀਤੀ ਹੈ। ਪਾਰਟੀ ਪ੍ਰਤੀ ਉਨ੍ਹਾਂ ਦੀ ਲਗਨ ਤੇ ਨਿਭਾਏ ਗਏ ਕਿਰਦਾਰ ਨੂੰ ਦੇਖਦਿਆਂ ਹੀ ਉਨ੍ਹਾਂ ਨੂੰ ਇਹ ਅਹਿਮ ਜ਼ਿੰਮੇਵਾਰੀ ਸੌਂਪੀ ਗਈ ਹੈ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਤੇ ਲੋਕ ਸਭਾ ਹਲਕਾ ਫਰੀਦਕੋਟ ਤੋਂ ਚੋਣ ਲੜ ਚੁੱਕੇ ਰਾਜਵਿੰਦਰ ਸਿੰਘ ਧਰਮਕੋਟ ਵੱਲੋਂ ਕਾਲਾ ਰਾਜਿਆਨਾ ਨੂੰ ਸਿਰੋਪਾਓ ਪਾ ਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਉਨ੍ਹਾਂ ਕਿਹਾ ਕਿ ਕਾਲਾ ਰਾਜਿਆਨਾ ਦੀ ਨਿਯੁਕਤੀ ਨਾਲ ਪਾਰਟੀ ਨੂੰ ਹਲਕੇ ਵਿੱਚ ਹੋਰ ਮਜ਼ਬੂਤੀ ਮਿਲੇਗੀ ਤੇ ਵਰਕਰਾਂ ਵਿੱਚ ਨਵਾਂ ਜੋਸ਼ ਪੈਦਾ ਹੋਵੇਗਾ।ਕਾਲਾ ਰਾਜਿਆਨਾ ਨੇ ਆਪਣੀ ਨਿਯੁਕਤੀ 'ਤੇ ਪਾਰਟੀ ਹਾਈਕਮਾਂਡ ਤੇ ਖਾਸ ਕਰ ਕੇ ਜਥੇਦਾਰ ਤੀਰਥ ਸਿੰਘ ਮਾਹਲਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਉਨ੍ਹਾਂ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਨਿਸ਼ਠਾ ਨਾਲ ਨਿਭਾਉਣਗੇ।ਉਨ੍ਹਾਂ ਕਿਹਾ ਕਿ ਉਹ ਹਮੇਸ਼ਾ ਪਾਰਟੀ ਦੇ ਸਿਧਾਂਤਾਂ ਅਨੁਸਾਰ ਕੰਮ ਕਰਦੇ ਰਹਿਣਗੇ ਤੇ ਹਲਕੇ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪ੍ਰਾਥਮਿਕਤਾ ਦੇ ਅਧਾਰ 'ਤੇ ਹੱਲ ਕਰਵਾਉਣ ਦੀ ਕੋਸ਼ਿਸ਼ ਕਰਨਗੇ।ਇਸ ਮੌਕੇ ਹੋਰ ਪਾਰਟੀ ਆਗੂ ਤੇ ਵਰਕਰ ਵੀ ਵੱਡੀ ਗਿਣਤੀ ਵਿੱਚ ਮੌਜੂਦ ਸਨ, ਜਿਨ੍ਹਾਂ ਨੇ ਕਾਲਾ ਰਾਜਿਆਨਾ ਨੂੰ ਨਵੀਂ ਜ਼ਿੰਮੇਵਾਰੀ ਮਿਲਣ 'ਤੇ ਵਧਾਈ ਦਿੱਤੀ ਤੇ ਸਫਲਤਾ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।ਇਸ ਮੌਕੇ ਗੋਰਾ ਸੰਗਤਪੁਰਾ ਵੀ ਹਾਜ਼ਰ ਸਨ।

# ਅਪ੍ਰੈਂਟਿਸ ਲਾਈਨਮੈਨਾਂ ਦੇ ਟਾਵਰ ਮੋਰਚੇ ਨੂੰ ਲੈ ਕੇ ਗੁਰਸ਼ਰਨ ਕੌਰ ਨੇ ਪ੍ਰਗਟਾਈ ਚਿੰਤਾ

### ਇਲਾਕੇ ਦੇ ਲੋਕਾਂ ਨਾਲ ਧਰਨੇ 'ਚ ਭਰੀ ਹਾਜ਼ਰੀ



**ਪਟਿਆਲਾ/ਸਮਾਣਾ (ਰਾਜਿੰਦਰ ਸਿੰਘ ਥਿੰਦ/ਗੁਰਪਿਆਰ ਸਿੰਘ ਬੱਲ)**-ਬੀਤੇ ਦਿਨੀਂ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਦੇ ਦਫਤਰ ਸਾਹਮਣੇ 2600 ਅਪ੍ਰੈਂਟਿਸ ਲਾਈਨਮੈਨਾਂ ਉੱਤੇ ਹੋਏ ਲਾਠੀਚਾਰਜ ਤੋਂ ਬਾਅਦ ਪੁਲਸ ਦੀਆਂ ਵਧੀਕੀਆਂ ਤੋਂ ਖਫਾ ਹੋ ਕੇ ਕਈ ਧਰਨਾਕਾਰੀ ਲਾਈਨਮੈਨ ਹਲਕਾ ਸਮਾਣਾ ਦੇ ਪਿੰਡ ਭੇਡਪੁਰਾ ਵਿਖੇ ਬਿਜਲੀ ਟਾਵਰ ਉੱਪਰ ਚੜ੍ਹ ਕੇ ਧਰਨੇ 'ਤੇ ਬੈਠੇ ਹਨ।ਇਸ ਦੇ ਨਾਲ ਹੀ ਕਾਫੀ ਨੌਜਵਾਨ ਟੈਂਟ ਲਾ ਕੇ ਖੇਤਾਂ ਵਿੱਚ ਵੀ ਬੈਠੇ ਹਨ। ਇਥੇ ਜ਼ਿਕਰਯੋਗ ਹੈ ਕਿ ਗੁਰਸ਼ਰਨ ਕੌਰ ਰੰਧਾਵਾ, ਜੋ ਕਿ ਸਮਾਣੇ ਹਲਕੇ ਤੋਂ ਕਾਂਗਰਸ ਪਾਰਟੀ ਦੇ ਸੰਭਾਵੀ ਉਮੀਦਵਾਰ ਹਨ, ਇਨ੍ਹਾਂ ਲਾਈਨਮੈਨਾਂ ਉੱਤੇ ਲਾਠੀਚਾਰਜ ਹੋਣ ਤੋਂ ਬਾਅਦ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਤੇ ਪਟਿਆਲਾ ਤੋਂ ਸਾਂਸਦ ਡਾਕਟਰ ਧਰਮਵੀਰ ਗਾਂਧੀ ਨੂੰ ਨਾਲ ਲੈ ਕੇ ਜਿੱਥੇ ਇਨ੍ਹਾਂ ਲਾਈਨਮੈਨਾਂ ਦਾ ਪਤਾ ਲੈਣ ਲਈ ਹਸਪਤਾਲ ਪਹੁੰਚੇ, ਉੱਥੇ ਹੀ ਬਿਜਲੀ ਬੋਰਡ ਦੇ ਸਾਹਮਣੇ ਧਰਨੇ ਵਿੱਚ ਦੇਰ ਰਾਤ ਤੱਕ ਸ਼ਿਰਕਤ ਕੀਤੀ ਤੇ ਉਸ ਤੋਂ ਬਾਅਦ ਥਾਣਾ ਕੋਤਵਾਲੀ ਵਿਖੇ ਪੁਲਸ ਵੱਲੋਂ ਫੜੇ ਹੋਏ ਧਰਨਾਕਾਰੀਆਂ ਨੂੰ ਛੁਡਵਾਉਣ ਲਈ ਪੁੱਜੇ।ਉਪਰੰਤ ਜਦੋਂ ਮੁੜ ਤੋਂ ਧਰਨਾ ਚੁੱਕਣ ਦੀ ਕੋਸ਼ਿਸ਼ ਕੀਤੀ ਗਈ ਤਾਂ ਪੁਲਸ ਦੀ ਕਾਰਗੁਜ਼ਾਰੀ ਤੋਂ ਦੁਖੀ ਹੋ ਕੇ ਇਹ ਲਾਈਨਮੈਨ ਪਿੰਡ ਭੇਡਪੁਰਾ ਵਿਖੇ ਟਾਵਰ ਉੱਤੇ ਚੜ੍ਹ ਗਏ।ਇਸ ਉਪ੍ਰੰਤ ਗੁਰਸ਼ਰਨ ਕੌਰ ਰੰਧਾਵਾ ਮੁੜ ਤੋਂ ਰਾਜਾ ਵੜਿੰਗ ਨੂੰ ਲੈ ਕੇ ਭੇਡਪੁਰਾ ਪੁੱਜੇ ਤੇ ਕਾਫੀ ਲੰਬਾ ਸਮਾਂ ਧਰਨਾਕਾਰੀਆਂ ਦੇ ਵਿੱਚ ਰਹੇ ਤੇ ਉਨ੍ਹਾਂ ਨੂੰ ਉਨ੍ਹਾਂ ਦੀਆਂ ਮੰਗਾਂ ਮਨਵਾਉਣ ਵਿੱਚ ਹਰ ਸੰਭਵ ਮਦਦ ਦੇਣ ਦਾ ਭਰੋਸਾ ਦਿੱਤਾ।ਪਿਛਲੇ ਇੱਕ ਹਫਤੇ ਤੋਂ ਗੁਰਸ਼ਰਨ ਕੌਰ ਰੰਧਾਵਾ ਇਸ ਧਰਨੇ ਵਿੱਚ ਸਵੇਰ ਸ਼ਾਮ ਹਾਜ਼ਰੀ ਭਰ ਰਹੇ ਹਨ।ਰਾਜਾ ਵੜਿੰਗ ਤੇ ਬੀਬੀ ਰੰਧਾਵਾ ਨੇ ਟਾਵਰ ਉੱਤੇ ਚੜ੍ਹੇ ਨੌਜਵਾਨਾਂ ਨੂੰ ਨੀਚੇ ਉਤਰਨ ਦੀ ਵਾਰ ਵਾਰ ਬੇਨਤੀ ਵੀ ਕੀਤੀ, ਪਰ ਉਨ੍ਹਾਂ ਨੌਜਵਾਨਾਂ ਨੇ ਨੀਚੇ ਉਤਰਨ ਦੀ ਬਜਾਏ ਜੈਕਾਰਿਆਂ ਨਾਲ ਜਵਾਬ ਦਿੱਤਾ।ਰੰਧਾਵਾ ਨੇ ਕਿਹਾ ਕਿ ਪੰਜਾਬ ਪੁਲਸ ਦੇ ਅਧਿਕਾਰੀ ਸਰਕਾਰ ਦੇ ਦਬਾਅ ਹੇਠ ਆਸ-ਪਾਸ ਦੇ ਪਿੰਡਾਂ ਦੇ ਲੋਕਾਂ ਨੂੰ ਇਨ੍ਹਾਂ ਧਰਨਾਕਾਰੀਆਂ ਦੀ ਕਿਸੇ ਵੀ ਤਰ੍ਹਾਂ ਦੀ ਮਦਦ ਕਰਨ ਤੋਂ ਰੋਕਦੇ ਰਹੇ, ਪਰ ਹਲਕਾ ਸਮਾਣਾ ਦੇ ਲੋਕ ਪੁਲਸ ਦੇ ਇਨਾਂ ਦਬਕਿਆਂ ਤੋਂ ਦਬਣ ਵਾਲੇ ਨਹੀਂ ਤੇ ਇਨ੍ਹਾਂ ਨੌਜਵਾਨਾਂ ਨੂੰ ਲੋੜ ਪੈਣ ਰੋਟੀ ਪਾਣੀ ਤੇ ਲੋੜੀਂਦੀ ਮਦਦ ਦੇ ਕੇ ਆਪਣਾ ਫਰਜ਼ ਨਿਭਾਅ ਰਹੇ ਹਨ।ਬੀਬੀ ਰੰਧਾਵਾ ਨੇ ਸਰਕਾਰ ਤੋਂ ਮੰਗ ਕੀਤੀ ਕਿ ਉਹ ਇਨ੍ਹਾਂ ਧਰਨਾਕਾਰੀਆਂ ਦੀਆਂ ਮੰਗਾਂ ਨੂੰ ਤੁਰੰਤ ਮੰਨ ਲੈਣ ਤਾਂ ਚੰਗਾ ਹੋਵੇਗਾ ਨਹੀਂ ਤਾਂ ਇਸ ਧਰਨੇ ਦਾ ਲੰਬੀ ਦੇਰ ਚੱਲਣਾ ਸਰਕਾਰ ਲਈ ਹੀ ਘਾਤਕ ਸਿੱਧ ਹੋਵੇਗਾ।

# ਡਾ. ਢਿੱਲੋਂ ਨੂੰ ਸਾਈਂ ਮੀਆਂਮੀਰ ਫਾਊਂਡੇਸ਼ਨ ਦੇ ਕੌਮੀ ਪ੍ਰਧਾਨ ਦੀ ਪੇਸ਼ਕਸ਼

### ਚੇਅਰਮੈਨ ਬਰਾੜ ਦੇ 80ਵੇਂ ਜਨਮ ਦਿਨ ਮੌਕੇ ਕੀਤੀਆਂ ਵਿਚਾਰਾਂ



**ਕੋਟਕਪੂਰਾ (ਰਛਪਾਲ ਭੁੱਲਰ)**

ਸਾਈਂ ਮੀਆਂਮੀਰ ਇੰਟਰਨੈਸ਼ਨਲ ਫਾਊਂਡੇਸ਼ਨ ਦੇ ਚੇਅਰਮੈਨ ਹਰਭਜਨ ਸਿੰਘ ਬਰਾੜ ਦਾ 80ਵਾਂ ਜਨਮ ਦਿਨ ਮਨਾਉਣ ਸਮੇਂ ਕੀਤੇ ਗਏ ਸਮਾਗਮ ਮੌਕੇ ਉਸ ਵੇਲੇ ਮਾਹੌਲ ਭਾਵੁਕ ਹੋ ਗਿਆ, ਜਦੋਂ ਚੇਅਰਮੈਨ ਬਰਾੜ ਨੇ ਜਥੇਬੰਦੀ ਦੇ ਕੌਮੀ ਪ੍ਰਧਾਨ ਵਜੋਂ ਸੇਵਾਵਾਂ ਨਿਭਾਉਣ ਲਈ ਡਾ. ਮਨਜੀਤ ਸਿੰਘ ਢਿੱਲੋਂ ਚੇਅਰਮੈਨ ਬਾਬਾ ਫਰੀਦ ਗੁਰੂਕੁਲ ਗਰੁੱਪ ਆਫ ਕਾਲਜਿਜ਼ ਕੋਟਕਪੂਰਾ ਨੂੰ ਪੇਸ਼ਕਸ਼ ਕਰ ਦਿੱਤੀ।ਜ਼ਿਕਰਯੋਗ ਹੈ ਕਿ ਸਾਈਂ ਮੀਆਂਮੀਰ ਇੰਟਰਨੈਸ਼ਨਲ ਫਾਊਂਡੇਸ਼ਨ ਵੱਲੋਂ ਲਹਿੰਦੇ ਤੇ ਚੜ੍ਹਦੇ ਪੰਜਾਬਾਂ ਅਰਥਾਤ ਹਿੰਦ-ਪਾਕਿ ਵੰਡ ਵੇਲੇ ਦੇ ਵਿੱਛੜੇ ਪਰਵਾਰਾਂ ਨੂੰ ਮਿਲਾਉਣ ਦੀਆਂ ਅਨੇਕਾਂ ਉਦਾਹਰਨਾਂ ਦਾ ਜ਼ਿਕਰ ਕੀਤਾ ਜਾ ਸਕਦਾ ਹੈ।

ਸ੍ਰ. ਬਰਾੜ ਦੇ ਜਨਮ ਦਿਨ ਮੌਕੇ ਉਨ੍ਹਾ ਦੇ ਵੱਖ-ਵੱਖ ਦੋਸਤਾਂ ਵੱਲੋਂ ਲਿਆਂਦੇ ਗਏ ਬਹੁਤ ਸਾਰੇ ਕੇਕ ਕੱਟ ਕੇ ਸ੍ਰ. ਬਰਾੜ ਤੇ ਉਨ੍ਹਾਂ ਦੀ ਹਮਸਫ਼ਰ ਸੁਖਜੀਤ ਕੌਰ ਬਰਾੜ ਦਾ ਮੂੰਹ ਮਿੱਠਾ ਕਰਵਾ ਕੇ ਤੇ ਮੁਬਾਰਕਬਾਦ ਦੇ ਕੇ ਖੁਸ਼ੀ ਸਾਂਝੀ ਕੀਤੀ ਗਈ।ਇਸ ਮੌਕੇ ਹਾਜ਼ਰੀਨ ਨੇ ਜਗਦੀਸ਼ ਸਿੰਘ ਬਮਰਾਹ ਵੱਲੋਂ ਲਿਖੀ ਪੁਸਤਕ ਪਾਕਿਸਤਾਨ ਫੇਰੀ ਦੀਆਂ ਮਿੱਠੀਆਂ ਯਾਦਾਂ ਦੀ ਘੁੰਡ ਚੁਕਾਈ ਵੀ ਕੀਤੀ।ਇਸ ਖੁਸ਼ੀ ਦੇ ਸਮਾਗਮ ਵਿੱਚ ਵਿਧਾਇਕ ਮਨਜੀਤ ਸਿੰਘ ਬਿਲਾਸਪੁਰੀ, ਐਡਵੋਕੇਟ ਮਨਜੀਤ ਸਿੰਘ ਛੀਨਾ, ਡਾ. ਮਨਜੀਤ ਸਿੰਘ ਢਿੱਲੋਂ ਸੂਬਾਈ ਪ੍ਰਧਾਨ ਸਾਈਂ ਮੀਆਂਮੀਰ ਫਾਊਂਡੇਸ਼ਨ ਸਮੇਤ ਡਾ. ਜਸਮੇਲ ਸਿੰਘ ਬਰਗਾੜੀ, ਗਿਆਨੀ ਮੁਖਤਿਆਰ ਸਿੰਘ ਵੰਗੜ ਆਦਿ ਨੇ ਆਖਿਆ ਕਿ ਸ੍ਰ. ਬਰਾੜ ਵੱਲੋਂ ਜਥੇਬੰਦੀ ਦੇ ਚੇਅਰਮੈਨ ਦੇ ਤੌਰ 'ਤੇ ਨਿਭਾਈਆਂ ਗਈਆਂ ਸੇਵਾਵਾਂ ਹਮੇਸ਼ਾਂ ਯਾਦ ਰੱਖੀਆਂ ਜਾਣਗੀਆਂ। ਜਥੇਬੰਦੀ ਦੇ ਸੂਬਾਈ ਪ੍ਰੈੱਸ ਸਕੱਤਰ ਗੁਰਿੰਦਰ ਸਿੰਘ ਮਹਿੰਦੀਰੱਤਾ ਮੁਤਾਬਿਕ ਸ੍ਰ. ਬਰਾੜ ਨੂੰ ਮੁਬਾਰਕਬਾਦ ਦੇਣ ਵਾਲਿਆਂ 'ਚ ਉਪਰੋਕਤ ਤੋਂ ਇਲਾਵਾ ਸਪੀਕਰ ਕੁਲਤਾਰ ਸਿੰਘ ਸੰਧਵਾਂ, ਡਾ. ਪ੍ਰੀਤਮ ਸਿੰਘ ਛੌਕਰ, ਜਗਦੀਸ਼ ਸਿੰਘ ਬਮਰਾਹ, ਦਿਲਬਾਗ ਸਿੰਘ ਸੈਕਟਰੀ, ਜੋਰਾ ਸਿੰਘ ਬਰਾੜ, ਗੁਰਮੀਤ ਸਿੰਘ ਕਲਸੀ, ਜਸਬੀਰ ਸਿੰਘ ਪੱਟੀ, ਪ੍ਰਿੰਸੀਪਲ ਗੁਰਦੀਪ ਸਿੰਘ, ਐਡਵੋਕੇਟ ਸੁਰਿੰਦਰ ਸਿੰਘ ਘਰਿਆਲਾ, ਬਲਵਿੰਦਰ ਸਿੰਘ ਝਬਾਲ, ਰਛਪਾਲ ਸਿੰਘ ਰਸੀਲਾ, ਅੰਤਰਰਾਸ਼ਟਰੀ ਕਬੱਡੀ ਖਿਡਾਰੀ ਕਾਲਾ ਗਾਜੀਆਨਾ, ਬਲਵਿੰਦਰ ਸਿੰਘ ਪੱਖੋਕੇ ਆਦਿ ਸ਼ਾਮਲ ਹਨ।

# ਆਮ ਲੋਕਾਂ ਦੇ ਘਰ ਬਣਾਉਣ ਦੇ ਸੁਪਨੇ ਹੋਏ ਚਕਨਾਚੂਰ !

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਜਾਬ ਵਿੱਚ ਇੱਟਾਂ ਦੀਆਂ ਕੀਮਤਾਂ ਵਿੱਚ ਲਗਾਤਾਰ ਹੋ ਰਹੇ ਵਾਧੇ ਨੇ ਉਸਾਰੀ ਖੇਤਰ ਨਾਲ ਜੁੜੇ ਹਰ ਵਰਗ ਦੀ ਚਿੰਤਾ ਵਧਾ ਦਿੱਤੀ ਹੈ।ਜਿੱਥੇ ਇਕ ਪਾਸੇ ਆਪਣੇ ਘਰ ਦਾ ਸੁਪਨਾ ਸਾਕਾਰ ਕਰਨ ਦੀ ਉਮੀਦ ਰੱਖਣ ਵਾਲੇ ਪਰਵਾਰਾਂ ਲਈ ਮਕਾਨ ਬਣਾਉਣਾ ਦਿਨੋਂ-ਦਿਨ ਔਖਾ ਹੁੰਦਾ ਜਾ ਰਿਹਾ ਹੈ, ਉੱਥੇ ਹੀ ਸਰਕਾਰੀ ਇਮਾਰਤਾਂ, ਵਿਕਾਸ ਪ੍ਰਾਜੈਕਟਾਂ ਤੇ ਹੋਰ ਉਸਾਰੀ ਕੰਮਾਂ 'ਤੇ ਵੀ ਇਸ ਦਾ ਸਿੱਧਾ ਅਸਰ ਪੈਣ ਦੀ ਸੰਭਾਵਨਾ ਪ੍ਰਗਟ ਕੀਤੀ ਜਾ ਰਹੀ ਹੈ।ਭੱਠਾ ਮਾਲਕਾਂ ਵੱਲੋਂ ਅਗਲੇ ਛੇ ਮਹੀਨੇ ਭੱਠੇ ਬੰਦ ਕਰਨ ਦੀ ਖ਼ਬਰ ਨੇ ਲੋਕਾਂ ਦੀ ਚਿੰਤਾ ਹੋਰ ਵਧਾ ਦਿੱਤੀ ਹੈ।ਜਾਣਕਾਰੀ ਅਨੁਸਾਰ ਕੁਝ ਮਹੀਨੇ ਪਹਿਲਾਂ ਤੱਕ ਇੱਟਾਂ ਦਾ ਰੇਟ ਕਰੀਬ 7 ਤੋਂ 8 ਹਜ਼ਾਰ ਰੁਪਏ ਪ੍ਰਤੀ ਹਜ਼ਾਰ ਇੱਟ ਸੀ, ਜੋ ਹੁਣ ਵਧ ਕੇ ਲਗਭਗ 10 ਹਜ਼ਾਰ ਰੁਪਏ ਤੱਕ ਪਹੁੰਚ ਗਿਆ ਹੈ।ਪਹਿਲਾਂ ਹੀ ਸੀਮੈਂਟ, ਲੋਹੇ, ਰੇਤ ਤੇ ਹੋਰ ਨਿਰਮਾਣ ਸਮਗਰੀ ਦੀਆਂ ਵਧੀਆਂ ਕੀਮਤਾਂ ਨਾਲ ਜੂਝ ਰਹੇ ਲੋਕਾਂ ਲਈ ਹੁਣ ਇੱਟਾਂ ਦਾ ਮਹਿੰਗਾ ਹੋਣਾ ਇਕ ਹੋਰ ਵੱਡਾ ਝਟਕਾ ਸਾਬਿਤ ਹੋ ਰਿਹਾ ਹੈ।

ਦੂਜੇ ਪਾਸੇ ਇੱਟ ਭੱਠਾ ਮਾਲਕ ਇਸ ਵਾਧੇ ਨੂੰ ਆਪਣੀ ਮਜਬੂਰੀ ਦੱਸ ਰਹੇ ਹਨ।ਉਨ੍ਹਾਂ ਦਾ ਕਹਿਣਾ ਹੈ ਕਿ ਉਤਪਾਦਨ ਲਾਗਤ ਵਿੱਚ ਬੇਹੱਦ ਵਾਧਾ ਹੋਣ ਕਾਰਨ ਕੀਮਤਾਂ ਵਧਾਉਣ ਤੋਂ ਇਲਾਵਾ ਕੋਈ ਹੋਰ ਚਾਰਾ ਨਹੀਂ ਬਚਿਆ।ਭੱਠਾ ਉਦਯੋਗ ਨਾਲ ਜੁੜੇ ਆਗੂਆਂ ਮੁਤਾਬਿਕ ਇੱਟਾਂ 'ਤੇ ਜੀ.ਐੱਸ.ਟੀ. ਨੂੰ 6 ਫ਼ੀਸਦੀ ਤੋਂ ਵਧਾ ਕੇ 12 ਫ਼ੀਸਦੀ ਕਰ ਦਿੱਤਾ ਗਿਆ ਹੈ, ਜਦਕਿ ਕੋਲੇ 'ਤੇ ਜੀ.ਐੱਸ.ਟੀ. ਨੂੰ 5 ਫ਼ੀਸਦੀ ਤੋਂ ਵਧਾ ਕੇ 18 ਫ਼ੀਸਦੀ ਕੀਤਾ ਗਿਆ ਹੈ।ਇਸ ਤੋਂ ਇਲਾਵਾ ਮਿੱਟੀ ਤੇ ਹੋਰ ਕੱਚੇ ਮਾਲ ਦੀਆਂ ਕੀਮਤਾਂ ਵੀ ਦੋਗੁਣੇ ਤੋਂ ਵਧ ਚੁੱਕੀਆਂ ਹਨ।ਭੱਠਾ ਮਾਲਕਾਂ ਦਾ ਕਹਿਣਾ ਹੈ ਕਿ ਪੰਜਾਬ ਸਰਕਾਰ ਵੱਲੋਂ ਮਜ਼ਦੂਰੀ ਦਰਾਂ ਵਿੱਚ ਇਕਮੁਸ਼ਤ 15 ਫ਼ੀਸਦੀ ਵਾਧਾ ਕੀਤੇ ਜਾਣ ਨਾਲ ਵੀ ਲਾਗਤ ਵਿੱਚ ਕਾਫ਼ੀ ਵਾਧਾ ਹੋਇਆ ਹੈ।ਆਮ ਲੋਕ ਤੇ ਉਸਾਰੀ ਖੇਤਰ ਨਾਲ ਜੁੜੇ ਕਈ ਲੋਕ ਕੀਮਤਾਂ ਵਿੱਚ ਵਾਧੇ ਨੂੰ ਮਹਿੰਗਾਈ ਦੇ ਨਾਂਅ ਹੇਠ ਕੀਤੀ ਜਾ ਰਹੀ ਧੱਕੇਸ਼ਾਹੀ ਕਰਾਰ ਦੇ ਰਹੇ ਹਨ।ਉਨ੍ਹਾਂ ਦਾ ਕਹਿਣਾ ਹੈ ਕਿ ਮਕਾਨ ਬਣਾਉਣਾ ਪਹਿਲਾਂ ਹੀ ਆਮ ਆਦਮੀ ਦੀ ਪਹੁੰਚ ਤੋਂ ਦੂਰ ਹੁੰਦਾ ਜਾ ਰਿਹਾ ਸੀ, ਪਰ ਹੁਣ ਇੱਟਾਂ ਦੀਆਂ ਕੀਮਤਾਂ ਵਿੱਚ ਹੋਏ ਵੱਡੇ ਵਾਧੇ ਨੇ ਘਰ ਬਣਾਉਣ ਦੇ ਸੁਪਨੇ ਨੂੰ ਹੋਰ ਵੀ ਮੁਸ਼ਕਲ ਬਣਾ ਦਿੱਤਾ ਹੈ। ਉਦਯੋਗ ਨਾਲ ਜੁੜੇ ਅੰਕੜਿਆਂ ਅਨੁਸਾਰ ਇੱਕ ਸਮੇਂ ਪੰਜਾਬ ਵਿੱਚ ਕਰੀਬ 2700 ਇੱਟ ਭੱਠੇ ਚੱਲਦੇ ਸਨ, ਪਰ ਹੁਣ ਇਹ ਗਿਣਤੀ ਘਟ ਕੇ ਲਗਭਗ 1300 ਰਹਿ ਗਈ ਹੈ।ਵਧ ਰਹੀਆਂ ਲਾਗਤਾਂ ਤੇ ਆਰਥਿਕ ਦਬਾਅ ਦਾ ਹਵਾਲਾ ਦਿੰਦਿਆਂ ਭੱਠਾ ਮਾਲਕ ਪੰਜਾਬ ਦਾ ਇੱਟ ਭੱਠਾ ਉਦਯੋਗ ਅਗਲੇ ਛੇ ਮਹੀਨਿਆਂ ਲਈ ਆਪਣਾ ਕੰਮਕਾਜ ਬੰਦ ਰੱਖਣ ਦਾ ਫ਼ੈਸਲਾ ਲੈ ਰਹੇ ਹਨ।ਜੇਕਰ ਇਹ ਫ਼ੈਸਲਾ ਲਾਗੂ ਹੁੰਦਾ ਹੈ ਤਾਂ ਇਸ ਦਾ ਸਿੱਧਾ ਪ੍ਰਭਾਵ ਸਰਕਾਰੀ ਇਮਾਰਤਾਂ, ਸੜਕਾਂ, ਸਕੂਲਾਂ, ਹਸਪਤਾਲਾਂ ਤੇ ਹੋਰ ਵਿਕਾਸ ਪ੍ਰਾਜੈਕਟਾਂ 'ਤੇ ਪੈ ਸਕਦਾ ਹੈ।ਪਟਿਆਲਾ ਭੱਠਾ ਮਾਲਕ ਐਸੋਸੀਏਸ਼ਨ ਦੇ ਪ੍ਰਧਾਨ ਹਰਸ਼ ਗੁਪਤਾ ਦਾ ਕਹਿਣਾ ਹੈ ਕਿ ਡੀਜ਼ਲ, ਕੋਲੇ ਤੇ ਢੋਆ-ਢੁਆਈ ਦੇ ਖ਼ਰਚਿਆਂ ਵਿੱਚ ਹੋ ਰਹੇ ਵਾਧੇ ਕਾਰਨ ਰੇਟ ਵਧਾਉਣੇ ਪੈ ਰਹੇ ਹਨ।

## ਲਾਈਨਮੈਨ ਦੀ ਕੁੱਟਮਾਰ ਕਰਨ 'ਤੇ 3 ਵਿਰੁੱਧ ਮੁਕੱਦਮਾ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ ਪਿੰਡ ਘੁਬਾਇਆ ਮੈਨ ਮਾਰਕਿਟ ਵਿਚ ਬਿਜਲੀ ਮੁਲਾਜ਼ਮ ਦੀ ਕੁੱਟਮਾਰ ਕਰਨ ਤੇ ਡਿਊਟੀ ਵਿੱਚ ਵਿਘਨ ਪਾਉਣ 'ਤੇ 3 ਲੋਕਾਂ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਗੁਰਨਾਮ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਸੁਰਜੀਤ ਸਿੰਘ ਲਾਇਨਮੈਨ ਪੀ ਐਸ ਪੀ ਸੀ ਐਲ ਵਾਸੀ ਫੱਤੂ ਵਾਲਾ ਵੱਲੋਂ ਪੁਲਸ ਕੋਲ ਆਪਣੇ ਬਿਆਨ ਦਰਜ ਕਰਵਾਏ ਗਏ ਹਨ ਕਿ ਬੀਤੇ ਦਿਨ ਪਿੰਡ ਘੁਬਾਇਆ ਮੈਨ ਮਾਰਕਿਟ ਵਿੱਚ ਕੰਪਲੇਟ ਕਲੀਰੀਅਰ ਕਰ ਰਿਹਾ ਸੀ ਤਾਂ ਮੰਗਲ ਸਿੰਘ, ਗੁਰਮੁੱਖ ਸਿੰਘ ਅਤੇ ਕਰਮ ਸਿੰਘ ਵਾਸੀਆਨ ਢਾਣੀ ਫੂਲਾ ਸਿੰਘ ਨੇ ਇਕੱਠੇ ਹੋ ਕੇ ਉਸ ਦੀ ਕੁੱਟਮਾਰ ਕਰਕੇ ਸੱਟਾਂ ਮਾਰੀਆਂ ਤੇ ਉਸ ਦੀ ਡਿਊਟੀ ਵਿੱਚ ਵਿਘਨ ਪਾਇਆ ਗਿਆ ਹੈ, ਜਿਸ 'ਤੇ ਪੁਲਸ ਨੇ ਸ਼ਿਕਾਇਤਕਰਤਾ ਲਾਇਨਮੈਨ ਸੁਰਜੀਤ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਮੰਗਲ ਸਿੰਘ, ਗੁਰਮੁੱਖ ਸਿੰਘ ਤੇ ਕਰਮ ਸਿੰਘ ਵਾਸੀਆਨ ਢਾਣੀ ਫੂਲਾ ਸਿੰਘ ਖਿਲਾਫ ਥਾਣਾ ਸਦਰ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

## ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਸਰਕਾਰ ਵਚਨਬੱਧ : ਵਿਧਾਇਕ ਸਵਨਾ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਵਿਧਾਨ ਸਭਾ ਹਲਕਾ ਫਾਜ਼ਿਲਕਾ ਦੇ ਵਿਧਾਇਕ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਵੱਲੋਂ ਦਾਨਾ ਮੰਡੀ ਫਾਜ਼ਿਲਕਾ ਵਿਖੇ ਇਲਾਕੇ ਦੇ ਵਪਾਰੀਆਂ ਨਾਲ ਇੱਕ ਅਹਿਮ ਗੱਲਬਾਤ ਕੀਤੀ ਗਈ, ਜਿਸ ਦੌਰਾਨ ਵਪਾਰੀਆਂ ਨੂੰ ਦਰਪੇਸ਼ ਸਮੱਸਿਆਵਾਂ ਤੇ ਉਨ੍ਹਾਂ ਦੇ ਹੱਲ ਸੰਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਐੱਸ ਡੀ ਐੱਮ ਜੁਗਰਾਜ ਸਿੰਘ ਸਮੇਤ ਪੁਲਸ ਤੇ ਸਿਵਲ ਪ੍ਰਸ਼ਾਸਨ ਦੇ ਅਧਿਕਾਰੀ ਤੇ ਵਪਾਰੀ ਸੰਗਠਨ ਦੇ ਅਹੁਦੇਦਾਰ ਵੀ ਮੌਜੂਦ ਰਹੇ।ਇਸ ਮੌਕੇ ਹਾਜ਼ਰ ਵਪਾਰੀ ਵਰਗ ਨੂੰ ਸੰਬੋਧਨ ਕਰਦਿਆਂ ਵਿਧਾਇਕ ਨਰਿੰਦਰ ਪਾਲ ਸਿੰਘ ਸਵਨਾ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੀ ਅਰਥਵਿਵਸਥਾ ਨੂੰ ਹੋਰ ਮਜ਼ਬੂਤ ਬਣਾਉਣ ਤੇ ਵਪਾਰੀਆਂ ਦੀਆਂ ਜਾਇਜ਼ ਮੰਗਾਂ ਤੇ ਸਮੱਸਿਆਵਾਂ ਦੇ ਹੱਲ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਵਪਾਰੀ ਵਰਗ ਸੂਬੇ ਦੀ ਅਰਥਵਿਵਸਥਾ ਦੀ ਰੀੜ੍ਹ ਦੀ ਹੱਡੀ ਹੈ ਤੇ ਉਨ੍ਹਾਂ ਦੇ ਹਿੱਤਾਂ ਦੀ ਰੱਖਿਆ ਕਰਨਾ ਸਰਕਾਰ ਦੀ ਮੁੱਖ ਤਰਜੀਹ ਹੈ।ਇਸ ਮੌਕੇ ਵਪਾਰੀਆਂ ਨਾਲ ਸ਼ਹਿਰ ਦੇ ਵਿਕਾਸ ਕਾਰਜਾਂ, ਬਾਜ਼ਾਰਾਂ ਵਿੱਚ ਬੁਨਿਆਦੀ ਸਹੂਲਤਾਂ ਦੇ ਸੁਧਾਰ, ਲਾਈਟਾਂ, ਸੀਵਰੇਜ, ਦਾਨਾ ਮੰਡੀ ਵਿੱਚ ਕਣਕ ਲਈ ਸ਼ੈਡ, ਟ੍ਰੈਫਿਕ ਪ੍ਰਬੰਧਨ, ਸੁਰੱਖਿਆ ਪ੍ਰਬੰਧਾਂ ਤੇ ਕਾਰੋਬਾਰ ਨਾਲ ਜੁੜੀਆਂ ਹੋਰ ਚੁਣੌਤੀਆਂ ਸੰਬੰਧੀ ਵੀ ਵਿਸਥਾਰ ਨਾਲ ਚਰਚਾ ਕੀਤੀ ਗਈ।ਵਿਧਾਇਕ ਨੇ ਭਰੋਸਾ ਦਿਵਾਇਆ ਕਿ ਵਪਾਰੀਆਂ ਵੱਲੋਂ ਉਠਾਏ ਗਏ ਹਰ ਮੁੱਦੇ ਨੂੰ ਸੰਬੰਧਤ ਵਿਭਾਗਾਂ ਦੇ ਧਿਆਨ ਵਿੱਚ ਲਿਆ ਕੇ ਤਰਜੀਹ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਸਰਕਾਰ ਲੋਕਾਂ ਤੇ ਵਪਾਰੀਆਂ ਨਾਲ ਲਗਾਤਾਰ ਸੰਵਾਦ ਰਾਹੀਂ ਵਿਕਾਸ ਤੇ ਖੁਸ਼ਹਾਲੀ ਦੇ ਨਵੇਂ ਮਾਪਦੰਡ ਸਥਾਪਤ ਕਰਨ ਲਈ ਯਤਨਸ਼ੀਲ ਹੈ।ਇਸ ਮੌਕੇ ਲਵੀਸ਼ ਚਾਵਲਾ ਚੇਅਰਮੈਨ ਟਰੇਡ ਵਿੰਗ ਵਿਧਾਨ ਸਭਾ ਹਲਕਾ ਫਾਜ਼ਿਲਕਾ ਤੇ ਟਰੇਡ ਵਿੰਗ ਫਾਜ਼ਿਲਕਾ ਦੇ ਮੈਂਬਰਾਂ ਤੋਂ ਇਲਾਵਾ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਸ਼ਾਮਲ ਸਨ।

## ਪਲਸ ਪੋਲੀਓ ਮੁਹਿੰਮ ਦੀਆਂ ਤਿਆਰੀਆਂ ਸੰਬੰਧੀ ਜ਼ਿਲ੍ਹਾ ਟਾਸਕ ਫੋਰਸ ਦੀ ਮੀਟਿੰਗ

**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ, ਐਲਿਗਜੈਂਡਰ ਡਿਸੂਜਾ)**

ਭਾਰਤ ਨੂੰ ਪੋਲੀਓ ਮੁਕਤ ਰੱਖਣ ਦੇ ਉਦੇਸ਼ ਨਾਲ 28, 29 ਤੇ 30 ਜੂਨ ਨੂੰ ਹੋਣ ਵਾਲੀ ਪਲੱਸ ਪੋਲੀਓ ਮੁਹਿੰਮ ਦੀਆਂ ਤਿਆਰੀਆਂ ਸੰਬੰਧੀ ਜ਼ਿਲ੍ਹਾ ਟਾਸਕ ਫੋਰਸ ਦੀ ਮਹੱਤਵਪੂਰਨ ਮੀਟਿੰਗ ਡਿਪਟੀ ਕਮਿਸ਼ਨਰ ਸ਼੍ਰੀ ਰਾਹੁਲ ਚਾਬਾ, ਆਈ.ਏ.ਐਸ. ਦੀ ਪ੍ਰਧਾਨਗੀ ਹੇਠ ਆਯੋਜਿਤ ਕੀਤੀ ਗਈ।ਮੀਟਿੰਗ ਦੌਰਾਨ ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਹੁਸਨਪਾਲ ਸਿੰਘ ਸਿੱਧੂ ਨੇ ਪਲੱਸ ਪੋਲੀਓ ਮੁਹਿੰਮ ਸੰਬੰਧੀ ਵਿਸਥਾਰਪੂਰਵਕ ਦੱਸਦਿਆਂ ਜ਼ਿਲ੍ਹੇ ਵਿੱਚ ਕੀਤੀਆਂ ਜਾ ਰਹੀਆਂ ਤਿਆਰੀਆਂ, ਟੀਮਾਂ ਦੀ ਤਾਇਨਾਤੀ, ਉੱਚ ਜ਼ੋਖ਼ਮ ਵਾਲੇ ਖੇਤਰਾਂ ਦੀ ਕਵਰੇਜ ਅਤੇ ਵੱਖ-ਵੱਖ ਵਿਭਾਗਾਂ ਦੀਆਂ ਜ਼ਿੰਮੇਵਾਰੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਫਰੀਦਕੋਟ ਦੇ ਪੰਜ ਬਲਾਕਾਂ ਬਾਜਾਖਾਨਾ, ਜੈਤੋ, ਕੋਟਕਪੂਰਾ, ਫ਼ਰੀਦਕੋਟ ਤੇ ਜੰਡ ਸਾਹਿਬ ਦੀ ਕੁੱਲ ਅਨੁਮਾਨਤ ਆਬਾਦੀ 6,20,617 ਹੈ, ਜਿੱਥੇ 0 ਤੋਂ 5 ਸਾਲ ਉਮਰ ਵਰਗ ਦੇ 56,313 ਬੱਚਿਆਂ ਨੂੰ ਪੋਲੀਓ ਰੋਧਕ ਬੂੰਦਾਂ ਪਿਲਾਉਣ ਦਾ ਟੀਚਾ ਨਿਰਧਾਰਤ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਮੁਹਿੰਮ ਦੀ ਸਫ਼ਲਤਾ ਲਈ ਜ਼ਿਲ੍ਹੇ ਵਿੱਚ 330 ਬੂਥ, 555 ਹਾਊਸ-ਟੂ-ਹਾਊਸ ਟੀਮਾਂ, 11 ਮੋਬਾਈਲ ਟੀਮਾਂ ਤੇ 17 ਟਰਾਂਜ਼ਿਟ ਟੀਮਾਂ ਤਾਇਨਾਤ ਕੀਤੀਆਂ ਜਾਣਗੀਆਂ।ਇਸ ਤੋਂ ਇਲਾਵਾ 111 ਏ.ਐਨ.ਐਮਜ਼, 450 ਆਸ਼ਾ ਵਰਕਰਜ਼, 165 ਆਂਗਣਵਾੜੀ ਵਰਕਰਜ਼, 467 ਹੋਰ ਕਰਮਚਾਰੀ, 61 ਸੁਪਰਵਾਈਜ਼ਰ ਤੇ 1,242 ਵੈਕਸੀਨੇਟਰ ਮੁਹਿੰਮ ਵਿੱਚ ਆਪਣੀਆਂ ਸੇਵਾਵਾਂ ਨਿਭਾਉਣਗੇ। ਮੀਟਿੰਗ ਦੌਰਾਨ ਇਹ ਵੀ ਦੱਸਿਆ ਗਿਆ ਕਿ ਜ਼ਿਲ੍ਹੇ ਦੇ ਉੱਚ ਜੋਖਮ ਵਾਲੇ ਖੇਤਰਾਂ ਵਿੱਚ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ। ਇਨ੍ਹਾਂ ਖੇਤਰਾਂ 'ਚ 235 ਸਲੱਮ ਇਲਾਕੇ, 3 ਟੱਪਰੀਵਾਸ ਬਸਤੀਆਂ, 75 ਇੱਟਾਂ ਦੇ ਭੱਠੇ ਤੇ 371 ਹੋਰ ਉੱਚ ਜ਼ੋਖ਼ਮ ਵਾਲੇ ਸਥਾਨ ਸ਼ਾਮਲ ਹਨ, ਜਿੱਥੇ ਬੱਚਿਆਂ ਦੀ 100 ਫ਼ੀਸਦੀ ਕਵਰੇਜ ਯਕੀਨੀ ਬਣਾਉਣ ਲਈ ਵਿਸ਼ੇਸ਼ ਟੀਮਾਂ ਤਾਇਨਾਤ ਕੀਤੀਆਂ ਜਾਣਗੀਆਂ। ਡਿਪਟੀ ਕਮਿਸ਼ਨਰ ਸ਼੍ਰੀ ਰਾਹੁਲ ਚਾਬਾ ਨੇ ਸਾਰੇ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਤੇ ਪਲੱਸ ਪੋਲੀਓ ਮੁਹਿੰਮ ਨੂੰ ਪੂਰੀ ਸਫ਼ਲਤਾ ਨਾਲ ਨੇਪਰੇ ਚਾੜ੍ਹਨ ਲਈ ਨਿਰਦੇਸ਼ ਦਿੱਤੇ।ਉਨ੍ਹਾਂ ਕਿਹਾ ਕਿ ਪੋਲੀਓ ਵਰਗੀ ਗੰਭੀਰ ਬਿਮਾਰੀ ਤੋਂ ਬੱਚਿਆਂ ਨੂੰ ਸੁਰੱਖਿਅਤ ਰੱਖਣ ਲਈ ਹਰ ਯੋਗ ਬੱਚੇ ਤੱਕ ਪਹੁੰਚਣਾ ਬਹੁਤ ਜ਼ਰੂਰੀ ਹੈ ਤੇ ਇਸ ਕਾਰਜ ਵਿੱਚ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਸਿਵਲ ਸਰਜਨ ਡਾ. ਰਮਨਦੀਪ ਸਿੰਗਲਾ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਪਲੱਸ ਪੋਲੀਓ ਮੁਹਿੰਮ ਦੌਰਾਨ ਆਪਣੇ 0 ਤੋਂ 5 ਸਾਲ ਤੱਕ ਦੇ ਸਾਰੇ ਬੱਚਿਆਂ ਨੂੰ ਪੋਲੀਓ ਰੋਧਕ ਬੂੰਦਾਂ ਜ਼ਰੂਰ ਪਿਲਾਉਣ ਅਤੇ ਸਿਹਤ ਵਿਭਾਗ ਦੀਆਂ ਟੀਮਾਂ ਦਾ ਪੂਰਾ ਸਹਿਯੋਗ ਕਰਨ ਤਾਂ ਜੁ ਜ਼ਿਲ੍ਹੇ ਵਿੱਚ ਕੋਈ ਵੀ ਬੱਚਾ ਇਸ ਮੁਹਿੰਮ ਤੋਂ ਵਾਂਝਾ ਨਾ ਰਹੇ।

## ਵਿਰੋਧੀਆਂ ਕੋਲ ਪੰਜਾਬ ਦੇ ਵਿਕਾਸ ਤੇ ਖੁਸ਼ਹਾਲੀ ਲਈ ਕੋਈ ਏਜੰਡਾ ਨਹੀਂ : ਗੋਇਲ

### ਕੁਦਨੀ ਦੇ 'ਲੋਕ ਮਿਲਣੀ' ਪ੍ਰੋਗਰਾਮ 'ਚ ਸੈਂਕੜੇ ਪਰਵਾਰ 'ਆਪ' 'ਚ ਹੋਏ ਸ਼ਾਮਲ



**ਮੂਨਕ (ਰਾਜਪਾਲ ਸਿੰਗਲਾ)**-ਆਪ ਸਰਕਾਰ ਦੀਆਂ ਲੋਕ ਪੱਖ ਨੀਤੀਆਂ ਤੇ ਪ੍ਰਾਪਤੀਆਂ ਨੂੰ ਜਨ ਜਨ ਤੱਕ ਪਹੁੰਚਾਉਣ ਲਈ ਆਮ ਆਦਮੀ ਪਾਰਟੀ ਵੱਲੋਂ 'ਲੋਕ ਮਿਲਣੀ' ਪ੍ਰੋਗਰਾਮ ਤਹਿਤ ਜਨਤਾ ਨਾਲ ਸੰਵਾਦ ਕਰਨ ਦੀ ਚਲਾਈ ਮੁਹਿੰਮ ਤਹਿਤ ਹਲਕਾ ਵਿਧਾਇਕ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਵੱਲੋਂ ਹਲਕੇ ਦੇ ਪਿੰਡ ਕੜੈਲ, ਹਾਂਡਾ, ਕੁਦਨੀ ਤੇ ਰਾਮਪੁਰ ਗੁਜਰਾਂ ਵਿੱਚ ਕੀਤੀ ਜਾ ਰਹੀ 'ਲੋਕ ਮਿਲਣੀ' ਦੌਰਾਨ ਪਿੰਡ ਕੁਦਨੀ ਵਿਖੇ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਭਾਰੀ ਜਨ ਸਮਰਥਨ ਮਿਲਿਆ, ਜਦੋਂ ਕੈਬਨਿਟ ਮੰਤਰੀ ਗੋਇਲ ਦੇ ਵਿਕਾਸ ਕੰਮਾਂ ਤੋਂ ਪ੍ਰਭਾਵਿਤ ਹੁੰਦਿਆਂ ਪਿੰਡ ਦੇ ਸੈਂਕੜੇ ਪਰਿਵਾਰਾਂ ਨੇ ਵੱਖ-ਵੱਖ ਪਾਰਟੀਆਂ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ।ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਨੂੰ ਮੰਤਰੀ ਗੋਇਲ ਨੇ ਆਪਣਾ ਅਸ਼ੀਰਵਾਦ ਦਿੰਦਿਆਂ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹਰ ਵਿਅਕਤੀ ਨੂੰ ਪੂਰਾ ਮਾਨ ਸਨਮਾਨ ਦਿੱਤਾ ਜਾਵੇਗਾ।ਵੱਖ-ਵੱਖ ਪਿੰਡਾਂ ਅੰਦਰ ਸੰਬੋਧਨ ਕਰਦਿਆਂ ਮੰਤਰੀ ਗੋਇਲ ਨੇ ਸਰਕਾਰ ਦੀਆਂ ਲੋਕ ਪੱਖੀ ਤੇ ਹੋਰ ਪ੍ਰਾਪਤੀਆਂ ਨੂੰ ਲੋਕਾਂ ਸਾਹਮਣੇ ਰੱਖਿਆ ਤੇ ਲੋਕਾਂ ਨਾਲ ਸੰਵਾਦ ਕਰਦਿਆਂ ਉਨ੍ਹਾਂ ਦੀਆਂ ਮੁਸ਼ਕਲਾਂ ਤੇ ਮੰਗਾਂ ਨੂੰ ਵੀ ਸੁਣਿਆ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਹਰ ਫਰੰਟ 'ਤੇ ਸੂਬੇ ਦੇ ਵਿਕਾਸ, ਖੁਸ਼ਹਾਲੀ ਤੇ ਅਮਨ ਸ਼ਾਂਤੀ ਦੀ ਗੱਲ ਕਰਦੀ ਹੈ, ਪਰ ਦੂਜੇ ਪਾਸੇ ਵਿਰੋਧੀ ਪਾਰਟੀਆਂ ਵਾਲੇ ਲੋਕਾਂ ਨੂੰ ਧਰਮ ਤੇ ਜਾਤ ਦੇ ਨਾਂਅ 'ਤੇ ਲੜਾ ਕੇ ਸੱਤਾ ਵਿੱਚ ਆਉਣ ਦੇ ਸਪਨੇ ਦੇਖ ਰਹੇ ਹਨ, ਪਰ ਪੰਜਾਬ ਦੇ ਸੂਝਵਾਨ ਵੋਟਰ ਵਿਰੋਧੀਆਂ ਦੇ ਸਪਨਿਆਂ ਨੂੰ ਪੂਰਾ ਨਹੀਂ ਹੋਣ ਦੇਣਗੇ, 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਵਿਰੋਧੀਆਂ ਦੀਆਂ ਜ਼ਮਾਨਤਾਂ ਜ਼ਬਤ ਹੋ ਜਾਣਗੀਆਂ।ਅਕਾਲੀ-ਭਾਜਪਾ ਗੱਠਜੋੜ ਦੀਆਂ ਚੱਲ ਰਹੀਆਂ ਚਰਚਾਵਾਂ 'ਤੇ ਪ੍ਰਤੀਕਿਰਿਆ ਦਿੰਦਿਆਂ ਉਨ੍ਹਾਂ ਕਿਹਾ ਕਿ ਅਕਾਲੀ-ਭਾਜਪਾ ਗੱਠਜੋੜ ਖੁਦਗਰਜ਼ੀ ਦਾ ਗੱਠਜੋੜ ਹੋਵੇਗਾ, ਇਨ੍ਹਾਂ ਪਾਰਟੀਆਂ ਨੂੰ ਪੰਜਾਬ ਦੇ ਭਲੇ ਦੀ ਕੋਈ ਚਿੰਤਾ ਨਹੀਂ।ਉਨ੍ਹਾਂ ਅਕਾਲੀ, ਭਾਜਪਾ ਤੇ ਕਾਂਗਰਸ ਨੂੰ ਫਿਰਕਾਪ੍ਰਸਤ ਪਾਰਟੀਆਂ ਕਰਾਰ ਦਿੰਦਿਆਂ ਕਿਹਾ ਕਿ ਇਨ੍ਹਾਂ ਪਾਰਟੀਆਂ ਦੇ ਪਾਪਾਂ ਦਾ ਘੜਾ ਭਰਿਆ ਪਿਐ, ਪੰਜਾਬ ਦੇ ਲੋਕ ਕਦੇ ਵੀ ਇਨ੍ਹਾਂ ਪਾਰਟੀਆਂ ਨੂੰ ਸੱਤਾ ਨਹੀਂ ਸੌਂਪਣਗੇ।ਉਨ੍ਹਾਂ ਕਿਹਾ ਕਿ ਗੋਇਲ ਪਰਿਵਾਰ ਦੇ ਦਰਵਾਜ਼ੇ ਹਲਕੇ ਦੇ ਲੋਕਾਂ ਲਈ 24 ਘੰਟੇ ਖੁੱਲ੍ਹੇ ਹਨ।ਇਸ ਦੌਰਾਨ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਣ ਵਾਲੇ ਵਿਅਕਤੀਆਂ ਸੋਹਣ ਲਾਲ, ਨਿਰਮਲ ਸਿੰਘ, ਗੁਰਮੀਤ ਸਿੰਘ, ਮਹਿੰਦਰ ਸਿੰਘ, ਮਨਪੀਤ ਸਿੰਘ, ਧੰਨਾਂ ਸਿੰਘ, ਮਨਪ੍ਰੀਤ ਮੰਨੂ, ਜਾਗਰ ਸਿੰਘ, ਗੁਲਾਬ ਸਿੰਘ, ਮਲਕੀਤ ਸਿੰਘ, ਅਮਨਜੋਤ ਸਿੰਘ, ਲਾਲੀ ਸਿੰਘ, ਧਰਮਿੰਦਰ ਸਿੰਘ ਤੇ ਹੋਰਨਾਂ ਨੇ ਕਿਹਾ ਕਿ ਉਹ ਪੰਜਾਬ ਸਰਕਾਰ ਤੇ ਮੰਤਰੀ ਗੋਇਲ ਵੱਲੋਂ ਹਲਕੇ ਵਿੱਚ ਕੀਤੇ ਜਾ ਰਹੇ ਵਿਕਾਸ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਆਪ ਵਿੱਚ ਸ਼ਾਮਲ ਹੋ ਰਹੇ ਹਨ।ਉਨ੍ਹਾਂ ਮੰਤਰੀ ਗੋਇਲ ਨੂੰ ਵਿਸ਼ਵਾਸ ਦਿਵਾਇਆ ਕਿ ਪਾਰਟੀ ਦੀਆਂ ਨੀਤੀਆਂ ਤੇ ਸਰਕਾਰ ਦੀਆਂ ਪ੍ਰਾਪਤੀਆਂ ਨੂੰ ਘਰ ਘਰ ਪਹੁੰਚਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਣਗੇ।


**AXIS BANK** | ਰਿਟੇਲ ਐਸੇਟ ਸੈਂਟਰ : ਐਕਸਿਸ ਬੈਂਕ ਲਿਮਿਟਿਡ, ਦੂਸਰੀ ਮੰਜ਼ਲ, ਜਾਇਦਾਦ # 7-ਈ ਮਿਉਂਸਪਲ 3903/1142/16, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001

ਕਾਰਪੋਰੇਟ ਦਫਤਰ : 'ਐਕਸਿਸ ਹਾਊਸ' ਬਲਾਕ-ਬੀ, ਬੰਬੇ ਡਾਇੰਗ ਮਿਲਜ਼ ਕੰਪਾਊਂਡ, ਪਾਂਡੂਰੰਗ ਬੁੱਧਕਰ ਮਾਰਗ, ਵਰਲੀ, ਮੁੰਬਈ-400025, ਰਜਿਸਟਰਡ ਦਫਤਰ : "ਤ੍ਰਿਸ਼ੂਲ" ਤੀਸਰੀ ਮੰਜ਼ਲ ਸਾਹਮਣੇ ਸਮਰਥੇਸ਼ਵਰ ਮੰਦਰ ਲਾਅ ਗਾਰਡਨ, ਐਲਿਸਬ੍ਰਿਜ, ਅਹਿਮਦਾਬਾਦ-380006

**ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ**

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।

ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਿਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

**1** ਕਰਜ਼ਦਾਰ/ਗਰੰਟਰ/ਰਹਿਣਕਾਰ ਦਾ ਨਾਮ ਪਤਾ : 1. ਮੈਸਰਜ਼ ਕੈਟਲ ਕੇਅਰ ਫਾਰਮਾ ਆਪਣੇ ਮਾਲਕ ਸ਼੍ਰੀ ਨਿਰਪਾਲ ਸਿੰਘ ਰਾਹੀਂ 2. ਸ਼੍ਰੀ ਨਿਰਪਾਲ ਸਿੰਘ ਪੁੱਤਰ ਸੁਖਦੇਵ ਸਿੰਘ 3. ਸ਼੍ਰੀ ਭਗਵੰਤ ਸਿੰਘ ਪੁੱਤਰ ਰਣਜੀਤ ਸਿੰਘ ਪਤਾ:- #257, ਕਰਮੂ ਪੱਤੀ ਚੱਕ ਬਖਤੂ ਬਠਿੰਡਾ 151101 ਜਾਇਦਾਦ ਦਾ ਵੇਰਵਾ : ਰਿਹਾਇਸ਼ੀ ਜਾਇਦਾਦ ਨਾਲ ਸੰਬੰਧਤ ਸਭ ਕੁਝ ਮਾਪ 00 ਕਨਾਲ 17 ਮਰਲੇ 06 ਸਰਸਾਈ (65 ਗੁਣਾ 74) ਹੈ ਭਾਵ 127 ਕਨਾਲ 19 ਮਰਲੇ ਦਾ 159/23031 ਹਿੱਸਾ ਜੋ ਕਿ ਖੇਵਟ ਨੰਬਰ 304 ਖਤੌਨੀ ਨੰਬਰ, 496 ਖਸਰਾ ਨੰਬਰ 33//17 (8-0), 18 (0-8), 23/1 (3-14), 23/2 (3-12), 24 ਮਿੰਨ (5-14), 42//3 (3-2), 4 (8-0), 5/3 (5-9), 6/1 (7-16), 87//21/1, (2-8), 88//21/1(2-8), 22/2 (4-4), 23 (8-0), 24 (8-0), 25 (7-16), 94//16/1 (2-4), 25/1/2 (1-5), 25/2/2 (0-17), 95//20/2 ਮਿੰਨ (3-16), 21/2 (2-0), 96//2/2 (6-8), 3 (8-0), 4 (7-16), 5/1 (2-8), 7/1/2 (2-13), 7/2/1 (0-15), 8/2/1 (1-3), 9/1/1 (0-17), 14/2/2 (3-10), 17/2/1 (0-6), 107//1/1 (3-12), 108//5/1/2 (1-10) ਸਾਲ 2015-16 ਦੀ ਜਮ੍ਹਾਂਬੰਦੀ ਅਨੁਸਾਰ, ਮਾਲੀਆ ਸੀਮਾ ਪਿੰਡ ਚੱਕ ਬਖਤੂ, ਤਹਿਸੀਲ ਨਥਾਣਾ, ਜ਼ਿਲ੍ਹਾ ਬਠਿੰਡਾ ਦੇ ਅੰਦਰ ਸਥਿਤ, ਭਗਵੰਤ ਸਿੰਘ ਪੁੱਤਰ ਰਣਜੀਤ ਸਿੰਘ ਦੀ ਮਲਕੀਅਤ ਹੈ। ਟਰਾਂਸਫਰ ਡੀਡ ਨੰਬਰ 2020-21/72/1/1048 ਮਿਤੀ 28-09-20 ਨੂੰ ਸਬ-ਰਜਿਸਟਰਾਰ ਨਥਾਣਾ ਦੇ ਦਫ਼ਤਰ ਵਿੱਚ ਰਜਿਸਟਰਡ ਹੈ ਜਿਸਦੀ ਹੱਦ ਹੇਠ ਲਿਖੇ ਅਨੁਸਾਰ ਹੈ: ਪੂਰਬ: 74' ਨਿਰਪਾਲ ਸਿੰਘ ਪੁੱਤਰ ਸੁਖਦੇਵ ਸਿੰਘ, ਪੱਛਮ 74' ਰਣਜੀਤ ਸਿੰਘ ਪੁੱਤਰ ਜੰਗ ਸਿੰਘ, ਉੱਤਰ : 65' ਸੜਕ, ਦੱਖਣ : 65' ਰਣਜੀਤ ਸਿੰਘ ਪੁੱਤਰ ਜੰਗ ਸਿੰਘ

| ਡਿਮਾਂਡ ਨੋਟਿਸ ਦੀ ਮਿਤੀ | ਐਨ ਪੀ ਮਿਤੀ | ਕਬਜ਼ੇ ਦੀ ਮਿਤੀ | 13-2 ਨੋਟਿਸ ਅਨੁਸਾਰ ਬਕਾਇਆ ਰਕਮ |
|---|---|---|---|
| 15-02-2025 | 30-11-2023 | 16-06-2026 | 19,78,733/- ਰੁਪਏ (ਉਨੀ ਲੱਖ ਅਠੱਤਰ ਹਜ਼ਾਰ ਸੱਤ ਸੌ ਤੇਤੀ ਰੁਪਏ ਸਿਰਫ਼) |

**2** ਕਰਜ਼ਦਾਰ/ਗਰੰਟਰ/ਰਹਿਣਕਾਰ ਦਾ ਨਾਮ ਪਤਾ: 1. ਮੈਸਰਜ਼ ਸੰਤ ਰਾਮ ਕਥੂਰੀਆ ਠੇਕੇਦਾਰ 2. ਸ਼੍ਰੀ ਸੰਤ ਰਾਮ ਕਥੂਰੀਆ ਪੁੱਤਰ ਦੇਸ ਰਾਜ 3. ਸ਼੍ਰੀ ਅਨਿਲ ਕੁਮਾਰ ਕਥੂਰੀਆ, ਜਾਇਦਾਦ ਦਾ ਵੇਰਵਾ: ਰਿਹਾਇਸ਼ੀ ਜਾਇਦਾਦ ਨਾਲ ਸੰਬੰਧਤ ਸਭ ਕੁਝ 40 ਕਨਾਲ 5 ਮਰਲੇ ਖੇਵਟ ਨੰਬਰ 483, 484, 488, 490, 497, 487 ਖਤੌਨੀ ਨੰਬਰ 874, 875, 880 ਤੋਂ 881/1,883.884, 912, 487, 878 ਖਸਰਾ ਨੰਬਰ 8 ਵਿੱਚੋਂ 8-1/4 ਮਰਲੇ 33/3220 ਹਿੱਸੇ ਦੀ ਜਾਇਦਾਦ। 4610(2-11) 4583(0-15) 4646, 4647(3-14) 4621(0-16) 4648(7-19) 4584(0-8) 4604(0-4) 4615(9-9) 46949(4649) 4690) 4581(0-8) 4582(0-6) 4609(9-14) 4579(0-7) ਚੋਰ ਗਲੀ ਉਰਫ਼ ਵਲੀ ਰਾਮ ਜੁਲਾਹਾ ਸਟਰੀਟ, ਸਾਲ 2005-06 ਲਈ ਜਮ੍ਹਾਂਬੰਦੀ ਮੁਕਤਸਰ-III ਵਿਖੇ ਤਹਿਸੀਲ ਅਤੇ ਜ਼ਿਲ੍ਹਾ ਖੇਤਰ ਵਿੱਚ ਸਥਿਤ ਹੈ।ਸ੍ਰੀ ਮੁਕਤਸਰ ਸਾਹਿਬ ਹੱਦਬਸਤ ਨੰ. 54 ਸਾਲ 2015-16 ਦੀ ਜਮ੍ਹਾਂਬੰਦੀ ਦੇ ਅਨੁਸਾਰ ਇਸ ਦੀ ਨਵੀਂ ਖੇਵਟ ਨੰ. 594, 595, 597, 599, 607, ਖਤੌਨੀ ਨੰ. 947, 948, 950, 956, 957, 958 ਤੋਂ 965, 989 ਜਾਇਦਾਦ ਦੀਆਂ ਹੱਦਾਂ:- ਸਾਹਮਣੇ ਵਾਲਾ ਪਾਸਾ : ਗਲੀ ਵਾਲਾ ਪਾਸਾ 30 ਫੁੱਟ ਚੌੜਾਈ 20 ਫੁੱਟ, ਪਿਛਲਾ ਪਾਸਾ: ਆਹੂਜਾ ਵਾਲਾ ਪਾਸਾ 30 ਫੁੱਟ, ਇੱਕ ਪਾਸਾ : ਕੁੰਦਨ ਲਾਲ ਵਾਲਾ ਪਾਸਾ 75 ਫੁੱਟ। ਦੂਜਾ ਪਾਸਾ : ਵਿਕਰੇਤਾ ਖੁਦ ਵਾਲਾ ਪਾਸਾ 75 ਫੁੱਟ

| ਡਿਮਾਂਡ ਨੋਟਿਸ ਦੀ ਮਿਤੀ | ਐਨ ਪੀ ਮਿਤੀ | ਕਬਜ਼ੇ ਦੀ ਮਿਤੀ | 13-2 ਨੋਟਿਸ ਅਨੁਸਾਰ ਬਕਾਇਆ ਰਕਮ |
|---|---|---|---|
| 28-07-2025 | 28-06-2025 | 16-06-2026 | 38,11,136/- ਰੁਪਏ (ਅਠੱਤੀ ਲੱਖ ਗਿਆਰਾਂ ਹਜ਼ਾਰ ਇੱਕ ਸੌ ਛੱਤੀ ਰੁਪਏ ਸਿਰਫ਼) |

**3** ਕਰਜ਼ਦਾਰ/ਗਰੰਟਰ/ਰਹਿਣਕਾਰ ਦਾ ਨਾਮ ਪਤਾ: 1. ਮੈਸਰਜ਼ ਟਰੂਡੇਲਸ ਵੇਅਰਹਾਊਸ ਆਪਣੇ ਭਾਈਵਾਲਾਂ ਸ਼੍ਰੀ ਦੇਵਾਸ਼ ਸਿੰਗਲਾ ਅਤੇ ਸ਼੍ਰੀ ਵਿਸ਼ਾਲ ਮਣਕੂ ਰਾਹੀਂ 2. ਸ਼੍ਰੀ ਦੇਵਾਸ਼ ਸਿੰਗਲਾ ਪੁੱਤਰ ਦੁਰਗਾ ਦਾਸ ਸਿੰਗਲਾ 3. ਸ਼੍ਰੀ ਵਿਸ਼ਾਲ ਮਣਕੂ ਪੁੱਤਰ ਜਗਤਾਰ ਸਿੰਘ, ਜਾਇਦਾਦ ਦਾ ਵੇਰਵਾ: ਵਪਾਰਕ ਜਾਇਦਾਦ ਨਾਲ ਸੰਬੰਧਤ ਸਭ ਕੁਝ ਜ਼ਿਲ੍ਹਾ ਪਟਿਆਲਾ, ਪਾਤੜਾਂ ਵਿਖੇ ਸਥਿਤ ਜਮ੍ਹਾਂਬੰਦੀ 2016-17 ਦੇ ਅਨੁਸਾਰ ਖੇਵਟ/ਖਤੌਨੀ ਨੰਬਰ 437439/1207, ਖਸਰਾ ਨੰ.59//12/2(0-10), 19/2(4-12), 20/1 (0-4), 21/2 (2-8), 22/1 (3-14), 64//1/2(5-0), 2/1(1-16), ਕਿੱਤੇ 7. ਕੁੱਲ ਰਕਬਾ 18 ਕਨਾਲ-4 ਮਰਲੇ ਜਿਸ ਵਿੱਚੋਂ 1/91 ਰਕਬਾ 0 ਕਨਾਲ-4 ਮਰਲੇ ਰਜਿਸਟਰਡ ਸੇਲ ਡੀਡ ਨੰਬਰ 2022-23/83/1/400 ਮਿਤੀ 06.05.2022 ਨੂੰ ਮਾਪਦਾ ਹੈ ਜੋ ਦੇਵਾਸ਼ ਸਿੰਗਲਾ ਪੁੱਤਰ ਦੁਰਗਾ ਦਾਸ ਸਿੰਗਲਾ ਦੇ ਨਾਮ 'ਤੇ ਹੈ : ਹੱਦਾਂ ਹੇਠ ਲਿਖੇ ਅਨੁਸਾਰ ਹਨ : ਪੂਰਬ: ਗਲੀ ਵਾਲਾ ਪਾਸਾ 15' ਪੱਛਮ : ਖਾਲੀ ਪਲਾਟ ਵਾਲਾ ਪਾਸਾ 15', ਉੱਤਰ : ਸਤਵੀਰ ਸਿੰਘ ਪੁੱਤਰ ਜੋਗਾ ਸਿੰਘ ਦਾ ਹਿੱਸਾ 74, ਦੱਖਣ: ਅਮਨ ਕਰਿਆਨਾ ਦਾ ਪਲਾਟ ਵਾਲਾ ਪਾਸਾ 74'

| ਡਿਮਾਂਡ ਨੋਟਿਸ ਦੀ ਮਿਤੀ | ਐਨ ਪੀ ਮਿਤੀ | ਕਬਜ਼ੇ ਦੀ ਮਿਤੀ | 13-2 ਨੋਟਿਸ ਅਨੁਸਾਰ ਬਕਾਇਆ ਰਕਮ |
|---|---|---|---|
| 11-03-2025 | 28-02-2025 | 17-06-2026 | 10,44,409/- ਰੁਪਏ (ਦਸ ਲੱਖ ਚੁਤਾਲੀ ਹਜ਼ਾਰ ਚਾਰ ਸੌ ਨੌਂ ਰੁਪਏ ਸਿਰਫ਼) |

**4** ਕਰਜ਼ਦਾਰ/ਗਰੰਟਰ/ਰਹਿਣਕਾਰ ਦਾ ਨਾਮ ਪਤਾ: 1. ਅਰੋੜਾ ਸਵੀਟ ਹਾਊਸ ਆਪਣੇ ਮਾਲਕ ਸ਼੍ਰੀ ਰਾਜਿੰਦਰ ਕੁਮਾਰ ਰਾਹੀਂ 2. ਸ਼੍ਰੀ ਰਮੇਸ਼ ਚੰਦਰ ਪੁੱਤਰ ਹੰਸ ਰਾਜ 3. ਸ਼੍ਰੀ ਰਾਜਿੰਦਰ ਕੁਮਾਰ ਪੁੱਤਰ ਰਮੇਸ਼, ਜਾਇਦਾਦ ਦਾ ਵੇਰਵਾ : ਰਿਹਾਇਸ਼ੀ ਜਾਇਦਾਦ ਨਾਲ ਸੰਬੰਧਤ ਸਭ ਕੁਝ ਰਕਬਾ 5 ਮਰਲੇ ਜੋ ਕਿ 5/173 ਜ਼ਮੀਨ ਦਾ ਹਿੱਸਾ 8 ਕਨਾਲ 13 ਮਰਲੇ, ਖਸਰਾ ਨੰਬਰ 2270 (8-13), ਖਾਤਾ ਨੰਬਰ 1159/1661 ਜਮ੍ਹਾਂਬੰਦੀ 2015-2016 ਸ੍ਰੀ ਮੁਕਤਸਰ ਸਾਹਿਬ, ਤਹਿਸੀਲ ਅਤੇ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀਆਂ ਮਾਲੀਆ ਸੀਮਾਵਾਂ ਵਿੱਚ ਸਥਿਤ ਹੈ।ਵਸੀਕਾ ਨੰਬਰ 2223, ਮਿਤੀ: 14-10-1991 ਸ਼੍ਰੀ ਰਮੇਸ਼ ਚੰਦਰ ਪੁੱਤਰ ਹੰਸ ਰਾਜ ਦੇ ਨਾਮ 'ਤੇ ਰਜਿਸਟਰਡ। ਹੱਦਾਂ ਹੇਠ ਲਿਖੇ ਅਨੁਸਾਰ: ਪੂਰਬ : ਨਿਰਭੈ ਸਿੰਘ, ਪੱਛਮ : ਕੁੰਦਨ ਸਿੰਘ, ਉੱਤਰ : ਪ੍ਰੀਤਮ ਸਿੰਘ, ਦੱਖਣ : ਗਲੀ

| ਡਿਮਾਂਡ ਨੋਟਿਸ ਦੀ ਮਿਤੀ | ਐਨ ਪੀ ਮਿਤੀ | ਕਬਜ਼ੇ ਦੀ ਮਿਤੀ | 13-2 ਨੋਟਿਸ ਅਨੁਸਾਰ ਬਕਾਇਆ ਰਕਮ |
|---|---|---|---|
| 28-07-2025 | 04-07-2025 | 16-06-2026 | 9,21,982/- ਰੁਪਏ (ਨੌਂ ਲੱਖ ਇੱਕੀ ਹਜ਼ਾਰ ਨੌਂ ਸੌ ਬਿਆਸੀ ਰੁਪਏ ਸਿਰਫ਼) |

**5** ਕਰਜ਼ਦਾਰ/ਗਰੰਟਰ/ਰਹਿਣਕਾਰ ਦਾ ਨਾਮ ਪਤਾ: 1. ਮੈਸਰਜ਼ ਵਰਮਾ ਇੰਡਸਟਰੀਜ਼ ਆਪਣੇ ਮਾਲਕ ਸੁਖਦੇਵ ਪਾਲ ਵਰਮਾ ਰਾਹੀਂ 2. ਸ਼੍ਰੀ ਸੁਖਦੇਵ ਪਾਲ ਵਰਮਾ ਮਰਫ਼ਤ ਪ੍ਰੇਮ ਚੰਦ ਵਰਮਾ 3. ਸ਼੍ਰੀ ਵਿਕਾਸ ਵਰਮਾ ਮਰਫ਼ਤ ਸੁਖਦੇਵ ਪਾਲ ਵਰਮਾ, ਜਾਇਦਾਦ ਦਾ ਵੇਰਵਾ : ਜਾਇਦਾਦ ਨੰਬਰ 1 : ਜਮ੍ਹਾਂਬੰਦੀਆਂ 2007-08 ਦੇ ਅਨੁਸਾਰ, ਪਿੰਡ ਅਮਰਗੜ੍ਹ ਤਹਿਸੀਲ ਮਲੇਰਕੋਟਲਾ ਜ਼ਿਲ੍ਹਾ ਸੰਗਰੂਰ ਵਿਖੇ ਸਥਿਤ ਵਪਾਰਕ ਜਾਇਦਾਦ ਨਾਲ ਸੰਬੰਧਤ ਸਭ ਕੁਝ, ਖੇਵਟ ਨੰਬਰ 361/325 ਖਤੌਨੀ ਨੰਬਰ 511 ਖਸਰਾ ਨੰਬਰ 1325 (5-18) ਕਿੱਤੇ 1 ਕੁੱਲ ਖੇਤਰਫਲ 5ਬੀ-18 ਬਿਸਵਾ ਸ਼ਾਮਲ ਹੈ, ਜਿਸ ਵਿੱਚੋਂ 25/118 ਸ਼ੇਅਰ ਖੇਤਰਫਲ 12-5 ਬਿਸਵਾ ਸੁਖਦੇਵ ਪਾਲ ਵਰਮਾ ਪੁੱਤਰ ਪ੍ਰੇਮ ਚੰਦ ਵਰਮਾ ਦੇ ਨਾਮ 'ਤੇ ਰਜਿਸਟਰਡ ਟ੍ਰਾਂਸਫਰ ਡੀਡ ਵਾਸੀਕਾ ਨੰਬਰ 642 ਮਿਤੀ 29.11.2010, ਸੀਮਾਵਾਂ ਹੇਠ ਲਿਖੇ ਅਨੁਸਾਰ : ਪੂਰਬ : ਐੱਨ/ਏ, ਪੱਛਮ : ਐੱਨ/ਏ, ਉੱਤਰ : ਐੱਨ/ਏ, ਦੱਖਣ : ਐੱਨ/ਏ, ਜਾਇਦਾਦ ਨੰਬਰ 2 : ਜਮ੍ਹਾਂਬੰਦੀਆਂ 2002-03 ਦੇ ਅਨੁਸਾਰ, ਪਿੰਡ ਅਮਰਗੜ੍ਹ ਤਹਿਸੀਲ ਮਲੇਰਕੋਟਲਾ ਜ਼ਿਲ੍ਹਾ ਸੰਗਰੂਰ ਵਿਖੇ ਸਥਿਤ ਵਪਾਰਕ ਜਾਇਦਾਦ ਨਾਲ ਸੰਬੰਧਤ ਸਭ ਕੁਝ ਖੇਵਟ ਨੰਬਰ 324 ਖਤੌਨੀ ਨੰਬਰ 496 ਖਸਰਾ ਨੰਬਰ 1325 (5-18) ਕਿੱਤੇ 1 ਕੁੱਲ ਖੇਤਰਫਲ 5ਬੀ-18 ਬਿਸਵਾ ਸ਼ਾਮਲ ਹੈ ਜਿਸ ਵਿੱਚੋਂ 24/118 ਹਿੱਸਾ ਖੇਤਰਫਲ 1ਬੀ-4 ਬਿਸਵਾ ਸੁਖਦੇਵ ਪਾਲ ਵਰਮਾ ਪੁੱਤਰ ਪ੍ਰੇਮ ਚੰਦ ਵਰਮਾ ਦੇ ਨਾਮ 'ਤੇ ਰਜਿਸਟਰਡ ਸੇਲ ਡੀਡ ਵਾਸੀਕਾ ਨੰਬਰ 1242 ਮਿਤੀ 07.03.2005 ਰਾਹੀਂ, ਹੱਦਾਂ ਹੇਠ ਲਿਖੇ ਅਨੁਸਾਰ : ਪੂਰਬ : ਐੱਨ/ਏ, ਪੱਛਮ : ਐੱਨ/ਏ, ਉੱਤਰ : ਐੱਨ/ਏ, ਦੱਖਣ : ਐੱਨ/ਏ

| ਡਿਮਾਂਡ ਨੋਟਿਸ ਦੀ ਮਿਤੀ | ਐਨ ਪੀ ਮਿਤੀ | ਕਬਜ਼ੇ ਦੀ ਮਿਤੀ | 13-2 ਨੋਟਿਸ ਅਨੁਸਾਰ ਬਕਾਇਆ ਰਕਮ : |
|---|---|---|---|
| 09-02-2026 | 29-01-2026 | 15-06-2026 | ਰੁਪਏ 1,55,84,884/- (ਰੁਪਏ ਇੱਕ ਕਰੋੜ ਪਚਵੰਜਾ ਲੱਖ ਚੁਰਾਸੀ ਹਜ਼ਾਰ ਅੱਠ ਸੌ ਚੁਰਾਸੀ ਸਿਰਫ਼) |

**6** ਕਰਜ਼ਦਾਰ/ਗਰੰਟਰ/ਰਹਿਣਕਾਰ ਦਾ ਨਾਮ ਪਤਾ : 1. ਮੈਸਰਜ਼ ਬਜਰੰਗ ਫਰੂਟ ਕੰਪਨੀ ਆਪਣੇ ਮਾਲਕ ਸ਼੍ਰੀ ਰੋਹਿਤ ਪੁੱਤਰ ਬਿਸ਼ੰਬਰ ਰਾਹੀਂ 2. ਸ਼੍ਰੀ ਰੋਹਿਤ ਪੁੱਤਰ ਬਿਸ਼ੰਬਰ ਦਾਸ, ਜਾਇਦਾਦ ਦਾ ਵੇਰਵਾ : ਰਿਹਾਇਸ਼ੀ ਜਾਇਦਾਦ ਨਾਲ ਸੰਬੰਧਤ ਸਭ ਕੁਝ ਮਾਪ 2 ਮਰਲਾ 2 ਸਰਸਾਈ ਜੋ ਕਿ 31 ਕਨਾਲ 3 ਮਰਲਾ ਜ਼ਮੀਨ ਦਾ 20/5607 ਹਿੱਸਾ ਖਸਰਾ ਨੰਬਰ 3334 (31-3), ਖੇਵਟ ਨੰਬਰ 700 ਖਾਤੌਨੀ ਨੰਬਰ 1136 ਵਿੱਚ ਸਾਲ 2015-16 ਲਈ ਜਮ੍ਹਾਂਬੰਦੀ ਅਨੁਸਾਰ, ਮੁਕਸਰ ਨੰਬਰ 3, ਹਦਬਸਤ ਨੰਬਰ 54, ਖਾਤਾ ਨੰਬਰ 755/1174 ਸਾਲ 2020-21 ਲਈ ਜਮ੍ਹਾਂਬੰਦੀ ਅਨੁਸਾਰ ਮੁਕਤਸਰ-3 ਤਹਿਸੀਲ ਅਤੇ ਜ਼ਿਲ੍ਹਾ ਮੁਕਤਸਰ ਸਾਹਿਬ ਦੀ ਮਾਲੀਆ ਸੀਮਾ 'ਤੇ ਸਥਿਤ ਹੈ ਜੋ ਕਿ: ਪੂਰਬ : ਗਲੀ 41 ਫੁੱਟ, ਪੱਛਮ : ਕਾਲਾ 15 ਫੁੱਟ, ਉੱਤਰ: ਗਲੀ 15 ਫੁੱਟ, ਦੱਖਣ : ਸੋਨੀ 15 ਫੁੱਟ

| ਡਿਮਾਂਡ ਨੋਟਿਸ ਦੀ ਮਿਤੀ | ਐਨ ਪੀ ਮਿਤੀ | ਕਬਜ਼ੇ ਦੀ ਮਿਤੀ | 13-2 ਨੋਟਿਸ ਅਨੁਸਾਰ ਬਕਾਇਆ ਰਕਮ |
|---|---|---|---|
| 14-07-2025 | 30-05-2025 | 16-06-2026 | 13,19,713/- ਰੁਪਏ (ਤੇਰਾਂ ਲੱਖ ਉਨੀ ਹਜ਼ਾਰ ਸੱਤ ਸੌ ਤੇਰਾਂ ਰੁਪਏ) |

ਸਥਾਨ : ਪੰਜਾਬ, ਮਿਤੀ : 20.06.2026 — ਸਹੀ/- ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਿਟਿਡ



**AXIS BANK LTD.** | ਰਿਟੇਲ ਐੱਸਟ ਸੈਂਟਰ : ਐਕਸਿਸ ਬੈਂਕ ਲਿਮਿਟਿਡ, ਦੂਜੀ ਅਤੇ ਤੀਜੀ ਮੰਜ਼ਿਲ, ਜਾਇਦਾਦ ਨੰ. 7-ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001

ਕਾਰਪੋਰੇਟ ਦਫਤਰ : "ਐਕਸਿਸ ਹਾਊਸ" ਸੀ-2, ਵਾਡੀਆ ਇੰਟਰਨੈਸ਼ਨਲ ਸੈਂਟਰ, ਪਾਂਡੂਰੰਗ ਬੁੱਧਕਰ ਮਾਰਗ, ਵਰਲੀ, ਮੁੰਬਈ-400025, ਰਜਿਸਟਰਡ ਦਫਤਰ : "ਤ੍ਰਿਸ਼ੂਲ" ਤੀਸਰੀ ਮੰਜ਼ਲ ਸਾਹਮਣੇ ਸਮਰਥੇਸ਼ਵਰ ਮੰਦਰ ਲਾਅ ਗਾਰਡਨ, ਐਲਿਸਬਰਿਜ, ਅਹਿਮਦਾਬਾਦ-380006

**ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13 (2) ਦੀ ਪਾਲਣਾ 'ਚ ਜਨਤਕ ਨੋਟਿਸ**

ਆਮ ਜਨਤਾ ਦੀ ਜਾਣਕਾਰੀ ਹਿੱਤ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਏ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੇ ਐਕਸਿਸ ਬੈਂਕ ਲਿਮਿਟਿਡ ਤੋਂ ਵਿੱਤੀ ਸਹਾਇਤਾ ਪ੍ਰਾਪਤ ਕੀਤੀ ਸੀ। ਅਸੀਂ ਦੱਸਦੇ ਹਾਂ ਕਿ ਵਿੱਤੀ ਸਹੂਲਤ ਪ੍ਰਾਪਤ ਕਰਨ ਦੇ ਬਾਵਜੂਦ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੇ ਨਿਰਧਾਰਤ ਮਿਤੀ 'ਤੇ ਮੂਲ ਅਤੇ ਵਿਆਜ ਦੀ ਅਦਾਇਗੀ ਕਰਨ 'ਚ ਅਨੇਕਾਂ ਭੁੱਲਾਂ ਕੀਤੀਆਂ ਹਨ। ਨਤੀਜੇ ਵਜੋਂ ਭਾਰਤੀ ਰਿਜ਼ਰਵ ਬੈਂਕ ਵੱਲੋਂ ਜਾਰੀ ਹਦਾਇਤਾਂ/ਦਿਸ਼ਾ ਨਿਰਦੇਸ਼ਾਂ ਅਨੁਸਾਰ ਅਜਿਹੇ ਖਾਤੇ ਨਾਨ-ਪ੍ਰਫਾਰਮਿੰਗ ਐੱਸਟ ਵਰਗੀਕ੍ਰਿਤ ਕਰ ਦਿੱਤੇ ਗਏ ਹਨ। ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ 'ਤੇ ਸਰਫੇਸੀ ਐਕਟ 2002 ਦੇ ਸੈਕਸ਼ਨ 13 (2) ਤਹਿਤ ਨੋਟਿਸ ਜਾਰੀ ਕੀਤੇ ਗਏ ਸਨ, ਬੇਸ਼ੱਕ ਇਹ ਨੋਟਿਸ ਬਿਨਾਂ ਤਾਮੀਲ ਦੇ ਵਾਪਸ ਆ ਗਏ ਅਤੇ ਅਜਿਹੇ 'ਚ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਗਈ ਹੈ।

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ/ਕਾਨੂੰਨੀ ਵਾਰਿਸ ਦਾ ਨਾਂਅ | 1. ਐੱਨ ਪੀ ਏ ਦੀ ਮਿਤੀ, 2. ਡਿਮਾਂਡ ਨੋਟਿਸ ਦੀ ਮਿਤੀ 3. ਬਕਾਇਆ ਰਕਮ (ਨੋਟਿਸ ਦੀ ਮਿਤੀ ਨੂੰ) 4. ਮਨਜ਼ੂਰ ਕਰਜ਼ਾ ਰਕਮ/ਡਿਸਬਰਸਡ |
|---|---|---|
| 1. | 1. ਸ਼੍ਰੀਮਤੀ ਬਲਵੀਰ ਕੌਰ ਪਤਨੀ ਸ਼੍ਰੀ ਬਲਦੇਵ ਰਾਜ (ਕਰਜ਼ਦਾਰ/ਰਹਿਣਕਾਰ) ਅਤੇ 2. ਸ਼੍ਰੀ ਬਲਦੇਵ ਰਾਜ ਪੁੱਤਰ ਉਜਾਗਰ ਸਿੰਘ (ਸਹਿ-ਕਰਜ਼ਦਾਰ) | 1. 11 ਮਈ 2026, 2. 14 ਮਈ 2026 3. ਰੁਪਏ 23,90,534/- (ਤੇਈ ਲੱਖ ਨੱਬੇ ਹਜ਼ਾਰ ਪੰਜ ਸੌ ਚੌਤੀ ਰੁਪਏ ਕੇਵਲ) 4. ਰੁਪਏ 24,62,061/- (ਚੌਵੀ ਲੱਖ ਬਾਹਠ ਹਜ਼ਾਰ ਇਕਾਹਠ ਰੁਪਏ ਕੇਵਲ) |

ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ : ਜਾਇਦਾਦ/ਮਕਾਨ ਨੰ. 1 ਨਾਲ ਸੰਬੰਧਤ ਸਭ ਕੁਝ, ਰਕਬਾ 06 ਮਰਲਾ 244 ਵਰਗ ਫੁੱਟ, ਖਸਰਾ ਨੰਬਰ 27//7/3, 27//8, 27//13/2, 27//3, 27//4/1/1, ਖੱਤਾ ਨੰ. 47/57, 177/243, ਜਮ੍ਹਾਂਬੰਦੀ ਸਾਲ 2013-2014, ਵਾਕਿਆ ਪਿੰਡ ਬੁਲੰਦਪੁਰ ਅਬਾਦੀ ਵਿਖੇ ਸਥਿਤ, ਐੱਸ ਐੱਸ ਵਿਲਾ, ਤਹਿਸੀਲ ਤੇ ਜ਼ਿਲ੍ਹਾ ਜਲੰਧਰ, ਪੰਜਾਬ, ਹੱਦਬਸਤ ਨੰ. 162, ਸ਼੍ਰੀਮਤੀ ਬਲਵੀਰ ਕੌਰ ਪਤਨੀ ਸ਼੍ਰੀ ਬਲਦੇਵ ਰਾਜ ਦੇ ਨਾਂਅ ਰਜਿਸਟਰਡ, ਬੈਨਾਮਾ ਦਸਤਾਵੇਜ਼ ਨੰ. 2020-21/187/1/3209 ਮਿਤੀ 29.09.2020 ਅਨੁਸਾਰ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਸੜਕ, 37'-4", ਪੱਛਮ : ਵਿਪਨ ਕੁਮਾਰ ਤੇ ਹੋਰ/37'-4", ਉੱਤਰ : ਹੋਰ /50'-3", ਦੱਖਣ : ਪਲਾਟ ਨੰ. 2/50'-3"

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ/ਕਾਨੂੰਨੀ ਵਾਰਿਸ ਦਾ ਨਾਂਅ | 1. ਐੱਨ ਪੀ ਏ ਦੀ ਮਿਤੀ, 2. ਡਿਮਾਂਡ ਨੋਟਿਸ ਦੀ ਮਿਤੀ 3. ਬਕਾਇਆ ਰਕਮ (ਨੋਟਿਸ ਦੀ ਮਿਤੀ ਨੂੰ) 4. ਮਨਜ਼ੂਰ ਕਰਜ਼ਾ ਰਕਮ/ਡਿਸਬਰਸਡ |
|---|---|---|
| 2. | 1. ਸ਼੍ਰੀ ਚੇਤਨ ਕਾਲੀਆ ਪੁੱਤਰ ਜੁਗਲ ਕਿਸ਼ੋਰ (ਕਰਜ਼ਦਾਰ) ਅਤੇ 2. ਸ਼੍ਰੀਮਤੀ ਰੀਮਾ ਪੁੱਤਰੀ ਜੁਗਲ ਕਿਸ਼ੋਰ (ਸਹਿ-ਕਰਜ਼ਦਾਰ/ਰਹਿਣਕਾਰ) | 1. 11 ਮਈ 2026, 2. 14 ਮਈ 2026 3. ਰੁਪਏ 18,04,292/- (ਅਠਾਰਾਂ ਲੱਖ ਚਾਰ ਹਜ਼ਾਰ ਦੋ ਸੌ ਬੈਂਨਵੇਂ ਰੁਪਏ ਕੇਵਲ) 4. ਰੁਪਏ 18,00,000/- (ਅਠਾਰਾਂ ਲੱਖ ਰੁਪਏ ਕੇਵਲ) |

ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ : ਰਿਹਾਇਸ਼ੀ ਜਾਇਦਾਦ/ਮਕਾਨ ਨੰ. 35 ਨਾਲ ਸੰਬੰਧਤ ਸਭ ਕੁਝ, ਰਕਬਾ 3.25 ਮਰਲਾ, ਕੁਲ ਜ਼ਮੀਨ ਰਕਬਾ 19 ਕਨਾਲ 15 ਮਰਲਾ ਦਾ 13/1580 ਹਿੱਸਾ, ਖੇਵਟ ਨੰ. 195/566, ਖਸਰਾ ਨੰ. 4//21/7-15, 16//5/2/4-0, 17//1/8-0, ਜਮ੍ਹਾਂਬੰਦੀ ਸਾਲ 2016-2017, ਗਲੀ ਨੰ. 15 ਵਿਖੇ ਸਥਿਤ, ਮੁਹੱਲਾ ਸੰਤਪੁਰਾ, ਵਾਕਿਆ ਸ਼ੇਖੂਪੁਰ, ਤਹਿਸੀਲ ਤੇ ਜ਼ਿਲ੍ਹਾ ਕਪੂਰਥਲਾ, ਸ਼੍ਰੀਮਤੀ ਰੀਮਾ ਅਤੇ ਚੇਤਨ ਕਾਲੀਆ ਦੇ ਨਾਂਅ ਰਜਿਸਟਰਡ, ਬੈਨਾਮਾ ਦਸਤਾਵੇਜ਼ ਨੰ. 2022-23/30/1/2307 ਮਿਤੀ 01 ਦਸੰਬਰ 2022 ਅਨੁਸਾਰ। ਹੱਦਾਂ (ਬੈਨਾਮੇ ਅਨੁਸਾਰ) : ਪੂਰਬ : ਕੁਲਵਿੰਦਰ ਸਿੰਘ, ਪੱਛਮ : ਦਸ਼ਰਥ, ਉੱਤਰ : ਮਾਲਕ ਦਾ ਮਕਾਨ, ਦੱਖਣ: ਲਾਂਘਾ

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ/ਕਾਨੂੰਨੀ ਵਾਰਿਸ ਦਾ ਨਾਂਅ | 1. ਐੱਨ ਪੀ ਏ ਦੀ ਮਿਤੀ, 2. ਡਿਮਾਂਡ ਨੋਟਿਸ ਦੀ ਮਿਤੀ 3. ਬਕਾਇਆ ਰਕਮ (ਨੋਟਿਸ ਦੀ ਮਿਤੀ ਨੂੰ) 4. ਮਨਜ਼ੂਰ ਕਰਜ਼ਾ ਰਕਮ/ਡਿਸਬਰਸਡ |
|---|---|---|
| 3. | 1. ਸ਼੍ਰੀ ਗਗਨਦੀਪ ਸਿੰਘ ਪੁੱਤਰ ਹਰਮਿੰਦਰਪਾਲ ਸਿੰਘ (ਕਰਜ਼ਦਾਰ/ਰਹਿਣਕਾਰ) ਅਤੇ 2. ਸ਼੍ਰੀਮਤੀ ਹਰਜਿੰਦਰ ਰਾਣੀ ਪਤਨੀ ਗਗਨਦੀਪ ਸਿੰਘ (ਸਹਿ-ਕਰਜ਼ਦਾਰ/ਰਹਿਣਕਾਰ) | 1. 11 ਮਈ 2026, 2. 14 ਮਈ 2026 3. ਰੁਪਏ 15,77,459/- (ਪੰਦਰਾਂ ਲੱਖ ਸਤੱਤਰ ਹਜ਼ਾਰ ਚਾਰ ਸੌ ਉਨਾਹਠ ਰੁਪਏ ਕੇਵਲ) 4. ਪਾਵਰ ਹੋਮ ਲੋਨ ਸਹੂਲਤ ਰੁਪਏ 10,80,000/- ਪਾਵਰ ਹੋਮ ਲੋਨ ਸਹੂਲਤ ਰੁਪਏ 5,00,000/- |

ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ : ਰਿਹਾਇਸ਼ੀ ਜਾਇਦਾਦ/ਪਲਾਟ ਪ੍ਰਾਈਵੇਟ ਨੰ. 14 ਮਿੰਨ ਅਤੇ 15 ਮਿੰਨ 'ਤੇ ਨਿਰਮਿਤ ਮਕਾਨ, ਰਕਬਾ 71.31 ਵਰਗ ਗਜ਼, ਖਸਰਾ ਨੰ. 13//14 ਮਿੰਨ, ਖੱਤਾ/ਖਤੌਨੀ ਨੰ. 1438/1997, ਜਮ੍ਹਾਂਬੰਦੀ ਸਾਲ 2014-2015, ਕੋਟ ਖਾਲਸਾ ਵਿਖੇ ਸਥਿਤ, ਸਬ-ਅਰਬਨ ਅਬਾਦੀ ਅਵਤਾਰ ਐਵੇਨਿਊ (ਅਵਤਾਰ ਸਿੰਘ ਐਵੇਨਿਊ) ਨੇੜੇ ਇੰਦਰਾ ਕਲੋਨੀ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ, ਗਗਨਦੀਪ ਸਿੰਘ ਪੁੱਤਰ ਹਰਮਿੰਦਰ ਪਾਲ ਸਿੰਘ ਅਤੇ ਸ਼੍ਰੀਮਤੀ ਹਰਜਿੰਦਰ ਰਾਣੀ ਪਤਨੀ ਗਗਨਦੀਪ ਸਿੰਘ ਦੇ ਨਾਂਅ ਰਜਿਸਟਰਡ, ਬੈਨਾਮਾ ਦਸਤਾਵੇਜ਼ ਨੰ. 2020-21/93/1/7453 ਮਿਤੀ 13 ਨਵੰਬਰ 2020 ਅਨੁਸਾਰ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਮਕਾਨ ਨੰ. 14 ਅਤੇ 15 ਦਾ ਬਾਕੀ ਹਿੱਸਾ, ਪੱਛਮ : ਖਾਲੀ ਪਲਾਟ/ਹੋਰਾਂ ਦੀ ਮਾਲਕੀ, ਉੱਤਰ :ਹੋਰਾਂ ਦੀ ਮਾਲਕੀ, ਦੱਖਣ : ਸੜਕ 17' ਚੌੜੀ

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ/ਕਾਨੂੰਨੀ ਵਾਰਿਸ ਦਾ ਨਾਂਅ | 1. ਐੱਨ ਪੀ ਏ ਦੀ ਮਿਤੀ, 2. ਡਿਮਾਂਡ ਨੋਟਿਸ ਦੀ ਮਿਤੀ 3. ਬਕਾਇਆ ਰਕਮ (ਨੋਟਿਸ ਦੀ ਮਿਤੀ ਨੂੰ) 4. ਮਨਜ਼ੂਰ ਕਰਜ਼ਾ ਰਕਮ/ਡਿਸਬਰਸਡ |
|---|---|---|
| 4. | 1. ਸ਼੍ਰੀ ਗੁਰਪ੍ਰਤਾਪ ਸਿੰਘ ਪੁੱਤਰ ਸੁਰਿੰਦਰ ਸਿੰਘ (ਕਰਜ਼ਦਾਰ) ਅਤੇ 2. ਸ਼੍ਰੀਮਤੀ ਹਰਜੀਤ ਕੌਰ ਪਤਨੀ ਗੁਰਪ੍ਰਤਾਪ ਸਿੰਘ (ਸਹਿ-ਕਰਜ਼ਦਾਰ/ਰਹਿਣਕਾਰ) | 1. 11 ਮਈ 2026, 2. 19 ਮਈ 2026 3. ਰੁਪਏ 8,19,770/- (ਅੱਠ ਲੱਖ ਉੱਨੀ ਹਜ਼ਾਰ ਸੱਤ ਸੌ ਸੱਤਰ ਰੁਪਏ ਕੇਵਲ) 4. ਰੁਪਏ 8,10,855/- (ਅੱਠ ਲੱਖ ਦਸ ਹਜ਼ਾਰ ਅੱਠ ਸੌ ਪਚਵੰਜਾ ਰੁਪਏ ਕੇਵਲ) |

ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ : ਰਿਹਾਇਸ਼ੀ ਜਾਇਦਾਦ/ਪਲਾਟ ਪ੍ਰਾਈਵੇਟ ਨੰ. 77-ਏ, ਯੂ ਆਈ ਡੀ ਨੰ. ਜੀ-8/15161 ਅਤੇ ਜੀ-8/15160 ਰਕਬਾ 167.88 ਵਰਗ ਗਜ਼, ਖਸਰਾ ਨੰ. 70//6/1/9 ਮਿੰਨ, ਰਕਬਾ ਕਾਲਾ ਘਨੂੰਪੁਰ ਵਿਖੇ ਸਥਿਤ, ਸਬ-ਅਰਬਨ ਅਬਾਦੀ ਮਿਲਾਪ ਐਵੇਨਿਊ, ਜ਼ਿਲ੍ਹਾ ਅੰਮ੍ਰਿਤਸਰ, ਸ਼੍ਰੀਮਤੀ ਹਰਜੀਤ ਕੌਰ ਪਤਨੀ ਸ਼੍ਰੀ ਗੁਰਪ੍ਰਤਾਪ ਸਿੰਘ ਦੇ ਨਾਂਅ ਰਜਿਸਟਰਪਡ ਬੈਨਾਮਾ ਦਸਤਾਵੇਜ਼ ਨੰ. 2019-20/93/1/11024 ਮਿਤੀ 13 ਨਵੰਬਰ 2019 ਅਨੁਸਾਰ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਦਵਿੰਦਰ ਸਿੰਘ ਅਤੇ ਹੋਰ, ਪੱਛਮ : ਪਲਾਟ ਨੰ. 77, ਉੱਤਰ: ਗਲੀ 18' ਚੌੜੀ, ਦੱਖਣ : ਹੋਰਾਂ ਦੀ ਮਾਲਕੀ

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ/ਕਾਨੂੰਨੀ ਵਾਰਿਸ ਦਾ ਨਾਂਅ | 1. ਐੱਨ ਪੀ ਏ ਦੀ ਮਿਤੀ, 2. ਡਿਮਾਂਡ ਨੋਟਿਸ ਦੀ ਮਿਤੀ 3. ਬਕਾਇਆ ਰਕਮ (ਨੋਟਿਸ ਦੀ ਮਿਤੀ ਨੂੰ) 4. ਮਨਜ਼ੂਰ ਕਰਜ਼ਾ ਰਕਮ/ਡਿਸਬਰਸਡ |
|---|---|---|
| 5. | 1. ਸ਼੍ਰੀ ਪੁਨੀਤ ਕੁਮਾਰ ਪੁੱਤਰ ਗੁਲਸ਼ਨ ਕੁਮਾਰ (ਕਰਜ਼ਦਾਰ) ਅਤੇ 2. ਸ਼੍ਰੀਮਤੀ ਨੀਲਮ ਕੁਮਾਰੀ ਪਤਨੀ ਪੁਨੀਤ ਕੁਮਾਰ (ਸਹਿ-ਕਰਜ਼ਦਾਰ/ਰਹਿਣਕਾਰ) | 1. 11 ਮਈ 2026, 2. 20 ਮਈ 2026 3. ਰੁਪਏ 32,97,393/- (ਬੱਤੀ ਲੱਖ ਸਤਾਨਵੇਂ ਹਜ਼ਾਰ ਤਿੰਨ ਸੌ ਤਰਾਨਵੇਂ ਰੁਪਏ ਕੇਵਲ) 4. (i) ਪਾਵਰ ਹੋਮ ਲੋਨ ਸੁਵਿਧਾ ਰੁਪਏ 25,61,685/- (ii) ਇਨਸ਼ੋਰੈਂਸ ਲੋਨ ਸੁਵਿਧਾ ਰੁਪਏ 14,690/- (iii) ਓ ਡੀ ਐੱਲ ਏ ਪੀ ਸੁਵਿਧਾ ਰੁਪਏ 18,50,000/- |

ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ : ਰਿਹਾਇਸ਼ੀ ਜਾਇਦਾਦ/ਮਕਾਨ ਪਲਾਟ ਨੰ. ਡੀ-1, ਰਕਬਾ 250 ਵਰਗ ਗਜ਼, ਖਸਰਾ ਨੰ. 24//18/1, 24//18/2, ਖੱਤਾ ਨੰ. 172/179, 173/180, ਜਮ੍ਹਾਂਬੰਦੀ ਸਾਲ 2014-2015, ਪਿੰਡ ਇਆਲੀ ਖੁਰਦ ਵਿਖੇ ਸਥਿਤ, ਹੱਦਬਸਤ ਨੰ. 153,ਅਬਾਦੀ ਸ਼ਹੀਦ ਸੁਖਦੇਵ ਨਗਰ, ਸਾਊਥ ਸਿਟੀ, ਤਹਿਸੀਲ ਲੁਧਿਆਣਾ ਪੱਛਮੀ, ਜ਼ਿਲ੍ਹਾ ਲੁਧਿਆਣਾ, ਸ਼੍ਰੀਮਤੀ ਨੀਲਮ ਕੁਮਾਰੀ ਪਤਨੀ ਗੁਲਸ਼ਨ ਕੁਮਾਰ ਦੇ ਨਾਂਅ ਰਜਿਸਟਰਡ, ਬੈਨਾਮਾ ਦਸਤਾਵੇਜ਼ ਨੰ. 2020-21/101/1/6945 ਮਿਤੀ 10 ਨਵੰਬਰ 2020 ਅਨੁਸਾਰ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਸੜਕ 50' ਚੌੜੀ, ਪੱਛਮ : ਪਲਾਟ ਨੰ, ਡੀ-5, ਉੱਤਰ: ਪਲਾਟ ਨੰ. ਡੀ-2, ਦੱਖਣ : ਸੜਕ 45' ਚੌੜੀ

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ/ਕਾਨੂੰਨੀ ਵਾਰਿਸ ਦਾ ਨਾਂਅ | 1. ਐੱਨ ਪੀ ਏ ਦੀ ਮਿਤੀ, 2. ਡਿਮਾਂਡ ਨੋਟਿਸ ਦੀ ਮਿਤੀ 3. ਬਕਾਇਆ ਰਕਮ (ਨੋਟਿਸ ਦੀ ਮਿਤੀ ਨੂੰ) 4. ਮਨਜ਼ੂਰ ਕਰਜ਼ਾ ਰਕਮ/ਡਿਸਬਰਸਡ |
|---|---|---|
| 6. | 1. ਸ਼੍ਰੀ ਸੁਰੇਸ਼ ਚੰਦ ਗੁਪਤਾ ਪੁੱਤਰ ਪੂਰਨ ਸਿੰਘ (ਕਰਜ਼ਦਾਰ/ਰਹਿਣਕਾਰ) ਅਤੇ 2. ਸ਼੍ਰੀਮਤੀ ਵੀਨਾ ਰਾਣੀ ਪਤਨੀ ਸੁਰੇਸ਼ ਚੰਦ ਗੁਪਤਾ (ਸਹਿ-ਕਰਜ਼ਦਾਰ) | 1. 11 ਮਈ 2026, 2. 21 ਮਈ 2026 3. ਰੁਪਏ 20,93,551/- (ਵੀਹ ਲੱਖ ਤਰਾਨਵੇਂ ਹਜ਼ਾਰ ਪੰਜ ਸੌ ਇਕਵੰਜਾ ਰੁਪਏ ਕੇਵਲ) 4. ਰੁਪਏ 29,98,727/- (ਉਨੱਤੀ ਲੱਖ ਅਠਾਨਵੇਂ ਹਜ਼ਾਰ ਸੱਤ ਸੌ ਸਤਾਈ ਰੁਪਏ ਕੇਵਲ) |

ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ : ਰਿਹਾਇਸ਼ੀ ਜਾਇਦਾਦ/ਮਕਾਨ ਨੰ. 24925, ਬੀ ਯੂ ਆਈ ਡੀ ਨੰ. ਐੱਮ ਸੀ ਬੀ ਜ਼ੈੱਡ 8 02786, ਰਕਬਾ 06 ਮਰਲਾ 06 ਸਰਸਾਈ, (200 ਵਰਗ ਗਜ਼), ਖਸਰਾ ਨੰ. 42//3/4 ਮਿੰਨ (0-6-6.0), ਖੱਤਾ ਨੰ. 346, ਖੇਵਟ ਨੰ. 156, ਜਮ੍ਹਾਂਬੰਦੀ ਸਾਲ 2014-15, ਹਾਜੀ ਰਤਨ ਵਿਖੇ ਸਥਿਤ, ਗਲੀ ਨੰ. 3/6 ਬਾਬਾ ਦੀਪ ਸਿੰਘ ਨਗਰ, ਬਠਿੰਡਾ ਸ਼੍ਰੀ ਸੁਰੇਸ਼ ਚੰਦ ਗੁਪਤਾ ਪੁੱਤਰ ਪੂਰਨ ਸਿੰਘ ਦੇ ਨਾਂਅ ਰਜਿਸਟਰਡ ਬੈਨਾਮਾ ਦਸਤਾਵੇਜ਼ ਨੰ. 2019-20/23/1/2312 ਮਿਤੀ 03/06/2019 ਅਨੁਸਾਰ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : 30', ਗਲੀ 20' ਚੌੜੀ, ਪੱਛਮ : 30', ਜਸਪ੍ਰੀਤ ਕੌਰ ਦਾ ਮਕਾਨ, ਉੱਤਰ : 60 ਫੁੱਟ, ਖਾਲੀ ਪਲਾਟ, ਦੱਖਣ: 60 ਫੁੱਟ, ਕੁਲਦੀਪ ਸਿੰਘ ਦਾ ਮਕਾਨ

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ/ਕਾਨੂੰਨੀ ਵਾਰਿਸ ਦਾ ਨਾਂਅ | 1. ਐੱਨ ਪੀ ਏ ਦੀ ਮਿਤੀ, 2. ਡਿਮਾਂਡ ਨੋਟਿਸ ਦੀ ਮਿਤੀ 3. ਬਕਾਇਆ ਰਕਮ (ਨੋਟਿਸ ਦੀ ਮਿਤੀ ਨੂੰ) 4. ਮਨਜ਼ੂਰ ਕਰਜ਼ਾ ਰਕਮ/ਡਿਸਬਰਸਡ |
|---|---|---|
| 7. | 1. ਸ਼੍ਰੀ ਸੁਨੀਲ ਕੁਮਾਰ ਪੁੱਤਰ ਰਾਜ ਕੁਮਾਰ (ਕਰਜ਼ਦਾਰ/ਰਹਿਣਕਾਰ) ਅਤੇ 2. ਸ਼੍ਰੀਮਤੀ ਕਵਿਤਾ ਬੱਬਰ ਪਤਨੀ ਸੁਨੀਲ ਕੁਮਾਰ (ਸਹਿ-ਕਰਜ਼ਦਾਰ/ਰਹਿਣਕਾਰ | 1. 08 ਮਈ 2026, 2. 22 ਮਈ 2026 3. ਰੁਪਏ 30,76,235/- (ਤੀਹ ਲੱਖ ਛਿਹੱਤਰ ਹਜ਼ਾਰ ਦੋ ਸੌ ਪੈਂਤੀ ਰੁਪਏ ਕੇਵਲ) 4. (i) ਪਾਵਰ ਹੋਮ ਲੋਨ ਸੁਵਿਧਾ ਰੁਪਏ 2,85,000/- (ii) ਐੱਸਟ ਪਾਵਰ ਲੋਨ ਸੁਵਿਧਾ ਰੁਪਏ 12,66,000/- (iii) ਐੱਸਟ ਪਾਵਰ ਲੋਨ ਸੁਵਿਧਾ ਰੁਪਏ 21,70,000/- |

ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ : ਰਿਹਾਇਸ਼ੀ ਜਾਇਦਾਦ/ਮਕਾਨ ਪਲਾਟ ਪ੍ਰਾਈਵੇਟ ਨੰ. 20 ਮਿੰਨ ਨਾਲ ਸੰਬੰਧਤ ਸਭ ਕੁਝ, ਰਕਬਾ 104 ਵਰਗ ਗਜ਼, ਖਸਰਾ ਨੰ. 523 ਮਿੰਨ, ਤੁੰਗਪਾਈ ਵਿਖੇ ਸਥਿਤ, ਅਰਬਨ ਅਬਾਦੀ ਨਿਊ ਗੋਲਡਨ ਐਵੇਨਿਊ,ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਸ਼੍ਰੀ ਸੁਨੀਲ ਕੁਮਾਰ ਪੁੱਤਰ ਰਾਜ ਕੁਮਾਰ ਅਤੇ ਸ਼੍ਰੀਮਤੀ ਕਵਿਤਾ ਬੱਬਰ ਪਤਨੀ ਸੁਨੀਲ ਕੁਮਾਰ ਦੇ ਨਾਂਅ ਰਜਿਸਟਰਡ, ਬੈਨਾਮਾ ਵਸੀਕਾ ਨੰ. 9021 ਮਿਤੀ 17/11/2003 ਅਨੁਸਾਰ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਜਾਇਦਾਦ ਪ੍ਰਾਈਵੇਟ ਨੰ. 131, ਪੱਛਮ : ਬਾਜ਼ਾਰ, ਉੱਤਰ : ਜਾਇਦਾਦ ਪ੍ਰਾਈਵੇਟ ਨੰ. 19, ਦੱਖਣ : ਪਲਾਟ ਨੰ. 20 ਮਿੰਨ

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ/ਕਾਨੂੰਨੀ ਵਾਰਿਸ ਦਾ ਨਾਂਅ | 1. ਐੱਨ ਪੀ ਏ ਦੀ ਮਿਤੀ, 2. ਡਿਮਾਂਡ ਨੋਟਿਸ ਦੀ ਮਿਤੀ 3. ਬਕਾਇਆ ਰਕਮ (ਨੋਟਿਸ ਦੀ ਮਿਤੀ ਨੂੰ) 4. ਮਨਜ਼ੂਰ ਕਰਜ਼ਾ ਰਕਮ/ਡਿਸਬਰਸਡ |
|---|---|---|
| 8. | 1. ਸ਼੍ਰੀ ਸਾਹਿਲ ਅਨੀਲ ਜੈਨ ਪੁੱਤਰ ਅਨੀਲ ਅਖੇ ਚੰਦ ਜੀ ਜੈਨ (ਕਰਜ਼ਦਾਰ/ਰਹਿਣਕਾਰ) ਅਤੇ 2. ਸ਼੍ਰੀਮਤੀ ਆਕਸ਼ੀ ਜੈਨ ਪਤਨੀ ਸਾਹਿਲ ਅਨੀਲ ਜੈਨ (ਸਹਿ-ਕਰਜ਼ਦਾਰ/ਰਹਿਣਕਾਰ) | 1. 11 ਮਈ 2026, 2. 25 ਮਈ 2026 3. ਰੁਪਏ 37,03,858/- (ਸੈਂਤੀ ਲੱਖ ਤਿੰਨ ਹਜ਼ਾਰ ਅੱਠ ਸੌ ਅਠਵੰਜਾ ਰੁਪਏ ਕੇਵਲ) 4. ਰੁਪਏ 37,08,752/- (ਸੈਂਤੀ ਲੱਖ ਅੱਠ ਹਜ਼ਾਰ ਸੱਤ ਸੌ ਬਵੰਜਾ ਰੁਪਏ ਕੇਵਲ) |

ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ : ਰਿਹਾਇਸ਼ੀ ਜਾਇਦਾਦ/ਫਲੈਟ ਨੰ. ਜੀ-902 ਨਾਲ ਸੰਬੰਧਤ ਸਭ ਕੁੱਝ ਬਲਾਕ-ਜੀ, ਰਕਬਾ 1690 ਵਰਗ ਫੁੱਟ, 9ਵੀਂ ਮੰਜ਼ਲ, ਰਿਹਾਇਸ਼ੀ ਕੰਪਲੈਕਸ "ਸੁਸ਼ਮਾ ਕ੍ਰੀਸੈਂਟ" ਵਿਖੇ, ਖੱਤਾ ਨੰ. 16/16, 17/25, 17/30, 10/10 ਅਤੇ ਸੰਬੰਧਤ ਖਸਰਾ ਨੰਬਰ, ਪਿੰਡ ਗਾਜ਼ੀਪੁਰ ਅਤੇ ਕਿਸ਼ਨਪੁਰਾ ਵਿਖੇ ਸਥਿਤ, ਹੱਦਬਸਤ ਨੰ. 50, ਤਹਿਸੀਲ ਡੇਰਾਬੱਸੀ, ਜ਼ਿਲ੍ਹਾ ਐੱਸ ਏ ਐੱਸ ਨਗਰ, (ਮੋਹਾਲੀ)

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ/ਕਾਨੂੰਨੀ ਵਾਰਿਸ ਦਾ ਨਾਂਅ | 1. ਐੱਨ ਪੀ ਏ ਦੀ ਮਿਤੀ, 2. ਡਿਮਾਂਡ ਨੋਟਿਸ ਦੀ ਮਿਤੀ 3. ਬਕਾਇਆ ਰਕਮ (ਨੋਟਿਸ ਦੀ ਮਿਤੀ ਨੂੰ) 4. ਮਨਜ਼ੂਰ ਕਰਜ਼ਾ ਰਕਮ/ਡਿਸਬਰਸਡ |
|---|---|---|
| 9. | 1. ਸ਼੍ਰੀ ਸ਼੍ਰੀਨਿਵਾਸਨ ਚੰਦਰਾ ਮੌਲੀ ਪੁੱਤਰ ਸ਼੍ਰੀ ਰਾਮ ਸ਼੍ਰੀਨਿਵਾਸਾ (ਕਰਜ਼ਦਾਰ/ਰਹਿਣਕਾਰ) ਅਤੇ 2. ਸ਼੍ਰੀਮਤੀ ਕਾਦੰਬਰੀ ਚੰਦਰਾ ਮੌਲੀ ਪਤਨੀ ਸ਼੍ਰੀਨਿਵਾਸਨ ਚੰਦਰਾ ਮੌਲੀ (ਸਹਿ-ਕਰਜ਼ਦਾਰ/ਰਹਿਣਕਾਰ) | 1. 11 ਮਈ 2026, 2. 27 ਮਈ 2026 3. ਰੁਪਏ 72,61,930/- (ਬਹੱਤਰ ਹਜ਼ਾਰ ਇਕਾਹਠ ਹਜ਼ਾਰ ਨੌਂ ਸੌ ਤੀਹ ਰੁਪਏ ਕੇਵਲ) 4. (i) ਪਾਵਰ ਹੋਮ ਲੋਨ ਸੁਵਿਧਾ ਰੁਪਏ 40,13,228/- (ii) ਪਾਵਰ ਹੋਮ ਲੋਨ ਸੁਵਿਧਾ ਰੁਪਏ 40,13,228/- |

ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ : ਰਿਹਾਇਸ਼ੀ ਜਾਇਦਾਦ/ਫਲੈਟ ਨੰ. ਐੱਫ-602 ਨਾਲ ਸੰਬੰਧਤ ਸਭ ਕੁੱਝ ਰਕਬਾ 1860 ਵਰਗ ਫੁੱਟ (ਸੁਪਰ ਏਰੀਆ) ਐੱਫ ਟਾਵਰ 'ਚ 6ਵੀਂ ਮੰਜ਼ਿਲ, ਰਿਹਾਇਸ਼ੀ ਕੰਪਲੈਕਸ "ਸੁਸ਼ਮਾ ਕ੍ਰੀਸੈਂਟ" ਨਾਲ ਜਾਣਿਆ ਜਾਂਦਾ, ਪਿੰਡ ਗਾਜ਼ੀਪੁਰ ਅਤੇ ਕਿਸ਼ਨਪੁਰਾ ਵਿਖੇ ਸਥਿਤ, ਹੱਦਬਸਤ ਨੰ. 50, ਤਹਿਸੀਲ ਡੇਰਾਬੱਸੀ, ਜ਼ਿਲ੍ਹਾ ਐੱਸ ਏ ਐੱਸ ਨਗਰ (ਮੋਹਾਲੀ)

| ਲੜੀ ਨੰ. | ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ/ਕਾਨੂੰਨੀ ਵਾਰਿਸ ਦਾ ਨਾਂਅ | 1. ਐੱਨ ਪੀ ਏ ਦੀ ਮਿਤੀ, 2. ਡਿਮਾਂਡ ਨੋਟਿਸ ਦੀ ਮਿਤੀ 3. ਬਕਾਇਆ ਰਕਮ (ਨੋਟਿਸ ਦੀ ਮਿਤੀ ਨੂੰ) 4. ਮਨਜ਼ੂਰ ਕਰਜ਼ਾ ਰਕਮ/ਡਿਸਬਰਸਡ |
|---|---|---|
| 10. | 1. ਸ਼੍ਰੀ ਗੁਰਮੀਤ ਸਿੰਘ ਪੁੱਤਰ ਗੁਰਨੇਕ ਸਿੰਘ (ਕਰਜ਼ਦਾਰ/ਰਹਿਣਕਾਰ) ਅਤੇ 2. ਸ਼੍ਰੀਮਤੀ ਕਮਲਜੀਤ ਕੌਰ ਪਤਨੀ ਗੁਰਮੀਤ ਸਿੰਘ (ਸਹਿ-ਕਰਜ਼ਦਾਰ/ਰਹਿਣਕਾਰ) | 1. 05 ਮਈ 2026, 2. 27 ਮਈ 2026 3. ਰੁਪਏ 48,28,755/- (ਅੜਤਾਲੀ ਲੱਖ ਅਠਾਈ ਹਜ਼ਾਰ ਸੱਤ ਸੌ ਪਚਵੰਜਾ ਰੁਪਏ ਕੇਵਲ) 4. ਰੁਪਏ 48,79,490/- (ਅੜਤਾਲੀ ਲੱਖ ਉਨਾਸੀ ਹਜ਼ਾਰ ਚਾਰ ਸੌ ਨੱਬੇ ਰੁਪਏ ਕੇਵਲ) |

ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ : ਰਿਹਾਇਸ਼ੀ ਜਾਇਦਾਦ/ਅਪਾਰਮੈਂਟ/ਯੂਨਿਟ ਨੰ. ਡੀ-1201, ਨਾਲ ਸੰਬੰਧਤ ਸਭ ਕੁੱਝ ਟਾਵਰ-ਡੀ ਦੀ 12ਵੀਂ ਮੰਜ਼ਿਲ, ਰਿਹਾਇਸ਼ੀ ਕੰਪਲੈਕਸ "ਸੁਸ਼ਮਾ ਚੰਡੀਗੜ੍ਹ ਗਰੈਂਡ" ਵਜੋਂ ਜਾਣਿਆ ਜਾਂਦਾ, ਪਿੰਡ ਕਿਸ਼ਨਗੜ੍ਹ ਅਤੇ ਬਿਸ਼ਨਪੁਰਾ ਵਿਖੇ ਸਥਿਤ, ਚੰਡੀਗੜ੍ਹ- ਅੰਬਾਲਾ ਹਾਈਵੇਅ, ਜ਼ੀਰਕਪੁਰ, ਜ਼ਿਲ੍ਹਾ ਐੱਸ ਏ ਐੱਸ ਨਗਰ (ਮੋਹਾਲੀ)

ਇਸ ਲਈ ਇਹ ਜਨਤਕ ਨੋਟਿਸ ਸਿੱਧੇ ਸੰਚਾਰ ਹਿੱਤ ਜਾਰੀ ਕੀਤਾ ਗਿਆ ਹੈ।

ਕਰਜ਼ਦਾਰਾਂ ਅਤੇ/ਜਾਂ ਉਨ੍ਹਾਂ ਦੇ ਗਰੰਟਰਾਂ, ਜਿੱਥੇ ਲਾਗੂ ਹੈ, ਨੂੰ ਬਕਾਇਆ ਰਕਮ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਦਾ ਸੱਦਾ ਦਿੱਤਾ ਗਿਆ ਹੈ। ਅਸਫਲ ਰਹਿਣ 'ਤੇ 60 ਦਿਨਾਂ ਦਾ ਸਮਾਂ ਗੁਜ਼ਰ ਜਾਣ ਤੋਂ ਬਾਅਦ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਤਹਿਤ ਅਗਲੇ ਕਦਮ ਉਠਾਏ ਜਾਣਗੇ। ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਤਹਿਤ ਉਨ੍ਹਾਂ ਦੇ ਅਧਿਕਾਰਾਂ ਸੰਬੰਧੀ ਕਰਜ਼ਦਾਰਾਂ ਨੂੰ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦਾ ਹਵਾਲਾ ਲੈਣ ਲਈ ਕਿਹਾ ਜਾਂਦਾ ਹੈ।

ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਐਕਟ ਦੇ ਸੈਕਸ਼ਨ 13 (13) ਅਧੀਨ ਕਰਜ਼ਦਾਰ ਇਸ ਨੋਟਿਸ ਦੇ ਹਵਾਲੇ ਵਾਲੇ ਉਸ ਦੇ ਸਕਿਉਰਡ ਐੱਸਟ, ਸਕਿਉਰਡ ਕ੍ਰੈਡਿਟਰ ਦੀ ਅਗਾਊਂ ਲਿਖਤੀ ਮਨਜ਼ੂਰੀ ਤੋਂ ਬਿਨਾਂ, ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਤਬਦੀਲ ਨਹੀਂ ਕਰ ਸਕਦਾ।

ਮਿਤੀ : 20.06.2026, ਸਥਾਨ : ਪੰਜਾਬ — ਸਹੀ/- ਅਧਿਕਾਰਤ ਅਫ਼ਸਰ, ਐਕਸਿਸ ਬੈਂਕ ਲਿਮਿਟਿਡ

# ਵਿਜੀਲੈਂਸ ਬਿਊਰੋ ਵੱਲੋਂ ਰਿਸ਼ਵਤ ਲੈਂਦਾ ਸਬ ਇੰਸਪੈਕਟਰ ਰੰਗੇ ਹੱਥੀਂ ਕਾਬੂ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਆਪਣੀ ਮੁਹਿੰਮ ਦੌਰਾਨ, ਐਂਟੀ ਨਾਰਕੋਟਿਕ ਟਾਸਕ ਫੋਰਸ, ਜਲੰਧਰ ਵਿਖੇ ਤਾਇਨਾਤ ਸਬ ਇੰਸਪੈਕਟਰ ਅਮਨਦੀਪ ਸਿੰਘ ਨੂੰ 1,00,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਇੱਥੇ ਇਸ ਬਾਰੇ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਅਧਿਕਾਰਤ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਪਿੰਡ ਗੋਹਾਵਰ ਥਾਣਾ ਗੁਰਾਇਆ ਜ਼ਿਲ੍ਹਾ ਜਲੰਧਰ ਦੀ ਵਸਨੀਕ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਦੋਸ਼ ਲਾਇਆ ਕਿ ਉਸ ਦੇ ਭਰਾ ਵਿਰੁੱਧ ਐਨ ਡੀ ਪੀ ਐਸ ਐਕਟ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ ਅਤੇ ਉਕਤ ਐਸ.ਆਈ. ਅਮਨਦੀਪ ਸਿੰਘ ਇਸ ਕੇਸ ਵਿੱਚ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਵੀ ਘਸੀਟਣ ਅਤੇ ਉਨ੍ਹਾਂ ਦੀਆਂ ਸੰਪਤੀਆਂ ਵਿਰੁੱਧ ਕਾਰਵਾਈ ਵਿੱਢਣ ਦੀਆਂ ਧਮਕੀਆਂ ਦੇ ਰਿਹਾ ਹੈ। ਸ਼ਿਕਾਇਤਕਰਤਾ ਨੇ ਅੱਗੇ ਦੋਸ਼ ਲਾਇਆ ਕਿ ਮੁਲਜ਼ਮ ਐਸ ਆਈ ਪਹਿਲਾਂ ਹੀ ਉਸ ਤੋਂ ਵੱਖ-ਵੱਖ ਮੌਕਿਆਂ 'ਤੇ 6.50 ਲੱਖ ਰੁਪਏ ਰਿਸ਼ਵਤ ਲੈ ਚੁੱਕਾ ਹੈ ਅਤੇ ਉਸਦੀ ਭਰਜਾਈ ਨੂੰ ਮਾਮਲੇ ਵਿੱਚ ਨਾਮਜ਼ਦ ਹੋਣ ਤੋਂ ਬਚਾਉਣ ਲਈ 2 ਲੱਖ ਰੁਪਏ ਹੋਰ ਮੰਗ ਰਿਹਾ ਹੈ। ਸ਼ਿਕਾਇਤਕਰਤਾ ਨੇ ਉਕਤ ਪੁਲਿਸ ਮੁਲਾਜ਼ਮ ਵੱਲੋਂ ਰਿਸ਼ਵਤ ਮੰਗਣ ਦੀ ਗੱਲਬਾਤ ਰਿਕਾਰਡ ਕਰ ਲਈ।ਹੋਰ ਰਿਸ਼ਵਤ ਦੇਣ ਲਈ ਰਾਜ਼ੀ ਨਾ ਹੋਣ ਕਰਕੇ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਯੂਨਿਟ ਕਪੂਰਥਲਾ ਨਾਲ ਸੰਪਰਕ ਕੀਤਾ। ਉਸ ਦੀ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਜਿਸ ਦੌਰਾਨ ਮੁਲਜ਼ਮ ਐਸ ਆਈ ਨੂੰ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਤੋਂ 1,00,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕਰਕੇ ਰਿਸ਼ਵਤ ਦੇ ਪੈਸੇ ਬਰਾਮਦ ਕਰ ਲਏ ਗਏ। ਕਾਰਵਾਈ ਦੌਰਾਨ, ਕਾਂਸਟੇਬਲ ਮਨਿੰਦਰ ਸਿੰਘ, ਜੋ ਕਿ ਮੁਲਜ਼ਮ ਐਸ ਆਈ ਦੇ ਨਾਲ ਸੀ, ਗੱਡੀ ਸਮੇਤ ਮੌਕੇ ਤੋਂ ਭੱਜ ਗਿਆ। ਇਸ ਸਬੰਧੀ ਮੁਲਜ਼ਮ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਊਰੋ ਦੇ ਥਾਣਾ ਜਲੰਧਰ ਵਿਖੇ ਕੇਸ ਦਰਜ ਕੀਤਾ ਗਿਆ ਹੈ ਅਤੇ ਕੇਸ ਦੀ ਅਗਲੇਰੀ ਜਾਂਚ ਜਾਰੀ ਹੈ।



# ਨਸ਼ੀਲੀਆਂ ਗੋਲੀਆਂ ਸਮੇਤ ਨਸ਼ਾ ਤਸਕਰ ਕਾਬੂ

**ਫਿਲੌਰ, (ਨਿਰਮਲ)**- ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਭਾਰਤ ਮਸੀਹ ਲੱਧੜ ਉਪ ਪੁਲਿਸ ਕਪਤਾਨ ਸਬ ਡਵੀਜਨ ਫਿਲੌਰ ਨੇ ਦੱਸਿਆ ਕਿ ਥਾਣਾ ਫਿਲੌਰ ਦੇ ਨਵ ਨਿਯੁਕਤ ਇੰਸਪੈਕਟਰ ਬਲਵਿੰਦਰ ਸਿੰਘ ਭੁੱਲਰ, ਮੁੱਖ ਅਫਸਰ ਥਾਣਾ ਫਿਲੌਰ ਜ਼ਿਲ੍ਹਾ ਜਲੰਧਰ ਦਿਹਾਤੀ ਦੀ ਟੀਮ ਵੱਲੋਂ ਚਲਾਏ ਸ਼ਪੈਸਲ ਆਪ੍ਰੇਸ਼ਨ ਦੌਰਾਨ ਨਸ਼ਾ ਤਸਕਰ ਹੈਪੀ ਪੁੱਤਰ ਸ਼ਾਦੀ ਰਾਮ ਵਾਸੀ ਮੁਹੱਲਾ ਚੌਧਰੀਆ ਫਿਲੌਰ ਨੂੰ 100 ਨਸ਼ੀਲੀਆ ਗੋਲੀਆ ਸਮੇਤ ਕਾਬੂ ਕੀਤਾ ਗਿਆ ਅਤੇ ਇਸਦੇ ਖਿਲਾਫ ਮੁਕੱਦਮਾ ਥਾਣਾ ਫਿਲੌਰ ਦਰਜ ਰਜਿਸਟਰ ਕੀਤਾ ਗਿਆ। ਇੱਥੇ ਇਹ ਵੀ ਗੱਲ ਜਿਕਰਯੋਗ ਹੈ ਕਿ ਹੈਪੀ ਪੁੱਤਰ ਸ਼ਾਦੀ ਰਾਮ ਵਾਸੀ ਮੁਹੱਲਾ ਚੌਧਰੀਆ ਫਿਲੌਰ ਦੇ ਖਿਲਾਫ ਪਹਿਲਾਂ ਵੀ ਨਸ਼ੀਲੀਆ ਗੋਲੀਆ ਵੇਚਣ ਦੇ ਦੋ ਮੁਕੱਦਮੇ ਦਰਜ ਰਜਿਸ਼ਟਰ ਹਨ, ਜਿਹਨਾਂ ਵਿੱਚੋਂ ਇਹ ਜਮਾਨਤ ਹਾਸਲ ਕਰਕੇ ਅਦਾਲਤ ਵਿੱਚੋਂ ਭਗੌੜਾ ਹੋ ਗਿਆ ਸੀ ਅਤੇ ਦੁਬਾਰਾ ਜਮਾਨਤ ਪਰ ਆ ਕੇ ਫਿਰ ਤੋਂ ਨਸ਼ੀਲੀਆ ਗੋਲੀਆ ਵੇਚਣ ਦਾ ਧੰਦਾ ਕਰਨ ਲੱਗ ਪਿਆ ਸੀ। ਪੁੱਛਗਿੱਛ ਦੌਰਾਨ ਇੱਕ ਗੱਲ ਸਾਹਮਣੇ ਆਈ ਹੈ ਕਿ ਇਹ ਰੇਲਵੇ ਸਟੇਸ਼ਨ ਲੁਧਿਆਣਾ ਤੋਂ ਨਸ਼ੇ ਦੀਆ ਗੋਲੀਆਂ ਸਸਤੇ ਭਾਅ ਲੈ ਕੇ ਸ਼ਹਿਰ ਫਿਲੌਰ ਦੇ ਵੱਖ ਵੱਖ ਥਾਵਾਂ ਤੇ ਜਿਵੇਂ ਕਿ ਲੇਬਰ ਮੰਡੀ, ਸਿਵਲ ਹਸਪਤਾਲ ਦੇ ਬਾਹਰ ਆਦਿ ਥਾਵਾਂ ਪਰ ਨੌਜਵਾਨਾਂ ਨੂੰ ਨਸ਼ੇ ਦੀਆ ਗੋਲੀਆ ਸਪਲਾਈ ਕਰਦਾ ਸੀ ਅਤੇ ਇਹ ਆਪ ਖੁਦ ਚਿੱਟੇ ਦਾ ਨਸ਼ਾ ਕਰ ਲੈਂਦਾ ਸੀ। ਦੋਸ਼ੀ ਹੈਪੀ ਪੁੱਤਰ ਸ਼ਾਦੀ ਰਾਮ ਵਾਸੀ ਮੁਹੱਲਾ ਚੌਧਰੀਆ ਫਿਲੌਰ ਨੂੰ ਪੇਸ਼ ਅਦਾਲਤ ਕਰਕੇ ਇਸਦਾ ਪੁਲਿਸ ਰਿਮਾਂਡ ਹਾਸਲ ਕਰਕੇ ਹੋਰ ਪੁੱਛਗਿੱਛ ਕੀਤੀ ਜਾ ਰਹੀ ਹੈ।




# ਵਿਧਾਇਕ ਜਿੰਪਾ ਨੇ ਕੀਤਾ ਸੋਲਰ ਪਾਵਰ ਪਲਾਂਟ ਦਾ ਉਦਘਾਟਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਵੀਰਵਾਰ ਨੂੰ ਡਿਜ਼ੀਟਲ ਲਾਇਬ੍ਰੇਰੀ, ਹੁਸ਼ਿਆਰਪੁਰ ਵਿੱਚ 11.50 ਲੱਖ ਰੁਪਏ ਦੀ ਲਾਗਤ ਨਾਲ ਸਥਾਪਤ ਕੀਤੇ ਗਏ 30 ਕਿਲੋਵਾਟ ਸਮਰੱਥਾ ਵਾਲੇ ਸੋਲਰ ਪਾਵਰ ਪਲਾਂਟ ਦਾ ਉਦਘਾਟਨ ਕੀਤਾ। ਉਨ੍ਹਾਂ ਕਿਹਾ ਕਿ ਵਰਧਮਾਨ ਗਰੁੱਪ ਵੱਲੋਂ ਆਪਣੇ ਕਾਰਪੋਰੇਟ ਸੋਸ਼ਲ ਰਿਸਪਾਂਸਬਿਲਟੀ ਪ੍ਰੋਗਰਾਮ ਤਹਿਤ ਉਪਲਬੱਧ ਕਰਵਾਇਆ ਗਿਆ। ਇਹ ਪ੍ਰੋਜੈਕਟ ਨਾ ਸਿਰਫ਼ ਵਾਤਾਵਰਣ ਸੰਭਾਲ ਵੱਲ ਇੱਕ ਮਹੱਤਵਪੂਰਨ ਕਦਮ ਹੈ, ਸਗੋਂ ਇਸ ਨਾਲ ਲਾਇਬ੍ਰੇਰੀ ਦੇ ਬਿਜਲੀ ਖਰਚ ਵਿੱਚ 75 ਫੀਸਦੀ ਤੋਂ ਵੱਧ ਦੀ ਕਮੀ ਆਵੇਗੀ ਅਤੇ ਵਿਦਿਆਰਥੀਆਂ ਨੂੰ ਨਿਰਵਿਘਨ ਸਹੂਲਤਾਂ ਮਿਲਦੀਆਂ ਰਹਿਣਗੀਆਂ। ਬ੍ਰਹਮ ਸ਼ੰਕਰ ਜਿੰਪਾ ਨੇ ਕਿਹਾ ਕਿ ਦਸੰਬਰ 2023 ਵਿੱਚ ਸ਼ੁਰੂ ਹੋਈ ਡਿਜ਼ੀਟਲ ਲਾਇਬ੍ਰੇਰੀ ਪਿਛਲੇ ਦੋ ਸਾਲਾਂ ਤੋਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਅਗਵਾਈ ਅਤੇ ਜ਼ਿਲ੍ਹਾ ਰੈੱਡ ਕਰਾਸ ਸੋਸਾਇਟੀ ਹੁਸ਼ਿਆਰਪੁਰ ਦੇ ਪ੍ਰਬੰਧ ਹੇਠ ਸਫਲਤਾਪੂਰਵਕ ਚਲਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਸਵੇਰੇ 9 ਵਜੇ ਤੋਂ ਰਾਤ 9 ਵਜੇ ਤੱਕ ਹਫ਼ਤੇ ਦੇ ਸੱਤੋਂ ਦਿਨ ਖੁੱਲ੍ਹੀ ਰਹਿਣ ਵਾਲੀ ਇਹ ਲਾਇਬ੍ਰੇਰੀ ਜ਼ਿਲ੍ਹੇ ਦੇ ਵਿਦਿਆਰਥੀਆਂ ਲਈ ਇੱਕ ਪ੍ਰਮੁੱਖ ਅਧਿਐਨ ਕੇਂਦਰ ਬਣ ਚੁੱਕੀ ਹੈ, ਜਿੱਥੇ 1300 ਤੋਂ ਵੱਧ ਵਿਦਿਆਰਥੀ ਰਜਿਸਟਰਡ ਹਨ ਅਤੇ ਹਰ ਰੋਜ਼ 150 ਤੋਂ ਵੱਧ ਵਿਦਿਆਰਥੀ ਸਵੈ-ਅਧਿਐਨ ਅਤੇ ਆਨਲਾਈਨ ਪੜ੍ਹਾਈ ਲਈ ਪਹੁੰਚਦੇ ਹਨ। ਉਨ੍ਹਾਂ ਕਿਹਾ ਕਿ ਪਿਛਲੇ ਦੋ ਸਾਲਾਂ ਦੌਰਾਨ ਇੱਥੇ ਅਧਿਐਨ ਕਰਨ ਵਾਲੇ ਕਈ ਨੌਜਵਾਨਾਂ ਨੇ ਰਾਜ ਅਤੇ ਕੇਂਦਰ ਸਰਕਾਰ ਦੀਆਂ ਵੱਖ-ਵੱਖ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਸਫਲਤਾ ਹਾਸਲ ਕੀਤੀ ਹੈ। ਹਾਲ ਹੀ ਵਿੱਚ 14 ਵਿਦਿਆਰਥੀਆਂ ਨੇ ਪੀ ਸੀ ਐਸ. ਪ੍ਰਾਰੰਭਿਕ ਪ੍ਰੀਖਿਆ ਪਾਸ ਕੀਤੀ ਹੈ, ਜਦਕਿ ਦੋ ਨੌਜਵਾਨਾਂ ਨੇ ਪੰਜਾਬ ਪੁਲਿਸ ਵਿੱਚ ਕਾਂਸਟੇਬਲ ਵਜੋਂ ਨਿਯੁਕਤੀ ਪ੍ਰਾਪਤ ਕੀਤੀ ਹੈ। ਇਸ ਤੋਂ ਇਲਾਵਾ ਚਾਰ ਵਿਦਿਆਰਥੀਆਂ ਨੇ ਯੂ.ਜੀ.ਸੀ.-ਨੈੱਟ ਅਤੇ ਦੋ ਵਿਦਿਆਰਥੀਆਂ ਨੇ ਬੈਂਕ ਪੀ.ਓ. ਪ੍ਰੀਖਿਆ ਪਾਸ ਕੀਤੀ ਹੈ, ਜਦਕਿ ਇੱਕ ਵਿਦਿਆਰਥੀ ਪੀ.ਐਸ. ਪੀ.ਸੀ. ਐੱਲ. ਵਿੱਚ ਐੱਸ.ਡੀ.ਓ. ਦੇ ਅਹੁਦੇ 'ਤੇ ਨਿਯੁਕਤ ਹੋਇਆ ਹੈ। ਕਈ ਵਿਦਿਆਰਥੀਆਂ ਨੇ ਅਕਾਦਮਿਕ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪ੍ਰਸਿੱਧ ਸੰਸਥਾਵਾਂ ਵਿੱਚ ਦਾਖ਼ਲਾ ਵੀ ਹਾਸਲ ਕੀਤਾ ਹੈ। ਇਸ ਮੌਕੇ ਐੱਸ.ਡੀ.ਐੱਮ. ਹੁਸ਼ਿਆਰਪੁਰ ਪਰਮਪ੍ਰੀਤ ਸਿੰਘ, ਵਰਧਮਾਨ ਗਰੁੱਪ ਵੱਲੋਂ ਗਰੁੱਪ ਹੈੱਡ ਇੰਦਰਮੋਹਨ ਜੀਤ ਸਿੰਘ ਸਿੱਧੂ, ਡਾਇਰੈਕਟਰ ਫਾਇਨੈਂਸ ਤਰੁਣ ਚਾਵਲਾ, ਚੀਫ਼ ਸਿਕਿਉਰਿਟੀ ਹੈੱਡ ਪ੍ਰਦੀਪ ਦਡਵਾਲ ਅਤੇ ਇਲੈਕਟ੍ਰਿਕਲ ਹੈੱਡ ਸਰਬਜੀਤ ਸਿੰਘ, ਰੈੱਡ ਕਰਾਸ ਸੋਸਾਇਟੀ ਦੇ ਸਕੱਤਰ ਮੰਗੇਸ਼ ਸੂਦ, ਸੰਯੁਕਤ ਸਕੱਤਰ ਆਦਿਤਿਆ ਰਾਣਾ, ਡਿਜ਼ੀਟਲ ਲਾਇਬ੍ਰੇਰੀ ਦੇ ਲਾਇਬ੍ਰੇਰੀਅਨ ਵਿਜੈ ਕੁਮਾਰ ਅਤੇ ਰਾਜੀਵ ਬਜਾਜ ਵੀ ਹਾਜ਼ਰ ਸਨ।



## ਸੈਣੀ ਨੇ 'ਯੋਗ ਯੁਕਤ-ਨਸ਼ਾ ਮੁਕਤ ਹਰਿਆਣਾ' ਦੇ ਸੰਕਲਪ ਨੂੰ ਸਾਕਾਰ ਕਰਨ ਦਾ ਦਿੱਤਾ ਸੱਦਾ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਯੋਗ ਭਾਰਤ ਦੀ ਸਨਾਤਨ ਸੰਸਕ੍ਰਿਤੀ ਦਾ ਉਹ ਅਨਮੋਲ ਤੋਹਫ਼ਾ ਹੈ, ਜਿਸ ਨੂੰ ਸਾਡੇ ਰਿਸ਼ੀ-ਮੁਨੀਆਂ ਨੇ ਸੰਪੂਰਨ ਮਨੁੱਖਤਾ ਦੇ ਕਲਿਆਣ ਲਈ ਦਿੱਤਾ ਹੈ। ਹਜ਼ਾਰਾਂ ਸਾਲ ਪਹਿਲਾਂ ਸ਼ੁਰੂ ਹੋਈ ਯੋਗ ਦੀ ਯਾਤਰਾ ਵਿਸ਼ਵ ਵਿਆਪੀ ਰੂਪ ਧਾਰਨ ਕਰ ਚੁੱਕੀ ਹੈ। ਯੋਗ ਸਿਰਫ਼ ਸਰੀਰਕ ਅਭਿਆਸ ਨਹੀਂ, ਸਗੋਂ ਸਰੀਰ, ਮਨ, ਆਤਮਾ ਅਤੇ ਸਮਾਜ ਨੂੰ ਜੋੜਨ ਵਾਲੀ ਇੱਕ ਸੰਪੂਰਨ ਜੀਵਨ ਪੱਧਤੀ ਹੈ।ਮੁੱਖ ਮੰਤਰੀ ਸ਼ੁੱਕਰਵਾਰ ਨੂੰ ਸਿਰਸਾ ਦੇ ਪਿੰਡ ਬਾਬਾ ਭੂਮਣਸ਼ਾਹ (ਸੰਗਰ ਸਰਿਸਤਾ) ਵਿੱਚ ਸਥਿਤ ਮੁੱਖ ਧਾਮ ਬਾਬਾ ਭੂਮਣਸ਼ਾਹ ਵਿਖੇ ਅੰਤਰਰਾਸ਼ਟਰੀ ਯੋਗ ਦਿਵਸ ਦੇ ਉਪਲਖ ਵਿੱਚ ਆਯੋਜਿਤ ਯੋਗ ਅਭਿਆਸ ਪ੍ਰੋਗਰਾਮ ਵਿੱਚ ਸੰਬੋਧਨ ਕਰ ਰਹੇ ਸਨ। ਇਸ ਦੌਰਾਨ ਮੁੱਖ ਮੰਤਰੀ ਨੇ ਬਾਬਾ ਬ੍ਰਹਮਦਾਸ ਮਹਾਰਾਜ ਅਤੇ ਕੁਰੂਕਸ਼ੇਤਰ ਤੋਂ ਮਹੰਤ ਮਹੇਸ਼ ਮੁਨੀ ਮਹਾਰਾਜ ਨੂੰ ਸ਼ਾਲ ਭੇਟ ਕੀਤੀ। ਉਨ੍ਹਾਂ ਨੇ ਕਿਹਾ ਕਿ ਇਸ ਪਵਿੱਤਰ ਧਰਤੀ 'ਤੇ ਸਥਿਤ ਅਧਿਆਤਮਕ ਚੇਤਨਾ ਦੇ ਕੇਂਦਰ ਡੇਰਾ ਬਾਬਾ ਭੂਮਣਸ਼ਾਹ ਦੇ ਆਸ਼ਰਮ ਵਿੱਚ ਆ ਕੇ ਉਨ੍ਹਾਂ ਨੂੰ ਅਥਾਹ ਸ਼ਾਂਤੀ ਅਤੇ ਊਰਜਾ ਦਾ ਅਨੁਭਵ ਹੋਇਆ ਹੈ।ਆਪਣੇ ਸੰਬੋਧਨ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ 21 ਜੂਨ ਨੂੰ ਪੂਰਾ ਵਿਸ਼ਵ ਕੌਮਾਂਤਰੀ ਯੋਗ ਦਿਵਸ ਮਨਾਉਣ ਜਾ ਰਿਹਾ ਹੈ। ਇਸੇ ਲੜੀ ਤਹਿਤ ਹਰਿਆਣਾ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਯੋਗ ਅਭਿਆਸ ਪ੍ਰੋਗਰਾਮ ਆਯੋਜਿਤ ਕੀਤੇ ਗਏ ਹਨ।

# ਲੋੜਵੰਦ ਮਰੀਜ਼ ਦੀ ਕੀਤੀ ਵਿੱਤੀ ਸਹਾਇਤਾ

**ਚੰਡੀਗੜ੍ਹ (ਸੁਰਜੀਤ ਸੁਮਨ)**- ਪਰਮ ਸੇਵਾ ਵੈੱਲਫੇਅਰ ਸੁਸਾਇਟੀ (ਰਜਿ.) ਦੇ ਧਿਆਨ ਵਿੱਚ ਆਉਣ 'ਤੇ ਸੁਸਾਇਟੀ ਵੱਲੋਂ ਲੋੜਵੰਦ ਮਰੀਜ਼ ਗੁਰਮੀਤ ਸਿੰਘ ਪੁੱਤਰ ਰਾਮ ਕ੍ਰਿਸ਼ਨ ਵਾਸੀ ਪਿੰਡ ਫੱਸੇ ਮੰਡ, ਜ਼ਿਲ੍ਹਾ ਰੋਪੜ ਦੀ ਵਿੱਤੀ ਸਹਾਇਤਾ ਕੀਤੀ ਗਈ। ਪਤਾ ਲੱਗਾ ਸੀ ਕਿ ਇਹ ਮਰੀਜ਼ ਆਪਣਾ ਇਲਾਜ ਕਰਵਾਉਣ ਤੋਂ ਅਸਮਰਥ ਹੈ, ਜਿਸ ਦਾ ਇਲਾਜ ਪੀ.ਜੀ.ਆਈ. ਚੰਡੀਗੜ੍ਹ ਵਿਖੇ ਚੱਲ ਰਿਹਾ ਹੈ। ਸੁਸਾਇਟੀ ਦੇ ਸਰਗਰਮ ਮੈਂਬਰਾਂ ਡਾ. ਸੰਤ ਸੁਰਿੰਦਰ ਪਾਲ ਸਿੰਘ ਅਤੇ ਸੁਰਿੰਦਰ ਸਿੰਘ (ਐਲ.ਆਈ.ਸੀ.) ਨੇ ਆਪਣੇ ਪਰਿਵਾਰਕ ਮੈਂਬਰਾਂ ਸ਼ਕੰਤੁਲਾ ਅਤੇ ਗੁਰਮੁਖੀ ਦੇਵੀ ਸਮੇਤ, ਪੀੜਤ ਮਰੀਜ਼ ਦੇ ਘਰ ਜਾ ਕੇ ਉਸ ਦੀ ਵਿੱਤੀ ਸਹਾਇਤਾ ਕੀਤੀ ਗਈ।ਇਸ ਸਬੰਧੀ ਸੁਸਾਇਟੀ ਪ੍ਰਧਾਨ ਸੋਮ ਨਾਥ ਭੱਟ ਨੇ ਦੱਸਿਆ ਕਿ ਸੁਸਾਇਟੀ ਦੇ ਸਮੂਹ ਮੈਂਬਰਜ਼ ਇਸ ਨੇਕ ਕੰਮ ਵਿੱਚ ਵਧ-ਚੜ੍ਹ ਕੇ ਆਪਣਾ ਯੋਗਦਾਨ ਪਾਉਂਦੇ ਹਨ, ਜਿਨ੍ਹਾਂ ਵਿੱਚ ਪਰਵੀਨ ਭੱਟ, ਚੰਦਰ ਕਾਂਤਾ, ਆਰਤੀ ਸਹਿਗਲ, ਮੀਨਾਕਸ਼ੀ, ਨਲਿਨੀ ਬੰਗਾ, ਰਾਜ ਕੁਮਾਰੀ, ਸੁਨੀਤਾ ਦੇਵੀ, ਵਨੀਤਾ ਪੰਚਕੂਲਾ, ਪ੍ਰਿੰ. ਕੁਲਦੀਪ ਕੌਰ, ਸੁਨੀਤਾ ਗੌਤਮ, ਅੰਜੂ ਵਰਮਾ, ਸੁਰਿੰਦਰ ਕੌਰ, ਸੁਚਿਤਾ ਤਿਵਾੜੀ, ਮਧੂ ਸ਼ਰਮਾ ਅੰਬਾਲਾ, ਕਮਲੇਸ਼ ਕਾਲਕਾ, ਸੋਨੀਆ ਮਹਾਜਨ, ਮਮਤਾ, ਨਿਰਮਲ ਸਿੰਘ, ਪ੍ਰਿੰ. ਸੰਤ ਸੁਰਿੰਦਰਪਾਲ ਸਿੰਘ, ਬਹਾਦਰ ਸਿੰਘ, ਸੁਰਜੀਤ ਮੰਡ, ਹਰਬੰਸ ਸਿੰਘ, ਸੁਰਜੀਤ ਸੁਮਨ, ਸਮਰੱਥ ਸਿੰਘ, ਬਲਜਿੰਦਰ ਸਿੰਘ, ਲਖਬੀਰ ਸਿੰਘ, ਜਸਬੀਰ ਸਿੰਘ, ਗੁਰਸ਼ਰਨਜੀਤ ਸਿੰਘ, ਸੁਦੇਸ਼ ਗੌਤਮ, ਬਲਵੰਤ ਸਿੰਘ, ਮਦਨ ਲਾਲ ਸ਼ਰਮਾ, ਮਾਸਟਰ ਲਛਮਣ ਸਿੰਘ, ਵਿਨੋਦ ਮਹਾਜਨ, ਵਲੈਤੀ ਰਾਮ, ਹਰਮੇਸ਼ ਚੰਦਰ ਭੱਲਾ, ਚਰਨਜੀਤ ਸਿੰਘ, ਸਤੀਸ਼ ਕੁਮਾਰ, ਸੁਰਿੰਦਰਪਾਲ ਸਿੰਘ ਚੰਡੀਗੜ੍ਹ, ਅਨਿਲ ਕੁਮਾਰ, ਰਕੇਸ਼ ਕੁਮਾਰ, ਰਵਿੰਦਰ ਕੁਮਾਰ ਕੌਸ਼ਲ, ਨਰੇਸ਼ ਕੁਮਾਰ, ਕਰਨਵੀਰ ਸਿੰਘ, ਅਰਮਾਨ ਸਿੰਘ, ਮਾਸਟਰ ਰਵਿੰਦਰ ਸਿੰਘ, ਸੁਨੀਲ ਕੁਮਾਰ ਸ਼ਰਮਾ ਸੁਸਾਇਟੀ ਦੇ ਇਸ ਪਵਿੱਤਰ ਕਾਰਜ ਵਿੱਚ ਮੋਹਰੀ ਭੂਮਿਕਾ ਅਦਾ ਕਰਦੇ ਹਨ। ਮਰੀਜ਼ ਦੇ ਪਰਿਵਾਰ ਵੱਲੋਂ ਇਸ ਨੇਕ ਕੰਮ ਲਈ ਸੁਸਾਇਟੀ ਦਾ ਧੰਨਵਾਦ ਕੀਤਾ ਗਿਆ।



# ਅੰਤਰਰਾਸ਼ਟਰੀ ਯੋਗ ਦਿਵਸ ਭਲਕੇ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 21 ਜੂਨ ਨੂੰ ਸਥਾਨਕ ਪੁਲਿਸ ਲਾਈਨ ਗਰਾਊਂਡ ਵਿੱਚ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ ਜਾਵੇਗਾ।ਇਸ ਸਬੰਧੀ ਐੱਸ ਡੀ ਐੱਮ ਹੁਸ਼ਿਆਰਪੁਰ ਪਰਮਪ੍ਰੀਤ ਸਿੰਘ ਨੇ ਪੁਲਿਸ ਲਾਈਨ ਗਰਾਊਂਡ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਤਿਆਰੀਆਂ ਦਾ ਜਾਇਜ਼ਾ ਲਿਆ ਅਤੇ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ। ਐੱਸ.ਡੀ.ਐੱਮ. ਪਰਮਪ੍ਰੀਤ ਸਿੰਘ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਅਗਵਾਈ ਹੇਠ ਵੱਖ-ਵੱਖ ਸੰਸਥਾਵਾਂ ਦੇ ਸਹਿਯੋਗ ਨਾਲ 21 ਜੂਨ ਨੂੰ ਸਵੇਰੇ 6 ਵਜੇ ਤੋਂ 7 ਵਜੇ ਤੱਕ ਪੁਲਿਸ ਲਾਈਨ ਗਰਾਊਂਡ ਵਿੱਚ ਜ਼ਿਲ੍ਹਾ ਪੱਧਰੀ ਅੰਤਰਰਾਸ਼ਟਰੀ ਯੋਗ ਦਿਵਸ ਸਮਾਗਮ ਕਰਵਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਭਾਗੀਦਾਰਾਂ ਦੀ ਰਜਿਸਟ੍ਰੇਸ਼ਨ ਸਵੇਰੇ 5 ਵਜੇ ਤੋਂ 5:30 ਵਜੇ ਤੱਕ ਕੀਤੀ ਜਾਵੇਗੀ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਸਮਾਗਮ ਦੀਆਂ ਤਿਆਰੀਆਂ ਦੀ ਸਮੇਂ-ਸਮੇਂ 'ਤੇ ਸਮੀਖਿਆ ਕੀਤੀ ਜਾਵੇ ਅਤੇ ਸਾਰੇ ਲੋੜੀਂਦੇ ਪ੍ਰਬੰਧ ਪਹਿਲਾਂ ਹੀ ਯਕੀਨੀ ਬਣਾਏ ਜਾਣ, ਤਾਂ ਜੋ ਸਮਾਗਮ ਦਾ ਆਯੋਜਨ ਸੁਚਾਰੂ ਢੰਗ ਨਾਲ ਕੀਤਾ ਜਾ ਸਕੇ। ਉਨ੍ਹਾਂ ਦੱਸਿਆ ਕਿ ਯੋਗ ਦਿਵਸ ਮੌਕੇ ਵੱਖ-ਵੱਖ ਟ੍ਰੇਨਰਾਂ ਵੱਲੋਂ ਯੋਗ ਅਭਿਆਸ ਕਰਵਾਇਆ ਜਾਵੇਗਾ ਅਤੇ ਸਿਹਤਮੰਦ ਜੀਵਨ ਸ਼ੈਲੀ ਵਿੱਚ ਯੋਗ ਦੀ ਮਹੱਤਵਪੂਰਨ ਭੂਮਿਕਾ ਬਾਰੇ ਵੀ ਜਾਣਕਾਰੀ ਦਿੱਤੀ ਜਾਵੇਗੀ। ਉਨ੍ਹਾਂ ਸਮਾਜ ਸੇਵੀ ਸੰਸਥਾਵਾਂ, ਪੁਲਸ ਵਿਭਾਗ, ਪੀ ਆਰ ਟੀ ਸੀ ਜਹਾਨ ਖੇਲਾਂ, ਬੀ.ਐੱਸ.ਐੱਫ. ਕੈਂਪ ਖੜਕਾਂ, ਵੱਖ-ਵੱਖ ਕਾਲਜਾਂ ਦੇ ਵਿਦਿਆਰਥੀਆਂ, ਯੂਥ ਕਲੱਬਾਂ ਦੇ ਮੈਂਬਰਾਂ, ਸਾਰੇ ਵਿਭਾਗਾਂ ਦੇ ਮੁਖੀਆਂ ਅਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ 21 ਜੂਨ ਨੂੰ ਸਵੇਰੇ ਪੁਲਸ ਲਾਈਨ ਗਰਾਊਂਡ ਪਹੁੰਚ ਕੇ ਜ਼ਿਲ੍ਹਾ ਪੱਧਰੀ ਯੋਗ ਦਿਵਸ ਸਮਾਗਮ ਵਿੱਚ ਵੱਧ-ਚੜ੍ਹ ਕੇ ਭਾਗ ਲੈਣ।ਐੱਸ.ਡੀ.ਐੱਮ. ਨੇ ਸਬੰਧਤ ਵਿਭਾਗਾਂ ਨੂੰ ਰਿਫਰੈਸ਼ਮੈਂਟ, ਪੀਣ ਵਾਲੇ ਪਾਣੀ, ਸਫ਼ਾਈ, ਮੁੱਢਲੀ ਸਹਾਇਤਾ, ਟ੍ਰੈਫਿਕ ਪ੍ਰਬੰਧ, ਟੈਂਟ ਅਤੇ ਹੋਰ ਲੋੜੀਂਦੇ ਪ੍ਰਬੰਧ ਯਕੀਨੀ ਬਣਾਉਣ ਦੇ ਵੀ ਨਿਰਦੇਸ਼ ਦਿੱਤੇ। ਮੀਟਿੰਗ ਵਿੱਚ ਜ਼ਿਲ੍ਹਾ ਆਯੁਰਵੇਦਿਕ ਅਤੇ ਯੂਨਾਨੀ ਅਧਿਕਾਰੀ ਡਾ. ਸੁਰਿੰਦਰਪਾਲ ਕੌਰ, ਨੋਡਲ ਅਧਿਕਾਰੀ ਡਾ. ਹਰੀਸ਼ ਭਾਟੀਆ ਸਮੇਤ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਬ੍ਰਾਂਡ ਇੰਦਰੀਆ ਨੇ ਜਲੰਧਰ 'ਚ ਆਪਣਾ ਪਹਿਲਾ ਸਟੋਰ ਕੀਤਾ ਲਾਂਚ

**ਜਲੰਧਰ (ਲਖਵਿੰਦਰ ਸਿੰਘ ਆਧੀ)**- ਆਦਿੱਤਿਆ ਬਿਰਲਾ ਜਵੈਲਰੀ ਦੇ ਬ੍ਰਾਂਡ ਇੰਦਰੀਆ ਨੇ ਜਲੰਧਰ ਵਿੱਚ ਆਪਣਾ ਪਹਿਲਾ ਸਟੋਰ ਲਾਂਚ ਕੀਤਾ ਹੈ, ਜਿਸ ਨਾਲ ਪੰਜਾਬ ਵਿੱਚ ਆਪਣੀ ਵਧਦੀ ਮੌਜੂਦਗੀ ਨੂੰ ਹੋਰ ਮਜ਼ਬੂਤੀ ਮਿਲੀ ਹੈ। ਇਹ ਰਾਜ ਵਿੱਚ ਬ੍ਰਾਂਡ ਦਾ ਚੌਥਾ ਸਟੋਰ ਹੈ। ਇਹ ਗਹਿਣਿਆਂ, ਤਿਉਹਾਰਾਂ ਦੀ ਖਰੀਦਦਾਰੀ ਅਤੇ ਡਿਜ਼ਾਈਨ-ਅਧਾਰਤ ਪ੍ਰਚੂਨ ਅਨੁਭਵਾਂ ਵਿੱਚ ਮਜ਼ਬੂਤ ਦਿਲਚਸਪੀ ਵਾਲੇ ਸੱਭਿਆਚਾਰਕ ਤੌਰ 'ਤੇ ਅਮੀਰ ਬਾਜ਼ਾਰਾਂ 'ਤੇ ਇਸ ਦੇ ਧਿਆਨ ਨੂੰ ਦਰਸਾਉਂਦਾ ਹੈ। ਇਸ ਮੌਕੇ ਇੰਦਰੀਆ ਦੇ ਸੀ ਈ ਓ ਸੰਦੀਪ ਕੋਹਲੀ ਨੇ ਕਿਹਾ, ਪੰਜਾਬ ਦੀ ਹਮੇਸ਼ਾ ਗਹਿਣਿਆਂ ਵਿੱਚ ਡੂੰਘੀ ਦਿਲਚਸਪੀ ਰਹੀ ਹੈ। ਇੱਥੇ ਲੋਕ ਗਹਿਣਿਆਂ ਨੂੰ ਸਿਰਫ਼ ਵਿਆਹਾਂ ਜਾਂ ਤਿਉਹਾਰਾਂ ਲਈ ਹੀ ਨਹੀਂ, ਸਗੋਂ ਆਪਣੀ ਨਿੱਜੀ ਸ਼ੈਲੀ ਅਤੇ ਰੋਜ਼ਾਨਾ ਪਛਾਣ ਦੇ ਹਿੱਸੇ ਵਜੋਂ ਵੀ ਦੇਖਦੇ ਹਨ। ਜਲੰਧਰ ਇੱਕ ਤੇਜ਼ੀ ਨਾਲ ਉੱਭਰ ਰਿਹਾ ਬਾਜ਼ਾਰ ਹੈ ਜਿੱਥੇ ਸਮਝਦਾਰ ਅਤੇ ਪਰਵਾਰ-ਮੁਖੀ ਗਾਹਕ ਹਨ। ਇਹ ਗਾਹਕ ਆਪਣੇ ਸ਼ਹਿਰ ਵਿੱਚ ਵਧੇਰੇ ਡਿਜ਼ਾਈਨ ਵਿਕਲਪ, ਉੱਤਮ ਕਾਰੀਗਰੀ ਅਤੇ ਇੱਕ ਵਧੇਰੇ ਉੱਚਾ ਖਰੀਦਦਾਰੀ ਅਨੁਭਵ ਚਾਹੁੰਦੇ ਹਨ। ਜਲੰਧਰ ਵਿੱਚ ਸਾਡੀ ਐਂਟਰੀ ਇੰਦਰੀਆ ਦੇ ਉੱਚ-ਸੰਭਾਵੀ ਉੱਭਰ ਰਹੇ ਬਾਜ਼ਾਰਾਂ ਵਿੱਚ ਵਿਸਤਾਰ ਕਰਨ ਅਤੇ ਖੇਤਰ ਦੀਆਂ ਸੱਭਿਆਚਾਰਕ ਸੂਖਮਤਾਵਾਂ ਅਤੇ ਤਰਜੀਹਾਂ ਦਾ ਸਤਿਕਾਰ ਕਰਦੇ ਹੋਏ ਸਮਕਾਲੀ, ਡਿਜ਼ਾਈਨ-ਅਧਾਰਤ ਗਹਿਣਿਆਂ ਨੂੰ ਵਧੇਰੇ ਪਹੁੰਚਯੋਗ ਬਣਾਉਣ ਦੇ ਵੱਡੇ ਦ੍ਰਿਸ਼ਟੀਕੋਣ ਨੂੰ ਦਰਸਾਉਂਦੀ ਹੈ।



# ਲੋਕਾਂ ਦੇ ਅਸਲ ਮੁੱਦਿਆਂ 'ਤੇ ਹੀ ਕੇਂਦਰਤ ਰਹਿਣ ਰਾਜਨੀਤਿਕ ਧਿਰਾਂ : ਕਰਨ ਸਿੰਘ ਰਾਣਾ

**ਬਲਾਚੌਰ / ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)**- ਪੰਜਾਬ ਦੀ ਧਰਤੀ ਨੂੰ ਗੁਰੂਆਂ, ਪੀਰਾਂ ਅਤੇ ਫਕੀਰਾਂ ਦਾ ਆਸ਼ੀਰਵਾਦ ਪ੍ਰਾਪਤ ਹੈ ਇਸ ਕਰਕੇ ਕੋਈ ਵੀ ਮਾਨਵਤਾ ਵਿਰੋਧੀ ਸਾਜਿਸ਼ ਪੰਜਾਬੀਆਂ ਵਿੱਚ ਮੌਜੂਦ ਭਾਈਚਾਰਕ ਸਾਂਝ ਨੂੰ ਨਹੀਂ ਤੋੜ ਸਕਦੀ। ਇੱਥੇ ਪ੍ਰੈਸ ਨਾਲ ਗੱਲਬਾਤ ਕਰਦੇ ਹੋਏ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸਾਥੀ ਕਰਨ ਸਿੰਘ ਰਾਣਾ ਜਨਰਲ ਸਕੱਤਰ ਸਾਂਝਾ ਕਿਸਾਨ ਮਜ਼ਦੂਰ ਮੋਰਚਾ ਸਬੰਧਤ ਭਾਈ ਲਾਲੋ ਲੋਕ ਮੰਚ ਪੰਜਾਬ ਨੇ ਕੀਤਾ। ਉਨ੍ਹਾਂ ਕਿਹਾ ਕਿ ਹਾਕਮ ਧਿਰਾਂ ਨਾਲ ਸਬੰਧਤ ਰਾਜਨੀਤਕ ਪਾਰਟੀਆਂ ਦੇ ਆਗੂ ਪੰਜਾਬ ਦੇ ਲੋਕਾਂ ਦੇ ਅਸਲ ਮੁੱਦਿਆਂ 'ਤੇ ਕੋਈ ਵੀ ਅੰਦੋਲਨ ਨਹੀਂ ਚਲਾ ਸਕੇ, ਇਸ ਲਈ ਇਨ੍ਹਾਂ ਧਿਰਾਂ ਦੀ ਪੂਰੀ ਕੋਸ਼ਿਸ਼ ਹੈ ਕਿ ਲੋਕਾਂ ਦੇ ਅਸਲ ਮੁੱਦਿਆਂ 'ਤੇ ਪਰਦਾ ਪਾ ਕੇ ਗੈਰ ਜ਼ਰੂਰੀ ਮੁੱਦੇ ਉਠਾ ਕੇ ਲੋਕਾਂ ਵਿੱਚ ਭੰਬਲਭੂਸਾ ਪੈਦਾ ਕੀਤਾ ਜਾਵੇ। ਇਨ੍ਹਾਂ ਧਿਰਾਂ ਦੀ ਇਹ ਵੀ ਕੋਸ਼ਿਸ਼ ਹੈ ਕਿ ਧਰਮ ਅਤੇ ਰਾਜਨੀਤੀ ਨੂੰ ਰਲਗੱਡ ਕਰਕੇ ਗੈਰ ਜ਼ਰੂਰੀ ਮੁੱਦਿਆਂ 'ਤੇ ਵਿਚਾਰ ਚਰਚਾ ਕਰਵਾਈ ਜਾਵੇ ਤਾਂ ਕਿ ਅਸਲ ਮੁੱਦੇ ਲੋਕਾਂ ਦੇ ਕੇਂਦਰ ਤੋਂ ਦੂਰ ਹੋ ਜਾਣ। ਉਨਾਂ ਕਿਹਾ ਕਿ ਅਸਲ ਮੁੱਦੇ ਤਾਂ ਰੋਜ਼ਗਾਰ, ਮਹਿੰਗਾਈ, ਭਰਿਸ਼ਟਾਚਾਰ, ਮਾਰੂ ਨਸ਼ੇ, ਅਮਨ ਕਾਨੂੰਨ, ਸਨਮਾਨਜਨਕ ਜੀਵਨ, ਹਰ ਤਰ੍ਹਾਂ ਦੇ ਜਬਰ ਨੂੰ ਰੋਕਣਾ, ਪੰਜਾਬ ਲਈ ਵੱਧ ਅਧਿਕਾਰ, ਸਰਕਾਰੀ ਵਿੱਦਿਆ ਅਤੇ ਇਲਾਜ ਹਨ। ਪਰ ਹਾਕਮ ਧਿਰਾਂ ਇਨ੍ਹਾਂ ਮੁੱਦਿਆਂ 'ਤੇ ਪਰਦਾ ਪਾ ਕੇ ਬੇਲੋੜੇ ਮੁੱਦੇ ਉਭਾਰ ਰਹੀਆਂ ਹਨ। ਸਥਾਨਕ ਮੁੱਦਿਆਂ ਵਿੱਚ ਗੈਰ ਕਾਨੂੰਨੀ ਮਾਈਨਿੰਗ, ਚੁਸਤ ਦਰੁਸਤ ਸਰਕਾਰੀ ਇਲਾਜ ਦਾ ਪ੍ਰਬੰਧ, ਫੈਕਟਰੀਆਂ ਵੱਲੋਂ ਪੈਦਾ ਕੀਤਾ ਜਾ ਰਿਹਾ ਹਵਾ ਪਾਣੀ ਦਾ ਪ੍ਰਦੂਸ਼ਣ ਅਤੇ ਸਮਾਜਿਕ ਜਬਰ ਤੇ ਪੁਲਿਸ ਜਬਰ ਹਨ। ਸਾਥੀ ਰਾਣਾ ਨੇ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਉਹ ਰਾਜਨੀਤਕ ਧਿਰਾਂ ਨੂੰ ਅਸਲ ਮੁਦਿਆਂ 'ਤੇ ਆਪਣਾ ਧਿਆਨ ਕੇਂਦਰਿਤ ਕਰਨ ਲਈ ਜ਼ੋਰ ਪਾਉਣ। ਇਸ ਮੌਕੇ ਉਨਾਂ ਨਾਲ ਕਿਸਾਨ ਆਗੂ ਹਰਪਾਲ ਸਿੰਘ ਮੱਕੋਵਾਲ, ਗੁਰਮੁਖ ਸਿੰਘ, ਜਸਪ੍ਰੀਤ ਬਾਜਵਾ ਐਡਵੋਕੇਟ, ਕਿਸਾਨ ਆਗੂ ਕਰਨੈਲ ਸਿੰਘ ਭੱਲਾ ਅਤੇ ਚਰਨਜੀਤ ਸਿੰਘ ਵੀ ਹਾਜ਼ਰ ਸਨ।



# ਹਰਵਿੰਦਰ ਸਿੰਘ ਹੀਰਾ ਸ਼ਾਮ 84 ਦੇ ਹਲਕਾ ਇੰਚਾਰਜ ਨਿਯੁਕਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਬਹੁਜਨ ਸਮਾਜ ਦੇ ਨਿਧੜਕ ਤੇ ਸਮਾਜ ਸੇਵੀ ਨੌਜਵਾਨ ਆਗੂ ਹਰਵਿੰਦਰ ਸਿੰਘ ਹੀਰਾ ਜਿਨਾਂ ਨੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਅਤੇ ਕਾਰਜਕਾਰੀ ਪ੍ਰਧਾਨ ਇਮਾਨ ਸਿੰਘ ਮਾਨ ਦੀ ਅਗਵਾਈ ਹੇਠ ਫਗਵਾੜਾ ਵਿਖੇ ਬੇਗਮਪੁਰਾ ਪੰਥਕ ਇਕੱਠ ਨੂੰ ਕਾਮਯਾਬ ਕਰਨ ਲਈ ਬਹੁਤ ਵੱਡਾ ਯੋਗਦਾਨ ਦਿੱਤਾ ਅਤੇ ਪਾਰਟੀ ਲਈ ਕੀਤੀ ਮਿਹਨਤ ਸਦਕਾ ਪਾਰਟੀ ਦੇ ਦੁਆਬਾ ਇੰਚਾਰਜ ਡਾਕਟਰ ਹਰਜਿੰਦਰ ਸਿੰਘ ਜੱਖੂ ਨੇ ਪਾਰਟੀ ਪ੍ਰਧਾਨ ਸਰਦਾਰ ਸਿਮਰਨਜੀਤ ਸਿੰਘ ਮਾਨ, ਕਾਰਜਕਾਰੀ ਪ੍ਰਧਾਨ ਸਰਦਾਰ ਇਮਾਨ ਸਿੰਘ ਮਾਨ, ਗੁਰਦੀਪ ਸਿੰਘ ਖੁਣਖੁਣ ਸੀਨੀਅਰ ਮੀਤ ਪ੍ਰਧਾਨ ਕਿਸਾਨ ਵਿੰਗ, ਗੁਰਨਾਮ ਸਿੰਘ ਸਿੰਗੜੀਵਾਲਾ ਜਿਲਾ ਪ੍ਰਧਾਨ ਅਤੇ ਸੰਦੀਪ ਸਿੰਘ ਖਾਲਸਾ ਟਾਂਡਾ ਮੈਂਬਰ ਪੀ ਏ ਸੀ ਦੀ ਸਲਾਹ ਨਾਲ ਹਰਵਿੰਦਰ ਸਿੰਘ ਹੀਰਾ ਨੂੰ ਵਿਧਾਨ ਸਭਾ ਹਲਕਾ ਸ਼ਾਮ 84 ਦਾ ਇੰਚਾਰਜ ਨਿਯੁਕਤ ਕੀਤਾ। ਹਰਵਿੰਦਰ ਸਿੰਘ ਹੀਰਾ ਦੀ ਹਲਕਾ ਸ਼ਾਮ 84 ਤੋਂ ਨਿਯੁਕਤੀ ਦਾ ਮਾਸਟਰ ਕੁਲਦੀਪ ਸਿੰਘ ਮਸੀਤੀ, ਪਰਮਿੰਦਰ ਸਿੰਘ ਮਕੇਰੀਆਂ, ਬੀਬੀ ਰਾਜਵਿੰਦਰ ਕੌਰ ਢੱਡੇ ਫਤਿਹ ਸਿੰਘ ਜਿਲਾ ਪ੍ਰਧਾਨ ਇਸਤਰੀ ਵਿੰਗ, ਮਹਿਤਾਬ ਸਿੰਘ ਹੁੰਦਲ, ਅਵਤਾਰ ਸਿੰਘ ਮਾਹੀ ਦਾ ਵਡਾਲਾ, ਸਤਨਾਮ ਸਿੰਘ ਧਾਮੀਆਂ, ਸੁਖਦੇਵ ਸਿੰਘ ਮਿਰਚਾਂ ਵਾਲੇ, ਪ੍ਰਿੰਸੀਪਲ ਕੇਵਲ ਸਿੰਘ, ਬੀਬੀ ਸੁਖਜੀਤ ਕੌਰ ਭਵਿਆਣਾ, ਜਗਦੀਸ਼ ਸਿੰਘ ਚੱਬੇਵਾਲ, ਗੁਰਮੁਖ ਸਿੰਘ ਬਾਜਵਾ ਅੱਛਾ, ਸੁਰਿੰਦਰ ਸਿੰਘ ਨਸਰਾਲਾ, ਹੈਪੀ ਕੋਲ, ਕੁਲਦੀਪ ਸਿੰਘ ਗੜਸ਼ੰਕਰ, ਸੁਖਦੇਵ ਸਿੰਘ ਕਾਹਰੀ, ਸਤਵੰਤ ਸਿੰਘ ਮੁਰਾਦਪੁਰ, ਪਰਮਜੀਤ ਸਿੰਘ ਮਿੰਟੂ, ਅਮਰਜੀਤ ਸਿੰਘ ਗੋਕਲ ਨਗਰ, ਲਾਭ ਸਿੰਘ ਨਸਰਾਲਾ, ਸੰਦੀਪ ਮੂਲਨਿਵਾਸੀ,ਸੁਖਦੇਵ ਸਿੰਘ ਸੁੱਖਾ, ਮਨਜੀਤ ਸਿੰਘ ਲੰਬੜਦਾਰ, ਇੰਦਰਜੀਤ ਸਿੰਘ ਬਸੀ ਮਰੂਫ, ਪ੍ਰਿਤਪਾਲ ਸਿੰਘ ਮੁਰਾਦਪੁਰ ਆਦਿ ਨੇ ਸਵਾਗਤ ਕੀਤਾ।

ਇਸ ਸਮੇਂ ਹਰਵਿੰਦਰ ਸਿੰਘ ਹੀਰਾ ਨੇ ਪਾਰਟੀ ਪ੍ਰਧਾਨ ਸਰਦਾਰ ਸਿਮਰਨਜੀਤ ਸਿੰਘ ਮਾਨ ਅਤੇ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕੀਤਾ।



# ਗੁਰਦੁਆਰਾ ਸੰਤ ਬਾਬਾ ਨਿਧਾਨ ਸਿੰਘ ਨਡਾਲੋਂ ਵੱਲੋਂ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਗੁਰਦੁਆਰਾ ਜਨਮ ਅਸਥਾਨ ਸੰਤ ਬਾਬਾ ਨਿਧਾਨ ਸਿੰਘ ਜੀ ਪਿੰਡ ਨਡਾਲੋਂ ਵੱਲੋਂ ਸੰਤ ਬਾਬਾ ਨਰਿੰਦਰ ਸਿੰਘ-ਸੰਤ ਬਾਬਾ ਬਲਵਿੰਦਰ ਸਿੰਘ ਸ੍ਰੀ ਹਜ਼ੂਰ ਸਾਹਿਬ ਵਾਲਿਆਂ ਦੀ ਸਰਪ੍ਰਸਤੀ ਤੇ ਜਥੇਦਾਰ ਬਾਬਾ ਗੁਰਮੀਤ ਸਿੰਘ ਕਾਰ ਸੇਵਾ ਵਾਲਿਆਂ ਦੀ ਦੇਖ-ਰੇਖ ਹੇਠ ਸ਼ਹੀਦਾਂ ਦੇ ਸਿਰਤਾਜ ਧੰਨ-ਧੰਨ ਸ੍ਰੀ ਗੁਰੂ ਅਰਜਨ ਦੇਵ ਜੀ, ਘੱਲੂਘਾਰਾ ਜੂਨ 1984 ਤੇ ਖਾਲਸਾ ਪੰਥ ਦੇ ਸਮੂਹ ਸ਼ਹੀਦਾਂ ਨੂੰ ਸਮਰਪਤ ਮੁੱਖ ਸੜਕ ਨਡਾਲੋਂ ਨਹਿਰ ਵਾਲੇ ਪੁਲ ਕੋਲ ਲਗਾਏ ਗਏ ਠੰਢੇ ਮਿੱਠੇ ਜਲ ਦੀ ਛਬੀਲ ਅਤੇ ਛੋਲਿਆਂ ਤੇ ਹਲਵੇ ਦੇ ਵਿਸ਼ਾਲ ਲੰਗਰ ਸੇਵਾ ਤੇ ਸਿਮਰਨ ਦਾ ਸੰਦੇਸ਼ ਦਿੰਦਿਆਂ ਸਮਾਪਤ ਹੋ ਗਏ। ਇਸ ਮੌਕੇ ਲੰਗਰ ਦੀ ਆਰੰਭਤਾ ਦੀ ਅਰਦਾਸ ਭਾਈ ਰਣਜੋਧ ਸਿੰਘ ਨਡਾਲੋਂ ਸੰਤ ਬਾਬਾ ਨਿਧਾਨ ਸਿੰਘ ਸ੍ਰੀ ਹਜ਼ੂਰ ਸਾਹਿਬ ਵਾਲਿਆਂ ਦੇ ਭਰਾ ਦੇ ਛੜਪੋਤਰੇ ਨੇ ਕੀਤੀ ਅਤੇ ਵਿਸ਼ਾਲ ਲੰਗਰਾਂ ਦੀ ਸ਼ੁੱਭ ਆਰੰਭਤਾ ਜਥੇਦਾਰ ਬਾਬਾ ਗੁਰਮੀਤ ਸਿੰਘ ਨਡਾਲੋਂ ਕਾਰ ਸੇਵਾ ਵਾਲਿਆਂ ਨੇ ਕਰਵਾਈ। ਇਸ ਦੌਰਾਨ ਵੱਖ-ਵੱਖ ਸੰਪਰਦਾਵਾਂ ਦੇ ਮੁਖੀਆਂ ਸੰਤ ਬਾਬਾ ਗੁਰਚਰਨ ਸਿੰਘ ਬੱਡੋਂ, ਸੰਤ ਬਾਬਾ ਅਮਰਜੀਤ ਸਿੰਘ ਹਰਖੋਵਾਲ, ਬਾਬਾ ਕਰਮਜੀਤ ਸਿੰਘ ਟਿੱਬਾ ਸਾਹਿਬ ਅਤੇ ਵੱਖ-ਵੱਖ ਪਿੰਡਾਂ ਦੀਆਂ ਸੰਗਤਾਂ, ਰਾਹਗੀਰਾਂ ਨੇ ਵੱਡੀ ਗਿਣਤੀ ਵਿਚ ਹਾਜ਼ਰੀਆਂ ਭਰੀਆਂ ਤੇ ਲੰਗਰ ਛਕੇ। ਇਸ ਮੌਕੇ ਜਥੇਦਾਰ ਲਖਵਿੰਦਰ ਸਿੰਘ ਬਿੰਦਾ, ਅਮਰਜੀਤ ਸਿੰਘ ਖਾਲਸਾ ਜਾਂਗਲੀਆਣਾ, ਧਰਮਿੰਦਰ ਸਿੰਘ ਸੋਨੂੰ, ਬਾਬਾ ਜਰਨੈਲ ਸਿੰਘ, ਭਾਈ ਪਰਮਜੀਤ ਸਿੰਘ ਭਾਮ, ਦਲਵੀਰ ਸਿੰਘ ਭੱਟੀ, ਕਮਲਜੀਤ ਸਿੰਘ ਰਾਣਾ ਅਜਨੋਹਾ, ਕਿਰਪਾਲ ਸਿੰਘ ਪਾਲਾ ਅਜਨੋਹਾ, ਬਲਜਿੰਦਰ ਸਿੰਘ ਪੰਜੌੜ, ਸਰਬਪ੍ਰੀਤ ਸਿੰਘ ਨਡਾਲੋਂ, ਬੂਟਾ ਸਿੰਘ ਨਡਾਲੋਂ, ਮਨਪ੍ਰੀਤ ਸਿੰਘ, ਦੀਪਇੰਦਰ ਸਿੰਘ, ਹਰਦੀਪ ਸਿੰਘ ਇਟਲੀ, ਦਿਲਪ੍ਰੀਤ ਸਿੰਘ, ਨਵਾਬ ਸਿੰਘ ਹਰਿਆਣਾ, ਚੰਦਨਦੀਪ ਸਿੰਘ, ਸਤਿਕਾਰ ਸਿੰਘ, ਫ਼ਤਹਿ ਸਿੰਘ, ਬਲਿਹਾਰ ਸਿੰਘ, ਸਹਿਜ ਸਿੰਘ ਗੋਰਾ, ਰਾਜੂ ਬੰਬੇ, ਹਰਭਜਨ ਕੌਰ, ਬਲਬੀਰ ਕੌਰ, ਗੁਰਦੀਪ ਕੌਰ, ਕੋਮਲਪ੍ਰੀਤ ਕੌਰ, ਜਸਵੰਤ ਕੌਰ, ਮਨਵੀਰ ਸਿੰਘ, ਗੁਰਸ਼ਬਦ ਸਿੰਘ ਆਦਿ ਹਾਜ਼ਰ ਸਨ।



## ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 2.86 ਕਰੋੜ ਦੇ ਪ੍ਰੋਸਟੇਟ ਕੈਂਸਰ ਇਲਾਜ ਪੈਕੇਜ ਮਨਜ਼ੂਰ : ਡਾ. ਬਲਬੀਰ ਸਿੰਘ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਸਟੇਟ ਹੈਲਥ ਏਜੰਸੀ ਪੰਜਾਬ ਦੇ ਅੰਕੜਿਆਂ ਅਨੁਸਾਰ ਪੰਜਾਬ ਦੀ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਪ੍ਰੋਸਟੇਟ ਕੈਂਸਰ ਦੇ ਇਲਾਜਾਂ ਵਿੱਚ ਲਗਭਗ 60 ਫੀਸਦ ਹਿੱਸਾ ਹਾਰਮੋਨ ਥੈਰੇਪੀ ਲਈ ਰਿਹਾ ਹੈ। ਇਹ ਅੰਕੜੇ ਦੱਸਦੇ ਹਨ ਕਿ ਸੂਬੇ ਵਿੱਚ ਪ੍ਰੋਸਟੇਟ ਕੈਂਸਰ ਦਾ ਬੋਝ ਵਧ ਰਿਹਾ ਹੈ ਅਤੇ ਨਾਲ ਹੀ ਐਡਵਾਂਸਡ ਕੈਂਸਰ ਸਬੰਧੀ ਇਲਾਜ ਦੇ ਖਰਚ ਨੂੰ ਪੂਰਾ ਕਰਨ ਲਈ ਲੋਕਾਂ ਦਾ ਸਰਕਾਰੀ ਸਿਹਤ ਯੋਜਨਾਵਾਂ 'ਤੇ ਵੱਧ ਭਰੋਸਾ ਵੀ ਵਧ ਰਿਹਾ ਹੈ।ਸਟੇਟ ਹੈਲਥ ਏਜੰਸੀ ਦੇ ਅੰਕੜਿਆਂ ਮੁਤਾਬਿਕ ਪਿਛਲੇ ਪੰਜ ਮਹੀਨਿਆਂ ਵਿੱਚ ਪ੍ਰੋਸਟੇਟ ਕੈਂਸਰ ਨਾਲ ਸੰਬੰਧਤ 1478 ਇਲਾਜ ਪੈਕੇਜ ਮਨਜ਼ੂਰ ਕੀਤੇ ਗਏ, ਜਿਨ੍ਹਾਂ 'ਤੇ ਕੁੱਲ 2.86 ਕਰੋੜ ਰੁਪਏ ਦਾ ਖਰਚ ਹੋਇਆ। ਇਨ੍ਹਾਂ ਵਿੱਚ ਹਾਰਮੋਨ ਥੈਰੇਪੀ ਸਭ ਤੋਂ ਮੁੱਖ ਇਲਾਜ ਰਹੀ, ਜਿਸ ਦੇ 918 ਆਪ੍ਰੇਸ਼ਨ ਕੀਤੇ ਗਏ। ਇਹ ਕੁੱਲ ਮਨਜ਼ੂਰ ਇਲਾਜਾਂ ਦਾ ਲਗਭਗ 60 ਪ੍ਰਤੀਸ਼ਤ ਹੈ ਅਤੇ ਇਸ ਇਲਾਜ 'ਤੇ 1.57 ਕਰੋੜ ਰੁਪਏ ਖਰਚ ਹੋਇਆ, ਜੋ ਕੁੱਲ ਖਰਚ ਦਾ ਅੱਧ ਤੋਂ ਵੱਧ ਹਿੱਸਾ ਬਣਦਾ ਹੈ।ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ, ਐਡਵਾਂਸਡ ਪ੍ਰੋਸਟੇਟ ਕੈਂਸਰ ਦੇ ਇਲਾਜ ਵਿੱਚ ਹਾਰਮੋਨ ਥੈਰੇਪੀ ਅਜੇ ਵੀ ਸਭ ਤੋਂ ਮਹੱਤਵਪੂਰਨ ਵਿਕਲਪ ਹੈ ਕਿਉਂਕਿ ਇਹ ਟੈਸਟੋਸਟੇਰੋਨ, ਜੋ ਟਿਊਮਰ ਦੇ ਵਾਧੇ ਕਾਰਨ ਹੈ, ਦੇ ਪੱਧਰ ਨੂੰ ਘਟਾਉਂਦੀ ਹੈ। ਜਦੋਂ ਕੈਂਸਰ ਪ੍ਰੋਸਟੇਟ ਗ੍ਰੰਥੀ ਤੱਕ ਸੀਮਿਤ ਨਹੀਂ ਰਹਿੰਦਾ ਤਾਂ ਇਸਨੂੰ ਇਲਾਜ ਦੇ ਪਹਿਲੇ ਅਤੇ ਮੁੱਖ ਵਿਕਲਪ ਵਜੋਂ ਵਰਤਿਆ ਜਾਂਦਾ ਹੈ। ਸਟੇਟ ਹੈਲਥ ਏਜੰਸੀ ਦੇ ਅੰਕੜਿਆਂ ਅਨੁਸਾਰ, ਹਾਰਮੋਨ ਆਧਾਰਿਤ ਇਲਾਜਾਂ ਵਿੱਚ ਲਿਉਪ੍ਰੋਲਾਈਡ ਸਭ ਤੋਂ ਵੱਧ ਵਰਤੀ ਜਾਣ ਵਾਲੀ ਦਵਾਈ ਰਹੀ ਹੈ। ਜ਼ਿਕਰਯੋਗ ਹੈ ਕਿ 853 ਪ੍ਰਕਿਰਿਆਵਾਂ ਇਸ ਦੀਆਂ ਵੱਖ-ਵੱਖ ਖੁਰਾਕਾਂ ਵਰਤੀਆਂ ਗਈਆਂ, ਜਿਨ੍ਹਾਂ ਦੀ ਲਾਗਤ 1.43 ਕਰੋੜ ਰੁਪਏ ਤੋਂ ਵੱਧ ਰਹੀ। ਯੋਜਨਾ ਤਹਿਤ ਕੀਮੋਥੈਰੇਪੀ ਦੂਜਾ ਸਭ ਤੋਂ ਵੱਡਾ ਇਲਾਜ ਰਿਹਾ। ਇਸ ਦੇ 490 ਕੇਸਾਂ ਦਾ ਇਲਾਜ ਕੀਤਾ ਗਿਆ, ਜਿਨ੍ਹਾਂ 'ਤੇ 1.15 ਕਰੋੜ ਰੁਪਏ ਦਾ ਖਰਚ ਹੋਇਆ।

ਇਨ੍ਹਾਂ ਵਿੱਚ ਡੋਸੇਟੈਕਸਲ ਆਧਾਰਿਤ ਇਲਾਜ ਦੇ ਨਾਲ ਪੈਕਲੀਟੈਕਸਲ-ਕਾਰਬੋਪਲੈਟਿਨ, ਸਿਸਪਲੈਟਿਨ-ਇਟੋਪੋਸਾਈਡ ਅਤੇ ਮਾਈਟੋਕਸੈਂਟਰੋਨ ਵਰਗੇ ਕੌਂਬਿਨੇਸ਼ਨ ਸ਼ਾਮਲ ਸਨ।

# ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਵਿਖੇ ਗੱਤਕਾ, ਲੈਕਚਰ ਤੇ ਗੁਰਬਾਣੀ ਕੰਠ ਮੁਕਾਬਲਿਆਂ ਕਰਵਾਏ

**ਮੋਹਾਲੀ (ਗੁਰਜੀਤ ਬਿੱਲਾ)**- ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਦੀ ਪ੍ਰਬੰਧਕ ਕਮੇਟੀ ਵਲੋ ਬੱਚਿਆਂ ਨੂੰ ਗੁਰਸਿੱਖੀ ਨਾਲ ਜੋੜਨ ਲਈ 18 ਰੋਜ਼ਾ ਗੁਰਮਤਿ ਗਿਆਨ, ਭਾਸ਼ਾ ਗਿਆਨ, ਸਿੱਖ ਇਤਿਹਾਸ ਅਤੇ ਸਿੱਖ ਸ਼ਸ਼ਤਰ ਗੱਤਕਾ ਸਿਖਲਾਈ ਕੈਂਪ ਦਾ ਆਯੋਜਨ ਕਰਵਾਇਆ ਗਿਆ।ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦੱਸਿਆ ਕਿ ਇਸ ਕੈਂਪ ਵਿੱਚ ਕੁੱਲ 118 ਵਿਦਿਆਰਥੀਆਂ ਵਲੋਂ ਭਾਗ ਲਿਆ ਗਿਆ। ਕੈਂਪ ਦੌਰਾਨ ਬੱਚਿਆਂ ਨੂੰ ਸਿਹਤਮੰਦ ਖੁਰਾਕ ਦੇ ਮੱਦੇਨਜ਼ਰ ਛੋਲੇ, ਕੇਲੇ, ਫਰੂਟ ਚਾਟ ਅਤੇ ਹੋਰ ਪੌਸ਼ਟਿਕ ਪਦਾਰਥ ਮੁਹੱਈਆ ਕਰਵਾਏ ਗਏ। ਸਮੂਹ ਵਿਦਿਆਰਥੀਆਂ ਨੂੰ ਸਿੱਖ ਇਤਿਹਾਸ ਨਾਲ ਜਾਣੂ ਕਰਵਾਉਣ ਲਈ ਸ਼ਹੀਦਾਂ ਦੀ ਧਰਤੀ ਗੁਰਦੁਆਰਾ ਸ੍ਰੀ ਚਮਕੌਰ ਸਾਹਿਬ ਜੀ, ਗੁਰਦੁਆਰਾ ਸ੍ਰੀ ਮਾਛੀਵਾੜਾ ਸਾਹਿਬ ਜੀ ਅਤੇ ਗੁਰਦੁਆਰਾ ਕੋਤਵਾਲੀ ਸਾਹਿਬ ਜੀ ਦੀ ਧਾਰਮਿਕ ਯਾਤਰਾ ਵੀ ਕਰਵਾਈ ਗਈ। ਅੱਜ ਕੈਂਪ ਦੇ ਅਖੀਰਲੇ ਦਿਨ ਵਿਦਿਆਰਥੀਆਂ ਦੇ ਗੱਤਕਾ, ਲੈਕਚਰ, ਗੁਰਬਾਣੀ ਕੰਠ ਮੁਕਾਬਲੇ ਕਰਵਾਏ ਗਏ। ਜੇਤੂ ਵਿਦਿਆਰਥੀਆਂ ਨੂੰ ਨਗਦੀ ਅਵਾਰਡ, ਇਤਿਹਾਸਕ ਕਿਤਾਬਾਂ ਅਤੇ ਸਨਮਾਨ ਚਿੰਨ੍ਹਾਂ ਨਾਲ ਸਨਮਾਨਤ ਕੀਤਾ ਗਿਆ। ਇਨਾਂ ਵਿਦਿਆਰਥੀਆਂ ਵਿੱਚੋ ਬੀਬੀ ਜਸਲੀਨ ਕੌਰ ਅਤੇ ਅਰਸ਼ਦੀਪ ਸਿੰਘ ਨੂੰ ਬੈਸਟ ਵਿਦਿਆਰਥੀ ਦਾ ਖਿਤਾਬ ਦਿੱਤਾ ਗਿਆ। ਇਸ ਮੌਕੇ ਤੇ ਗੁਰਦੁਆਰਾ ਪ੍ਰਬੰਧਕ ਕਮੇਟੀ, ਗੱਤਕਾ ਅਖਾੜਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਕੋਚ ਦਵਿੰਦਰ ਸਿੰਘ, ਪਿੰਡ ਅਤੇ ਇਲਾਕੇ ਦੇ ਪਤਵੰਤੇ ਸਜੱਣ ਅਤੇ ਵੱਡੀ ਗਿਣਤੀ ਵਿੱਚ ਸੰਗਤ ਬੱਚਿਆਂ ਦੀ ਹੌਸਲਾ ਅਫਜ਼ਾਈ ਕਰਨ ਲਈ ਪੁਜੀ ਹੋਈ ਸੀ। ਇਸ ਮੌਕੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਨੇ ਦੱਸਿਆ ਕਿ ਭੱਵਿਖ ਵਿੱਚ ਵੀ ਇਸ ਤਰ੍ਹਾਂ ਦੇ ਗੁਰਮਤਿ ਅਤੇ ਗੱਤਕਾ ਕੈਂਪ ਲਗਾ ਕੇ ਨੌਜਵਾਨ ਪੀੜੀ ਨੂੰ ਗੁਰੂ ਘਰ ਅਤੇ ਗੁਰਸਿੱਖੀ ਨਾਲ ਜੋੜਿਆ ਜਾਂਦਾ ਰਹੇਗਾ। ਕੈਂਪ ਦੀ ਸਮਾਪਤੀ ਦੌਰਾਨ ਮਿਠਾਈਆਂ ਅਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।



# ਜ਼ਿਲ੍ਹਾ ਪ੍ਰਸ਼ਾਸਨ ਨੇ ਹੜ੍ਹ ਪ੍ਰਬੰਧ ਦੀਆਂ ਤਿਆਰੀਆਂ ਤੇਜ਼ ਕੀਤੀਆਂ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**- ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੇ ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਵਿੱਚ ਸੰਭਾਵਿਤ ਹੜ੍ਹ ਦੀ ਸਥਿਤੀ ਨਾਲ ਨਜਿੱਠਣ ਲਈ ਜ਼ਿਲ੍ਹਾ ਪ੍ਰਸ਼ਾਸਨ ਨੇ ਆਪਣੀਆਂ ਤਿਆਰੀਆਂ ਤੇਜ਼ ਕਰ ਦਿੱਤੀਆਂ ਹਨ। ਇਸ ਸੰਬੰਧੀ ਵੀਰਵਾਰ ਨੂੰ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਵਿੱਚ ਵੱਖ-ਵੱਖ ਵਿਭਾਗਾਂ ਦੇ ਮੁਖੀਆਂ ਦੀ ਮੀਟਿੰਗ ਆਯੋਜਿਤ ਕੀਤੀ ਗਈ, ਜਿਸ ਦੀ ਅਗਵਾਈ ਜ਼ਿਲ੍ਹਾ ਮਾਲ ਅਧਿਕਾਰੀ-ਕਮ-ਨੋਡਲ ਅਧਿਕਾਰੀ (ਹੜ੍ਹ ਪ੍ਰਬੰਧਨ) ਅਮਨਦੀਪ ਚਾਵਲਾ ਨੇ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਅਮਨਦੀਪ ਚਾਵਲਾ ਨੇ ਕਿਹਾ ਕਿ ਬਰਸਾਤ ਦਾ ਮੌਸਮ ਸ਼ੁਰੂ ਹੋ ਚੁੱਕਾ ਹੈ, ਇਸ ਲਈ ਸਾਰੇ ਸਬੰਧਤ ਵਿਭਾਗ ਸਮੇਂ ਸਿਰ ਆਪਣੀਆਂ ਤਿਆਰੀਆਂ ਮੁਕੰਮਲ ਕਰ ਲੈਣ ਤਾਂ ਜੋ ਕਿਸੇ ਵੀ ਐਮਰਜੈਂਸੀ ਸਥਿਤੀ ਦਾ ਪ੍ਰਭਾਵਸ਼ਾਲੀ ਢੰਗ ਨਾਲ ਸਾਹਮਣਾ ਕੀਤਾ ਜਾ ਸਕੇ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪੱਧਰ 'ਤੇ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਦੇ ਕਮਰਾ ਨੰਬਰ 138 ਵਿੱਚ ਹੜ੍ਹ ਕੰਟਰੋਲ ਰੂਮ ਸਥਾਪਿਤ ਕੀਤਾ ਗਿਆ ਹੈ ਅਤੇ ਇਸ ਦਾ ਹੈਲਪਲਾਈਨ ਨੰਬਰ 01882-220412 ਹੈ। ਉਨ੍ਹਾਂ ਨਿਰਦੇਸ਼ ਦਿੱਤੇ ਕਿ ਉਪ-ਮੰਡਲ ਪੱਧਰ 'ਤੇ ਕਿਸ਼ਤੀਆਂ ਸਮੇਤ ਹੋਰ ਲੋੜੀਂਦੇ ਸਰੋਤਾਂ ਦੀ ਉਪਲਬੱਧਤਾ ਯਕੀਨੀ ਬਣਾਈ ਜਾਵੇ। ਜੇਕਰ ਕੋਈ ਕਿਸ਼ਤੀ ਖ਼ਰਾਬ ਹੈ ਤਾਂ ਉਸ ਦੀ ਮੁਰੰਮਤ ਨੂੰ ਤਰਜੀਹੀ ਆਧਾਰ 'ਤੇ ਕਰਵਾਇਆ ਜਾਵੇ। ਇਸ ਤੋਂ ਇਲਾਵਾ ਗੋਤਾਖੋਰਾਂ ਦੀ ਪਛਾਣ ਵੀ ਪਹਿਲਾਂ ਹੀ ਕਰ ਲਈ ਜਾਵੇ। ਉਨ੍ਹਾਂ ਕਿਹਾ ਕਿ ਤਹਿਸੀਲ ਪੱਧਰ 'ਤੇ ਵੀ ਹੜ੍ਹ ਕੰਟਰੋਲ ਰੂਮ ਸਥਾਪਿਤ ਕਰਕੇ ਇਸ ਦੀ ਜਾਣਕਾਰੀ ਡਿਪਟੀ ਕਮਿਸ਼ਨਰ ਦਫ਼ਤਰ ਨੂੰ ਦਿੱਤੀ ਜਾਵੇ। ਉਨ੍ਹਾਂ ਸਿਵਲ ਸਰਜਨ ਨੂੰ ਲੋੜੀਂਦੀਆਂ ਦਵਾਈਆਂ ਅਤੇ ਸਿਹਤ ਸਬੰਧੀ ਤਿਆਰੀਆਂ ਮੁਕੰਮਲ ਰੱਖਣ, ਪਸ਼ੂ ਪਾਲਣ ਵਿਭਾਗ ਨੂੰ ਪਸ਼ੂਆਂ ਲਈ ਚਾਰੇ ਦੀ ਵਿਵਸਥਾ ਕਰਨ ਅਤੇ ਡਰੇਨੇਜ ਵਿਭਾਗ ਨੂੰ ਪਾਣੀ ਦੀ ਨਿਕਾਸੀ ਸਬੰਧੀ ਪ੍ਰਬੰਧ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਇਸ ਤੋਂ ਇਲਾਵਾ ਸਕੂਲ ਸਿੱਖਿਆ ਵਿਭਾਗ ਨੂੰ ਸਕੂਲ ਇਮਾਰਤਾਂ ਦੀ ਜਾਂਚ ਕਰਕੇ ਲੋੜੀਂਦੀਆਂ ਵਿਵਸਥਾਵਾਂ ਯਕੀਨੀ ਬਣਾਉਣ ਅਤੇ ਲੋਕ ਨਿਰਮਾਣ ਵਿਭਾਗ ਨੂੰ ਸੜਕਾਂ ਅਤੇ ਹੋਰ ਬੁਨਿਆਦੀ ਢਾਂਚੇ ਨਾਲ ਸਬੰਧਤ ਤਿਆਰੀਆਂ ਬਣਾਈ ਰੱਖਣ ਲਈ ਕਿਹਾ ਗਿਆ। ਉਨ੍ਹਾਂ ਹੋਰ ਸਾਰੇ ਵਿਭਾਗਾਂ ਨੂੰ ਵੀ ਪੂਰੀ ਚੌਕਸੀ ਅਤੇ ਆਪਸੀ ਤਾਲਮੇਲ ਨਾਲ ਕੰਮ ਕਰਨ ਦੇ ਨਿਰਦੇਸ਼ ਦਿੱਤੇ।



# ਪੀਰ ਬਾਬਾ ਕੱਲੂ ਸ਼ਾਹ ਦਾ ਸੱਭਿਆਚਾਰਕ ਮੇਲਾ ਕਰਵਾਇਆ

**ਅੱਡਾ ਸਰਾਂ (ਜਸਵੀਰ ਕਾਜਲ)**- ਪਿੰਡ ਨੈਨੋਵਾਲ ਵੈਦ ਵਿਖੇ ਸਥਿਤ ਪੀਰ ਬਾਬਾ ਕੱਲੂ ਸ਼ਾਹ ਦਾ 33ਵਾਂ ਸਲਾਨਾ ਸੱਭਿਆਚਾਰਕ ਯਾਦਗਾਰੀ ਮੇਲਾ ਕਰਵਾਇਆ ਗਿਆ। ਪ੍ਰਧਾਨ ਨੰਬਰਦਾਰ ਸਤਨਾਮ ਸਿੰਘ ਢਿੱਲੋਂ ਦੀ ਅਗਵਾਈ ਵਿੱਚ ਪ੍ਰਵਾਸੀ ਭਾਰਤੀਆਂ ਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਮਰਹੂਮ ਸੂਫੀ ਗਾਇਕ ਦੇਵ ਹਰਿਆਣਵੀ ਨੂੰ ਸਮਰਪਿਤ ਮੇਲੇ ਦੌਰਾਨ ਸਭ ਤੋਂ ਪਹਿਲਾਂ ਪੀਰਾਂ ਦੀ ਦਰਗਾਹ ਤੇ ਚਾਦਰ ਤੇ ਝੰਡਾ ਚੜਾਉਣ ਦੀ ਰਸਮ ਅਦਾ ਕੀਤੀ ਗਈ ਉਪਰੰਤ ਸੱਭਿਆਚਾਰਕ ਮੇਲੇ ਦਾ ਉਦਘਾਟਨ ਐਸ ਐਚ ਓ ਬੁੱਲੋਵਾਲ ਪਰਵਿੰਦਰ ਸਿੰਘ ਵੱਲੋਂ ਕੀਤਾ ਗਿਆ। ਇਸ ਮੌਕੇ ਪੰਜਾਬੀ ਗਾਇਕ ਗਾਇਕ ਪੰਮਾ ਡੂਮੇਵਾਲ, ਗਾਇਕਾ ਮਿਸ ਸੁਰਮਨੀ, ਗਾਇਕ ਸਰਬਜੀਤ ਫੁੱਲ ਤੇ ਪ੍ਰੀਤੀ ਸਮਰਾਲਾ ਦੀ ਦੋਗਾਣਾ ਜੋੜੀ, ਗਾਇਕਾ ਆਰ ਕੌਰ ਤੇ ਰਾਜ ਅਹੀਆਪੁਰ, ਬਾਲ ਕਲਾਕਾਰ ਰਣਵੀਰ ਅਤੇ ਆਦੇਸ਼ ਪਾਲ ਲੁਧਿਆਣਾ ਨੇ ਸੂਫੀ ਤੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਦੇ ਹੋਏ ਆਪਣੀ ਹਾਜ਼ਰੀ ਲਗਵਾਈ। ਮੇਲੇ ਦੌਰਾਨ ਵਿਸ਼ੇਸ਼ ਤੌਰ ਤੇ ਪਹੁੰਚੇ ਉੜਮੁੜ ਟਾਂਡਾ ਦੇ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ, ਸ਼੍ਰੋਮਣੀ ਅਕਾਲੀ ਦਲ ਟਾਂਡਾ ਤੇ ਇੰਚਾਰਜ ਅਰਵਿੰਦਰ ਸਿੰਘ ਰਸੂਲਪੁਰ, ਸ਼੍ਰੋਮਣੀ ਅਕਾਲੀ ਦਲ ਐਸ.ਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਮੋਮੀ, ਨੰਬਰਦਾਰ ਯੂਨੀਅਨ ਦੇ ਪ੍ਰਧਾਨ ਜਸਵੰਤ ਸਿੰਘ ਚੌਂਟਾਲਾ, ਐਡਵੋਕੇਟ ਗੁਰਵੀਰ ਸਿੰਘ ਚੋਟਾਲਾ, ਚੇਅਰਮੈਨ ਬਿਕਰਮ ਸ਼ਰਮਾ, ਅਕਾਲੀ ਆਗੂ ਪਰਮਿੰਦਰ ਸਿੰਘ ਪੰਨੂ, ਡਾ.ਕੇਵਲ ਸਿੰਘ ਕਾਜਲ , ਗੀਤਕਾਰ ਹਰਵਿੰਦਰ ਉਹੜਪੁਰੀ, ਬਾਬਾ ਜੋਗਾ ਸਿੰਘ ਸਰੋਆ, ਸਮਾਜ ਸੇਵੀ ਵਿੱਕੀ ਕਿਸਾਨ ਆਗੂ ਪਵਿੱਤਰ ਸਿੰਘ ਧੁੱਗਾ ਨੇ ਪ੍ਰਬੰਧਕ ਕਮੇਟੀ ਤੇ ਹੋਰਨਾਂ ਨੂੰ ਸੱਭਿਆਚਾਰਕ ਮੇਲੇ ਦੀ ਮੁਬਾਰਕਬਾਦ ਦਿੱਤੀ। ਪ੍ਰਬੰਧਕ ਕਮੇਟੀ ਵੱਲੋਂ ਪਹੁੰਚੀਆਂ ਸਾਰੀਆਂ ਸ਼ਖਸ਼ੀਅਤਾਂ ਦਾ ਯਾਦਗਾਰੀ ਚਿੰਨ ਭੇਟ ਕਰਦੇ ਹੋਏ ਸਨਮਾਨ ਕੀਤਾ ਗਿਆ। ਇਸ ਮੌਕੇ ਨੰਬਰਦਾਰ ਸੁਖਵਿੰਦਰ ਸਿੰਘ ਢਿੱਲੋਂ, ਗੁਰਵਿੰਦਰ ਸਿੰਘ ਮੋਹੁਕਮਗੜ੍ਹ, ਇਕਬਾਲ ਸਿੰਘ ਜੌਹਲ, ਸੋਮਨਾਥ ਮਹਿਮੀ, ਸੰਦੀਪ ਰਾਜਾ, ਸਰਪੰਚ ਗੋਲਡੀ ਨਰਵਾਲ, ਚੇਅਰਮੈਨ ਸੁਖਵਿੰਦਰਜੀਤ ਸਿੰਘ ਝਾਵਰ, ਚੇਅਰਮੈਨ ਰਜਿੰਦਰ ਸਿੰਘ ਮਾਰਸ਼ਲ, ਨੰਬਰਦਾਰ ਬਲਦੇਵ ਸਿੰਘ ਢਿੱਲੋ , ਰੇਸ਼ਮ ਸਿੰਘ ਯੂ.ਕੇ ਤੋਂ ਇਲਾਵਾ ਸਰਪੰਚ ਨਰਿੰਦਰ ਸਿੰਘ, ਜਤਿੰਦਰ ਸਿੰਘ ਟੀਟਾ, ਠੇਕਦਾਰ ਬਲਵੀਰ ਸਿੰਘ, ਬਿਕਰਮਜੀਤ ਸਿੰਘ ਲਾਲੀ, ਸਵਤੰਤਰ ਸਿੰਘ ਢਿੱਲੋਂ, ਰਣਜੀਤ ਸਿੰਘ ਘੁੰਮਣ, ਸੰਦੀਪ ਰਾਜਾ, ਜਸਵੰਤ ਸਿੰਘ ਬਿੱਟਾ, ਸੁਰਿੰਦਰ ਸਿੰਘ ਲੱਬੀ, ਕੁਲਵਿੰਦਰ ਕਿੰਦਾ, ਕੁਲਦੀਪ ਰਾਜਾ, ਨੰਬਰਦਾਰ ਜਸਪਾਲ ਸਿੰਘ ਲੋਧੀ ਚੱਕ, ਦਵਿੰਦਰ ਸਿੰਘ ਲਾਲਾ ਦਾਤਾ, ਸੁਰਜੀਤ ਸਿੰਘ ਜੌੜਾ, ਗੋਗਾ ਧਾਲੀਵਾਲ, ਸੰਦੀਪ ਸੀਕਰੀ, ਮਨਵੀਰ ਸਿੰਘ ਮੱਲਾ, ਜੋਬਨ ਢਿੱਲੋਂ, ਸਾਬੀ ਮਹਿਮੀ, ਬਲਜਿੰਦਰ ਸਿੰਘ ਢਿੱਲੋ, ਗੁਰਜੀਤ ਸਿੰਘ ਡੀ.ਜੇ, ਮਾਸਟਰ ਹਰਭਜਨ ਸਿੰਘ ਢਿੱਲੋ, ਮਨਜੀਤ ਜੀਤੀ, ਸਤਪਾਲ ਸਿੰਘ ਮਿਰਜਾਪੁਰ ਪ੍ਰਿਤਪਾਲ ਸਿੰਘ ਗੁਰਾਇਆ, ਮਨਜੀਤ ਸਿੰਘ ਕੰਧਾਲਾ ਜੱਟਾਂ, ਬਲਕਾਰ ਸਿੰਘ ਨਰਿਆਲ, ਪ੍ਰਭਜੋਤ ਕਾਕਾ ਵੀ ਹਾਜ਼ਰ ਸਨ।




# ਐੱਸ ਡੀ ਐੱਮ ਦੀ ਗੈਰ ਮੌਜੂਦਗੀ ਵਿੱਚ ਸਟੈਨੋ ਨੂੰ ਦਿੱਤਾ ਮੰਗ ਪੱਤਰ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਸਾਂਝਾ ਅਧਿਆਪਕ ਮੋਰਚਾ ਅਤੇ ਸਮੂਹ ਅਧਿਆਪਕ ਜਥੇਬੰਦੀਆਂ ਜ਼ਿਲ੍ਹਾ ਜਲੰਧਰ ਵਲੋਂ ਸਰਕਾਰ ਵੱਲੋਂ ਆਪਣੀ ਮਸ਼ਹੂਰੀ ਲਈ ਕੀਤੇ ਜਾ ਰਹੇ ਡਰੱਗ ਸਰਵੇ ਵਿੱਚ ਅਧਿਆਪਕਾਂ ਦੀਆਂ ਜ਼ਬਰੀ ਤੇ ਦੋਹਰੀਆਂ ਡਿਊਟੀਆਂ ਲਗਵਾਉਣ ਅਤੇ ਡਿਊਟੀ ਤੇ ਹਾਜ਼ਰ ਨਾ ਹੋਣ ਵਾਲੇ ਮੁਲਾਜਮਾਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕਾਰਨ ਵਿਰੁੱਧ ਜ਼ਬਰਦਸਤ ਪ੍ਰਦਰਸ਼ਨ ਕੀਤਾ ਅਤੇ ਕੰਪਲੈਕਸ ਵਿੱਚ ਭਾਰੀ ਨਾਅਰੇਬਾਜ਼ੀ ਕੀਤੀ ਗਈ ਜਿਸ ਦੀ ਅਗਵਾਈ ਕੰਵਲਜੀਤ ਸੰਗੋਵਾਲ, ਕੇਵਲ ਸਿੰਘ ਹੁੰਦਲ, ਬਲਜੀਤ ਸਿੰਘ ਕੁਲਾਰ, ਦਿਲਬਾਗ ਸਿੰਘ ਨੇ ਕੀਤੀ। ਇਸ ਮੌਕੇ ਅਧਿਆਪਕਾਂ ਵਲੋਂ ਐੱਸ ਡੀ ਐੱਮ ਦੀ ਗੈਰ ਹਾਜ਼ਰੀ ਵਿੱਚ ਮੰਗ ਪੱਤਰ ਸਟੈਨੋ ਐੱਸ ਡੀ ਐੱਮ ਦਲਜੀਤ ਸਿੰਘ ਤੇਜੀ ਨੂੰ ਦਿੱਤਾ ਗਿਆ। ਆਗੂਆਂ ਨੇ ਕਿਹਾ ਕਿ ਪਹਿਲਾਂ ਅਧਿਆਪਕਾਂ ਨੇ ਜਨਗਣਨਾ ਵਿੱਚ ਡਿਊਟੀਆਂ ਦਿੱਤੀਆਂ ਅਤੇ ਨਾਲ ਹੀ ਸਰਕਾਰ ਵਲੋਂ ਡਰੱਗ ਜਨਗਣਨਾ ਵਿੱਚ ਦੋਹਰੀਆਂ ਡਿਊਟੀਆਂ ਲਾਈਆਂ ਜਾ ਰਹੀਆਂ ਹਨ ਅਤੇ ਡਿਊਟੀ ਨਾ ਜੁਆਇੰਨ ਕਰਨ ਤੇ ਅਧਿਆਪਕਾਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤੇ ਜਾ ਰਹੇ ਹਨ ਤੇ ਉਨ੍ਹਾਂ ਨੂੰ ਤਨਖ਼ਾਹ ਰੋਕਣ ਅਤੇ ਕਾਰਵਾਈ ਕਰਨ ਲਈ ਧਮਕਾਇਆ ਜਾ ਰਿਹਾ ਹੈ। ਇਸ ਮੌਕੇਸ੍ਰੀ ਰਾਕੇਸ਼ ਕੁਮਾਰ ਬੰਟੀ, ਵਰਿੰਦਰ ਸਿੰਘ, ਜਸਵੀਰ ਸਿੰਘ ਸ਼ਾਇਰ ਰਸ਼ਮਿੰਦਰਪਾਲ , ਰੁਘਵੀਰਪਾਲ, ਸੁਭਾਸ਼ ਚੰਦਰ,ਕਮਲਦੇਵ ਸਿੰਘ, ਰਾਮਲਾਲ, ਪ੍ਰਦੀਪ ਕੁਮਾਰ,ਆਦਿ ਆਗੂਆਂ ਨੇ ਮੰਗ ਕੀਤੀ ਕਿ , ਡਰੱਗ ਜਨਗਣਨਾ ਵਿੱਚ ਡਿਊਟੀਆਂ ਮੁਲਾਜ਼ਮਾਂ ਦੀ ਸਹਿਮਤੀ ਨਾਲ ਲਗਾਈਆਂ ਜਾਣ ਅਤੇ ਜ਼ਬਰੀ ਲਾਈਆਂ ਡਿਊਟੀਆਂ ਤੇ ਹਾਜ਼ਰ ਨਾ ਹੋਣ ਵਾਲੇ ਮੁਲਾਜ਼ਮਾਂ ਨੂੰ ਜਾਰੀ ਕਾਰਨ ਦੱਸੋ ਨੋਟਿਸ ਵਾਪਿਸ ਲਏ ਜਾਣ, ਜਨਗਣਨਾ ਵਿੱਚ ਪਹਿਲਾਂ ਡਿਊਟੀ ਕਰ ਚੁੱਕੇ ਅਧਿਆਪਕਾਂ ਦੁਬਾਰਾ ਡਿਊਟੀ ਨਾ ਲਗਾਈ ਜਾਵੇ, ਸਿੱਖਿਆ ਵਿਭਾਗ ਤੋਂ ਇਲਾਵਾ ਬਾਕੀ ਵਿਭਾਗਾਂ ਦੇ ਮੁਲਾਜ਼ਮਾਂ ਦੀਆਂ ਡਿਊਟੀਆਂ ਵੀ ਅਨੁਪਾਤ ਅਨੁਸਾਰ ਲਗਾਈਆਂ ਜਾਣ, ਅੰਮ੍ਰਿਤਸਰ ਵਾਂਗ ਬੇਰੁਜ਼ਗਾਰ ਤੋਂ ਮਿਹਨਤਾਨੇ ਤੇ ਕੰਮ ਕਰਵਾਇਆ ਜਾਵੇ। ਇਸ ਮੌਕੇ ਵਰਿੰਦਰ ਪਾਲ, ਰਵਿੰਦਰ ਸਿੰਘ ਕੰਗ, ਸੌਰਵ ਭਗਤ, ਅਜੈ ਕੁਮਾਰ, ਗੁਰਬਚਨ ਸਿੰਘ, ਬਲਵੰਤ ਸਿੰਘ, ਮੋਹਿਤ ਕੁਮਾਰ, ਰਣਜੀਤ ਕੌਰ, ਸੰਦੀਪ ਕੌਰ, ਰੇਨੂੰ, ਅਰਵਿੰਦਰ ਕੌਰ, ਰਜਿੰਦਰ ਕੌਰ, ਹਰਪ੍ਰੀਤ, ਗੁਰਪ੍ਰੀਤ ਕੌਰ, ਅੰਜਲੀ, ਸੁਨੀਤਾ ਦੇਵੀ, ਪੂਜਾ, ਮਨਪ੍ਰੀਤ ਕੌਰ ਆਦਿ ਹਾਜ਼ਰ ਸਨ।



## ਪ੍ਰੀਖਿਆ ਕੇਂਦਰਾਂ ਦੇ ਨੇੜੇ ਪੰਜ ਤੋਂ ਵੱਧ ਵਿਅਕਤੀਆਂ ਦੇ ਇਕੱਠੇ ਹੋਣ 'ਤੇ ਪਾਬੰਦੀ

**ਜਲੰਧਰ (ਸ਼ੈਲੀ ਐਲਬਰਟ)**- ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਅਮਨਿੰਦਰ ਕੌਰ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ 21 ਜੂਨ ਨੂੰ ਜ਼ਿਲ੍ਹੇ ਦੇ ਵੱਖ-ਵੱਖ ਪ੍ਰੀਖਿਆ ਕੇਂਦਰਾਂ ਵਿੱਚ ਕਰਵਾਈ ਜਾ ਰਹੀ ਨੀਟ ਦੀ ਪ੍ਰੀਖਿਆ ਦੇ ਮੱਦੇਨਜ਼ਰ ਪ੍ਰੀਖਿਆ ਕੇਂਦਰਾਂ ਦੇ ਆਲੇ-ਦੁਆਲੇ 100 ਮੀਟਰ ਦੇ ਘੇਰੇ ਵਿੱਚ ਪੰਜ ਜਾਂ ਪੰਜ ਤੋਂ ਵੱਧ ਵਿਅਕਤੀਆਂ ਦੇ ਇਕੱਠੇ ਹੋਣ ਉਤੇ ਪਾਬੰਦੀ ਲਗਾ ਦਿੱਤੀ ਗਈ ਹੈ। ਇਹ ਹੁਕਮ ਪ੍ਰੀਖਿਆਰਥੀਆਂ, ਡਿਊਟੀ 'ਤੇ ਤਾਇਨਾਤ ਅਧਿਕਾਰੀਆਂ/ਕਰਮਚਾਰੀਆਂ ਅਤੇ ਹੋਰ ਅਧਿਕਾਰਤ ਵਿਅਕਤੀਆਂ 'ਤੇ ਲਾਗੂ ਨਹੀਂ ਹੋਵੇਗਾ। ਇਹ ਹੁਕਮ 21ਜੂਨ ਨੂੰ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਲਾਗੂ ਰਹੇਗਾ।

# ਹੈਰੋਇਨ ਸਮੇਤ ਦੋ ਵਿਅਕਤੀ ਗ੍ਰਿਫ਼ਤਾਰ

**ਖਰੜ (ਹਰਨਾਮ ਸਿੰਘ ਡੱਲਾ)**- ਹਰਮਨਦੀਪ ਸਿੰਘ ਹਾਂਸ ਸੀਨੀਅਰ ਕਪਤਾਨ ਪੁਲਸ ਜ਼ਿਲ੍ਹਾ ਐੱਸ ਏ ਐੱਸ ਨਗਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਮੋਹਾਲੀ ਪੁਲਿਸ ਵੱਲੋਂ ਮਾੜੇ ਅਨਸਰਾਂ ਵਿਰੁੱਧ ਚਲਾਈ ਮੁਹਿਮ ਦੌਰਾਨ ਸੌਰਵ ਜਿੰਦਲ, ਕਪਤਾਨ ਪੁਲਿਸ (ਇੰਨਵੈਸਟੀਗੇਸ਼ਨ), ਤਲਵਿੰਦਰ ਸਿੰਘ, ਕਪਤਾਨ ਪੁਲਿਸ (ਅਪਰੇਸ਼ਨ), ਰਾਜਨ ਪਰਮਿੰਦਰ ਸਿੰਘ, ਉੱਪ-ਕਪਤਾਨ ਪੁਲਿਸ (ਇੰਨਵੈਸਟੀਗੇਸ਼ਨ) ਜ਼ਿਲ੍ਹਾ ਐਸ.ਏ.ਐਸ. ਨਗਰ ਦੀ ਨਿਗਰਾਨੀ ਹੇਠ ਇੰਸਪੈਕਟਰ ਹਰਮਿੰਦਰ ਸਿੰਘ ਇੰਚਾਰਜ ਸੀ ਆਈ ਏ ਸਟਾਫ ਦੀ ਟੀਮ ਵੱਲੋਂ 2 ਵੱਖ-ਵੱਖ ਮੁਕੱਦਮਿਆਂ ਵਿੱਚ 2 ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਉਹਨਾਂ ਪਾਸੋਂ 191 ਗ੍ਰਾਮ ਹੈਰੋਇਨ ਬ੍ਰਾਮਦ ਕਰਾਉਣ ਵਿੱਚ ਸਫਲਤਾ ਹਾਸਿਲ ਕੀਤੀ ਹੈ। ਉਨ੍ਹਾਂ ਦੱਸਿਆ ਕਿ ਮਿਤੀ 16 ਜੂਨ ਨੂੰ ਸੀ ਆਈ ਏ. ਸਟਾਫ ਦੀ ਪੁਲਿਸ ਪਾਰਟੀ ਗਸ਼ਤ ਕਰਦੀ ਖਰੜ ਤੋਂ ਲਾਂਡਰਾ ਰੋਡ ਤੇ ਰਵਾਨਾ ਸੀ। ਜਦੋਂ ਪੁਲਿਸ ਪਾਰਟੀ ਸਿਵਾਂਤਾ ਐਰੋ ਹਾਈਟਸ ਦੇ ਬਣਦੇ ਫਲੈਟਾਂ ਪਾਸ ਪੁੱਜੀ ਤਾਂ ਸੜਕ ਦੇ ਕਿਨਾਰੇ ਇੱਕ ਇਨੋਵਾ ਗੱਡੀ ਜਿਸ ਦਾ ਡਰਾਈਵਰ ਸਾਈਡ ਵਾਲਾ ਅਗਲਾ ਟਾਇਰ ਪੈਂਚਰ ਸੀ, ਖੜੀ ਦਿਖਾਈ ਦਿੱਤੀ। ਜਿਸ ਵਿੱਚ ਇੱਕ ਮੋਨਾ ਵਿਅਕਤੀ ਗੱਡੀ ਦੀ ਪਿਛਲੀ ਸੀਟ ਤੇ ਨਸ਼ੀਲੇ ਪਦਾਰਥ ਦਾ ਸੇਵਨ ਕਰ ਰਿਹਾ ਸੀ ਜਿਸਨੂੰ ਸ਼ੱਕ ਦੀ ਬਿਨਾਹ ਤੇ ਚੈੱਕ ਕੀਤਾ ਤਾਂ ਗੱਡੀ ਦੀ ਆਰਮ ਰੈਸਟ ਵਿੱਚੋਂ 40 ਗ੍ਰਾਮ ਹੈਰੋਇਨ ਸਮੇਤ ਡਿਜੀਟਲ ਕੰਡਾ ਬ੍ਰਾਮਦ ਹੋਇਆ ਅਤੇ ਸੇਵਨ ਕਰਦੇ ਸਮੇਂ ਉਸ ਪਾਸੋਂ ਫੁਆਇਲ ਪੇਪਰ, 20 ਰੁਪਏ ਦਾ ਨੋਟ, ਲਾਲ ਰੰਗ ਦਾ ਲਾਈਟਰ ਬ੍ਰਾਮਦ ਹੋਇਆ। ਜਿਸ ਤੇ



ਦੋਸ਼ੀ ਮੋਹਨ ਲਾਲ ਪੁੱਤਰ ਕ੍ਰਿਸ਼ਨ ਚੰਦ ਵਾਸੀ ਫਲੈਟ ਨੰ 66 ਸੈਕੰਡ ਫਲੋਰ ਪ੍ਰਾਈਮ ਸਿਟੀ ਖਰੜ, ਥਾਣਾ ਸਿਟੀ ਖਰੜ, ਜ਼ਿਲਾ ਐੱਸ ਏ ਐੱਸ ਨਗਰ ਵਿਰੁੱਧ ਮੁਕੱਦਮਾ ਦਰਜ ਰਜਿਸਟਰ ਕਰਕੇ, ਦੋਸ਼ੀ ਨੂੰ ਗ੍ਰਿਫਤਾਰ ਕੀਤਾ ਗਿਆ। ਉਪਰੰਤ ਉਸੇ ਦਿਨ ਸ਼ਾਮ ਸਮੇਂ ਸੀ ਆਈ ਏ.ਸਟਾਫ ਦੀ ਪੁਲਿਸ ਪਾਰਟੀ ਨੇੜੇ ਭਗਤਘਾਟ ਖਰੜ ਤੋਂ ਮੋਹਾਲੀ ਰੋਡ ਤੇ ਨਾਕਾਬੰਦੀ ਤੇ ਮੌਜੂਦ ਸੀ ਤਾਂ ਬੱਸ ਸਟੈਂਡ ਖਰੜ ਸਾਈਡ ਤੋਂ ਮੋਹਾਲੀ ਸਾਈਡ ਨੂੰ ਇੱਕ ਮੋਨਾ ਨੌਜਵਾਨ ਆ ਰਿਹਾ ਸੀ ਜੋ ਨਾਕੇ ਤੇ ਚੈਕਿੰਗ ਹੁੰਦੀ ਦੇਖਕੇ ਪਿੱਛੇ ਨੂੰ ਭੱਜਿਆ ਅਤੇ ਭੱਜਦੇ ਸਮੇਂ ਆਪਣੀ ਜੇਬ ਵਿੱਚੋਂ ਹੈਰੋਇਨ ਦਾ ਲਿਫਾਫਾ ਇੱਕ ਸਾਈਡ ਨੂੰ ਸੁੱਟਿਆ ਜਿਸ ਨੂੰ ਮੌਕੇ ਤੇ ਕਾਬੂ ਕੀਤਾ ਗਿਆ ਅਤੇ ਉਸ ਵੱਲੋਂ ਸਿੱਟੇ ਹੈਰੋਇਨ ਦੇ ਲਿਫਾਫੇ ਨੂੰ ਚੈੱਕ ਕਰਕੇ ਵਜਨ ਕੀਤਾ ਗਿਆ। ਜੋ ਕੁੱਲ 151 ਗ੍ਰਾਮ ਹੈਰੋਇਨ ਬ੍ਰਾਮਦ ਹੋਈ। ਦੋਸ਼ੀ ਗੁਰਬਿੰਦਰ ਸਿੰਘ ਪੁੱਤਰ ਦਿਲਬਾਗ ਸਿੰਘ ਵਾਸੀ ਪਿੰਡ ਪੱਖੋਂਕੇ, ਥਾਣਾ ਸਦਰ ਤਰਨਤਾਰਨ, ਜ਼ਿਲ੍ਹਾ ਤਰਨਤਾਰਨ ਵਿਰੁੱਧ ਮੁਕੱਦਮਾ ਦਰਜ ਕਰਕੇ ਦੋਸ਼ੀ ਨੂੰ ਗ੍ਰਿਫਤਾਰ ਕੀਤਾ ਗਿਆ। ਦੋਸ਼ੀ ਮੋਹਨ ਲਾਲ ਪੁੱਤਰ ਕ੍ਰਿਸ਼ਨ ਚੰਦ ਵਾਸੀ ਫਲੈਟ ਨੰ 66 ਸੈਕੰਡ ਫਲੋਰ ਪ੍ਰਾਈਮ ਸਿਟੀ ਖਰੜ, ਥਾਣਾ ਸਿਟੀ ਖਰੜ, ਜ਼ਿਲ੍ਹਾ ਐੱਸ ਏ ਐੱਸ ਨਗਰ ਜਿਸਦੀ ਉਮਰ ਕਰੀਬ 42 ਸਾਲ ਹੈ, ਜੋ ਬੀ ਸੀ ਏ ਦੀ ਪੜਾਈ ਕੀਤੀ ਹੋਈ ਹੈ ਅਤੇ ਸ਼ਾਦੀ ਸ਼ੁਦਾ ਹੈ। ਉਸ ਦੇ ਵਿਰੁੱਧ ਪਹਿਲਾਂ ਕੋਈ ਮੁਕੱਦਮਾ ਦਰਜ ਨਹੀਂ ਹੈ। ਦੋਸ਼ੀ ਗੁਰਬਿੰਦਰ ਸਿੰਘ ਪੁੱਤਰ ਦਿਲਬਾਗ ਸਿੰਘ ਵਾਸੀ ਪਿੰਡ ਪੱਖੋਂਕੇ, ਥਾਣਾ ਸਦਰ ਤਰਨ ਤਾਰਨ, ਜ਼ਿਲ੍ਹਾ ਤਰਨ ਤਾਰਨ ਜਿਸਦੀ ਉਮਰ ਕਰੀਬ 25 ਸਾਲ ਹੈ ਤੇ ਬਾਰਾਂ ਕਲਾਸਾਂ ਪਾਸ ਹੈ ਅਤੇ ਅਨ-ਮੈਰਿਡ ਹੈ। ਦੋਸ਼ੀ ਵਿਰੁੱਧ ਮੁਕੱਦਮਾ ਥਾਣਾ ਬਾਲੂ ਗੰਜ, ਹਿਮਾਚਲ ਪ੍ਰਦੇਸ਼ ਵਿੱਚ ਮੁਕੱਦਮਾ ਦਰਜ ਹੈ। ਦੋਸ਼ੀਆਂ ਨੂੰ ਪੇਸ਼ ਅਦਾਲਤ ਕਰਕੇ ਪੁਲਿਸ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ।

# ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ





**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸ਼ਹੀਦਾਂ ਦੇ ਸਿਰਤਾਜ ਸ਼ਾਂਤੀ ਦੇ ਪੁੰਜ ਧੰਨ ਧੰਨ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਦੇ ਸ਼ਹੀਦੀ ਪੁਰਬ ਦੇ ਸਬੰਧ ਵਿੱਚ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਰੇਲਵੇ ਰੋਡ ਹੁਸ਼ਿਆਰਪੁਰ ਤੋਂ ਅਲੌਕਿਕ ਨਗਰ ਕੀਰਤਨ ਸਜਾਇਆ ਗਿਆ।ਇਸ ਮੌਕੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਸਵਾਰੀ ਵਿਸ਼ੇਸ਼ ਤੌਰ ਤੇ ਫੁੱਲਾਂ ਨਾਲ ਸਜਾਏ ਗਏ ਪਾਲਕੀ ਸਾਹਿਬ ਵਾਹਨ 'ਚ ਸੁਸ਼ੋਭਿਤ ਕੀਤੀ ਹੋਈ ਸੀ। ਵੱਡੀ ਗਿਣਤੀ ਵਿੱਚ ਸੰਗਤਾਂ ਨੇ ਨਗਰ ਕੀਰਤਨ ਵਿੱਚ ਸ਼ਰਧਾ ਤੇ ਉਤਸ਼ਾਹ ਨਾਲ ਸ਼ਿਰਕਤ ਕੀਤੀ। ਨਗਰ ਕੀਰਤਨ ਦੀ ਅਗਵਾਈ ਰਿਵਾਇਤੀ ਕੇਸਰੀ ਪਹਿਰਾਵੇ ਵਿੱਚ ਸਜੇ ਹੋਏ ਪੰਜ ਪਿਆਰੇ ਅਤੇ ਨਿਸ਼ਾਨਚੀ ਕਰ ਰਹੇ ਸਨ। ਸਭ ਤੋਂ ਅੱਗੇ ਬੈਂਡ ਪਾਰਟੀਆਂ ਗੁਰਬਾਣੀ ਦੀ ਧੁੰਨ ਵਜਾਉਂਦੀਆਂ ਹੋਈਆਂ ਵਾਤਾਵਰਣ ਵਿੱਚ ਅਗੰਮੀ ਰਸ ਘੋਲ ਰਹੀਆਂ ਸਨ ਜਿਸ ਦੇ ਪਿੱਛੇ ਗਤਕਾ ਅਖਾੜਾ ਦੇ ਸਿੰਘ ਜੰਗਜੂ ਕਰਤੱਬ ਗੱਤਕੇ ਦੀ ਪੇਸ਼ਕਾਰੀ ਕਰ ਰਹੇ ਸਨ। ਇਸ ਉਪਰੰਤ ਇਸਤਰੀ ਸਤਿਸੰਗ ਸਭਾਵਾਂ, ਅਖੰਡ ਕੀਰਤਨੀ ਜਥਾ, ਨਿਰਬਾਨ ਕੀਰਤਨੀ ਜਥੇ ਦੇ ਸਿੰਘ ਅਤੇ ਹੋਰ ਗੁਰਦੁਆਰਾ ਪ੍ਰਬੰਧਕ ਕਮੇਟੀਆਂ, ਸਭਾ ਸੁਸਾਇਟੀਆਂ ਅਤੇ ਹੋਰ ਸੰਗਤਾਂ ਇਲਾਹੀ ਬਾਣੀ ਦਾ ਰਸਭਿੰਨਾ ਕੀਰਤਨ ਕਰਦੀਆਂ ਹੋਈਆਂ ਨਾਲ ਨਾਲ ਚੱਲ ਰਹੀਆਂ ਸਨ। ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਰੇਲਵੇ ਰੋਡ ਹੁਸ਼ਿਆਰਪੁਰ ਤੋਂ ਆਰੰਭ ਹੋਇਆ ਇਹ ਨਗਰ ਕੀਰਤਨ ਰੇਲਵੇ ਰੋਡ, ਸੈਸ਼ਨ ਚੌਂਕ, ਭਗਵਾਨ ਵਾਲਮੀਕ ਚੌਂਕ, ਕਮਾਲਪੁਰ ਚੌਂਕ, ਫਗਵਾੜਾ ਰੋਡ, ਸਰਕਾਰੀ ਕਾਲਜ ਚੌਂਕ, ਸੁਤਿਹਿਰੀ ਰੋਡ ਗੁਰਦੁਆਰਾ ਰਾਮਗੜੀਆ, ਸੈਸ਼ਨ ਚੌਂਕ ਤੋਂ ਹੁੰਦਾ ਹੋਇਆ ਵਾਪਸ ਗੁਰਦੁਆਰਾ ਸਾਹਿਬ ਵਿਖੇ ਜੈਕਾਰਿਆਂ ਦੀ ਗੂੰਜ ਵਿੱਚ ਸੰਪਨ ਹੋਇਆ।ਇਸ ਨਗਰ ਕੀਰਤਨ ਦਾ ਸ਼ਹਿਰ ਦੀਆਂ ਸੰਗਤਾਂ ਵੱਲੋਂ ਫੁੱਲਾਂ ਦੀ ਵਰਖਾ ਕਰਕੇ ਅਤੇ ਵੱਖ ਵੱਖ ਖਾਣ ਪੀਣ ਵਾਲੇ ਪਦਾਰਥਾਂ ਦੇ ਲੰਗਰ ਲਗਾ ਕੇ ਨਿੱਘਾ ਸਵਾਗਤ ਕੀਤਾ ਗਿਆ। ਸਿੱਖ ਵੈਲਫੇਅਰ ਸੋਸਾਇਟੀ ਹੁਸ਼ਿਆਰਪੁਰ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਦੀ ਅਗਵਾਈ ਹੇਠ ਸੁਸਾਇਟੀ ਵੱਲੋਂ ਪੰਜ ਪਿਆਰਿਆਂ ਅਤੇ ਗੁਰੂ ਸਾਹਿਬ ਜੀ ਰੁਮਾਲਾ ਸਾਹਿਬ ਅਤੇ ਸਿਰਪਾਓ ਭੇਟ ਕਰਕੇ ਸਤਿਕਾਰ ਕੀਤਾ ਅਤੇ ਪ੍ਰਸ਼ਾਦ ਵਰਤਾਇਆ ਗਿਆ।

# ਸਿਹਤ ਵਿਭਾਗ ਵੱਲੋਂ 'ਡਾਇਰੀਆ ਰੋਕੋ' ਮੁਹਿੰਮ ਸ਼ੁਰੂ

**ਮੋਹਾਲੀ (ਗੁਰਜੀਤ ਬਿੱਲਾ)**- ਸਿਹਤ ਵਿਭਾਗ ਐਸ.ਏ.ਐਸ. ਨਗਰ ਵੱਲੋਂ 16 ਜੂਨ ਤੋਂ 31 ਜੁਲਾਈ ਤਕ ਡਾਇਰੀਆ ਰੋਕੋ ਮੁਹਿੰਮ ਸ਼ੁਰੂ ਕੀਤੀ ਗਈ ਹੈ। ਇਸ ਮੁਹਿੰਮ ਦਾ ਮੁੱਖ ਉਦੇਸ਼ ਪੰਜ ਸਾਲ ਤੱਕ ਦੇ ਬੱਚਿਆਂ ਦੀ ਮੌਤ ਦਰ ਨੂੰ ਘਟਾਉਣਾ ਹੈ ਅਤੇ ਡਾਇਰੀਆ ਨਾਲ ਹੋਣ ਵਾਲੀਆਂ ਮੌਤਾ ਦੀ ਗਿਣਤੀ ਨੂੰ ਜ਼ੀਰੋ 'ਤੇ ਲਿਆਉਣਾ ਹੈ।ਮੁਹਿੰਮ ਦਾ ਨਾਅਰਾ ਡਾਇਰੀਆ ਰੋਕੋ-ਜ਼ਿੰਦਗੀਆਂ ਬਚਾਉ' ਹੈ ਜੋ ਰੋਕਥਾਮ, ਬਚਾਅ ਅਤੇ ਇਲਾਜ ਦੀ ਰਣਨੀਤੀ 'ਤੇ ਆਧਾਰਿਤ ਹੈ।ਸਿਵਲ ਸਰਜਨ ਡਾ. ਸੰਗੀਤਾ ਜੈਨ ਅਤੇ ਜ਼ਿਲ੍ਹਾ ਟੀਕਾਕਰਨ ਅਧਿਕਾਰੀ ਡਾ. ਗਿਰੀਸ਼ ਡੋਗਰਾ ਨੇ ਦੱਸਿਆ ਕਿ ਬਰਸਾਤ ਦੇ ਮੌਸਮ ਦੌਰਾਨ ਦਸਤਾਂ ਦੇ ਮਾਮਲਿਆਂ ਵਿੱਚ ਵਾਧਾ ਹੋ ਜਾਂਦਾ ਹੈ, ਜਿਸ ਕਾਰਨ ਛੋਟੇ ਬੱਚੇ ਸਭ ਤੋਂ ਵੱਧ ਪ੍ਰਭਾਵਿਤ ਹੁੰਦੇ ਹਨ। ਇਸ ਨੂੰ ਧਿਆਨ ਵਿੱਚ ਰੱਖਦਿਆਂ ਜ਼ਿਲ੍ਹੇ ਭਰ ਵਿੱਚ ਵਿਸ਼ੇਸ਼ ਜਾਗਰੂਕਤਾ ਗਤੀਵਿਧੀਆਂ ਚਲਾਈਆਂ ਜਾਣਗੀਆਂ। ਇਸ ਤੋਂ ਇਲਾਵਾ, ਸਰਕਾਰੀ ਸਿਹਤ ਸੰਸਥਾਵਾਂ ਵਿਚ ਓ ਆਰ ਐਸ ਕਾਰਨਰ ਬਣਾਏ ਗਏ ਹਨ ਜਿੱਥੇ ਓ ਆਰ ਐਸ ਦੇ ਪੈਕਟ ਅਤੇ ਜ਼ਿੰਕ ਦੀਆਂ ਗੋਲੀਆਂ ਮੁਫ਼ਤ ਵਿਚ ਲਈਆਂ ਜਾ ਸਕਦੀਆਂ ਹਨ। ਉਨ੍ਹਾਂ ਦੱਸਿਆ ਕਿ ਆਸ਼ਾ ਵਰਕਰਾਂ, ਏ.ਐਨ.ਐਮਜ਼ ਅਤੇ ਹੋਰ ਸਿਹਤ ਕਾਮਿਆਂ ਵੱਲੋਂ ਘਰ-ਘਰ ਜਾ ਕੇ ਲੋਕਾਂ ਨੂੰ ਸਾਫ਼-ਸਫ਼ਾਈ, ਸੁਰੱਖਿਅਤ ਪੀਣ ਵਾਲੇ ਪਾਣੀ ਦੀ ਵਰਤੋਂ, ਹੱਥਾਂ ਨੂੰ ਸਾਬਣ ਨਾਲ ਧੋਣ ਅਤੇ ਭੋਜਨ ਦੀ ਸਫ਼ਾਈ ਬਾਰੇ ਜਾਗਰੂਕ ਕੀਤਾ ਜਾਵੇਗਾ। ਮਾਪਿਆਂ ਨੂੰ ਦਸਤ ਹੋਣ ਦੀ ਸਥਿਤੀ ਵਿੱਚ ਓ ਆਰ ਐੱਸ ਘੋਲ ਅਤੇ ਜ਼ਿੰਕ ਦੀਆਂ ਗੋਲੀਆਂ ਦੀ ਮਹੱਤਤਾ ਬਾਰੇ ਵੀ ਜਾਣਕਾਰੀ ਦਿੱਤੀ ਜਾਵੇਗੀ।



# ਸਾਂਝਾ ਮੁਲਾਜ਼ਮ ਮੰਚ ਪੰਜਾਬ ਅਤੇ ਸਾਂਝਾ ਮੁਲਾਜ਼ਮ ਤੇ ਪੈਨਸ਼ਨਰ ਫਰੰਟ ਦੀ ਮੀਟਿੰਗ ਅੱਜ

**ਚੰਡੀਗੜ੍ਹ (ਸੁਰਜੀਤ ਸੁਮਨ)**- ਸਾਂਝਾ ਮੁਲਾਜ਼ਮ ਮੰਚ, ਪੰਜਾਬ ਅਤੇ ਸਾਂਝਾ ਮੁਲਾਜ਼ਮ ਅਤੇ ਪੈਨਸ਼ਨਰ ਫਰੰਟ ਦੀ ਮੀਟਿੰਗ ਹੁਣ 20



ਜੂਨ ਨੂੰ ਠੀਕ 11.00 ਵਜੇ ਪੈਨਸ਼ਨ ਭਵਨ, ਲੁਧਿਆਣਾ ਵਿਖੇ ਹੋਣ ਜਾ ਰਹੀ ਹੈ। ਜ਼ਿਕਰਯੋਗ ਹੈ ਕਿ ਪਹਿਲਾਂ ਇਹ ਮੀਟਿੰਗ 18 ਜੂਨ ਨੂੰ ਹੋਣੀ ਸੀ। ਮੰਚ ਦੇ ਆਗੂਆਂ ਸੁਖਚੈਨ ਸਿੰਘ ਖਹਿਰਾ ਅਤੇ ਸੁਸ਼ੀਲ ਫੌਜੀ ਨੇ ਸਮੂਹ ਮੁਲਾਜ਼ਮ ਅਤੇ ਪੈਨਸ਼ਨਰਜ਼ ਥੇਬੰਦੀਆਂ ਨੂੰ ਅਪੀਲ ਕੀਤੀ ਹੈ ਕਿ ਜਿਹੜੀਆਂ ਵੀ ਜਥੇਬੰਦੀਆਂ ਸਾਂਝੇ ਮੰਚ ਤੋਂ ਬਾਹਰ ਰਹਿ ਗਈਆਂ ਹਨ, ਉਨ੍ਹਾਂ ਮੁਲਾਜ਼ਮ ਜਥੇਬੰਦੀਆਂ ਨੂੰ ਇਸ ਮੀਟਿੰਗ ਵਿੱਚ ਸ਼ਾਮਿਲ ਹੋਣ ਲਈ ਖੁੱਲ੍ਹਾ ਸੱਦਾ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਮੂਹ ਮੁਲਾਜ਼ਮ ਆਗੂ ਸਾਹਿਬਾਨ ਮੁਲਾਜ਼ਮ ਏਕਤਾ ਨੂੰ ਹੋਰ ਮਜ਼ਬੂਤ ਕਰਨ ਲਈ ਇਸ ਮੀਟਿੰਗ ਵਿੱਚ ਸ਼ਮੂਲੀਅਤ ਨੂੰ ਯਕੀਨੀ ਬਣਾਉਣ ਦੀ ਕਿਰਪਾਲਤਾ ਕਰਨ।

# ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਵਿਖੇ ਸ਼ਹੀਦੀ ਦਿਹਾੜਾ ਮਨਾਇਆ

**ਮੁਹਾਲੀ (ਗੁਰਜੀਤ ਬਿੱਲਾ)**- ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਸ਼ਹੀਦਾਂ ਦੇ ਸਿਰਤਾਜ ਪੰਚਮ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਦਾ ਸ਼ਹੀਦੀ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ । ਇਸ ਦਿਹਾੜੇ ਨੂੰ ਮੁੱਖ ਰੱਖਦੇ ਹੋਏ ਸੁਖਮਨੀ ਸੇਵਾ ਸੁਸਾਇਟੀ ਦੀਆਂ ਬੀਬੀਆਂ ਵੱਲੋਂ 40 ਦਿਨ ਤੋਂ ਲਗਾਤਾਰ ਚੱਲ ਰਹੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ । ਇਸ ਧਾਰਮਿਕ ਸਮਾਗਮ ਵਿੱਚ ਭਾਈ ਗੁਰਭੇਜ ਸਿੰਘ ਗਾਫਿਲ ਫਰੀਦਕੋਟੇ ਵਾਲਿਆਂ ਦੇ ਇੰਟਰਨੈਸ਼ਨਲ ਢਾਡੀ ਜੱਥੇ ਨੇ ਸ਼ਹੀਦਾਂ ਦੇ ਸਿਰਤਾਜ ਅਤੇ ਸ਼ਾਂਤੀ ਦੇ ਪੁੰਜ, ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਵੱਲੋ ਜਬਰ ਅਤੇ ਜ਼ੁਲਮ ਖਿਲਾਫ ਦਿੱਤੀ ਅਦੁੱਤੀ ਅਤੇ ਲਾਸਾਨੀ ਸ਼ਹਾਦਤ ਬਾਰੇ ਸੰਗਤਾਂ ਨੂੰ ਵਿਸਥਾਰ ਨਾਲ ਸੁਣਾਇਆ। ਭਾਈ ਯੋਗੇਸ਼ ਸਿੰਘ ਜੀ ਹਜ਼ੂਰੀ ਰਾਗੀ ਗੁਰਦੁਆਰਾ ਮੰਜੀ ਸਾਹਿਬ ਆਲਮਗੀਰ ਲੁਧਿਆਣੇ ਵਾਲਿਆਂ ਦੇ ਰਾਗੀ ਜੱਥੇ ਨੇ ਆਪਣੇ ਰਸਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ। ਭਾਈ



ਜਤਿੰਦਰ ਸਿੰਘ ਜੀ, ਸ਼੍ਰੋਮਣੀ ਪ੍ਰਚਾਰਕ ਦਮਦਮੀ ਟਕਸਾਲ ਵਾਲਿਆਂ ਨੇ ਸ੍ਰੀ ਗੁਰੂ ਅਰਜਨ ਦੇਵ ਜੀ ਦੁਆਰਾ ਉਚਾਰਣ ਕੀਤੀ ਧੁਰ ਕੀ ਬਾਣੀ ਦੇ ਸ੍ਰੀ ਸੁਖਮਨੀ ਸਾਹਿਬ ਜੀ, ਸ੍ਰੀ ਬਾਰਹ ਮਾਹ ਜੀ, ਸ਼ਬਦ ਹਜ਼ਾਰੇ ਜੀ ਅਤੇ 30 ਰਾਗਾਂ ਵਿੱਚ 2218 ਸ਼ਬਦ ਜੋ ਕਿ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਵਿੱਚ ਸੁਭਾਇਮਾਨ ਹਨ, ਉਨਾਂ ਬਾਰੇ ਵਿਸਥਾਰ ਸਹਿਤ ਜਾਣੂ ਕਰਵਾਇਆ । ਇਸ ਤੋਂ ਇਲਾਵਾ ਭਾਈ ਬੂਟਾ ਸਿੰਘ ਜੀ ਪਟਿਆਲਾ ਵਾਲੇ, ਭਾਈ ਜਗਤਾਰ ਸਿੰਘ ਜੀ ਜਵੱਦੀ ਟਕਸਾਲ ਵਾਲੇ, ਭਾਈ ਹਰਪ੍ਰੀਤ ਸਿੰਘ ਜੀ ਮਲੇਰਕੋਟਲੇ ਵਾਲੇ, ਭਾਈ ਮਨਦੀਪ ਸਿੰਘ, ਭਾਈ ਨਵਦੀਪ ਸਿੰਘ, ਬੀਬੀ ਸਿਮਰਨ ਕੌਰ, ਭਾਈ ਹਰਮਨਪ੍ਰੀਤ ਸਿੰਘ ਜੀ, ਸੁਖਮਨੀ ਸੇਵਾ ਸੋਸਾਇਟੀ ਦੀਆਂ ਬੀਬੀਆਂ, ਭਾਈ ਕੁਲਤਾਰ ਸਿੰਘ ਦੇ ਜੱਥੇ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜੱਥੇ ਭਾਈ ਇੰਦਰਜੀਤ ਸਿੰਘ, ਭਾਈ ਜਸਵੰਤ ਸਿੰਘ, ਭਾਈ ਹਰਬਖਸ਼ ਸਿੰਘ ਅਤੇ ਭਾਈ ਗੁਰਮੀਤ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵੀਚਾਰਾਂ ਰਾਹੀਂ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕੀਤਾ। ਹਜ਼ਾਰਾਂ ਸੰਗਤਾਂ ਨੇ ਇਸ ਅਸਥਾਨ ਦੇ ਪਵਿੱਤਰ ਸਰੋਵਰ ਵਿੱਚ ਹਜ਼ਾਰਾਂ ਸੰਗਤਾਂ ਨੇ ਇਸ਼ਨਾਨ ਕੀਤਾ । ਇਸ ਮੌਕੇ ਹਰ ਵਿਭਾਗ ਦੇ ਮਾਹਿਰ ਡਾਕਟਰਾਂ ਨੇ ਮਰੀਜ਼ਾਂ ਦਾ ਮੁਆਇਨਾ ਕੀਤਾ ਅਤੇ ਦਵਾਈ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਫਰੀ ਦਿੱਤੀ ਗਈ। ਕੜਾਹ, ਛੋਲਿਆਂ ਦਾ ਪ੍ਰਸ਼ਾਦਿ, ਠੰਢੇ ਮਿੱਠੇ ਜਲ ਦੀ ਛਬੀਲ ਅਤੇ ਗੁਰੂ ਕਾ ਲੰਗਰ ਸੰਗਤਾਂ ਨੂੰ ਅਤੁੱਟ ਵਰਤਾਇਆ ਗਿਆ ।

# ਮੋਰਿੰਡਾ ਨਗਰ ਕੌਂਸਲ ਦੇ ਪ੍ਰਧਾਨ ਦਾ ਅਹੁਦਾ ਹੋਇਆ ਓਪਨ ਜਨਰਲ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਪੰਜਾਬ ਅੰਦਰ 102 ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੀਆਂ ਹੋਈਆਂ ਤਾਜ਼ਾ ਚੋਣਾਂ ਦੇ ਪ੍ਰਧਾਨ ਬਣਾਉਣ ਸਬੰਧੀ 17 ਜੂਨ ਨੂੰ ਪੰਜਾਬ ਦੇ ਸਮੂਹ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਦੇ ਨਾਂਅ ਇਕ ਪੱਤਰ ਜਾਰੀ ਕੀਤਾ ਗਿਆ ਹੈ । ਜਿਸ ਅਨੁਸਾਰ ਲਾਲੜੂ, ਪੱਟੀ, ਫਿਲੌਰ, ਮਜੀਠਾ ਅਤੇ ਲੋਹੀਆਂ ਖਾਸ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਲਈ ਰਾਖਵੇਂ ਰੱਖੇ ਗਏ ਹਨ। ਇਸੇ ਤਰ੍ਹਾਂ ਮਲੇਰਕੋਟਲਾ, ਰਾਏਕੋਟ,ਰਾਮਾ,ਪਾਇਲ ਅਤੇ ਮਲੂਕਾ ਨੂੰ ਐਸ ਸੀ ਮਹਿਲਾਵਾਂ ਲਈ ਰਾਖਵਾਂ ਰੱਖਿਆ ਗਿਆ ਹੈ। ਇਸ ਤੋਂ ਇਲਾਵਾ ਨਗਰ ਕੌਂਸਲ ਸਮਰਾਲਾ ਨੂੰ ਪਛੜੀ ਸ਼੍ਰੇਣੀ ਦੇ ਮੈਂਬਰਾਂ ਲਈ ਰਖੀ ਗਈ ਹੈ। ਨਗਰ ਕੌਂਸਲ ਮੋਰਿੰਡਾ ਦੀ ਗੱਲ ਕਰੀਏ ਤਾਂ ਨਗਰ ਕੌਂਸਲ ਮੋਰਿੰਡਾ ਦੇ ਨਵੇਂ ਚੁਣੇ ਕੁਲ ਮੈਂਬਰਾਂ ਦੀ ਗਿਣਤੀ 15 ਹੈ। ਇਹਨਾਂ ਵਿਚੋਂ 10 ਮੈਂਬਰ ਕਾਂਗਰਸ ਪਾਰਟੀ ਦੇ ਚੋਣ ਨਿਸ਼ਾਨ ਪੰਜੇ ਤੇ ਚੁਣੇ ਗਏ ਹਨ ਜਦੋਂ ਕਿ 4 ਅਜਾਦ ਉਮੀਦਵਾਰ ਜੇਤੂ ਰਹੇ ਹਨ ਅਤੇ 1 ਅਕਾਲੀ ਦਲ ਦੇ ਉਮੀਦਵਾਰ ਨੇ ਤੱਕੜੀ ਨਿਸ਼ਾਨ ਤੇ ਜਿੱਤ ਪ੍ਰਾਪਤ ਕੀਤੀ ਹੈ। ਦੋ ਅਜ਼ਾਦ ਕੌਂਸਲਰ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋ ਚੁੱਕੇ ਹਨ। ਮੋਰਿੰਡਾ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਜੱਦੀ ਹਲਕੇ ਵਿੱਚ ਪੈਂਦਾ ਹੈ। ਇਸ ਕਾਰਨ ਨਗਰ ਕੌਂਸਲ ਮੋਰਿੰਡਾ ਦੀ ਪ੍ਰਧਾਨਗੀ ਦਾ ਤਾਜ ਉਸ ਕੌਂਸਲਰ ਦੇ ਸਿਰ ਤੇ ਸਜੇਗਾ ਜਿਸ ਤੇ ਚਰਨਜੀਤ ਸਿੰਘ ਚੰਨੀ ਮੇਹਰਬਾਨ ਹੋਣਗੇ। ਫਿਰ ਵੀ ਨਗਰ ਕੌਂਸਲ ਚੋਣਾਂ ਹੋਣ ਉਪਰੰਤ ਪ੍ਰਧਾਨਗੀ ਦੇ ਚਾਹਵਾਨ ਕੌਂਸਲਰ ਦੂਜੇ ਕੌਂਸਲਰਾਂ ਨੂੰ ਆਪਣੇ ਵੱਲ ਕਰਨ ਦੀਆਂ ਕੋਸ਼ਿਸ਼ਾਂ ਵਿਚ ਜੁਟੇ ਹੋਏ ਹਨ। ਹੁਣ ਨਗਰ ਕੌਂਸਲ ਮੋਰਿੰਡਾ ਦੇ ਪ੍ਰਧਾਨ ਦਾ ਅਹੁਦਾ ਜਨਰਲ ਓਪਨ ਹੋਣ ਕਾਰਨ ਪ੍ਰਧਾਨਗੀ ਲਈ ਕਈ ਨਾਮਾਂ ਦੀ ਚਰਚਾ ਹੈ ਜਿਹਨਾਂ ਵਿੱਚ ਜਨਰਲ ਵਿਅਕਤੀਆਂ ਦੇ ਨਾਲ ਨਾਲ ਐਸ ਸੀ ਅਤੇ ਬੀ ਸੀ ਕੌਂਸਲਰ ਵੀ ਸ਼ਾਮਲ ਹਨ ਪ੍ਰੰਤੂ ਸਮਾਂ ਦੱਸੇਗਾ ਕਿ ਪ੍ਰਧਾਨਗੀ ਦਾ ਤਾਜ ਕਿਸ ਦੇ ਸਿਰ ਸਜਦਾ ਹੈ।

# ਵਿਸ਼ਵਾਸ ਫਾਊਂਡੇਸ਼ਨ ਖ਼ੂਨਦਾਨ ਕਰਨ 'ਚ ਸ਼ਾਨਦਾਰ ਯੋਗਦਾਨ ਲਈ ਸਨਮਾਨਤ

**ਮੋਹਾਲੀ (ਗੁਰਜੀਤ ਬਿੱਲਾ)**- ਵਿਸ਼ਵ ਖ਼ੂਨਦਾਨ ਦਿਵਸ ਦੇ ਸ਼ੁਭ ਮੌਕੇ 'ਤੇ ਹੋਮੀ ਭਾਭਾ ਕੈਂਸਰ ਹਸਪਤਾਲ ਅਤੇ ਖੋਜ ਕੇਂਦਰ, ਪੰਜਾਬ ਵਿਖੇ ਟ੍ਰਾਂਸਫਿਊਜ਼ਨ ਮੈਡੀਸਨ ਵਿਭਾਗ ਦੁਆਰਾ ਇੱਕ ਵਿਸ਼ੇਸ਼ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਸਮਾਰੋਹ ਵਿੱਚ ਸਮਾਜਿਕ ਸੰਗਠਨ ਵਿਸ਼ਵਾਸ ਫਾਊਂਡੇਸ਼ਨ ਨੂੰ ਖ਼ੂਨਦਾਨ ਵਿੱਚ ਉਸ ਦੇ ਲੰਬੇ ਸਮੇਂ ਤੋਂ ਚੱਲ ਰਹੇ, ਇਕਸਾਰ ਅਤੇ ਵਿਲੱਖਣ ਯੋਗਦਾਨ ਲਈ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਗੁਰੂਦੇਵ ਸ਼੍ਰੀ ਸਵਾਮੀ ਵਿਸ਼ਵਾਸ ਜੀ ਦੇ ਆਸ਼ੀਰਵਾਦ ਨਾਲ, ਹਸਪਤਾਲ ਦੇ ਡਾਇਰੈਕਟਰ ਡਾ. ਆਸ਼ੀਸ਼ ਗੁਲੀਆ ਨੇ ਵਿਸ਼ਵਾਸ ਫਾਊਂਡੇਸ਼ਨ ਦੀ ਪ੍ਰਧਾਨ ਸਾਧਵੀ ਨੀਲਿਮਾ ਵਿਸ਼ਵਾਸ, ਰਿਸ਼ੀ ਸਰਲ ਵਿਸ਼ਵਾਸ, ਰਿਸ਼ੀ ਪ੍ਰਭੂ ਵਿਸ਼ਵਾਸ ਅਤੇ ਸਾਧਵੀ ਪ੍ਰੀਤੀ ਵਿਸ਼ਵਾਸ ਨੂੰ ਸੰਗਠਨ ਦੇ ਸ਼ਾਨਦਾਰ ਮਾਨਵਤਾਵਾਦੀ ਕਾਰਜ ਅਤੇ ਸਮਾਜ ਸੇਵਾ ਪ੍ਰਤੀ ਸਮਰਪਣ ਲਈ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ। ਉਨ੍ਹਾਂ ਨੇ ਸਵੈ-ਇੱਛਤ ਖ਼ੂਨਦਾਨ ਨੂੰ ਉਤਸ਼ਾਹਿਤ ਕਰਨ ਲਈ ਸੰਗਠਨ ਦੇ ਨਿਰੰਤਰ ਯਤਨਾਂ ਦੀ ਸ਼ਲਾਘਾ ਕੀਤੀ।ਸਮਾਗਮ ਨੂੰ ਸੰਬੋਧਨ ਕਰਦੇ ਹੋਏ, ਡਾਇਰੈਕਟਰ ਡਾ. ਆਸ਼ੀਸ਼ ਗੁਲੀਆ ਨੇ ਕਿਹਾ ਕਿ ਖ਼ੂਨਦਾਨ ਸਿਰਫ਼ ਇੱਕ ਡਾਕਟਰੀ ਪ੍ਰਕਿਰਿਆ ਨਹੀਂ ਹੈ, ਸਗੋਂ ਮਨੁੱਖਤਾ ਦੀ ਸਭ ਤੋਂ ਵੱਡੀ ਸੇਵਾ ਹੈ।



# ਸ਼ਹੀਦੀ ਦਿਹਾੜੇ ਨੂੰ ਸਮਰਪਿਤ ਠੰਢੇ-ਮਿੱਠੇ ਜਲ ਦੀ ਛਬੀਲ ਲਗਾਈ

**ਅੱਡਾ ਸਰਾਂ (ਜਸਵੀਰ ਕਾਜਲ)**- ਪਿੰਡ ਕੰਧਾਲਾ ਜੱਟਾ ਵਿਖੇ ਗੁਰੂਦੁਆਰਾ ਧੰਨ ਧੰਨ ਬਾਬਾ ਬਿਸ਼ਨ ਸਿੰਘ ਦੇ ਪ੍ਰਬੰਧਕ ਕਮੇਟੀ ਵਲੋ ਨਗਰ ਨਿਵਾਸੀ ਸੰਗਤਾਂ ਅਤੇ ਐਨ ਆਈ ਸੰਗਤਾਂ ਦੇ ਸਹਿਯੋਗ ਨਾਲ ਸ਼ਹੀਦਾਂ ਦੇ ਸਰਤਾਜ, ਸ਼ਾਤੀ ਦੇ ਪੁੰਜ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਸਮਾਗਮ ਕਰਵਾਇਆ। ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਦੇ ਭੋਗ ਉਪਰੰਤ ਕੀਰਤਨ ਦੀਵਾਨ ਸਜਾਏ ਗਏ ਜਿਸ ਵਿੱਚ ਭਾਈ ਗੁਰਮੱਖ ਸਿੰਘ ਅਤੇ ਹੋਰ ਰਾਗੀ ਜਥਿਆਂ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀ ਤੇ ਗੁਰੂ ਇਤਿਹਾਸ ਨਾਲ ਜੋੜਿਆ। ਇਸ ਮੌਕੇ ਸਰਬਤ ਦੇ ਭਲੇ ਦੀ ਅਰਦਾਸ ਉਪਰੰਤ ਠੰਡੇ ਮਿਠੇ ਜਲ ਦੀ ਛਬੀਲ ਲਗਾਈ ਗਈ। ਗੁਰੂ ਜੀ ਦਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਅੰਮ੍ਰਿਤਪਾਲ ਸਿੰਘ ਪ੍ਰਧਾਨ ਗੁਰਦੁਆਰਾ ਪ੍ਰਬੰਧਕ ਕਮੇਟੀ, ਕੈਪਟਨ ਸੁਰਿੰਦਰ ਸਿੰਘ ਸੀ ਏ, ਮਨਜੀਤ ਸਿੰਘ ਖਜਾਨਚੀ, ਤਜਿੰਦਰ ਸਿੰਘ ਬਿੱਲਾ ਉੱਪ ਖਜਾਨਚੀ, ਸੁਖਨਿੰਦਰ ਸਿੰਘ, ਇੰਦਰਜੀਤ ਸਿੰਘ, ਦਰਸ਼ਨ ਸਿੰਘ, ਗੁਰਮੇਲ ਸਿੰਘ, ਬਲਸਾਹਿਬ ਸਿੰਘ, ਤਨਵਪ੍ਰੀਤ ਸਿੰਘ, ਇੰਦਰਜੀਤ ਸਿੰਘ ਕਨੇਡਾ, ਕਮਲ ਸਿੰਘ, ਹੈਡ ਗ੍ਰੰਥੀ ਰਣਜੀਤ ਸਿੰਘ, ਗ੍ਰੰਥੀ ਦਾਨ ਸਿੰਘ, ਨਰਿੰਦਰ ਸਿੰਘ, ਹਰਵਿੰਦਰ ਸਿੰਘ ਬਿੱਟਾ, ਬਲਜੀਤ ਸਿੰਘ, ਹਰਵਿੰਦਰ ਸਿੰਘ, ਸਹਿਜਪਾਲ ਸਿੰਘ, ਜਪਮਨ ਸਿੰਘ ਤੇ ਹੋਰ ਨਗਰ ਦੀਆਂ ਸੰਗਤਾਂ ਹਾਜ਼ਰ ਸਨ।



# ਸਾਲਾਨਾ ਜੋੜ ਮੇਲਾ ਕਰਵਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਹਾਰਟਾ ਵਿਖੇ ਦਰਬਾਰ ਪੀਰ ਬਾਬਾ ਜਲਫੂ ਸ਼ਾਹ ਦੀ ਮਜ਼ਾਰ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਸਾਲਾਨਾ ਜੋੜ ਮੇਲਾ ਡੇਰੇ ਦੇ ਮੁੱਖ ਸੇਵਾਦਾਰ ਸਾਈਂ ਬੂਟੀ ਸ਼ਾਹ ਦੀ ਅਗਵਾਈ ਹੇਠ ਕਰਵਾਇਆ ਗਿਆ। ਇਸ ਮੌਕੇ ਡੇਰੇ ਦੇ ਮੁੱਖ ਸੇਵਾਦਾਰ ਸਾਈਂ ਬੂਟੀ ਸ਼ਾਹ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਾਲਾਨਾ ਜੋੜ ਮੇਲੇ ਮੌਕੇ ਚਿਰਾਗ, ਚਾਦਰ ਅਤੇ ਝੰਡੇ ਦੀ ਰਸਮ ਸੰਗਤਾਂ ਵੱਲੋਂ ਅਦਾ ਕੀਤੀ ਗਈ। ਉਨ੍ਹਾਂ ਦੱਸਿਆ ਕਿ ਸਾਲਾਨਾ ਜੋੜ ਮੇਲੇ ਮੌਕੇ ਪੰਜਾਬ ਦੇ ਨਾਮਵਰ ਕਲਾਕਾਰਾਂ ਨੇ ਪੀਰਾਂ ਦੀ ਮਹਿਫਲ ਸਜਾਈ ਗਈ। ਉਨ੍ਹਾਂ ਦੱਸਿਆ ਕਿ ਸਾਲਾਨਾ ਜੋੜ ਮੇਲੇ ਮੌਕੇ ਵੱਖ ਵੱਖ ਦਰਬਾਰਾ ਤੋਂ ਫੱਕਰ ਫ਼ਕੀਰਾਂ ਨੇ ਪੁੱਜ ਕੇ ਹਾਜ਼ਰੀ ਭਰੀ। ਇਸ ਮੌਕੇ ਪ੍ਰਬੰਧਕਾਂ ਵੱਲੋਂ ਆਏ ਹੋਏ ਸੰਤ ਮਹਾਂਪੁਰਸ਼, ਫੱਕਰ ਫ਼ਕੀਰ, ਪ੍ਰਮੁੱਖ ਸਖਸ਼ੀਅਤਾਂ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਸਾਲਾਨਾ ਜੋੜ ਮੇਲੇ ਮੌਕੇ ਮੁੱਖ ਮਹਿਮਾਨ ਡਾਕਟਰ ਇਸ਼ਾਂਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਨੇ ਵਿਸ਼ੇਸ਼ ਤੌਰ 'ਤੇ ਪੁੱਜ ਕੇ ਹਾਜ਼ਰੀ ਭਰੀ। ਇਸ ਮੌਕੇ ਪ੍ਰਬੰਧਕਾਂ ਵੱਲੋਂ ਮੁੱਖ



ਮਹਿਮਾਨ ਡਾਕਟਰ ਇਸ਼ਾਂਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਨੂੰ ਲੋਈ ਦੇ ਕੇ ਸਨਮਾਨਤ ਕੀਤਾ ਗਿਆ। ਸਾਲਾਨਾ ਜੋੜ ਮੇਲੇ ਮੌਕੇ ਇਲਾਕੇ ਭਰ ਤੋਂ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।ਸਲਾਨਾ ਜੋੜ ਮੇਲੇ ਮੌਕੇ ਛਬੀਲ, ਚਾਹ ਪਕੌੜੇ ਅਤੇ ਦਾਤਾ ਜੀ ਦੇ ਲੰਗਰ ਅਤੁੱਟ ਵਰਤਾਏ ਗਏ।

# ਢੱਕ ਪੰਡੋਰੀ ਵਿਖੇ ਕਬੱਡੀ ਕੱਪ ਟੂਰਨਾਮੈਂਟ ਸਮਾਪਤ

**ਬੰਗਾ (ਅਵਤਾਰ ਕਲੇਰ)** ਢੱਕ ਸਪੋਰਟਸ ਐਂਡ ਵੈਲਫੇਅਰ ਕਲੱਬ ਰਜਿ. ਵੱਲੋਂ ਪਿੰਡ ਢੱਕ ਪੰਡੋਰੀ ਵਿਖੇ ਪੁਰਾਣੇ ਖਿਡਾਰੀਆਂ ਦੀ ਸੇਵਾ ਨੂੰ ਸਮਰਪਿਤ ਕਬੱਡੀ ਕੱਪ ਟੂਰਨਾਮੈਂਟ ਸਮੂਹ ਗ੍ਰਾਮ ਪੰਚਾਇਤ, ਐੱਨ ਆਰ ਆਈ ਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਕਰਵਾਇਆ ਗਿਆ। ਟੂਰਨਾਮੈਂਟ ਦਾ ਉਦਘਾਟਨ ਸਾਬਕਾ ਸਰਪੰਚ ਗੁਰਸ਼ਰਨ ਸਿੰਘ ਚੀਮਾ ਨੇ ਅਰਦਾਸ ਉਪਰੰਤ ਰਿਬਨ ਕੱਟ ਕੇ ਕੀਤਾ। ਟੂਰਨਾਮੈਂਟ ਦੌਰਾਨ ਕਬੱਡੀ ਆਲ ਓਪਨ ਦੀਆਂ 8 ਟੀਮਾਂ ਨੇ ਪੂਰੇ ਉਤਸ਼ਾਹ ਨਾਲ ਭਾਗ ਲਿਆ। ਪਹਿਲਾ ਇਨਾਮ ਸ਼ਹੀਦ ਭਗਤ ਸਿੰਘ ਕਬੱਡੀ ਕਲੱਬ ਰੁੜਕੀ ਦੇ ਨਾਂਅ ਰਿਹਾ। ਜੇਤੂ ਟੀਮ ਨੂੰ 51 ਹਜ਼ਾਰ ਰੁਪਏ ਨਗਦ ਅਤੇ ਟਰਾਫੀ ਨਾਲ ਨਵਾਜਿਆ ਗਿਆ। ਉਪ ਜੇਤੂ ਆਨੰਦਪੁਰ ਸਾਹਿਬ ਕਬੱਡੀ ਕਲੱਬ ਭੋਲੇਵਾਲ ਦੀ ਟੀਮ ਨੂੰ 41 ਹਜ਼ਾਰ ਰੁਪਏ ਨਗਦ ਰਾਸ਼ੀ ਇਨਾਮ ਵਜੋਂ ਭੇਂਟ ਕੀਤੀ ਗਈ। ਬੈਸਟ ਰੇਡਰ ਦਾ ਖਿਤਾਬ ਮਾਣਾ ਫੱਤੂਢਿੰਗਾ ਅਤੇ ਕਿੰਦੂ ਰੁੜਕਾ ਨੇ ਸਾਂਝੇ ਤੌਰ ਤੇ ਆਪਣੇ ਨਾਂਅ ਕੀਤਾ। ਇਸੇ ਤਰ੍ਹਾਂ ਬੈਸਟ ਜਾਫੀ ਦਾ ਖਿਤਾਬ ਨਾਗ ਡਿਡਵਿੰਡੀ ਨੂੰ ਮਿਲਿਆ। ਕਬੱਡੀ ਪ੍ਰਮੋਟਰ ਜਤਿੰਦਰ ਜੌਹਲ ਅਤੇ ਸੁਭਾਸ਼ ਯੂ ਐੱਸ ਏ ਵਲੋਂ ਪੁਰਾਣੇ ਨਾਮਵਰ ਕਬੱਡੀ ਖਿਡਾਰੀ ਕਾਲਾ ਫਿਰੋਜਪੁਰੀਆ ਨੂੰ ਮੋਟਰਸਾਇਕਲ ਅਤੇ ਮਾਣਾ ਫੱਤੂਢਿੰਗਾ ਨੂੰ 51 ਹਜ਼ਾਰ ਰੁਪਏ ਨਗਦ ਭੇਟ ਕਰਕੇ ਹੌਸਲਾ ਅਫਜਾਈ ਕੀਤੀ ਗਈ। ਟੂਰਨਾਮੈਂਟ ਦੌਰਾਨ ਲੜਕੀਆਂ ਅਤੇ ਛੋਟੇ ਬੱਚਿਆਂ ਦੇ ਸ਼ੋਅ ਮੈਚ ਖਿੱਚ ਦਾ ਕੇਂਦਰ ਰਹੇ। ਇਨਾਮਾ ਦੀ ਵੰਡ ਮੌਕੇ ਮੁੱਖ ਮਹਿਮਾਨ ਵਜੋਂ ਡਾ. ਰਾਜ ਕੁਮਾਰ ਚੱਬੇਵਾਲ ਮੈਂਬਰ ਪਾਰਲੀਮੈਂਟ ਹੁਸ਼ਿਆਰਪੁਰ ਅਤੇ ਹਲਕਾ ਇੰਚਾਰਜ ਫਗਵਾੜਾ ਨੇ ਕੀਤੀ। ਵਿਸ਼ੇਸ਼ ਮਹਿਮਾਨ ਵਜੋਂ ਕਮਲਜੀਤ ਬੰਗਾ ਪ੍ਰਧਾਨ ਕਾਂਗਰਸ



ਜ਼ਿਲ੍ਹਾ ਕਿਸਾਨ ਵਿੰਗ ਐੱਸ ਬੀ ਐੱਸ ਨਗਰ ਸ਼ਾਮਲ ਹੋਏ। ਉਹਨਾਂ ਕਲੱਬ ਦੇ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿੰਦਿਆਂ ਸਹਿਤ ਅਤੇ ਪੰਜਾਬੀ ਵਿਰਸੇ ਨਾਲ ਜੁੜੀਆਂ ਖੇਡਾਂ ਵੱਲ ਪ੍ਰੇਰਿਤ ਕਰਨ ਦਾ ਇਹ ਵਧੀਆ ਉਪਰਾਲਾ ਹੈ। ਡਾ. ਚੱਬੇਵਾਲ ਨੇ ਪਿੰਡ ਦੀ ਖੇਡ ਗਰਾਊਂਡ ਲਈ ਪੰਜ ਲੱਖ ਰੁਪਏ ਦੇਣ ਦਾ ਐਲਾਨ ਵੀ ਕੀਤਾ। ਲੜਕੀਆਂ ਅਤੇ ਬੱਚਿਆਂ ਦੀ ਟੀਮ ਨੂੰ ਕਮਲਜੀਤ ਬੰਗਾ ਵੱਲੋਂ ਮੈਡਲਾਂ ਨਾਲ ਸਨਮਾਨਤ ਕੀਤਾ ਗਿਆ। ਕਲੱਬ ਵਲੋਂ ਮੁੱਖ ਮਹਿਮਾਨਾਂ, ਪਤਵੰਤਿਆਂ ਅਤੇ ਸਹਿਯੋਗੀਆਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ। ਇਸ ਤੋਂ ਇਲਾਵਾ ਕਲੱਬ ਦੇ ਪ੍ਰਧਾਨ ਲੱਕੀ ਸੋਭਾ, ਹਨੀ ਢੱਡਾ, ਸਾਬਕਾ ਸਰਪੰਚ ਗੁਰਚਰਨ ਸਿੰਘ ਚੀਮਾ, ਪੱਤਰਕਾਰ ਵਿਜੇ ਪਾਲ ਸਿੰਘ ਤੇਜੀ ਅਤੇ ਚੰਨਾ ਪੰਡੋਰੀ ਨੂੰ ਅਵਾਰਡ ਆਫ ਆਨਰ ਦੇ ਨਾਲ ਸਨਮਾਨਿਆ ਗਿਆ। ਅਖੀਰ ਵਿੱਚ ਗੁਰਸ਼ਰਨ ਸਿੰਘ ਚੀਮਾ ਨੇ ਸਮੂਹ ਮਹਿਮਾਨਾ ਤੇ ਐੱਨ ਆਰ ਆਈ ਦਾ ਸਹਿਯੋਗ ਲਈ ਵਿਸ਼ੇਸ਼ ਧੰਨਵਾਦ ਕੀਤਾ। ਸਟੇਜ ਦੀ ਸੇਵਾ ਵਿਜੇ ਪਾਲ ਸਿੰਘ ਤੇਜੀ ਵਲੋਂ ਬਾਖੂਬੀ ਨਿਭਾਈ ਗਈ। ਵੱਡੀ ਗਿਣਤੀ ਵਿੱਚ ਖੇਡ ਪ੍ਰੇਮੀਆਂ ਨੇ ਟੂਰਨਾਮੈਂਟ ਦਾ ਆਨੰਦ ਮਾਣਿਆ। ਇਸ ਮੌਕੇ ਕਬੱਡੀ ਸਟਾਰ ਜੱਗਾ ਸਿਕੰਦਰਪੁਰੀਆ, ਲਖਵਿੰਦਰ ਸਿੰਘ ਲੱਖੀ ਸੀਨੀਅਰ ਆਪ ਆਗੂ ਗੜ੍ਹਸ਼ੰਕਰ, ਤਵਿੰਦਰ ਰਾਮ ਚੇਅਰਮੈਨ ਮਾਰਕਿਟ ਕਮੇਟੀ ਫਗਵਾੜਾ, ਸੀਮਾ ਰਾਣਾ, ਮਨੀਸ਼ ਕੌਲ ਯੂਥ ਪ੍ਰਧਾਨ ਸ੍ਰੀ ਗੁਰੂ ਰਵਿਦਾਸ ਟਾਈਗਰ ਫੋਰਸ ਪੰਜਾਬ, ਕੁਲਵਿੰਦਰ ਸਿੰਘ ਚੱਠਾ, ਜਤਿੰਦਰ ਸਿੰਘ ਲੁਬਾਣਾ, ਅਵਤਾਰ ਸਿੰਘ ਨਿਮਾਣਾ, ਕਾਲਾ ਠੇਕੇਦਾਰ ਫਤਿਹਗੜ੍ਹ, ਬਲਜਿੰਦਰ ਸਿੰਘ ਫਤਿਹਗੜ੍ਹ, ਗੋਰਾ ਹਰਦਾਸਪੁਰ, ਕਸ਼ਮੀਰ ਸਿੰਘ ਬਦੇਸ਼ਾ, ਸੱਤਪਾਲ ਪੰਡੋਰੀ, ਸਰਪੰਚ ਅੰਮ੍ਰਿਤਪਾਲ ਸਿੰਘ ਚੀਮਾ, ਬਿੰਦਰ ਪਾਲ ਤੇਜੀ, ਡਾ. ਰਾਣਾ, ਰਾਜਿੰਦਰ ਬਾਜਵਾ, ਨਿਰਮਲ ਦਾਸ, ਸਤਨਾਮ ਸਿੰਘ ਚੀਮਾ, ਗੱਗੀ ਪੰਡੋਰੀ, ਰਾਜਕੁਮਾਰ, ਮਨੀਸ਼ ਚਾਵਲਾ, ਸੁਭਾਸ਼ ਚਾਵਲਾ ਆਦਿ ਹਾਜ਼ਰ ਸਨ।

# ਦੋਆਬਾ ਫੁੱਟਬਾਲ ਵੈੱਲਫੇਅਰ ਕਲੱਬ ਬੱਡੋਂ ਵੱਲੋਂ ਫੁੱਟਬਾਲ ਟੂਰਨਾਮੈਂਟ ਆਯੋਜਿਤ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਠੱਕਰਵਾਲ ਵਿਖੇ ਦੋਆਬਾ ਫੁੱਟਬਾਲ ਵੈਲਫੇਅਰ ਕਲੱਬ ਬੱਡੋਂ ਵੱਲੋਂ ਸਾਲਾਨਾ 26ਵੀਂ ਸਮਰ ਲੀਗ ਫੁੱਟਬਾਲ ਟੂਰਨਾਮੈਂਟ ਜਾਰੀ ਹੈ। ਇਸ ਮੌਕੇ ਕਲੱਬ ਪ੍ਰਧਾਨ ਕਿਸ਼ਨ ਚੰਦ ਭਨੋਟ ਪਟਵਾਰੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਲਾਨਾ 26ਵੀਂ ਲੀਗ ਦੇ ਤੀਜੇ ਰਾਊਂਡ ਦੇ ਮੈਚ ਪਿੰਡ ਠੱਕਰਵਾਲ ਸ਼ਹੀਦ ਭਗਤ ਸਿੰਘ ਸਟੇਡੀਅਮ ਠੱਕਰਵਾਲ ਵਿਖੇ ਆਰੰਭ ਕੀਤੇ ਗਏ। ਉਨ੍ਹਾਂ ਦੱਸਿਆ ਕਿ ਅਰਦਾਸ ਬੇਨਤੀ ਕਰਨ ਉਪਰੰਤ 26ਵੀਂ ਸਮਲ ਲੀਗ ਤੀਜੇ ਰਾਊਂਡ ਦੇ ਮੈਚ ਦੀ ਅਰੰਭਤਾ ਕੀਤੀ ਗਈ। ਉਨ੍ਹਾਂ ਦੱਸਿਆ ਕਿ ਉਦਘਾਟਨੀ ਮੈਚ ਪਿੰਡ ਬੱਡੋਂ ਅਤੇ ਅਜਨੋਹਾ ਵਿਚਕਾਰ ਕਰਵਾਇਆ ਗਿਆ ਜਿਸ ਵਿੱਚ ਪਿੰਡ ਬੱਡੋ ਦੀ ਟੀਮ ਦੋ ਗੋਲਾਂ ਨਾਲ ਜੇਤੂ ਰਹੀ। ਇਸ ਮੌਕੇ ਪ੍ਰਧਾਨ ਕਿਸ਼ਨ ਚੰਦ ਭਨੋਟ ਪਟਵਾਰੀ, ਵਾਈਸ ਪ੍ਰਧਾਨ ਮਾਸਟਰ ਹਰਭਜਨ ਸਿੰਘ ਅਜਨੋਹਾ, ਪ੍ਰਿੰਸੀਪਲ ਮਾਸਟਰ ਜਗਮੋਹਣ ਸਿੰਘ ਡਾਂਡੀਆਂ, ਜਗਦੀਸ਼ ਸਿੰਘ ਮੋਗੋਪੱਟੀ, ਜਰਨੈਲ ਸਿੰਘ ਨੂਰੀ, ਦਲਜੀਤ ਸਿੰਘ, ਪਰਮਜੀਤ ਸਿੰਘ, ਰਾਜੇਸ਼ ਕੁਮਾਰ ਰਾਜਾ, ਜਸਵੀਰ ਸਿੰਘ, ਕਰਮਜੀਤ ਸਿੰਘ, ਬਿੰਦਰ ਮਾਟਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਖੇਡ ਪ੍ਰੇਮੀ ਹਾਜ਼ਰ ਸਨ।



# ਸਿੰਗੜੀਵਾਲਾ 'ਚ ਬੈਲ ਗੱਡੀਆਂ ਦੀਆਂ ਦੌੜਾਂ ਕਰਵਾਈਆਂ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਜੈ ਬਾਬਾ ਸਿੱਧ ਗਰੀਬ ਦੇ ਸਾਲਾਨਾ ਮੇਲੇ ਤੇ ਸਿੰਗੜੀਵਾਲਾ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਪ੍ਰਬੰਧਕ ਕਮੇਟੀ ਅਤੇ ਨਗਰ ਪੰਚਾਇਤ ਵੱਲੋਂ ਹਰ ਸਾਲ ਦੀ ਤਰਾਂ ਬੈਲ ਗੱਡੀਆਂ ਦੀਆਂ ਦੌੜਾਂ ਕਰਵਾਈਆਂ ਗਈਆਂ ਜਿਸ ਵਿੱਚ ਦੂਰ ਦੁਰਾਡੇ ਤੋਂ ਵੈਲ ਗੱਡੀਆਂ ਦੇ ਦੌੜਾਂ ਦੇ ਸ਼ਕੀਨਾਂ ਵਲੋਂ ਹਿੱਸਾ ਲਿਆ ਗਿਆ। ਇਸ ਸਮੇਂ ਮੇਲੇ ਦੀ ਸਮਾਪਤੀ ਸਮੇਂ ਸੰਤ ਹਰਮਨਜੀਤ ਸਿੰਘ ਸਿੰਗੜੀਵਾਲਾ, ਸਰਪੰਚ ਹਰਜਿੰਦਰ ਸਿੰਘ, ਸਾਬਕਾ ਸਰਪੰਚ ਚਰਨ ਵਰਿੰਦਰ ਸਿੰਘ ਅਤੇ ਪਤਵੰਤੇ ਸੱਜਣਾ ਵੱਲੋਂ ਬੈਲ ਗੱਡੀਆਂ ਦੇ ਜੇਤੂ ਨੂੰ ਇਨਾਮ ਦੇ ਕੇ ਸਨਮਾਨ ਕੀਤਾ ਗਿਆ। ਇਸ ਸਮੇਂ ਪਹਿਲੇ ਨੰਬਰ ਤੇ ਗੁਰਿੰਦਰ ਸਿੰਘ ਧਾਮੀ, ਬਿੱਲਾ ਸਿੰਗੜੀਵਾਲਾ, ਦਿਲਾਵਰ ਸਿੰਘ ਰਾਣੇਵਾਲ ਟੱਪਰੀਆਂ ਤਰਸੇਮ ਸਿੰਘ ਹਿਆਲਾ ਦੀ ਬੈਲ ਗੱਡੀ ਸਾਂਝੇ ਤੌਰ ਤੇ ਆਈ, ਦੂਸਰੇ ਨੰਬਰ ਤੇ ਸੋਨੂੰ ਹੈਪੀ ਕਾਲੀਆ ਤੇ ਇਰਨਵੀਰ ਮੱਲਾ ਵੇਦੀਆਂ ਦੀ ਬੈਲ ਗੱਡੀ ਆਈ, ਤੀਸਰੇ ਨੰਬਰ ਤੇ ਲੁਡਣ ਚਿਤੋ ਤੇ ਬਿੰਦਰ ਢਿੱਲੋਂ ਭੱਜਲਾਂ ਦੀ ਬੈਲ ਗੱਡੀ ਆਈ ਅਤੇ ਇਹਨਾਂ ਪਹਿਲੇ ਤਿੰਨ ਨੰਬਰਾਂ ਤੇ ਆਉਣ ਵਾਲੀਆਂ ਬੈਲ ਗੱਡੀਆਂ ਦੇ ਜੇਤੂਆਂ ਨੂੰ ਇਲੈਕਟਰੋਨਿਕ ਸਕੂਟਰੀਆਂ ਇਨਾਮ ਵਿੱਚ ਦਿੱਤੀਆਂ ਗਈਆਂ। 4 ਤੋਂ 10 ਨੰਬਰ ਤੱਕ ਆਉਣ ਵਾਲੀਆਂ



ਬੈਲ ਗੱਡੀਆਂ ਦੇ ਮਾਲਕਾਂ ਨੂੰ ਫਰਿਜਾਂ, 11 ਤੋਂ 21 ਤੱਕ ਐਲ ਈ ਡੀ ਇਨਾਮ ਵਿੱਚ ਦਿੱਤੀਆਂ ਗਈਆਂ। ਸੰਤ ਬਾਬਾ ਹਰਮਨਜੀਤ ਸਿੰਘ ਸਿੰਗੜੀਵਾਲਾ ਨੇ ਬੈਲ ਗੱਡੀਆਂ ਦੇ ਜੇਤੂਆਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਸਾਡੀਆਂ ਰਵਾਇਤੀ ਖੇਡਾਂ ਨੂੰ ਜਿਉਂਦਾ ਰੱਖਣਾ ਸਮੇਂ ਦੀ ਲੋੜ ਹੈ। ਇਸ ਨਾਲ ਸਾਡੀ ਨੌਜਵਾਨ ਪੀੜੀ ਆਪਣੀਆਂ ਰਵਾਇਤੀ ਖੇਡਾਂ ਨਾਲ ਜੁੜ ਕੇ ਆਪਣੇ ਵਿਰਸੇ ਨੂੰ ਜਿਉਂਦਿਆਂ ਰੱਖ ਸਕਦੀਆਂ ਹਨ। ਇਸ ਸਮੇਂ ਪਹਿਲਾਂ ਜੈ ਬਾਬਾ ਸਿੱਧ ਗਰੀਬ ਦੀ ਦਰਗਾਹ ਤੇ ਧਾਰਮਿਕ ਮੇਲਾ ਕਰਵਾਇਆ ਗਿਆ ਜਿਸ ਵਿੱਚ ਧਾਰਮਿਕ ਕਵਾਲਾ ਨੇ ਸੰਗਤਾਂ ਨੂੰ ਆਪਣੇ ਧਾਰਮਿਕ ਕਵਾਲੀਆਂ ਨਾਲ ਨਿਹਾਲ ਕੀਤਾ।

ਇਸ ਸਮੇਂ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਲਈ ਲੰਗਰ ਦਾ ਅਟੁੱਟ ਪ੍ਰਬੰਧ ਕੀਤਾ ਗਿਆ ਇਸ ਸਮੇਂ ਬਲਾਕ ਸੰਮਤੀ ਮੈਂਬਰ ਗੁਰਵਿੰਦਰ ਸਿੰਘ ਹੈਦਰੋਵਾਲ, ਸਾਬਕਾ ਸਰਪੰਚ ਸੁਖਚੈਨ ਸਿੰਘ, ਪੰਚ ਬਲਵਿੰਦਰ ਸਿੰਘ ਬਿੰਦਾ, ਸਾਬਕਾ ਕੈਪਟਨ ਜਸਵੀਰ ਸਿੰਘ, ਸਤਨਾਮ ਸਿੰਘ ਬੱਬੂ, ਮਨਜਿੰਦਰ ਸਿੰਘ ਬਿੱਲਾ, ਪੰਚ ਬਲਵਿੰਦਰ ਸਿੰਘ ਧਾਮੀ, ਸਰਪੰਚ ਮਨਮੋਹਨ ਸਿੰਘ ਬਿੱਟਾ ਕੁਰੰਗਣਾ, ਲੱਖਾ ਯੂਕੇ, ਹਰਵਿੰਦਰ ਸਿੰਘ ਸ਼ੇਰਾ, ਅਮਰੀਕ ਸਿੰਘ ਸਾਬਕਾ ਸਰਪੰਚ, ਭੁਪਿੰਦਰ ਸਿੰਘ ਸੈਕਟਰੀ, ਬਲਕਾਰ ਸਿੰਘ ਇਟਲੀ, ਹਰਭਜਨ ਸਿੰਘ ਫੌਜੀ, ਜਸਵਿੰਦਰ ਸਿੰਘ ਸਾਬਕਾ ਏ ਐੱਸ ਆਈ, ਜਸਵਿੰਦਰ ਸਿੰਘ ਧਾਮੀ, ਨਿਹੰਗ ਸੁਰਜਨ ਸਿੰਘ, ਮਨਵੀਰ ਸਿੰਘ, ਹਰਜਾਪ ਸਿੰਘ ਆਦਿ ਹਾਜ਼ਰ ਸਨ।

# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ 5 ਨਸ਼ਾ ਤਸਕਰ ਕਾਬੂ

**ਨੰਗਲ (ਸੁਰਜੀਤ ਸਿੰਘ)**- ਜ਼ਿਲ੍ਹਾ ਰੂਪਨਗਰ ਪੁਲਿਸ ਨੇ ਨਸ਼ਿਆਂ ਖਿਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ ਇੱਕ ਮਹੱਤਵਪੂਰਨ ਸਫਲਤਾ ਹਾਸਲ ਕਰਦਿਆਂ ਪੰਜ ਨਸ਼ਾ ਤਸਕਰਾਂ ਨੂੰ ਕਾਬੂ ਕੀਤਾ ਹੈ। ਦੋਸ਼ੀਆਂ ਕੋਲੋ ਹੈਰੋਇਨ, ਇੱਕ ਗੈਰ-ਕਾਨੂੰਨੀ ਪਿਸਤੌਲ ਅਤੇ ਇੱਕ ਕਾਰ ਬਰਾਮਦ ਕੀਤੀ ਗਈ ਹੈ।ਪੁਲਿਸ ਨੂੰ ਖੁਫੀਆ ਸੂਚਨਾ ਪ੍ਰਾਪਤ ਹੋਈ ਸੀ ਕਿ ਕੁਝ ਨਸ਼ਾ ਤਸਕਰ ਇੱਕ ਚਿੱਟੇ ਰੰਗ ਦੀ ਹੁੰਡਈ ਕਾਰ ਵਿੱਚ ਨਯਾ ਨੰਗਲ ਰਾਹੀਂ ਨੰਗਲ ਵੱਲ ਜਾ ਰਹੇ ਹਨ। ਸੂਚਨਾ ਮਿਲਦੇ ਹੀ ਪੁਲਿਸ ਪੋਸਟ ਨਯਾ ਨੰਗਲ ਦੀ ਟੀਮ ਵੱਲੋਂ ਤੁਰੰਤ ਨਾਕਾਬੰਦੀ ਕੀਤੀ ਗਈ।ਸ਼ੱਕੀ ਵਾਹਨ ਨੂੰ ਰੋਕਣ ਦੀ ਕੋਸ਼ਿਸ਼ ਦੌਰਾਨ ਕਾਰ ਸਵਾਰ ਵਿਅਕਤੀਆਂ ਨੇ ਪੁਲਿਸ ਤੋਂ ਬਚਣ ਲਈ ਨਾਕਾ ਪਾਰਟੀ ਉੱਤੇ ਦੇ ਫਾਇਰ ਕੀਤੇ ਅਤੇ ਫਰਾਰ ਹੋਣ ਦੀ ਕੋਸ਼ਿਸ਼ ਕੀਤੀ। ਇਸ ਤੋਂ ਬਾਅਦ ਪੁਲਿਸ ਪਾਰਟੀ ਵੱਲੋਂ ਕਰੀਬ 10 ਕਿਲੋਮੀਟਰ ਤੱਕ ਪਿੱਛਾ ਕੀਤਾ ਗਿਆ ਅਤੇ ਪਿੰਡ ਬ੍ਰਹਮਪੁਰਾ ਵਿਖੇ ਛਬੀਲ ਲੱਗੀ ਹੋਣ ਕਰਕੇ ਕਾਰ ਦੀ ਸਪੀਡ ਘੱਟ ਹੋਣ ਕਰਕੇ ਨਵਾਂ ਨੰਗਲ ਚੌਕੀ ਇੰਚਾਰਜ ਯਾਦਵਿੰਦਰ ਸਿੰਘ ਨੇ ਜਵਾਬੀ ਫਾਇਰ ਕੀਤਾ ਜਿਸ ਦੇ ਕਾਰਨ ਦੋਸ਼ੀ ਮੌਕੇ ਤੇ ਫੜੇ ਗਏ।ਕਾਰਵਾਈ ਦੌਰਾਨ 1 ਦੋਸ਼ੀ ਵੱਲੋਂ ਪੁਲਿਸ ਪਾਰਟੀ ਤੇ ਫਾਇਰ ਕੀਤਾ ਗਿਆ, ਜੋ ਜਨਤਕ ਸੁਰੱਖਿਆ ਅਤੇ ਕਾਨੂੰਨ ਵਿਵਸਥਾ ਨੂੰ ਬਣਾਈ ਰੱਖਣ ਲਈ ਪੁਲਿਸ ਮੁਲਾਜ਼ਮ ਵੱਲੋਂ ਆਪਣੀ ਆਤਮ ਰੱਖਿਆ ਅਤੇ ਆਮ ਜਨਤਾ ਦੀ ਸੁਰੱਖਿਆ ਦੇ ਮੱਦੇਨਜਰ ਸਰਕਾਰੀ ਹਥਿਆਰ ਨਾਲ ਇੱਕ



ਫਾਇਰ ਕੀਤਾ ਗਿਆ, ਜੋ ਦੋਸ਼ੀ ਲਵਪ੍ਰੀਤ ਸਿੰਘ ਪੁੱਤਰ ਸੁਖਦੇਵ ਸਿੰਘ ਵਾਸੀ ਜੰਗਪੁਰਾ, ਜ਼ਿਲ੍ਹਾ ਮੋਹਾਲੀ ਦੇ ਮੋਢੇ 'ਤੇ ਲੱਗਾ। ਉਸ ਨੂੰ ਤੁਰੰਤ ਕਾਬੂ ਕਰਕੇ ਇਲਾਜ ਲਈ ਬੀ ਬੀ ਐਮ ਬੀ ਹਸਪਤਾਲ ਭੇਜਿਆ ਗਿਆ। ਗ੍ਰਿਫ਼ਤਾਰ ਕੀਤੇ ਗਏ ਦੋਸ਼ੀਆਂ ਦੀ ਪਹਿਚਾਨ ਲਵਪ੍ਰੀਤ ਸਿੰਘ ਪੁੱਤਰ ਸੁਖਦੇਵ ਸਿੰਘ ਵਾਸੀ ਜੰਗਪੁਰਾ, ਜ਼ਿਲ੍ਹਾ ਮੋਹਾਲੀ,ਰੋਹਿਤ ਪੁੱਤਰ ਰਾਜ ਕੁਮਾਰ ਵਾਸੀ ਹਿਸਾਰ,ਸ਼ੁਭਮ ਪੁੱਤਰ ਰਾਜੇਸ਼ ਵਾਸੀ ਜੀਂਦ,ਪਰੀਕਸ਼ਿਤ ਪੁੱਤਰ ਸੰਜੇ ਵਾਸੀ ਸੋਨੀਪਤ, ਲੇਹਮਸਤਕ ਪ੍ਰਤਾਪ ਸਿੰਘ ਪੁੱਤਰ ਕੁਲਵਿੰਦਰ ਸਿੰਘ ਵਾਸੀ ਨੂੰ ਗ੍ਰਿਫਤਾਰ ਕਰ ਲਿਆ ਗਿਆ। ਜਿਨ੍ਹਾਂ ਕੋਲੋਂ 150 ਗ੍ਰਾਮ ਹੈਰੋਇਨ,ਇੱਕ ਪਿਸਤੌਲ (.32 ਬੋਰ) ਸਮੇਤ 5 ਜਿੰਦਾ ਕਾਰਤੂਸ, ਇੱਕ ਹੁੰਡਈ ਐਕਸੈਂਟ ਕਾਰ ਸੀ ਐਚ 01 ਬੀ ਐਚ 7727 ਬਰਾਮਦ ਕਰ ਲਈ ਗਈ।ਇਸ ਸਬੰਧੀ ਐਨ.ਡੀ.ਪੀ.ਐਸ. ਐਕਟ, ਆਰਮਜ਼ ਐਕਟ ਅਤੇ ਹੋਰ ਲਾਗੂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।

# ਸ਼ਹੀਦੀ ਦਿਹਾੜੇ ਮੌਕੇ ਠੰਢੇ-ਮਿੱਠੇ ਜਲ ਦੀ ਛਬੀਲ ਲਗਾਈ, ਛਾਂਦਾਰ ਪੌਦੇ ਵੰਡੇ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਬਰਵਾਲਾ ਰੋਡ ਵਿਖੇ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਵੱਡੀ ਗਿਣਤੀ ਵਿੱਚ ਰਾਹਗੀਰਾਂ ਅਤੇ ਇਲਾਕਾ ਵਾਸੀਆਂ ਨੇ ਛਬੀਲ ਦਾ ਪ੍ਰਸ਼ਾਦ ਛਕਿਆ ।ਸਮਾਗਮ ਦੌਰਾਨ ਜ਼ਿਲ੍ਹਾ ਕਾਂਗਰਸ ਦੇ ਵਾਈਸ ਪ੍ਰਧਾਨ ਬਲਿਹਾਰ ਸਿੰਘ ਬੱਲੀ ਵੱਲੋਂ ਵਾਤਾਵਰਨ ਸੰਭਾਲ ਦਾ ਸੰਦੇਸ਼ ਦਿੰਦਿਆਂ ਲੋਕਾਂ ਨੂੰ ਛਾਂਦਾਰ ਪੌਦੇ ਵੀ ਵੰਡੇ ਗਏ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਮਨੁੱਖਤਾ ਦੀ ਸੇਵਾ, ਸਹਿਣਸ਼ੀਲਤਾ ਅਤੇ ਪਰਉਪਕਾਰ ਦਾ ਸੰਦੇਸ਼ ਦਿੰਦੀਆਂ ਹਨ, ਜਿਨ੍ਹਾਂ 'ਤੇ ਚੱਲ ਕੇ ਹੀ ਸਮਾਜ ਨੂੰ ਬਿਹਤਰ ਬਣਾਇਆ ਜਾ ਸਕਦਾ ਹੈ। ਇਸ ਮੌਕੇ ਹਲਕਾ ਇੰਚਾਰਜ ਦੀਪਇੰਦਰ ਸਿੰਘ ਢਿੱਲੋਂ ਨੇ ਵੀ ਛਬੀਲ ਵਿੱਚ ਸੇਵਾ ਨਿਭਾਉਂਦਿਆਂ ਰਾਹਗੀਰਾਂ ਨੂੰ ਠੰਢਾ ਮਿੱਠਾ ਜਲ ਛਕਾਇਆ। ਛਬੀਲ ਦੌਰਾਨ ਵਾਰਡ ਨੰਬਰ 6 ਦੇ ਕੌਂਸਲਰ ਮਨੀਸ਼ ਕੁਮਾਰ, ਕੌਂਸਲਰ ਬੰਟੀ ਰਾਣਾ, ਚਮਨ ਸੈਣੀ ਸਮੇਤ ਕਾਂਗਰਸੀ ਆਗੂਆਂ, ਵਰਕਰਾਂ ਅਤੇ ਇਲਾਕਾ ਵਾਸੀਆਂ ਨੇ ਸੇਵਾ ਕਾਰਜਾਂ ਵਿੱਚ ਭਾਗ ਲਿਆ ਅਤੇ ਗੁਰੂ ਸਾਹਿਬ ਦੇ ਦਰਸਾਏ ਮਾਰਗ 'ਤੇ ਚੱਲਣ ਦਾ ਸੰਕਲਪ ਲਿਆ।



# ਸਾਲਾਨਾ ਜੋੜ ਮੇਲਾ ਤੇ ਛਿੰਝ ਮੇਲਾ ਕਰਵਾਇਆ

**ਕਪੂਰਥਲਾ (ਮਨਜੀਤ ਮਾਨ)** ਬਾਬਾ ਜੀ ਜਸਵਿੰਦਰ ਸਿੰਘ ਪਿੰਡ ਔਜਲੇ ਵਾਲਿਆ ਨੇ ਦਸਿਆ ਕਿ ਹਰ ਸਾਲ ਦੀ ਤਰ੍ਹਾ ਇਸ ਸਾਲ ਵੀ ਲੱਖਾਂ ਦੇ ਦਾਤੇ ਦੇ ਦਰਬਾਰ ਪਿੰਡ ਔਜਲਾ ਵਿਖੇ ਸਲਾਨਾ ਜੋੜ ਮੇਲਾ ਅਤੇ ਛਿੰਝ ਮੇਲਾ ਬਹੁਤ ਹੀ ਧੂਮ ਧਾਮ ਨਾਲ ਕਰਵਾਇਆ ਗਿਆ ਜਿਸ ਵਿੱਚ ਪੰਜਾਬ ਦੀ ਸੁਰੀਲੀ ਦੋਗਾਣਾ ਗਾਇਕ ਜੋੜੀ ਕੁਲਦੀਪ ਰਸੀਲਾ ਅਤੇ ਖੁਸ਼ਦੀਪ ਖੁਸ਼ੀ। ਪੰਜਾਬ ਦੀ ਬਹੁਤ ਹੀ ਮਸ਼ਹੂਰ ਗਾਇਕ ਜੋੜੀ ਅਮਰੀਕ ਮਾਈਕਲ ਅਤੇ ਨੂਰ ਸਿੱਧੂ ਅਤੇ ਗਾਇਕ ਜੈਲਾ ਸ਼ੇਖੂਪੁਰੀਆ ਨੇ ਖੂਬ ਰੰਗ ਬੰਨ੍ਹਿਆ ਮੇਲੇ ਦੀ ਰਾਤ ਦਰਬਾਰ ਤੇ ਇਸ਼ੂ ਨਕਾਲ ਪਾਰਟੀ (ਨਵਾਂਸ਼ਹਿਰ ਵਾਲਿਆ) ਵਲੋਂ ਹਾਜ਼ਰੀ ਲਗਵਾਈ ਗਈ । ਮੇਲੇ ਵਿਚ ਪੰਜਾਬ ਦੇ ਪ੍ਰਸਿੱਧ ਪਹਿਲਵਾਨਾਂ ਦੀਆਂ ਕੁਸ਼ਤੀਆਂ ਕਰਵਾਈਆਂ ਗਈਆਂ। ਬਾਬਾ ਜੀ ਦਾ ਅਤੁੱਟ ਲੰਗਰ ਵਰਤਾਇਆ ਗਿਆ ਅਤੇ ਠੰਡੇ ਮਿੱਠੇ ਜਲ ਦੀਆ ਛਬੀਲਾ ਲਗਾਈਆਂ ਗਈਆਂ । ਮੇਲੇ ਵਿੱਚ ਮੁੱਖ ਤੌਰ ਤੇ ਪਿੰਡ ਅਤੇ ਨਗਰ ਪੰਚਾਇਤ ਵਲੋਂ ਅਤੇ ਸਾਰੇ ਐਨ ਆਰ ਆਈ ਵਲੋ ਸਹਿਯੋਗ ਦਿੱਤਾ ਗਿਆ। ਮੇਲੇ ਵਿੱਚ ਅਵਤਾਰ ਸਿੰਘ ਯੂ ਕੇ ਅਤੇ ਉਹਨਾਂ ਦੀ ਧਰਮ ਪਤਨੀ ਵਿਸ਼ੇਸ਼ ਤੌਰ ਤੇ ਪਹੁੰਚੇ । ਮੇਲੇ ਵਿੱਚ ਪਹੁੰਚੇ ਕਲਾਕਾਰਾਂ ਅਤੇ ਪਹਿਲਵਾਨਾਂ ਦਾ ਮੁੱਖ ਸੇਵਾਦਾਰ ਬਾਬਾ ਜਸਵਿੰਦਰ ਸਿੰਘ ਔਜਲਾ, ਮੇਲੇ ਦੀ ਪ੍ਰਬੰਧਕ ਕਮੇਟੀ ਅਤੇ ਸਮੂਹ ਸਾਧ ਸੰਗਤ ਵੱਲੋ ਮਾਨ ਸਨਮਾਨ ਕੀਤਾ ਗਿਆ ।

# ਐਡਵੋਕੇਟ ਕਰਮਵੀਰ ਸਿੰਘ ਚੰਦੀ ਦੀ ਅਗਵਾਈ ਹੇਠ 25 ਪਰਵਾਰ ਆਪ 'ਚ ਸ਼ਾਮਲ

**ਕਪੂਰਥਲਾ (ਮਨਜੀਤ ਮਾਨ)**- ਜ਼ਿਲ੍ਹਾ ਕਪੂਰਥਲਾ ਦੇ ਅਧੀਨ ਪੈਂਦੇ ਪਿੰਡ ਕਾਲਾ ਸੰਘਿਆਂ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਨਰਿੰਦਰ ਸਿੰਘ ਸੰਘਾ, ਬਲਾਕ ਪ੍ਰਧਾਨ ਵਿਜੇ ਅਰੋੜਾ, ਜਗਰੂਪ ਸਿੰਘ, ਹਰਵਿੰਦਰ ਸਿੰਘ ਸੰਘਾ ਦੀ ਪ੍ਰੇਰਨਾ ਸਦਕਾ ਐਡਵੋਕੇਟ ਕਰਮਵੀਰ ਸਿੰਘ ਚੰਦੀ ਹਲਕਾ ਇੰਚਾਰਜ ਆਮ ਆਦਮੀ ਦੀ ਅਗਵਾਈ ਹੇਠ ਹੇਠ 25 ਪਰਵਾਰ 'ਆਪ' ਵਿੱਚ ਸ਼ਾਮਿਲ ਹੋ ਗਏ। ਇਸ ਮੌਕੇ ਐਡਵੋਕੇਟ ਕਰਮਵੀਰ ਸਿੰਘ ਚੰਦੀ ਨੇ ਆਪ ਵਿੱਚ ਸ਼ਾਮਿਲ ਹੋਏ ਪਰਵਾਰਾਂ ਦਾ ਭਰਵਾਂ ਸਵਾਗਤ ਕਰਦਿਆਂ ਕਿਹਾ ਕਿ ਪਾਰਟੀ ਵਿੱਚ ਸ਼ਾਮਿਲ ਹੋਏ ਪਰਿਵਾਰਾਂ ਨੂੰ ਪੂਰਾ ਪੂਰਾ ਮਾਨ ਸਤਿਕਾਰ ਮਿਲੇਗਾ। ਐਡਵੋਕੇਟ ਚੰਦੀ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਸਰਕਾਰ ਨੇ ਪਾਰਦਰਸ਼ੀ ਕੰਮ ਕਰਕੇ ਬਿਨਾਂ ਸਿਫਾਰਸ਼ ਤੋਂ ਨੌਕਰੀਆਂ ਦਿੱਤੀਆਂ। ਉਨ੍ਹਾਂ ਕਿਹਾ ਜੁਲਾਈ ਮਹੀਨੇ ਬੀਬੀਆਂ ਦੇ ਖਾਤਿਆਂ ਵਿੱਚ ਇੱਕ ਇੱਕ ਹਜ਼ਾਰ ਰੁਪਏ ਆਉਣਗੇ। ਉਨ੍ਹਾਂ ਹੋਰ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਪਿੰਡਾਂ ਵਿੱਚ ਖੇਡ ਸਟੇਡੀਅਮ ਤੇ ਸੜਕਾਂ ਬਣਾਈਆਂ ਜਾ



ਰਹੀਆਂ ਹਨ। ਕਿਸਾਨਾਂ ਨੂੰ ਅੱਠ ਅੱਠ ਘੰਟੇ ਮੋਟਰਾਂ ਵਾਲੀ ਲਾਈਟ ਮਹੁੱਈਆ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ 2027 ਵਿੱਚ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਪ ਸਰਕਾਰ ਰਪੀਟ ਹੋਵੇਗੀ। ਉਨ੍ਹਾਂ ਕਿਹਾ ਸੂਬੇ ਅੰਦਰ ਵਿਕਾਸ ਕਾਰਜਾਂ ਨੂੰ ਜੰਗੀ ਪੱਧਰ ਤੇ ਕਰਵਾਇਆ ਜਾ ਰਿਹਾ ਹੈ ਤੇ ਸੂਬੇ ਨੂੰ ਇੱਕ ਨਕਸ਼ੇ ਕਦਮਾਂ ਤੇ ਲਿਆਂਦਾ ਜਾਵੇਗਾ। ਇਸ ਮੌਕੇ ਆਮ ਆਦਮੀ ਪਾਰਟੀ ਦੇ ਆਗੂਆਂ ਤੋਂ ਇਲਾਵਾ ਪਿੰਡ ਤੇ ਇਲਾਕੇ ਦੇ ਵਰਕਰ ਵੀ ਹਾਜ਼ਰ ਸਨ।

# ਬੀ ਐੱਲ ਓ ਵਜੋਂ ਕੰਮ 'ਚ ਲੱਗੇ ਅਧਿਆਪਕਾਂ ਦੇ ਤਬਾਦਲਿਆਂ 'ਤੇ ਰੋਕ ਲਗਾਉਣਾ ਚੋਣ ਕਮਿਸ਼ਨ ਦੀ ਤਾਨਾਸ਼ਾਹੀ : ਜੀ ਟੀ ਯੂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਹੁਸ਼ਿਆਰਪੁਰ ਦੇ ਪ੍ਰਧਾਨ ਪ੍ਰਿਤਪਾਲ ਸਿੰਘ ਚੌਟਾਲਾ ਅਤੇ ਜ਼ਿਲ੍ਹਾ ਜਨਰਲ ਸਕੱਤਰ ਜਸਵੀਰ ਤਲਵਾੜਾ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਵੱਲੋਂ ਜਾਰੀ ਪੱਤਰ ਨੰਬਰ ਸੀ ਈ ਓ/ਐੱਸ ਆਈ ਆਰ-2026/ਪੀ-5839 ਮਿਤੀ 16 ਜੂਨ 2026 ਅਨੁਸਾਰ ਐੱਸ ਆਈ ਆਰ-2026 ਦੌਰਾਨ ਨਿਯੁਕਤ ਬੀ ਐਲ ਓ ਅਤੇ ਸੁਪਰਵਾਈਜ਼ਰਾਂ ਦੇ ਤਬਾਦਲਿਆਂ 'ਤੇ 1 ਅਕਤੂਬਰ 2026 ਤੱਕ ਰੋਕ ਲਗਾ ਦਿੱਤੀ ਗਈ ਹੈ। ਜੋ ਸਰਕਾਰ ਅਤੇ ਚੋਣ ਕਮਿਸ਼ਨ ਦੀ ਤਾਨਾਸ਼ਾਹੀ ਹੈ ਕਿਉਂਕਿ ਲੰਬੇ ਸਮੇਂ ਤੋਂ ਆਪਣੇ ਘਰਾਂ ਤੋਂ ਦੂਰ ਬੈਠੇ ਅਧਿਆਪਕਾਂ ਨੂੰ ਇਸ ਤਬਾਦਲੇ ਦਾ ਇੰਤਜ਼ਾਰ ਹੁੰਦਾ ਹੈ ਇੱਕ ਪਾਸੇ ਨਾਲੇ ਤਾਂ ਚੋਣ ਕਮਿਸ਼ਨ ਅਧਿਆਪਕਾਂ ਤੋਂ ਚੋਣਾਂ ਦਾ ਕੰਮ ਲੈ ਰਿਹਾ ਹੈ ਅਤੇ ਦੂਜੇ ਪਾਸੇ ਚੋਣਾਂ ਦੇ ਕੰਮ ਦੇ ਇਵਜ ਵਿੱਚ ਉਹਨਾਂ ਨੂੰ ਬਦਲੀਆਂ ਤੇ ਰੋਕ ਲਾ ਕੇ ਸਜ਼ਾ ਦੇ ਰਿਹਾ ਜਿਸ ਦੀ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਨੇ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਅਤੇ ਮੰਗ ਕੀਤੀ ਕਿ ਅਧਿਆਪਕਾਂ ਦੀਆਂ ਬਦਲੀਆਂ ਤੈਅ ਸਮੇਂ ਤੇ ਕੀਤੀਆਂ ਜਾਣ। ਆਗੂਆਂ ਨੇ ਕਿਹਾ



ਅਧਿਆਪਕਾਂ ਦੀ ਤਬਾਦਲਾ ਪ੍ਰਕਿਰਿਆ ਪਹਿਲਾਂ ਹੀ ਵੱਖ-ਵੱਖ ਤਕਨੀਕੀ ਖਾਮੀਆਂ, ਸਟੇਅ ਸਬੰਧੀ ਮਾਮਲਿਆਂ, ਗਲਤ ਡਾਟਾ ਅਪਲੋਡ ਹੋਣ ਅਤੇ ਤਬਾਦਲਾ ਪੋਰਟਲ ਨਾਲ ਜੁੜੀਆਂ ਸਮੱਸਿਆਵਾਂ ਕਾਰਨ ਵਿਵਾਦਾਂ ਵਿੱਚ ਘਿਰੀ ਹੋਈ ਹੈ। ਅਜਿਹੇ ਸਮੇਂ ਵਿੱਚ ਚੋਣ ਕਮਿਸ਼ਨ ਦੇ ਇਸ ਨਵੇਂ ਹੁਕਮ ਨੇ ਪੂਰੀ ਪ੍ਰਕਿਰਿਆ ਨੂੰ ਲੈ ਕੇ ਹੋਰ ਵੀ ਭੰਬਲਭੂਸੇ ਅਤੇ ਅਸਮੰਜਸ ਦੀ ਸਥਿਤੀ ਪੈਦਾ ਕਰ ਦਿੱਤੀ ਹੈ। ਯੂਨੀਅਨ ਨੇ ਸਰਕਾਰ ਅਤੇ ਸਿੱਖਿਆ ਵਿਭਾਗ ਤੋਂ ਮੰਗ ਕੀਤੀ ਹੈ ਕਿ ਤਬਾਦਲਾ ਪ੍ਰਕਿਰਿਆ ਨਾਲ ਜੁੜੇ ਸਾਰੇ ਵਿਵਾਦਾਂ, ਤਕਨੀਕੀ ਸਮੱਸਿਆਵਾਂ ਅਤੇ ਹੋਰ ਲੰਬਿਤ ਮਾਮਲਿਆਂ ਦਾ ਜਲਦ ਹੱਲ ਕੀਤਾ ਜਾਵੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੰਜੀਵ ਧੂਤ, ਰਜਤ ਮਹਾਜਨ, ਅਮਰ ਸਿੰਘ, ਵਿਕਾਸ ਸ਼ਰਮਾ, ਸੁਨੀਲ ਸ਼ਰਮਾ, ਵਰਿੰਦਰ ਵਿੱਕੀ, ਨਰਿੰਦਰ ਅਜਨੋਹਾ, ਪ੍ਰਿੰਸ ਪਲਿਆਲ ਗੜ੍ਹਦੀਵਾਲ, ਪਰਮਜੀਤ ਕਾਤਿਬ, ਜਸਵਿੰਦਰ ਬੁੱਲੋਵਾਲ, ਸਚਿਨ ਕੁਮਾਰ, ਮਨਜੀਤ ਸਿੰਘ, ਜਸਵੰਤ ਸਿੰਘ, ਪਰਸ ਰਾਮ, ਬਲਵਿੰਦਰ ਟਾਕ, ਸਤੀਸ਼ ਕੁਮਾਰ, ਰਾਜ ਕੁਮਾਰ, ਨਰਿੰਦਰ ਮੰਗਲ, ਰਾਜੇਸ਼ ਅਰੋੜਾ, ਜਸਵੀਰ ਬੋਦਲ, ਉਮੇਸ਼ ਕੁਮਾਰ, ਅਮਰਜੀਤ ਸਿੰਘ, ਪਵਨ ਕੁਮਾਰ , ਸ਼ਾਮ ਸੁੰਦਰ, ਅਸ਼ਵਨੀ ਰਾਣਾ,ਸਰਬਜੀਤ ਸਿੰਘ, ਨਰੇਸ਼ ਮਿੱਡਾ, ਦਵਿੰਦਰ ਮੂਣਕ ਆਦਿ ਹਾਜ਼ਰ ਸਨ।

# ਸ਼ਹੀਦੀ ਦਿਹਾੜੇ ਨੂੰ ਸਮਰਪਤ ਛਬੀਲ ਲਗਾਈ



**ਅੱਡਾ ਸਰਾਂ (ਜਸਵੀਰ ਕਾਜਲ)**- ਅੱਡਾ ਸਰਾਂ ਵਿਖੇ ਹੋਲਾ ਮਹਲਾ ਲੰਗਰ ਕਮੇਟੀ ਕੰਧਾਲਾ ਜੱਟਾ ਵਲੋਂ ਨਗਰ ਨਿਵਾਸੀਆਂ ਅਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਸ਼ਹੀਦਾਂ ਦੇ ਸਰਤਾਜ, ਸ਼ਾਤੀ ਦੇ ਪੁੰਜ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਅੱਡਾ ਸਰਾਂ ਵਿਖੇ ਠੰਡੇ ਮਿਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਪ੍ਰਧਾਨ ਰੇਸ਼ਮ ਸਿੰਘ, ਗੁਰਵਿੰਦਰ ਸਿੰਘ ਗਿੱਤਾ, ਕੁਲਵੰਤ ਸਿੰਘ, ਪੰਚ ਕੁਲਵਿੰਦਰ ਸਿੰਘ ਸੋਨੀ ਬਲਜੀਤ ਬੱਲੂ, ਸੁੱਖੂ, ਭੱਟੀ, ਕਾਕਾ, ਜੀਤਾ ਰਛਪਾਲ ਸਿੰਘ ਪਾਲਾ ਆਦਿ ਹਾਜ਼ਰ ਸਨ

## ਵਿਧਾਇਕਾ ਵੱਲੋਂ ਧੱਲੇਕੇ 'ਚ ਵਿਕਾਸ ਕਾਰਜਾਂ ਦਾ ਉਦਘਾਟਨ

### ਸਰਕਾਰ ਸਰਬਪੱਖੀ ਵਿਕਾਸ ਲਈ ਵਚਨਬੱਧ : ਡਾ. ਅਰੋੜਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਪਿੰਡ ਧੱਲੇਕੇ ਦੇ ਸਰਵਪੱਖੀ ਵਿਕਾਸ ਨੂੰ ਨਵੀਂ ਰਫ਼ਤਾਰ ਦਿੰਦਿਆਂ ਇੱਕ ਕਰੋੜ ਰੁਪਏ ਦੀ ਲਾਗਤ ਨਾਲ ਕਰਵਾਏ ਜਾਣ ਵਾਲੇ ਵੱਖ-ਵੱਖ ਵਿਕਾਸ ਕਾਰਜਾਂ ਦਾ ਉਦਘਾਟਨ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਵੱਲੋਂ ਕੀਤਾ ਗਿਆ।ਇਸ ਮੌਕੇ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਇਨ੍ਹਾਂ ਵਿਕਾਸ ਕਾਰਜਾਂ ਦਾ ਮੁੱਖ ਉਦੇਸ਼ ਪਿੰਡ ਦੀਆਂ ਬੁਨਿਆਦੀ ਸਹੂਲਤਾਂ ਨੂੰ ਹੋਰ ਮਜ਼ਬੂਤ ਕਰਨਾ ਤੇ ਲੋਕਾਂ ਦੀਆਂ ਰੋਜ਼ਾਨਾ ਦੀਆਂ ਸਮੱਸਿਆਵਾਂ ਦਾ ਸਥਾਈ ਹੱਲ ਯਕੀਨੀ ਬਣਾਉਣਾ ਹੈ।ਉਨ੍ਹਾਂ ਦੱਸਿਆ ਕਿ ਪਿੰਡ ਵਿੱਚ ਸੀਵਰੇਜ ਪ੍ਰਣਾਲੀ ਲਈ 30 ਲੱਖ ਰੁਪਏ, ਛੱਪੜ ਦੇ ਵਿਕਾਸ ਤੇ ਸੁੰਦਰਤਾ ਵਧਾਉਣ ਲਈ 23 ਲੱਖ ਰੁਪਏ, ਖੇਡ ਮੈਦਾਨ ਦੇ ਨਿਰਮਾਣ ਤੇ ਉੱਨਤੀ ਲਈ 25 ਲੱਖ ਰੁਪਏ ਤੇ ਇੰਟਰਲਾਕਿੰਗ ਗਲੀਆਂ ਦੇ ਨਿਰਮਾਣ ਲਈ 22 ਲੱਖ ਰੁਪਏ ਖਰਚ ਕੀਤੇ ਜਾਣਗੇ।ਇਨ੍ਹਾਂ ਸਾਰੇ ਪ੍ਰਾਜੈਕਟਾਂ 'ਤੇ ਕੁੱਲ ਇੱਕ ਕਰੋੜ ਰੁਪਏ ਦੀ ਲਾਗਤ ਆਵੇਗੀ।ਉਨ੍ਹਾਂ ਕਿਹਾ ਕਿ ਇਨ੍ਹਾਂ ਵਿਕਾਸ ਕਾਰਜਾਂ ਦੇ ਮੁਕੰਮਲ ਹੋਣ ਨਾਲ ਪਿੰਡ ਦੀਆਂ ਬੁਨਿਆਦੀ ਢਾਂਚਾਗਤ ਸਹੂਲਤਾਂ ਹੋਰ ਮਜ਼ਬੂਤ ਹੋਣਗੀਆਂ ਤੇ ਪਿੰਡ ਵਾਸੀਆਂ ਨੂੰ ਬਿਹਤਰ ਸੁਵਿਧਾਵਾਂ ਪ੍ਰਾਪਤ ਹੋਣਗੀਆਂ।ਖ਼ਾਸ ਕਰਕੇ ਸੀਵਰੇਜ, ਸਫ਼ਾਈ, ਖੇਡ ਸਹੂਲਤਾਂ ਤੇ ਆਵਾਜਾਈ ਪ੍ਰਬੰਧ ਵਿੱਚ ਮਹੱਤਵਪੂਰਨ ਸੁਧਾਰ ਵੇਖਣ ਨੂੰ ਮਿਲੇਗਾ।ਇਸ ਮੌਕੇ ਸਰਪੰਚ ਮਨਦੀਪ ਕੌਰ, ਸਮੂਹ ਗ੍ਰਾਮ ਪੰਚਾਇਤ ਮੈਂਬਰ ਤੇ ਵੱਡੀ ਗਿਣਤੀ 'ਚ ਪਿੰਡ ਵਾਸੀ ਹਾਜ਼ਰ ਸਨ।ਪਿੰਡ ਵਾਸੀਆਂ ਨੇ ਵਿਕਾਸ ਕਾਰਜਾਂ ਦੀ ਸ਼ੁਰੂਆਤ 'ਤੇ ਖੁਸ਼ੀ ਪ੍ਰਗਟ ਕਰਦਿਆਂ ਆਸ ਜਤਾਈ ਕਿ ਇਨ੍ਹਾਂ ਪ੍ਰਾਜੈਕਟਾਂ ਨਾਲ ਪਿੰਡ ਦੇ ਵਿਕਾਸ ਨੂੰ ਨਵੀਂ ਦਿਸ਼ਾ ਮਿਲੇਗੀ।ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀ ਭਲਾਈ ਤੇ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਨਿਰੰਤਰ ਵਚਨਬੱਧ ਹੈ ਤੇ ਪੇਂਡੂ ਖੇਤਰਾਂ ਵਿੱਚ ਬੁਨਿਆਦੀ ਸਹੂਲਤਾਂ ਦੇ ਵਿਸਥਾਰ ਲਈ ਅਨੇਕਾਂ ਵਿਕਾਸ ਯੋਜਨਾਵਾਂ ਤੇਜ਼ੀ ਨਾਲ ਲਾਗੂ ਕੀਤੀਆਂ ਜਾ ਰਹੀਆਂ ਹਨ।

## ਲੁੱਕ ਮਿਕਸ ਪਲਾਂਟ ਨੂੰ ਬੰਦ ਕਰਵਾਉਣ ਲਈ ਧਰਨਾ

### ਵਿਧਾਇਕ ਡਿੰਪੀ ਢਿੱਲੋਂ ਵੱਲੋਂ ਧਰਨੇ 'ਚ ਸ਼ਾਮਲ ਹੋ ਪਲਾਂਟ ਨਾ ਲਾਉਣ ਦਾ ਭਰੋਸਾ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**

ਹਲਕੇ ਦੇ ਪਿੰਡ ਮਧੀਰ ਵਿਖੇ ਲੱਗ ਰਹੇ ਲੁੱਕ ਮਿਕਸ ਪਲਾਂਟ ਨੂੰ ਬੰਦ ਕਰਵਾਉਣ ਲਈ ਪਿੰਡ ਵਾਸੀਆਂ ਨਾਲ ਯੂਨੀਅਨ ਵੱਲੋਂ ਲਗਾਏ ਧਰਨੇ 'ਤੇ ਗਿੱਦੜਬਾਹਾ ਦੇ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਧਰਨੇ ਵਿੱਚ ਸ਼ਾਮਲ ਹੋਏ।ਇਸ ਮੌਕੇ ਉਨ੍ਹਾਂ ਨਾਲ ਸੰਦੀਪ ਸਿੰਘ ਸਨੀ ਢਿੱਲੋਂ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਸ਼ਮਿੰਦਰ ਸਿੰਘ ਕੋਟਲੀ, ਚਰਨਜੀਤ ਸਿੰਘ ਲੁਹਾਰਾ, ਆਪ ਆਗੂ ਨਵੀ ਬਰਾੜ, ਐੱਮ ਸੀ ਰੈਸਟੀ ਰੰਧਾਵਾ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਵਰਨਣਯੋਗ ਹੈ ਕਿ ਪਿੰਡ ਮਧੀਰ ਵਾਸੀ ਪਿਛਲੇ ਕਰੀਬ ਡੇਢ ਮਹੀਨੇ ਤੋਂ ਇਸ ਲੁੱਕ ਮਿਕਸ ਪਲਾਂਟ ਦਾ ਵਿਰੋਧ ਕਰ ਰਹੇ ਹਨ ਤੇ ਪਿੰਡ ਵਾਸੀਆਂ ਦੇ ਵਿਰੋਧ ਦੇ ਚੱਲਦੇ ਇਸ ਪਲਾਂਟ ਦਾ ਕੰਮ ਕਈ ਵਾਰ ਰੋਕਿਆ ਗਿਆ ਤੇ ਪਿੰਡ ਵਾਸੀ ਇਸ ਲੁੱਕ ਪਲਾਂਟ ਨੂੰ ਨਾ ਲੱਗਣ ਦੇਣ ਲਈ ਬਜ਼ਿੱਦ ਹਨ।ਇਸ ਮੌਕੇ ਆਪਣੇ ਸੰਬੋਧਨ ਦੌਰਾਨ ਗਿੱਦੜਬਾਹਾ ਦੇ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਕਿਹਾ ਕਿ ਪਿੰਡ ਦੀ ਆਬਾਦੀ ਨੇੜੇ ਲੱਗਣ ਵਾਲਾ ਇਹ ਪਲਾਂਟ ਪਿੰਡ ਵਾਸੀਆਂ ਲਈ ਘਾਤਕ ਸਿੱਧ ਹੋਵੇਗਾ।ਉਨ੍ਹਾਂ ਪਿੰਡ ਵਾਲਿਆਂ ਨੂੰ ਵਿਸ਼ਵਾਸ ਦਿਵਾਇਆ ਕਿ ਤੁਹਾਡੀ ਇਜਾਜ਼ਤ ਤੋਂ ਬਿਨਾਂ ਪੱਤਾ ਵੀ ਨਹੀਂ ਹਿਲਦਾ, ਲੁੱਕ ਪਲਾਂਟ ਤਾਂ ਲੱਗਣਾ ਈ ਕੀ ਐ ? ਉਨ੍ਹਾਂ ਨੇ ਮੌਕੇ 'ਤੇ ਡੀ ਸੀ ਮੁਕਤਸਰ ਨੂੰ ਫੋਨ ਲਗਾ ਕੇ ਕਿਹਾ ਕਿ ਲੁੱਕ ਪਲਾਂਟ ਨੂੰ ਜੋ ਮਨਜ਼ੂਰੀਆਂ ਮਿਲੀਆਂ ਨੇ, ਪਿੰਡ ਵਾਲਿਆਂ ਨੂੰ ਸ਼ੱਕ ਹੈ ਕਿ ਇਹ ਜਾਲ੍ਹੀ ਨੇ, ਉਨ੍ਹਾਂ ਦੀ ਦੁਬਾਰਾ ਜਾਂਚ ਹੋਵੇ।ਉਨ੍ਹਾਂ ਕਿਹਾ ਕਿ ਜੋ ਇਹ ਪਲਾਂਟ ਲਗਾ ਰਹੇ ਹੈ ਹਨ, ਉਨ੍ਹਾਂ ਨਾਲ ਜਾਂ ਉਨ੍ਹਾਂ ਦੇ ਵਪਾਰ ਵਧਾਉਣ ਨਾਲ ਸਾਡਾ ਕੋਈ ਵਿਰੋਧ ਨਹੀਂ ਹੈ।ਅਸੀਂ ਉਨ੍ਹਾਂ ਨੂੰ ਅਪੀਲ ਕਰਦੇ ਹਾਂ ਕਿ ਪਿੰਡ ਵਾਸੀਆਂ ਦੀ ਸਿਹਤ ਨੂੰ ਮੁੱਖ ਰੱਖਦੇ ਹੋਏ ਇਹ ਪਲਾਂਟ ਆਬਾਦੀ ਤੋਂ ਦੂਰ ਲਗਾਇਆ ਜਾਵੇ।ਉਨ੍ਹਾਂ ਪਿੰਡ ਵਾਸੀਆਂ ਤੇ ਸਹਿਯੋਗੀਆਂ ਨੂੰ ਪੂਰਾ ਭਰੋਸਾ ਦਿੱਤਾ ਕਿ ਲੁੱਕ ਮਿਕਸ ਪਲਾਂਟ ਇੱਥੇ ਨਹੀਂ ਲੱਗੇਗਾ।ਇਸ ਮੌਕੇ ਸ਼ਮਿੰਦਰ ਕੋਟਲੀ, ਨਵੀ ਮਧੀਰ, ਅਮਰਜੀਤ ਮਧੀਰ, ਸਰਪੰਚ ਜਗਦੀਪ ਸਿੰਘ ਮਧੀਰ ਤੇ ਸੰਨੀ ਢਿੱਲੋਂ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਕਿਸਾਨ ਯੂਨੀਅਨ ਸਿੱਧੂਪੁਰ ਦੇ ਬਲਾਕ ਪ੍ਰਧਾਨ ਠਾਣਾ ਸਿੰਘ ਬਬਾਣੀਆਂ ਤੇ ਇਕਾਈ ਦੇ ਹੋਰ ਆਗੀ, ਕਿਸਾਨ ਯੂਨੀਅਨ ਫਤਹਿ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਭੁੱਲਰ, ਪਿੰਡ ਦੀ ਹਰੇਕ ਪਾਰਟੀ ਦੇ ਆਗੂ ਤੇ ਸਮੂਹ ਨਗਰ ਨਿਵਾਸੀ ਤੇ ਸਹਿਯੋਗੀ ਹਾਜ਼ਰ ਸਨ।

## ਖੁਸ਼ਬੂ ਸਾਵਣ ਨੇ ਵੱਖ-ਵੱਖ ਵਾਰਡਾਂ 'ਚ ਰਾਸ਼ਨ ਕਿੱਟਾਂ ਵੰਡੀਆਂ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਗਰੀਬ ਤੇ ਲੋੜਵੰਦ ਲੋਕਾਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਸਕੀਮਾਂ ਤਹਿਤ ਫਾਜ਼ਿਲਕਾ ਦੇ ਵਿਧਾਇਕ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਦੀ ਧਰਮ ਪਤਨੀ ਤੇ ਖੁਸ਼ੀ ਫਾਊਂਡੇਸ਼ਨ ਦੇ ਚੇਅਰਪਰਸਨ ਮੈਡਮ ਖੁਸ਼ਬੂ ਸਾਵਣ ਸੁੱਖਾਂ ਵੱਲੋਂ ਫਾਜ਼ਿਲਕਾ ਦੇ ਵਾਰਡ ਨੰਬਰ 14, 16 ਤੇ 17 ਵਿਖੇ ਲੋਕਾਂ ਨੂੰ ਰਾਸ਼ਨ ਕਿੱਟਾਂ ਦੀ ਵੰਡ ਕੀਤੀ ਗਈ। ਇਸ ਮੌਕੇ ਸੰਬੋਧਨ ਕਰਦਿਆਂ ਉਨ੍ਹਾਂ ਜਾਣਕਾਰੀ ਦਿੱਤੀ ਕਿ ਸਾਰੇ ਯੋਗ ਪਰਵਾਰਾਂ ਤੱਕ ਪੌਸ਼ਟਿਕ ਭੋਜਨ ਯਕੀਨੀ ਪਹੁੰਚਾਉਣ ਲਈ ਮਾਨ ਸਰਕਾਰ ਵੱਲੋਂ ਪੂਰੇ ਪੰਜਾਬ 'ਚ ਰਾਸ਼ਨ ਕਿੱਟਾਂ ਲਗਾਤਾਰ ਵੰਡੀਆਂ ਜਾ ਰਹੀਆਂ ਹਨ।ਇਸ ਮੌਕੇ ਰਾਸ਼ਨ ਕਿੱਟਾਂ ਹਾਸਲ ਕਰਨ ਵਾਲੇ ਲਾਭਪਾਤਰੀਆਂ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ।ਉਨ੍ਹਾਂ ਖੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਮਿਲਣ ਵਾਲੀਆਂ ਇਹ ਸਹੂਲਤਾਂ ਬਿਨਾਂ ਕਿਸੇ ਪੱਖਪਾਤ ਦੇ ਬਿਲਕੁਲ ਸਹੀ ਸਮੇਂ ਤੇ ਸਿੱਧੇ ਲੋੜਵੰਦਾਂ ਤੱਕ ਪਹੁੰਚ ਰਹੀਆਂ ਹਨ, ਜਿਸ ਨਾਲ ਆਮ ਲੋਕਾਂ ਨੂੰ ਵੱਡੀ ਆਰਥਿਕ ਰਾਹਤ ਮਿਲੀ ਹੈ।ਇਸ ਮੌਕੇ ਵਾਰਡ ਇੰਚਾਰਜ ਬੱਬੂ ਚੇਤੀਵਾਲ ਪਿੰਦਰ ਪ੍ਰਭ ਦਿਆਲ, ਬਲਾਕ ਪ੍ਰਧਾਨ ਸੰਦੀਪ ਚਲਾਨਾ ਤੇ ਬਲਾਕ ਪ੍ਰਧਾਨ ਸੋਮਾ ਰਾਨੀ, ਵਿਜੇ ਨਾਗਪਾਲ,ਪਾਰਸ ਖੁਰਾਨਾ (ਯੂਥ ਬਲਾਕ ਪ੍ਰਧਾਨ) ਆਦਿ ਹਾਜ਼ਰ ਸਨ।

## ਡੇਅਰੀ ਵਿਕਾਸ ਵਿਭਾਗ ਨੇ ਲਾਇਆ ਮੁਫ਼ਤ ਦੁੱਧ ਪਰਖ ਕੈਂਪ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਸ਼੍ਰੀ ਗੁਰਮੀਤ ਸਿੰਘ ਖੁੱਡੀਆ, ਕੈਬਨਿਟ ਮੰਤਰੀ ਖੇਤੀਬਾੜੀ ਵਿਭਾਗ ਤੇ ਕਿਸਾਨ ਭਲਾਈ ਵਿਭਾਗ ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ ਪੰਜਾਬ ਦੀ ਅਗਵਾਈ ਹੇਠ ਦੁੱਧ ਖਪਤਕਾਰ ਜਾਗਰੂਕਤਾ ਮੁਹਿੰਮ ਦੇ ਅੰਤਰਗਤ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ, ਫਰੀਦਕੋਟ ਸ਼੍ਰੀ ਨਿਰਵੈਰ ਸਿੰਘ ਬਰਾੜ ਦੀ ਦੇਖ-ਰੇਖ ਹੇਠ ਸ਼੍ਰੀ ਗੁਰਲਾਲ ਸਿੰਘ ਡੇਅਰੀ ਵਿਕਾਸ ਇੰਸਪੈਕਟਰ, ਫਰੀਦਕੋਟ, ਸ੍ਰੀ ਹਰਮਨਪ੍ਰੀਤ ਸਿੰਘ ਡੇਅਰੀ ਵਿਕਾਸ ਇੰਸਪੈਕਟਰ, ਫਰੀਦਕੋਟ ਦੇ ਸਹਿਯੋਗ ਨਾਲ ਰੋਇਲ ਸਿਟੀ ਵਿਖੇ ਦੁੱਧ ਖਪਤਕਾਰ ਜਾਗਰੂਕਤਾ ਕੈਂਪ ਲਾਇਆ ਗਿਆ। ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਨੇ ਦੱਸਿਆ ਕਿ ਕੈਂਪ ਦੌਰਾਨ ਦੁੱਧ ਵਿੱਚ ਫੈਟ, ਐੱਸ.ਐਨ.ਐੱਫ਼, ਓਪਰੇ ਪਾਣੀ ਦੀ ਮਾਤਰਾ ਤੋਂ ਇਲਾਵਾ ਰਸਾਇਣ ਯੂਰੀਆ, ਕਾਸਟਿਕ ਸੋਢਾ ਅਤੇ ਸਟਾਰਚ ਆਦਿ ਦੀ ਪਰਖ ਵੀ ਕੀਤੀ ਗਈ।ਕੈਂਪ ਵਿੱਚ ਦੁੱਧ ਦੇ 30 ਸੈਂਪਲ ਟੈੱਸਟ ਕੀਤੇ ਗਏ, ਜਿਨਾਂ ਵਿਚੋਂ 21 ਸੈਂਪਲ ਮਿਆਰਾਂ ਅਨੁਸਾਰ ਤੇ 9 ਸੈਂਪਲਾਂ ਵਿੱਚ ਪਾਣੀ ਪਾਇਆ ਗਿਆ ਅਤੇ ਕਿਸੇ ਵੀ ਸੈਂਪਲ ਵਿੱਚ ਰਸਾਇਣਿਕ ਮਿਲਾਵਟ ਦੀ ਪੁਸ਼ਟੀ ਨਹੀਂ ਹੋਈ।ਉਨ੍ਹਾਂ ਫਰੀਦਕੋਟ ਦੇ ਖਪਤਕਾਰਾਂ ਨੂੰ ਚੰਗੀ ਗੁਣਵੱਤਾ ਵਾਲਾ ਦੁੱਧ ਵਰਤਣ ਲਈ ਪ੍ਰੇਰਿਤ ਕੀਤਾ ਤੇ ਵਿਭਾਗ ਦੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਦੁੱਧ ਖਪਤਕਾਰ ਫਰੀਦਕੋਟ ਦਫਤਰ ਵਿਖੇ ਕਿਸੇ ਵੀ ਕੰਮਕਾਜ ਵਾਲੇ ਦਿਨ ਸਵੇਰੇ 7.30 ਵਜੇ ਤੋਂ 11 ਵਜੇ ਤੱਕ ਡਿਪਟੀ ਡਾਇਰੈਕਟਰ ਡੇਅਰੀ ਵਿਖੇ ਮੁਫਤ ਦੁੱਧ ਚੈੱਕ ਕਰਵਾ ਸਕਦੇ ਹਨ ਤੇ ਆਪਣੇ ਮੁਹੱਲੇ ਵਿੱਚ ਕੈਂਪ ਲਾਉਣ ਲਈ ਇਸ ਦਫ਼ਤਰ ਦੇ ਫੋਨ ਨੰ.01639-250380 'ਤੇ ਸੰਪਰਕ ਕਰ ਸਕਦੇ ਹਨ।

## ਸਾਈਂ ਅਲਾਉਦੀਨ ਜੀ ਦਾ ਸਾਲਾਨਾ ਮੇਲਾ ਤੇ ਭੰਡਾਰਾ ਕਰਵਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਗਨੀ ਖਾਂ ਨਬੀ ਖਾਂ ਗੇਟ ਨੇੜੇ ਟੈਕਸੀ ਸਟੈਂਡ 'ਚ ਸਥਿਤ ਸਾਈਂ ਅਲਾਉਦੀਨ ਜੀ ਦਾ ਸਾਲਾਨਾ ਮੇਲਾ ਤੇ ਭੰਡਾਰਾ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਦਰਗਾਹ 'ਤੇ ਚਾਦਰ ਚੜ੍ਹਾਉਣ ਦੀ ਰਸਮ ਬਾਬਾ ਦਰਸ਼ਨ ਸਿੰਘ ਬੁੱਲੇਵਾਲ, ਕਾਂਗਰਸ ਦੇ ਹਲਕਾ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਤੇ ਪ੍ਰਬੰਧਕਾਂ ਵੱਲੋਂ ਸੰਯੁਕਤ ਰੂਪ 'ਚ ਅਦਾ ਕੀਤੀ ਗਈ। ਹਲਕਾ ਇੰਚਾਰਜ ਰਾਜਾ ਗਿੱਲ ਨੇ ਪ੍ਰਬੰਧਕਾਂ ਨੂੰ ਸਾਲਾਨਾ ਮੇਲੇ ਦੀ ਮੁਬਾਰਕਬਾਦ ਦਿੱਤੀ ਤੇ ਹਰ ਸੰਭਵ ਮਦਦ ਕਰਨ ਦਾ ਭਰੋਸਾ ਦਿੱਤਾ। ਸ਼ਾਮ ਸਮੇਂ ਬੈਂਸ ਕੱਵਾਲ ਹੰਬੋਵਾਲ ਤੇ ਸੋਨੂੰ ਸਾਬਰ ਕੱਵਾਲ ਲੁਧਿਆਣਾ ਨੇ ਦੇਰ ਰਾਤ ਤੱਕ ਸੂਫੀਆਨਾ ਮਹਿਫ਼ਲ ਸਜਾਈ। ਇਸ ਮੌਕੇ ਮੇਲਾ ਪ੍ਰਬੰਧਕਾਂ ਵੱਲੋਂ ਹਲਕਾ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਨੂੰ ਉਨ੍ਹਾਂ ਦੇ ਪਿਤਾ ਦੀ ਤਸਵੀਰ 'ਤੇ ਉਨ੍ਹਾਂ ਦੀ ਟੀਮ ਦਾ ਸਿਰੋਪਾਓ ਪਾ ਕੇ ਸਨਮਾਨ ਕੀਤਾ ਗਿਆ। ਇਸ ਮੌਕੇ ਕਾਂਗਰਸ ਦੇ ਸ਼ਹਿਰੀ ਪ੍ਰਧਾਨ ਐਡਵੋਕੇਟ ਕਪਿਲ ਆਨੰਦ, ਕੌਂਸਲਰ ਸੁਰਿੰਦਰ ਕੁਮਾਰ ਸ਼ਿੰਦੀ, ਬਲਾਕ ਮੀਡੀਆ ਇੰਚਾਰਜ ਵਨੀਤ ਕੁਮਾਰ ਝੜੌਦੀ, ਟ੍ਰੈਫਿਕ ਇੰਚਾਰਜ ਜਸਵੀਰ ਸਿੰਘ, ਸ਼ਿਵ ਕੁਮਾਰ ਸ਼ਿਵਲੀ, ਯੁਵਰਾਜਜੀਤ ਸਿੰਘ ਰਾਏ, ਰਣਜੋਧ ਸਿੰਘ ਰਤੀਪੁਰ, ਚੇਤਨ ਕੁਮਾਰ, ਨੰਦ ਕਿਸ਼ੋਰ, ਸੁਭਾਸ਼ ਬੀਟਨ, ਅਰੁਣ ਖੋਸਲਾ ਮੌਜੂਦ ਸਨ। ਆਈਆਂ ਸੰਗਤਾਂ ਲਈ ਅਤੁੱਟ ਲੰਗਰ ਵਰਤਾਇਆ ਗਿਆ।

## ਗੁਰੂ ਗੋਬਿੰਦ ਸਿੰਘ ਪਾਰਕ 'ਚ ਮਨਾਇਆ ਜਾਵੇਗਾ ਯੋਗਾ ਦਿਵਸ : ਡੀ ਸੀ

**ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ, ਪੂਜਾ)**-ਹਰ ਬਜ਼ੁਰਗ, ਬੱਚੇ ਤੇ ਨੌਜਵਾਨ ਨੂੰ ਆਪਣੀ ਸਿਹਤ ਪ੍ਰਤੀ ਹੋਰ ਸੁਚੇਤ ਕਰਨ ਲਈ ਪੁਰਾਤਨ ਵਿਧੀ, ਯੋਗਾ ਰਾਹੀਂ ਨਿਰੋਗ ਰਹਿਣ ਤੇ ਪ੍ਰੇਰਿਤ ਕਰਨ ਹਿੱਤ 21 ਜੂਨ ਨੂੰ ਅੰਤਰਰਾਸ਼ਟਰੀ ਯੋਗਾ ਦਿਵਸ ਗੁਰੂ ਗੋਬਿੰਦ ਸਿੰਘ ਪਾਰਕ, ਕੋਟਕਪੂਰਾ ਰੋਡ ਵਿਖੇ ਸਵੇਰੇ 6.00 ਵਜੇ ਤੋਂ 7.30 ਵਜੇ ਤੱਕ ਮਨਾਇਆ ਜਾਵੇਗਾ।ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰੀ ਅਮਿਤ ਕੁਮਾਰ ਪੰਚਾਲ ਨੇ ਸਾਂਝੀ ਕੀਤੀ।ਉਨ੍ਹਾਂ ਦੱਸਿਆ ਕਿ ਯੋਗ ਆਸਣ ਸੰਬੰਧੀ ਲੋਕਾਂ ਨੂੰ ਅਭਿਆਸ ਕਰਾ ਕੇ ਇਸ ਦੀ ਮਹੱਤਤਾ ਬਾਰੇ ਜਾਣੂ ਕਰਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵੀ ਇਸ ਵਿਧੀ ਨੂੰ ਹਰ ਰੋਜ਼ ਦੁਹਰਾ ਕੇ ਲੋਕਾਂ ਨੂੰ ਨਿਰੋਗ ਅਤੇ ਨਸ਼ਿਆਂ ਤੋਂ ਦੂਰ ਰੱਖਣ ਲਈ ਯੋਗ ਕੋਆਰਡੀਨੇਟਰ ਤੇ ਯੋਗਾ ਟ੍ਰੇਨਰ ਨਿਯੁਕਤ ਕੀਤੇ ਗਏ ਹਨ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਹੈਲਪਲਾਈਨ ਨੰਬਰ 76694-00500 ਸਥਾਪਿਤ ਕੀਤਾ ਹੈ, ਜਿਸ 'ਤੇ ਮੁਫਤ ਯੋਗ ਕਲਾਸਾਂ ਆਪਣੇ ਮੁਹੱਲੇ 'ਚ ਲਾਉਣ ਲਈ ਲੋਕ ਮਿਸ ਕਾਲ ਕਰ ਸਕਦੇ ਹਨ।

## ਉਸਾਰੀ ਕਿਰਤੀ ਵੈੱਲਫੇਅਰ ਬੋਰਡ ਦੇ ਮੈਂਬਰਾਂ ਵੱਲੋਂ ਮੁੱਖ ਮੰਤਰੀ ਨਾਲ ਮੀਟਿੰਗ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਹੁਨਰਮੰਦ ਕਾਮਿਆਂ ਦੀ ਬੇਹਤਰੀ ਲਈ ਗਠਿਤ ਕੀਤੇ ਗਏ ਉਸਾਰੀ ਕਿਰਤੀ ਵੈਲਫੇਅਰ ਬੋਰਡ ਦੇ ਮੈਂਬਰਾਂ ਨਾਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਪਲੇਠੀ ਮੀਟਿੰਗ ਕੀਤੀ।ਮੀਟਿੰਗ ਦੌਰਾਨ ਲੇਬਰ ਕਮਿਸ਼ਨ ਦੇ ਮੈਂਬਰ ਮਹਿਲ ਸਿੰਘ ਮੌਲਵੀਵਾਲਾ, ਮੋਹਨ ਸਿੰਘ ਤੇ ਵਿਜੇਪਾਲ ਯਾਦਵ ਨੇ ਸ਼ਮੂਲੀਅਤ ਕਰਕੇ ਉਸਾਰੀ ਕਿਰਤੀਆਂ ਦੀ ਭਲਾਈ ਨਾਲ ਸਬੰਧਤ ਕਈ ਅਹਿਮ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ।

ਵੈਲਫੇਅਰ ਬੋਰਡ ਦੇ ਮੈਂਬਰ ਮਹਿਲ ਸਿੰਘ ਮੌਲਵੀਵਾਲਾ ਨੇ ਦੱਸਿਆ ਕਿ ਮੀਟਿੰਗ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਉਸਾਰੀ ਕਿਰਤੀ ਰਜਿਸਟ੍ਰੇਸ਼ਨ ਯੋਜਨਾ ਦੀ ਰਸਮੀ ਸ਼ੁਰੂਆਤ ਕਰਦਿਆਂ ਐਲਾਨ ਕੀਤਾ ਕਿ ਉਸਾਰੀ ਕਿਰਤੀਆਂ ਦੀ ਰਜਿਸਟ੍ਰੇਸ਼ਨ ਲਈ ਲੋੜੀਂਦੀ 15 ਕਰੋੜ ਰੁਪਏ ਦੀ ਰਾਸ਼ੀ ਪੰਜਾਬ ਸਰਕਾਰ ਵੱਲੋਂ ਅਦਾ ਕੀਤੀ ਜਾਵੇਗੀ।ਇਸ ਫ਼ੈਸਲੇ ਨਾਲ ਲੱਖਾਂ ਉਸਾਰੀ ਕਿਰਤੀਆਂ ਨੂੰ ਬਿਨਾਂ ਕਿਸੇ ਵਾਧੂ ਆਰਥਿਕ ਬੋਝ ਦੇ ਰਜਿਸਟ੍ਰੇਸ਼ਨ ਦੀ ਸਹੂਲਤ ਮਿਲੇਗੀ।ਉਨ੍ਹਾਂ ਇਸ ਇਤਿਹਾਸਕ ਪਹਿਲ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਯੋਜਨਾ ਉਸਾਰੀ ਕਿਰਤੀਆਂ ਨੂੰ ਸਰਕਾਰੀ ਭਲਾਈ ਸਕੀਮਾਂ ਨਾਲ ਜੋੜਨ ਤੇ ਉਨ੍ਹਾਂ ਦੇ ਸਮਾਜਿਕ ਤੇ ਆਰਥਿਕ ਸੁਰੱਖਿਆ ਅਧਿਕਾਰਾਂ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਏਗੀ।

'ਆਪ' ਆਗੂ ਮਹਿਲ ਸਿੰਘ ਮੌਲਵੀਵਾਲਾ ਨੇ ਕਿਹਾ ਕਿ ਸੂਬੇ ਦੀ ਆਮ ਆਦਮੀ ਪਾਰਟੀ ਦੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਮਜ਼ਦੂਰ ਵਰਗ ਦੀ ਭਲਾਈ ਲਈ ਵਚਨਬੱਧ ਹੈ ਤੇ ਇਹ ਯੋਜਨਾ ਉਸਾਰੀ ਕਿਰਤੀਆਂ ਦੀ ਜ਼ਿੰਦਗੀ ਵਿੱਚ ਸਕਾਰਾਤਮਕ ਬਦਲਾਅ ਲਿਆਉਣ ਵੱਲ ਇੱਕ ਮਹੱਤਵਪੂਰਨ ਕਦਮ ਸਾਬਤ ਹੋਵੇਗੀ।

ਉਨ੍ਹਾਂ ਦੱਸਿਆ ਕਿ ਉਸਾਰੀ ਕਿਰਤੀ ਮਜ਼ਦੂਰਾਂ ਦੀ ਰਜਿਸਟ੍ਰੇਸ਼ਨ ਦੇ ਕੰਮ ਵਿੱਚ ਤੇਜ਼ੀ ਲਿਆਉਣ ਲਈ ਸਰਕਾਰ ਦੇ ਨਿਰਦੇਸ਼ਾਂ 'ਤੇ ਹਰ ਹਲਕੇ ਵਿੱਚ ਰਜਿਸਟਰੇਸ਼ਨ ਕੈਂਪ ਲਗਾਉਣ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ।ਉਨ੍ਹਾਂ ਉਸਾਰੀ ਕਿਰਤੀਆਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਰਜਿਸਟ੍ਰੇਸ਼ਨ ਕਰਾਉਣ ਤਾਂ ਜੁ ਸਰਕਾਰ ਵੱਲੋਂ ਮਿਲਣ ਵਾਲੀਆਂ ਸਹੂਲਤਾਂ ਦਾ ਮਜ਼ਦੂਰ ਵਰਗ ਤੋਂ ਵੱਧ ਫਾਇਦਾ ਉਠਾ ਸਕੇ।

## ਨੀਟ ਪ੍ਰੀਖਿਆ ਸੰਬੰਧੀ ਸਾਰੇ ਪ੍ਰਬੰਧ ਮੁਕੰਮਲ : ਡੀ ਸੀ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਜ਼ਿਲ੍ਹਾ ਫਰੀਦਕੋਟ ਵਿੱਚ 21 ਜੂਨ ਨੂੰ ਹੋਣ ਵਾਲੀ ਨੀਟ ਦੀ ਪ੍ਰੀਖਿਆ ਸਬੰਧੀ ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਚਾਬਾ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਡਾ. ਮਹਿੰਦਰ ਸਿੰਘ ਸਾਂਭੀ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਫ਼ਰੀਦਕੋਟ ਅਤੇ ਪੀ.ਐਮ ਕੇਂਦਰੀ ਵਿਦਿਆਲਿਆ ਸਾਦਿਕ ਰੋਡ ਫ਼ਰੀਦੋਕਟ ਵਿਖੇ 21 ਜੂਨ ਨੂੰ ਹੋਣ ਵਾਲੀ ਨੀਟ ਦੀ ਪ੍ਰੀਖਿਆ ਸਬੰਧੀ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ, ਜਿਸ ਲਈ ਸ੍ਰੀ ਜੈ ਅਮਨਦੀਪ ਗੋਇਲ ਨਾਇਬ ਤਹਿਸੀਲਦਾਰ ਜੈਤੋ ਨੂੰ ਡਾ.ਮਹਿੰਦਰ ਸਿੰਘ ਸਾਂਭੀ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਫ਼ਰੀਦਕੋਟ ਤੇ ਸ੍ਰੀ ਹਰਸ਼ਵੀਰ ਗੋਇਲ ਨਾਇਬ ਤਹਿਸੀਲਦਾਰ ਫਰੀਦਕੋਟ ਨੂੰ ਪੀ.ਐਮ ਕੇਂਦਰੀ ਵਿਦਿਆਲਿਆ ਦਾ ਨੋਡਲ ਅਫ਼ਸਰ ਲਾਇਆ ਗਿਆ ਹੈ।ਡਿਪਟੀ ਕਮਿਸ਼ਨਰ ਨੇ ਸਿੱਖਿਆ ਵਿਭਾਗ ਨੂੰ ਪ੍ਰੀਖਿਆ ਕੇਂਦਰ 'ਚ ਸਾਫ਼-ਸਫ਼ਾਈ, ਸੈਂਟਰਾਂ ਵਿਖੇ ਤਜਰਬੇਕਾਰ ਸਟਾਫ, ਪੀਣ ਵਾਲੇ ਸਾਫ਼ ਪਾਣੀ, ਬਿਜਲੀ ਆਦਿ ਦੇ ਪ੍ਰਬੰਧਾਂ, ਪੁਲਿਸ ਵਿਭਾਗ ਨੂੰ ਸੁਰੱਖਿਆ ਪ੍ਰਬੰਧ, ਟ੍ਰੈਫਿਕ ਪੁਲਿਸ ਨੂੰ ਟ੍ਰੈਫਿਕ ਪਲਾਨ ਤਿਆਰ ਕਰਨ, ਬਿਜਲੀ ਵਿਭਾਗ ਨੂੰ ਨਿਰਵਿਘਨ ਬਿਜਲੀ ਦੀ ਸਪਲਾਈ ਮੁਹੱਈਆ ਕਰਾਉਣ, ਸਿਵਲ ਸਰਜਨ ਦਫ਼ਤਰ ਨੂੰ ਮੈਡੀਕਲ ਟੀਮ ਤਾਇਨਾਤ ਕਰਨ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਨੂੰ ਉਨ੍ਹਾਂ ਨਾਲ ਸਬੰਧਤ ਕੰਮਾਂ ਨੂੰ ਯਕੀਨੀ ਬਣਾਉਣ ਦੀਆਂ ਹਦਾਇਤਾਂ ਜਾਰੀ ਕੀਤੀਆਂ ਤਾਂ ਜੁ ਨੀਟ ਦੀ ਪ੍ਰੀਖਿਆ ਪੂਰੀ ਪਾਰਦਰਸ਼ਤਾ ਤੇ ਸੁਖਾਵੇਂ ਮਾਹੌਲ 'ਚ ਹੋਵੇ, ਇਸ ਲਈ ਉਨ੍ਹਾਂ ਸਮੂਹ ਅਧਿਕਾਰੀਆਂ ਨੂੰ ਆਪੋ ਆਪਣੀਆਂ ਡਿਊਟੀਆਂ ਨੂੰ ਪੂਰੀ ਤਨਦੇਹੀ ਨਾਲ ਨਿਭਾਉਣ ਲਈ ਕਿਹਾ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 21 ਜੂਨ 2026 ਨੂੰ ਹੋਣ ਵਾਲੀ ਨੀਟ ਪ੍ਰੀਖਿਆ ਦੇ ਸਬੰਧ 'ਚ 20 ਜੂਨ, 21 ਜੂਨ ਅਤੇ 22 ਜੂਨ ਨੂੰ ਵਿਦਿਆਰਥੀਆਂ ਸਮੇਤ ਇੱਕ ਅਟੈਂਡੈਂਟ ਨੂੰ ਪ੍ਰੀਖਿਆ ਕੇਂਦਰਾਂ ਤੱਕ ਜਾਣ ਤੇ ਵਾਪਸ ਆਉਣ ਲਈ ਪੰਜਾਬ ਰੋਡਵੇਜ਼/ਪਨਬੱਸ ਅਤੇ ਪੀ.ਆਰ.ਟੀ.ਸੀ. ਦੀਆਂ ਸਧਾਰਨ ਬੱਸਾਂ 'ਚ ਸਫ਼ਰ ਕਰਨ ਵਾਲੇ ਵਿਦਿਆਰਥੀਆਂ ਦੇ ਐਡਮਿਟ ਕਾਰਡ ਦੇਖਣ ਉਪਰੰਤ ਮੁਫ਼ਤ ਬੱਸ ਸਫ਼ਰ ਦੀ ਸਹੂਲਤ ਮੁਹੱਈਆ ਕਰਾਈ ਜਾਵੇਗੀ।

## ਅਸ਼ੋਕ ਬੁੱਟਰ ਦੀ ਅਗਵਾਈ 'ਚ ਵਪਾਰੀਆਂ ਨਾਲ ਮੀਟਿੰਗ




**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਵਪਾਰੀਆਂ ਤੇ ਪ੍ਰਸ਼ਾਸਨਕ ਅਧਿਕਾਰੀਆਂ ਨਾਲ ਅਸੈਂਬਲੀ ਟਰੇਡ ਕਮਿਸ਼ਨ ਗਿੱਦੜਬਾਹਾ ਦੇ ਚੇਅਰਮੈਨ ਅਸ਼ੋਕ ਬੁੱਟਰ ਦੀ ਅਗਵਾਈ ਵਿੱਚ ਇੱਕ ਮੀਟਿੰਗ ਪਿੰਡ ਦੋਦਾ ਵਿਖੇ ਕੀਤੀ ਗਈ।ਮੀਟਿੰਗ ਵਿੱਚ ਮੌਜੂਦ ਰਹੇ ਦੁਕਾਨਦਾਰਾਂ ਨੇ ਸੰਬੰਧਤ ਅਧਿਕਾਰੀਆਂ ਸਾਹਮਣੇ ਆਪਣੀਆਂ ਮੁਸ਼ਕਲਾਂ ਰੱਖੀਆਂ। ਖਾਸ ਤੌਰ 'ਤੇ ਬਿਜਲੀ ਵਿਭਾਗ ਨਾਲ ਬੜੀਆਂ ਮੁਸ਼ਕਲਾਂ ਸਾਹਮਣੇ ਆਈਆਂ।ਪਿੰਡ ਦੇ ਲੋਕਾਂ ਨੇ ਪਿੰਡ ਵਿੱਚ ਕੈਮਰੇ ਲਗਾਉਣ, ਸਟਰੀਟ ਲਾਈਟਾਂ ਲਗਾਉਣ ਸੰਬੰਧੀ ਮੰਗ ਕੀਤੀ।ਇਸ ਮੌਕੇ ਸੰਬੋਧਨ ਕਰਦੇ ਹੋਏ ਚੇਅਰਮੈਨ ਅਸ਼ੋਕ ਬੁੱਟਰ ਨੇ ਕਿਹਾ ਕਿ ਹਲਕਾ ਗਿੱਦੜਬਾਹਾ ਦੇ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਗਿੱਦੜਬਾਹਾ ਵਿੱਚ ਲਗਾਤਾਰ ਵਿਕਾਸ ਕਾਰਜ ਚੱਲ ਰਹੇ ਹਨ।ਉਨ੍ਹਾਂ ਕਿਹਾ ਕਿ ਵਪਾਰੀਆਂ ਦੀਆਂ ਸਮੱਸਿਆਵਾਂ ਤੇ ਸੁਝਾਵਾਂ ਨੂੰ ਧਿਆਨ ਨਾਲ ਸੁਣਿਆ ਅਤੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਬੇਨਤੀ ਕੀਤੀ ਕਿ ਵਪਾਰੀਆਂ ਤੇ ਪਿੰਡ ਨਿਵਾਸੀਆਂ ਦੀਆਂ ਮੁਸ਼ਕਲਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵਪਾਰੀਆਂ ਦੀਆਂ ਜਾਇਜ਼ ਮੰਗਾਂ ਤੇ ਸਮੱਸਿਆਵਾਂ ਦੇ ਨਿਪਟਾਰੇ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਵਪਾਰੀ ਵਰਗ ਆਰਥਿਕਤਾ ਦਾ ਮਹੱਤਵਪੂਰਨ ਹਿੱਸਾ ਹੈ ਤੇ ਉਨ੍ਹਾਂ ਨੂੰ ਦਰਪੇਸ਼ ਮੁਸ਼ਕਲਾਂ ਦੇ ਹੱਲ ਲਈ ਪ੍ਰਸ਼ਾਸਨ ਹਰ ਸੰਭਵ ਸਹਿਯੋਗ ਪ੍ਰਦਾਨ ਕਰੇਗਾ।ਮੌਕੇ 'ਤੇ ਮੌਜੂਦ ਐੱਸਡੀਐੱਮ ਨੇ ਵੀ ਪਿੰਡ ਵਾਸੀਆਂ ਨੂੰ ਭਰੋਸਾ ਦਵਾਇਆ ਕਿ ਉਨ੍ਹਾਂ ਦੀਆਂ ਸ਼ਿਕਾਇਤਾਂ ਜਲਦ ਹੱਲ ਕਰ ਦਿੱਤੀਆਂ ਜਾਣਗੀਆਂ।ਇਸ ਮੌਕੇ ਡੀ ਐੱਸ ਪੀ ਜਤਿੰਦਰ ਪਾਲ ਸਿੰਘ, ਐੱਸ ਐੱਚ ਓ ਦੀਪਿਕਾ, ਈ ਟੀ ਓ ਗੁਰਿੰਦਰ ਸਿੰਘ, ਜੀ ਐੱਸ ਟੀ ਇੰਸਪੈਕਟਰ ਰਵਿੰਦਰ, ਜੀ ਐੱਸ ਟੀ ਇੰਸਪੈਕਟਰ ਅੰਮ੍ਰਿਤ ਪਾਲ, ਲੇਬਰ ਇੰਸਪੈਕਟਰ ਪ੍ਰਿੰਸ ਕੰਬੋਜ, ਬੀ ਡੀ ਪੀ ਓ ਮਨਜੋਤ ਸਿੰਘ, ਬਲਾਕ ਲੈਵਲ ਐਕਸਟੈਂਸ਼ਨ ਅਫਸਰ ਤੋਂ ਇਲਾਵਾ ਵਿਧਾਨ ਸਭਾ ਟਰੇਡਰਜ਼ ਕਮਿਸ਼ਨ ਦੇ ਮੈਂਬਰ ਸ਼ਿਵਮ ਬੁੱਟਰ, ਮੈਂਬਰ ਬਲਵਿੰਦਰ ਸਿੰਘ, ਮੈਂਬਰ ਸਿਮਰਜੀਤ ਸਿੰਘ, ਮੈਂਬਰ ਸੁਰਜੀਤ ਸਿੰਘ, ਮੈਂਬਰ ਖੁਸ਼ਹਾਲ ਗਰਗ ਤੇ ਪਿੰਡ ਦੋਦਾ ਦੇ ਸਮੂਹ ਦੁਕਾਨਦਾਰ ਮੌਜੂਦ ਸਨ।

## ਖਾਲਸਾ ਗੁਰਦੁਆਰਾ ਛਾਉਣੀ ਵਿਖੇ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਮਨਾਇਆ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਛਾਉਣੀ ਦੇ ਇਤਿਹਾਸਕ ਖਾਲਸਾ ਗੁਰਦੁਆਰਾ ਸਾਹਿਬ ਵਿਖੇ ਪੰਚਮ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਮਹਾਨ ਸ਼ਹੀਦੀ ਪੁਰਬ ਬੜੀ ਸ਼ਰਧਾ ਤੇ ਸਤਿਕਾਰ ਸਹਿਤ ਮਨਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ। ਸਮਾਗਮ ਦੌਰਾਨ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਉਣ ਉਪਰੰਤ ਪ੍ਰਮੁੱਖ ਰਾਗੀ ਜਥਿਆਂ ਵੱਲੋਂ ਇਲਾਹੀ ਬਾਣੀ ਦਾ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਗਿਆ। ਸ਼ਾਂਤੀ ਦੇ ਪੁੰਜ ਤੇ ਸ਼ਹੀਦਾਂ ਦੇ ਸਿਰਤਾਜ ਧੰਨ-ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਮਹਾਨ ਸ਼ਹੀਦੀ ਦਿਹਾੜੇ ਨੂੰ ਸਮਰਪਤ ਇਕ ਵਿਸ਼ੇਸ਼ ਤੇ ਪ੍ਰਭਾਵਸ਼ਾਲੀ ਧਾਰਮਿਕ ਸਮਾਗਮ ਸਥਾਨਕ ਖਾਲਸਾ ਗੁਰਦੁਆਰਾ ਸਾਹਿਬ ਵਿਖੇ ਕੀਤਾ ਗਿਆ। ਇਸ ਪਵਿੱਤਰ ਦਿਹਾੜੇ ਦੇ ਸਬੰਧ ਵਿੱਚ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਸੰਪੂਰਨਤਾ ਦੇ ਭੋਗ ਬਹੁਤ ਹੀ ਅਦਬ-ਸਤਿਕਾਰ ਨਾਲ ਪਾਏ ਗਏ। ਭੋਗ ਪੈਣ ਉਪਰੰਤ ਵਿਸ਼ੇਸ਼ ਦੀਵਾਨ ਸਜਾਏ ਗਏ, ਜਿਸ ਵਿੱਚ ਵੱਖ-ਵੱਖ ਮਹਾਨ ਕੀਰਤਨੀ ਜਥਿਆਂ ਤੇ ਧਾਰਮਿਕ ਸਭਾਵਾਂ ਨੇ ਹਾਜ਼ਰੀ ਭਰ ਕੇ ਸੰਗਤਾਂ ਨੂੰ ਇਲਾਹੀ ਗੁਰਬਾਣੀ ਦੇ ਮਨੋਹਰ ਕੀਰਤਨ ਨਾਲ ਨਿਹਾਲ ਕੀਤਾ। ਇਸ ਮੌਕੇ ਬੇਬੇ ਨਾਨਕੀ ਇਸਤਰੀ ਸਤਿਸੰਗ ਸਭਾ ਫਿਰੋਜ਼ਪੁਰ ਛਾਉਣੀ ਦੀਆਂ ਬੀਬੀਆਂ ਤੇ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਫਿਰੋਜ਼ਪੁਰ ਛਾਉਣੀ ਦੇ ਵਿਦਿਆਰਥੀਆਂ ਦੇ ਜਥੇ ਵੱਲੋਂ ਵੀ ਬੜੀ ਸ਼ਰਧਾ ਭਾਵਨਾ ਨਾਲ ਕੀਰਤਨ ਦੀ ਸੇਵਾ ਨਿਭਾਈ ਗਈ। ਧਾਰਮਿਕ ਸਮਾਗਮਾਂ ਦੀ ਸਮਾਪਤੀ ਮੌਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ ਤੇ ਪਵਿੱਤਰ ਹੁਕਮਨਾਮਾ ਲਿਆ ਗਿਆ। ਇਸ ਤੋਂ ਬਾਅਦ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਤੇ ਸੇਵਾਦਾਰਾਂ ਵੱਲੋਂ ਆਈਆਂ ਹੋਈਆਂ ਤਮਾਮ ਸੰਗਤਾਂ ਲਈ ਗੁਰੂ ਕਾ ਅਤੁੱਟ ਲੰਗਰ ਵਰਤਾਇਆ ਗਿਆ। ਗਰਮੀ ਦੇ ਮੌਸਮ ਨੂੰ ਮੁੱਖ ਰੱਖਦਿਆਂ ਥਾਂ-ਥਾਂ 'ਤੇ ਠੰਢੇ-ਮਿੱਠੇ ਜਲ ਦੀਆਂ ਛਬੀਲਾਂ ਵੀ ਲਗਾਈਆਂ ਗਈਆਂ, ਜਿੱਥੇ ਸੇਵਾਦਾਰਾਂ ਨੇ ਬੜੇ ਉਤਸ਼ਾਹ ਤੇ ਨਿਮਰਤਾ ਨਾਲ ਆਉਂਦੀਆਂ-ਜਾਂਦੀਆਂ ਸੰਗਤਾਂ ਨੂੰ ਜਲ ਛਕਾਇਆ। ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਮਾਗਮ ਵਿੱਚ ਸਹਿਯੋਗ ਦੇਣ ਵਾਲਿਆਂ ਪ੍ਰਮੁੱਖ ਸ਼ਖ਼ਸੀਅਤਾਂ ਤੇ ਰਾਗੀ ਜਥਿਆਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।



## 21 ਨੂੰ ਮਨਾਇਆ ਜਾਵੇਗਾ 12ਵਾਂ ਅੰਤਰਰਾਸ਼ਟਰੀ ਯੋਗ ਦਿਵਸ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਜ਼ਿਲ੍ਹਾ ਪੱਧਰ 'ਤੇ 21 ਜੂਨ ਨੂੰ 12ਵਾਂ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ ਜਾਵੇਗਾ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਦੱਸਿਆ ਕਿ ਇਹ ਸਮਾਗਮ ਸ਼ਹੀਦ ਭਗਤ ਸਿੰਘ ਖੇਡ ਸਟੇਡੀਅਮ ਬਠਿੰਡਾ ਵਿਖੇ 21 ਜੂਨ ਨੂੰ ਸਵੇਰੇ 6:30 ਤੋਂ 7:30 ਵਜੇ ਤੱਕ ਕੀਤਾ ਜਾਵੇਗਾ।ਸਮਾਗਮ ਦੀਆਂ ਤਿਆਰੀਆਂ ਤੇ ਪ੍ਰਬੰਧਾਂ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਡਿਪਟੀ ਕਮਿਸ਼ਨਰ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕਰਦਿਆਂ ਹਦਾਇਤ ਕੀਤੀ ਕਿ ਸਮਾਗਮ ਵਾਲੀ ਥਾਂ 'ਤੇ ਸਫਾਈ, ਪੀਣ ਵਾਲੇ ਸਾਫ਼ ਪਾਣੀ, ਮੈਡੀਕਲ ਟੀਮਾਂ ਤੇ ਹੋਰ ਲੋੜੀਂਦੇ ਪ੍ਰਬੰਧ ਯਕੀਨੀ ਬਣਾਏ ਜਾਣ।ਉਨ੍ਹਾਂ ਕਿਹਾ ਕਿ ਯੋਗ ਅਭਿਆਸ ਸਵੇਰੇ ਨਿਰਧਾਰਤ ਸਮਾਂ ਸਵੇਰੇ 6:30 ਤੋਂ 7:30 ਵਜੇ ਤੱਕ ਕੀਤਾ ਜਾਵੇਗਾ, ਜਿਸ ਵਿੱਚ ਮਾਹਰ ਟ੍ਰੇਨਰਾਂ ਵੱਲੋਂ ਵੱਖ-ਵੱਖ ਆਸਣਾਂ ਦਾ ਅਭਿਆਸ ਕਰਵਾਇਆ ਜਾਵੇਗਾ।

ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਜ਼ਿਲ੍ਹਾ ਪ੍ਰਸ਼ਾਸਨ ਬਠਿੰਡਾ ਵੱਲੋਂ ਸਮੂਹ ਜ਼ਿਲ੍ਹਾ ਨਿਵਾਸੀਆਂ, ਸਮਾਜਿਕ ਸੰਸਥਾਵਾਂ, ਮਹਿਲਾਵਾਂ, ਨੌਜਵਾਨਾਂ ਤੇ ਬੱਚਿਆਂ ਨੂੰ ਅਪੀਲ ਕੀਤੀ ਕਿ ਉਹ 21 ਜੂਨ ਨੂੰ 6.15 ਵਜੇ ਸ਼ਹੀਦ ਭਗਤ ਸਿੰਘ ਖੇਡ ਸਟੇਡੀਅਮ ਬਠਿੰਡਾ ਵਿਖੇ ਪਹੁੰਚ ਕੇ ਇਸ ਯੋਗ ਦਿਵਸ ਦਾ ਹਿੱਸਾ ਬਣਨ।

## ਨੂਰ ਸਿੰਗਲਾ ਆਲ ਇੰਡੀਆ ਸੀ ਏ ਫਾਈਨਲ ਪ੍ਰੀਖਿਆ 'ਚ ਰਿਹਾ ਅੱਵਲ

### ਸਿਕਿਓਰਿਟੀ ਗਾਰਡ ਦਾ ਬੇਟਾ ਯੁੱਧਵੀਰ ਸਿੰਘ ਰਿਹਾ 10ਵੇਂ ਸਥਾਨ 'ਤੇ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਦੇ ਨੂਰ ਸਿੰਗਲਾ ਨੇ ਚਾਰਟਰਡ ਅਕਾਊਂਟੈਂਟ (ਸੀ.ਏ.) ਫਾਈਨਲ ਪ੍ਰੀਖਿਆ 2026 ਵਿੱਚ ਆਲ ਇੰਡੀਆ ਰੈਂਕ (ਏਆਈਆਰ) 1 ਪ੍ਰਾਪਤ ਕਰਕੇ ਨਾ ਸਿਰਫ਼ ਆਪਣੇ ਸ਼ਹਿਰ ਦਾ ਸਗੋਂ ਪੰਜਾਬ ਦਾ ਵੀ ਨਾਮ ਰੌਸ਼ਨ ਕੀਤਾ ਹੈ।ਇੰਸਟੀਚਿਊਟ ਆਫ਼ ਚਾਰਟਰਡ ਅਕਾਊਂਟੈਂਟਸ ਆਫ਼ ਇੰਡੀਆ (9319) ਨੇ ਅਧਿਕਾਰਤ ਤੌਰ 'ਤੇ ਨਤੀਜਿਆਂ ਦਾ ਐਲਾਨ ਕੀਤਾ, ਜਿਸ ਵਿੱਚ ਨੂਰ ਨੇ 600 ਵਿੱਚੋਂ 499 ਅੰਕ ਪ੍ਰਾਪਤ ਕਰਕੇ ਪ੍ਰੀਖਿਆ ਵਿੱਚ ਟਾਪ ਕੀਤਾ।ਨੂਰ ਇੱਕ ਮੱਧ ਵਰਗੀ ਪਰਵਾਰ ਨਾਲ ਸਬੰਧਤ ਹੈ।ਉਸ ਦੇ ਪਿਤਾ ਗਗਨਦੀਪ ਸਿੰਗਲਾ ਇੱਕ ਵਪਾਰੀ ਹਨ, ਜਦਕਿ ਉਸ ਦੀ ਮਾਂ ਸੁਜਾਤਾ ਸਿੰਗਲਾ ਇੱਕ ਘਰੇਲੂ ਔਰਤ ਹੈ।ਉਸ ਦੀਆਂ ਦੋ ਵੱਡੀਆਂ ਭੈਣਾਂ ਹਨ, ਜਿਨ੍ਹਾਂ ਵਿੱਚੋਂ ਇੱਕ ਚਾਰਟਰਡ ਅਕਾਊਂਟੈਂਟ ਹੈ ਤੇ ਦੂਜੀ ਪੋਸਟ ਗ੍ਰੈਜੂਏਟ ਹੈ।

ਇਸੇ ਦੌਰਾਨ ਪਿੰਡ ਬਿੰਬੜ (ਸੰਗਰੂਰ) ਦੇ ਸੁਰੱਖਿਆ ਗਾਰਡ ਦੇ ਪੁੱਤਰ ਯੁੱਧਵੀਰ ਨੇ ਇਸ ਪ੍ਰੀਖਿਆ ਵਿੱਚ ਏਆਈਆਰ 10ਵਾਂ ਸਥਾਨ ਪ੍ਰਾਪਤ ਕੀਤਾ ਹੈ।ਭਵਾਨੀਗੜ੍ਹ ਤਹਿਸੀਲ ਦੇ ਪਿੰਡ ਬਿੰਬੜ ਦੇ ਯੁੱਧਵੀਰ ਸਿੰਘ ਨੇ 600 ਵਿੱਚੋਂ 451 ਅੰਕ ਪ੍ਰਾਪਤ ਕੀਤੇ।ਉਹ ਇੱਕ ਨਿਮਰ ਮੱਧ ਵਰਗੀ ਪਰਵਾਰ ਨਾਲ ਸਬੰਧਤ ਹੈ।ਉਸਦੇ ਪਿਤਾ ਹਰਪਿੰਦਰ ਸਿੰਘ ਇੱਕ ਸੇਵਾਮੁਕਤ ਫੌਜੀ ਹਨ ਤੇ ਇਸ ਵੇਲ਼ੇ ਇੱਕ ਸੁਰੱਖਿਆ ਗਾਰਡ ਵਜੋਂ ਕੰਮ ਕਰ ਰਹੇ ਹਨ, ਜਦਕਿ ਉਸ ਦੀ ਮਾਂ ਸਿਮਰਨਜੀਤ ਕੌਰ ਇੱਕ ਘਰੇਲੂ ਔਰਤ ਹੈ।

## ਚੰਦਬਾਜਾ 'ਚ ਸਪੀਕਰ ਸੰਧਵਾਂ ਨੇ ਕੀਤੀ ਲੋਕ ਮਿਲਣੀ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਸਪੀਕਰ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਨੇ ਜ਼ਿਲ੍ਹਾ ਫ਼ਰੀਦਕੋਟ ਦੇ ਪਿੰਡ ਚੰਦਬਾਜਾ ਵਿਖੇ ਲੋਕ ਮਿਲਣੀ ਦੌਰਾਨ ਪਿੰਡ ਵਾਸੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਤੇ ਮੰਗਾਂ ਸੁਣੀਆਂ।ਸੰਧਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀਆਂ ਮੁੱਢਲੀਆਂ ਸਹੂਲਤਾਂ ਨੂੰ ਯਕੀਨੀ ਬਣਾਉਣ ਤੇ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਹੱਲ ਕਰਨਾ ਸਰਕਾਰ ਦੀ ਪਹਿਲ ਹੈ ਤੇ ਇਸੇ ਮੰਤਵ ਨਾਲ ਪਿੰਡਾਂ ਵਿੱਚ ਜਾ ਕੇ ਲੋਕਾਂ ਨਾਲ ਸਿੱਧੀ ਮੁਲਾਕਾਤ ਕੀਤੀ ਜਾ ਰਹੀ ਹੈ। ਲੋਕ ਮਿਲਣੀ ਦੌਰਾਨ ਪਿੰਡ ਵਾਸੀਆਂ ਨੇ ਆਪਣੇ ਇਲਾਕੇ ਨਾਲ ਸਬੰਧਤ ਵੱਖ-ਵੱਖ ਮਸਲੇ ਸਪੀਕਰ ਦੇ ਧਿਆਨ ਵਿੱਚ ਲਿਆਂਦੇ, ਜਿਨ੍ਹਾਂ ਦੇ ਹੱਲ ਲਈ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੀਆਂ ਹਦਾਇਤਾਂ ਦਿੱਤੀਆਂ ਗਈਆਂ।

## ਜਨਰਲ ਕੈਟਾਗਰੀਜ਼ ਕਮਿਸ਼ਨ ਪੰਜਾਬ ਨੂੰ ਤੁਰੰਤ ਚਾਲੂ ਕੀਤਾ ਜਾਵੇ : ਪੰਜਾਬ ਪ੍ਰਧਾਨ ਸੁਖਬੀਰ ਸਿੰਘ

**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)**-ਜਨਰਲ ਕੈਟਾਗਰੀ ਵੈੱਲਫੇਅਰ ਫੈਡਰੇਸ਼ਨ ਪੰਜਾਬ ਦੇ ਪ੍ਰਧਾਨ ਸੁਖਬੀਰ ਸਿੰਘ ਨੇ ਪੰਜਾਬ ਸਰਕਾਰ ਤੋਂ ਪੁਰਜ਼ੋਰ ਸ਼ਬਦਾਂ ਵਿੱਚ ਮੰਗ ਕਰਦਿਆਂ ਕਿਹਾ ਕਿ ਜਨਰਲ ਕੈਟੇਗਰੀਜ਼ ਕਮਿਸ਼ਨ ਪੰਜਾਬ ਦਾ ਚੇਅਰਮੈਨ ਤੁਰੰਤ ਨਿਯੁਕਤ ਕੀਤਾ ਜਾਵੇ। ਇਸ ਸਬੰਧੀ ਬਕਾਇਦਾ ਪੰਜਾਬ ਸਰਕਾਰ ਵੱਲੋਂ ਦਸੰਬਰ 2021 ਵਿੱਚ ਕਮਿਸ਼ਨ ਬਣਾਇਆ ਜਾ ਚੁੱਕਿਆ ਹੈ। ਇਸ ਦਾ ਪਹਿਲਾ ਚੇਅਰਮੈਨ ਡਾਕਟਰ ਨਵਜੋਤ ਦਾਹੀਆ ਨੂੰ ਬਣਾਇਆ ਗਿਆ ਸੀ, ਪਰ ਕੁਝ ਦੇਰ ਬਾਅਦ 2022 'ਚ ਵਿਧਾਨ ਸਭਾ ਚੋਣਾਂ ਕਰਕੇ ਉਨ੍ਹਾਂ ਨੇ ਅਸਤੀਫਾ ਦੇ ਦਿੱਤਾ ਸੀ, ਹੁਣ ਇਹ ਫਾਈਲ ਆਮ ਆਦਮੀ ਸਰਕਾਰ ਨੇ ਨੱਪੀ ਹੋਈ ਹੈ। ਫੈਡਰੇਸ਼ਨ ਵਾਰ-ਵਾਰ ਮਿਲ ਕੇ ਤੇ ਅਖ਼ਬਾਰਾਂ ਰਾਹੀਂ ਇਸ ਦਾ ਚੇਅਰਮੈਨ ਲਗਾਉਣ ਦੀ ਮੰਗ ਕਰਦਾ ਆ ਰਿਹਾ ਹੈ, ਪਰ ਇਹ ਸਰਕਾਰ ਜਨਰਲ ਵਿਰੋਧੀ ਸਾਬਿਤ ਹੋ ਰਹੀ ਹੈ। ਜੇਕਰ ਜਲਦੀ ਹੀ ਜਨਰਲ ਕੈਟਾਗਰੀ ਕਮਿਸ਼ਨ ਪੰਜਾਬ ਦਾ ਚੇਅਰਮੈਨ ਨਿਯੁਕਤ ਨਾ ਕੀਤਾ ਗਿਆ ਤਾਂ ਫੈਡਰੇਸ਼ਨ ਵਿਧਾਨ ਸਭਾ ਚੋਣਾਂ 'ਚ ਆਮ ਆਦਮੀ ਪਾਰਟੀ ਦਾ ਸਖ਼ਤ ਵਿਰੋਧ ਕਰੇਗੀ। ਫੈਡਰੇਸ਼ਨ ਨੇ ਜਨਰਲ ਵਰਕ 'ਤੇ ਕੀਤੀ ਜਾ ਰਹੀ ਧੱਕੇਸ਼ਾਹੀ ਤੇ ਝੂਠੇ ਪਰਚੇ ਦਰਜ ਕਰਾਉਣ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ ਤੇ ਸਮੁੱਚੇ ਜਨਰਲ ਵਰਗ ਨੂੰ ਇਸ ਦਾ ਵਿਰੋਧ ਕਰਨ ਲਈ ਕਿਹਾ ਹੈ। ਫੈਡਰੇਸ਼ਨ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਸਾਰੇ ਐੱਮ ਐੱਲ ਏ ਜਨਰਲ ਵਰਗ ਦੀਆਂ ਮੰਗਾਂ ਸਬੰਧੀ ਚੁੱਪ ਬੈਠੇ ਹਨ, ਪਰ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਉਨ੍ਹਾਂ ਨੂੰ ਜਨਰਲ ਵਰਗ ਦੀਆਂ ਮੰਗਾਂ ਸਬੰਧੀ ਲੋਕ ਕਚਹਿਰੀ ਵਿੱਚ ਜਵਾਬ ਦੇਣਾ ਪਵੇਗਾ। ਫੈਡਰੇਸ਼ਨ ਨੇ ਕਿਹਾ ਕਿ ਜਨਰਲ ਵਰਗ ਦੀਆਂ ਮੰਗਾਂ ਸਬੰਧੀ ਜਲਦੀ ਜਨਤਕ ਸੰਘਰਸ਼ ਸ਼ੁਰੂ ਕੀਤਾ ਜਾ ਰਿਹਾ ਹੈ।ਇਸ ਮੌਕੇ ਗੁਰਵਿੰਦਰ ਗੋਲਡੀ ਤੇ ਸੰਦੀਪ ਸ਼ਰਮਾ ਵੀ ਹਾਜ਼ਰ ਸਨ।

## ਭਾਜਪਾ ਚੰਡੀਗੜ੍ਹ ਦੇ ਪ੍ਰਧਾਨ ਵੱਲੋਂ ਪੰਜਾਬੀਆਂ ਨੂੰ 'ਇਮੋਸ਼ਨਲ ਬਲੱਡੀ ਫੂਲਜ਼' ਕਹਿਣਾ ਸਮੁੱਚੇ ਪੰਜਾਬ ਦਾ ਘੋਰ ਅਪਮਾਨ : ਕਰਨੈਲ ਸਿੰਘ ਪੀਰ ਮੁਹੰਮਦ



**ਮੋਗਾ (ਇਕਬਾਲ ਸਿੰਘ ਖਹਿਰਾ)**-ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਮੀਤ ਪ੍ਰਧਾਨ ਕਰਨੈਲ ਸਿੰਘ ਪੀਰ ਮੁਹੰਮਦ ਨੇ ਤਿੱਖੀ ਪ੍ਰਤਿਕਿਰਿਆ ਜ਼ਾਹਰ ਕਰਦਿਆਂ ਭਾਰਤੀ ਜਨਤਾ ਪਾਰਟੀ ਚੰਡੀਗੜ੍ਹ ਯੂਨਿਟ ਦੇ ਪ੍ਰਧਾਨ ਜਤਿੰਦਰ ਪਾਲ ਵੱਲੋਂ ਪੰਜਾਬੀਆਂ ਖ਼ਿਲਾਫ ਵਰਤੀ ਗਈ ਭਾਸ਼ਾ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।ਉਨ੍ਹਾਂ ਕਿਹਾ ਕਿ ਭਾਜਪਾ ਚੰਡੀਗੜ੍ਹ ਦੇ ਪ੍ਰਧਾਨ ਜਤਿੰਦਰ ਪਾਲ ਵੱਲੋਂ ਪੰਜਾਬ ਦੇ ਅਣਖੀਲੇ ਤੇ ਦੇਸ਼ਭਗਤ ਲੋਕਾਂ ਨੂੰ ਜਜ਼ਬਾਤੀ ਮੂਰਖ (Emotional Bloody Fools) ਕਹਿਣਾ ਸਮੁੱਚੇ ਪੰਜਾਬ, ਪੰਜਾਬੀਅਤ ਤੇ ਗੁਰੂਆਂ ਦੀ ਇਸ ਪਵਿੱਤਰ ਧਰਤੀ ਦਾ ਘੋਰ ਅਪਮਾਨ ਹੈ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।ਕਰਨੈਲ ਸਿੰਘ ਪੀਰ ਮੁਹੰਮਦ ਨੇ ਆਖਿਆ ਕਿ ਪੰਜਾਬੀਆਂ ਨੇ ਦੇਸ਼ ਦੀ ਆਜ਼ਾਦੀ, ਅੰਨ ਭੰਡਾਰ ਭਰਨ ਤੇ ਸਰਹੱਦਾਂ ਦੀ ਰਾਖੀ ਲਈ ਸਭ ਤੋਂ ਵੱਧ ਕੁਰਬਾਨੀਆਂ ਦਿੱਤੀਆਂ ਹਨ।ਅਜਿਹੀ ਮਹਾਨ ਕੌਮ ਤੇ ਸੂਬੇ ਦੇ ਲੋਕਾਂ ਬਾਰੇ ਜਤਿੰਦਰ ਪਾਲ ਵਰਗੇ ਜ਼ਿੰਮੇਵਾਰ ਅਹੁਦੇਦਾਰ ਵੱਲੋਂ ਅਜਿਹੀ ਗੈਰ-ਜ਼ਿੰਮੇਵਾਰਾਨਾ ਤੇ ਅਪਮਾਨਜਨਕ ਟਿੱਪਣੀ ਕਰਨਾ ਭਾਜਪਾ ਦੀ ਪੰਜਾਬ ਵਿਰੋਧੀ ਮਾਨਸਿਕਤਾ ਨੂੰ ਜਨਤਕ ਕਰਦਾ ਹੈ।ਉਨ੍ਹਾਂ ਭਾਜਪਾ ਦੀ ਕੇਂਦਰੀ ਲੀਡਰਸ਼ਿਪ ਨੂੰ ਅਪੀਲ ਕਰਦਿਆਂ ਪੁਰਜ਼ੋਰ ਮੰਗ ਕੀਤੀ ਕਿ ਇਸ ਮੰਦਭਾਗੀ ਟਿੱਪਣੀ ਲਈ ਜ਼ਿੰਮੇਵਾਰ ਚੰਡੀਗੜ੍ਹ ਭਾਜਪਾ ਪ੍ਰਧਾਨ ਜਤਿੰਦਰ ਪਾਲ ਤੋਂ ਤੁਰੰਤ ਅਸਤੀਫਾ ਲਿਆ ਜਾਵੇ।ਇਸ ਦੇ ਨਾਲ ਹੀ ਭਾਜਪਾ ਦੀ ਆਲ੍ਹਾ ਕਮਾਨ ਨੂੰ ਸਮੁੱਚੇ ਪੰਜਾਬੀਆਂ ਕੋਲੋਂ ਜਨਤਕ ਤੌਰ 'ਤੇ ਨਿਮਰਤਾ ਸਹਿਤ ਮੁਆਫੀ ਮੰਗਣੀ ਚਾਹੀਦੀ ਹੈ।ਅਕਾਲੀ ਆਗੂ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਭਾਜਪਾ ਨੇ ਇਸ ਮਾਮਲੇ ਵਿੱਚ ਤੁਰੰਤ ਠੋਸ ਕਾਰਵਾਈ ਨਾ ਕੀਤੀ ਤੇ ਜਤਿੰਦਰ ਪਾਲ ਕੋਲੋਂ ਮੁਆਫੀ ਨਾ ਮੰਗਵਾਈ, ਤਾਂ ਪੰਜਾਬ ਦੇ ਲੋਕ ਇਸ ਅਪਮਾਨ ਦਾ ਮੂੰਹ ਤੋੜਵਾਂ ਜਵਾਬ ਦੇਣਗੇ।ਸਿਆਸੀ ਤੌਰ 'ਤੇ ਭਾਜਪਾ ਨੂੰ ਇਸ ਦਾ ਵੱਡਾ ਖਾਮਿਆਜ਼ਾ ਭੁਗਤਣਾ ਪਵੇਗਾ, ਕਿਉਂਕਿ ਪੰਜਾਬੀ ਆਪਣੇ ਸਨਮਾਨ, ਅਣਖ ਤੇ ਸਵੈ-ਮਾਣ ਨਾਲ ਕਦੇ ਵੀ ਸਮਝੌਤਾ ਨਹੀਂ ਕਰ ਸਕਦੇ।

## ਅਨਾਜ ਗੋਦਾਮਾਂ 'ਚ ਦਿਨ-ਦਿਹਾੜੇ ਚੋਰੀ ਦੀ ਕੋਸ਼ਿਸ਼



**ਭਵਾਨੀਗੜ੍ਹ (ਰਾਜ ਖੁਰਮੀ)** ਸਥਾਨਕ ਰਾਮਪੁਰਾ ਰੋਡ 'ਤੇ ਗਊਸ਼ਾਲਾ ਦੇ ਸਾਹਮਣੇ ਸਥਿਤ ਫੂਡ ਸਪਲਾਈ ਵਿਭਾਗ ਦੇ ਅਨਾਜ ਭੰਡਾਰਨ ਗੋਦਾਮਾਂ ਵਿੱਚ ਦਿਨ-ਦਿਹਾੜੇ ਚੋਰੀ ਕਰਨ ਦੀ ਕੋਸ਼ਿਸ਼ ਦਾ ਮਾਮਲਾ ਸਾਹਮਣੇ ਆਇਆ ਹੈ।ਅਣਪਛਾਤੇ ਵਿਅਕਤੀਆਂ ਵੱਲੋਂ ਗੋਦਾਮਾਂ ਦੇ ਜਿੰਦੇ ਤੋੜ ਕੇ ਅੰਦਰ ਦਾਖਲ ਹੋਣ ਦੀ ਕੋਸ਼ਿਸ਼ ਕੀਤੀ ਗਈ, ਪਰ ਚੌਕੀਦਾਰ ਦੇ ਸਮੇਂ ਸਿਰ ਮੌਕੇ 'ਤੇ ਪਹੁੰਚਣ ਕਾਰਨ ਵਾਰਦਾਤ ਟਲ ਗਈ।ਜਾਣਕਾਰੀ ਦਿੰਦਿਆਂ ਸਪਲਾਈ ਵਿਭਾਗ ਭਵਾਨੀਗੜ੍ਹ ਦੀ ਇੰਸਪੈਕਟਰ ਕੋਮਲ ਗੋਇਲ ਨੇ ਦੱਸਿਆ ਕਿ ਇਹ ਘਟਨਾ ਬੁੱਧਵਾਰ ਦੁਪਹਿਰ ਬਾਅਦ ਵਾਪਰੀ।ਉਨ੍ਹਾਂ ਦੱਸਿਆ ਕਿ ਮੋਟਰਸਾਈਕਲ ਸਵਾਰ ਤਿੰਨ ਅਣਪਛਾਤੇ ਵਿਅਕਤੀ ਚੋਰੀ ਦੀ ਨੀਅਤ ਨਾਲ ਗੋਦਾਮਾਂ ਦੀ ਚਾਰਦੀਵਾਰੀ ਅੰਦਰ ਦਾਖਲ ਹੋਏ ਤੇ ਅੰਦਰਲੇ ਗੋਦਾਮਾਂ ਦੇ ਜਿੰਦੇ ਤੋੜਨ ਦੀ ਕੋਸ਼ਿਸ਼ ਕਰਨ ਲੱਗੇ।ਇਸ ਦੌਰਾਨ ਚੌਕੀਦਾਰ ਦੇ ਮੌਕੇ 'ਤੇ ਪਹੁੰਚ ਜਾਣ ਕਾਰਨ ਤਿੰਨੇ ਵਿਅਕਤੀ ਉੱਥੋਂ ਫਰਾਰ ਹੋ ਗਏ।ਉਨ੍ਹਾਂ ਦੱਸਿਆ ਕਿ ਪੂਰੀ ਘਟਨਾ ਗੋਦਾਮਾਂ ਦੇ ਬਾਹਰ ਲੱਗੇ ਸੀਸੀਟੀਵੀ ਕੈਮਰਿਆਂ ਵਿੱਚ ਕੈਦ ਹੋ ਗਈ ਹੈ, ਜਿਸ ਦੇ ਆਧਾਰ 'ਤੇ ਸ਼ੱਕੀਆਂ ਦੀ ਪਛਾਣ ਕਰਨ ਦੇ ਯਤਨ ਕੀਤੇ ਜਾ ਰਹੇ ਹਨ।ਇੰਸਪੈਕਟਰ ਕੋਮਲ ਗੋਇਲ ਨੇ ਦੱਸਿਆ ਕਿ ਕੁਝ ਦਿਨ ਪਹਿਲਾਂ ਵੀ ਚੋਰਾਂ ਵੱਲੋਂ ਇਸੇ ਤਰ੍ਹਾਂ ਚੋਰੀ ਦੀ ਕੋਸ਼ਿਸ਼ ਕੀਤੀ ਗਈ ਸੀ।ਉਸ ਘਟਨਾ ਤੋਂ ਬਾਅਦ ਵਿਭਾਗ ਵੱਲੋਂ ਗੋਦਾਮਾਂ ਦੀ ਸੁਰੱਖਿਆ ਤੇ ਪਹਿਰੇਦਾਰੀ ਹੋਰ ਸਖ਼ਤ ਕਰ ਦਿੱਤੀ ਗਈ ਸੀ।ਤਾਜ਼ਾ ਘਟਨਾ ਸਬੰਧੀ ਪੁਲਸ ਨੂੰ ਸੂਚਿਤ ਕਰ ਦਿੱਤਾ ਗਿਆ ਹੈ ਤੇ ਮਾਮਲੇ ਦੀ ਜਾਂਚ ਜਾਰੀ ਹੈ।ਚੋਰੀ ਦੀਆਂ ਲਗਾਤਾਰ ਕੋਸ਼ਿਸ਼ਾਂ ਕਾਰਨ ਇਲਾਕੇ ਵਿੱਚ ਚਿੰਤਾ ਦਾ ਮਾਹੌਲ ਹੈ ਤੇ ਲੋਕਾਂ ਵੱਲੋਂ ਗੋਦਾਮਾਂ ਦੀ ਸੁਰੱਖਿਆ ਹੋਰ ਮਜ਼ਬੂਤ ਕਰਨ ਦੀ ਮੰਗ ਕੀਤੀ ਜਾ ਰਹੀ ਹੈ।

## ਅਰਾਵਲੀ ਪਹਾੜੀ ਲੜੀ ਦੀ ਸੰਭਾਲ ਲਈ ਸੁਤੰਤਰ ਸਮੀਖਿਆ ਕਮੇਟੀ ਦੀ ਮੰਗ



**ਦੋਰਾਹਾ (ਹਰਮਿੰਦਰ ਸੇਠ)**-ਪੰਜਾਬ ਦੇ ਵਾਤਾਵਰਣ ਪ੍ਰੇਮੀਆਂ ਸਮਿਤਾ ਕੌਰ, ਪਵੇਲਾ ਬਾਲੀ, ਕਰਨਲ ਜਸਜੀਤ ਗਿੱਲ, ਡਾ. ਮਨਜੀਤ ਸਿੰਘ, ਰਣਜੀਤ ਪਵਾਰ ਅਤੇ ਸੁਮਿਤ ਗੁਪਤਾ ਨੇ ਭਾਰਤ ਦੇ ਮੁੱਖ ਨਿਆਂਧੀਸ਼ ਨੂੰ ਪੱਤਰ ਲਿਖ ਕੇ ਅਰਾਵਲੀ ਪਹਾੜੀ ਲੜੀ ਦੀ ਸੁਰੱਖਿਆ ਅਤੇ ਸੰਭਾਲ ਸਬੰਧੀ ਸੁਪਰੀਮ ਕੋਰਟ ਵੱਲੋਂ 25 ਮਈ 2026 ਨੂੰ ਬਣਾਈ ਗਈ ਹਾਈ ਪਾਵਰਡ ਕਮੇਟੀ (ਐਚਪੀਸੀ) ਦੀ ਬਣਤਰ ਅਤੇ ਸੁਤੰਤਰਤਾ ਤੇ ਚਿੰਤਾ ਪ੍ਰਗਟ ਕੀਤੀ ਹੈ। ਉਨ੍ਹਾਂ ਕਿਹਾ ਕਿ ਕਮੇਟੀ ਦੇ ਮੌਜੂਦਾ ਢਾਂਚੇ ਨਾਲ ਨਿਰਪੱਖ ਅਤੇ ਸੁਤੰਤਰ ਸਮੀਖਿਆ ਦੇ ਮਕਸਦ ਤੇ ਸਵਾਲ ਖੜ੍ਹੇ ਹੋ ਸਕਦੇ ਹਨ, ਕਿਉਂਕਿ ਇਸ ਦੀ ਅਗਵਾਈ ਭਾਰਤੀ ਜੰਗਲਾਤ ਖੋਜ ਅਤੇ ਸਿੱਖਿਆ ਪਰਿਸ਼ਦ (ਆਈ ਸੀ ਐੱਫ ਆਰ ਈ) ਦੇ ਡਾਇਰੈਕਟਰ ਜਨਰਲ ਕੋਲ ਹੈ, ਜੋ ਕਿ ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਮੰਤਰਾਲੇ (ਐਮ ਓ ਈ ਐੱਫ ਐਂਡ ਸੀ ਸੀ) ਦੇ ਅਧੀਨ ਕੰਮ ਕਰਦਾ ਹੈ।ਵਾਤਾਵਰਣ ਪ੍ਰੇਮੀਆਂ ਨੇ ਅਮਿਕਸ ਕਿਊਰੀ ਵੱਲੋਂ 24 ਫਰਵਰੀ 2026 ਨੂੰ ਉਠਾਏ ਗਏ ਮੁੱਦਿਆਂ ਦਾ ਹਵਾਲਾ ਦਿੰਦਿਆਂ ਕਿਹਾ ਕਿ ਫਾਰੈਸਟ ਸਰਵੇ ਆਫ਼ ਇੰਡੀਆ ਦੀ ਸਤੰਬਰ 2025 ਦੀ ਰਿਪੋਰਟ, ਜਿਸ ਵਿੱਚ ਹੇਠਲੀਆਂ ਅਰਾਵਲੀ ਪਹਾੜੀਆਂ ਦੀ ਮਾਰੂਥਲੀਕਰਨ ਰੋਕਣ ਵਿੱਚ ਮਹੱਤਤਾ ਦਰਸਾਈ ਗਈ ਸੀ, ਨਾਲ ਜੁੜੇ ਮਾਮਲਿਆਂ ਦੀ ਵੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ।ਉਨ੍ਹਾਂ ਸੁਪਰੀਮ ਕੋਰਟ ਤੋਂ ਮੰਗ ਕੀਤੀ ਕਿ ਕਮੇਟੀ ਦੀ ਅਗਵਾਈ ਕਿਸੇ ਸੁਤੰਤਰ ਵਾਤਾਵਰਣ ਵਿਗਿਆਨੀ ਜਾਂ ਮਾਹਿਰ ਨੂੰ ਸੌਂਪੀ ਜਾਵੇ, ਮੈਂਬਰ ਸਕੱਤਰ ਮੰਤਰਾਲੇ ਜਾਂ ਇਸ ਨਾਲ ਸੰਬੰਧਤ ਸੰਸਥਾਵਾਂ ਤੋਂ ਨਾ ਹੋਵੇ, ਅਤੇ ਕਮੇਟੀ ਵਿੱਚ ਵਾਤਾਵਰਣ, ਜਲ ਸਰੋਤ, ਜੰਗਲੀ ਜੀਵ ਸੰਭਾਲ, ਜਨ ਸਿਹਤ, ਖੇਤੀਬਾੜੀ ਅਤੇ ਰਵਾਇਤੀ ਰੋਜ਼ੀ-ਰੋਟੀ ਨਾਲ ਜੁੜੇ ਮਾਹਿਰਾਂ ਨੂੰ ਸ਼ਾਮਲ ਕੀਤਾ ਜਾਵੇ।ਉਨ੍ਹਾਂ ਇਹ ਵੀ ਮੰਗ ਕੀਤੀ ਕਿ ਕਮੇਟੀ ਦੀ ਰਿਪੋਰਟ ਕਿਸੇ ਸਰਕਾਰੀ ਮੰਤਰਾਲੇ ਦੀ ਬਜਾਏ ਸਿੱਧੀ ਸੁਪਰੀਮ ਕੋਰਟ ਨੂੰ ਸੌਂਪੀ ਜਾਵੇ, ਪ੍ਰਭਾਵਿਤ ਖੇਤਰਾਂ ਦੇ ਲੋਕਾਂ ਨਾਲ ਸਲਾਹ-ਮਸ਼ਵਰਾ ਕਰਨ ਲਈ ਸਮਾਂ ਵਧਾਇਆ ਜਾਵੇ ਅਤੇ ਵਿਗਿਆਨਕ ਰਿਪੋਰਟਾਂ ਅਤੇ ਅਰਾਵਲੀ ਜ਼ਿਲ੍ਹਿਆਂ ਦੇ ਵਰਗੀਕਰਨ ਨਾਲ ਸਬੰਧਤ ਮੁੱਦਿਆਂ ਦੀ ਜਾਂਚ ਕਰਵਾਈ ਜਾਵੇ।ਸਮਿਤਾ ਕੌਰ ਨੇ ਕਿਹਾ ਕਿ ਅਰਾਵਲੀ ਪਹਾੜੀ ਲੜੀ ਉੱਤਰੀ ਅਤੇ ਪੱਛਮੀ ਭਾਰਤ ਦੀ ਵਾਤਾਵਰਨਕ ਸੁਰੱਖਿਆ ਲਈ ਬਹੁਤ ਮਹੱਤਵਪੂਰਨ ਹੈ ਅਤੇ ਇਸ ਦਾ ਭਵਿੱਖ ਪਾਰਦਰਸ਼ੀ, ਵਿਗਿਆਨਕ ਅਤੇ ਸੁਤੰਤਰ ਪ੍ਰਕਿਰਿਆ ਰਾਹੀਂ ਹੀ ਤੈਅ ਕੀਤਾ ਜਾਣਾ ਚਾਹੀਦਾ ਹੈ।

## ਰਾਮਗੜ੍ਹੀਆ ਵੈੱਲਫੇਅਰ ਸੁਸਾਇਟੀ ਵੱਲੋਂ ਮੇਅਰ ਵਿਨੈਪਾਲ ਕੌਰ ਤੇ ਕੌਂਸਲਰ ਮਨਜੀਤ ਸਿੰਘ ਧੰਮੂ ਸਨਮਾਨਤ

### ਸਰਬਪੱਖੀ ਵਿਕਾਸ ਮੇਰਾ ਮੁੱਖ ਨਿਸ਼ਾਨਾ : ਮੇਅਰ ਵਿਨੈਪਾਲ ਕੌਰ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਵਿਖੇ ਰਾਮਗੜ੍ਹੀਆ ਵੈੱਲਫੇਅਰ ਸੁਸਾਇਟੀ ਵੱਲੋਂ ਵਿਸ਼ਵਕਰਮਾ ਭਵਨ ਵਿਖੇ ਹਾੜ੍ਹ ਦੇ ਪਵਿੱਤਰ ਦਿਹਾੜੇ ਸ੍ਰੀ ਗੁਰੂ ਗਰੰਥ ਸਾਹਿਬ ਦੇ ਭੋਗ ਉਪਰੰਤ ਭਾਈ ਪਰਮਜੀਤ ਸਿੰਘ ਦੇ ਕੀਰਤਨੀ ਜੱਥੇ ਵੱਲੋਂ ਮਨੋਹਰ ਕੀਰਤਨ ਕੀਤਾ ਗਿਆ।ਉਨ੍ਹਾਂ ਬਾਰਾਮਾਹ ਵਿੱਚੋਂ ਹਾੜ੍ਹ ਮਹੀਨੇ ਦੀ ਕਥਾ ਕੀਤੀ।ਗੁਰਦਵਾਰਾ ਵਿਸ਼ਵਕਰਮਾ ਭਵਨ ਦੇ ਮੁੱਖ ਗਰੰਥੀ ਭਾਈ ਚੰਮਕੌਰ ਸਿੰਘ ਗਾਹਲਾ ਨੇ ਅਰਦਾਸ ਕਰਕੇ ਹੁਕਮਨਾਮਾ ਲਿਆ ਤੇ ਗੁਰਬਾਣੀ ਬਾਰਾਮਾਹ ਵਿੱਚੋਂ ਹਾੜ੍ਹ ਮਹੀਨਾ ਸੰਗਤਾਂ ਨੂੰ ਸਰਵਣ ਕਰਵਾਇਆ।ਮੰਚ ਦਾ ਸੰਚਾਲਨ ਕਰਦਿਆਂ ਨਰਿੰਦਰਪਾਲ ਸਿੰਘ ਸਹਾਰਨ ਨੇ ਸੰਗਰਾਂਦ ਦੀ ਸੰਗਤਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਮੋਗਾ ਨਗਰ ਨਿਗਮ ਦੇ ਮੇਅਰ ਦੀ ਪੋਸਟ ਪੱਛੜੀਆਂ ਸ਼੍ਰੇਣੀਆਂ ਲਈ ਰਾਖਵੀਂ ਕਰ ਦੇਣ ਕਰਕੇ ਰਾਮਗੜ੍ਹੀਆ ਭਾਈਚਾਰੇ ਨੂੰ ਮਾਣ ਮਿਲਿਆ ਵਿਨੈਪਾਲ ਕੌਰ ਨੂੰ ਆਮ ਆਦਮੀ ਪਾਰਟੀ ਨੇ ਮੇਅਰ ਦੀ ਕੁਰਸੀ 'ਤੇ ਬਿਰਾਜਮਾਨ ਹੋਣ ਦਾ ਮੌਕਾ ਦਿੱਤਾ। ਰਾਮਗੜ੍ਹੀਆਂ ਦੇ ਦੋ ਹੋਰ ਨਗਰ ਕੌਂਸਲਰ ਮਨਜੀਤ ਸਿੰਘ ਧੰਮੂ ਤੇ ਵਿਕਰਮ ਸਿੰਘ ਘਾਤੀ ਚੁਣੇ ਗਏ ਹਨ।ਇਸ ਮੌਕੇ ਸੰਬੋਧਨ ਕਰਦਿਆਂ ਮੇਅਰ ਨਗਰ ਨਿਗਮ ਵਿਨੈਪਾਲ ਕੌਰ ਨੇ ਸਨਮਾਨ ਸਮਾਰੋਹ ਰੱਖਣ ਲਈ ਰਾਮਗੜ੍ਹੀਆ ਵੈੱਲਫੇਅਰ ਸੁਸਾਇਟੀ ਦੇ ਮੈਂਬਰਾਂ ਦਾ ਧੰਨਵਾਦ ਕੀਤਾ।ਉਨ੍ਹਾਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਸਥਾਨਕ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਮੋਗਾ ਸ਼ਹਿਰ ਦਾ ਵਿਕਾਸ ਉਨ੍ਹਾਂ ਪਹਿਲੀ ਤਰਜੀਹ ਹੈ ਤੇ ਉਹ ਹਰ ਸੰਭਵ ਯਤਨ ਕਰਨਗੇ। ਉਨ੍ਹਾਂ ਮੋਗਾ ਨਿਵਾਸੀਆਂ ਤੋਂ ਸਹਿਯੋਗ ਦੀ ਮੰਗ ਕੀਤੀ। ਰਾਮਗੜ੍ਹੀਆ ਵੈੱਲਫੇਅਰ ਸੁਸਾਇਟੀ ਵੱਲੋਂ ਨਵੇਂ ਬਣੇ ਮੇਅਰ ਨਗਰ ਨਿਗਮ ਵਿਨੈਪਾਲ ਕੌਰ ਤੇ ਨਗਰ ਕੌਂਸਲਰ ਮਨਜੀਤ ਸਿੰਘ ਧੰਮੂ ਦਾ ਕਾਰਜਕਾਰੀ ਪ੍ਰਧਾਨ ਰਾਜਾ ਸਿੰਘ, ਸੋਹਣ ਸਿੰਘ ਸੱਗੂ ਸਰਪ੍ਰਸਤ, ਚਮਕੌਰ ਸਿੰਘ ਝੰਡੇਆਣਾ, ਮਾਸਟਰ ਇੰਦਰਜੀਤ ਸਿੰਘ ਤੇ ਗੁਰਦਰਸ਼ਨ ਸਿੰਘ ਸਾਬਕਾ ਪ੍ਰਧਾਨ, ਗਿਆਨ ਸਿੰਘ ਸਾਬਕਾ ਡੀ ਪੀ ਆਰ ਓ, ਸਰਬਜੀਤ ਸਿੰਘ ਜੰਡੂ, ਜੋਗਿੰਦਰ ਸਿੰਘ ਕੋਕਰੀਵਾਲੇ, ਮਹਿੰਦਰ ਸਿੰਘ ਕਲਸੀ ਨੇ ਲੋਈਆਂ ਦੇ ਕੇ ਸਨਮਾਨਤ ਕੀਤਾ।ਇਸ ਮੌਕੇ ਮਨਪ੍ਰੀਤ ਸਿੰਘ ਵਿੱਕੀ ਦਾਉਧਰੀਆ, ਜਗਰੂਪ ਸਿੰਘ ਤਖਤੂਪਰਾ, ਬਲਵੰਤ ਸਿੰਘ ਝੰਡੇਆਣਾ, ਇੰਜ. ਪ੍ਰਿਤਪਾਲ ਸਿੰਘ, ਬਚਿੱਤਰ ਸਿੰਘ ਕਲਸੀ, ਕੁਲਜੀਤ ਸਿੰਘ ਕਲਸੀ, ਭਾਈ ਪੂਰਨ ਭਗਤ ਸਿੰਘ, ਹਾਕਮ ਸਿੰਘ ਖੋਸਾ ਤੇ ਹੋਰ ਮੈਂਬਰ ਸ਼ਾਮਲ ਸਨ।ਅੰਤ ਵਿੱਚ ਸੰਗਤਾਂ ਨੂੰ ਲੰਗਰ ਵਰਤਾਇਆ ਗਿਆ।

## ਬ੍ਰਿਗੇਡੀਅਰ ਚੀਮਾ ਵੱਲੋਂ 19 ਪੰਜਾਬ ਬਟਾਲੀਅਨ ਐੱਨ.ਸੀ.ਸੀ. ਲੁਧਿਆਣਾ ਦੇ ਚੱਲ ਰਹੇ ਸੀ ਏ ਟੀ ਸੀ ਦਾ ਦੌਰਾ



**ਦੋਰਾਹਾ (ਹਰਮਿੰਦਰ ਸੇਠ)**-ਸਥਾਨਕ 19 ਪੰਜਾਬ ਬਟਾਲੀਅਨ ਐੱਨ.ਸੀ. ਸੀ. ਲੁਧਿਆਣਾ ਦੇ ਚੱਲ ਰਹੇ ਸੀ.ਏ.ਟੀ.ਸੀ.-60 ਦੌਰਾਨ ਬ੍ਰਿਗੇਡੀਅਰ ਪਰਮਜੀਤ ਸਿੰਘ ਚੀਮਾ, ਐੱਸ.ਐੱਮ., ਵੀ.ਐੱਸ.ਐੱਮ., ਗਰੁੱਪ ਕਮਾਂਡਰ ਲੁਧਿਆਣਾ ਨੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵਿਖੇ ਦੌਰਾ ਕੀਤਾ।ਇਹ ਟ੍ਰੇਨਿੰਗ ਕੈਂਪ 15 ਜੂਨ 2026 ਤੋਂ 24 ਜੂਨ 2026 ਤੱਕ ਲੱਗ ਰਿਹਾ ਹੈ, ਜਿਸ ਦਾ ਅੱਜ ਬ੍ਰਿਗੇਡੀਅਰ ਸਾਹਿਬ ਵੱਲੋਂ ਦੌਰਾ ਕੀਤਾ ਗਿਆ।ਇਹ ਕੰਬਾਈਨਡ ਐਨੂਅਲ ਟ੍ਰੇਨਿੰਗ ਕੈਂਪ ਪਿਛਲੇ ਦੋ ਦਿਨ ਤੋਂ ਚੱਲ ਰਿਹਾ ਹੈ।

ਇਹ ਕੈਂਪ 19 ਪੰਜਾਬ ਬਟਾਲੀਅਨ ਵੱਲੋਂ ਆਫੀਸੀਏਟਿੰਗ ਕਮਾਂਡਿੰਗ ਅਫ਼ਸਰ ਲੈਫਟੀਨੈਂਟ ਕਰਨਲ ਫੈਜ਼ਾਨ ਜ਼ਹੂਰ ਤੇ ਸੂਬੇਦਾਰ ਮੇਜਰ ਆਨਰੇਰੀ ਲੈਫਟੀਨੈਂਟ ਸੁਖਦੇਵ ਸਿੰਘ ਦੀ ਅਗਵਾਈ ਹੇਠ ਆਯੋਜਿਤ ਕੀਤਾ ਜਾ ਰਿਹਾ ਹੈ।ਇਸ ਕੈਂਪ ਵਿੱਚ ਵੱਖ ਵੱਖ ਸਕੂਲਾਂ, ਕਾਲਜਾਂ, ਆਈ.ਟੀ.ਆਈ. ਤੇ ਯੂਨੀਵਰਸਿਟੀਆਂ ਤੋਂ 476 ਕੈਡਿਟਾਂ ਸਮੇਤ ਇਕ ਸੀ ਟੀ ਓ ਤੇ 8 ਏ ਐੱਨ ਓ ਭਾਗ ਲੈ ਰਹੇ ਹਨ। ਬ੍ਰਿਗੇਡੀਅਰ ਪਰਮਜੀਤ ਸਿੰਘ ਚੀਮਾ ਦੇ ਦੌਰੇ ਦੀ ਸ਼ੁਰੂਆਤ ਕੈਡਿਟਾਂ ਵੱਲੋਂ ਦਿੱਤੇ ਸ਼ਾਨਦਾਰ ਗਾਰਡ ਆਫ਼ ਆਨਰ ਨਾਲ ਹੋਈ।ਦੌਰੇ ਸਮੇਂ ਗਰੁੱਪ ਕਮਾਂਡਰ ਨੇ ਐਸੋਸੀਏਟ ਐੱਨ.ਸੀ.ਸੀ.ਅਫ਼ਸਰਾਂ ਨਾਲ ਮੁਲਾਕਾਤ ਕਰਦਿਆਂ ਗੱਲਬਾਤ ਕੀਤੀ।ਆਫ਼ੀਸੀਏਟਿੰਗ ਕਮਾਂਡਿੰਗ ਅਫ਼ਸਰ ਨੇ ਕੈਂਪ ਦਫ਼ਤਰ ਵਿੱਚ ਗਰੁੱਪ ਕਮਾਂਡਰ ਨੂੰ ਕੈਂਪ ਦੇ ਟ੍ਰੇਨਿੰਗ ਪ੍ਰੋਗਰਾਮ ਤੇ ਸੁਰੱਖਿਆ ਪ੍ਰਬੰਧਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਇਸ ਤੋਂ ਬਾਅਦ ਵਿੱਚ ਗਰੁੱਪ ਕਮਾਂਡਰ ਬ੍ਰਿਗੇਡੀਅਰ ਚੀਮਾ ਨੇ ਟ੍ਰੇਨਿੰਗ ਖੇਤਰ, ਰਿਹਾਇਸ਼ੀ ਹੋਸਟਲ ਤੇ ਮੈੱਸ ਦਾ ਨਿਰੀਖਣ ਕੀਤਾ, ਟ੍ਰੇਨਿੰਗ ਦੇ ਮਿਆਰਾਂ, ਕੈਡਿਟਾਂ ਦੀ ਭਲਾਈ ਲਈ ਸਫ਼ਾਈ ਪ੍ਰਬੰਧਾਂ ਦਾ ਜਾਇਜ਼ਾ ਲਿਆ।

ਸਮਾਗਮ ਦੇ ਅੰਤ ਵਿੱਚ ਗਰੁੱਪ ਕਮਾਂਡਰ ਨੇ ਕੈਡਿਟਾਂ ਨਾਲ ਟੀ-ਪਾਰਟੀ ਦੌਰਾਨ ਗੱਲਬਾਤ ਕੀਤੀ। ਅੱਜ ਦੇ ਦੌਰੇ ਸਮੇਂ ਏ. ਐੱਨ.ਓ.ਕੈਪਟਨ ਤਨਵੀਰ ਸਿੰਘ (ਸਰਕਾਰੀ ਆਈ.ਟੀ.ਆਈ. ਸਮਰਾਲਾ) ਨੂੰ ਉਨ੍ਹਾਂ ਦੀਆਂ ਸ਼ਲਾਘਾਯੋਗ ਸੇਵਾਵਾਂ ਲਈ ਮੈਡਲ ਵੀ ਪ੍ਰਦਾਨ ਕੀਤਾ।ਅਖੀਰ ਵਿੱਚ ਕੈਂਪ ਸਟਾਫ਼ ਤੇ ਕੈਡਿਟਾਂ ਨੇ ਗਰੁੱਪ ਕਮਾਂਡਰ ਬ੍ਰਿਗੇਡੀਅਰ ਚੀਮਾ ਨਾਲ ਇੱਕ ਯਾਦਗਾਰੀ ਤਸਵੀਰ ਵੀ ਕਰਵਾਈ।

# ਪੰਜਾਬ ਭੱਠਾ ਲੇਬਰ ਯੂਨੀਅਨ ਨੇ ਡੀਸੀ ਦੇ ਨਾਂਅ ਦਿੱਤਾ ਸ਼ਿਕਾਇਤ ਪੱਤਰ

**ਪਠਾਨਕੋਟ (ਦਵਿੰਦਰ ਸਿੰਘ)**- ਪਠਾਨਕੋਟ ਤੋਂ ਥੋੜੀ ਦੂਰ ਪਿੰਡ ਤੰਗੋਸ਼ਾਹ ਵਿਖੇ ਸਥਿਤ ਇੱਟ ਭੱਠੇ ਵੱਲੋਂ ਆਪਣੇ ਭੱਠੇ ਦੇ ਪਥੇਰ ਮਜ਼ਦੂਰਾਂ ਨੂੰ ਨਵਾਂ ਰੇਟ 1138 ਰੁਪਏ ਦੇਣ ਤੋਂ ਇਨਕਾਰ ਕਰਨ 'ਤੇ ਰੋਸ ਵਜੋਂ ਭੱਠਾ ਮਜ਼ਦੂਰਾਂ ਲਾਲ ਝੰਡਾ ਪੰਜਾਬ ਭੱਠਾ ਲੇਬਰ ਯੂਨੀਅਨ ਸਬੰਧਤ ਸੀ ਟੀ ਯੂ ਪੰਜਾਬ ਦੀ ਅਗਵਾਈ ਹੇਠ ਔਰਤਾਂ-ਮਰਦਾਂ ਨੇ ਡਿਪਟੀ ਕਮਿਸ਼ਨਰ ਪਠਾਨਕੋਟ ਨੂੰ ਸ਼ਿਕਾਇਤ ਪੱਤਰ ਦੇ ਕੇ ਮੰਗ ਕੀਤੀ ਕਿ ਗਰਮੀ ਦਾ ਸੀਜ਼ਨ ਸਮਾਪਤ ਹੋ ਗਿਆ ਪਰ ਉਪਰੋਕਤ ਭੱਠਾ ਮਾਲਕ ਮਜ਼ਦੂਰਾਂ ਦਾ ਹਿਸਾਬ ਨਹੀਂ ਦੇ ਰਿਹਾ।ਮਜ਼ਦੂਰਾਂ ਦੀ ਮਜ਼ਦੂਰੀ ਦਿਵਾਈ ਜਾਵੇ ਅਤੇ ਸਮਝੌਤੇ ਦੀ ਉਲੰਘਣਾ ਕਰਨ ਦੇ ਦੋਸ਼ ਤਹਿਤ ਪਰਚਾ ਦਰਜ ਕਰਕੇ ਭੱਠਾ ਮਾਲਕ ਖਿਲਾਫ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇ।ਇਸ ਮੌਕੇ ਕਾਮਰੇਡ ਸ਼ਿਵ ਕੁਮਾਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਦਫ਼ਤਰਾਂ ਦਾ ਸਮਾਂ ਤਾਂ ਸਵੇਰੇ 7.30 ਵਜੇ ਦਾ ਐਲਾਨ ਕੀਤਾ ਗਿਆ ਹੈ ਪਰ ਪ੍ਰਬੰਧਕੀ ਕੰਪਲੈਕਸ ਮਲਕਪੁਰ ਪਠਾਨਕੋਟ ਅੰਦਰ ਬਹੁਤੇ ਵਿਭਾਗਾਂ ਦੇ ਅਧਿਕਾਰੀ 10 ਵਜੇ ਤੱਕ ਵੀ ਆਪਣੀ ਚੇਅਰ ਤੇ ਦਿਖਾਈ ਨਹੀਂ ਦਿੱਤੇ।ਘੰਟਿਆਂਬੱਧੀ ਲੰਬੀ ਇੰਤਜ਼ਾਰ ਤੋਂ ਬਾਅਦ ਏਡੀਸੀ ਪਠਾਨਕੋਟ ਨੇ ਮਜ਼ਦੂਰਾਂ ਦੀ ਦਰਖਾਸਤ ਪ੍ਰਾਪਤ ਕੀਤੀ ਅਤੇ ਤੁਰੰਤ ਕਾਰਵਾਈ ਕਰਨ ਦਾ ਭਰੋਸਾ ਦਿਵਾਇਆ। ਕਾਮਰੇਡ ਸ਼ਿਵ ਕੁਮਾਰ ਅਤੇ ਮਨਹਰਨ ਨੇ ਲੇਬਰ ਵਿਭਾਗ ਦੇ ਅਧਿਕਾਰੀਆਂ ਦੀ ਕਾਰਗੁਜ਼ਾਰੀ ਤੇ ਸਵਾਲ ਉਠਾਉਂਦਿਆਂ ਸਾਂਝੇ ਤੌਰ 'ਤੇ ਕਿਹਾ ਕਿ ਲੇਬਰ ਇਨਫੋਰਸਮੈਂਟ ਅਫਸਰ ਪਠਾਨਕੋਟ ਵੀ ਮਜ਼ਦੂਰਾਂ ਦੀਆਂ ਮੁਸ਼ਕਲਾਂ ਨੂੰ ਕੋਈ ਖਾਸ ਤਵੱਜੋ ਨਹੀਂ ਦੇ ਰਿਹਾ।ਪਠਾਨਕੋਟ ਜ਼ਿਲੇ ਅੰਦਰ ਭੱਠਿਆਂ ਤੇ ਹੋਰ ਬਹੁਤ ਸਾਰੇ ਅਦਾਰਿਆਂ ਵਿੱਚ ਤਾਂ ਵਰਕਰਾਂ ਨੂੰ ਮਿਨੀਮਮ ਵੇਜ ਵੀ ਨਹੀਂ ਮਿਲਦੀ ਜਿਸ ਲਈ ਲੇਬਰ ਵਿਭਾਗ ਸਿੱਧੇ ਤੌਰ ਜ਼ਿੰਮੇਵਾਰ ਹੈ, ਕਿਸੇ ਨਿਰਪੱਖ ਇਮਾਨਦਾਰ ਅਧਿਕਾਰੀ ਤੋਂ ਜਾਂਚ ਪੜਤਾਲ ਕਰਾਉਣ ਦੀ ਜ਼ਰੂਰਤ ਹੈ।ਝੁੱਗੀਆਂ ਵਿਚ ਅੱਤ ਦੀ ਗਰਮੀ ਵਿਚ ਰਹਿ ਰਹੇ ਮਜ਼ਦੂਰਾਂ ਨੂੰ ਬਿਜਲੀ ਫ੍ਰੀ ਦੇਣ ਦੀ ਬਜਾਏ ਗਰੀਬ ਪਰਿਵਾਰਾਂ ਤੋਂ ਭੱਠਾ ਮਾਲਕ ਅੱਠ-ਦਸ ਵਾਟ ਦੇ ਸੀ ਐੱਫ ਐੱਲ ਬੱਲਬ ਬਦਲੇ ਤਿੰਨ ਹਜ਼ਾਰ ਰੁਪਏ ਜਬਰੀ ਬਿਜਲੀ ਬਿੱਲ ਵਸੂਲ ਰਹੇ ਹਨ ਜੋ ਕਿ ਸਰਾਸਰ ਗਲਤ ਹੈ।ਆਗੂਆਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਬਿਜਲੀ ਵਿਭਾਗ ਦੇ ਕਿਸੇ ਅਧਿਕਾਰੀ/ਕਰਮਚਾਰੀ ਤੋਂ ਜਾਂਚ ਵੀ ਕਰਾਈ ਜਾਵੇ।ਅਧਿਕਾਰੀਆਂ ਦੇ ਭਰੋਸੇ ਤੋਂ ਬਾਅਦ ਧਰਨੇ ਦੀ ਸਮਾਪਤੀ ਹੋਈ।



# ਅੰਮ੍ਰਿਤਸਰ ਫੇਰੀ ਦੌਰਾਨ ਕੇਵਲ ਢਿੱਲੋਂ ਦਾ ਨਿੱਘਾ ਸਵਾਗਤ

**ਛੇਹਰਟਾ/ਖਾਸਾ (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)** : ਭਾਰਤੀ ਜਨਤਾ ਪਾਰਟੀ ਦੇ ਨਵ-ਨਿਯੁਕਤ ਪੰਜਾਬ ਪ੍ਰਧਾਨ ਕੇਵਲ ਸਿੰਘ ਢਿੱਲੋਂ ਦੇ ਅੰਮ੍ਰਿਤਸਰ ਦੌਰੇ ਦੌਰਾਨ ਭਾਜਪਾ ਆਗੂਆਂ ਤੇ ਵਰਕਰਾਂ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਭਾਜਪਾ ਆਗੂ ਰਾਜਵਿੰਦਰ ਕੌਰ ਨੇ ਬਲਜਿੰਦਰ ਕੌਰ ਤੇ ਹੋਰਨਾਂ ਆਗੂਆਂ ਸਮੇਤ ਢਿੱਲੋਂ ਨੂੰ ਗੁਲਦਸਤੇ ਭੇਟ ਕਰ ਕੇ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਸੰਭਾਲਣ ਲਈ ਵਧਾਈ ਤੇ ਸ਼ੁੱਭ ਕਾਮਨਾਵਾਂ ਦਿੱਤੀਆਂ। ਇਸ ਮੌਕੇ ਰਾਜਵਿੰਦਰ ਕੌਰ ਨਾਲ ਭਾਜਪਾ ਦੀ ਸਰਗਰਮ ਕਾਰਕੁਨ ਬਲਜਿੰਦਰ ਕੌਰ ਤੇ ਭਾਜਪਾ ਸਮਰਥਕ ਦਾਰਾ ਸਿੰਘ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਕੇਵਲ ਸਿੰਘ ਢਿੱਲੋਂ ਨੇ ਆਪਣੇ ਦੌਰੇ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਇਤਿਹਾਸਕ ਸ਼੍ਰੀ ਰਾਮ ਤੀਰਥ ਮੰਦਰ, ਅੰਮ੍ਰਿਤਸਰ ਵਿਖੇ ਨਤਮਸਤਕ ਹੋ ਕੇ ਪੰਜਾਬ ਦੀ ਖੁਸ਼ਹਾਲੀ, ਅਮਨ ਤੇ ਤਰੱਕੀ ਲਈ ਅਰਦਾਸ ਕੀਤੀ। ਰਾਜਵਿੰਦਰ ਕੌਰ ਨੇ ਕਿਹਾ ਕਿ ਕੇਵਲ ਸਿੰਘ ਢਿੱਲੋਂ ਵਰਗੇ ਤਜਰਬੇਕਾਰ ਤੇ ਦੂਰਅੰਦੇਸ਼ੀ ਸੋਚ ਵਾਲੇ ਆਗੂ ਦੀ ਅਗਵਾਈ ਹੇਠ ਪੰਜਾਬ ਭਾਜਪਾ ਨੂੰ ਨਵੀਂ ਮਜ਼ਬੂਤੀ ਮਿਲੇਗੀ ਅਤੇ ਪਾਰਟੀ ਸੂਬੇ ਦੇ ਹਰ ਵਰਗ ਦੀਆਂ ਉਮੀਦਾਂ 'ਤੇ ਖਰਾ ਉਤਰੇਗੀ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਕੇਂਦਰ ਸਰਕਾਰ ਨੇ ਦੇਸ਼ ਦੇ ਵਿਕਾਸ, ਰਾਸ਼ਟਰੀ ਸੁਰੱਖਿਆ ਤੇ ਗਰੀਬਾਂ ਦੀ ਭਲਾਈ ਲਈ ਇਤਿਹਾਸਕ ਕੰਮ ਕੀਤੇ ਹਨ, ਜਿਨ੍ਹਾਂ ਦਾ ਲਾਭ ਪੰਜਾਬ ਦੇ ਲੋਕਾਂ ਨੂੰ ਵੀ ਮਿਲਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਭਾਜਪਾ ਪੰਜਾਬ ਨੂੰ ਨਸ਼ਾ-ਮੁਕਤ, ਭ੍ਰਿਸ਼ਟਾਚਾਰ-ਮੁਕਤ ਤੇ ਨਿਵੇਸ਼-ਪੱਖੀ ਸੂਬਾ ਬਣਾਉਣ ਲਈ ਵਚਨਬੱਧ ਹੈ। ਸਮਾਗਮ ਦੌਰਾਨ ਭਾਜਪਾ ਵਰਕਰਾਂ ਵਿਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।



# ਨੌਜਵਾਨ ਖੇਡਾਂ ਦੇ ਨਾਲ-ਨਾਲ ਉੱਚ ਸਿੱਖਿਆ ਵੱਲ ਵੀ ਖਾਸ ਧਿਆਨ ਦੇਣ : ਕਰਨੈਲ ਜੀਤ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਨਜ਼ਦੀਕੀ ਪਿੰਡ ਢੰਗਰਾਲੀ ਵਿਖੇ ਨੌਜਵਾਨ ਸਭਾ ਢੰਗਰਾਲੀ ਵੱਲੋਂ ਕ੍ਰਿਕਟ ਟੂਰਨਾਮੈਂਟ ਕਰਵਾਇਆ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਮੇਜ਼ਬਾਨ ਨੌਜਵਾਨ ਸਭਾ ਦੇ ਪ੍ਰਧਾਨ ਗੁਰਜੀਤ ਸਿੰਘ ਨੇ ਦੱਸਿਆ ਕਿ ਇਸ ਟੂਰਨਾਮੈਂਟ ਦਾ ਉਦਘਾਟਨ ਵਿਸ਼ੇਸ਼ ਤੌਰ 'ਤੇ ਪਹੁੰਚੇ ਪੀ ਏ ਡੀ ਬੈਂਕ ਦੇ ਵਾਇਸ ਚੇਅਰਮੈਨ ਕਰਨੈਲ ਸਿੰਘ ਜੀਤ ਨੇ ਕੀਤਾ ਜਦੋਂਕਿ ਮੁੱਖ ਮਹਿਮਾਨ ਵਜੋਂ ਹਰਮਿੰਦਰ ਸਿੰਘ ਲੱਕੀ ਮੀਤ ਪ੍ਰਧਾਨ ਜ਼ਿਲ੍ਹਾ ਕਾਂਗਰਸ ਕਮੇਟੀ ਰੂਪਨਗਰ ਅਤੇ ਕੌਂਸਲਰ ਹਰਜਿੰਦਰ ਸਿੰਘ ਛਿੱਬਰ ਅਤੇ ਡਾ. ਗੁਰਦਰਸ਼ਨ ਸਿੰਘ ਪਹੁੰਚੇ।ਇਸ ਮੌਕੇ ਨੌਜਵਾਨਾਂ ਦੇ ਇਕੱਠ ਨੂੰ ਸੰਬੋਧਨ ਕਰਦਿਆ ਕਰਨੈਲ ਸਿੰਘ ਜੀਤ ਨੇ ਆਖਿਆ ਕਿ ਨੌਜਵਾਨ ਖੇਡਾਂ ਦੇ ਨਾਲ ਨਾਲ ਉਚ ਸਿੱਖਿਆ ਹਾਸਲ ਕਰਨ ਵੱਲ ਵਿਸ਼ੇਸ਼ ਧਿਆਨ ਦੇਣ ਤਾਂ ਜੋ ਦੇਸ਼ ਦੇ ਵਿਕਾਸ ਵਿੱਚ ਵਡਮੁੱਲਾ ਯੋਗਦਾਨ ਪਾਇਆ ਜਾ ਸਕੇ।ਉਨ੍ਹਾਂ ਆਖਿਆ ਕਿ ਖੇਡਾਂ ਸਾਡੇ ਜੀਵਨ ਦਾ ਅਨਿੱਖੜਵਾਂ ਅੰਗ ਹਨ ਜੋ ਸਾਡੇ ਸਰੀਰ ਨੂੰ ਤੰਦਰੁਸਤ ਰੱਖਣ ਲਈ ਸਹਾਈ ਸਿੱਧ ਹੁੰਦੀਆਂ ਹਨ।ਇਸ ਮੌਕੇ ਮੁੱਖ ਮਹਿਮਾਨ ਵਜੋਂ ਪਹੁੰਚੇ ਹਰਮਿੰਦਰ ਸਿੰਘ ਲੱਕੀ ਨੇ ਟੂਰਨਾਮੈਂਟ ਦੇ ਪ੍ਰਬੰਧਕ ਨੌਜਵਾਨ ਸਭਾ ਢੰਗਰਾਲੀ ਦੇ ਪ੍ਰਧਾਨ ਗੁਰਜੀਤ ਸਿੰਘ ਅਤੇ ਯੂਵਕ ਸੇਵਾਵਾਂ ਕਲੱਬ ਖੈਰਪੁਰ ਦੇ ਪ੍ਰਧਾਨ ਬਿਕਰਮਜੀਤ ਸਿੰਘ ਵਿੱਕੀ ਦੇ ਇਸ ਉਦਮ ਦੀ ਜ਼ੋਰਦਾਰ ਸ਼ਲਾਘਾ ਕਰਦਿਆਂ ਆਖਿਆ ਕਿ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨਾ ਸਮੇਂ ਦੀ ਅਤਿਅੰਤ ਲੋੜ ਹੈ ।ਉਨ੍ਹਾਂ ਇਲਾਕਾ ਨਿਵਾਸੀਆਂ ਨੂੰ ਇਨਾਂ ਹੋਣਹਾਰ ਨੌਜਵਾਨਾ ਦੀ ਹੌਸਲਾ ਅਫਜ਼ਾਈ ਕਰਨ ਦੀ ਅਪੀਲ ਕੀਤੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕੌਂਸਲਰ ਹਰਜਿੰਦਰ ਸਿੰਘ ਛਿੱਬਰ, ਰਾਜ ਕੁਮਾਰ ਦਸੌੜ, ਬਿਕ੍ਰਮਜੀਤ ਸਿੰਘ ਬਿੱਕੀ, ਗੁਰਜੀਤ ਸਿੰਘ ਪ੍ਰਧਾਨ, ਸਤਨਾਮ ਸਿੰਘ, ਅਰਸ਼, ਅਮਰੀਕ ਸਿੰਘ ਰਿੰਕੂ, ਰਣਜੀਤ ਸਿੰਘ ਭੋਲੂ, ਹਰਿੰਦਰ ਸੋਨੂੰ, ਗੁਰਤੇਜ ਸਿੰਘ ਅਤੇ ਬਿੱਲਾਂ ਢੰਗਰਾਲੀ ਆਦਿ ਨੌਜਵਾਨ ਅਤੇ ਖਿਡਾਰੀ ਹਾਜ਼ਰ ਸਨ।



# ਗੁਰੂ ਅਰਜਨ ਦੇਵ ਜੀ ਦਾ ਸੰਦੇਸ਼ ਅੱਜ ਵੀ ਪ੍ਰਸੰਗਿਕ : ਰਾਧਿਕਾ ਚੁੱਘ

**ਛੇਹਰਟਾ, (ਮਨੋਜ ਕੁਮਾਰ)** : ਸ੍ਰੀ ਗੁਰੂ ਅਰਜਨ ਦੇਵ ਜੀ ਦੇ ਪਵਿੱਤਰ ਸ਼ਹੀਦੀ ਦਿਵਸ ਮੌਕੇ ਸ੍ਰੀ ਗੁਰੂ ਅਰਜਨ ਦੇਵ ਜੀ ਇੰਸਟੀਚਿਊਟ ਆਫ ਨਰਸਿੰਗ, ਝਬਾਲ ਰੋਡ, ਅੰਮ੍ਰਿਤਸਰ ਵਿਚ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ ਗਿਆ। ਇਸ ਮੌਕੇ ਛਬੀਲ ਵੀ ਲਗਾਈ ਗਈ। ਇਸ ਮੌਕੇ ਸੰਸਥਾ ਦੀ ਡਾਇਰੈਕਟਰ ਰਾਧਿਕਾ ਚੁੱਘ ਨੇ ਕਿਹਾ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਬਲੀਦਾਨ ਸਾਨੂੰ ਸੱਚ, ਮਨੁੱਖਤਾ ਦੀ ਸੇਵਾ, ਸਹਿਣਸ਼ੀਲਤਾ ਤੇ ਪਰਉਪਕਾਰ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕਰਦੀ ਹੈ। ਗੁਰੂ ਜੀ ਨੇ ਮਨੁੱਖਤਾ ਨੂੰ ਪਿਆਰ, ਭਾਈਚਾਰੇ ਤੇ ਨਿਰਸਵਾਰਥ ਸੇਵਾ ਦਾ ਜੋ ਸੰਦੇਸ਼ ਦਿੱਤਾ, ਉਹ ਅੱਜ ਵੀ ਓਨਾ ਹੀ ਪ੍ਰਸੰਗਿਕ ਹੈ। ਇਸ ਮੌਕੇ ਕਾਲਜ ਮੈਨੇਜਮੈਂਟ ਵੱਲੋਂ ਮੋਨਿਕਾ ਤਲਵਾੜ, ਹਰਸੁਮਿਤ ਕੌਰ, ਰਮਨਦੀਪ ਕੌਰ, ਸਨੇਹਾ, ਪਾਇਲ, ਜੈਸਮੀਨ, ਜਸ਼ਨਪ੍ਰੀਤ, ਅਰਸ਼ਪ੍ਰੀਤ ਕੌਰ, ਸਵਿਤਾ ਸ਼ਰਮਾ, ਆਂਚਲ, ਕਿਰਨ ਤੇ ਉਬੈਦ ਮੌਜੂਦ ਸਨ।



# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਹੋਰ ਤੇਜ਼

## ਰਮਨ ਬਹਿਲ ਨੇ ਨਸ਼ਾ ਮੁਕਤੀ ਤਹਿਤ ਈ-ਰਿਕਸ਼ਾ ਕੀਤੇ ਰਵਾਨਾ

**ਗੁਰਦਾਸਪੁਰ (ਦਿਨੇਸ਼ ਕੁਮਾਰ)**- ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਹੇਠ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਹੋਰ ਤੇਜ਼ ਕਰਨ ਦੇ ਮੰਤਵ ਨਾਲ ਰਮਨ ਬਹਿਲ ਹਲਕਾ ਇੰਚਾਰਜ ਗੁਰਦਾਸਪੁਰ ਦੀ ਪ੍ਰਧਾਨਗੀ ਹੇਠ ਮੀਟਿੰਗ ਕੀਤੀ ਗਈ।ਇਸ ਮੌਕੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਲਾਮਬੰਦ ਕਰਨ ਦੇ ਮੰਤਵ ਨਾਲ ਨਸ਼ਾ ਮੁਕਤੀ ਤਹਿਤ ਈ ਰਿਕਸ਼ਾ ਵੀ ਰਵਾਨਾ ਕੀਤੇ ਗਏ।ਇਸ ਮੌਕੇ ਰਮਨ ਬਹਿਲ ਨੇ ਗੱਲਬਾਤ ਕਰਦੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਅਤੇ ਦ੍ਰਿੜ ਸੰਕਲਪ ਨਾਲ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਗੁਰਦਾਸਪੁਰ ਵਿਧਾਨ ਸਭਾ ਹਲਕੇ ਦੀ ਇੱਕ ਇੱਕ ਵਿਸ਼ੇਸ਼ ਅਤੇ ਮਹੱਤਵਪੂਰਨ ਮੀਟਿੰਗ ਕੀਤੀ ਗਈ।ਮੀਟਿੰਗ ਵਿੱਚ ਐੱਸ. ਡੀ. ਐੱਮ. ਅਸ਼ੋਕ ਕੁਮਾਰ ਡੀ. ਐੱਸ. ਪੀ.(ਸਿਟੀ) ਸ਼ਹਿਬਾਜ਼ ਸਿੰਘ, ਹਲਕੇ ਦੇ ਮਿਹਨਤੀ ਕੋਆਰਡੀਨੇਟਰਜ਼ ਅਤੇ ਸਮਰਪਿਤ ਵਲੰਟੀਅਰ ਸਾਥੀ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ।ਉਨ੍ਹਾਂ ਕਿਹਾ ਕਿ ਸਾਡੇ ਵਲੰਟੀਅਰਜ਼ ਇਸ ਮੁਹਿੰਮ ਦੀ ਅਸਲ ਤਾਕਤ ਹਨ, ਜੋ ਦਿਨ-ਰਾਤ ਲੋਕਾਂ ਨੂੰ ਜਾਗਰੂਕ ਕਰਨ ਲਈ ਜ਼ਮੀਨੀ ਪੱਧਰ 'ਤੇ ਕੰਮ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕਰਨ ਤੋਂ ਇਲਾਵਾ ਨਸ਼ੇ ਦੇ ਜਾਲ ਵਿੱਚ ਫਸੇ ਵਿਅਕਤੀਆਂ ਦਾ ਨਸ਼ਾ ਛੱਡਣ ਲਈ ਇਲਾਜ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਇਸ ਮੁਹਿੰਮ ਤਹਿਤ ਪੰਜਾਬ ਦੇ ਵੱਖ-ਵੱਖ ਪੁਲਿਸ ਥਾਣਿਆਂ ਵਿੱਚ ਵੱਡੀ ਮਾਤਰਾ ਵਿੱਚ ਵੱਖ ਵੱਖ ਤਰ੍ਹਾਂ ਦੇ ਨਸ਼ੇ ਫੜੇ ਗਏ ਹਨ।ਇਹ ਸਾਰਾ ਕੁਝ ਲੋਕਾਂ ਦੇ ਸਹਿਯੋਗ ਨਾਲ ਕੀਤਾ ਜਾ ਰਿਹਾ ਹੈ ਕਿਉਂਕਿ ਪੰਜਾਬ ਦੀ ਨੌਜਵਾਨੀ ਨੂੰ ਬਚਾਉਣ ਲਈ ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਵੱਖ ਵੱਖ ਪਿੰਡਾਂ ਵਿੱਚ ਖੇਡ ਮੈਦਾਨ ਤਿਆਰ ਕਰਕੇ ਦਿੱਤੇ ਗਏ ਹਨ ਤਾਂ ਜੋ ਨੌਜਵਾਨ ਨਸ਼ਿਆਂ ਨੂੰ ਛੱਡ ਕੇ ਖੇਡਾਂ ਵੱਲ ਪ੍ਰੇਰਿਤ ਹੋਣ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਹੇਠ ਲੋਕਾਂ ਦੀਆਂ ਸ਼ਿਕਾਇਤਾਂ ਸੁਣਨ ਲਈ ਚਲਾਏ ਗਏ ਨਸ਼ਾ ਮੁਕਤੀ ਈ ਰਿਕਸ਼ਾ ਦਾ ਮੁੱਖ ਮੰਤਵ ਪਿੰਡਾਂ ਵਿੱਚ ਸ਼ਰਾਰਤੀ ਅਨਸਰਾਂ ਤੇ ਨਸ਼ਾ ਤਸਕਰਾਂ ਨੂੰ ਠੱਲ ਪਾਉਣਾ ਹੈ।ਪਿੰਡਾਂ ਦੇ ਲੋਕ ਬੇਫਿਕਰ ਹੋ ਕੇ ਇਹ ਰਿਕਸ਼ਾ ਵਿੱਚ ਲੱਗੇ ਸ਼ਿਕਾਇਤ ਬੋਕਸ ਵਿੱਚ ਆਪਣੀ ਸ਼ਿਕਾਇਤ ਪਾਉਣ ਤਾਂ ਜੋ ਸ਼ਰਾਰਤੀ ਅਨਸਰਾਂ ਵਿਰੁੱਧ ਕਾਰਵਾਈ ਹੋ ਸਕੇ। ਇਸ ਮੌਕੇ ਅਨਮੋਲ ਰੰਧਾਵਾ ਜ਼ਿਲ੍ਹਾ ਕੋਆਰਡੀਨੇਟਰ, ਰੋਹਿਤ ਸਿਆਲ ਮਾਝਾ ਜੋਨ ਦੇ ਵਾਇਸ ਕੋਆਰਡੀਨੇਟਰ, ਨੀਰਜ਼ ਸਲਹੋਤਰਾ ਜ਼ਿਲ੍ਹਾ ਵਾਈਸ ਕੋਆਰਡੀਨੇਟਰ, ਪਵਨ ਕੁਮਾਰ ਅਸੈਂਬਲੀ ਕੋਆਰਡੀਨੇਟਰ, ਰਜਨੀਸ਼ ਬੈਂਸ, ਰੋਬਿਨ ਸਿੰਘ, ਜਗਦੀਪ ਸਿੰਘ, ਬਲਵਿੰਦਰ ਕੁਮਾਰ, ਦਵਿੰਦਰ ਸਿੰਘ ਹੈਪੀ, ਰਾਕੇਸ਼ ਸ਼ਰਮਾ, ਰੁਪੇਸ਼ ਬਿੱਟੂ ਬਲਜੀਤ ਰੰਧਾਵਾ, ਮੋਹਨ ਲਾਲ ਬਲਾਕ ਕੋਆਰਡੀਨੇਟਰ ਵੀ ਮੌਜੂਦ ਸਨ।



# ਸ਼ੈਰੀ ਕਲਸੀ ਨੇ ਟਰੈਫਿਕ ਸਿਗਨਲ ਪਾਇਲਟ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਿਆ

**ਬਟਾਲਾ, (ਡਾ. ਮਲਵਿੰਦਰ ਸਿੰਘ)**- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਵੱਲੋਂ ਬਟਾਲਾ ਸ਼ਹਿਰ ਅੰਦਰ ਲੋਕਹਿਤ ਵਿੱਚ ਕੀਤੇ ਜਾ ਰਹੇ ਵਿਕਾਸ ਕਾਰਜਾਂ ਨੂੰ ਅੱਗੇ ਤੋਰਦਿਆਂ ਗਾਂਧੀ ਚੌਕ ਅਤੇ ਕਾਦੀਆਂ ਚੁੰਗੀ ਬਟਾਲਾ ਵਿਖੇ ਆਵਾਜਾਈ ਨੂੰ ਸੁਚਾਰੂ ਢੰਗ ਨਾਲ ਕਰਨ ਲਈ ਟਰੈਫਿਕ ਸਿੰਗਨਲ ਦੇ ਕੰਮ ਦੇ ਪਾਇਲਟ ਪ੍ਰੋਜੈਕਟ ਦਾ ਸ਼ਹਿਰ ਵਾਸੀਆਂ ਦੀ ਮੌਜੂਦਗੀ ਵਿੱਚ ਨੀਂਹ ਪੱਥਰ ਰੱਖਿਆ ।ਇਸ ਮੌਕੇ ਭੁਪਿੰਦਰ ਸਿੰਘ ਮੇਅਰ ਨਗਰ ਨਿਗਮ ਬਟਾਲਾ, ਚੇਅਰਮੈਨ ਯਸ਼ਪਾਲ ਚੌਹਾਨ, ਤੇਜਿੰਦਰਪਾਲ ਸਿੰਘ ਡੀ. ਐੱਸ. ਪੀ., ਮਨਬੀਰ ਸਿੰਘ ਰੰਧਾਵਾ, ਪ੍ਰਦੀਪ ਕੁਮਾਰ, ਪ੍ਰਧਾਨ ਵੀਨੂੰ ਕਾਹਲੋਂ, ਪਲਵਿੰਦਰ ਸਿੰਘ ਲੰਬੜਦਾਰ, ਵਿਜੈ ਸੋਨੀ, ਮਨਜੀਤ ਸਿੰਘ ਬੁਮਰਾਹ, ਅਮਰੀਕ ਸਿੰਘ ਲੰਬੜਦਾਰ, ਜਗਜੀਤ ਸਿੰਘ, ਸੂਬੇਦਾਰ ਬਲਜਿੰਦਰ ਸਿੰਘ ਸਮੇਤ ਦੁਕਾਨਦਾਰ ਵਾਸੀ ਮੌਜੂਦ ਸਨ।ਇਸ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਬਟਾਲਾ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਬਟਾਲਾ ਸ਼ਹਿਰ ਵਿੱਚ ਕਰਵਾਏ ਜਾ ਰਹੇ ਕੰਮਾਂ 'ਤੇ ਮੋਹਰ ਲਗਾਈ ਹੈ ਅਤੇ ਆਮ ਆਦਮੀ ਪਾਰਟੀ ਨੂੰ ਕਾਰਪੋਰੇਸ਼ਨ ਬਟਾਲਾ ਦੀ ਸੇਵਾ ਦਾ ਮੌਕਾ ਦਿੱਤਾ ਹੈ।ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਹਮੇਸ਼ਾ ਕੋਸ਼ਿਸ਼ ਹੁੰਦੀ ਹੈ ਕਿ ਬਟਾਲਾ ਵਾਸੀਆਂ ਦੇ ਲੋਕ ਹਿੱਤ ਵਿੱਚ ਵੱਧ ਤੋਂ ਵੱਧ ਕੰਮ ਕੀਤੇ ਜਾਣ ਜਿਸ ਦੇ ਚੱਲਦਿਆਂ ਬਟਾਲਾ ਸ਼ਹਿਰ ਖਾਸਕਰਕੇ ਗਾਂਧੀ ਚੌਕ ਅਤੇ ਕਾਦੀਆਂ ਚੁੰਗੀ 'ਤੇ ਆਵਾਜਾਈ ਨੂੰ ਸੁਖਾਲੀ ਕਰਨ ਲਈ ਟਰੈਫਿਕ ਲਾਈਟਾਂ ਲਗਾਉਣ ਦੇ ਪਾਇਲਟ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਗਈ ਹੈ ਤਾਂ ਜੋ ਲੋਕਾਂ ਨੂੰ ਆਵਾਜਾਈ ਦੌਰਾਨ ਕੋਈ ਦਿੱਕਤ ਪੇਸ਼ ਨਾ ਆਵੇ।ਉਨ੍ਹਾਂ ਕਿਹਾ ਟਰੈਫਿਕ ਲਾਈਟਾਂ ਦੇ ਨਾਲ ਇਨ੍ਹਾਂ ਚੌਕਾਂ ਵਿੱਚ ਆਵਾਜਾਈ ਨਿਯਮਾਂ ਦੀ ਪਾਲਣਾ ਕਰਵਾਉਣ ਲਈ ਸੀ. ਸੀ. ਟੀ. ਵੀ. ਕੈਮਰੇ ਵੀ ਲਗਾਏ ਗਏ ਹਨ।ਪੱਤਰਕਾਰਾਂ ਦੇ ਇੱਕ ਸਵਾਲ ਦੇ ਜਵਾਬ ਵਿੱਚ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਨਗਰ ਨਿਗਮ ਬਟਾਲਾ ਦੇ ਹਾਊਸ ਦੀ ਪਹਿਲੀ ਮੀਟਿੰਗ ਵਿੱਚ ਹੀ ਸ਼ਹਿਰ ਵਿੱਚੋਂ ਕੂੜੇ ਦੀ ਸਮੱਸਿਆ ਦੇ ਹੱਲ ਲਈ ਮਤਾ ਪਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਬਟਾਲਾ ਸ਼ਹਿਰ ਨੂੰ ਸਾਫ ਸੁਥਰਾ ਰੱਖਣ ਅਤੇ ਖੂਬਸੂਰਤ ਬਨਾਉਣ ਲਈ ਉਹ ਵਚਨਬੱਧ ਹਨ ਅਤੇ ਬਟਾਲਾ ਵਾਸੀਆਂ ਦੇ ਸਹਿਯੋਗ ਨਾਲ ਸ਼ਹਿਰ ਅੰਦਰ ਵਿਕਾਸ ਕਾਰਜਾਂ ਦੀ ਰਫਤਾਰ ਹੋਰ ਤੇਜ਼ਕੀਤੀ ਜਾਵੇਗੀ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਬਟਾਲਾ ਸ਼ਹਿਰ ਅੰਦਰ ਨਿਰੰਤਰ ਵਿਕਾਸ ਕੰਮ ਜਾਰੀ ਹਨ ਅਤੇ ਸ਼ਹਿਰ ਦੀ ਹਰ ਵਾਰਡ ਵਿੱਚ ਲੋਕਾਂ ਦੀ ਸਹੂਲਤ ਲਈ ਵਿਕਾਸ ਕੰਮ ਕਰਵਾਏ ਜਾਣਗੇ।ਉਨ੍ਹਾਂ ਕਿਹਾ ਕਿ ਨਵ-ਨਿਯੁਕਤ ਕੌਂਸਲਰਾਂ ਵੱਲੋਂ ਵਾਰਡਾਂ ਵਿੱਚ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਸੁਣ ਕੇ ਹੱਲ ਕੀਤੀਆਂ ਜਾਣਗੀਆਂ।



# 'ਨਾਗਰਿਕ ਸੁਰੱਖਿਆ 'ਚ ਔਰਤਾਂ ਦੀ ਹਿੱਸੇਦਾਰੀ ਅਤੇ ਅਗਵਾਈ' ਵਿਸ਼ੇ 'ਤੇ ਦਿੱਤੀ ਜਾਣਕਾਰੀ

**ਬਟਾਲਾ, (ਡਾ. ਮਲਵਿੰਦਰ ਸਿੰਘ)**- ਸਥਾਨਕ ਸਿਵਲ ਡਿਫੈਂਸ ਵਲੋਂ ਨਾਗਰਿਕ ਸੁਰੱਖਿਆ ਵਿਚ ਔਰਤਾਂ ਦੀ ਹਿੱਸੇਦਾਰੀ ਤੇ ਅਗਵਾਈ ਤੇ 471ਵਾਂ ਜਾਗਰੂਕਤਾ ਕੈਂਪ ਰਾਣੀ ਝਾਂਸੀ ਲੇਡੀਜ਼ ਵੈੱਲਫੇਅਰ ਸੁਸਾਇਟੀ ਵਲੋਂ ਲਗਾਇਆ ਗਿਆ।ਇਸ ਮੌਕੇ ਪੋਸਟ ਵਾਰਡਨ ਹਰਬਖਸ਼ ਸਿੰਘ, ਸੀਡੀ ਵਲੰਟੀਅਰ ਮਨਿੰਦਰ ਕੌਰ, ਡਿਸਟ੍ਰਿਕ ਪ੍ਰੋਜੈਕਟ ਇੰਚਾਰਜ ਸੰਤੋਸ਼ ਕੁਮਾਰੀ, ਵਕੇਸ਼ਨਲ ਟ੍ਰੇਨਰ ਪ੍ਰਮਪ੍ਰੀਤ ਕੌਰ ਤੇ ਸਰੋਜਬਾਲਾ ਦੇ ਨਾਲ ਸਿੱਖਿਆਰਥਣ ਹਾਜ਼ਰ ਸਨ।ਇਸ ਮੌਕੇ ਪੋਸਟ ਵਾਰਡਨ ਹਰਬਖਸ਼ ਸਿੰਘ ਨੇ ਦਸਿਆ ਕਿ ਆਫਤਾਂ ਨੂੰ ਨਜਿੱਠਣ ਲਈ ਔਰਤਾਂ ਦੀ ਹਿੱਸੇਦਾਰੀ ਤੇ ਅਗਵਾਈ ਕਰਨ ਲਈ ਯੋਗ ਹੋਣੀਆਂ ਚਾਹੀਦੀਆਂ ਹਨ ਕਿਉਕਿ ਕਿਸੇ ਵੀ ਆਫਤ ਜਾਂ ਹਾਦਸੇ ਦਾ ਅਸਰ ਸਭ ਤੋਂ ਵੱਧ ਬੱਚਿਆਂ ਤੇ ਔਰਤਾਂ 'ਤੇ ਪੈਂਦਾ ਹੈ।ਇਸ ਮੌਕੇ ਛੋਟੇ ਹਾਦਸਿਆਂ ਵਿੱਚ ਸਾਹ ਘੁੱਟਣ (ਚੌਕ) ਕਰਕੇ ਕਿਵੇਂ ਜਾਨ ਦਾ ਖ਼ਤਰਾ ਬਣ ਜਾਂਦਾ ਹੈ, ਇਸ ਮੌਕੇ ਕੀ ਕਰੀਏ-ਕੀ ਨਾ ਕਰੀਏ ਬਾਰੇ ਦੱਸਿਆ ਗਿਆ।ਹਾਜ਼ਰ ਲੋਕਾਂ ਕੋਲੋਂ ਰਿਕਵਰੀ ਪੁਜ਼ੀਸ਼ਨ ਤੇ ਹੀਟ ਵੇਵ ਸੁਰੱਖਿਆ ਦਾ ਅਭਿਆਸ ਵੀ ਕਰਵਾਇਆ। ਵਲੰਟੀਅਰ ਮਨਿੰਦਰ ਕੌਰ ਨੇ ਦੱਸਿਆ ਕਿ ਨਾਗਰਿਕ ਸੁਰੱਖਿਆ ਦੇ ਗੁਰ ਸਿੱਖ ਕੇ ਕਿਵੇਂ ਕਿਸੇ ਵੀ ਅਣਸੁਖਾਵੀਂ ਘਟਨਾ ਮੌਕੇ ਕੀਮਤੀ ਜਾਨ ਬਚਾਈ ਜਾ ਸਕਦੀ ਹੈ। ਇਸ ਬਾਰੇ ਸਾਂਝ ਪਾਉਂਦੇ ਹੋਏ ਰਾਸ਼ਟਰੀ ਸਹਾਇਤਾ ਨੰਬਰ 112-ਐਪ ਬਾਰੇ ਦੱਸਿਆ।ਇਸ ਐਪ ਨੂੰ ਆਪਣੇ ਮੋਬਾਇਲ ਵਿਚ ਵੀ ਸੇਫ ਕਰੋ।ਉਨ੍ਹਾਂ ਵੱਲੋਂ ਸਿਵਲ ਡਿਫੈਂਸ ਦੇ ਮੈਂਬਰ ਬਣਨ ਲਈ ਵੀ ਪ੍ਰੇਰਿਤ ਕੀਤਾ।




# ਕਟਾਰੂਚੱਕ ਵੱਲੋਂ ਪਿੰਡਾਂ 'ਚ ਕੀਤੀਆਂ ਲੋਕ ਮਿਲਣੀਆਂ ਦੌਰਾਨ ਲੋਕਾਂ ਨੇ ਕੀਤੀ ਭਰਵੀਂ ਸ਼ਿਰਕਤ

## ਰਾਸ਼ਨ ਕਾਰਡ ਯੋਜਨਾ ਅਧੀਨ 350 ਲਾਭਪਾਤਰੀਆਂ ਨੂੰ ਵੰਡੇ ਸਮਾਰਟ ਰਾਸ਼ਨ ਕਾਰਡ

**ਪਠਾਨਕੋਟ, (ਦਵਿੰਦਰ ਸਿੰਘ)**- ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਅਤੇ ਵਿਕਾਸ ਕਾਰਜਾਂ ਨੂੰ ਤਰਜੀਹ ਦੇਣ ਦੇ ਮੱਦੇਨਜ਼ਰ ਵਿਧਾਨ ਸਭਾ ਹਲਕਾ ਭੋਆ ਦੇ ਪਿੰਡ ਬਲਸੂਆ, ਚੱਕ ਧਾਰੀਵਾਲ, ਜਸਵਾਂ ਲਾਹੜੀ, ਫੰਗੜੀਆਂ ਅਤੇ ਨਵੀਂ ਜੱਸਵਾਲੀ ਵਿਖੇ ਲੋਕ ਮਿਲਣੀਆਂ ਕਰਵਾਈਆਂ ਗਈਆਂ।ਜ਼ਿਕਰਯੋਗ ਹੈ ਕਿ ਲੋਕ ਮਿਲਣੀ ਸਮਾਰੋਹ ਦੌਰਾਨ ਕੈਬਨਟ ਮੰਤਰੀ ਪੰਜਾਬ ਲਾਲ ਚੰਦ ਕਟਾਰੂ ਚੱਕ ਵੱਲੋਂ ਰਾਸ਼ਨ ਕਾਰਡ ਯੋਜਨਾ ਅਧੀਨ 350 ਲਾਭਪਾਤਰੀਆਂ ਨੂੰ ਸਮਾਰਟ ਰਾਸ਼ਨ ਕਾਰਡ ਵੀ ਵੰਡੇ ਗਏ। ਇਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂ ਚੱਕ ਨੇ ਵੱਡੇ ਜਨ ਸਮੂਹ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਜਨਤਾ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕੀਤਾ ਹੈ ਅਤੇ ਲੋਕ ਸਰਕਾਰ ਦੇ ਵਿਕਾਸ ਕਾਰਜਾਂ ਤੇ ਜਨ ਭਲਾਈ ਨੀਤੀਆਂ ਨਾਲ ਪੂਰੀ ਤਰ੍ਹਾਂ ਸੰਤੁਸ਼ਟ ਹਨ।ਕੈਬਨਿਟ ਮੰਤਰੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਜਨਤਾ ਨਾਲ ਕੀਤੇ ਸਾਰੇ ਵਾਅਦਿਆਂ ਨੂੰ ਪਹਿਲ ਦੇ ਅਧਾਰ 'ਤੇ ਪੂਰਾ ਕੀਤਾ, ਤਾਂ ਜੋ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਦਾ ਲਾਭ ਹਰ ਵਰਗ ਤੱਕ ਪਹੁੰਚ ਸਕੇ।ਉਨ੍ਹਾਂ ਕਿਹਾ ਕਿ ਮੁਫ਼ਤ ਬਿਜਲੀ, ਰਾਸ਼ਨ ਸਕੀਮ ਤਹਿਤ ਅਨਾਜ ਦੇ ਨਾਲ ਖੰਡ, ਤੇਲ, ਚਣੇ ਦੀ ਦਾਲ, ਨਮਕ ਸਮੇਤ ਹੋਰ ਜ਼ਰੂਰੀ ਵਸਤਾਂ ਦੀ ਸਪਲਾਈ ਲੋਕਾਂ ਲਈ ਵੱਡੀ ਰਾਹਤ ਸਾਬਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਸੜਕ ਸੁਰੱਖਿਆ ਅਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਸੜਕਾਂ ਦਾ ਜਾਲ ਵਿਛਾਇਆ ਗਿਆ ਹੈ।ਵਿਧਾਨ ਸਭਾ ਹਲਕਾ ਭੋਆ ਦੀਆਂ ਕਈ ਅਜਿਹੀਆਂ ਸੜਕਾਂ ਅਤੇ ਮੁੱਖ ਮਾਰਗ, ਜਿਨ੍ਹਾਂ ਵੱਲ ਪਿਛਲੀਆਂ ਸਰਕਾਰਾਂ ਨੇ ਕੋਈ ਧਿਆਨ ਨਹੀਂ ਦਿੱਤਾ, ਮੌਜੂਦਾ ਸਰਕਾਰ ਵੱਲੋਂ ਇਨ੍ਹਾਂ ਸੜਕਾਂ ਦਾ ਨਵ ਨਿਰਮਾਣ ਕਰਵਾਇਆ ਹੈ ਅਤੇ ਚੌੜਾਈ ਵਿੱਚ ਵੀ ਵਾਧਾ ਕੀਤਾ। ਮਾਵਾਂ-ਭੈਣਾਂ ਲਈ ਸਤਿਕਾਰ ਯੋਜਨਾ ਤਹਿਤ ਦਿੱਤੀ ਜਾਣ ਵਾਲੀ ਆਰਥਿਕ ਸਹਾਇਤਾ ਲਈ ਪੂਰੇ ਪੰਜਾਬ ਵਿੱਚ ਰਜਿਸਟ੍ਰੇਸ਼ਨ ਜਾਰੀ ਹੈ। ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਖੇਡਾਂ ਨਾਲ ਜੋੜਨ ਲਈ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਗਈ ਹੈ ਅਤੇ ਪਿੰਡ ਪੱਧਰ 'ਤੇ ਖੇਡ ਮੈਦਾਨ ਤਿਆਰ ਕਰਕੇ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕੀਤਾ ਜਾ ਰਿਹਾ ਹੈ। ਭੋਆ ਹਲਕੇ ਦੇ ਕਈ ਪਿੰਡਾਂ ਵਿੱਚ ਖੇਡ ਮੈਦਾਨਾਂ ਦੇ ਨਿਰਮਾਣ ਕਾਰਜ ਜਾਰੀ ਹਨ, ਜਿਨ੍ਹਾਂ ਨੂੰ ਜਲਦੀ ਪੂਰਾ ਕਰਕੇ ਲੋਕਾਂ ਨੂੰ ਸਮਰਪਿਤ ਕੀਤਾ ਜਾਵੇਗਾ।ਸਿੱਖਿਆ ਖੇਤਰ ਵਿੱਚ ਹੋਏ ਸੁਧਾਰਾਂ ਬਾਰੇ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਗਈ ਹੈ।ਅਰਵਿੰਦ ਕੇਜਰੀਵਾਲ ਦੀ ਅਗਵਾਈ ਹੇਠ ਪੰਜਾਬ ਨੂੰ ਨਸ਼ਾ ਮੁਕਤ ਅਤੇ ਰੰਗਲਾ ਪੰਜਾਬ ਬਣਾਉਣ ਲਈ ਕਈ ਵੱਡੇ ਪ੍ਰੋਜੈਕਟ ਸ਼ੁਰੂ ਕੀਤੇ ਗਏ ਹਨ, ਜਿਨ੍ਹਾਂ ਦੇ ਸਕਾਰਾਤਮਕ ਨਤੀਜੇ ਸਾਹਮਣੇ ਆ ਰਹੇ ਹਨ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਵ ਸ੍ਰੀ ਪਿੰਡ ਬਲਾਕ ਸੰਮਤੀ ਘਰੋਟਾ ਦੇ ਚੇਅਰਮੈਨ ਪਵਨ ਭਾਰਦਵਾਜ, ਮੈਂਬਰ ਜ਼ਿਲ੍ਹਾ ਪਰਿਸ਼ਦ ਭੁਪਿੰਦਰ ਸਿੰਘ ਮੁੰਨਾ, ਬਲਾਕ ਪ੍ਰਧਾਨ ਰਵੀ ਕੁਮਾਰ ਸਰਪੰਚ ਨਵੀਂ ਜਸਵਾਲੀ, ਬਲਾਕ ਪ੍ਰਧਾਨ ਸ਼ਸ਼ੀ ਪਾਲ ਸਰਪੰਚ ਲੱਧਪਾਲਮਾ, ਬਲਾਕ ਸੰਮਤੀ ਮੈਂਬਰ ਚੰਦਰ ਕਾਂਤਾ, ਸਰਪੰਚ ਪਿੰਡ ਬਲਸੂਆ ਪ੍ਰਿਤਪਾਲ, ਡਾਕਟਰ ਬਿੰਟਾ, ਨਿਤੀਸ਼ ਕੋਹਲੀ, ਸੁਖਦੀਪ ਸਿੰਘ, ਸਾਬਕਾ ਸਰਪੰਚ ਫੰਗੜੀਆਂ ਸੋਹਨ ਲਾਲ, ਮਿੱਠੂ ਫੰਗੜੀਆਂ, ਮੰਨਾ ਬਲਸੂਆ, ਯੋਗਰਾਜ ਬਲਸੂਆ, ਸਰਪੰਚ ਚੱਕ ਧਾਰੀਵਾਲ ਅਸ਼ੋਕ ਕੁਮਾਰ, ਨਵਤੇਜ ਚੱਕ ਧਾਰੀਵਾਲ, ਸਰਪੰਚ ਡੇਰਾ ਬਾਬਾ ਬਸੰਤਪੁਰੀ ਕਰਨਵੀਰ, ਸਰਪੰਚ ਜਸਵਾਂ ਲਾਹੜੀ ਮੁੰਨਾ, ਬੀਰੂ ਜਸਵਾ ਲਾਹੜੀ, ਬਲਾਕ ਪ੍ਰਧਾਨ ਮੰਗਲ ਸਰਪੰਚ ਗੁਲਪੁਰ ਅਤੇ ਪਾਰਟੀ ਦੇ ਅਹੁਦੇਦਾਰ, ਵਰਕਰ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਮੌਜੂਦ ਸਨ।



# ਬਜ਼ਾਰ 'ਚ ਦੁਕਾਨਾਂ ਤੋਂ ਬਾਹਰ ਕੀਤੇ ਨਜਾਇਜ਼ ਕਬਜ਼ੇ ਹਟਵਾਏ

**ਬਿਆਸ (ਪਰਮਜੀਤ ਸਿੰਘ ਰੱਖੜਾ)**- ਸਰਪੰਚ ਬਿਆਸ ਸੁਰਿੰਦਰਪਾਲ ਸਿੰਘ ਲੱਡੂ ਵੱਲੋਂ ਦੁਕਾਨਦਾਰਾਂ ਨਾਲ ਮੀਟਿੰਗ ਕੀਤੀ ਗਈ।ਦੁਕਾਨਦਾਰਾਂ ਨੂੰ ਨਜਾਇਜ਼ ਵਾਧੇ ਨੂੰ ਰੋਕਣ ਸਬੰਧੀ ਜਾਗਰੂਕ ਕੀਤਾ ਗਿਆ।ਦੁਕਾਨਦਾਰਾਂ ਨੂੰ ਹੁਕਮਾਂ ਦੀ ਪਾਲਣਾ ਕਰਨ ਲਈ ਕਿਹਾ ਗਿਆ ਅਤੇ ਦੁਕਾਨਾਂ ਦੇ ਬਾਹਰ ਜ਼ਿਆਦਾ ਵਾਧੇ ਨਾ ਕਰਕੇ ਰਸਤਿਆਂ ਨੂੰ ਖੁੱਲ੍ਹਾ ਕਰਨ ਦੇ ਨਿਰਦੇਸ਼ ਦਿੱਤੇ ਗਏ।ਪੁਲ ਦੇ ਹੇਠਾਂ ਬਣੇ ਅੰਡਰਪਾਸ ਤੋਂ ਵੀ ਨਜਾਇਜ਼ ਖੜ੍ਹੇ ਵਾਹਨਾਂ ਨੂੰ ਹਟਵਾਇਆ ਗਿਆ।ਰੇਹੜੀ, ਫੜ੍ਹੀ ਵਾਲਿਆਂ ਨੇ ਵੀ ਬਜ਼ਾਰ ਦੀ ਜਗ੍ਹਾ ਨੂੰ ਤੰਗ ਕੀਤਾ ਹੋਇਆ ਸੀ, ਇਨ੍ਹਾਂ ਨੂੰ ਵੀ ਬਜ਼ਾਰ 'ਚੋਂ ਹਟਵਾਇਆ ਗਿਆ।ਅਕਸਰ ਦੇਖਿਆ ਗਿਆ ਕਿ ਮੇਨ ਬਜ਼ਾਰ ਬਿਆਸ ਅਤੇ ਗਲੀਆਂ ਵਿੱਚੋਂ ਲੰਘਣਾ ਰਾਹਗੀਰਾਂ ਲਈ ਮੁਸ਼ਕਲ ਭਰਿਆ ਬਣਿਆ ਰਹਿੰਦਾ ਹੈ।ਮੀਟਿੰਗ 'ਚ ਨਸ਼ਾ ਵੇਚਣ ਵਾਲਿਆਂ ਨੂੰ ਸਖਤ ਚੇਤਾਵਨੀ ਜਾਰੀ ਕੀਤੀ ਗਈ।ਸਰਪੰਚ ਬਿਆਸ ਨੇ ਆਖਿਆ ਕਿ ਜੋ ਵੀ ਵਿਅਕਤੀ ਦੋਸ਼ੀ ਪਾਇਆ ਜਾਂਦਾ ਹੈ, ਉਸ ਵਿਰੁੱਧ ਉਹ ਖੁਦ ਥਾਣੇ ਜਾ ਕੇ ਕਾਰਵਾਈ ਕਰਾਉਣਗੇ।ਡੇਰਾ ਬਿਆਸ ਦੀ ਸੰਗਤ ਅਤੇ ਕਾਫੀ ਪਿੰਡਾਂ ਦੇ ਲੋਕਾਂ ਦਾ ਆਉਣਾ ਜਾਣਾ ਵੀ ਇਸ ਬਜ਼ਾਰ 'ਚੋਂ ਲੱਗਾ ਰਹਿੰਦਾ ਹੈ।

ਉਨ੍ਹਾਂ ਆਖਿਆ ਕਿ ਬਜ਼ਾਰ ਵਿੱਚ ਸਭ ਮਾਵਾਂ, ਧੀਆਂ ਅਤੇ ਭੈਣਾਂ ਦਾ ਸਤਿਕਾਰ ਕੀਤਾ ਜਾਵੇ।ਕਿਸੇ ਵੀ ਤਰ੍ਹਾਂ ਦੀ ਸ਼ਿਕਾਇਤ ਦਾ ਮੌਕਾ ਨਾ ਦਿੱਤਾ ਜਾਵੇ।ਬਜ਼ਾਰ ਵਾਸੀਆਂ ਨੇ ਵੀ ਸਰਪੰਚ ਬਿਆਸ ਨੂੰ ਪੂਰਾ ਸਹਿਯੋਗ ਕਰਨ ਦਾ ਪ੍ਰਣ ਕੀਤਾ।



# ਪਲਸ ਪੋਲੀਓ ਮੁਹਿੰਮ ਸਬੰਧੀ ਸੀ ਐੱਚ ਸੀ ਸਰਹਾਲੀ ਵਿਖੇ ਟੀਮਾਂ ਦਾ ਗਠਨ

**ਚੋਹਲਾ ਸਾਹਿਬ (ਰਮਨ ਚੱਢਾ)**- ਸਿਵਲ ਸਰਜਨ ਤਰਨ ਤਾਰਨ ਡਾਕਟਰ ਭਾਰਤੀ ਧਵਨ ਅਤੇ ਜ਼ਿਲ੍ਹਾ ਟੀਕਾਕਰਨ ਅਫਸਰ ਡਾਕਟਰ ਵਰਿੰਦਰਪਾਲ ਕੌਰ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਡਾਕਟਰ ਜਤਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਕਮਿਊਨਿਟੀ ਹੈਲਥ ਸੈਂਟਰ ਸਰਹਾਲੀ ਕਲਾਂ ਦੀ ਯੋਗ ਅਗਵਾਈ ਹੇਠ ਪਲਸ ਪੋਲੀਓ ਮੁਹਿੰਮ ਸਬੰਧੀ ਸਮੂਹ ਮੁਲਾਜ਼ਮਾਂ ਨਾਲ ਮੀਟਿੰਗ ਕੀਤੀ ਗਈ ਅਤੇ ਪਲਸ ਪੋਲੀਓ ਬੂੰਦਾਂ ਪਿਲਾਉਣ ਲਈ ਟੀਮਾਂ ਦਾ ਗਠਨ ਕੀਤਾ ਗਿਆ। ਇਸ ਸਬੰਧੀ ਹੋਰ ਜਾਣਕਾਰੀ ਦਿੰਦੇ ਹੋਏ ਡਾਕਟਰ ਜਤਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਬਲਾਕ ਸਰਹਾਲੀ ਅਧੀਨ ਆਉਂਦੇ 0 ਤੋਂ 5 ਸਾਲ ਤੱਕ ਦੇ 10482 ਨੰਨੇ ਮੁੰਨੇ ਬੱਚਿਆਂ ਨੂੰ ਪੋਲੀਓ ਵਰਗੀ ਭਿਆਨਕ ਬਿਮਾਰੀ ਤੋਂ ਬਚਾਉਣ ਲਈ ਪਲਸ ਪੋਲੀਓ ਬੂੰਦਾਂ ਪਿਲਾਈਆਂ ਜਾਣਗੀਆਂ ਜਿਸ ਸਬੰਧੀ 62 ਟੀਮਾਂ ਦਾ ਗਠਨ ਕੀਤਾ ਗਿਆ ਹੈ। ਇਨ੍ਹਾਂ ਟੀਮਾਂ ਵਿੱਚ 6 ਮੋਬਾਇਲ ਟੀਮਾਂ, 13 ਸੁਪਰਵਾਈਜ਼ਰ, ਟ੍ਰਾਂਜ਼ਿਟ ਕੈਂਪ ਲਈ 3 ਟੀਮਾਂ ਦਾ ਵੀ ਗਠਨ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਪਹਿਲੇ ਦਿਨ ਵੱਖ-ਵੱਖ ਬੂਥਾਂ ਤੇ 0 ਤੋਂ 5 ਸਾਲ ਤੱਕ ਦੇ ਬੱਚਿਆਂ ਨੂੰ ਪੋਲੀਓ ਬੂੰਦਾਂ ਪਿਲਾਈਆਂ ਜਾਣਗੀਆਂ ਅਤੇ ਫਿਰ ਬਾਕੀ ਦਿਨਾਂ ਵਿੱਚ ਬੂਥਾਂ ਦੇ ਨਾਲ-ਨਾਲ ਘਰ ਘਰ ਜਾ ਕੇ ਟੀਮਾਂ ਵੱਲੋਂ ਪੋਲੀਓ ਰੋਕੂ ਬੂੰਦਾਂ ਪਿਲਾਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਟੀਮਾਂ ਬੱਸ ਸਟੈਂਟ, ਭੱਠਿਆਂ, ਝੁੱਗੀਆਂ-ਝੌਂਪੜੀਆਂ, ਬਹਿਕਾਂ ਆਦਿ ਤੇ ਪਹੁੰਚ ਕੇ ਵੀ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਉਣਗੀਆਂ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜਿਨ੍ਹਾਂ ਦੇ ਬੱਚਿਆਂ ਦੀ ਉਮਰ 0 ਤੋਂ 5 ਸਾਲ ਤੱਕ ਹੈ ਉਹ ਆਪਣੀ ਜ਼ਿੰਮੇਵਾਰੀ ਸਮਝਦੇ ਹੋਏ ਆਪਣੇ ਬੱਚਿਆਂ ਨੂੰ ਪੋਲੀਓ ਵਰਗੀ ਭਿਆਨਕ ਬਿਮਾਰੀ ਤੋਂ ਬਚਾਉਣ ਖਾਤਰ ਪਲਸ ਪੋਲੀਓ ਬੂੰਦਾਂ ਜ਼ਰੂਰ ਪਿਲਾਉਣ। ਇਸ ਸਮੇਂ ਡਾਕਟਰ ਕਰਮਬੀਰ ਸਿੰਘ ਏਐੱਮਓ, ਬਲਰਾਜ ਸਿੰਘ ਗਿੱਲ ਬੀਈਈ, ਐੱਲਐੱਚਵੀ ਰਜਵੰਤ ਕੌਰ, ਜਸਪ੍ਰੀਤ ਕੌਰ ਏਐੱਨਐੱਮ, ਇੰਦਰਜੀਤ ਕੌਰ ਏਐੱਨਐੱਮ, ਸੀਐੱਚ ਨਵਨੀਤ ਕੌਰ ਅਤੇ ਹੋਰ ਹਾਜ਼ਰ ਸਨ।



# ਖੇਡ ਸਟੇਡੀਅਮ ਲਮੀਨੀ 'ਚ 12ਵਾਂ ਅੰਤਰਰਾਸ਼ਟਰੀ ਯੋਗ ਦਿਵਸ ਭਲਕੇ

**ਪਠਾਨਕੋਟ, (ਦਵਿੰਦਰ ਸਿੰਘ)**- ਜ਼ਿਲ੍ਹਾ ਪਠਾਨਕੋਟ ਵਿੱਚ 21 ਜੂਨ ਦਿਨ ਐਤਵਾਰ ਨੂੰ 12ਵਾਂ ਅੰਤਰਰਾਸ਼ਟਰੀ ਯੋਗ ਦਿਵਸ ਮਲਟੀਪਰਪਜ਼ ਸਪੋਰਟਸ ਸਟੇਡੀਅਮ ਲਮੀਨੀ ਵਿਖੇ ਉਤਸ਼ਾਹ ਨਾਲ ਮਨਾਇਆ ਜਾਵੇਗਾ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਪਠਾਨਕੋਟ ਡਾ. ਪੱਲਵੀ ਨੇ ਦਿੱਤੀ। ਡਾ. ਪੱਲਵੀ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਜ਼ਿਲ੍ਹਾ ਪੱਧਰੀ ਯੋਗ ਦਿਵਸ ਦਾ ਆਯੋਜਨ ਆਯੁਰਵੈਦਿਕ ਅਤੇ ਯੂਨਾਨੀ ਵਿਭਾਗ, ਪਠਾਨਕੋਟ ਦੇ ਸਹਿਯੋਗ ਨਾਲ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸਮਾਗਮ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਲੋੜੀਂਦੇ ਪ੍ਰਬੰਧਾਂ ਲਈ ਡਿਊਟੀਆਂ ਸੌਂਪੀਆਂ ਗਈਆਂ ਹਨ।ਉਨ੍ਹਾਂ ਦੱਸਿਆ ਕਿ ਸਾਰੇ ਵਿਭਾਗੀ ਅਧਿਕਾਰੀ ਅਤੇ ਕਰਮਚਾਰੀ ਸਵੇਰੇ 6 ਵਜੇ ਲਮੀਨੀ ਸਟੇਡੀਅਮ ਵਿਖੇ ਪਹੁੰਚਣਗੇ ਅਤੇ ਯੋਗ ਅਭਿਆਸ ਵਿੱਚ ਭਾਗ ਲੈਣਗੇ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਇਸ ਯੋਗ ਦਿਵਸ ਸਮਾਰੋਹ ਵਿੱਚ ਸ਼ਾਮਲ ਹੋਣ ਅਤੇ ਯੋਗ ਨੂੰ ਆਪਣੀ ਰੋਜ਼ਾਨਾ ਜ਼ਿੰਦਗੀ ਦਾ ਹਿੱਸਾ ਬਣਾਉਣ। ਇਸ ਸਬੰਧੀ ਐੱਸ. ਡੀ. ਐੱਮ. ਪਠਾਨਕੋਟ ਮਨਦੀਪ ਸਿੰਘ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਮਲਿਕਪੁਰ ਵਿਖੇ ਇੱਕ ਸਮੀਖਿਆ ਮੀਟਿੰਗ ਕੀਤੀ ਗਈ, ਜਿਸ ਦੌਰਾਨ ਅੰਤਰਰਾਸ਼ਟਰੀ ਯੋਗ ਦਿਵਸ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ ਗਿਆ ਅਤੇ ਸਬੰਧਿਤ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ ਗਏ।

ਮੀਟਿੰਗ ਵਿੱਚ ਡਾ. ਹਰਿੰਦਰ ਸਿੰਘ ਜ਼ਿਲ੍ਹਾ ਆਯੁਰਵੈਦਿਕ ਅਤੇ ਯੂਨਾਨੀ ਅਫਸਰ, ਲਵਜੀਤ ਸਿੰਘ ਜ਼ਿਲ੍ਹਾ ਖੇਡ ਅਫਸਰ, ਰਾਮ ਲੁਭਾਇਆ ਜ਼ਿਲ੍ਹਾ ਲੋਕ ਸੰਪਰਕ ਅਫਸਰ, ਸੁਰਕਸ਼ਾ ਸ਼ੁਕਲਾ ਇੰਚਾਰਜ ਸੀ. ਐੱਮ. ਦੀ ਯੋਗਸ਼ਾਲਾ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਨਜਾਇਜ਼ ਪਿਸਤੌਲ ਤੇ ਨਸ਼ੀਲੀਆਂ ਗੋਲੀਆਂ ਸਮੇਤ ਤਿੰਨ ਕਾਬੂ

**ਧਾਰੀਵਾਲ, (ਮਨਦੀਪ ਵਿੱਕੀ)**- ਥਾਣਾ ਧਾਰੀਵਾਲ ਦੀ ਪੁਲਸ ਨੇ ਦੋ ਨੌਜਵਾਨਾਂ ਨੂੰ ਨਜਾਇਜ਼ ਪਿਸਟਲ ਅਤੇ ਇਕ ਨੌਜਵਾਨ ਨੂੰ 100 ਨਸ਼ੀਲੀਆਂ ਗੋਲੀਆਂ ਸਮੇਤ ਕਾਬੂ ਕਰਕੇ ਉਨ੍ਹਾਂ ਵਿਰੁੱਧ ਅਸਲਾ ਐਕਟ ਅਤੇ ਐੱਨਡੀਪੀਐੱਸ ਤਹਿਤ ਮੁਕੱਦਮਾ ਦਰਜ ਕੀਤਾ ਹੈ। ਥਾਣਾ ਧਾਰੀਵਾਲ ਦੇ ਐੱਸ ਐੱਚ ਓ ਸਬ ਇੰਸਪੈਕਟਰ ਪਰਮਿੰਦਰ ਸਿੰਘ ਨੇ ਦੱਸਿਆ ਕਿ ਐੱਸ. ਐੱਸ. ਪੀ. ਗੁਰਦਾਸਪੁਰ ਅਦਿਤਿਆ ਦੇ ਆਦੇਸ਼ਾਂ ਤਹਿਤ ਡੀਐੱਸਪੀ ਕੁਲਵੰਤ ਸਿੰਘ ਮਾਨ ਦੀ ਅਗਵਾਈ ਹੇਠ ਥਾਣਾ ਧਾਰੀਵਾਲ ਦੀ ਪੁਲਸ ਵੱਲੋਂ ਨਸ਼ਾ ਤਸਕਰਾਂ ਅਤੇ ਸਮਾਜ ਵਿਰੋਧੀ ਅਨਸ਼ਰਾਂ ਵਿਰੁੱਧ ਮੁਹਿੰਮ ਲਗਾਤਾਰ ਜਾਰੀ ਹੈ। ਇਸ ਮੁਹਿੰਮ ਤਹਿਤ ਏ. ਐੱਸ. ਆਈ. ਸੁਖਦੇਵ ਸਿੰਘ ਨੇ ਸਮੇਤ ਪੁਲਸ ਪਾਰਟੀ ਭੈੜੇ ਪੁਰਸ਼ਾਂ ਦੀ ਤਲਾਸ਼ ਵਿੱਚ ਗਸਤ ਦੌਰਾਨ ਡਰੇਨ ਡੇਹਰੀਵਾਲ ਦਰੋਗਾ ਤੋਂ ਸ਼ੱਕ ਦੇ ਅਧਾਰ 'ਤੇ ਇਕ ਨੌਜਵਾਨ ਨੂੰ ਰੋਕ ਕੇ ਤਲਾਸ਼ੀ ਲਈ ਤਾਂ ਉਸ ਕੋਲੋਂ ਮਿਲੇ ਮੋਮੀ ਲਿਫ਼ਾਫ਼ੇ ਵਿੱਚੋਂ ਖੁੱਲ੍ਹੀਆਂ ਬਿਨਾਂ ਮਾਰਕਾ 100 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ। ਮੁਲਜ਼ਮ ਦੀ ਪਛਾਣ ਪ੍ਰਤਾਪ ਸਿੰਘ ਪੁੱਤਰ ਜਗਵੰਤ ਸਿੰਘ ਵਾਸੀ ਡੇਹਰੀਵਾਲ ਦਰੋਗਾ ਵਜੋਂ ਹੋਈ, ਜਿਸ ਵਿਰੁੱਧ ਐਡੀਪੀਐੱਸ ਐਕਟ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਇਸੇ ਤਰ੍ਹਾਂ ਏ. ਐੱਸ. ਆਈ. ਕੁਲਦੀਪ ਸਿੰਘ ਨੇ ਸਮੇਤ ਪੁਲਸ ਪਾਰਟੀ ਭੈੜੇ ਪੁਰਸ਼ਾਂ ਦੀ ਤਲਾਸ਼ ਵਿੱਚ ਗਸ਼ਤ ਦੌਰਾਨ ਸ਼ਹਿਰ ਦੇ ਬਾਹਰਵਾਰ ਨੈਸ਼ਨਲ ਹਾਈਵੇ ਖੂੰਡਾ ਪੁਲ ਸਲਿਪ ਰੋਡ ਧਾਰੀਵਾਲ ਵਿਖੇ ਮੌਜੂਦ ਸਨ। ਇਸ ਦੌਰਾਨ ਆ ਰਹੇ ਦੋ ਨੌਜਵਾਨ ਪੁਲਸ ਪਾਰਟੀ ਨੂੰ ਵੇਖ ਘਬਰਾ ਕੇ ਪਿੱਛੇ ਮੁੜਨ ਲੱਗੇ ਤਾਂ ਪੁਲਸ ਨੇ ਉਨ੍ਹਾਂ ਨੂੰ ਕਾਬੂ ਕਰਕੇ ਨਾਂ ਪਤਾ ਪੁੱਛਣ 'ਤੇ ਉਨ੍ਹਾਂ ਆਪਣੀ ਪਹਿਚਾਣ ਜਸਪਿੰਦਰ ਸਿੰਘ ਅਤੇ ਤਲਵਿੰਦਰ ਸਿੰਘ ਪੁੱਤਰਾਨ ਹਰਜਿੰਦਰ ਸਿੰਘ ਵਾਸੀਆਨ ਲਾਧੂ ਭਾਨਾ ਥਾਣਾ ਰੰਗੜ ਨੰਗਲ ਵੱਜੋਂ ਦੱਸੀ। ਇਨ੍ਹਾਂ ਦੀ ਤਲਾਸ਼ੀ ਲੈਣ 'ਤੇ ਜਸਪਿੰਦਰ ਸਿੰਘ ਦੀ ਪਹਿਨੀ ਕੈਪਰੀ ਦੀ ਡੱਬ ਵਿੱਚੋਂ ਇਕ ਨਜਾਇਜ਼ ਪਿਸਟਲ ਬਰਾਮਦ ਹੋਇਆ ਜਿਸ ਉਪਰ ਮੇਡ ਇਨ ਸਪੇਨ ਲਿਖਿਆ ਹੋਇਆ ਹੈ। ਪਿਸਟਲ ਸਮੇਤ ਜਸਪਿੰਦਰ ਸਿੰਘ ਅਤੇ ਤਲਵਿੰਦਰ ਸਿੰਘ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਵਿਰੁੱਧ ਕੇਸ ਦਰਜ ਕਰ ਲਿਆ ਹੈ। ਇਨ੍ਹਾਂ ਨੂੰ ਮੁਲਜ਼ਮਾਂ ਨੂੰ ਅਦਾਲਤ 'ਚ ਪੇਸ਼ ਕਰਕੇ ਰਿਮਾਂਡ ਲੈ ਕੇ ਹੋਰ ਪੁੱਛਗਿੱਛ ਕੀਤੀ ਜਾਵੇਗੀ।



# ਦੀਪ ਦੇਵਿੰਦਰ ਸਿੰਘ ਨੂੰ ਸਦਮਾ; ਵੱਡੇ ਭਰਾ ਦੀ ਮੌਤ

**ਧਾਰੀਵਾਲ, (ਮਨਦੀਪ ਵਿੱਕੀ)**- ਉੱਘੇ ਕਹਾਣੀਕਾਰ ਅਤੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਦਫਤਰ ਸਕੱਤਰ ਸਾਥੀ ਦੀਪ ਦੇਵਿੰਦਰ ਸਿੰਘ ਦੇ ਵੱਡੇ ਭਰਾ ਸ. ਦਲਬੀਰ ਸਿੰਘ ਵੱਲੋਂ ਸੰਖੇਪ ਬਿਮਾਰੀ ਕਾਰਨ ਸਦੀਵੀ ਵਿਛੋੜਾ ਦੇ ਜਾਣ ਕਾਰਨ ਉਨ੍ਹਾਂ ਦੇ ਸਮੁੱਚੇ ਪਰਿਵਾਰ ਨੂੰ ਗਹਿਰਾ ਸਦਮਾ ਪਹੁੰਚਿਆ ਹੈ।ਇਸ ਦੁੱਖ ਦੀ ਘੜੀ ਵਿੱਚ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਜ਼ਿਲ੍ਹਾ ਸਾਹਿਤ ਕੇਂਦਰ ਗੁਰਦਾਸਪੁਰ ਡਾ. ਲੇਖ ਰਾਜ ਪ੍ਰਧਾਨ, ਮੱਖਣ ਕੁਹਾੜ ਸੰਯੋਜਕ, ਮੰਗਤ ਚੰਚਲ ਜਨਰਲ ਸਕੱਤਰ, ਸੀਤਲ ਸਿੰਘ ਗੁੰਨੋਪੁਰੀ ਸੀ. ਮੀਤ ਪ੍ਰਧਾਨ, ਗੁਰਮੀਤ ਬਾਜਵਾ, ਗੁਰਪ੍ਰੀਤ ਰੰਗੀਲਪੁਰ, ਸੁਲੱਖਣ ਸਰਹੱਦੀ, ਡਾ. ਰਜਵਿੰਦਰ ਕੌਰ ਨਾਗਰਾ, ਬੂਟਾ ਰਾਮ ਆਜ਼ਾਦ, ਸੁੱਚਾ ਸਿੰਘ ਪਸਨਾਵਾਲ, ਸੁਖਵਿੰਦਰ ਰੰਧਾਵਾ, ਡਾ. ਸੁਰਿੰਦਰ ਸਾਂਤ, ਨਿਸ਼ਾਨ ਸਿੰਘ ਜੌੜਾਸੰਘਾ ਅਤੇ ਸੋਹਣ ਸਿੰਘ ਨੇ ਸਰਦਾਰ ਦਲਬੀਰ ਸਿੰਘ ਦੀ ਬੇਵਕਤੀ ਮੌਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਪੀੜਤ ਪਰਿਵਾਰ ਨਾਲ ਹਮਦਰਦੀ ਪ੍ਰਗਟ ਕੀਤੀ।ਉਨ੍ਹਾਂ ਕਿਹਾ ਕਿ ਦਲਬੀਰ ਸਿੰਘ ਦੇ ਸਦੀਵੀ ਵਿਛੋੜਾ ਦੇ ਜਾਣ ਨਾਲ ਜਿੱਥੇ ਸਮੁੱਚੇ ਪਰਿਵਾਰ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ, ਉਥੇ ਸਮਾਜ ਨੇ ਵੀ ਇੱਕ ਵਧੀਆ ਇਨਸਾਨ ਗੁਆਇਆ ਹੈ। ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਦਲਬੀਰ ਸਿੰਘ ਦੇ ਨਮਿੱਤ ਭੋਗ ਤੇ ਸ਼ਰਧਾਂਜਲੀ ਸਮਾਗਮ 26 ਜੂਨ ਨੂੰ ਉਨ੍ਹਾਂ ਦੇ ਜੱਦੀ ਪਿੰਡ ਕੋਟਲੀ ਢੋਲੇ ਸ਼ਾਹ ਨੇੜੇ ਜੈਂਤੀਪੁਰ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਹੋਵੇਗਾ।

# ਸਿਹਤ ਵਿਭਾਗ ਦੀਆਂ ਟੀਮਾਂ 3 ਜੁਲਾਈ ਤੱਕ ਘਰ-ਘਰ ਜਾ ਕੇ ਕਰਨਗੀਆਂ ਡੇਂਗੂ ਸੰਬੰਧੀ ਜਾਗਰੂਕ: ਡਾ. ਪ੍ਰੇਮ ਕੁਮਾਰ

**ਢਿੱਲਵਾਂ (ਪਲਵਿੰਦਰ ਸਿੰਘ ਜੈ ਰਾਮਪੁਰ)**- ਸਿਵਲ ਸਰਜਨ ਕਪੂਰਥਲਾ ਡਾ. ਸੰਜੀਵ ਭਗਤ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਮੁੱਢਲਾ ਸਿਹਤ ਕੇਂਦਰ ਢਿੱਲਵਾਂ ਦੇ ਸੀਨੀਅਰ ਮੈਡੀਕਲ ਅਫਸਰ ਡਾ. ਪ੍ਰੇਮ ਕੁਮਾਰ ਦੀ ਯੋਗ ਅਗਵਾਈ ਹੇਠ ਬਲਾਕ ਢਿੱਲਵਾਂ ਅਧੀਨ ਸਿਹਤ ਵਿਭਾਗ ਦੀ ਟੀਮ ਵੱਲੋਂ ਘਰ-ਘਰ ਜਾ ਕੇ ਲੋਕਾਂ ਨੂੰ ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ ਦੇ ਤਹਿਤ ਡੇਂਗੂ ਰੋਕਥਾਮ ਸਬੰਧੀ ਜਾਗਰੂਕ ਕੀਤਾ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਢਲਾ ਸਿਹਤ ਕੇਂਦਰ ਢਿੱਲਵਾਂ ਦੇ ਸੀਨੀਅਰ ਮੈਡੀਕਲ ਅਫਸਰ ਡਾ. ਪ੍ਰੇਮ ਕੁਮਾਰ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ 3 ਜੁਲਾਈ ਤੱਕ ਘਰ-ਘਰ ਜਾ ਕੇ ਆਮ ਲੋਕਾਂ ਨੂੰ ਡੇਂਗੂ ਲਾਰਵਾ ਨਸ਼ਟ ਅਤੇ ਡੇਂਗੂ ਰੋਕਥਾਮ ਸਬੰਧੀ ਜਾਗਰੂਕ ਕਰਨ ਦੇ ਮਕਸਦ ਨਾਲ ਮੁਹਿੰਮ ਚਲਾਈ ਗਈ ਹੈ।ਉਨ੍ਹਾਂ ਦੱਸਿਆ ਕਿ ਅੱਜ ਵੱਖ-ਵੱਖ ਪਿੰਡਾਂ ਵਿੱਚ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਘਰ-ਘਰ ਜਾ ਕੇ ਆਮ ਲੋਕਾਂ ਨੂੰ ਡੇਂਗੂ ਲਾਰਵਾ ਕੀ ਹੁੰਦਾ ਹੈ, ਉਸ ਨੂੰ ਕਿਵੇਂ ਨਸ਼ਟ ਕਰਨਾ ਹੈ, ਡੇਂਗੂ ਬੁਖ਼ਾਰ ਦੇ ਲੱਛਣਾਂ ਅਤੇ ਯੋਗ ਇਲਾਜ ਆਦਿ ਸਬੰਧੀ ਜਾਗਰੂਕ ਕੀਤਾ ਗਿਆ। ਟੀਮ ਵਿੱਚ ਸਿਹਤ ਸੁਪਰਵਾਈਜ਼ਰ ਮੇਲ-ਫੀਮੇਲ, ਸਮੂਹ ਐੱਮ. ਪੀ. ਐੱਚ. ਡਬਲਿਊ ਮੇਲ-ਫੀਮੇਲ ਅਤੇ ਆਸ਼ਾ ਵਰਕਰਾਂ ਸ਼ਾਮਲ ਸਨ ।ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਡੇਂਗੂ ਸੰਬੰਧੀ ਜਾਗਰੂਕਤਾ ਨੂੰ ਵਧਾਉਣ ਅਤੇ ਡੇਂਗੂ ਨੂੰ ਠੱਲ੍ਹ ਪਾਉਣ ਲਈ ਸਿਹਤ ਵਿਭਾਗ ਪੂਰੀ ਤਰ੍ਹਾਂ ਸਰਗਰਮ ਹੈ।ਉਨ੍ਹਾਂ ਜਾਣਕਾਰੀ ਦਿੰਦਿਆਂ ਕਿਹਾ ਕਿ ਡੇਂਗੂ ਰੋਕਥਾਮ 'ਚ ਸਵੱਛਤਾ ਭਾਵ ਘਰਾਂ ਦੇ ਅੰਦਰ ਅਤੇ ਆਲੇ-ਦੁਆਲੇ ਦੀ ਸਾਫ-ਸਫਾਈ ਦਾ ਵੀ ਅਹਿਮ ਰੋਲ ਹੈ, ਜਿਸ ਨਾਲ ਡੇਂਗੂ ਦੇ ਮੱਛਰ ਨੂੰ ਠੱਲ੍ਹ ਪਾਈ ਜਾ ਸਕਦੀ ਹੈ।ਉਨ੍ਹਾਂ ਲੋਕਾਂ ਨੂੰ ਆਪਣਾ ਆਲਾ-ਦੁਆਲਾ ਸਾਫ ਰੱਖਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਡੇਂਗੂ ਦੇ ਲੱਛਣ ਪਾਏ ਜਾਣ ਤੇ ਤੁਰੰਤ ਨਜ਼ਦੀਕੀ ਸਰਕਾਰੀ ਸਿਹਤ ਕੇਂਦਰ ਵਿੱਚ ਜਾ ਕਿ ਆਪਣੀ ਸਿਹਤ ਜਾਂਚ ਕਰਵਾਉਣ ਲਈ ਕਿਹਾ।ਇਸ ਮੌਕੇ ਬੀ. ਈ. ਈ. ਮੋਨਿਕਾ ਨੇ ਜਾਣਕਾਰੀ ਦਿੰਦਿਆਂ ਦੱਸਇਆ ਕਿ ਸਿਹਤ ਵਿਭਾਗ ਦੀ ਟੀਮਾਂ ਵੱਲੋਂ ਵੱਖ-ਵੱਖ ਥਾਵਾਂ ਤੇ ਜਾ ਕਿ ਘਰਾਂ 'ਚ ਗਮਲੇ, ਖੜੇ ਪਾਣੀ ਵਾਲੀਆਂ ਥਾਵਾਂ, ਬਾਹਰ ਪਏ ਡਸਟਬਿਨ, ਫ੍ਰਿਜਾਂ, ਛੱਤ 'ਤੇ ਵਾਧੂ ਪਿਆ ਸਾਮਾਨ ਜਿਸ ਵਿੱਚ ਪਾਣੀ ਖੜਾ ਹੋ ਸਕਦਾ ਹੈ, ਟੋਏ ਆਦਿ ਵਿੱਖੇ ਡੇਂਗੂ ਦੇ ਲਾਰਵੇ ਦੀ ਜਾਂਚ ਕੀਤੀ ਜਾ ਰਹੀ ਹੈ।ਇਸ ਦੇ ਨਾਲ ਹੀ ਆਮ ਲੋਕਾਂ ਨੂੰ ਡੇਂਗੂ ਦੇ ਲੱਛਣਾਂ, ਇਲਾਜ ਅਤੇ ਆਪਣਾ ਆਲਾ-ਦੁਆਲਾ ਸਾਫ ਸੁਥਰਾ ਰੱਖਣ ਸਬੰਧੀ ਵੀ ਜਾਗਰੂਕ ਕੀਤਾ ਜਾ ਰਿਹਾ ਹੈ।ਡੇਂਗੂ ਰੋਕਥਾਮ ਟੀਮ ਵਿੱਚ ਐੱਸ. ਆਈ. ਸਰਬਜੀਤ ਸਿੰਘ, ਪ੍ਰਗਟ ਸਿੰਘ, ਜਸਵਿੰਦਰ ਸਿੰਘ ਅਤੇ ਐੱਮ. ਪੀ. ਐੱਚ. ਡਬਲਿਓ. ਰੁਪਿੰਦਰਜੀਤ ਸਿੰਘ, ਸੁਖਦੇਵ ਸਿੰਘ, ਸਤਨਾਮ ਸਿੰਘ, ਯਾਦਵਿੰਦਰ ਸਿੰਘ, ਦਲਜੀਤ ਸਿੰਘ, ਪਰਮਜੀਤ ਸਿੰਘ, ਕੁਲਦੀਪ ਸਿੰਘ, ਬਲਜਿੰਦਰ ਸਿੰਘ, ਗੁਰਿੰਦਰਬੀਰ ਸਿੰਘ, ਪ੍ਰਭਜੋਤ ਸਿੰਘ, ਨਰਿੰਦਰ ਸਿੰਘ, ਯਾਦਵਿੰਦਰ ਸਿੰਘ, ਐੱਲ. ਐੱਚ. ਵੀ. ਗੁਰਸ਼ਰਨਜੀਤ ਕੌਰ, ਮੋਹਨਜੀਤ ਕੌਰ, ਏ. ਐੱਨ. ਐੱਮ., ਸੁਨੀਤਾ ਵਿਰਲੀ, ਲਖਵਿੰਦਰ ਕੌਰ ਅਤੇ ਆਸ਼ਾ ਵਰਕਰਾਂ ਆਦਿ ਹਾਜ਼ਰ ਸਨ।

# 8ਵੇਂ ਵਿਸ਼ਾਲ ਭੰਡਾਰੇ ਤੇ ਧਾਰਮਿਕ ਦੀਵਾਨ 'ਚ ਡਾ. ਮਿੰਕੂ ਜਵੰਧਾ ਨੇ ਕੀਤੀ ਸ਼ਿਰਕਤ

**ਭਵਾਨੀਗੜ੍ਹ (ਰਾਜ ਖੁਰਮੀ)**- ਸੰਗਰੂਰ ਦੀ ਰਾਮ ਨਗਰ ਬਸਤੀ ਵਿਖੇ ਮੁੱਖ ਸੇਵਾਦਾਰ ਬਾਬਾ ਬਲੂਆ ਦੀ ਅਗਵਾਈ ਹੇਠ 8ਵਾਂ ਵਿਸ਼ਾਲ ਭੰਡਾਰਾ ਅਤੇ ਸਤਿਸੰਗ ਦੀਵਾਨ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਗਿਆ।ਇਸ ਧਾਰਮਿਕ ਸਮਾਗਮ ਵਿੱਚ ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਸੰਗਤਾਂ ਨਾਲ ਗੁਰੂ ਮਹਿਮਾ ਦਾ ਆਨੰਦ ਮਾਣਿਆ।ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਡਾ. ਜਵੰਧਾ ਨੇ ਕਿਹਾ ਕਿ ਅਜਿਹੇ ਧਾਰਮਿਕ ਸਮਾਗਮ ਅਤੇ ਭੰਡਾਰੇ ਲੋਕਾਂ ਨੂੰ ਅਧਿਆਤਮਿਕ ਸ਼ਾਂਤੀ ਪ੍ਰਦਾਨ ਕਰਨ ਦੇ ਨਾਲ-ਨਾਲ ਸਮਾਜ ਵਿੱਚ ਆਪਸੀ ਪਿਆਰ, ਸਦਭਾਵਨਾ ਅਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਦੇ ਹਨ।ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਵੱਲੋਂ ਦਰਸਾਏ ਸੇਵਾ ਅਤੇ ਸਿਮਰਨ ਦੇ ਮਾਰਗ 'ਤੇ ਚੱਲ ਕੇ ਹੀ ਅਸੀਂ ਇੱਕ ਸੁਚੱਜੇ ਅਤੇ ਤਰੱਕੀਸ਼ੀਲ ਸਮਾਜ ਦੀ ਸਿਰਜਣਾ ਕਰ ਸਕਦੇ ਹਾਂ।ਉਨ੍ਹਾਂ ਨੌਜਵਾਨਾਂ ਨੂੰ ਆਪਣੀ ਧਾਰਮਿਕ ਅਤੇ ਸੱਭਿਆਚਾਰਕ ਵਿਰਾਸਤ ਨਾਲ ਜੁੜਨ ਦਾ ਸੱਦਾ ਦਿੰਦਿਆਂ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਦੀ ਅਪੀਲ ਕੀਤੀ।ਡਾ. ਜਵੰਧਾ ਨੇ ਬਾਬਾ ਬਲੂਆ ਜੀ ਅਤੇ ਸਮੂਹ ਪ੍ਰਬੰਧਕੀ ਕਮੇਟੀ ਵੱਲੋਂ ਨਿਰਸਵਾਰਥ ਭਾਵਨਾ ਨਾਲ ਕੀਤੀਆਂ ਜਾ ਰਹੀਆਂ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਸਫ਼ਲ ਸਮਾਗਮ ਲਈ ਵਧਾਈ ਦਿੱਤੀ।ਉਨ੍ਹਾਂ ਪੰਜਾਬ ਦੀ ਚੜ੍ਹਦੀ ਕਲਾ, ਅਮਨ-ਸ਼ਾਂਤੀ ਅਤੇ ਲੋਕਾਂ ਦੀ ਖੁਸ਼ਹਾਲੀ ਲਈ ਅਰਦਾਸ ਵੀ ਕੀਤੀ।ਸਮਾਗਮ ਦੌਰਾਨ ਮੁੱਖ ਸੇਵਾਦਾਰ ਬਾਬਾ ਬਲੂਆ, ਪ੍ਰਬੰਧਕੀ ਕਮੇਟੀ ਅਤੇ ਇਲਾਕਾ ਨਿਵਾਸੀਆਂ ਵੱਲੋਂ ਡਾ. ਮਿੰਕੂ ਜਵੰਧਾ ਦਾ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਉਨ੍ਹਾਂ ਨੂੰ ਸਿਰੋਪਾਓ ਅਤੇ ਸਨਮਾਨ ਚਿੰਨ੍ਹ ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਧਾਰਮਿਕ ਸਮਾਗਮ ਵਿੱਚ ਰਾਮ ਨਗਰ ਬਸਤੀ ਅਤੇ ਆਸ-ਪਾਸ ਦੇ ਇਲਾਕਿਆਂ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ ਅਤੇ ਗੁਰੂ ਕਾ ਅਟੁੱਟ ਲੰਗਰ ਛਕਿਆ।

ਇਸ ਮੌਕੇ ਸ਼ਹਿਰ ਦੇ ਪਤਵੰਤੇ ਸੱਜਣ, ਸਮਾਜ ਸੇਵੀ, ਸਥਾਨਕ ਆਗੂ ਅਤੇ ਮੁਹੱਲਾ ਨਿਵਾਸੀ ਵੀ ਵੱਡੀ ਗਿਣਤੀ ਵਿੱਚ ਮੌਜੂਦ ਸਨ।



# ਠਾਕੁਰ ਦੁਆਰਾ ਗੋਵਿੰਦਪੁਰਾ ਵਿਖੇ ਕਥਾ ਰਸ ਜਾਰੀ

**ਅੰਮ੍ਰਿਤਸਰ (ਅਰੋੜਾ)** ਠਾਕੁਰਦੁਆਰਾ ਗੋਵਿੰਦਪੁਰਾ ਸ਼ੇਰ ਸਾਹ ਸੂਰੀ ਰੋਡ ਵਿਖੇ ਚੱਲ ਰਹੀ ਸ਼੍ਰੀਮਦ ਭਾਗਵਤ ਪੁਰਾਣ ਕਥਾ ਦੇ ਛੇਵੇਂ ਦਿਨ ਵ੍ਰਿੰਦਾਵਨ ਤੋਂ ਕਥਾਵਾਚਕ ਮਾਧਵ ਕ੍ਰਿਸ਼ਨ ਭਾਰਦਵਾਜ ਨੇ ਗੋਪੀਆਂ ਅਤੇ ਊਧਵ ਵਿਚਕਾਰ ਸੰਵਾਦ, ਮਹਾਂਰਾਸ, ਕੰਸ ਦਾ ਵਧ ਅਤੇ ਸ਼੍ਰੀ ਕ੍ਰਿਸ਼ਨ ਅਤੇ ਰੁਕਮਣੀ ਦੇ ਵਿਆਹ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ।ਉਨ੍ਹਾਂ ਦੇ ਨਾਲ, ਭਜਨ ਗਾਇਕਾਂ ਨੇ ਸੁੰਦਰ ਭਗਤੀ ਗੀਤ ਪੇਸ਼ ਕਰਕੇ ਸ਼ਰਧਾਲੂਆਂ ਨੂੰ ਨਿਹਾਲ ਕਰ ਦਿੱਤਾ। ਇਹ ਧਾਰਮਿਕ ਪ੍ਰਵਚਨ 21 ਤਰੀਕ ਤੱਕ ਰੋਜ਼ਾਨਾ ਸ਼ਾਮ 3:00 ਵਜੇ ਤੋਂ ਸ਼ਾਮ 6:00 ਵਜੇ ਤੱਕ ਠਾਕੁਰ ਦੁਆਰਾ ਗੋਵਿੰਦਪੁਰਾ ਵਿਖੇ ਜਾਰੀ ਹਨ।ਅੱਜ ਦੇ ਇਕੱਠ ਵਿੱਚ ਪਰਮ ਸੰਤ ਮਾਤਾ ਆਰਤੀ ਦੇਵਾ ਮਹਾਰਾਜ ਅਤੇ ਸੁਮਿਤ ਸ਼ਾਸਤਰੀ ਨੇ ਉਚੇਚੇ ਤੌਰ ਤੇ ਸ਼ਿਰਕਤ ਕੀਤੀ।ਡਾ: ਰਾਕੇਸ਼ ਸ਼ਰਮਾ, ਡਾ: ਰਜਨੀਸ਼ ਸ਼ਰਮਾ, ਡਾ: ਅਸ਼ੀਸ਼ ਸ਼ਰਮਾ, ਡਾ: ਚੇਤਨਾ ਸ਼ਰਮਾ, ਡਾ: ਗੋਪਿੰਦਰ ਸ਼ਰਮਾ, ਡਾ: ਚੰਦਰ ਮੋਹਨ ਸ਼ਰਮਾ, ਪ੍ਰਿਆ ਸ਼ਰਮਾ, ਜਗਮੋਹਨ ਰਾਜਪੂਤ ਅਤੇ ਗੁਲਸ਼ਨ ਚਾਵਲਾ, ਬੰਟੀ ਸ਼ਰਮਾ ਸਾਬਕਾ ਤਹਿਸੀਲਦਾਰ ਜੇ. ਪੀ. ਸਲਵਾਨ, ਭਜਨ ਸਮਰਾਟ ਪ੍ਰਮੋਦ ਭੰਡਾਰੀ ਅਤੇ ਵੱਡੀ ਗਿਣਤੀ ਵਿੱਚ ਸੰਗਤਾ ਹਾਜ਼ਰ ਸਨ।ਸਮਾਗਮ ਦੀ ਸਮਾਪਤੀ ਤੇ ਪੰਡਿਤ ਮੁਰਾਰੀ ਲਾਲ ਅਤੇ ਦਿਨੇਸ਼ ਸ਼ਰਮਾ ਨੇ ਆਈਆਂ ਸੰਗਤਾਦਾ ਧੰਨਵਾਦ ਕੀਤਾ।



## ਪੰਜਾਬ ਸਰਕਾਰ ਵੱਲੋਂ ਅਨੁਸੂਚਿਤ ਜਾਤੀ ਦੇ ਨੌਜਵਾਨਾਂ ਲਈ ਮੁ.ਫ਼ਤ ਰਿਹਾਇਸ਼ੀ ਹੁਨਰ ਵਿਕਾਸ ਸਿਖਲਾਈ ਪ੍ਰੋਗਰਾਮਾਂ ਦਾ ਐਲਾਨ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਅਨੁਸੂਚਿਤ ਜਾਤੀ (ਐੱਸ ਸੀ) ਦੇ ਨੌਜਵਾਨਾਂ ਲਈ ਰੋਜ਼ਗਾਰ ਅਤੇ ਰੋਜ਼ੀ-ਰੋਟੀ ਦੇ ਮੌਕਿਆਂ ਨੂੰ ਵਧਾਉਣ ਦੇ ਉਦੇਸ਼ ਨਾਲ ਨੈਸ਼ਨਲ ਸਕਿੱਲ ਕੁਆਲੀਫਿਕੇਸ਼ਨ ਫਰੇਮਵਰਕ (ਐਨ.ਐਸ.ਕਿਊ.ਐਫ.) ਨਾਲ ਜੁੜੇ ਮੁ.ਫ਼ਤ ਰਿਹਾਇਸ਼ੀ ਹੁਨਰ ਵਿਕਾਸ ਸਿਖਲਾਈ ਪ੍ਰੋਗਰਾਮ ਕੌਮੀ ਪੱਧਰ ਦੀ ਏਜੰਸੀ ਅਪੋਲੋ ਮੇਡ ਸਕਿੱਲਜ਼ ਰਾਹੀਂ ਕਰਵਾਉਣ ਦਾ ਐਲਾਨ ਕੀਤਾ ਗਿਆ ਹੈ। ਸਮਾਜਿਕ ਨਿਆਂ ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਇਹ ਪਹਿਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਅਨੁਸੂਚਿਤ ਜਾਤੀ ਦੇ ਨੌਜਵਾਨਾਂ ਨੂੰ ਹੁਨਰ ਵਿਕਾਸ, ਰੁਜ਼ਗਾਰ ਸਿਰਜਣ ਅਤੇ ਸਮਾਵੇਸ਼ੀ ਵਿਕਾਸ ਰਾਹੀਂ ਸਸ਼ਕਤ ਬਣਾਉਣ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ।ਉਨ੍ਹਾਂ ਦੱਸਿਆ ਕਿ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ, ਪੰਜਾਬ ਵੱਲੋਂ ਦੋ ਉਦਯੋਗ-ਸੰਬੰਧਿਤ ਕੋਰਸਾਂ— ਕੇਅਰ-ਗਿਵਰ-ਮਦਰ ਐਂਡ ਨਿਊ ਬੌਰਨ (ਮਾਂ ਅਤੇ ਨਵਜੰਮੇ ਬੱਚੇ ਦੀ ਦੇਖਭਾਲ) ਅਤੇ ਐਲਡਰਲੀ ਕੇਅਰ ਟੇਕਰ (ਬਜ਼ੁਰਗਾਂ ਦੀ ਦੇਖਭਾਲ)— ਲਈ ਸਿਖਲਾਈ ਦਿੱਤੀ ਜਾਵੇਗੀ। ਇਹ ਸਿਖਲਾਈ ਪ੍ਰੋਗਰਾਮ ਪੰਜਾਬ ਸਕਿੱਲ ਡਿਵੈਲਪਮੈਂਟ ਮਿਸ਼ਨ ਰਾਹੀਂ ਚੁਣੇ ਗਏ ਲੁਧਿਆਣਾ ਅਤੇ ਜਲੰਧਰ ਦੇ ਕੇਂਦਰਾਂ ਵਿੱਚ 1 ਜੁਲਾਈ ਤੋਂ ਸ਼ੁਰੂ ਹੋਣਗੇ।ਡਾ. ਬਲਜੀਤ ਕੌਰ ਨੇ ਕਿਹਾ ਕਿ ਯੋਗ ਉਮੀਦਵਾਰਾਂ ਨੂੰ ਮੁ.ਫ਼ਤ ਰਿਹਾਇਸ਼, ਭੋਜਨ, ਟ੍ਰੇਨਿੰਗ ਕਿੱਟਾਂ ਅਤੇ ਇੱਕ ਰਾਸ਼ਟਰੀ ਸੰਸਥਾ ਵੱਲੋਂ ਪ੍ਰਮਾਣੀਕਰਨ (ਸਰਟੀਫਿਕੇਸ਼ਨ) ਦੀ ਸਹੂਲਤ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਯੋਗ ਉਮੀਦਵਾਰਾਂ ਤੋਂ ਕਿਸੇ ਵੀ ਤਰ੍ਹਾਂ ਦੀ ਫੀਸ ਨਹੀਂ ਲਈ ਜਾਵੇਗੀ ਅਤੇ ਸਿਖਲਾਈ ਪ੍ਰੋਗਰਾਮਾਂ ਦਾ ਸਾਰਾ ਖਰਚਾ ਸਰਕਾਰ ਵੱਲੋਂ ਕੀਤਾ ਜਾਵੇਗਾ।ਮੰਤਰੀ ਨੇ ਦੱਸਿਆ ਕਿ ਘੱਟੋ-ਘੱਟ ਮੈਟ੍ਰਿਕ (10ਵੀਂ) ਪਾਸ, ਅਨੁਸੂਚਿਤ ਜਾਤੀ ਨਾਲ ਸਬੰਧਤ ਅਤੇ ਪੰਜਾਬ ਦੇ ਸਥਾਈ ਵਸਨੀਕ ਉਮੀਦਵਾਰ ਇਨ੍ਹਾਂ ਪ੍ਰੋਗਰਾਮਾਂ ਲਈ ਅਰਜ਼ੀ ਦੇਣ ਦੇ ਯੋਗ ਹਨ।



## ਦ.ਫ਼ਤਰੀ ਸਹੂਲਤਾਂ ਤੇ ਸ.ਫ਼ਾਈ ਪ੍ਰਬੰਧਾਂ ਨੂੰ ਲੈ ਕੇ ਬਿਜਲੀ ਕਾਮਿਆਂ ਵੱਲੋਂ ਰੋਸ ਮੁਜਾਹਰਾ

**ਖਰੜ (ਹਰਨਾਮ ਸਿੰਘ ਡੱਲਾ)**- ਟੈਕਨੀਕਲ ਸਰਵਿਸਿਜ਼ ਯੂਨੀਅਨ ਤੇ ਮਿਨੀਸਿਟ੍ਰੀਅਲ ਸਰਵਿਸਿਜ਼ ਯੂਨੀਅਨ ਖਰੜ ਵੱਲੋਂ ਸਥਨਕ ਐਸ ਡੀ ਓ ਸਿਟੀ-1 ਖਰੜ ਵੱਲੋਂ ਬਿਜਲੀ ਕਾਮਿਆਂ ਦੀਆਂ ਮੰਗਾਂ ਦਾ ਹੱਲ ਕਰਨ ਦੀ ਥਾਂ ਬਿਜਲੀ ਕਾਮਿਆਂ ਨੂੰ ਨਾਜਾਇਜ਼ ਤੰਗ ਪ੍ਰੇਸ਼ਾਨ ਕਰਨ ਦੇ ਵਿਰੋਧ ਵਿੱਚ ਰੋਸ ਰੈਲੀ ਕੀਤੀ ਗਈ । ਇਸ ਰੋਸ ਰੈਲੀ ਨੂੰ ਸੰਬੋਧਨ ਕਰਦਿਆਂ ਬਲਵਿੰਦਰ ਰਡਿਆਲਾ ਸਰਕਲ ਪ੍ਰਧਾਨ ਮੋਹਾਲੀ, ਸੁਖਜਿੰਦਰ ਸਿੰਘ ਸਰਕਲ ਪ੍ਰਧਾਨ ਰੋਪੜ, ਜੋਗਰਾਜ ਸਿੰਘ ਜੋਨ ਆਗੂ, ਭੁਪਿੰਦਰ ਮਦਨਹੇੜੀ ਪੈਨਸ਼ਨਰ ਯੂਨੀਅਨ ਦੇ ਆਗੂ ਖਰੜ, ਬਲਜਿੰਦਰ ਸਿੰਘ ਡਿਵੀਜਨ ਸੱਕਤਰ ਖਰੜ, ਸਿਮਰਪ੍ਰੀਤ ਸਿੰਘ ਡਿਵੀਜ਼ਨ ਪ੍ਰਧਾਨ ਐੱਮ ਐੱਸ ਯੂ, ਸ਼ੇਰ ਸਿੰਘ ਪ੍ਰਧਾਨ ਸਬ ਅਰਬਨ ਖਰੜ, ਸੁਖਵੀਰ ਸਿੰਘ ਪ੍ਰਧਾਨ ਕੁਰਾਲੀ, ਗੁਲਜ਼ਾਰ ਸਿੰਘ ਪ੍ਰਧਾਨ, ਸੁਰਿੰਦਰ ਸਿੰਘ ਪੈਨਸ਼ਨਰ ਆਗੂ ਨੇ ਸੰਬੋਧਨ ਕੀਤਾ। ਉਨ੍ਹਾਂ ਦੱਸਿਆ ਕਿ ਸਿਟੀ-1 ਖਰੜ ਦੇ ਐੱਸ ਡੀ ਓ ਨਾਲ ਬਿਜਲੀ ਕਾਮਿਆ ਦੀਆਂ ਬੁਨਿਆਦੀ ਸਹੂਲਤਾਂ ਦੀਆਂ ਮੰਗਾਂ ਜਿਹਨਾਂ ਵਿੱਚ ਮਹਿਲਾ ਕਰਮਾਚਾਰੀਆਂ ਲਈ ਬਾਥਰੂਮ ਦਾ ਪ੍ਰਬੰਧ ਕਰਨ, ਬਿਲਡਿੰਗਾਂ ਦੀ ਖਸਤਾ ਹਾਲਤ ਠੀਕ ਕਰਵਾਉਣ, ਪੀਣ ਵਾਲੇ ਪਾਣੀ ਦਾ ਪ੍ਰਬੰਧ ਕਰਨ ,ਦ.ਫ਼ਤਰ ਵਿਖੇ ਸਫ਼ਾਈ ਕਰਵਾਉਣ ਆਦਿ ਮੰਗਾਂ ਸਬੰਧੀ ਮੀਟਿੰਗ ਕੀਤੀ ਗਈ ਸੀ। ਇਹ ਸਹੂਲਤਾਂ ਮੁਹੱਈਆ ਕਰਵਾਉਣ ਲਈ ਐੱਸ.ਡੀ.ਓ.ਸਿਟੀ-1 ਵੱਲੋਂ ਹੱਲ ਕਰਵਾਉਣ ਦਾ ਭਰੋਸਾ ਦਿੱਤਾ ਗਿਆ ਸੀ। ਪ੍ਰੰਤੂ ਲੰਬਾ ਸਮਾਂ ਬੀਤਣ ਦੇ ਬਾਵਜੂਦ ਵੀ, ਨਾ ਤਾਂ ਮੀਟਿੰਗ ਦੇ ਮਿੰਟਸ ਜਾਰੀ ਕੀਤੇ ਗਏ ਅਤੇ ਨਾ ਹੀ ਮੁਲਾਜ਼ਮਾਂ ਨੂੰ ਦਰਪੇਸ਼ ਸਮੱਸਿਆਵਾਂ ਦਾ ਕੋਈ ਹੱਲ ਕੀਤਾ ਗਿਆ। ਵੱਖ ਵੱਖ ਬੁਲਾਰਿਆ ਨੇ ਜ਼ੋਰ ਦੇ ਕੇ ਕਿਹਾ ਕਿ ਜਦੋਂ ਤੱਕ ਮੁਲਾਜਮਾਂ ਦੀਆਂ ਇਹਨਾਂ ਮੰਗਾਂ ਦਾ ਹੱਲ ਨਹੀਂ ਕੀਤਾ ਜਾਂਦਾ ਓਦੋਂ ਤੱਕ ਸੰਘਰਸ਼ ਜਾਰੀ ਰਹੇਗਾ ਅਤੇ ਸਮੱਸਿਆਵਾਂ ਹੱਲ ਨਾ ਕਰਵਾਉਣ ਦੀ ਸੂਰਤ ਵਿੱਚ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਹੋਰ ਵੀ ਤਿੱਖਾ ਕੀਤਾ ਜਾਵੇਗਾ। । ਇਸ ਰੋਸ ਰੈਲੀ ਵਿੱਚ ਗੁਰਬਚਨ ਸਿੰਘ, ਕਾਕਾ ਸਿੰਘ, ਜਰਨੈਲ ਸਿੰਘ, ਵਰਿੰਦਰ ਸਿੰਘ, ਓਕਾਰ ਸਿੰਘ, ਮਨਦੀਪ ਸਿੰਘ, ਸੁਖਵਿੰਦਰ ਸਿੰਘ, ਗੁਰਦਿਆਲ ਸਿੰਘ, ਭੁਪਿੰਦਰ ਸਿੰਘ, ਬਲਜਿੰਦਰ ਢੇਰ, ਜਗਦੀਪ ਸਿੰਘ, ਰਸ਼ਪਾਲ ਸਿੰਘ, ਸ਼ੁਭਮ, ਮਲਕੀਤ ਸਿੰਘ, ਜਸਵੀਰ ਸਿੰਘ, ਹਰਭਜਨ ਸਿੰਘ ਜਤਿੰਦਰ ਸਿੰਘ ਅਤੇ ਸਿਮਰਨਜੀਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਬਿਜਲੀ ਕਾਮੇ ਸ਼ਾਮਲ ਹੋਏ।



## ਐਚ ਐਮ ਵੀ ਦੀਆਂ ਵਿਦਿਆਰਥਣਾਂ ਨੇ ਕਾਲਜ ਦਾ ਨਾਂਅ ਕੀਤਾ ਰੌਸ਼ਨ

**ਜਲੰਧਰ (ਸ਼ੈਲੀ ਐਲਬਰਟ)** ਹੰਸ ਰਾਜ ਮਹਿਲਾ ਮਹਾਵਿਦਿਆਲਿਆ ਜਲੰਧਰ ਦੀਆਂ ਬੀ ਐੱਸ ਸੀ ਮੈਡੀਕਲ ਅਤੇ ਨਾਨ-ਮੈਡੀਕਲ ਸਮੈਸਟਰ-5 ਦੀਆਂ ਵਿਦਿਆਰਥਣਾਂ ਨੇ ਯੂਨੀਵਰਸਿਟੀ ਪ੍ਰੀਖਿਆ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸੰਸਥਾ ਦੀ ਗੌਰਵਮਈ ਅਕਾਦਿਮਕ ਪਰੰਪਰਾ ਨੂੰ ਇੱਕ ਵਾਰ ਫਿਰ ਨਵੀਆਂ ਉੱਚਾਈਆਂ ਤੱਕ ਪਹੁੰਚਾਇਆ ਹੈ। ਵਿਦਿਆਰਥਣਾਂ ਦੀ ਇਸ ਵਿਸ਼ੇਸ਼ ਸਫਲਤਾ ਨਾਲ ਮਹਾਵਿਦਿਆਲਿਆ ਵਿੱਚ ਖੁਸ਼ੀ ਅਤੇ ਉਤਸ਼ਾਹ ਦਾ ਮਾਹੌਲ ਹੈ। ਨਤੀਜਿਆਂ ਵਿੱਚ ਤਾਨਿਆ ਨੇ 8.69 ਐਸ.ਜੀ.ਪੀ.ਏ. ਹਾਸਲ ਕੀਤਾ। ਗੁਰਲੀਨ ਨੇ 8.52 ਐਸ.ਜੀ.ਪੀ.ਏ. ਪ੍ਰਾਪਤ ਕੀਤਾ, ਜਦਕ ਹਿਮਾਂਸ਼ੀ ਨੇ 8.48 ਐਸ.ਜੀ.ਪੀ.ਏ. ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਕੋਮਲ ਨੇ 8.30 ਐਸ.ਜੀ.ਪੀ.ਏ. ਅਤੇ ਅਨੂ ਚੌਧਰੀ ਨੇ 8.24 ਐਸ.ਜੀ.ਪੀ.ਏ. ਪ੍ਰਾਪਤ ਕਰਕੇ ਆਪਣੀ ਅਕਾਦਿਮਕ ਯੋਗਤਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਉਪਲਬਧੀ 'ਤੇ ਖੁਸ਼ੀ ਪ੍ਰਗਟ ਕਰਿਦਆਂ ਮਹਾਵਿਦਿਆਲਿਆ ਦੀ ਪ੍ਰਿੰਸੀਪਲ ਡਾ. (ਸ਼੍ਰੀਮਤੀ) ਏਕਤਾ ਖੋਸਲਾ ਨੇ ਕਿਹਾ ਕਿ ਸ਼ਾਨਦਾਰ ਨਤੀਜੇ ਨਿਰੰਤਰ ਮਿਹਨਤ, ਸਮਰਪਣ ਅਤੇ ਟੀਚੇ ਪ੍ਰਤੀ ਵਚਨਬੱਧਤਾ ਦਾ ਨਤੀਜਾ ਹੁੰਦੇ ਹਨ। ਉਨਾਂ ਕਿਹਾ ਕਿ ਐਚ ਐਮ ਵੀ ਹਮੇਸ਼ਾ ਵਿਦਿਆਰਥਣਾਂ ਵਿੱਚ ਅਕਾਦਿਮਕ ਉੱਤਮਤਾ, ਨਵੀਨਤਾ ਅਤੇ ਆਤਮਵਿਸ਼ਵਾਸ ਨੂੰ ਉਤਸ਼ਾਹਤ ਕਰਨ ਲਈ ਵਚਨਬੱਧ ਹੈ। ਵਿਦਿਆਰਥਣਾਂ ਦੀ ਇਹ ਸਫਲਤਾ ਨਾ ਸਿਰਫ਼ ਉਨ੍ਹਾਂ ਦੀ ਨਿੱਜੀ ਪ੍ਰਾਪਤੀ ਹੈ, ਸਗੋਂ ਪੂਰੇ ਐਚ ਐਮ ਵੀ ਪਰਵਾਰ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਸਾਰੀਆਂ ਸਫਲ ਵਿਦਿਆਰਥਣਾਂ ਨੂੰ ਹਾਰਦਿਕ ਵਧਾਈ ਦਿੱਤੀ ਅਤੇ ਉਨਾਂ ਦੇ ਸੁਨਿਹਰੇ ਭਵਿੱਖ ਅਤੇ ਨਿਰੰਤਰ ਤਰੱਕੀ ਲਈ ਸ਼ੁਭਕਾਮਨਾਵਾਂ ਦਿੱਤੀਆਂ। ਕੈਮਿਸਟਰੀ ਵਿਭਾਗ ਦੀ ਮੁਖੀ ਡਾ. ਦੀਪਿਸ਼ਖਾ ਨੇ ਵੀ ਵਿਦਿਆਰਥਣਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਸ਼ਾਨਦਾਰ ਨਤੀਜੇ ਵਿਦਿਆਰਥਣਾਂ ਦੀ ਲਗਨ, ਅਨੁਸ਼ਾਸਿਤ ਅਧਿਐਨ ਅਤੇ ਵਿਭਾਗ ਦੇ ਅਧਿਆਪਕਾਂ ਦੀ ਅਥਕਂ ਮਹਨਤ ਦਾ ਨਤੀਜਾ ਹਨ।



## 'ਗੁਰੂਕੁਲਮ ਪ੍ਰੀਮੀਅਰ ਲੀਗ 2026' ਅੱਜ ਸ਼ੁਰੂ ਹੋਵੇਗੀ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਗੁਰੂਕੁਲਮ ਪਰਿਵਾਰ ਵੱਲੋਂ ਕਰਵਾਈ ਜਾ ਰਹੀ ਬਹੁ-ਪ੍ਰਤੀਖਿਅਤ ਗੁਰੂਕੁਲਮ ਪ੍ਰੀਮੀਅਰ ਲੀਗ 2026 ਦਾ ਸ਼ਾਨਦਾਰ ਆਯੋਜਨ ਅੱਜ (20 ਜੂਨ) ਡੇਰਾਬੱਸੀ ਦੇ ਫਲਾਈਓਵਰ ਦੇ ਨੇੜੇ ਸਥਿਤ ਏ.ਟੀ.ਐਸ. ਟਰਫ ਗਰਾਊਂਡ ਵਿਖੇ ਕੀਤਾ ਜਾ ਰਿਹਾ ਹੈ। ਇਸ ਕ੍ਰਿਕਟ ਪ੍ਰਤੀਯੋਗਤਾ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਖੇਡ ਭਾਵਨਾ, ਅਨੁਸ਼ਾਸਨ, ਅਗਵਾਈ ਦੇ ਗੁਣ ਅਤੇ ਟੀਮ ਵਰਕ ਨੂੰ ਉਤਸ਼ਾਹਿਤ ਕਰਨਾ ਹੈ। ਇਸ ਮੌਕੇ 'ਤੇ ਮੁੱਖ ਮਹਿਮਾਨ ਵਜੋਂ ਗੁਰੂਕੁਲਮ ਦੀ ਚੇਅਰਪਰਸਨ ਸੁਸ਼ੀਲਾ ਵੈਸ਼ਨਵ (ਧਰਮਪਤਨੀ ਮਹੰਤ ਸ਼ਿਵੇਂਦਰ ਵੈਸ਼ਨਵ) ਸ਼ਿਰਕਤ ਕਰਨਗੇ ਅਤੇ ਆਪਣੀ ਨਿੱਘੀ ਹਾਜ਼ਰੀ ਨਾਲ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕਰਨਗੇ। ਉਨ੍ਹਾਂ ਦੇ ਪ੍ਰੇਰਨਾਦਾਇਕ ਵਿਚਾਰ ਵਿਦਿਆਰਥੀਆਂ ਨੂੰ ਖੇਡਾਂ ਦੇ ਨਾਲ-ਨਾਲ ਜ਼ਿੰਦਗੀ ਵਿੱਚ ਵੀ ਅੱਗੇ ਵਧਣ ਲਈ ਪ੍ਰੇਰਿਤ ਕਰਨਗੇ। ਸ਼ਾਮ 4:30 ਵਜੇ ਤੋਂ ਰਾਤ 8:30 ਵਜੇ ਤੱਕ ਚੱਲਣ ਵਾਲੇ ਇਸ ਟੂਰਨਾਮੈਂਟ ਵਿੱਚ ਗੁਰੂਕੁਲਮ ਦੀਆਂ ਵੱਖ-ਵੱਖ ਟੀਮਾਂ ਦੇ ਵਿਦਿਆਰਥੀ (ਲੜਕੇ ਅਤੇ ਲੜਕੀਆਂ) ਆਪਣੀ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕਰਨਗੇ। ਇਸ ਪ੍ਰਤੀਯੋਗਤਾ ਦਾ ਮਨੋਰਥ ਬੱਚਿਆਂ ਵਿੱਚ ਸਿਹਤਮੰਦ ਮੁਕਾਬਲੇਬਾਜ਼ੀ, ਆਤਮ-ਵਿਸ਼ਵਾਸ ਅਤੇ ਆਪਸੀ ਸਹਿਯੋਗ ਦੀ ਭਾਵਨਾ ਨੂੰ ਵਿਕਸਿਤ ਕਰਨਾ ਹੈ। ?ਪ੍ਰਤੀਯੋਗਤਾ ਦਾ ਵੇਰਵਾ: ਸਥਾਨ: ਏ ਟੀ ਐੱਸ ਟਰਫ ਗਰਾਊਂਡ, ਫਲਾਈਓਵਰ ਦੇ ਨੇੜੇ, ਡੇਰਾਬੱਸੀ ਵਿਖੇ ਸ਼ਾਮ 4:30 ਵਜੇ ਤੋਂ ਰਾਤ 8:30 ਵਜੇ ਤੱਕ, ਪਹਿਲਾ ਇਨਾਮ: 1500 ਅਤੇ ਸ਼ਾਨਦਾਰ ਟਰਾਫੀ , ਦੂਜਾ ਇਨਾਮ: 1000 ਅਤੇ ਟਰਾਫੀ। ਟੂਰਨਾਮੈਂਟ ਵਿੱਚ ਸਭ ਤੋਂ ਵੱਧ ਦੌੜਾਂ (ਰਨ) ਬਣਾਉਣ ਵਾਲੇ ਅਤੇ ਸਭ ਤੋਂ ਵੱਧ ਵਿਕਟਾਂ ਲੈਣ ਵਾਲੇ ਖਿਡਾਰੀ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਜਾਵੇਗਾ।

## ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਪੁਰਬ ਮਨਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸ੍ਰੀ ਗੁਰੂ ਅਰਜਨ ਦੇਵ ਮਹਾਰਾਜ ਦਾ ਸ਼ਹੀਦੀ ਪੁਰਬ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਟਿੱਬਾ ਸਾਹਿਬ ਸੇਵਾ ਸਿਮਰਨ ਸਭਾ, ਮੀਰੀ ਪੀਰੀ ਸੇਵਾ ਸਿਮਰਨ ਕਲੱਬ, ਸ੍ਰੀ ਸੁਖਮਨੀ ਸਾਹਿਬ ਸੇਵਾ ਸੋਸਾਇਟੀ ਅਤੇ ਨਗਰ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਗੁਰਦੁਆਰਾ ਸ੍ਰੀ ਹਰਿ ਜੀ ਸਹਾਇ ਮਹਲਾ ਟਿੱਬਾ ਸਾਹਿਬ ਹੁਸ਼ਿਆਰਪੁਰ ਵਿਖੇ ਮਨਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਉਣ ਉਪਰੰਤ ਸਜਾਏ ਗਏ ਵਿਸ਼ੇਸ਼ ਕੀਰਤਨ ਦੀਵਾਨ ਵਿੱਚ ਭਾਈ ਬਰਿੰਦਰ ਸਿੰਘ ਸ਼ੇਰਗੜ੍ਹ ਵਾਲੇ, ਭਾਈ ਸਤਿੰਦਰ ਸਿੰਘ ਆਲਮ ਹਜੂਰੀ ਰਾਗੀ ਅਤੇ ਗੁਰਦੁਆਰਾ ਸ੍ਰੀ ਹਰਿ ਜੀ ਸਹਾਇ ਦੇ ਬੱਚਿਆਂ ਦੀ ਜਥਿਆਂ ਵੱਲੋਂ ਇਲਾਹੀ ਬਾਨੀ ਦਾ ਰਸ ਭਿੰਨਾ ਕੀਰਤਨ ਕੀਤਾ। ਇਸ ਮੌਕੇ ਕਥਾ ਵਾਚਕ ਗਿਆਨੀ ਜਸਵਿੰਦਰ ਸਿੰਘ ਪਰਮਾਰ ਨੇ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਬਾਰੇ ਸੰਗਤਾਂ ਨੂੰ ਜਾਣਕਾਰੀ ਦਿੰਦਿਆਂ ਗੁਰ ਇਤਿਹਾਸ ਦੀ ਸਾਂਝ ਪਾਈ । ਇਸ ਤੋਂ ਇਲਾਵਾ ਕਾਕਾ ਸਤਵਿੰਦਰ ਸਿੰਘ, ਕਾਕਾ ਪਰਮਿੰਦਰ ਸਿੰਘ, ਹਰਭਜਨ ਸਿੰਘ, ਰਣਵੀਰ ਸਿੰਘ ਰਾਣਾ ਅਤੇ ਬੀਬੀ ਹਰਦੀਪ ਕੌਰ ਵੱਲੋਂ ਸ਼ਬਦ ਅਤੇ ਗੁਰੂ ਸਾਹਿਬ ਦੀ ਸ਼ਹਾਦਤ ਨਾਲ ਸੰਬੰਧਿਤ ਕਵਿਤਾ ਗਾਇਨ ਕੀਤਾ । ਇਸ ਮੌਕੇ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਨੂੰ ਸਮਰਪਿਤ 45 ਦਿਨਾਂ ਵਾਹਿਗੁਰੂ ਨਾਮ ਸਿਮਰਨ ਦੀ ਲੜੀ ਵਿੱਚ ਭਾਗ ਲੈਣ ਵਾਲੀਆਂ ਸੰਗਤਾਂ ਦਾ ਸਨਮਾਨ ਵੀ ਕੀਤਾ ਗਿਆ ਅਤੇ ਇਹਨਾਂ ਸੰਗਤਾਂ ਦੀ ਗੁਰਧਾਮਾਂ ਦੀ ਯਾਤਰਾ ਕਰਵਾਉਣ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ ਗਈ । ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪ੍ਰਧਾਨ ਦਰਸ਼ਨ ਸਿੰਘ ਪਲਾਹਾ ਜਸਵਿੰਦਰ ਸਿੰਘ ਪਰਮਾਰ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਮੰਚ ਸੰਚਾਲਨ ਦੀ ਸੇਵਾ ਗੁਰਬਿੰਦਰ ਸਿੰਘ ਪਲਾਹਾ ਵੱਲੋਂ ਨਿਭਾਈ ਗਈ । ਇਸ ਮੌਕੇ ਸਰਬਜੀਤ ਸਿੰਘ ਬਡਵਾਲ ਚੇਅਰਮੈਨ ਮੀਰੀ ਪੀਰੀ ਸੇਵਾ ਸਿਮਰਨ ਕਲੱਬ, ਪ੍ਰਿੰਸੀਪਲ ਬਲਵੀਰ ਸਿੰਘ ਸੈਣੀ ਜਨਰਲ ਸਕੱਤਰ, ਹਰਬੰਸ ਸਿੰਘ ਸੈਬ, ਗੁਰਦੀਪ ਸਿੰਘ ਸੈਬ, ਗੁਰਦੇਵ ਸਿੰਘ ਮੰਡੀ ਬੋਰਡ, ਸਤਪਾਲ ਸਿੰਘ ਭੋਗਲ, ਹਰਬਖ਼ਸ਼ਪਾਲ ਸਿੰਘ, ਕੁਲਵਿੰਦਰ ਕੌਰ ਪਰਮਾਰ, ਲਵਲੀਨ ਕੌਰ ਪਰਮਾਰ, ਸੰਤੋਸ਼ ਕੌਰ ਪਰਮਾਰ, ਹਰਦੀਪ ਕੌਰ ਨਿੱਜਰ,ਅਮਰੀਕ ਸਿੰਘ ਰੀਹਲ ਆਦਿ ਸਮੇਤ ਵੱਡੀ ਗਿਣਤੀ ਵਿੱਚ ਸੰਗਤਾ ਹਾਜ਼ਰ ਸਨ। ਸਮਾਗਮ ਦੌਰਾਨ ਮੀਰੀ ਪੀਰੀ ਸੇਵਾ ਸਿਮਰਨ ਕਲੱਬ ਹੁਸ਼ਿਆਰਪੁਰ ਵੱਲੋ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਅਤੇ ਗੁਰੂ ਕਾ ਲੰਗਰ ਅਟੁੱਟ ਵਰਤਾਇਆ ਗਿਆ ।





## ਸਾਈਂ ਪੱਪਲ ਸ਼ਾਹ ਭਰੋਮਜਾਰਾ ਇੰਗਲੈਂਡ ਦੌਰੇ ਤੋਂ ਵਤਨ ਪਰਤੇ

**ਬੰਗਾ (ਅਵਤਾਰ ਕਲੇਰ)**- ਸਾਈਂ ਪੱਪਲ ਸ਼ਾਹ ਭਰੋਮਜਾਰਾ ਪ੍ਰਧਾਨ ਸੂਫ਼ੀਆਨਾ ਦਰਗਾਹ ਪ੍ਰਬੰਧਕ ਕਮੇਟੀ ਪੰਜਾਬ ਜੋ ਪਿਛਲੇ ਸਮੇਂ ਸਤਿਗੁਰੂ ਰਵਿਦਾਸ ਮਹਾਰਾਜ ਤੇ ਬਾਬਾ ਸਾਹਿਬ ਅੰਬੇਡਕਰ ਦੇ ਸਮਾਗਮਾਂ 'ਚ ਪ੍ਰਚਾਰ ਕਰਨ ਲਈ ਇੰਗਲੈਂਡ ਦੇ ਦੌਰੇ 'ਤੇ ਸਨ ਆਪਣੇ ਵਤਨ ਵਾਪਸ ਪਰਤ ਆਏ ਹਨ। ਸਾਈਂ ਪੱਪਲ ਸ਼ਾਹ ਦੇ ਵਾਪਸ ਆਉਣ ਤੇ ਸੰਗਤਾਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਉਹਨਾਂ ਦੱਸਿਆ ਕਿ ਇੰਗਲੈਂਡ ਦੇ ਪ੍ਰਸਿੱਧ ਸ਼ਹਿਰਾਂ ਬੈੱਡਫੋਰਡ, ਬਰਮਿੰਘਮ, ਵੁਲਵਰਹੈਂਪਟਨ ਦੇ ਬਿਲਸਟਨ ਤੇ ਡਾਰਲਸਟਨ ਆਦਿ ਸ਼ਹਿਰਾਂ ਵਿੱਚ ਹੋਏ ਵੱਖ ਵੱਖ ਸਮਾਗਮਾਂ ਵਿਚ ਹਾਜ਼ਰੀਆਂ ਭਰੀਆਂ ਤੇ ਸਮੂਹ ਸੰਗਤਾਂ ਨੂੰ ਆਪਣੇ ਵਿਚਾਰਾ ਤੇ ਰਚਨਾਵਾਂ ਨਾਲ ਰਹਿਬਰਾਂ ਦੀਆਂ ਕੁਰਬਾਨੀਆਂ ਬਾਰੇ ਜਾਣੂ ਕਰਵਾਇਆ। ਉਹਨਾਂ ਵਿਸ਼ੇਸ਼ ਤੌਰ 'ਤੇ ਸਤਿਗੁਰੂ ਰਵਿਦਾਸ ਸਭਾ ਬੈੱਡਫੋਰਡ ਦੇ ਪ੍ਰਧਾਨ ਜਸਵਿੰਦਰ ਕੁਮਾਰ ਨਿਗਾਹ, ਗੀਤਕਾਰ ਬਲਵਿੰਦਰ ਭਰੋਲੀ, ਸਚਦੇਵ ਗੋਲਡੀ, ਪਵਨ ਕੁਮਾਰ, ਪਰਮਜੀਤ ਪਵਾਰ, ਹਰਬੰਸ ਸ਼ੌਂਕੀ ਪ੍ਰਧਾਨ ਅਮਿਤ ਬਾਣੀ ਰਵਿਦਾਸੀਆ ਕਮਿਊਨਿਟੀ ਸੈਂਟਰ, ਲਛਮਣ ਦਾਸ ਜੱਸੀ, ਕੈਲਾਸ਼ ਕਲੇਰ, ਸੁਭਾਸ਼ ਖੰਗੂੜਾ, ਸੰਜੀਵ ਮੱਲ ਦੁਸਾਂਝ, ਬਿੱਟੂ ਮੁਠੱਡਾ ਕਲਾਂ, ਬਲਦੇਵ ਚੁੰਬਰ ਤੇ ਲਖਵਿੰਦਰ ਬਸਰਾ ਗੁਰਚਰਨ ਲੰਗਾਹ ਦਾ ਤਹਿ ਦਿਲੋਂ ਧੰਨਵਾਦ ਕੀਤਾ ਜਿਨ੍ਹਾਂ ਸਮਾਗਮਾਂ ਚ ਸਾਈ ਪੱਪਲ ਸ਼ਾਹ ਦਾ ਬਹੁਤ ਸਹਿਯੋਗ ਕੀਤਾ।



## ਬੀ ਡੀ ਪੀ ਓ ਦ.ਫ਼ਤਰ ਵਿਖੇ ਛਬੀਲ ਲਗਾਈ

**ਬਲਾਚੌਰ/ ਪੋਜੇਵਾਲ (ਜਸਵਿੰਦਰ ਬੈਂਸ, ਰਾਮ ਲਾਲ)**- ਸ੍ਰੀ ਗੁਰੂ ਅਰਜਨ ਦੇਵ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਬੀ ਡੀ ਪੀ ਓ ਦ.ਫ਼ਤਰ ਬਲਾਚੌਰ ਵਿਖੇ ਸਰਬੱਤ ਦੇ ਭਲੇ, ਦੇਸ਼ ਦੀ ਤਰੱਕੀ ਅਤੇ ਲੋਕਾਂ ਦੀ ਚੜ੍ਹਦੀ ਕਲਾ ਲਈ ਸ਼ਰਧਾ ਅਤੇ ਸਤਿਕਾਰ ਸਹਿਤ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦਾ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ ਵਿੱਚ ਦ.ਫ਼ਤਰ ਦੇ ਅਧਿਕਾਰੀਆਂ, ਕਰਮਚਾਰੀਆਂ ਅਤੇ ਇਲਾਕੇ ਦੀਆਂ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਗੁਰਬਾਣੀ ਦਾ ਕੀਰਤਨ ਅਤੇ ਪਾਠ ਸਰਵਣ ਕੀਤਾ। ਪਾਠ ਦੇ ਭੋਗ ਉਪਰੰਤ ਸਮੂਹ ਲੋਕਾਂ ਦੀ ਭਲਾਈ, ਦੇਸ਼ ਦੀ ਖੁਸ਼ਹਾਲੀ ਅਤੇ ਆਪਸੀ ਭਾਈਚਾਰੇ ਦੀ ਮਜ਼ਬੂਤੀ ਲਈ ਅਰਦਾਸ ਕੀਤੀ ਗਈ। ਉਪਰੰਤ ਗੁਰੂ ਦਾ ਅਤੁੱਟ ਲੰਗਰ ਵੀ ਵਰਤਾਇਆ ਗਿਆ, ਜਿਸ ਵਿੱਚ ਹਾਜ਼ਰ ਸੰਗਤਾਂ ਨੇ ਸ਼ਰਧਾ ਨਾਲ ਭਾਗ ਲਿਆ। ਗਰਮੀ ਦੇ ਮੌਸਮ ਨੂੰ ਦੇਖਦੇ ਹੋਏ ਦ.ਫ਼ਤਰ ਦੇ ਬਾਹਰ ਠੰਡੇ-ਮਿੱਠੇ ਜਲ ਦੀ ਛਬੀਲ ਵੀ ਲਗਾਈ ਗਈ, ਜਿੱਥੇ ਰਾਹਗੀਰਾਂ ਅਤੇ ਆਮ ਲੋਕਾਂ ਨੂੰ ਠੰਡਾ ਜਲ ਛਕਾਇਆ ਗਿਆ। ਸੰਗਤਾਂ ਨੇ ਇਸ ਸੇਵਾ ਕਾਰਜ ਦੀ ਭਰਪੂਰ ਸਰਾਹਨਾ ਕੀਤੀ ਅਤੇ ਇਸ ਨੂੰ ਮਨੁੱਖਤਾ ਦੀ ਸੇਵਾ ਦਾ ਸ਼ਲਾਘਾਯੋਗ ਉਪਰਾਲਾ ਦੱਸਿਆ। ਇਸ ਮੌਕੇ ਬੀ ਡੀ ਪੀ ਓ ਵਰਿੰਦਰ ਕੁਮਾਰ, ਸੈਕਟਰੀ ਕੁਲਦੀਪ ਸਿੰਘ ਜਾਡਲੀ, ਜੀ ਆਰ ਐਸ ਮਨਜੀਤ ਕੁਮਾਰ, ਗੁਰਵਿੰਦਰ ਸਿੰਘ ਅਤੇ ਸਮੂਹ ਦ.ਫ਼ਤਰੀ ਸਟਾਫ ਹਾਜ਼ਰ ਰਿਹਾ।



## ਮੁਸਲਿਮ ਭਾਈਚਾਰੇ ਦੇ ਬੱਚਿਆਂ ਨੇ ਛਬੀਲ ਲਗਾਈ

**ਆਦਮਪੁਰ (ਪਰਮਜੀਤ ਸਿੰਘ)**- ਜੈਤੇਵਾਲੀ ਵਿਖੇ ਮੁਸਲਿਮ ਭਾਈਚਾਰੇ ਦੇ ਨੰਨੇ-ਮੁੰਨੇ ਬੱਚਿਆਂ ਨੇ ਆਪਣੀ ਪਾਕਟ ਮਨੀ ਵਿੱਚੋਂ ਯੋਗਦਾਨ ਪਾ ਕੇ ਮਨੁੱਖਤਾ ਦੀ ਸੇਵਾ ਅਤੇ ਭਾਈਚਾਰਕ ਸਾਂਝ ਦੀ ਇੱਕ ਸ਼ਾਨਦਾਰ ਮਿਸਾਲ ਪੇਸ਼ ਕੀਤੀ। ਬੱਚਿਆਂ ਵੱਲੋਂ ਗਰਮੀ ਤੋਂ ਰਾਹਤ ਦੇਣ ਲਈ ਸ਼ਬੀਲ ਲਗਾਈ ਗਈ, ਜਿੱਥੇ ਰਾਹਗੀਰਾਂ ਅਤੇ ਇਲਾਕਾ ਵਾਸੀਆਂ ਨੂੰ ਠੰਢਾ ਮਿੱਠਾ ਪਾਣੀ ਅਤੇ ਸ਼ਰਬਤ ਵੰਡਿਆ ਗਿਆ। ਇਸ ਮੌਕੇ ਬੱਚਿਆਂ ਨੇ ਕਿਹਾ ਕਿ ਉਨ੍ਹਾਂ ਦਾ ਉਦੇਸ਼ ਸਮਾਜ ਵਿੱਚ ਸੇਵਾ, ਪਿਆਰ ਅਤੇ ਭਾਈਚਾਰੇ ਦੀ ਭਾਵਨਾ ਨੂੰ ਮਜ਼ਬੂਤ ਕਰਨਾ ਹੈ। ਪਿੰਡ ਵਾਸੀਆਂ ਨੇ ਬੱਚਿਆਂ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਕਾਰਜ ਨੌਜਵਾਨ ਪੀੜ੍ਹੀ ਲਈ ਪ੍ਰੇਰਣਾ ਸਰੋਤ ਬਣਦੇ ਹਨ ਅਤੇ ਸਮਾਜ ਵਿੱਚ ਆਪਸੀ ਸਾਂਝ ਨੂੰ ਹੋਰ ਮਜ਼ਬੂਤ ਕਰਦੇ ਹਨ। ਜੈਤੇਵਾਲੀ ਦੇ ਇਨ੍ਹਾਂ ਬੱਚਿਆਂ ਵੱਲੋਂ ਆਪਣੀ ਜੇਬ ਖਰਚ ਵਿੱਚੋਂ ਰਕਮ ਇਕੱਠੀ ਕਰਕੇ ਕੀਤੀ ਗਈ ਇਹ ਸੇਵਾ ਮਨੁੱਖਤਾ ਪ੍ਰਤੀ ਉਨ੍ਹਾਂ ਦੇ ਸਮਰਪਣ ਨੂੰ ਦਰਸਾਉਂਦੀ ਹੈ ਅਤੇ ਸਮਾਜ ਲਈ ਇੱਕ ਪ੍ਰੇਰਨਾਦਾਇਕ ਮਿਸਾਲ ਹੈ।



## ਇਨਸਾਨ ਦਾ ਸਭ ਤੋਂ ਵੱਡਾ ਦੁਸ਼ਮਣ ਅਹੰਕਾਰ ਹੈ : ਬਾਬਾ ਸ਼ੇਰ ਸਿੰਘ





**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਇਨਸਾਨ ਨੂੰ ਜਦੋਂ ਵੀ ਕੋਈ ਕਸ਼ਟ ਜਾਂ ਮੁਸ਼ਕਿਲ ਪੇਸ਼ ਆਉਂਦੀ ਹੈ ਤਾਂ ਇਨਸਾਨ ਦੇ ਮੂੰਹ ਵਿੱਚੋਂ ਇਹੋ ਸ਼ਬਦ ਨਿਕਲਦੇ ਹਨ ਕਿ ਹੇ ਪ੍ਰਭੂ ਮੇਰੇ ਤੇ ਮਿਹਰ ਕਰੀ ਮੇਰੇ ਗੁਨਾਹ ਮਾਫ਼ ਕਰੀ ਅਤੇ ਮੈਨੂੰ ਇਸ ਕਸ਼ਟ ਤੋਂ ਮੁਕਤ ਕਰਨ ਦੀ ਕਿਰਪਾਲਤਾ ਕਰੋ। ਇਨਸਾਨ ਦੀ ਜ਼ਿੰਦਗੀ ਵਿੱਚ ਸਮੇਂ ਦਾ ਪਹੀਆ ਕਦੋਂ ਘੁੰਮ ਜਾਵੇ ਪਤਾ ਹੀ ਨਹੀਂ ਚੱਲਦਾ ਇਸ ਲਈ ਹਰ ਸਮੇਂ ਸਤਿਗੁਰ ਦਾ ਧਿਆਨ ਕਰਕੇ ਨਾਮ ਸਿਮਰਨ ਕਰਦੇ ਰਹਿਣਾ ਚਾਹੀਦਾ ਹੈ ਤਾਂ ਜੋ ਪਰਮ-ਪਿਤਾ ਪਰਮੇਸ਼ਵਰ ਦੇ ਦਰਬਾਰ ਵਿੱਚ ਸਿਮਰਨ ਰੂਪੀ ਖਜ਼ਾਨੇ ਦਾ ਭੰਡਾਰ ਇਕੱਠਾ ਹੋ ਸਕੇ। ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਸਾਬਿਰ ਪਾਕ ਸੱਚੀ ਦਰਗਾਹ ਤੇ ਦੂਸਰੇ ਕਲੀਅਰ ਸ਼ਰੀਫ ਅਹਿਆਪੁਰ ਵਿਖੇ ਜੇਠੇ ਵੀਰਵਾਰ ਨੂੰ ਸਜਾਏ ਗਏ ਦਰਬਾਰ ਚ ਹਾਜ਼ਰ ਸੰਗਤ ਨੂੰ ਆਪਣੇ ਪ੍ਰਵਚਨਾਂ ਰਾਹੀਂ ਗੁਰੂ ਚਰਨਾਂ ਨਾਲ ਜੋੜਦੇ ਹੋਏ ਦਰਗਾਹ ਦੇ ਮੁੱਖ ਸੇਵਾਦਾਰ ਬਾਬਾ ਸ਼ੇਰ ਸਿੰਘ ਘੋੜੀਆਂ ਵਾਲਿਆਂ ਨੇ ਕਿਹਾ ਕਿ 'ਮੈਂ ਮੇਰੀ' ਇੱਕ ਅਜਿਹਾ ਕੋਹੜ ਹੈ ਜਿਹੜਾ ਇਨਸਾਨ ਦੇ ਕੀਤੇ ਹੋਏ ਚੰਗੇ ਕਰਮਾਂ ਨੂੰ ਵੀ ਖਾ ਜਾਂਦਾ ਹੈ।

ਉਨ੍ਹਾਂ ਕਿਹਾ ਕਿ ਅਹੰਕਾਰ ਦਾ ਤਿਆਗ ਕਰਕੇ ਹੀ ਅਕਾਲ ਪੁਰਖ ਦੀ ਸ਼ਰਨ ਪ੍ਰਾਪਤ ਕੀਤੀ ਜਾ ਸਕਦੀ ਹੈ ਇਸ ਲਈ ਹਰ ਇਨਸਾਨ ਨੂੰ ਇਹ ਕੋਸ਼ਿਸ਼ ਕਰਨੀ ਚਾਹੀਦੀ ਹੈ ਕਿ ਸਵੇਰ ਸ਼ਾਮ ਵਾਹਿਗੁਰੂ ਦਾ ਸ਼ੁਕਰਾਨਾ ਕਰਦੇ ਹੋਏ ਆਪਣੇ ਅੰਦਰ ਦੇ ਹਉਮੈ ਨੂੰ ਖ਼ਤਮ ਕਰਨ ਦੇ ਹਰ ਸੰਭਵ ਯਤਨ ਕਰੇ।ਇਸ ਮੌਕੇ ਤੇ ਬੀਬੀ ਬਲਜੀਤ ਕੌਰ, ਸੇਵਾਦਾਰ ਮੀਰ ਕਮਲ ਸਾਬਰੀ, ਸ਼ਹਿਜ਼ਾਦਾ ਡਾਕਟਰ ਮੀਰ ਹਸਨ, ਦੇਵੀਕਾ, ਸੇਵਾਦਾਰ ਜੀਤ ਰਾਮ, ਹਰਜਿੰਦਰ ਸਿੰਘ, ਬੀਬੀ ਮਨਜੀਤ ਕੌਰ ਤੋਂ ਇਲਾਵਾ ਹੋਰ ਸ਼ਰਧਾਲੂਆਂ ਨੇ ਦਰਬਾਰ ਵਿੱਚ ਆਪਣੀ ਹਾਜ਼ਰੀ ਲਗਵਾ ਕੇ ਬਾਬਾ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਸਾਰਾ ਦਿਨ ਬਾਬਾ ਜੀ ਦਾ ਅਤੁੱਟ ਲੰਗਰ ਵਰਤਾਇਆ ਗਿਆ।

## ਭਾਖੜਾ ਬਿਆਸ ਮੈਨੇਜਮੈਂਟ ਬੋਰਡ 'ਚੋਂ ਪੰਜਾਬ ਦੀ ਸਥਾਈ ਮੈਂਬਰੀ ਖਤਮ ਕਰਨ ਦਾ ਨੋਟੀਫਿਕੇਸ਼ਨ ਰੱਦ ਕੀਤਾ ਜਾਵੇ : ਐੱਸ ਕੇ ਐੱਮ

**ਚੰਡੀਗੜ੍ਹ (ਗਿਆਨ ਸੈਦਪੁਰੀ)**- ਸੰਯੁਕਤ ਕਿਸਾਨ ਮੋਰਚਾ ਪੰਜਾਬ ਦੇ ਇੱਕ ਵੱਡੇ ਵਫਦ ਨੇ ਸ਼ੁਕਰਵਾਰ ਨੂੰ ਪੰਜਾਬ ਦੇ ਗਵਰਨਰ ਗੁਲਾਬ ਚੰਦ ਕਟਾਰੀਆਂ ਨਾਲ ਲੋਕ ਭਵਨ ਵਿਖੇ ਮੀਟਿੰਗ ਕਰਕੇ ਕੇਂਦਰ ਅਤੇ ਪੰਜਾਬ ਸਰਕਾਰ ਨਾਲ ਸੰਬੰਧਤ ਪੰਜਾਬ ਦੇ ਕਿਸਾਨਾਂ ਦੀਆਂ ਮੰਗਾਂ ਦਾ ਮੈਮੋਰੈਂਡਮ ਭੇਟ ਕਰਨ ਮੌਕੇ ਵਿਸਥਾਰ ਪੂਰਵਕ ਵਿਚਾਰ ਵਟਾਂਦਰਾ ਕੀਤਾ। ਪੂਰੇ ਡੇਢ ਘੰਟਾ ਚੱਲੇ ਇਸ ਵਿਚਾਰ ਵਟਾਂਦਰੇ ਵਿੱਚ ਕਿਸਾਨ ਆਗੂਆਂ ਨੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚੋਂ ਪੰਜਾਬ ਦੀ ਸਥਾਈ ਮੈਂਬਰੀ ਖਤਮ ਕਰਨ ਦੇ ਨੋਟੀਫਿਕੇਸ਼ਨ ਨੂੰ ਰੱਦ ਕਰਨ ਦੇ ਨਾਲ ਨਾਲ ਪੰਜਾਬ ਦੇ ਪਾਣੀ ਸੰਕਟ ਅਤੇ ਉਸ ਦੇ ਹੱਲ ਨਾਲ ਜੁੜੀਆਂ ਮੰਗਾਂ, ਅਮਰੀਕਾ ਤੇ ਹੋਰ ਵਿਕਸਤ ਮੁਲਕਾਂ ਨਾਲ ਹੋ ਰਹੇ ਕਿਸਾਨੀ ਅਤੇ ਕੌਮੀ ਹਿੱਤਾਂ ਵਿਰੋਧੀ ਵਪਾਰ ਸਮਝੌਤਿਆਂ ਨੂੰ ਰੱਦ ਕਰਨ,ਕਿਸਾਨਾਂ ਮਜ਼ਦੂਰਾਂ ਦੀ ਕਰਜ਼ਾ ਮੁਕਤੀ, ਸੀ2+50% ਫਾਰਮੂਲੇ ਨਾਲ ਐਮਐਸਪੀ ਤੇ ਖਰੀਦ ਦਾ ਗਾਰੰਟੀ ਕਾਨੂੰਨ ਬਣਾਉਣ, ਕੇਂਦਰ ਸਰਕਾਰ ਵੱਲੋਂ ਪ੍ਰਸਤਾਵਿਤ ਬਿਜਲੀ ਅਤੇ ਬੀਜ ਬਿੱਲ ਨੂੰ ਵਾਪਸ ਲੈਣ,ਪੰਜਾਬ ਦੀ ਖੇਤੀ ਨੀਤੀ ਬਣਾ ਕੇ ਲਾਗੂ ਕਰਨ,ਖਾਦਾਂ ਦੀ ਥੁੜ ਦੂਰ ਕਰਨ ਅਤੇ ਕਾਲਾਬਜ਼ਾਰੀ ਨੂੰ ਨੱਥ ਪਾਉਣ,ਤੇਲ ਅਤੇ ਗੈਸ ਦੀਆਂ ਕੀਮਤਾਂ ਦਾ ਵਾਧਾ ਵਾਪਸ ਲੈਣ, ਖੇਤੀ ਖੇਤਰ ਲਈ ਡੀਜ਼ਲ ਤੇ ਲਾਈ ਲਿਮਿਟ ਹਟਾਉਣ ਅਤੇ ਅਟਾਰੀ ਅਤੇ ਹੁਸੈਨੀਵਾਲਾ ਸੜਕੀ ਤੇ ਰੇਲ ਲਾਂਘਿਆਂ ਰਾਹੀ ਵਪਾਰ ਖੋਲਣ ਸਮੇਤ ਕੁੱਲ 16 ਮੰਗਾਂ ਤੇ ਆਪਣੀ ਗੱਲ ਰੱਖੀ। ਗਵਰਨਰ ਪੰਜਾਬ ਨੇ ਕਿਸਾਨ ਵਫਦ ਦੀ ਪੂਰੀ ਗੱਲ ਸੁਣਨ ਮਗਰੋਂ ਕੇਂਦਰ ਅਤੇ ਪੰਜਾਬ ਸਰਕਾਰ ਕੋਲ ਕਿਸਾਨਾਂ ਦੀਆਂ ਮੰਗਾਂ ਰੱਖਣ ਦਾ ਭਰੋਸਾ ਦਿੰਦਿਆਂ ਕਿਸਾਨ ਆਗੂਆਂ ਤੋਂ ਮੰਗਾਂ ਸਬੰਧੀ ਦਿੱਤੇ ਤਰਕ ਤੇ ਦਲੀਲਾਂ ਨੂੰ ਲਿਖਤੀ ਨੋਟ ਦੇ ਰੂਪ 'ਚ ਉਹਨਾਂ ਦੇ ਦਫਤਰ ਨੂੰ ਭੇਜਣ ਦੀ ਗੱਲ ਵੀ ਕੀਤੀ। ਵਰਨਣਯੋਗ ਹੈ ਕਿ ਅੱਜ ਦੀ ਮੀਟਿੰਗ ਬੀਤੇ ਮਹੀਨੇ ਸੰਯੁਕਤ ਕਿਸਾਨ ਮੋਰਚਾ ਪੰਜਾਬ ਵੱਲੋਂ ਕਿਸਾਨਾਂ ਦੀਆਂ ਮੰਗਾਂ ਲਈ ਗਵਰਨਰ ਭਵਨ ਵੱਲ ਕੀਤੇ ਗਏ ਮਾਰਚ ਕਾਰਨ ਸੰਭਵ ਹੋਈ ਹੈ। ਉਦੋਂ ਮਾਰਚ ਉੱਤੇ ਪਾਣੀ ਦੀਆਂ ਬੁਛਾੜਾਂ ਤੇ ਹੰਝੂ ਗੈਸ ਦੀ ਵਰਤੋਂ ਕੀਤੀ ਗਈ ਸੀ। ਪ੍ਰੰਤੂ ਮਗਰੋਂ ਗੱਲਬਾਤ ਦਾ ਸੱਦਾ ਦਿੱਤਾ ਗਿਆ ਸੀ। ਮੀਟਿੰਗ ਦੇ ਸਮਾਪਤ ਹੋਣ ਮਗਰੋਂ ਗਵਰਨਰ ਭਵਨ ਦੇ ਬਾਹਰ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਐਸਕੇਐਮ ਪੰਜਾਬ ਦੇ ਆਗੂਆਂ ਨੇ ਕਿਹਾ ਕਿ ਮੌਜੂਦਾ ਸਮੇਂ ਸੂਬੇ ਦੀ ਖੇਤੀ ਅਤੇ ਪਾਣੀ ਗੰਭੀਰ ਸੰਕਟ ਵਿੱਚੋਂ ਲੰਘ ਰਹੇ ਹਨ। ਭਾਖੜਾ ਬਿਆਸ ਮੈਨੇਜਮੈਂਟ ਬੋਰਡ ਦੇ ਨਿਯਮਾਂ 'ਚ ਸੋਧ ਕਰਕੇ ਪੰਜਾਬ ਦੀ ਸਥਾਈ ਮੈਂਬਰੀ ਖਤਮ ਕਰਨ ਲਈ ਕੀਤੇ ਨੋਟੀਫਿਕੇਸ਼ਨ ਨੂੰ ਰੱਦ ਕਰਨ ਦੀ ਮੰਗ ਕਰਦੇ ਹੋਏ ਕਿਸਾਨ ਆਗੂਆਂ ਨੇ ਡੈਮ ਸੇਫਟੀ ਐਕਟ ਨੂੰ ਰੱਦ ਕਰਨ ਅਤੇ ਦਰਿਆਵਾਂ ਦੇ ਪਾਣੀ ਨੂੰ ਦੂਸ਼ਿਤ ਹੋਣ ਤੋਂ ਬਚਾਉਣ ਲਈ ਪ੍ਰਭਾਵੀ ਕਦਮ ਚੁੱਕਣ ਦੀ ਜ਼ੋਰਦਾਰ ਵਕਾਲਤ ਕੀਤੀ। ਐਸ ਕੇ ਐਮ ਦੇ ਵਫਦ ਵਿੱਚ ਸਰਵਸ੍ਰੀ ਬਲਵੀਰ ਸਿੰਘ ਰਾਜੇਵਾਲ, ਹਰਿੰਦਰ ਸਿੰਘ ਲੱਖੋਵਾਲ, ਬੂਟਾ ਸਿੰਘ ਬੁਰਜ ਗਿੱਲ, ਰਮਿੰਦਰ ਸਿੰਘ ਪਟਿਆਲਾ, ਬਲਦੇਵ ਸਿੰਘ ਨਿਹਾਲਗੜ੍ਹ,ਅੰਗਰੇਜ ਸਿੰਘ ਭਦੌੜ, ਝੰਡਾ ਸਿੰਘ ਜੇਠੂਕੇ, ਡਾ.ਸਤਨਾਮ ਸਿੰਘ ਅਜਨਾਲਾ, ਅਵਤਾਰ ਸਿੰਘ ਮਹਿਮਾ, ਬਲਵਿੰਦਰ ਸਿੰਘ ਰਾਜੂਔਲਖ, ਪ੍ਰੇਮ ਸਿੰਘ ਭੰਗੂ, ਜਸਕਰਨ ਸਿੰਘ ਗੋਲੇਵਾਲਾ, ਪਵਿੱਤਰ ਸਿੰਘ ਲਾਲੀ, ਗੁਰਨੇਕ ਸਿੰਘ ਭੱਜਲ,ਕੈਪਟਨ ਮੇਜਰ ਸਿੰਘ, ਵੀਰ ਸਿੰਘ ਬੜਵਾ, ਹਰਦੇਵ ਸਿੰਘ ਸੰਧੂ, ਮੁਕੇਸ਼ ਚੰਦਰ ਸ਼ਰਮਾ, ਸ਼ਿੰਗਾਰਾ ਸਿੰਘ ਮਾਨ, ਅਮਨਦੀਪ ਸਿੰਘ ਧਾਲੀਵਾਲ, ਕਸ਼ਮੀਰ ਸਿੰਘ, ਸੁਰਿੰਦਰ ਸਿੰਘ ਚੱਢਾ ਅਤੇ ਨਛੱਤਰ ਸਿੰਘ ਆਦਿ ਸ਼ਾਮਲ ਸਨ।



## ਜਪਾਨ ਵਿੱਚ ਪੰਜ ਦਿਨਾ ਦੇ ਕੌਮਾਂਤਰੀ ਗੀਤਾ ਮਹੋਤਸਵ ਦਾ ਸ਼ੁਭ ਆਰੰਭ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਭਾਰਤ ਦੀ ਸਨਾਤਨ ਸੱਭਿਆਚਾਰਕ ਵਿਰਾਸਤ ਅਤੇ ਸ੍ਰੀਮਦਭਗਵਦਗੀਤਾ ਦੇ ਵਿਸ਼ਵ ਵਿਆਪੀ ਸੰਦੇਸ਼ ਨੂੰ ਗਲੋਬਲ ਸਟੇਜ ਤੇ ਸਥਾਪਿਤ ਕਰਨ ਦੀ ਦਿਸ਼ਾ ਵਿੱਚ ਜਪਾਨ ਦੇ ਟੋਕੀਓ ਵਿੱਚ ਆਯੋਜਿਤ ਕੌਮਾਂਤਰੀ ਗੀਤਾ ਮਹੋਤਸਵ-2026 ਮੀਲ ਦਾ ਪੱਥਰ ਸਾਬਤ ਹੋਇਆ ਹੈ। ਇਸ ਮਹੋਤਸਵ ਦੌਰਾਨ ਜਪਾਨ ਦੀ ਰਾਸ਼ਟਰੀ ਸੰਸਦ ਦੇ ਮੈਂਬਰਾਂ ਅਤੇ ਦੇਸ਼ ਦੇ ਪ੍ਰਮੁੱਖ ਸਿਆਸੀ ਤੇ ਸਮਾਜਿਕ ਆਗੂਆਂ ਨੂੰ ਸ੍ਰੀਮਦਭਗਵਦਗੀਤਾ ਦੀਆਂ ਕਾਪੀਆਂ ਭੇਟ ਕੀਤੀਆਂ ਗਈਆਂ, ਜਿਸ ਨਾਲ ਇਹ ਆਯੋਜਨ ਭਾਰਤ ਅਤੇ ਜਪਾਨ ਵਿਚਾਲੇ ਲਗਾਤਾਰ ਮਜ਼ਬੂਤ ਹੋ ਰਹੇ ਸੱਭਿਆਚਾਰਕ, ਅਧਿਆਤਮਕ ਅਤੇ ਮਨੁੱਖੀ ਸਬੰਧਾਂ ਦਾ ਜੀਵੰਤ ਪ੍ਰਤੀਕ ਬਣ ਕੇ ਉਭਰਿਆ।ਕੌਮਾਂਤਰੀ ਗੀਤਾ ਮਹੋਤਸਵ ਦੇ ਸ਼ੁਭਾਰੰਭ ਮੌਕੇ 'ਤੇ ਸ਼ੁੱਕਰਵਾਰ ਨੂੰ ਜਪਾਨ ਦੀ ਸੱਤਾਧਾਰੀ ਲਿਬਰਲ ਡੈਮੋਕਰੇਟਿਕ ਪਾਰਟੀ ਦੇ ਸੀਨੀਅਰ ਆਗੂ ਸ੍ਰੀ ਯਾਸੁਤੋਸ਼ੀ ਨਿਸ਼ੀਮੁਰਾ ਨੂੰ ਗੀਤਾ ਦੀ ਕਾਪੀ ਭੇਟ ਕੀਤੀ ਗਈ। ਇਸ ਤੋਂ ਇਲਾਵਾ ਜਪਾਨ ਦੀ ਸੰਸਦ ਦੇ ਉਪਰਲੇ ਸਦਨ (ਹਾਊਸ ਆਫ਼ ਕੌਂਸਲਰਜ਼) ਵਿੱਚ ਗੀਤਾ ਦੀ ਸਥਾਪਨਾ ਵਿੱਚ ਸਹਿਯੋਗ ਦੇਣ ਵਾਲੇ ਸ੍ਰੀ ਯੋਸ਼ੀਓ ਮੋਚੀਜ਼ੂਕੀ ਅਤੇ ਹੇਠਲੇ ਸਦਨ (ਹਾਊਸ ਆਫ਼ ਰਿਪ੍ਰੈਜ਼ੈਂਟੇਟਿਵਜ਼) ਵਿੱਚ ਗੀਤਾ ਦੀ ਸਥਾਪਨਾ ਵਿੱਚ ਸਹਿਯੋਗ ਦੇਣ ਵਾਲੇ ਸ੍ਰੀ ਅਟਲਾਂਟਿਕ ਫਲੈਟ ਨੂੰ ਵੀ ਸ੍ਰੀਮਦਭਗਵਦਗੀਤਾ ਦੀਆਂ ਕਾਪੀਆਂ ਭੇਟ ਕਰਕੇ ਸਨਮਾਨਤ ਕੀਤਾ ਗਿਆ।

## ਬਰਸਟ ਵੱਲੋਂ ਪੰਜਾਬ ਮੰਡੀ ਬੋਰਡ ਦੀ ਕ੍ਰਿਕਟ ਟੀਮ ਦੇ ਖਿਡਾਰੀਆਂ ਦਾ ਸਨਮਾਨ



**ਮੋਹਾਲੀ (ਗੁਰਜੀਤ ਬਿੱਲਾ)**- ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਦੀ ਰਹਿਨੁਮਾਈ ਹੇਠ ਆਲ ਇੰਡੀਆ ਸਟੇਟ ਐਗਰੀਕਲਚਰਲ ਮਾਰਕੀਟਿੰਗ ਬੋਰਡ ਟੀ-20 ਕ੍ਰਿਕਟ ਟੂਰਨਾਮੈਂਟ 2026 ਸੀਜ਼ਨ-2 ਪੂਰੀ ਸ਼ਾਨੋ-ਸ਼ੌਕਤ ਨਾਲ ਸਮਾਪਤ ਹੋਇਆ। ਇਸ ਟੂਰਨਾਮੈਂਟ ਵਿੱਚ ਪੰਜਾਬ ਮੰਡੀ ਬੋਰਡ ਦੀ ਟੀਮ ਨੇ ਦੂਜਾ ਸਥਾਨ ਹਾਸਲ ਕੀਤਾ। ਮੁੱਖ ਦ.ਫ਼ਤਰ ਵਿਖੇ ਆਯੋਜਿਤ ਸਮਾਰੋਹ ਦੌਰਾਨ ਹਰਚੰਦ ਸਿੰਘ ਬਰਸਟ ਚੇਅਰਮੈਨ ਪੰਜਾਬ ਮੰਡੀ ਬੋਰਡ ਅਤੇ ਕੁਮਾਰ ਅਮਿਤ ਸਕੱਤਰ ਮੰਡੀ ਬੋਰਡ ਵੱਲੋਂ ਪੂਰੀ ਟੀਮ ਨੂੰ ਮੁਬਾਰਕਬਾਦ ਦਿੱਤੀ ਗਈ ਅਤੇ ਟਰਾਫੀ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸ. ਜਤਿੰਦਰ ਸਿੰਘ ਭੰਗੂ ਇੰਜੀਨੀਅਰ-ਇਨ-ਚੀਫ਼, ਹਰਜੀਤ ਸਿੰਘ ਸੰਧੂ ਸੰਯੁਕਤ ਸਕੱਤਰ, ਗੁਰਿੰਦਰ ਸਿੰਘ ਚੀਮਾ ਮੁੱਖ ਇੰਜੀਨੀਅਰ, ਅਮਨਦੀਪ ਸਿੰਘ ਮੁੱਖ ਇੰਜੀਨੀਅਰ, ਪ੍ਰੀਤ ਕੰਵਰ ਸਿੰਘ ਬਰਾੜ ਡੀ ਜੀ ਐਮ ਰਜਨੀਸ਼ ਗੋਇਲ ਡੀ.ਜੀ.ਐਮ., ਸੁੱਖਵਿੰਦਰ ਸਿੰਘ ਕਾਰਜਕਾਰੀ ਇੰਜੀਨੀਅਰ (ਕਪਤਾਨ, ਕ੍ਰਿਕਟ ਟੀਮ ਪੰਜਾਬ ਮੰਡੀ ਬੋਰਡ), ਸੁਰਮੁੱਖ ਸਿੰਘ ਅਮਲਾ ਅਫ਼ਸਰ, ਜੈ ਵਿਜੇ ਡੀ.ਡੀ.ਐਮ.ਓ. ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਇੱਥੇ ਦੱਸਣਯੋਗ ਹੈ ਕਿ ਇਸ ਟੂਰਨਾਮੈਂਟ ਵਿੱਚ ਦੇਸ਼ ਭਰ ਦੇ ਵੱਖ-ਵੱਖ ਰਾਜਾਂ ਦੇ ਐਗਰੀਕਲਚਰਲ ਮਾਰਕੀਟਿੰਗ ਬੋਰਡਾਂ ਦੀਆਂ ਟੀਮਾਂ ਵੱਲੋਂ ਭਾਗ ਲਿਆ ਗਿਆ।

## ਸ੍ਰੀ ਗੁਰੂ ਅਰਜਨ ਦੇਵ ਦੇ ਸ਼ਹੀਦੀ ਦਿਹਾੜੇ ਮੌਕੇ ਛਬੀਲ ਲਗਾਈ



**ਬਲਾਚੌਰ / ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)**- ਪਿੰਡ ਮੁੱਤੋਂ ਮੰਡ ਵਿਖੇ ਪੰਜਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮੂਹ ਸੰਗਤਾਂ ਵੱਲੋਂ ਗਊਸ਼ਾਲਾ ਵਿੱਚ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਸੰਗਤਾਂ ਨੇ ਗੁਰੂ ਸਾਹਿਬ ਦੀ ਲਾਸਾਨੀ ਸ਼ਹਾਦਤ ਨੂੰ ਯਾਦ ਕਰਦਿਆਂ ਉਨ੍ਹਾਂ ਦੇ ਦਰਸਾਏ ਸੱਚ, ਸੇਵਾ ਅਤੇ ਸਿਮਰਨ ਦੇ ਮਾਰਗ 'ਤੇ ਚੱਲਣ ਦਾ ਸੰਦੇਸ਼ ਦਿੱਤਾ। ਛਬੀਲ ਦੌਰਾਨ ਰਾਹਗੀਰਾਂ ਅਤੇ ਇਲਾਕਾ ਨਿਵਾਸੀਆਂ ਨੂੰ ਠੰਡਾ ਮਿੱਠਾ ਜਲ ਅਤੇ ਸ਼ਰਬਤ ਵਰਤਾਇਆ ਗਿਆ। ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸੇਵਾ ਵਿੱਚ ਹਿੱਸਾ ਲੈਂਦਿਆਂ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਇਸ ਮੌਕੇ ਬੋਲਦਿਆਂ ਸੇਵਾਦਾਰਾਂ ਨੇ ਕਿਹਾ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਸਾਨੂੰ ਮਨੁੱਖਤਾ ਦੀ ਸੇਵਾ, ਧੀਰਜ ਅਤੇ ਪਰਮਾਤਮਾ ਦੇ ਭਾਣੇ ਵਿੱਚ ਰਹਿਣ ਦੀ ਪ੍ਰੇਰਨਾ ਦਿੰਦੀ ਹੈ।

ਸਮੂਹ ਸੰਗਤਾਂ ਵੱਲੋਂ ਇਹ ਅਰਦਾਸ ਕੀਤੀ ਗਈ ਕਿ ਗੁਰੂ ਸਾਹਿਬ ਸਭ ਉੱਤੇ ਆਪਣੀ ਮਿਹਰ ਭਰੀ ਨਜ਼ਰ ਬਣਾਈ ਰੱਖਣ ਅਤੇ ਸਮਾਜ ਵਿੱਚ ਆਪਸੀ ਭਾਈਚਾਰਾ, ਪਿਆਰ ਅਤੇ ਸਦਭਾਵਨਾ ਬਣੀ ਰਹੇ। ਛਬੀਲ ਦੌਰਾਨ ਸੰਗਤਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।

## ਭਾਈ ਬੀਰ ਸਿੰਘ ਬਾਹੋਵਾਲ ਦੀ ਬਰਸੀ ਮੌਕੇ ਸ਼ਰਧਾ ਦੇ ਫੁੱਲ ਕੀਤੇ ਭੇਟ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਚਾਰ ਸਾਥੀਆਂ ਸਮੇਤ ਦੇਸ਼ ਦੀ ਆਜ਼ਾਦੀ ਖਾਤਰ ਫਾਂਸੀ ਤੇ ਚੜੇ ਸ਼ਹੀਦ ਭਾਈ ਬੀਰ ਸਿੰਘ ਜੀ ਬਾਹੋਵਾਲ ਦੀ ਬਰਸੀ ਮੌਕੇ ਉਨ੍ਹਾਂ ਦੇ ਵਾਰਿਸਾਂ,ਰਿਸ਼ਤੇਦਾਰਾਂ,ਪਿੰਡ ਤੇ ਇਲਾਕਾ ਨਿਵਾਸੀਆਂ ਵਲੋਂ ਉਨ੍ਹਾਂ ਦੀ ਯਾਦਗਾਰ ਤੇ ਜੱਦੀ ਪਿੰਡ ਬਾਹੋਵਾਲ ਵਿਖੇ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਸਮਾਗਮ ਦਾ ਆਯੋਜਨ ਕੀਤਾ ਗਿਆ। ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਉਣ ਉਪਰੰਤ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਵੱਲੋਂ ਲਾਈ ਜ਼ਿੰਮੇਵਾਰੀ ਨੂੰ ਨਿਭਾਉਂਦਿਆਂ ਕਿਸਾਨ ਆਗੂ ਤਲਵਿੰਦਰ ਸਿੰਘ ਹੀਰ, ਮਲਕੀਤ ਸਿੰਘ ਬਾਹੋਵਾਲ, ਰੰਗਕਰਮੀ ਜਗਤਾਰ ਬਾਹੋਵਾਲ ਵਲੋਂ ਸ਼ਹੀਦ ਭਾਈ ਬੀਰ ਸਿੰਘ ਜੀ ਦੇ ਦੇਸ਼ ਦੀ ਆਜ਼ਾਦੀ 'ਚ ਪਾਏ ਵਡਮੁੱਲੇ ਯੋਗਦਾਨ ਤੇ ਸ਼ਹਾਦਤ ਤੇ ਚਾਨਣਾ ਪਾਉਂਦਿਆਂ ਉਨ੍ਹਾਂ ਨੂੰ ਕੋਟਿ ਕੋਟਿ ਵਾਰ ਪ੍ਰਣਾਮ ਕੀਤਾ ਗਿਆ।ਕਿਸਾਨ ਆਗੂ ਤਲਵਿੰਦਰ ਸਿੰਘ ਹੀਰ ਨੇ ਦੇਸ਼ ਦੀ ਏਕਤਾ, ਅਖੰਡਤਾ, ਲੋਕਤੰਤਰ ਤੇ ਸੰਵਿਧਾਨ ਦੀ ਰੱਖਿਆ ਖਾਤਰ ਸ਼ਹੀਦ ਭਾਈ ਬੀਰ ਸਿੰਘ ਜਿਹੇ ਸਿਰਲੱਥ ਯੋਧਿਆਂ ਵਲੋਂ ਪਾਈਆਂ ਪੈੜਾਂ ਤੇ ਚੱਲਣ ਲਈ ਗੁਜ਼ਾਰਿਸ਼ ਕੀਤੀ ਤੇ ਕਿਹਾ ਅੱਜ ਫੇਰ ਦੇਸ਼ ਨੂੰ ਭਾਈ ਬੀਰ ਸਿੰਘ ਜੀ ਬਾਹੋਵਾਲ ਤੇ ਉਨ੍ਹਾਂ ਦੇ ਸਾਥੀ ਸਿਰਲੱਥ ਸ਼ਹੀਦਾਂ ਯੋਧਿਆਂ ਦੀ ਲੋੜ ਹੈ ਨਹੀਂ। ਉਨ੍ਹਾਂ ਸ਼ਹੀਦ ਭਾਈ ਬੀਰ ਸਿੰਘ ਜੀ ਬਾਹੋਵਾਲ ਦੇ ਪੜਪੋਤਿਆਂ ਨੂੰ ਦੇਸ਼ ਭਗਤ ਯਾਦਗਾਰ ਕਮੇਟੀ ਵਲੋਂ ਰੱਖੀ ਦੇਸ਼ ਭਗਤਾਂ ਦੇ ਪਰਵਾਰਾਂ ਦੀ 27 ਜੂਨ ਵਾਲੀ ਮੀਟਿੰਗ ਜੋ ਬੱਬਰ ਅਕਾਲੀ ਲਹਿਰ ਦੇ ਸ਼ਤਾਬਦੀ ਸਮਾਗਮਾਂ ਦੀ ਯੋਜਨਾਬੰਦੀ ਸਬੰਧੀ ਹੋਵੇਗੀ ਵਿੱਚ ਪਹੁੰਚਣ ਲਈ ਸੱਦਾ ਪੱਤਰ ਵੀ ਸੌਂਪਿਆ ਤੇ ਹਰ ਹਾਲ ਪਹੁੰਚਣ ਦੀ ਤਾਕੀਦ ਕੀਤੀ।ਗੁਰੂ ਕਾ ਲੰਗਰ ਅਟੁੱਟ ਵਰਤਾਇਆ ਗਿਆ ਤੇ ਠੰਡੇ ਜਲ ਦੀ ਛਬੀਲ ਵੀ ਲਾਈ ਗਈ।ਇਸ ਮੌਕੇ ਸੁਰਜੀਤ ਸਿੰਘ ਬੈਂਸ ਬਾਹੋਵਾਲ,ਬਲਜਿੰਦਰ ਸਿੰਘ ਬਿੱਲਾ ਬੈਂਸ ਮੋਰਾਂਵਾਲੀ, ਸੁਖਵਿੰਦਰ ਸਿੰਘ ਬੈਂਸ, ਰਣਜੀਤ ਸਿੰਘ ਬੈਂਸ ਬੰਗਾ, ਲਹਿੰਬਰ ਸਿੰਘ,ਹਰਪਾਲ ਸਿੰਘ ਪਾਲਾ, ਲੰਬੜਦਾਰ ਸੋਹਣ ਸਿੰਘ, ਚੰਦ ਸਿੰਘ ਬਾਹੋਵਾਲ, ਮੰਗਾ ਸਿੰਘ ਬੈਂਸ, ਦਲਜੀਤ ਸਿੰਘ, ਸੁਖਵਿੰਦਰ ਸਿੰਘ, ਦੀਪੀ ਬਾਬਾ, ਸੋਨੂੰ ਬਾੜੀਆਂ, ਚਰਨਜੀਤ ਕੌਰ, ਮਨਜੀਤ ਕੌਰ, ਸ਼ਮਿੰਦਰ ਕੌਰ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਨਿਵਾਸੀਆਂ ਨੇ ਸ਼ਮੂਲੀਅਤ ਕਰਕੇ ਸ਼ਹੀਦ ਭਾਈ ਬੀਰ ਸਿੰਘ ਦੀ ਅਦੁੱਤੀ ਸ਼ਹਾਦਤ ਨੂੰ ਸਿਜਦਾ ਕੀਤਾ।



## 'ਨੈਸ਼ਨਲ ਟਰੇਨਿੰਗ ਕੈਂਪ' ਅੱਜ ਤੋਂ

**ਜਲੰਧਰ**- ਮਨਸੂਰੀਆ ਕੁੰਗਫੂ ਇੰਟਰਨੈਸ਼ਨਲ ਐਸੋਸੀਏਸ਼ਨ ਵੱਲੋਂ ਜਲੰਧਰ ਦੇ ਵਿਜੇ ਰਿਸੋਰਟ, ਮਕਸੂਦਾਂ ਵਿਖੇ 20 ਅਤੇ 21 ਜੂਨ ਨੂੰ ਦੋ ਰੋਜ਼ਾ 'ਨੈਸ਼ਨਲ ਟਰੇਨਿੰਗ ਕੈਂਪ' ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਪੰਜਾਬ ਦੇ ਮਾਸਟਰ ਸ਼ਿਫੂ ਟੀ.ਕੇ. ਨਰਜ਼ਰੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੈਂਪ ਦੌਰਾਨ ਗ੍ਰੈਂਡ ਮਾਸਟਰ ਸ਼੍ਰੀ ਸ਼ਿਫੂ ਸ਼ਾਂਤੀ ਕੁਮਾਰ ਸਿੰਘ (8ਵੀਂ ਡਿਗਰੀ ਬਲੈਕ ਬੈਲਟ), ਗ੍ਰੈਂਡ ਮਾਸਟਰ ਸ਼੍ਰੀ ਸ਼ਿਫੂ ਤਾਰਨ ਕੁਮਾਰ ਨਰਜ਼ਰੀ (ਗ੍ਰੈਂਡ ਮਾਸਟਰ ਆਫ ਪੰਜਾਬ), ਸ਼੍ਰੀ ਸ਼ਿਫੂ ਬਿਪਲਬ ਅਚਾਰਜੀ (ਗ੍ਰੈਂਡ ਮਾਸਟਰ, ਆਸਾਮ), ਸ਼ਿਫੂ ਅਭਿਸ਼ੇਕ ਬਿਸ਼ਵਾਸ (ਮਾਸਟਰ, ਤ੍ਰਿਪੁਰਾ), ਸ਼ਿਫੂ ਉਮਾ ਕਾਂਤ ਬਹੇੜਾ (ਮਾਸਟਰ, ਉੜੀਸਾ), ਸ਼ਿਫੂ ਪ੍ਰਮੋਦ ਤਿਵਾੜੀ (ਮਾਸਟਰ, ਉੱਤਰ ਪ੍ਰਦੇਸ਼) ਅਤੇ ਪੰਕਜ ਕੁਮਾਰ (ਮਾਸਟਰ, ਹਿਮਾਚਲ ਪ੍ਰਦੇਸ਼) ਵੱਲੋਂ ਖਿਡਾਰੀਆਂ ਨੂੰ ਕੁੰਗਫੂ ਅਤੇ ਕਰਾਟੇ ਦੀਆਂ ਵੱਖ-ਵੱਖ ਤਕਨੀਕਾਂ ਸਬੰਧੀ ਸਿਖਲਾਈ ਦਿੱਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ ਆਤਮ-ਰੱਖਿਆ, ਅਨੁਸ਼ਾਸਨ ਅਤੇ ਸਰੀਰਕ ਤੰਦਰੁਸਤੀ ਸਬੰਧੀ ਵਿਸ਼ੇਸ਼ ਜਾਣਕਾਰੀ ਵੀ ਦਿੱਤੀ ਜਾਵੇਗੀ। ਇਸ ਮੌਕੇ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਭਾਗੀਦਾਰਾਂ ਨੂੰ ਮਾਸਟਰਾਂ ਵੱਲੋਂ ਸਰਟੀਫਿਕੇਟ ਪ੍ਰਦਾਨ ਕੀਤੇ ਜਾਣਗੇ, ਜਦਕਿ ਯੋਗ ਖਿਡਾਰੀਆਂ ਨੂੰ ਉਨ੍ਹਾਂ ਦੀ ਪ੍ਰਾਪਤੀ ਅਨੁਸਾਰ ਬੈਲਟਾਂ ਦੀ ਵੰਡ ਵੀ ਕੀਤੀ ਜਾਵੇਗੀ। ਐਸੋਸੀਏਸ਼ਨ ਦੇ ਆਯੋਜਕਾਂ ਨੇ ਸਾਰੇ ਖਿਡਾਰੀਆਂ ਅਤੇ ਕੋਚਾਂ ਨੂੰ ਸਮੇਂ ਸਿਰ ਪਹੁੰਚ ਕੇ ਇਸ ਦੋ ਰੋਜ਼ਾ ਟਰੇਨਿੰਗ ਕੈਂਪ ਅਤੇ ਸਨਮਾਨ ਸਮਾਗਮ ਨੂੰ ਸਫਲ ਬਣਾਉਣ ਦੀ ਅਪੀਲ ਕੀਤੀ ਹੈ।



## ਸ਼ਹੀਦ ਭਾਈ ਮਨਜੀਤ ਸਿੰਘ ਬੱਬਰ ਦੇ ਮਾਤਾ ਬੀਬੀ ਰਤਨ ਕੌਰ ਜਲਵੇਹੜਾ ਪੰਜ ਤੱਤਾਂ 'ਚ ਵਲੀਨ

**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)**- ਗੁਰੂ ਘਰ ਦੇ ਪ੍ਰੀਤਵਾਨ ਤੇ ਸ਼ਹੀਦ ਭਾਈ ਮਨਜੀਤ ਸਿੰਘ ਜੀ ਬੱਬਰ (ਹਾਈਜੈਕਰ) ਦੇ ਮਾਤਾ ਬੀਬੀ ਰਤਨ ਕੌਰ ਪਿੰਡ ਜਲਵੇਹੜਾ ਦਾ ਪਿੰਡ ਦੇ ਸ਼ਮਸ਼ਾਨਘਾਟ ਵਿੱਚ ਸਿੱਖ ਮਰਯਾਦਾ ਅਨੁਸਾਰ ਅੰਤਿਮ ਸਸਕਾਰ ਕਰ ਦਿੱਤਾ ਗਿਆ। ਇਸ ਤੋਂ ਪਹਿਲਾਂ ਨਾਮ ਸਿਮਰਨ ਦੇ ਜਾਪ ਤੇ ਚਿਖਾ ਨੂੰ ਅਗਨ ਦਿਖਾਉਣ ਦੀ ਅਰਦਾਸ ਭਾਈ ਹਰਪ੍ਰੀਤ ਸਿੰਘ ਨੇ ਕੀਤੀ। ਇਸ ਮੌਕੇ ਚਿਖਾ ਨੂੰ ਅਗਨ ਦਿਖਾਉਣ ਦੀ ਰਸਮ ਮ੍ਰਿਤਕ ਦੇ ਜਵਾਈ ਗਿਰਧਾਰਾ ਸਿੰਘ ਅਜਨੋਹਾ ਤੇ ਦੋਹਤਰੇ ਗੁਰਪ੍ਰੀਤ ਸਿੰਘ ਨੇ ਸਾਂਝੇ ਤੌਰ 'ਤੇ ਨਿਭਾਈ। ਇਸ ਮੌਕੇ ਦਲਜੀਤ ਕੌਰ, ਅਮਨਦੀਪ ਕੌਰ, ਅਮਰਜੀਤ ਕੌਰ, ਮਨਦੀਪ ਕੌਰ, ਬਾਬਾ ਫਤਹਿ ਸਿੰਘ, ਭਾਈ ਕਰਤਾਰ ਸਿੰਘ, ਜਸਵਿੰਦਰ ਸਿੰਘ ਜੱਸਾ ਅਜਨੋਹਾ, ਅਮਰਜੀਤ ਸਿੰਘ ਖਾਲਸਾ ਜਾਂਗਲੀਆਣਾ, ਕਮਲਜੀਤ ਸਿੰਘ ਰਾਣਾ ਅਜਨੋਹਾ, ਭੁਪਿੰਦਰ ਸਿੰਘ, ਬਲਜਿੰਦਰ ਸਿੰਘ ਜੁੱਗੀ, ਜਗਜੀਤ ਪਾਲ ਸਿੰਘ, ਮਨਜੀਤ ਸਿੰਘ ਚੈੜਾਂ, ਜਸਵਿੰਦਰ ਸਿੰਘ, ਕਾਕਾ, ਬੰਕਾ, ਅਜੀਤ ਸਿੰਘ, ਕਮਲ ਇਕਬਾਲ ਸਿੰਘ, ਭੁਪਿੰਦਰ ਸਿੰਘ ਬਾਈ, ਜਸਵੰਤ ਸਿੰਘ ਰਾਣਾ, ਅਵਤਾਰ ਸਿੰਘ ਸ਼ੰਮੀ ਕਰਨਾਣਾ, ਬਲਦੇਵ ਸਿੰਘ ਪਧਿਆਣਾ, ਗੁਰਪ੍ਰੀਤ ਸਿੰਘ ਲੱਡੂ ਅਜਨੋਹਾ ਆਦਿ ਹਾਜ਼ਰ ਸਨ।



## ਸੰਤ ਬਾਬਾ ਬੂਟਾ ਭਗਤ ਦੀ ਯਾਦ 'ਚ ਸਾਲਾਨਾ ਸੱਭਿਆਚਾਰਕ ਮੇਲਾ ਸੰਪੰਨ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸੰਤ ਬਾਬਾ ਬੂਟਾ ਭਗਤ ਜੀ ਦੀ ਯਾਦ ਨੂੰ ਸਮਰਪਿਤ ਸੱਭਿਆਚਾਰਕ ਮੇਲਾ ਸਿਟੀ ਵੈਲਫੇਅਰ ਕਲੱਬ ਟਾਂਡਾ ਦੇ ਪ੍ਰਧਾਨ ਤਰਸੇਮ ਲਾਲ ਦੀ ਅਗਵਾਈ ਵਿੱਚ ਬਾਬਾ ਬੂਟਾ ਭਗਤ ਹਾਲ ਦੀ ਗਰਾਊਂਡ ਵਿਖੇ ਬੜੀ ਧੂਮਧਾਮ ਅਤੇ ਸ਼ਰਧਾਪੂਰਵਕ ਅਮਿੱਟ ਯਾਦਾਂ ਛੱਡਦਾ ਹੋਇਆ ਸੰਪੰਨ ਹੋ ਨਿਬੜਿਆ। ਇਸ ਮੇਲੇ ਦਾ ਉਦਘਾਟਨ ਕੌਂਸਲਰ ਸੋਨੂੰ ਖੰਨਾ ਅਤੇ ਸ਼ਹਿਰ ਦੀਆਂ ਨਾਮਵਰ ਸ਼ਖ਼ਸੀਅਤਾਂ ਨੇ ਕੀਤਾ। ਇਸ ਸਭਿਆਚਾਰਕ ਮੇਲੇ ਵਿੱਚ ਹਲਕਾ ਟਾਂਡਾ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ, ਹਲਕਾ ਦਸੂਹਾ ਵਿਧਾਇਕ ਕਰਮਵੀਰ ਸਿੰਘ ਘੁੰਮਣ, ਡੀ.ਐਸ.ਪੀ ਦਵਿੰਦਰ ਸਿੰਘ ਬਾਜਵਾ, ਐਸ.ਐਚ.ਓ ਗੁਰਿੰਦਰਜੀਤ ਨਾਗਰਾ, ਜ਼ਿਲ੍ਹਾ ਪਰਿਸ਼ਦ ਮੈਂਬਰ ਰਜਿੰਦਰ ਸਿੰਘ ਮਾਰਸ਼ਲ, ਬਲਾਕ ਸੰਮਤੀ ਚੇਅਰਮੈਨ ਸੁਖਵਿੰਦਰ ਸਿੰਘ ਝਾਵਰ, ਕੇਸ਼ਵ ਸਿੰਘ ਸੈਣੀ, ਕੌਂਸਲਰ ਹਰੀ ਕ੍ਰਿਸ਼ਨ ਸੈਣੀ, ਸ਼ਹਿਰੀ ਯੂਥ ਪ੍ਰਧਾਨ ਜਸਵਿੰਦਰ ਸਿੰਘ ਜੱਸੀ, ਹਰਮੀਤ ਸਿੰਘ ਔਲਖ, ਬਾਬਾ ਸੁੱਖਾ, ਰਿਚੀ ਟਰੈਵਲ ਦੇ ਐਮ ਡੀ ਸਤਪਾਲ ਸਿੰਘ, ਰਿਟਾ: ਡਿਪਟੀ ਡਾਇਰੈਕਟਰ ਹੈਲਥ ਪੰਜਾਬ ਡਾ. ਕੇਵਲ ਸਿੰਘ ਕਾਜਲ, ਦੋਆਬਾ ਕਿਸਾਨ ਕਮੇਟੀ ਪੰਜਾਬ ਦੇ ਸੂਬਾ ਪ੍ਰਧਾਨ ਜੰਗਵੀਰ ਸਿੰਘ ਚੌਹਾਨ, ਸ਼ਿਵ ਸੈਨਾ ਪੰਜਾਬ ਉੱਤਰ ਭਾਰਤ ਪ੍ਰਧਾਨ ਮਿੱਕੀ ਪੰਡਿਤ, ਮਾਂ ਮਾਤੇਸ਼ਵਰੀ ਚਿੰਤਪੁਰਨੀ ਮੰਦਿਰ ਢੋਲਵਾਹਾ ਜਨੌੜੀ ਦੇ ਸੰਸਥਾਪਕ ਠਾਕੁਰ ਰਵੀ ਗਾਂਧੀ, ਲੋਕ ਸੇਵਾ ਵੈਲਫੇਅਰ ਸੋਸਾਇਟੀ ਦੇ ਸਰਪ੍ਰਸਤ ਰਸ਼ਪਾਲ ਸਿੰਘ ਚਰੜ, ਪੰਜਾਬ ਭਾਜਪਾ ਐਗਜੈਕਟਿਵ ਮੈਂਬਰ ਸੁਰਿੰਦਰ ਜਾਜਾ, ਜਵਾਹਰ ਸਿੰਘ ਪੱਡਾ, ਉਪਕਾਰ ਸਿੰਘ ਬਾਵਾ, ਸ਼ਿਵ ਸੈਨਾ ਹਿੰਦੁਸਤਾਨ ਦੋਆਬਾ ਪ੍ਰਧਾਨ ਵਿਵੇਕ ਵਿਜਨ, ਸਮਾਜ ਸੇਵੀ ਗਿੰਨੀ ਅਰੋੜਾ, ਬਲਜੀਤ ਸੈਣੀ, ਰਾਜਨ ਸੋਧੀ, ਦੀਪਕ ਭੀਲ, ਅਨਿਲ ਗੋਰਾ, ਸੁਰਜੀਤ ਲਾਲ ਪਾਲ, ਦੇਸਰਾਜ ਡੋਗਰਾ ਇਨ੍ਹਾਂ ਸਾਰਿਆਂ ਨੇ ਮੇਲੇ ਵਿੱਚ ਹਾਜ਼ਰੀ ਲਗਵਾ ਕੇ ਬਾਬਾ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ।ਮੁੱਖ ਮਹਿਮਾਨਾਂ ਨੇ ਆਏ ਹੋਏ ਕਲਾਕਾਰਾਂ ਨੂੰ ਸਨਮਾਨਿਤ ਕੀਤਾ। ਮੇਲੇ ਦੌਰਾਨ ਸ਼ਰਧਾਲੂਆਂ ਵੱਲੋਂ ਖਾਣ ਪੀਣ ਲਈ ਵੱਖ-ਵੱਖ ਪ੍ਰਕਾਰ ਦੇ ਲੰਗਰ ਲਗਾਏ ਗਏ ਸਨ।

ਇਸ ਮੌਕੇ ਤੇ ਗੁਰਪ੍ਰੀਤ ਸਿੰਘ, ਹਰਦੀਪ ਸਿੰਘ, ਸੁਖਦੇਵ ਸਿੰਘ, ਜਸਪ੍ਰੀਤ ਸਿੰਘ, ਅੰਮ੍ਰਿਤਪਾਲ ਬਾਜਵਾ, ਰਵਿੰਦਰ ਸਿੰਘ, ਤਜਿੰਦਰ ਸਿੰਘ, ਅਨਿਲ ਧਿਮਾਨ, ਅਮਰਦੀਪ ਸਿੰਘ, ਕੁਲਬੀਰ ਸਿੰਘ ਗੁਰਾਇਆ, ਸਾਹਿਬ ਸਿੰਘ ਸਾਬੀ ਅਤੇ ਹੋਰ ਹਾਜ਼ਰ ਸਨ।



## ਰੌਜ਼ਾ ਸ਼ਰੀ.ਫ਼ ਮੰਢਾਲੀ ਵਿਖੇ ਸਾਲਾਨਾ ਜੋੜ ਮੇਲਾ 29 ਤੋਂ



**ਬੰਗਾ (ਅਵਤਾਰ ਕਲੇਰ)** ਦਰਬਾਰ ਸੱਯਦ ਉੱਲ ਸ਼ੇਖ ਬਾਬਾ ਅਬਦੁੱਲਾ ਸ਼ਾਹ ਕਾਦਰੀ ਜੀ ਰੌਜ਼ਾ ਸ਼ਰੀਫ਼ ਮੰਢਾਲੀ ਵਿਖੇ ਸਲਾਨਾ ਜੋੜ ਮੇਲਾ 29 ਜੂਨ ਤੋਂ 3 ਜੁਲਾਈ ਤੱਕ ਮਨਾਇਆ ਜਾਵੇਗਾ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਗੱਦੀ ਨਸ਼ੀਨ ਸਾਈਂ ਉਮਰੇ ਸ਼ਾਹ ਕਾਦਰੀ ਨੇ ਦੱਸਿਆ ਕਿ ਪੰਜ ਦਿਨਾਂ, ਦਿਨ-ਰਾਤ ਚੱਲਣ ਵਾਲੇ ਇਸ ਮੇਲੇ ਦੌਰਾਨ ਪਹਿਲੇ ਦਿਨ 29 ਜੂਨ ਨੂੰ ਸ਼ਾਮ ਨੂੰ ਝੰਡੇ ਦੀ ਰਸਮ ਉਪਰੰਤ ਚਿਰਾਗਾਂ ਦੀ ਰਸਮ ਅਦਾ ਕੀਤੀ ਜਾਵੇਗੀ। 30 ਜੂਨ, 1 ਅਤੇ 2 ਜੁਲਾਈ ਨੂੰ ਪੰਜਾਬ ਦੇ ਮਸ਼ਹੂਰ ਕਲਾਕਾਰ ਅਤੇ ਕਵਾਲ ਪਾਰਟੀਆਂ ਹਾਜ਼ਰੀਆਂ ਭਰਨਗੇ। 3 ਜੁਲਾਈ ਨੂੰ ਚਾਦਰ ਦੀ ਰਸਮ ਅਦਾ ਕੀਤੀ ਜਾਵੇਗੀ। ਵੱਖ ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸ਼ਾਂ ਸ਼ਿਰਕਤ ਕਰਨਗੇ। ਮੇਲੇ ਦੀਆਂ ਤਿਆਰੀਆਂ ਜ਼ੋਰਾਂ 'ਤੇ ਚੱਲ ਰਹੀਆਂ ਹਨ। ਇਸ ਮੌਕੇ ਸਾਈਂ ਉਮਰੇ ਸ਼ਾਹ ਕਾਦਰੀ ਜੀ, ਬੀਬੀ ਸੀਤਾ ਦੇਵੀ, ਮੁਹੰਮਦ ਆਸ਼ਿਕ ਨੀਲਾ, ਮੀਰਾ ਸ਼ਰਮਾ ਸਰਪੰਚ ਮੰਢਾਲੀ, ਧਰਮਿੰਦਰ ਸਿੰਘ ਨੰਬਰਦਾਰ ਮੰਢਾਲੀ, ਕਮਲਜੀਤ ਕੌਰ ਸਾਬਕਾ ਸਰਪੰਚ, ਰੋਸ਼ਨ ਲਾਲ ਸਰਪੰਚ ਕੁਲਥਮ, ਬਲਜੀਤ ਸਿੰਘ ਸਾਬਕਾ ਸਰਪੰਚ ਕੁਲਥਮ, ਡਾ. ਸਤਨਾਮ ਸਿੰਘ ਪਰਸੋਵਾਲ, ਚਰਨਜੀਤ ਰਾਏ, ਸੋਨੂੰ ਜੱਸੋਮਜਾਰਾ, ਡਾ ਜਗਦੀਸ਼ ਮੁਹੰਮਦ,ਗੋਰਾ ਚੱਕ ਪ੍ਰੇਮਾ,ਪੱਪੀ ਅਨੀਹਰ, ਸਨੀ, ਮਨੀ, ਗੱਗੀ, ਹਨੀ, ਜੱਸੀ, ਬੰਟੀ, ਨੂਰ ਮੁਹੰਮਦ, ਸੋਨੀ ਮੰਢਾਲੀ, ਚੰਨੀ ਖੋਥੜਾਂ ਆਦਿ ਹਾਜ਼ਰ ਸਨ।




ਰਾਜਪੂਤ ਕਲੀਨਿਕ ਜਲੰਧਰ ਸ਼ਹਿਰ ਵਿੱਚ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਠੰਢੇ-ਮਿੱਠੇ ਜਲ ਦੀ ਛਬੀਲ ਲਗਾਈ ਗਈ, ਜਿਸ ਵਿੱਚ ਡਾ. ਜੈਨ ਸਿੰਘ ਰਾਜਪੂਤ, ਡਾ. ਸਿਮਰਜੀਤ ਕੌਰ ਰਾਜਪੂਤ, ਡਾ. ਖੁਸ਼ਪ੍ਰੀਤ ਰਾਜਪੂਤ, ਡਾ. ਰਮਨਪ੍ਰੀਤ ਸਿੰਘ ਰਾਜਪੂਤ, ਡਾ. ਭਜਨ ਸਿੰਘ ਰਾਜਪੂਤ, ਸਿਮਰਨ ਕੌਰ ਰਾਜਪੂਤ, ਡਾ. ਅੰਮ੍ਰਿਤ ਕੌਰ ਰਾਜਪੂਤ, ਮਨਜੀਤ ਸਿੰਘ ਰਾਜਪੂਤ, ਡਾ. ਵਰਿਆਮ ਸਿੰਘ ਰਾਜਪੂਤ, ਡਾ. ਸੁਰਿੰਦਰ ਸਿੰਘ ਰਾਜਪੂਤ ਆਦਿ ਹਾਜ਼ਰ ਸਨ।